ਸ਼ਨੀਵਾਰ, 21 ਜੂਨ, 2025
7 ਹਾੜ੍ਹ { ਨਾਨਕਸ਼ਾਹੀ 557 / ਬਿਕਰਮੀ 2082 }
ਜਿਲਦ/VOL. : 74
ਅੰਕ/NO. : 20

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • SATURDAY, 21 JUNE, 2025
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ   Regd. No : L-4/Pb-JL-0023/2024-26, (R.N.I.)-00068/57   E-mail : nawanzamana@gmail.com   www.nawanzamana.in   ਸਫ਼ੇ : 12

# ਈਰਾਨ 'ਚ ਲੀਡਰਸ਼ਿਪ ਦੇ ਹੱਕ 'ਚ ਮੁਜ਼ਾਹਰੇ

## ਦੋ ਹਫਤਿਆਂ ਤੱਕ ਦੱਸਾਂਗਾ, ਈਰਾਨ ਦਾ ਕੀ ਕਰਨਾ : ਟਰੰਪ

**ਤਹਿਰਾਨ** : ਇਜ਼ਰਾਈਲੀ ਹਮਲਿਆਂ ਖਿਲਾਫ ਹਜ਼ਾਰਾਂ ਈਰਾਨੀਆਂ ਨੇ ਸ਼ੁੱਕਰਵਾਰ ਜੁੰਮੇ ਦੀ ਨਮਾਜ਼ ਤੋਂ ਬਾਅਦ ਤਹਿਰਾਨ ਵਿੱਚ ਮੁਜ਼ਾਹਰਾ ਕੀਤਾ। ਉਨ੍ਹਾਂ ਇਜ਼ਰਾਈਲ ਵੱਲੋਂ ਮਾਰੇ ਗਏ ਜਰਨੈਲਾਂ ਦੇ ਪੋਸਟਰ ਚੁੱਕੇ ਹੋਏ ਸਨ ਅਤੇ ਈਰਾਨ, ਫਲਸਤੀਨ ਤੇ ਹਿਜ਼ਬੁੱਲ੍ਹਾ ਦੇ ਝੰਡੇ ਲਹਿਰਾ ਰਹੇ ਸਨ। ਈਰਾਨੀਆਂ ਨੇ ਉੱਤਰ-ਪੱਛਮੀ ਸ਼ਹਿਰ ਤਬਰੀਜ਼ ਤੇ ਦੱਖਣੀ ਸ਼ਹਿਰ ਸ਼ਿਰਾਜ਼ ਵਿੱਚ ਵੀ ਮੁਜ਼ਾਹਰੇ ਕੀਤੇ। ਉਨ੍ਹਾਂ ਆਪਣੀ ਲੀਡਰਸ਼ਿਪ ਦੇ ਹੱਕ ਵਿੱਚ ਵੀ ਨਾਅਰੇ ਲਾਏ।

ਇਸੇ ਦੌਰਾਨ ਯੂਰਪੀ ਯੂਨੀਅਨ ਦੇ ਮਨੁੱਖੀ ਅਧਿਕਾਰ ਗਰੁੱਪਾਂ ਤੇ ਟਰੇਡ ਯੂਨੀਅਨਾਂ ਸਣੇ 100 ਤੋਂ ਵੱਧ ਜਥੇਬੰਦੀਆਂ ਨੇ ਇਜ਼ਰਾਈਲ ਨਾਲ ਵਪਾਰਕ ਸੰਬੰਧ ਤੋੜਨ ਦਾ ਸੱਦਾ ਦਿੱਤਾ ਹੈ, ਕਿਉਂਕਿ ਉਹ ਫਲਸਤੀਨੀਆਂ 'ਤੇ ਜ਼ੁਲਮ ਢਾਹ ਰਿਹਾ ਹੈ।

ਇਸੇ ਦੌਰਾਨ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਕਿਹਾ ਹੈ

• ਬਾਕੀ ਸਫਾ 2 'ਤੇ



# ਪਾਸਪੋਰਟ ਲਈ ਪਤੀ ਦੀ ਮਨਜ਼ੂਰੀ ਜ਼ਰੂਰੀ ਨਹੀਂ !

**ਚੇਨਈ** : ਮਦਰਾਸ ਹਾਈ ਕੋਰਟ ਨੇ ਕਿਹਾ ਹੈ ਕਿ ਪਾਸਪੋਰਟ ਅਪਲਾਈ ਕਰਨ ਲਈ ਪਤੀ ਦੀ ਆਗਿਆ ਲੈਣੀ ਜਾਂ ਫਾਰਮ 'ਤੇ ਉਸ ਦੇ ਦਸਤਖਤ ਲੈਣੇ ਜ਼ਰੂਰੀ ਨਹੀਂ। ਜਸਟਿਸ ਐੱਨ ਆਨੰਦ ਵੈਂਕਟੇਸ਼ ਨੇ ਰੇਵਤੀ ਦੀ ਪਟੀਸ਼ਨ ਦਾ ਨਬੇੜਾ ਕਰਦਿਆਂ ਇਹ ਫੈਸਲਾ ਦਿੱਤਾ ਹੈ। ਰੇਵਤੀ ਨੇ ਹਾਈ ਕੋਰਟ ਨੂੰ ਬੇਨਤੀ ਕੀਤੀ ਸੀ ਕਿ ਉਹ ਪਾਸਪੋਰਟ ਅਧਿਕਾਰੀਆਂ ਨੂੰ ਹਦਾਇਤ ਦੇਵੇ ਕਿ ਉਹ ਉਸ ਨੂੰ ਨਵਾਂ ਪਾਸਪੋਰਟ ਜਾਰੀ ਕਰਨ ਲਈ ਪਤੀ ਦੇ ਦਸਤਖਤ ਕਰਾਉਣ ਲਈ ਜ਼ੋਰ ਨਾ ਪਾਉਣ।

ਰੇਵਤੀ ਦਾ ਵਿਆਹ 2023 ਵਿੱਚ ਹੋਇਆ ਸੀ ਅਤੇ ਫਿਰ ਅਣਬਣ ਕਾਰਨ ਪਤੀ ਨੇ ਸਥਾਨਕ ਕੋਰਟ ਵਿੱਚ ਤਲਾਕ ਦਾ ਕੇਸ ਕਰ ਦਿੱਤਾ। ਮਾਮਲਾ ਅਜੇ ਵੀ ਚੱਲ ਰਿਹਾ ਹੈ। ਰੇਵਤੀ ਨੇ ਇਸ ਸਾਲ ਅਪ੍ਰੈਲ ਵਿੱਚ ਚੇਨਈ ਸਥਿਤ ਰਿਜਨਲ ਪਾਸਪੋਰਟ ਆਫਿਸ (ਆਰ ਪੀ ਓ) ਵਿੱਚ ਨਵੇਂ ਪਾਸਪੋਰਟ ਲਈ ਅਪਲਾਈ ਕੀਤਾ ਸੀ। ਪਾਸਪੋਰਟ ਜਾਰੀ ਨਾ ਹੋਣ 'ਤੇ ਉਸ ਨੇ ਪੁੱਛਗਿੱਛ ਕੀਤੀ ਤਾਂ ਉਸ ਨੂੰ ਕਿਹਾ ਗਿਆ ਕਿ ਉਹ ਫਾਰਮ-ਜੇ 'ਤੇ ਪਤੀ ਦੇ ਦਸਤਖਤ ਕਰਵਾ ਕੇ ਦੇਵੇਗੀ, ਤਦੇ ਅਰਜ਼ੀ 'ਤੇ ਅਗਲੀ ਕਾਰਵਾਈ ਹੋਵੇਗੀ। ਫਾਜ਼ਲ ਜੱਜ ਨੇ ਕਿਹਾ ਕਿ ਪਤਨੀ ਲਈ ਪਤੀ ਦੇ ਦਸਤਖਤ ਕਰਾਉਣੇ ਜ਼ਰੂਰੀ ਨਹੀਂ ਹਨ। ਆਰ ਪੀ ਓ ਵੱਲੋਂ ਪਤੀ ਦੇ ਦਸਤਖਤਾਂ 'ਤੇ ਜ਼ੋਰ ਦੇਣ ਤੋਂ ਸਮਾਜ ਦੀ ਮਹਿਲਾ ਨੂੰ ਪਤੀ ਦੀ ਦਾਸੀ ਸਮਝਣ ਦੀ ਮਾਨਸਿਕਤਾ ਜ਼ਾਹਰ ਹੁੰਦੀ ਹੈ। ਪਟੀਸ਼ਨਰ ਤੇ ਉਸ ਦੇ ਪਤੀ ਵਿਚਾਲੇ ਰਿਸ਼ਤੇ ਪਹਿਲਾਂ ਹੀ ਖੜੋਤ ਵਾਲੀ ਅਵਸਥਾ ਵਿੱਚ ਹਨ ਤੇ ਆਰ ਪੀ ਓ ਪਤੀ ਦੇ ਦਸਤਖਤ ਮੰਗ ਰਿਹਾ ਹੈ। ਆਰ ਪੀ ਓ ਉਹ ਮੰਗ ਕਰ ਰਿਹਾ ਹੈ, ਜਿਹੜੀ ਪੂਰੀ ਨਹੀਂ ਹੋਣੀ।



ਫਾਜ਼ਲ ਜੱਜ ਨੇ ਕਿਹਾ ਕਿ ਵਿਆਹ ਤੋਂ ਬਾਅਦ ਪਟੀਸ਼ਨਰ ਨੇ ਆਪਣਾ ਨਿੱਜ ਨਹੀਂ ਗੁਆਇਆ ਅਤੇ ਪਤੀ ਦੀ ਆਗਿਆ ਤੇ ਕਿਸੇ ਫਾਰਮ 'ਤੇ ਦਸਤਖਤ ਕਰਵਾਏ ਬਿਨਾਂ ਪਾਸਪੋਰਟ ਲਈ ਅਪਲਾਈ ਕਰ ਸਕਦੀ ਹੈ। ਪਾਸਪੋਰਟ ਲਈ ਅਪਲਾਈ ਕਰਨ ਲਈ ਪਤੀ ਦੀ ਆਗਿਆ 'ਤੇ ਜ਼ੋਰ ਦੇਣਾ ਸਮਾਜ ਲਈ ਚੰਗੀ ਗੱਲ ਨਹੀਂ, ਜਿਹੜਾ ਮਹਿਲਾਵਾਂ ਦੀ ਬੰਦਖਲਾਸੀ ਵੱਲ ਵਧ ਰਿਹਾ ਹੈ। ਇਹ ਪ੍ਰਥਾ ਮਰਦਾਂ ਦੀ ਚੌਧਰ ਕਾਇਮ ਰੱਖਣ ਤੋਂ ਘੱਟ ਨਹੀਂ। ਫਾਜ਼ਲ ਜੱਜ ਨੇ ਆਰ ਪੀ ਓ ਨੂੰ ਹਦਾਇਤ ਕੀਤੀ ਕਿ ਉਹ ਪਟੀਸ਼ਨਰ ਦੀ ਤਸੱਲੀ ਮੁਤਾਬਕ ਚਾਰ ਹਫਤਿਆਂ 'ਚ ਪਾਸਪੋਰਟ ਜਾਰੀ ਕਰੇ।

# ਸ਼ਾਹ ਦਾ ਬਿਆਨ ਕੌਮੀ ਲਿੰਕ ਭਾਸ਼ਾ ਨੂੰ ਹਿੰਦੀ ਨਾਲ ਬਦਲਣ ਦੀ ਸਾਜ਼ਿਸ਼ : ਰਾਜਾ

**ਨਵੀਂ ਦਿੱਲੀ** : ਭਾਰਤੀ ਕਮਿਊਨਿਸਟ ਪਾਰਟੀ ਦੇ ਜਨਰਲ ਸਕੱਤਰ ਡੀ. ਰਾਜਾ ਨੇ ਕਿਹਾ ਹੈ ਕਿ ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਦਾ ਅੰਗਰੇਜ਼ੀ 'ਤੇ ਹਮਲਾ ਭਾਰਤੀ ਭਾਸ਼ਾਵਾਂ ਪ੍ਰਤੀ ਪਿਆਰ ਕਰਕੇ ਨਹੀਂ, ਸਗੋਂ ਇਹ ਆਰ ਐੱਸ ਐੱਸ-ਭਾਜਪਾ ਦੇ ਏਕਾਧਿਕਾਰ ਏਜੰਡੇ ਦੇ ਅਨੁਸਾਰ ਰਾਸ਼ਟਰੀ ਲਿੰਕ ਭਾਸ਼ਾ ਨੂੰ ਹਿੰਦੀ ਨਾਲ ਬਦਲਣ ਦਾ ਸਪੱਸ਼ਟ ਦਬਾਅ ਹੈ।



ਅੰਗਰੇਜ਼ੀ, ਭਾਵੇਂ ਬ੍ਰਿਟਿਸ਼ ਦੁਆਰਾ ਲਿਆਂਦੀ ਗਈ ਸੀ, ਨੇ ਵੱਖ-ਵੱਖ ਖੇਤਰਾਂ ਨੂੰ ਜੋੜ ਕੇ ਆਜ਼ਾਦੀ ਸੰਗਰਾਮ ਵਿੱਚ ਏਕਤਾ ਨੂੰ ਸਮਰੱਥ ਬਣਾਇਆ ਅਤੇ ਉਦੋਂ ਤੋਂ ਜਾਤ, ਵਰਗ ਅਤੇ ਖੇਤਰਾਂ ਵਿੱਚ ਲੱਖਾਂ ਲੋਕਾਂ ਨੂੰ ਸ਼ਕਤੀ ਪ੍ਰਦਾਨ ਕੀਤੀ ਹੈ। ਇਸ ਨੂੰ ਸ਼ਰਮ ਦਾ ਸਰੋਤ ਕਹਿਣਾ ਭਾਰਤ ਦੇ ਨੌਜਵਾਨਾਂ ਅਤੇ ਮਿਹਨਤਕਸ਼ ਲੋਕਾਂ ਦੀਆਂ ਇੱਛਾਵਾਂ 'ਤੇ ਹਮਲਾ ਕਰਨਾ ਹੈ। ਇਹ ਸਿਰਫ਼ ਅੰਗਰੇਜ਼ੀ ਬਾਰੇ ਨਹੀਂ ਹੈ, ਇਹ ਹਰ ਭਾਰਤੀ ਭਾਸ਼ਾ 'ਤੇ ਹਮਲਾ ਹੈ, ਜੋ ਸੰਘ ਦੇ ਹਿੰਦੀ-ਹਿੰਦੂ-ਹਿੰਦੁਸਤਾਨ ਦ੍ਰਿਸ਼ਟੀਕੋਣ ਦੇ ਅਨੁਕੂਲ ਨਹੀਂ ਹੈ। ਭਾਸ਼ਾ ਨੂੰ ਸਸ਼ਕਤ ਬਣਾਉਣਾ ਚਾਹੀਦਾ ਹੈ, ਹਾਵੀ ਜਾਂ ਸ਼ਰਮਿੰਦਾ ਨਹੀਂ ਕਰਨਾ ਚਾਹੀਦਾ। ਇਸ ਧੱਕੇਸ਼ਾਹੀ ਦਾ ਪੂਰੀ ਤਾਕਤ ਨਾਲ ਵਿਰੋਧ ਕੀਤਾ ਜਾਣਾ ਚਾਹੀਦਾ ਹੈ।

## ਭਾਜਪਾ ਤੇ ਸੰਘ ਨਹੀਂ ਚਾਹੁੰਦੇ ਗਰੀਬ ਦਾ ਬੱਚਾ ਅੰਗਰੇਜ਼ੀ ਸਿੱਖੇ : ਰਾਹੁਲ

**ਨਵੀਂ ਦਿੱਲੀ** : ਰਾਹੁਲ ਗਾਂਧੀ ਨੇ ਭਾਜਪਾ ਅਤੇ ਆਰ ਐੱਸ ਐੱਸ 'ਤੇ ਦੋਸ਼ ਲਾਇਆ ਹੈ ਕਿ ਉਨ੍ਹਾਂ ਦੇ ਨੇਤਾ ਨਹੀਂ ਚਾਹੁੰਦੇ ਕਿ ਭਾਰਤ ਦੇ ਗਰੀਬ ਬੱਚੇ ਅੰਗਰੇਜ਼ੀ ਭਾਸ਼ਾ ਸਿੱਖਣ। ਰਾਹੁਲ ਦੀ ਇਹ ਟਿੱਪਣੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਉਸ ਬਿਆਨ ਤੋਂ ਬਾਅਦ ਆਈ ਹੈ, ਜਿਸ ਵਿੱਚ ਉਨ੍ਹਾ ਕਿਹਾ ਸੀ ਕਿ ਜੋ ਦੇਸ਼ ਵਿੱਚ ਅੰਗਰੇਜ਼ੀ ਭਾਸ਼ਾ ਬੋਲਦੇ ਹਨ, ਜਲਦੀ ਹੀ 'ਸ਼ਰਮ' ਮਹਿਸੂਸ ਕਰਨਗੇ। ਰਾਹੁਲ ਨੇ ਕਿਹਾ, 'ਅੰਗਰੇਜ਼ੀ ਕੋਈ ਰੁਕਾਵਟ ਨਹੀਂ, ਸਗੋਂ ਅੱਗੇ ਵਧਣ ਲਈ ਪੁਲ ਹੈ। ਅੰਗਰੇਜ਼ੀ ਸ਼ਰਮ ਨਹੀਂ, ਇਹ ਸ਼ਕਤੀ ਹੈ। ਅੰਗਰੇਜ਼ੀ ਜ਼ੰਜੀਰਾਂ ਨੂੰ ਤੋੜਨ ਦਾ ਇੱਕ ਸਾਧਨ ਹੈ।' ਇਹ ਗੱਲ ਉਨ੍ਹਾ ਸੋਸ਼ਲ ਮੀਡੀਆ ਪਲੇਟਫਾਰਮ ਐੱਕਸ ਉਤੇ ਹਿੰਦੀ ਵਿੱਚ ਪਾਈ ਇੱਕ ਪੋਸਟ ਵਿਚ ਕਹੀ ਹੈ। ਉਨ੍ਹਾ ਕਿਹਾ, 'ਭਾਜਪਾ-ਆਰ ਐੱਸ ਐੱਸ ਨਹੀਂ ਚਾਹੁੰਦੇ ਕਿ ਭਾਰਤ ਦੇ ਗਰੀਬ ਬੱਚੇ ਅੰਗਰੇਜ਼ੀ

• ਬਾਕੀ ਸਫਾ 2 'ਤੇ

## ਮੀਟਿੰਗ ਮੁੱਖ ਸਕੱਤਰ ਦੀ ਮਨਜ਼ੂਰੀ ਨਾਲ ਹੀ ਹੋਵੇਗੀ

**ਚੰਡੀਗੜ੍ਹ** : ਪੰਜਾਬ ਦੇ ਡਿਪਟੀ ਕਮਿਸ਼ਨਰਾਂ ਦੀ ਕੋਈ ਮੀਟਿੰਗ ਸੂਬੇ ਦੇ ਮੁੱਖ ਸਕੱਤਰ ਦੀ ਪ੍ਰਵਾਨਗੀ ਤੋਂ ਬਾਅਦ ਹੀ ਚੰਡੀਗੜ੍ਹ ਵਿੱਚ ਹੋਇਆ ਕਰੇਗੀ। ਪੰਜਾਬ ਦੇ ਪਰਸੋਨਲ ਵਿਭਾਗ ਨੇ ਸਾਰੇ ਵਿਭਾਗਾਂ ਦੇ ਪ੍ਰਬੰਧਕੀ ਸਕੱਤਰਾਂ ਨੂੰ ਪੱਤਰ ਜਾਰੀ ਕਰ ਕੇ ਇਹ ਹਦਾਇਤ ਦਿੱਤੀ ਹੈ।

ਪੱਤਰ ਵਿਚ ਕਿਹਾ ਗਿਆ ਹੈ ਕਿ ਡਿਪਟੀ ਕਮਿਸ਼ਨਰਜ਼ ਨੂੰ ਚੰਡੀਗੜ੍ਹ ਵਿਖੇ ਮੀਟਿੰਗਾਂ ਲਈ ਬੁਲਾਉਣ ਜਾਂ ਫਿਰ ਉਨ੍ਹਾਂ ਨਾਲ ਵੀਡੀਓ ਕਾਨਫਰੰਸ ਕਰਨ ਤੋਂ ਪਹਿਲਾਂ ਮੁੱਖ ਸਕੱਤਰ ਦੀ ਲਿਖਤੀ ਮਨਜ਼ੂਰੀ ਲੈਣੀ ਲਾਜ਼ਮੀ ਹੋਵੇਗੀ। ਦਲੀਲ ਦਿੱਤੀ ਗਈ ਹੈ ਕਿ ਜਦੋਂ ਪ੍ਰਬੰਧਕੀ ਸਕੱਤਰ ਡਿਪਟੀ ਕਮਿਸ਼ਨਰਾਂ ਨੂੰ ਚੰਡੀਗੜ੍ਹ ਵਿੱਚ ਮੀਟਿੰਗ ਲਈ ਬੁਲਾਉਂਦੇ ਹਨ ਜਾਂ ਉਨ੍ਹਾਂ ਨਾਲ ਵੀਡੀਓ ਕਾਨਫਰੰਸ ਕਰਦੇ ਹਨ ਤਾਂ ਫੀਲਡ ਦਾ ਕੰਮ ਅਤੇ ਫੀਲਡ ਮੌਨੀਟਰਿੰਗ ਪ੍ਰਭਾਵਤ ਹੁੰਦੀ ਹੈ।

# ਜੁਮਲਿਆਂ ਦੀ ਭਾਰੀ ਵਰਖਾ !

**ਪਟਨਾ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਸ਼ੁੱਕਰਵਾਰ ਬਿਹਾਰ ਦੌਰੇ ਦੌਰਾਨ ਲਾਲੂ ਪ੍ਰਸਾਦ ਯਾਦਵ 'ਤੇ ਹਮਲੇ ਕਰਨ ਤੋਂ ਬਾਅਦ ਲਾਲੂ ਨੇ ਝੂਠ ਤੇ ਲਾਰਿਆਂ ਦੀ ਭਾਰੀ ਵਰਖਾ ਦਾ 'ਮੌਸਮ ਅਲਰਟ' ਜਾਰੀ ਕੀਤਾ। ਲਾਲੂ ਨੇ ਮੋਦੀ ਤੇ ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਦੀ ਏ ਆਈ ਜਨਰੇਟਿਡ ਵੀਡੀਓ ਸਾਂਝੀ ਕਰਦਿਆਂ ਐੱਕਸ 'ਤੇ ਲਿਖਿਆ, 'ਬਿਹਾਰ ਦੇ ਹਿੱਤ ਵਿੱਚ ਮੌਸਮ ਦੀ ਚਿਤਾਵਨੀ—ਅੱਜ ਬਿਹਾਰ ਵਿੱਚ ਝੂਠ, ਜੁਮਲਿਆਂ ਤੇ ਭਰਮ ਦੀ ਭਾਰੀ ਵਰਖਾ ਹੋ ਰਹੀ ਹੈ। ਗਰਜ ਨਾਲ ਝੂਠੇ ਲੁਭਾਉਣੇ ਵਾਅਦਿਆਂ ਦੇ ਗੜੇ ਵੀ ਪੈ ਰਹੇ ਹਨ, ਸੰਭਲ ਕੇ ਰਹਿਣਾ।'

ਇਸ ਤੋਂ ਪਹਿਲਾਂ ਮੋਦੀ ਨੇ ਸਿਵਾਨ ਵਿੱਚ ਰੋਡ ਸ਼ੋਅ ਤੇ ਰੈਲੀ ਦੌਰਾਨ ਦੋਸ਼ ਲਾਇਆ ਸੀ ਕਿ ਲਾਲੂ ਨੇ ਜੈਅੰਤੀ ਸਮਾਗਮਾਂ ਦੌਰਾਨ ਬੀ ਆਰ ਅੰਬੇਡਕਰ ਦੀ ਬੇਹੁਰਮਤੀ ਕੀਤੀ। (ਪਿੱਛੇ ਜਿਹੇ ਇਕ ਵੀਡੀਓ ਵਾਇਰਲ ਹੋਈ ਸੀ, ਜਿਸ ਵਿੱਚ ਅੰਬੇਡਕਰ ਦੇ ਪੋਰਟਰੇਟ ਨੇੜੇ ਲਾਲੂ ਦਾ ਪੈਰ ਨਜ਼ਰ ਆ ਰਿਹਾ ਹੈ।)



## ਸਾਢੇ 7 ਕਿੱਲੋ ਆਈਸ ਬਰਾਮਦ

**ਅੰਮ੍ਰਿਤਸਰ** : ਬੀ ਐੱਸ ਐੱਫ ਨੇ 7.4 ਕਿੱਲੋ ਤੋਂ ਵੱਧ ਆਈਸ ਜ਼ਬਤ ਕੀਤੀ ਹੈ। ਇਹ ਨਸ਼ੀਲਾ ਪਦਾਰਥ ਪਾਕਿਸਤਾਨ ਤੋਂ ਇੱਕ ਡਰੋਨ ਰਾਹੀਂ ਭੇਜਿਆ ਗਿਆ ਸੀ। ਡਰੋਨ ਸ਼ੁੱਕਰਵਾਰ ਸਵੇਰੇ 2.30 ਵਜੇ ਦੇ ਕਰੀਬ ਅੰਮ੍ਰਿਤਸਰ ਦੇ ਮੋਡ ਪਿੰਡ ਦੇ ਖੇਤ ਵਿੱਚ ਡਿੱਗ ਪਿਆ। ਡਰੋਨ ਦੇ ਨਾਲ ਇੱਕ ਵੱਡੇ ਕਾਲੇ ਰੰਗ ਦਾ ਬੈਗ ਮਿਲਿਆ, ਜਿਸ ਵਿੱਚੋਂ ਆਈਸ (ਮੇਥਾਮਫੇਟਾਮਾਈਨ) ਦੇ ਸੱਤ ਪੈਕੇਟ ਮਿਲੇ, ਜਿਸ ਦਾ ਕੁੱਲ ਭਾਰ 7.470 ਕਿੱਲੋ ਨਿਕਲਿਆ। ਆਈਸ ਇੱਕ ਪਾਰਟੀ ਡਰੱਗ ਹੈ, ਜੋ ਮਹਾਂਨਗਰਾਂ ਵਿੱਚ ਕਾਫੀ ਪ੍ਰਚੱਲਤ ਹੈ।

## ਮਾਓਵਾਦੀ ਮਹਿਲਾ ਨੂੰ ਮਾਰਿਆ

**ਕਾਂਕੇਰ** : ਛੱਤੀਸਗੜ੍ਹ ਦੇ ਕਾਂਕੇਰ ਜ਼ਿਲ੍ਹੇ ਵਿੱਚ ਛੋਟਾਬੇਠੀਆ ਪੁਲਸ ਥਾਣੇ ਅਧੀਨ ਅਮਾਟੋਲਾ ਅਤੇ ਕਲਪਰ ਪਿੰਡਾਂ ਵਿਚਕਾਰ ਸ਼ੁੱਕਰਵਾਰ ਸਵੇਰੇ ਜ਼ਿਲ੍ਹਾ ਰਿਜ਼ਰਵ ਗਾਰਡ ਤੇ ਬੀ ਐੱਸ ਐੱਫ ਦੀ ਸਾਂਝੀ ਟੀਮ ਨੇ ਮੁਕਾਬਲੇ 'ਚ ਮਾਓਵਾਦੀ ਮਹਿਲਾ ਨੂੰ ਮਾਰ ਦਿੱਤਾ।

## ਪੁਲਾੜ ਯਾਤਰਾ ਫਿਰ ਮੁਲਤਵੀ

**ਨਵੀਂ ਦਿੱਲੀ** : ਨਾਸਾ ਨੇ ਅੰਤਰਰਾਸ਼ਟਰੀ ਪੁਲਾੜ ਸਟੇਸ਼ਨ ਲਈ ਐੱਕਸੀਓਮ-4 ਮਿਸ਼ਨ ਦੀ 22 ਜੂਨ ਨੂੰ ਹੋਣ ਵਾਲੀ ਲਾਂਚਿੰਗ ਇੱਕ ਵਾਰ ਫੇਰ ਮੁਲਤਵੀ ਕਰ ਦਿੱਤੀ ਹੈ। ਜ਼ਰੂਰੀ ਜਾਂਚ ਲਈ ਮਿਸ਼ਨ ਨੂੰ ਹੁਣ ਤੱਕ 6ਵੀਂ ਵਾਰ ਮੁਲਤਵੀ ਕੀਤਾ ਗਿਆ ਹੈ। ਐੱਕਸੀਓਮ-4 ਵਪਾਰਕ ਮਿਸ਼ਨ ਦੀ ਅਗਵਾਈ ਕਮਾਂਡਰ ਪੈਗੀ ਵਿਟਸਨ ਕਰ ਰਹੇ ਹਨ, ਜਿਸ ਵਿੱਚ ਸੁਭਾਂਸ਼ੂ ਸ਼ੁਕਲਾ ਮਿਸ਼ਨ ਪਾਇਲਟ ਵਜੋਂ ਜਾਣਗੇ।

## ਰਸਤੋਗੀ ਦਾ ਸੇਵਾਕਾਲ ਵਧਿਆ



**ਚੰਡੀਗੜ੍ਹ** : ਕੇਂਦਰ ਨੇ ਹਰਿਆਣਾ ਦੇ ਮੁੱਖ ਸਕੱਤਰ ਅਨੁਰਾਗ ਰਸਤੋਗੀ ਦੇ ਅਹੁਦੇ ਦੀ ਮਿਆਦ ਵਿਚ ਇੱਕ ਸਾਲ ਦੇ ਵਾਧੇ ਨੂੰ ਮਨਜ਼ੂਰੀ ਦੇ ਦਿੱਤੀ ਹੈ। ਇਹ ਵਾਧਾ 1 ਜੁਲਾਈ, 2025 ਤੋਂ 30 ਜੂਨ, 2026 ਤੱਕ ਅਮਲ ਵਿੱਚ ਰਹੇਗਾ। ਨਾਇਬ ਸੈਣੀ ਸਰਕਾਰ ਨੇ 30 ਜੂਨ ਨੂੰ ਸੇਵਾਮੁਕਤ ਹੋ ਰਹੇ ਰਸਤੋਗੀ ਲਈ ਵਾਧਾ ਮੰਗਿਆ ਸੀ। ਇਸ ਨਾਲ ਸੁਧੀਰ ਰਾਜਪਾਲ, ਸੁਮਿਤਾ ਮਿਸ਼ਰਾ, ਆਨੰਦ ਮੋਹਨ ਸ਼ਰਨ ਤੇ ਰਾਜਾ ਸ਼ੇਖਰ ਵੰਦਰੂ ਅਤੇ ਵਿਨੀਤ ਗਰਗ, ਅਨਿਲ ਮਲਿਕ, ਜੀ ਅਨੁਪਮਾ, ਏ ਕੇ ਸਿੰਘ ਅਤੇ ਅਭਿਲਕਸ਼ ਲੇਖੀ ਦੇ ਮੁੱਖ ਸਕੱਤਰ ਬਣਨ ਦੀਆਂ ਉਮੀਦਾਂ 'ਤੇ ਪਾਣੀ ਫਿਰ ਗਿਆ ਹੈ।

# ਮਾਨਸੂਨ ਤੋਂ ਪਹਿਲਾਂ ਹੀ ਢਿੱਗਾਂ ਡਿੱਗਣੀਆਂ ਸ਼ੁਰੂ

**ਧਰਮਸ਼ਾਲਾ** : ਵੀਰਵਾਰ ਰਾਤ ਤੋਂ ਰੁਕ-ਰੁਕ ਕੇ ਪੈ ਰਹੇ ਮੀਂਹ ਦੇ ਚਲਦਿਆਂ ਢਿੱਗਾਂ ਖਿਸਕਣ ਕਾਰਨ ਸ਼ੁੱਕਰਵਾਰ ਸਵੇਰੇ ਧਰਮਸ਼ਾਲਾ-ਕਾਂਗੜਾ ਕੌਮੀ ਸ਼ਾਹਰਾਹ 'ਤੇ ਵਾਹਨਾਂ ਦੀ ਆਵਾਜਾਈ ਠੱਪ ਹੋ ਗਈ। ਇਸ ਸੜਕ ਰਾਹੀਂ ਦਿੱਲੀ, ਪੰਜਾਬ, ਹਰਿਆਣਾ ਅਤੇ ਹੋਰ ਰਾਜਾਂ ਤੋਂ ਰੋਜ਼ਾਨਾ ਸੈਂਕੜੇ ਸੈਲਾਨੀ ਧਰਮਸ਼ਾਲਾ ਆਉਂਦੇ ਹਨ।



ਢਿੱਗਾਂ ਖਿਸਕਣ ਦੀ ਘਟਨਾ ਸਕੋਹ ਪਿੰਡ ਤੋਂ ਲੱਗਭੱਗ ਢਾਈ ਕਿੱਲੋਮੀਟਰ ਦੂਰ ਵਾਪਰੀ, ਜਿਸ ਕਾਰਨ ਚਾਰ ਪਹੀਆ ਵਾਹਨਾਂ ਲਈ ਰਾਜਮਾਰਗ ਪੂਰੀ ਤਰ੍ਹਾਂ ਬੰਦ ਹੋ ਗਿਆ। ਅਣਸੁਖਾਵੀਂ ਘਟਨਾ ਵਾਪਰਨ ਤੋਂ ਬਚਾਅ ਰਿਹਾ। ਧਰਮਸ਼ਾਲਾ ਤੋਂ ਕਾਂਗੜਾ ਵੱਲ ਜਾਣ ਵਾਲੀ ਆਵਾਜਾਈ ਨੂੰ ਸ਼ੀਲਾ ਰੋਡ ਰਾਹੀਂ ਮਟੌਰ ਕਸਬੇ ਤੋਂ ਮੋੜਿਆ ਗਿਆ ਹੈ। ਸਥਾਨਕ ਅਧਿਕਾਰੀਆਂ ਨੇ ਲੋਕਾਂ ਨੂੰ ਸਲਾਹ ਜਾਰੀ ਕੀਤੀ ਹੈ ਕਿ ਉਹ ਕੌਮੀ ਸ਼ਾਹਰਾਹ ਦੇ ਪ੍ਰਭਾਵਤ ਹਿੱਸੇ ਵੱਲ ਜਾਣ ਤੋਂ ਉਦੋਂ ਤੱਕ ਬਚਣ, ਜਦੋਂ ਤੱਕ ਬਹਾਲੀ ਦਾ ਕੰਮ ਪੂਰਾ ਨਹੀਂ ਹੋ ਜਾਂਦਾ।

ਮੀਂਹ ਕਾਰਨ ਪਹਾੜੀ ਖੇਤਰਾਂ, ਖਾਸ ਕਰਕੇ ਮੈਕਲੋਡਗੰਜ ਸੜਕ 'ਤੇ ਢਿੱਗਾਂ ਖਿਸਕਣ ਦੀ ਸੰਭਾਵਨਾ ਬਾਰੇ ਚਿੰਤਾਵਾਂ ਵਧ ਰਹੀਆਂ ਹਨ। ਇੱਥੇ ਪਿਛਲੇ ਕੁਝ ਦਿਨਾਂ ਤੋਂ ਮੁਰੰਮਤ ਦਾ ਕੰਮ ਪਹਿਲਾਂ ਹੀ ਚੱਲ ਰਿਹਾ ਹੈ। ਹਿਮਾਚਲ ਪ੍ਰਦੇਸ਼ ਮੌਸਮ ਵਿਭਾਗ ਨੇ ਅਗਲੇ 24 ਘੰਟਿਆਂ ਦੌਰਾਨ ਕਾਂਗੜਾ ਜ਼ਿਲ੍ਹੇ ਦੇ ਕੁਝ ਹਿੱਸਿਆਂ ਵਿੱਚ ਮੀਂਹ ਜਾਰੀ ਰਹਿਣ ਦੀ ਭਵਿੱਖਬਾਣੀ ਕੀਤੀ ਹੈ। ਪੀ ਡਬਲਿਊ ਡੀ ਦੇ ਅਧਿਕਾਰੀ ਸੰਵੇਦਨਸ਼ੀਲ ਜ਼ੋਨਾਂ ਦੀ ਨੇੜਿਓਂ ਨਿਗਰਾਨੀ ਕਰ ਰਹੇ ਹਨ।

# ਸਵਾਰੀਆਂ ਨੂੰ ਲੁੱਟਣ ਵਾਲੇ 5 ਪੰਜਾਬੀਆਂ ਸਣੇ 11 ਗ੍ਰਿਫ਼ਤਾਰ

**ਵੈਨਕੂਵਰ** : ਟੋਰਾਂਟੋ ਪੁਲਸ ਨੇ ਪ੍ਰੋਜੈਕਟ ਫੇਅਰ ਤਹਿਤ ਜਾਂਚ ਕਰਨ ਉਪਰੰਤ ਪੰਜ ਭਾਰਤੀਆਂ ਸਮੇਤ 11 ਵਿਅਕਤੀਆਂ ਨੂੰ ਧੋਖਾਧੜੀ ਦੇ ਦੋਸ਼ਾਂ ਹੇਠ ਗ੍ਰਿਫ਼ਤਾਰ ਕੀਤਾ ਹੈ। ਇਹ ਵਿਅਕਤੀ ਆਪਣੀ ਟੈਕਸੀ ਵਿੱਚ ਸਫਰ ਕਰ ਰਹੀ ਸਵਾਰੀ ਤੋਂ ਕਿਰਾਇਆ ਲੈਂਦੇ ਸਮੇਂ ਉਸ ਦਾ ਏ ਟੀ ਐੱਮ ਕਾਰਡ ਬਦਲ ਲੈਂਦੇ ਤੇ ਬਾਅਦ ਵਿੱਚ ਉਸ ਦੀ ਵਰਤੋਂ ਕਰਦਿਆਂ ਰਾਸ਼ੀ ਉਡਾ ਦਿੰਦੇ ਸਨ। ਪੁਲਸ ਨੇ ਦੱਸਿਆ ਕਿ ਜਾਂਚ ਦੌਰਾਨ ਸਾਹਮਣੇ ਆਇਆ ਹੈ ਕਿ ਟੈਕਸੀ ਚਾਲਕਾਂ ਨੇ 300 ਲੋਕਾਂ ਦੀ 5 ਲੱਖ ਡਾਲਰ (ਕਰੀਬ 3 ਕਰੋੜ ਰੁਪਏ) ਦੀ ਰਾਸ਼ੀ ਕਢਵਾਈ ਹੈ। ਇਸ ਦੌਰਾਨ ਕਾਬੂ ਕੀਤੇ ਗਏ ਭਾਰਤੀਆਂ ਦੀ ਪਛਾਣ ਇਕਜੋਤ ਨਾਹਲ (22), ਹਰਜੋਬਨ ਨਾਹਲ (25), ਹਰਪ੍ਰੀਤ ਸਿੰਘ (24) ਗੁਰਨੂਰ ਰੰਧਾਵਾ (20) ਤੇ ਗੌਰਵ ਟਾਕ (23) ਵਜੋਂ ਹੋਈ ਹੈ। ਇਨ੍ਹਾਂ ਤੋਂ ਸੈਂਕੜੇ ਬੈਂਕ ਕਾਰਡ, ਮਸ਼ੀਨਾਂ ਸਮੇਤ ਕਈ ਹੋਰ ਉਪਕਰਨ ਬਰਾਮਦ ਕੀਤੇ ਗਏ ਹਨ। ਇਹ ਸਾਰੇ ਇੱਕ ਗਰੋਹ ਵਜੋਂ ਕੰਮ ਕਰਦੇ ਸਨ। ਟੈਕਸੀ ਵਿੱਚ ਬੈਠੀ ਸਵਾਰੀ ਤੋਂ ਪੈਸੇ ਲੈਣ ਮੌਕੇ ਉਹ ਤਰੀਕੇ ਨਾਲ ਕਾਰਡ ਲੈ ਕੇ ਉਸ ਤੋਂ ਪਿੰਨ ਪੁੱਛਦੇ ਅਤੇ ਏ ਟੀ ਐੱਮ ਕਾਰਡ ਬਦਲ ਕੇ ਸਵਾਰੀ ਨੂੰ ਹੋਰ ਕਾਰਡ ਦੇ ਦਿੰਦੇ। ਜਿਸ ਤੋਂ ਬਾਅਦ ਉਹ ਸਵਾਰੀ ਦੇ ਖਾਤੇ ਵਿੱਚੋਂ ਸਾਰੀ ਰਕਮ ਕਢਵਾ ਲੈਂਦੇ ਸਨ।

ਪੁਲਸ ਕੋਲ ਇਸ ਤਰ੍ਹਾਂ ਦੀ ਧੋਖਾਧੜੀ ਦੀਆਂ 300 ਤੋਂ ਵੱਧ ਸ਼ਿਕਾਇਤਾਂ ਆਈਆਂ ਸਨ। ਮੁਲਜ਼ਮ ਟੈਕਸੀ ਦੀ ਥਾਂ 'ਤੇ ਆਮ ਕਾਰ ਦੀ ਵਰਤੋਂ ਕਰਦੇ ਸਨ ਅਤੇ ਟੈਕਸੀ ਵਰਗੇ ਸਟਿੱਕਰ ਲਾ ਕੇ ਸਵਾਰੀਆਂ ਨੂੰ ਭਰਮਾ ਲੈਂਦੇ ਸਨ।



ਬਰਾਮਦ ਕੀਤੇ ਕਾਰਡ, ਮਸ਼ੀਨਾਂ ਤੇ ਹੋਰ ਸਾਮਾਨ।

# ਏਅਰ ਇੰਡੀਆ ਦਾ ਰੱਬ ਰਾਖਾ

**ਮੁੰਬਈ** : ਏਅਰ ਇੰਡੀਆ ਦੀ ਦਿੱਲੀ ਤੋਂ ਪੁਣੇ ਜਾਣ ਵਾਲੀ ਉਡਾਣ ਵਿੱਚ ਸ਼ੁੱਕਰਵਾਰ ਨੂੰ ਪੰਛੀ ਟਕਰਾਉਣ ਕਾਰਨ ਏਅਰਲਾਈਨ ਨੂੰ ਆਪਣੀ ਵਾਪਸੀ ਯਾਤਰਾ ਰੱਦ ਕਰਨੀ ਪਈ। ਏਅਰਲਾਈਨ ਨੇ ਇੱਕ ਬਿਆਨ ਵਿੱਚ ਕਿਹਾ ਕਿ ਜਹਾਜ਼ ਸੁਰੱਖਿਅਤ ਉਤਰਿਆ ਅਤੇ ਪੁਣੇ ਵਿੱਚ ਉਤਰਨ ਤੋਂ ਬਾਅਦ ਪਰਿੰਦਾ ਟਕਰਾਉਣ ਦਾ ਪਤਾ ਲੱਗਿਆ।



ਏਅਰਲਾਈਨ ਨੇ ਕਿਹਾ ਕਿ ਇਸ ਘਟਨਾ ਕਾਰਨ ਜਹਾਜ਼ ਨੂੰ ਰੋਕ ਲਿਆ ਗਿਆ ਹੈ ਅਤੇ ਇੰਜਨੀਅਰਿੰਗ ਟੀਮ ਵੱਲੋਂ ਇਸ ਦੀ ਵਿਆਪਕ ਜਾਂਚ ਕੀਤੀ ਜਾ ਰਹੀ ਹੈ। ਬਿਆਨ ਵਿਚ ਕਿਹਾ ਗਿਆ ਕਿ 20 ਜੂਨ ਨੂੰ ਪੁਣੇ ਤੋਂ ਦਿੱਲੀ ਜਾਣ ਵਾਲੀ (ਵਾਪਸੀ) ਉਡਾਣ ਏ ਆਈ-2470 ਨੂੰ ਪੰਛੀ ਟਕਰਾਉਣ ਕਾਰਨ ਰੱਦ ਕਰ ਦਿੱਤਾ ਗਿਆ ਹੈ। ਪੰਛੀ ਦੇ ਟਕਰਾਉਣ ਦਾ ਪਤਾ ਉਡਾਣ ਦੇ ਪੁਣੇ ਵਿੱਚ ਸੁਰੱਖਿਅਤ ਉਤਰਨ ਤੋਂ ਬਾਅਦ ਲੱਗਿਆ ਸੀ। ਏਅਰਲਾਈਨ ਨੇ ਇਹ ਵੀ ਕਿਹਾ ਕਿ ਉਹ ਫਸੇ ਹੋਏ ਮੁਸਾਫਰਾਂ ਨੂੰ ਰਿਹਾਇਸ਼ ਦੀ ਸਹੂਲਤ ਦੇਣ ਸਮੇਤ ਸਾਰੇ ਪ੍ਰਬੰਧ ਕਰ ਰਹੀ ਹੈ।

ਇਸੇ ਦੌਰਾਨ ਏਅਰ ਇੰਡੀਆ ਨੇ ਸ਼ੁੱਕਰਵਾਰ ਨੂੰ ਮੁਰੰਮਤ ਅਤੇ ਸੰਚਾਲਨ ਕਾਰਨਾਂ ਦੇ ਹਵਾਲੇ ਨਾਲ ਚਾਰ ਕੌਮਾਂਤਰੀ ਫਲਾਈਟਾਂ ਸਣੇ ਕੁੱਲ ਅੱਠ ਉਡਾਣਾਂ ਰੱਦ ਕਰ ਦਿੱਤੀਆਂ ਹਨ। ਏਅਰ ਇੰਡੀਆ ਨੇ ਕਿਹਾ ਕਿ ਜ਼ਮੀਨ 'ਤੇ ਮੌਜੂਦ ਉਸ ਦੀਆਂ ਟੀਮਾਂ ਯਾਤਰੀਆਂ ਨੂੰ ਉਨ੍ਹਾਂ ਦੀਆਂ ਸੰਬੰਧਤ ਮੰਜ਼ਲਾਂ 'ਤੇ ਜਲਦੀ ਤੋਂ ਜਲਦੀ ਪਹੁੰਚਾਉਣ ਲਈ ਬਦਲਵੇਂ ਪ੍ਰਬੰਧ ਕਰ ਰਹੀਆਂ ਹਨ।

ਏਅਰਲਾਈਨ ਨੇ ਕਿਹਾ ਕਿ ਉਸ ਨੇ ਯਾਤਰੀਆਂ ਨੂੰ ਟਿਕਟ ਰੱਦ ਕਰਨ ਜਾਂ ਮੁਫਤ ਰੀਸ਼ਡਿਊਲਿੰਗ 'ਤੇ ਪੂਰੇ ਰਿਫੰਡ ਦੀ ਪੇਸ਼ਕਸ਼ ਵੀ ਕੀਤੀ ਹੈ। ਰੱਦ ਕੀਤੀਆਂ ਜਾਣ ਵਾਲੀਆਂ ਕੌਮਾਂਤਰੀ ਉਡਾਣਾਂ ਵਿਚ ਦੁਬਈ ਤੋਂ ਚੇਨਈ ਲਈ ਏ ਆਈ-906, ਦਿੱਲੀ ਤੋਂ ਮੈਲਬੌਰਨ ਲਈ ਏ ਆਈ-308, ਮੈਲਬੌਰਨ ਤੋਂ ਦਿੱਲੀ ਲਈ ਏ ਆਈ-309 ਅਤੇ ਦੁਬਈ ਤੋਂ ਹੈਦਰਾਬਾਦ ਲਈ ਏ ਆਈ-2204 ਸ਼ਾਮਲ ਹਨ। ਚਾਰ ਘਰੇਲੂ ਉਡਾਣਾਂ ਪੁਣੇ ਤੋਂ ਦਿੱਲੀ ਲਈ ਏ ਆਈ-874, ਅਹਿਮਦਾਬਾਦ ਤੋਂ ਦਿੱਲੀ ਲਈ ਏ ਆਈ-456, ਹੈਦਰਾਬਾਦ ਤੋਂ ਮੁੰਬਈ ਲਈ ਏ ਆਈ-2872, ਅਤੇ ਚੇਨਈ ਤੋਂ ਮੁੰਬਈ ਲਈ ਏ ਆਈ-571 ਰੱਦ ਕੀਤੀਆਂ ਗਈਆਂ ਹਨ।

## ਡਾਕਟਰਨੀ ਨੇ ਜਹਾਜ਼ 'ਚ ਭੜਥੂ ਪਾਇਆ

**ਬੇਂਗਲੁਰੂ** : ਇੱਥੇ ਹਵਾਈ ਅੱਡੇ ਉਤੇ ਡਾ. ਵਿਆਸ ਹੀਰਲ ਮੋਹਨਭਾਈ ਨਾਮੀ ਮਹਿਲਾ ਡਾਕਟਰ ਨੇ ਏਅਰ ਇੰਡੀਆ ਦੀ ਇੱਕ ਉਡਾਣ ਦੇ ਅਮਲੇ ਨੂੰ ਜਹਾਜ਼ ਕਰੈਸ਼ ਕਰ ਦੇਣ ਦੀ ਧਮਕੀ ਦਿੱਤੀ ਅਤੇ ਇਸ ਕਾਰਨ ਉਸ ਨੂੰ ਜਹਾਜ਼ ਤੋਂ ਉਤਾਰਨਾ ਪਿਆ। ਆਪਣੇ ਸਾਮਾਨ ਕਾਰਨ ਅਮਲੇ ਨਾਲ ਹੋਏ ਝਗੜੇ ਕਰਕੇ ਲੋਹੀ-ਲਾਖੀ ਹੋਈ ਡਾਕਟਰ ਨੇ ਇਹ ਧਮਕੀ ਦਿੱਤੀ ਸੀ।ਉਸ ਦਾ ਉਡਾਣ ਅਮਲੇ ਨਾਲ ਉਦੋਂ ਝਗੜਾ ਹੋ ਗਿਆ ਜਦੋਂ ਉਸ ਵੱਲੋਂ ਆਪਣੀ ਸੀਟ 'ਤੇ ਜਾਣ ਤੋਂ ਪਹਿਲਾਂ ਹੀ ਆਪਣਾ ਕੈਬਿਨ ਲਗੇਜ ਵਾਲਾ ਸਾਮਾਨ ਜਹਾਜ਼ ਦੀ ਪਹਿਲੀ ਕਤਾਰ ਵਿੱਚ ਰੱਖਣ 'ਤੇ ਅਮਲੇ ਨੇ ਇਤਰਾਜ਼ ਕੀਤਾ। ਅਮਲੇ ਨੇ ਉਸ ਨੂੰ ਸਾਮਾਨ ਆਪਣੀ ਸੀਟ ਦੇ ਉੱਪਰਲੇ ਡੱਬੇ ਵਿੱਚ ਰੱਖਣ ਲਈ ਕਿਹਾ, ਪਰ ਉਸ ਨੇ ਧਿਆਨ ਨਹੀਂ ਦਿੱਤਾ ਅਤੇ ਕਥਿਤ ਤੌਰ 'ਤੇ ਚਾਲਕ ਦਲ ਨਾਲ ਝਗੜਨਾ ਸ਼ੁਰੂ ਕਰ ਦਿੱਤਾ। ਜਦੋਂ ਕੁਝ ਮੁਸਾਫਰਾਂ ਨੇ ਉਸ ਨੂੰ ਸ਼ਾਂਤ ਕਰਨ ਦੀ ਕੋਸ਼ਿਸ਼ ਕੀਤੀ ਤਾਂ ਉਹ ਕਥਿਤ ਤੌਰ 'ਤੇ ਮੁਸਾਫਰਾਂ ਨਾਲ ਵੀ ਉਲਝ ਪਈ। ਉਸ ਨੇ ਅਮਲੇ ਨੂੰ ਧਮਕੀ ਦਿੱਤੀ ਕਿ ਉਹ ਜਹਾਜ਼ ਨੂੰ ਕਰੈਸ਼ ਕਰ ਦੇਵੇਗੀ। ਇਸ ਤੋਂ ਬਾਅਦ ਕੈਪਟਨ ਅਤੇ ਚਾਲਕ ਦਲ ਨੇ ਹਵਾਈ ਅੱਡੇ ਦੀ ਸੁਰੱਖਿਆ ਲਈ ਬੁਲਾਇਆ, ਜਿਸ ਨੇ ਡਾਕਟਰ ਨੂੰ ਜਹਾਜ਼ ਤੋਂ ਬਾਹਰ ਕੱਢ ਦਿੱਤਾ। ਰਿਪੋਰਟਾਂ ਅਨੁਸਾਰ ਪੁਲਸ ਸਟੇਸ਼ਨ ਲਿਜਾਏ ਜਾਣ ਤੋਂ ਬਾਅਦ ਵੀ ਔਰਤ ਇਸ ਤਰ੍ਹਾਂ ਦਾ ਵਿਹਾਰ ਕਰਦੀ ਰਹੀ। ਉਸ ਖਿਲਾਫ ਭਾਰਤੀ ਨਿਆਏ ਸੰਹਿਤਾ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਕੇਸ ਦਰਜ ਕੀਤਾ ਗਿਆ ਹੈ।

## ਅੱਜ-ਨਾਮਾ

ਵੱਡਿਆਂ ਘਰਾਂ ਦੇ ਵਿਗੜ ਰਹੇ ਬੜੇ ਬੱਚੇ,
ਚੱਲਦੀ ਲੋਕਾਂ 'ਚ ਗੱਲ ਇਹ ਆਮ ਮੀਆਂ।
ਖੁਰਾਫਾਤਾਂ ਇਹ ਕਰਨ ਤੋਂ ਨਹੀਂ ਰਹਿੰਦੇ,
ਕਰਦੇ ਲੋਕ ਇਹ ਸੜਕ ਨੇ ਜਾਮ ਮੀਆਂ।
ਬੰਦੇ ਮਾਰਨ ਦੇ ਤੀਕ ਵੀ ਝਿਜਕਦੇ ਨਹੀਂ,
ਫਿਰ ਸਮਝੌਤੇ ਦਾ ਦੱਸਣਗੇ ਦਾਮ ਮੀਆਂ।
ਸਰਕਾਰੀ ਤੰਤਰ ਸਭ ਇਨ੍ਹਾਂ ਦਾ ਸਾਥ ਦਿੰਦਾ,
ਮਿਲਦੀ ਜਾਂਦੀ ਆ ਮਦਦ ਤਮਾਮ ਮੀਆਂ।
ਇੱਕੋ ਬਰਾਬਰ ਸਭ ਲੋਕ ਆ ਕਹੇ ਜਾਂਦੇ,
ਹੁੰਦਾ ਅਮਲਾਂ ਦੇ ਵਿੱਚ ਹੈ ਫਰਕ ਮੀਆਂ।
ਜਿਊਂਦੇ ਰਹਿਣ ਦੀ ਜ਼ਾਮਨੀ ਕੋਈ ਨਾਹੀਂ,
ਸ਼ਹਿਰ ਪਿੰਡ ਸਭ ਬਣੇ ਨੇ ਨਰਕ ਮੀਆਂ।

-ਤੀਸ ਮਾਰ ਖਾਂ

# ਪਾਣੀ ਬਚਾਉਣ ਲਈ 14 ਨੁਕਾਤੀ ਐਕਸ਼ਨ ਪਲਾਨ ਨੂੰ ਮਨਜ਼ੂਰੀ

**ਚੰਡੀਗੜ੍ਹ (ਗੁਰਜੀਤ ਬਿੱਲਾ/ ਕ੍ਰਿਸ਼ਨ ਗਰਗ)**
ਸੂਬੇ ਦੇ ਇਤਿਹਾਸ ਵਿੱਚ ਪਹਿਲੀ ਵਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਧਰਤੀ ਹੇਠਲੇ ਪਾਣੀ ਦੀ ਸੰਭਾਲ ਅਤੇ ਪਾਣੀ ਦਾ ਪੱਧਰ ਉਪਰ ਚੁੱਕਣ ਲਈ ਏਕੀਕ੍ਰਿਤ ਸੂਬਾਈ ਜਲ ਯੋਜਨਾ ਦੇ ਹਿੱਸੇ ਵਜੋਂ ਸ਼ੁੱਕਰਵਾਰ 14 ਨੁਕਾਤੀ ਐਕਸ਼ਨ ਪਲਾਨ ਨੂੰ ਮਨਜ਼ੂਰੀ ਦੇ ਦਿੱਤੀ।

ਏਕੀਕ੍ਰਿਤ ਸੂਬਾਈ ਜਲ ਯੋਜਨਾ ਬਾਰੇ ਜਲ ਸਰੋਤ ਵਿਭਾਗ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਜਲ ਸਰੋਤ ਵਿਭਾਗ ਵੱਲੋਂ ਇਹ ਯੋਜਨਾ ਸਾਰੇ ਪ੍ਰਮੁੱਖ ਵਿਭਾਗਾਂ ਨਾਲ ਸਲਾਹ-ਮਸ਼ਵਰਾ ਕਰਨ ਤੋਂ ਬਾਅਦ ਬਹੁਤ ਬਾਰੀਕੀ ਨਾਲ ਤਿਆਰ ਕੀਤੀ ਗਈ ਹੈ। ਉਨ੍ਹਾ ਕਿਹਾ ਕਿ ਸੂਬੇ ਦੀ ਸਥਿਤੀ ਬਹੁਤ ਚਿੰਤਾਜਨਕ ਹੈ, ਕਿਉਂਕਿ ਕੁੱਲ 153 ਵਿੱਚੋਂ 115 ਬਲਾਕਾਂ ਵਿੱਚ ਧਰਤੀ ਹੇਠੋਂ ਵੱਧ ਪਾਣੀ ਕੱਢਿਆ ਜਾ ਰਿਹਾ ਹੈ। ਮਾਨ ਨੇ ਕਿਹਾ ਕਿ ਇਸ ਯੋਜਨਾ ਵਿੱਚ ਪੂਰਾ ਧਿਆਨ ਧਰਤੀ ਹੇਠਲਾ ਪਾਣੀ ਬਚਾਉਣ ਅਤੇ ਵੱਖ-ਵੱਖ ਮੰਤਵਾਂ ਲਈ ਨਹਿਰੀ ਪਾਣੀ ਦੀ ਵਰਤੋਂ ਵਧਾਉਣ ਉਤੇ ਦਿੱਤਾ ਗਿਆ ਹੈ।



ਮੁੱਖ ਮੰਤਰੀ ਨੇ ਧਰਤੀ ਹੇਠੋਂ 5.2 ਅਰਬ ਕਿਊਬਿਕ ਮੀਟਰ ਪਾਣੀ ਕੱਢਣ ਕਾਰਨ ਪਾਣੀ ਦੇ ਪੱਧਰ ਵਿੱਚ ਸਾਲਾਨਾ ਔਸਤਨ 0.7 ਮੀਟਰ ਦੀ ਗਿਰਾਵਟ 'ਤੇ ਵੀ ਚਿੰਤਾ ਪ੍ਰਗਟ ਕੀਤੀ। ਉਨ੍ਹਾ ਕਿਹਾ ਕਿ ਖੇਤੀਬਾੜੀ ਲਈ ਜ਼ਮੀਨੀ ਪਾਣੀ ਦੀ ਮੰਗ ਨੂੰ ਘਟਾ ਕੇ, ਸਿੰਜਾਈ ਤਕਨੀਕਾਂ ਵਿੱਚ ਸੁਧਾਰ ਕਰ ਕੇ, ਜ਼ਮੀਨੀ ਹੇਠਲੇ ਪਾਣੀ ਦੇ ਪੱਧਰ ਵਿੱਚ ਸੁਧਾਰ ਅਤੇ ਮਸਨੂਈ ਤੌਰ ਉਤੇ ਧਰਤੀ ਹੇਠ ਪਾਣੀ ਜੀਰਨ ਵਿੱਚ ਵਾਧੇ ਰਾਹੀਂ ਇਸ ਮੰਤਵ ਦੀ ਪ੍ਰਾਪਤੀ ਹੋ ਸਕਦੀ ਹੈ। ਮਾਨ ਨੇ ਕਿਹਾ ਕਿ ਇਸ ਦੇ ਨਾਲ-ਨਾਲ ਹੋਰ ਟਿਕਾਊ ਸਰੋਤਾਂ ਦੀ ਭਾਲ, ਪਾਣੀ ਦੀ ਡੂੰਘਾਈ ਬਾਰੇ ਸਰਵੇਖਣ ਅਤੇ ਸਤਹੀ ਪਾਣੀ ਦੀ ਵਰਤੋਂ ਨੂੰ ਉਤਸ਼ਾਹਤ ਕਰਨ ਲਈ ਯਤਨ ਕੀਤੇ ਜਾਣੇ ਚਾਹੀਦੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਯੋਜਨਾ ਦਾ ਮੰਤਵ ਲਗਭਗ 15,79,379 ਹੈਕਟੇਅਰ ਰਕਬੇ ਨੂੰ ਰਵਾਇਤੀ ਸਿੰਜਾਈ ਤਰੀਕਿਆਂ ਦੀ ਬਜਾਏ ਪਾਣੀ ਬਚਾਉਣ ਵਾਲੀਆਂ ਤਕਨੀਕਾਂ ਜਿਵੇਂ ਕਿ ਤੁਪਕਾ ਸਿੰਜਾਈ, ਸਪਰਿੰਕਲਰ ਸਿੰਜਾਈ ਅਤੇ ਹੋਰ ਮੰਤਵਾਂ ਅਧੀਨ ਲਿਆਉਣਾ ਚਾਹੀਦਾ ਹੈ, ਤਾਂ ਜੋ ਕੁਸ਼ਲਤਾ ਵਧਾ ਕੇ ਪਾਣੀ ਦੀ ਮੰਗ ਅਤੇ ਬਰਬਾਦੀ ਨੂੰ ਘਟਾਇਆ ਜਾ ਸਕੇ। ਮਾਨ ਨੇ ਕਿਹਾ ਕਿ ਪਹਿਲੀ ਤਰਜੀਹ ਉੱਥੇ ਦਿੱਤੀ ਜਾਣੀ ਚਾਹੀਦੀ ਹੈ, ਜਿੱਥੇ ਵਰਕਿੰਗ ਹੈੱਡ ਉਪਲੱਬਧ ਹੋਵੇ ਅਤੇ ਖੁੱਲ੍ਹੇ ਰਜਵਾਹੇ ਦੀ ਬਜਾਏ ਪਾਈਪਲਾਈਨ ਦਾ ਪ੍ਰਸਤਾਵ ਰੱਖਿਆ ਜਾ ਸਕਦਾ ਹੈ। ਉਨ੍ਹਾ ਕਿਹਾ ਕਿ ਇਸ ਯੋਜਨਾ ਵਿੱਚ ਨਹਿਰੀ ਰਜਬਾਹਿਆਂ ਨੂੰ ਸੁਰਜੀਤ ਕਰਨ ਉੱਤੇ ਧਿਆਨ ਕੇਂਦਰਤ ਹੋਵੇਗਾ, ਜਿਸ ਨਾਲ ਸਤਹੀ ਪਾਣੀ ਦੀ ਤਰਕਸੰਗਤ, ਬਰਾਬਰ ਤੇ ਟਿਕਾਊ ਵਰਤੋਂ ਯਕੀਨੀ ਬਣੇਗੀ।

ਸਤਹੀ ਪਾਣੀ ਦੀ ਪ੍ਰਭਾਵਸ਼ਾਲੀ ਵਰਤੋਂ ਦੀ ਵਕਾਲਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਯੋਜਨਾ ਅਨੁਸਾਰ ਵਾਧੂ ਉਪਲੱਬਧ ਪਾਣੀ ਨਹਿਰ ਅਤੇ ਡਿਸਟ੍ਰੀਬਿਊਟਰੀਆਂ ਤੋਂ ਸਿੱਧੇ ਨਾਲ ਲੱਗਦੇ ਛੱਪੜਾਂ ਵਿੱਚ ਵੰਡਿਆ ਜਾਵੇਗਾ। ਉਹਨਾ ਕਿਹਾ ਕਿ ਛੱਪੜ ਦਾ ਪਾਣੀ ਲਿਫਟ ਸਿੰਜਾਈ ਪ੍ਰਣਾਲੀ ਰਾਹੀਂ ਖੇਤਾਂ ਵਿੱਚ ਲਿਜਾਇਆ ਜਾਵੇਗਾ, ਜਿਸ ਨਾਲ ਸਤਹੀ ਪਾਣੀ ਦੀ ਸਿੰਜਾਈ ਅਧੀਨ ਰਕਬਾ ਵਧੇਗਾ। ਉਨ੍ਹਾ ਕਿਹਾ ਕਿ ਇਸ ਲਈ ਚੈੱਕ ਡੈਮ ਤੇ ਨਵੇਂ ਤਲਾਬਾਂ ਦਾ ਨਿਰਮਾਣ ਕੀਤਾ ਜਾਵੇਗਾ। ਉਨ੍ਹਾਂ ਸਵੈ-ਟਿਕਾਊ ਵਾਟਰ ਈਕੋ-ਸਿਸਟਮ ਵਿਕਸਤ ਕਰਨ ਲਈ ਵਾਟਰ ਯੂਜ਼ਰ ਐਸੋਸੀਏਸ਼ਨਾਂ ਦਾ ਗਠਨ ਕਰ ਕੇ ਭਾਗੀਦਾਰੀ ਸਿੰਜਾਈ ਪ੍ਰਬੰਧਨ ਦੀ ਵਕਾਲਤ ਕੀਤੀ।

ਮੁੱਖ ਮੰਤਰੀ ਨੇ ਕਿਹਾ ਕਿ ਦੱਖਣ-ਪੱਛਮੀ ਪੰਜਾਬ ਵਿੱਚ ਹੜ੍ਹਾਂ ਦੀ ਸਮੱਸਿਆ ਹੈ, ਪਰ ਕੰਢੀ ਖੇਤਰ ਦੀ ਆਪਣੀ ਸਮੱਸਿਆ ਹੈ, ਕਿਉਂਕਿ ਜ਼ਮੀਨ ਹੇਠ ਪਾਣੀ ਬਹੁਤ ਡੂੰਘਾ ਹੈ, ਜਿਸ ਕਾਰਨ ਪੂਰੇ ਸੂਬੇ ਲਈ ਇਕ ਯੋਜਨਾ ਨਹੀਂ ਬਣਾਈ ਜਾ ਸਕਦੀ ਅਤੇ ਇਸ ਨੂੰ ਹਿੱਸਿਆਂ ਵਿੱਚ ਤਿਆਰ ਕਰਨਾ ਪੈਂਦਾ ਹੈ, ਜਿਸ ਨੂੰ ਬੇਸਿਨ ਕਿਹਾ ਜਾਂਦਾ ਹੈ।

ਮਾਨ ਨੇ ਕਿਹਾ ਕਿ ਯੋਜਨਾ ਅਨੁਸਾਰ ਪੰਜਾਬ ਨੂੰ ਵੱਖ-ਵੱਖ ਖੇਤਰਾਂ ਵਿੱਚ ਵੰਡਿਆ ਜਾਵੇਗਾ, ਜਿਸ ਨਾਲ ਪਾਣੀ ਦੇ ਪ੍ਰਵਾਹ, ਮਿੱਟੀ ਦੀ ਕਟੌਤੀ ਨੂੰ ਨਿਯਮਤ ਕਰਨ ਅਤੇ ਜ਼ਰੂਰੀ ਤੱਤਾਂ ਨੂੰ ਬਰਕਰਾਰ ਰੱਖਿਆ ਜਾ ਸਕੇਗਾ। ਉਨ੍ਹਾ ਕਿਹਾ ਕਿ ਜਲ-ਭੰਡਾਰ ਵਿਸ਼ੇਸ਼ਤਾਵਾਂ ਅਤੇ ਸੰਬੰਧਤ ਖ਼ੇਤਰ ਦੇ ਭੂਗੋਲ ਦੀ ਪਛਾਣ ਕਰਨ 'ਤੇ ਵੀ ਧਿਆਨ ਕੇਂਦਰਤ ਕੀਤਾ ਜਾਵੇਗਾ ਅਤੇ ਨਾਲ ਹੀ ਹੇਠਲੇ ਇਲਾਕਿਆਂ ਵਿੱਚ ਮੀਂਹ ਤੇ ਪਾਣੀ ਦੇ ਵਹਾਅ ਦੇ ਡੇਟਾ ਦੀ ਪਛਾਣ ਕੀਤੀ ਜਾਵੇਗੀ।

## ਬਾਲ ਸੁਰੱਖਿਆ ਯੂਨਿਟ ਵੱਲੋਂ ਬਾਲ ਤੇ ਕਿਸ਼ੋਰ ਮਜ਼ਦੂਰੀ ਖਾਤਮਾ ਸਪਤਾਹ ਤਹਿਤ ਚੈਕਿੰਗ



**ਮੋਗਾ (ਇਕਬਾਲ ਸਿੰਘ ਖਹਿਰਾ)**-ਜ਼ਿਲ੍ਹਾ ਪ੍ਰਸ਼ਾਸਨ ਮੋਗਾ ਦੀ ਸੁਚੱਜੀ ਦੇਖ ਰੇਖ ਵਿੱਚ ਡਿਪਟੀ ਕਮਿਸ਼ਨਰ ਮੋਗਾ ਸਾਗਰ ਸੇਤੀਆ ਦੇ ਹੁਕਮਾਂ ਉੱਤੇ ਜ਼ਿਲ੍ਹਾ ਮੋਗਾ ਵਿੱਚੋਂ ਬਾਲ ਤੇ ਕਿਸ਼ੋਰ ਮਜ਼ਦੂਰੀ ਖਤਮ ਕਰਨ ਲਈ ਬਾਲ ਤੇ ਕਿਸ਼ੋਰ ਮਜ਼ਦੂਰੀ ਖਾਤਮਾ ਸਪਤਾਹ ਤਹਿਤ ਬਾਲ ਸੁਰੱਖਿਆ ਯੂਨਿਟ ਵੱਲੋਂ ਮੋਗਾ ਦੇ ਅਕਾਲਸਰ ਰੋਡ ਤੇ ਕੈਂਪ ਮਾਰਕਿਟ ਵਿੱਚ ਚੈਕਿੰਗ ਤੇ ਜਾਗਰੂਕਤਾ ਮੁਹਿੰਮ ਚਲਾਈ ਗਈ। ਸਹਾਇਕ ਲੇਬਰ ਕਮਿਸ਼ਨਰ ਵਿਕਾਸ ਕੁਮਾਰ ਨੇ ਦੱਸਿਆ ਕਿ ਜੇਕਰ ਕਿਸੇ ਵੀ ਦੁਕਾਨਦਾਰ, ਫੈਕਟਰੀ ਜਾਂ ਹੋਰ ਫਰਮ ਕੋਲ ਕੋਈ ਵੀ ਬਾਲ ਜਾਂ ਕਿਸ਼ੋਰ ਕੰਮ ਲਈ ਆਉਂਦਾ ਹੈ, ਤਾਂ ਪ੍ਰਬੰਧਕਾਂ ਵੱਲੋਂ ਉਸ ਨੂੰ ਕੰਮ 'ਤੇ ਰੱਖਣ ਦੀ ਬਜਾਏ ਪੜ੍ਹਾਈ ਲਈ ਪ੍ਰੇਰਿਤ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਇਸ ਸਪਤਾਹ ਦੌਰਾਨ ਕਾਰੋਬਾਰੀ ਅਦਾਰਿਆਂ ਤੇ ਸੰਸਥਾਵਾਂ, ਜਿੱਥੇ ਕਿ ਬਾਲ ਤੇ ਕਿਸ਼ੋਰ ਮਜ਼ਦੂਰੀ ਕਰਵਾਈ ਜਾਂਦੀ ਹੈ, ਉੱਤੇ ਅਚਾਨਕ ਛਾਪੇ ਮਾਰੇ ਜਾ ਰਹੇ ਹਨ। ਲੋੜ ਰਹੇ ਬਾਲ ਤੇ ਕਿਸ਼ੋਰ ਮਜ਼ਦੂਰਾਂ ਦੇ ਪੁਨਰਵਾਸ ਅਤੇ ਦੋਸ਼ੀਆਂ ਖਿਲਾਫ ਚਾਈਲਡ ਐਂਡ ਅਡੋਲੈਸੈਂਟ ਲੇਬਰ (ਪ੍ਰੋਹਿਬਸ਼ਨ ਐਂਡ ਰੈਗੂਲੇਸ਼ਨ) ਐਕਟ 1986 ਅਧੀਨ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ। ਉਨ੍ਹਾਂ ਸਮੂਹ ਕਾਰੋਬਾਰੀਆਂ, ਸੰਸਥਾਵਾਂ ਆਦਿ ਨੂੰ ਦੱਸਿਆ ਕਿ ਬਾਲ ਮਜ਼ਦੂਰੀ ਕਾਨੂੰਨੀ ਅਪਰਾਧ ਹੈ, ਇਸ ਤੋਂ ਦੂਰ ਰਿਹਾ ਜਾਵੇ। ਇਸ ਅਪਰਾਧ ਲਈ ਜੁਰਮਾਨਾ ਤੇ ਸਜ਼ਾ ਦੋਨੋਂ ਹੋ ਸਕਦੇ ਹਨ। ਉਨ੍ਹਾਂ ਕਿਹਾ ਕਿ ਡਿਪਟੀ ਕਮਿਸ਼ਨਰ ਸਾਗਰ ਸੇਤੀਆ ਵੱਲੋਂ ਪੁਲਸ, ਸਮੂਹ ਐੱਸ ਡੀ ਐਮਜ਼, ਸਿਵਲ ਸਰਜਨ, ਸਹਾਇਕ ਡਾਇਰੈਕਟਰ ਫੈਕਟਰੀ, ਜ਼ਿਲ੍ਹਾ ਬਾਲ ਸੁਰੱਖਿਆ ਅਫਸਰ, ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ, ਜ਼ਿਲ੍ਹਾ ਸਿੱਖਿਆ ਅਫਸਰ, ਕਿਰਤ ਵਿਭਾਗ ਨੂੰ ਇਸ ਮੌਕੇ ਤਹਿਤ ਜ਼ਰੂਰੀ ਕਦਮ ਚੁੱਕਣ ਲਈ ਅਤੇ ਵੱਧ ਤੋਂ ਵੱਧ ਜਾਗਰੂਕਤਾ ਫੈਲਾਉਣ ਲਈ ਜ਼ਰੂਰੀ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ।

## 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਤ ਖੋਲ੍ਹਿਆ ਸ਼ਤਾਬਦੀ ਦਫਤਰ

- ਸ਼ਤਾਬਦੀ ਸਮਾਗਮ ਸੁਰਜੀਤ ਸਿੰਘ ਗੜ੍ਹੀ ਦੀ ਅਗਵਾਈ 'ਚ ਨੇਪਰੇ ਚੜ੍ਹਨਗੇ : ਪ੍ਰੋ. ਬਡੂੰਗਰ
- ਪ੍ਰਚਾਰਕ ਪਰਵਿੰਦਰ ਸਿੰਘ ਰਿਉਂਦ ਨੂੰ ਸ਼ਤਾਬਦੀ ਦਫਤਰ ਦਾ ਲਗਾਇਆ ਕੋਆਰਡੀਨੇਟਰ



ਸੁਰਜੀਤ ਸਿੰਘ ਗੜ੍ਹੀ ਦੀ ਅਗਵਾਈ ਵਿੱਚ ਹੋਣਗੇ।

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਯੋਗ ਅਗਵਾਈ ਵਿੱਚ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਸਬੰਧੀ ਕਰਵਾਏ ਜਾਣ ਵਾਲੇ ਗੁਰਮਤਿ ਸਮਾਗਮ ਦੇ ਮੱਦੇਨਜ਼ਰ ਗੁਰਦੁਆਰਾ ਸ੍ਰੀ ਦੁਖਨਿਵਾਰਨ ਸਾਹਿਬ ਵਿਖੇ ਸ਼ਤਾਬਦੀ ਦਫਤਰ ਖੋਲ੍ਹਿਆ ਗਿਆ, ਜਿਸ ਦੀ ਸ਼ੁਰੂਆਤ ਅੱਜ ਹੈੱਡ ਗ੍ਰੰਥੀ ਗਿਆਨੀ ਫੂਲਾ ਸਿੰਘ ਵੱਲੋਂ ਕੀਤੀ ਅਰਦਾਸ ਉਪਰੰਤ ਹੋਈ। ਇਸ ਮੌਕੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ, ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਜਸਮੇਰ ਸਿੰਘ ਲਾਛੜੂ, ਕਥਾਵਾਚਕ ਗਿਆਨੀ ਪ੍ਰਿਤਪਾਲ ਸਿੰਘ ਆਦਿ ਵਿਸ਼ੇਸ਼ ਪੁੱਜੇ ਹੋਏ ਸਨ। ਇਸ ਮੌਕੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਦੱਸਿਆ ਕਿ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਤ ਸ਼ਤਾਬਦੀ ਸ਼੍ਰੋਮਣੀ ਕਮੇਟੀ ਵੱਲੋਂ ਮਨਾਈ ਜਾ ਰਹੀ ਹੈ ਅਤੇ ਮਾਲਵਾ ਜ਼ੋਨ ਅੰਦਰ ਇਸ ਗੁਰਮਤਿ ਸਮਾਗਮ ਦੀ ਸ਼ੁਰੂਆਤ ਗੁਰਦੁਆਰਾ ਸ੍ਰੀ ਮੋਤੀ ਬਾਗ ਸਾਹਿਬ ਵਿਖੇ 4 ਜੁਲਾਈ ਨੂੰ ਸ੍ਰੀ ਅਖੰਡ ਪਾਠ ਸਾਹਿਬ ਨਾਲ ਹੋਵੇਗੀ ਅਤੇ 6 ਜੁਲਾਈ ਨੂੰ ਮੁੱਖ ਸਮਾਗਮ ਹੋਵੇਗਾ। ਉਨ੍ਹਾਂ ਦੱਸਿਆ ਕਿ ਇਸ ਸਬੰਧ ਵਿੱਚ ਸ਼ਤਾਬਦੀ ਸਮਾਗਮ ਸਬੰਧੀ ਤਿਆਰੀਆਂ ਤੇ ਸਮਾਗਮ ਨੂੰ ਨੇਪਰੇ ਚਾੜ੍ਹਨ ਲਈ ਇਹ ਸਮਾਗਮ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ ਦੀ ਅਗਵਾਈ ਵਿੱਚ ਹੋਣਗੇ।

ਪ੍ਰੋ. ਬਡੂੰਗਰ ਨੇ ਦੱਸਿਆ ਕਿ ਸ਼ਤਾਬਦੀ ਸਮਾਗਮ ਸਬੰਧੀ ਦਫਤਰ ਵਿਖੇ ਪ੍ਰਚਾਰਕ ਪਰਵਿੰਦਰ ਸਿੰਘ ਰਿਉਂਦ ਨੂੰ ਕੋਆਰਡੀਨੇਟਰ ਲਗਾਇਆ ਗਿਆ, ਜੋ 350 ਸਾਲਾ ਸਮਾਗਮ ਦੀ ਸਫਲਤਾ ਲਈ ਆਪਣਾ ਸਹਿਯੋਗ ਕਰਨਗੇ। ਇਸ ਦੌਰਾਨ ਹੋਰਨਾਂ ਤੋਂ ਇਲਾਵਾ ਮੈਨੇਜਰ ਭਾਗ ਸਿੰਘ ਚੌਹਾਨ, ਐਡੀਸ਼ਨਲ ਮੈਨੇਜਰ ਜਸਵਿੰਦਰ ਸਿੰਘ, ਮੀਤ ਮੈਨੇਜਰ ਮਨਦੀਪ ਸਿੰਘ ਭਲਵਾਨ, ਮੈਨੇ. ਜਸਵਿੰਦਰ ਸਿੰਘ ਬਾਬਾ ਅਜੇਪਾਲ ਨਾਭਾ, ਜੋਗਿੰਦਰ ਸਿੰਘ ਪੰਛੀ, ਗੁਰਪਿਆਰ ਸਿੰਘ ਜੌਹਰ, ਜਸਵੀਰ ਸਿੰਘ ਆਦਿ ਪ੍ਰਚਾਰਕ ਤੇ ਸ਼੍ਰੋਮਣੀ ਕਮੇਟੀ ਅਧਿਕਾਰੀ ਤੇ ਸਟਾਫ ਮੈਂਬਰ ਆਦਿ ਸ਼ਾਮਲ ਸਨ।

## ਸ੍ਰੀ ਫਤਿਹਗੜ੍ਹ ਸਾਹਿਬ ਦੇ 68 ਪਿੰਡ ਓ ਡੀ ਐੱਫ ਪਲੱਸ ਮਾਡਲ ਬਣੇ

- ਮਾਰਚ 2026 ਤੱਕ ਸਾਰੇ ਪਿੰਡਾਂ ਨੂੰ ਮਾਡਲ ਬਣਾਉਣ ਦਾ ਟੀਚਾ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਜ਼ਿਲ੍ਹਾ ਪ੍ਰਸ਼ਾਸਨ ਦੇ ਨਿਰੰਤਰ ਉਪਰਾਲਿਆਂ ਸਦਕਾ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦੇ 68 ਪਿੰਡ ਓ.ਡੀ.ਐੱਫ. ਪਲੱਸ ਮਾਡਲ ਬਣ ਗਏ ਹਨ ਤੇ ਬਾਕੀ ਪਿੰਡ ਓ.ਡੀ.ਐੱਫ. ਪਲੱਸ ਐਸਪਾਇਰਿੰਗ ਤੋਂ ਜਲਦ ਹੀ ਮਾਡਲ ਪਿੰਡ ਵਿੱਚ ਤਬਦੀਲ ਕਰਨ ਲਈ ਸਰਗਰਮ ਉਪਰਾਲੇ ਜਾਰੀ ਹਨ।ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਦੱਸਿਆ ਕਿ ਜ਼ਿਲ੍ਹੇ ਅਧੀਨ ਆਉਂਦੇ 5 ਬਲਾਕਾਂ ਅਮਲੋਹ, ਬਸੀ ਪਠਾਣਾ, ਖਮਾਣੋਂ, ਖੇੜਾ ਤੇ ਸਰਹਿੰਦ ਵਿਖੇ ਪੰਚਾਇਤੀ ਰਾਜ ਅਤੇ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੁਆਰਾ ਚਲਾਈਆਂ ਜਾ ਰਹੀਆਂ ਜਾਗਰੂਕਤਾ ਗਤੀਵਿਧੀਆਂ ਸਦਕਾ 263 ਪਿੰਡਾਂ ਵਿੱਚ ਠੋਸ ਕੂੜਾ ਪ੍ਰਬੰਧਨ ਨੂੰ ਪੂਰਾ ਕੀਤਾ ਜਾ ਚੁੱਕਾ ਹੈ ਅਤੇ 236 ਪਿੰਡਾਂ ਵਿੱਚ ਤਰਲ ਕੂੜਾ ਪ੍ਰਬੰਧਨ ਦੀ ਪਹਿਲੇ ਪੜਾਅ ਦਾ ਕੰਮ ਕੀਤਾ ਜਾ ਚੁੱਕਾ ਹੈ ਅਤੇ ਜਲਦ ਹੀ ਇਨ੍ਹਾਂ ਪਿੰਡਾਂ ਵਿੱਚ ਬਕਾਇਆ ਕੰਮ ਪੂਰਾ ਕਰਕੇ ਓ.ਡੀ.ਐੱਫ. ਪਲੱਸ ਮਾਡਲ ਸ਼੍ਰੇਣੀ ਵਿਚ ਸ਼ਾਮਲ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਪਿਛਲੇ ਸਮਿਆਂ ਵਿੱਚ ਕੂੜਾ ਪ੍ਰਬੰਧਨ ਇੱਕ ਵੱਡੀ ਚੁਣੌਤੀ ਬਣ ਗਿਆ ਸੀ, ਪਰ ਹੁਣ ਲੋਕ ਇਸ ਪੱਖੋਂ ਕਾਫ਼ੀ ਜਾਗਰੂਕ ਹੋ ਚੁੱਕੇ ਹਨ ਤੇ ਸ਼ਹਿਰਾਂ ਦੇ ਨਾਲ ਨਾਲ ਪਿੰਡਾਂ ਵਿੱਚ ਸੁੱਕਾ ਤੇ ਗਿੱਲਾ ਕੂੜਾ, ਵੱਖ-ਵੱਖ ਇਕੱਤਰ ਕਰਨ ਦੀ ਮੁਹਿੰਮ ਇੱਕ ਲੋਕ ਲਹਿਰ ਵਜੋਂ ਵਿਕਸਤ ਹੋ ਚੁੱਕੀ ਹੈ।ਇਸ ਦੌਰਾਨ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਐਕਸੀਅਨ ਇਸ਼ਾਨ ਕੌਸ਼ਲ ਨੇ ਦੱਸਿਆ ਕਿ ਠੋਸ ਕੂੜਾ ਪ੍ਰਬੰਧਨ ਦੇ ਮੁਕੰਮਲ ਹੋ ਚੁੱਕੇ ਪ੍ਰੋਜੈਕਟਾਂ ਨੂੰ ਚਾਲੂ ਕਰਨ ਲਈ ਜ਼ਿਲ੍ਹੇ ਵਿੱਚ ਰਾਊਂਡ ਗਲਾਸ ਫਾਊਂਡੇਸ਼ਨ ਸੰਸਥਾ ਦਾ ਸਹਿਯੋਗ ਲਿਆ ਜਾ ਰਿਹਾ ਹੈ, ਜਿਸ ਵੱਲੋਂ ਪਿੰਡ ਦੇ ਲੋਕਾਂ ਨੂੰ ਗਿੱਲਾ ਸੁੱਕਾ ਕੂੜਾ ਘਰ ਪੱਧਰ 'ਤੇ ਅਲੱਗ ਕਰਨ ਲਈ ਸਿਖਲਾਈ ਦੇਣ ਦੇ ਨਾਲ ਨਾਲ ਪਿੰਡ ਵਿੱਚ ਡਸਟਬਿਨ ਤੇ ਕੂੜਾ ਇਕੱਠਾ ਕਰਨ ਲਈ ਰੇਹੜੀ ਦਾ ਪ੍ਰਬੰਧ ਕਰਨ ਵਿੱਚ ਸਹਾਇਤਾ ਕੀਤੀ ਜਾਂਦੀ ਹੈ। ਇਸ ਤੋਂ ਇਲਾਵਾ ਪਿੰਡ ਵਿੱਚ ਕੂੜਾ ਇਕੱਠਾ ਕਰਨ ਲਈ ਚੁਣੇ ਗਏ ਵਿਅਕਤੀ ਨੂੰ ਖਾਦ ਬਣਾਉਣ ਲਈ ਵਿਸ਼ੇਸ਼ ਸਿਖਲਾਈ ਦਿੱਤੀ ਜਾਂਦੀ ਹੈ।ਐਕਸੀਅਨ ਇਸ਼ਾਨ ਕੌਸ਼ਲ ਨੇ ਦੱਸਿਆ ਕਿ ਪੇਂਡੂ ਵਿਕਾਸ ਤੇ ਪੰਚਾਇਤੀ ਰਾਜ ਵਿਭਾਗ ਦੇ ਸਮਾਨ ਸਹਿਯੋਗ ਨਾਲ ਪਿੰਡਾਂ ਵਿੱਚ ਕੂੜਾ ਪ੍ਰਬੰਧਨ ਦੇ ਪ੍ਰੋਜੈਕਟ ਸਫ਼ਲਤਾ ਪੂਰਵਕ ਲਾਗੂ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਪਿੰਡ ਪਹਿਲਾਂ ਹੀ ਸੌ ਫੀਸਦੀ ਖੁੱਲ੍ਹੇ ਵਿੱਚ ਸ਼ੌਚ ਮੁਕਤ ਹਨ ਤੇ ਉਸ ਸਥਿਤੀ ਨੂੰ ਬਰਕਰਾਰ ਰੱਖਦੇ ਹੋਏ ਸੌ ਫੀਸਦੀ ਪਿੰਡਾਂ ਵਿੱਚ ਤਰਲ ਤੇ ਠੋਸ ਕੂੜਾ ਪ੍ਰਬੰਧਨ ਨੂੰ ਮੁਕੰਮਲ ਕਰਨ ਲਈ ਨਿਰੰਤਰ ਉਪਰਾਲੇ ਜਾਰੀ ਹਨ।

## ਸਿਕੰਦਰ ਸਿੰਘ ਮਲੂਕਾ ਨੇ ਵਰਕਰਾਂ ਨਾਲ ਮਨਾਇਆ ਜਨਮ ਦਿਨ



**ਬਠਿੰਡਾ (ਰਾਜੀਵ ਗੋਇਲ)**-ਸਾਬਕਾ ਵਜ਼ੀਰ ਸਿਕੰਦਰ ਸਿੰਘ ਮਲੂਕਾ ਵੱਲੋਂ ਆਪਣਾ ਜਨਮ ਦਿਨ ਕਸਬਾ ਭਗਤਾ ਦੀ ਮਸ਼ਹੂਰ ਸੁਰਿੰਦਰ ਡੇਅਰੀ ਵਿਖੇ ਅਕਾਲੀ ਆਗੂਆਂ ਤੇ ਵਰਕਰਾਂ ਦੀ ਹਾਜ਼ਰੀ 'ਚ ਮਨਾਇਆ ਗਿਆ। ਅਕਾਲੀ ਆਗੂਆਂ ਵੱਲੋਂ ਆਪਣੇ ਨੇਤਾ ਨੂੰ ਜਨਮ ਦਿਨ ਦੀਆਂ ਸੌਗਾਤਾਂ ਨਾਲ ਨਿਵਾਜ਼ਿਆ ਗਿਆ ਤੇ ਵਧਾਈ ਦਿੱਤੀ ਗਈ। ਦੱਸਣਾ ਬਣਦਾ ਹੈ ਕਿ ਅਕਾਲੀ ਦਲ ਵੱਲੋਂ ਮਲੂਕਾ ਨੂੰ ਪਾਰਟੀ ਤੋਂ ਬਾਹਰ ਦਾ ਰਸਤਾ ਦਿਖਾ ਦਿੱਤਾ ਸੀ ਤੇ ਕਾਫੀ ਸਮਾਂ ਮਲੂਕਾ ਰਾਜਨੀਤੀ ਤੋਂ ਪਾਸੇ ਰਹੇ ਤੇ ਬੀਤੇ ਦਿਨੀਂ ਲੁਧਿਆਣਾ ਵਿਖੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਹਾਜ਼ਰੀ ਵਿੱਚ ਅਕਾਲੀ ਦਲ ਦਾ ਮੁੜ ਪੱਲਾ ਫੜ ਲਿਆ ਗਿਆ। ਉਸੇ ਦਿਨ ਤੋਂ ਮਲੂਕਾ ਰਾਜਨੀਤੀ ਵਿੱਚ ਸਰਗਰਮ ਹਨ ਅਤੇ ਆਪਣੀਆਂ ਗਤੀਵਿਧੀਆਂ ਮੁੜ ਸ਼ੁਰੂ ਕਰਨ ਲਈ ਅੱਜ ਦੇ ਦਿਨ ਤੋਂ ਸ਼ੁਰੂਆਤ ਕੀਤੀ ਗਈ ਹੈ।

## ਕਿਸਾਨ ਚਮਕੌਰ ਸਿੰਘ ਫੁੱਲਾਂ ਤੇ ਡਰੈਗਨ ਫਰੂਟ ਦੀ ਖੇਤੀ ਨਾਲ ਆਮਦਨ 'ਚ ਕਰ ਰਿਹਾ ਵਾਧਾ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਅਗਾਂਹਵਧੂ ਸੋਚ ਤੇ ਵਾਤਾਵਰਣ ਦੇ ਰਖਵਾਲੇ ਕਿਸਾਨਾਂ ਵੱਲੋਂ ਜਿੱਥੇ ਆਪਣੀ ਆਮਦਨ ਦੇ ਸਰੋਤਾਂ ਨੂੰ ਹੋਰ ਵਧਾਉਣ ਤੇ ਖੇਤੀਬਾੜੀ ਮਾਹਿਰਾਂ ਦੀ ਸਲਾਹ ਅਨੁਸਾਰ ਵੱਖ-ਵੱਖ ਆਧੁਨਿਕ ਤਰੀਕਿਆਂ ਦੇ ਨਾਲ ਖੇਤੀ ਕੀਤੀ ਜਾਂਦੀ ਹੈ, ਉੱਥੇ ਜ਼ਿਲ੍ਹੇ ਦੇ ਪਿੰਡ ਪੂਹਲੀ ਦੇ ਕਿਸਾਨ ਚਮਕੌਰ ਸਿੰਘ ਵੱਲੋਂ ਲਗਭਗ 22 ਏਕੜ ਵਿੱਚ ਵੱਖ-ਵੱਖ ਫਸਲਾਂ ਦੀ ਖੇਤੀ ਕੀਤੀ ਜਾਂਦੀ ਹੈ, ਜਿਸ ਤੋਂ ਉਹ ਕਾਫੀ ਮੁਨਾਫਾ ਕਮਾ ਰਿਹਾ ਹੈ। ਮੁੱਖ ਖੇਤੀਬਾੜੀ ਅਫ਼ਸਰ ਡਾ. ਜਗਦੀਸ਼ ਸਿੰਘ ਨੇ ਦੱਸਿਆ ਕਿ ਕਿਸਾਨ ਚਮਕੌਰ ਸਿੰਘ ਵੱਲੋਂ ਸਾਲ 2022 'ਚ ਇੱਕ ਕਨਾਲ ਵਿੱਚ ਡਰੈਗਨ ਫਰੂਟ ਦੀ ਖੇਤੀ ਸੁਰੂ ਕੀਤੀ ਸੀ, ਜੋ ਉਸ ਨੇ ਹੌਲੀ-ਹੌਲੀ ਵਧਾ ਕੇ ਸਾਲ 2025 ਤੱਕ ਤਿੰਨ ਏਕੜ ਦੇ ਲਗਭਗ ਕਰ ਲਈ ਹੈ, ਜਿਸ ਨਾਲ ਉਸ ਨੂੰ ਕਾਫੀ ਲਾਭ ਹੋਇਆ ਹੈ। ਉਨ੍ਹਾਂ ਦੱਸਿਆ ਕਿ ਕਿਸਾਨ ਚਮਕੌਰ ਸਿੰਘ ਵੱਲੋਂ ਪਿਛਲੇ ਤਿੰਨ ਸਾਲਾਂ ਤੋਂ ਤਿੰਨ ਏਕੜ ਰਕਬੇ ਵਿੱਚ ਫੁੱਲਾਂ ਦੀ ਕਾਸ਼ਤ ਕੀਤੀ ਜਾ ਰਹੀ ਹੈ, ਜਿਸ ਵੱਲੋਂ ਸਰਦ ਰੁੱਤ ਵਿੱਚ ਲਗਭਗ ਪੰਜ ਤੋਂ ਛੇ ਮਹੀਨਿਆਂ ਵਿੱਚ ਫੁੱਲਾਂ ਦਾ ਬੀਜ ਤਿਆਰ ਕਰਕੇ ਵੇਚਿਆ ਜਾਂਦਾ ਹੈ, ਜਿਸ ਦੀ ਆਮਦਨ ਲਗਭਗ 70 ਤੋਂ 75 ਹਜ਼ਾਰ ਪ੍ਰਤੀ ਏਕੜ ਹੋ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਕਿਸਾਨ ਵੱਲੋਂ ਲਗਭਗ 2020 ਫੁੱਟ ਦੇ ਦੋ ਪਲਾਟਾਂ ਵਿੱਚ ਗੰਡੋਆ ਖਾਦ ਵੀ ਤਿਆਰ ਕੀਤੀ ਜਾਂਦੀ ਹੈ, ਜੋ ਉਸ ਵੱਲੋਂ ਆਪਣੇ ਖੇਤਾਂ ਵਿੱਚ ਹੀ ਵਰਤ ਲਈ ਜਾਂਦੀ ਹੈ, ਜਿਸ ਨਾਲ ਫ਼ਸਲ ਨੂੰ ਕਾਫੀ ਲਾਭ ਹੁੰਦਾ ਹੈ।

## ਜੌੜਾਮਾਜਰਾ ਵੱਲੋਂ ਡਕਾਲਾ 'ਚ ਛੱਪੜ ਦੀ ਸਫ਼ਾਈ ਦੇ ਕੰਮ ਦਾ ਜਾਇਜ਼ਾ




**ਸਮਾਣਾ (ਇਕਬਾਲ ਸਿੰਘ ਬੱਲ)**-ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਪਿੰਡ ਡਕਾਲਾ ਵਿਖੇ ਛੱਪੜ ਦੀ ਸਫ਼ਾਈ ਤੇ ਸੁੰਦਰੀਕਰਨ ਦੇ ਚੱਲ ਰਹੇ ਕੰਮ ਦਾ ਮੌਕੇ 'ਤੇ ਜਾ ਕੇ ਜਾਇਜ਼ਾ ਲਿਆ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਾਰੇ ਪਿੰਡਾਂ ਦੇ ਛੱਪੜਾਂ ਦੀ ਸਫ਼ਾਈ ਕਰਾਈ ਜਾ ਰਹੀ ਹੈ। ਜੌੜਾਮਾਜਰਾ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਪਿੰਡਾਂ ਦੀ ਜੀਵਨ ਰੇਖਾ ਛੱਪੜਾਂ ਨੂੰ ਅਣਗੌਲਿਆ ਕੀਤਾ ਸੀ ਤੇ ਪਿਛਲੇ ਲਗਭਗ ਦੋ ਦਹਾਕਿਆਂ ਤੋਂ ਇਨ੍ਹਾਂ ਦੀ ਨਾ ਤਾਂ ਕੋਈ ਸਾਰ ਲਈ ਗਈ ਤੇ ਨਾ ਹੀ ਸਾਂਭ-ਸੰਭਾਲ ਕੀਤੀ ਗਈ। ਬਹੁਤੇ ਛੱਪੜਾਂ ਦੀ ਦਹਾਕਿਆਂ ਤੋਂ ਸਫ਼ਾਈ ਨਹੀਂ ਕੀਤੀ ਗਈ। ਅਜਿਹੇ ਛੱਪੜ ਓਵਰਫਲੋਅ ਹੋ ਜਾਂਦੇ ਹਨ ਤੇ ਪਿੰਡਾਂ ਵਿੱਚ ਗੰਦੇ ਪਾਣੀ ਦੀ ਬਦਬੂ ਆਉਂਦੀ ਹੈ ਅਤੇ ਮੱਛਰਾਂ ਤੇ ਬਿਮਾਰੀਆਂ ਦੀ ਭਰਮਾਰ ਹੋ ਜਾਂਦੀ ਹੈ, ਪਰ ਹੁਣ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਇਨ੍ਹਾਂ ਹਾਲਾਤਾਂ ਨੂੰ ਬਦਲਣ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਛੱਪੜਾਂ ਦੇ ਪਾਣੀ ਦੇ ਸੈਂਪਲ ਲਏ ਜਾ ਰਹੇ ਹਨ। ਜੇਕਰ ਪਾਣੀ ਦੇ ਸੈਂਪਲ ਤੈਅ ਮਾਪਦੰਡਾਂ ਅਨੁਸਾਰ ਆਉਂਦੇ ਹਨ ਤਾਂ ਪਾਣੀ ਸਿੰਚਾਈ ਲਈ ਖੇਤਾਂ ਨੂੰ ਦਿੱਤਾ ਜਾਵੇਗਾ, ਨਹੀਂ ਤਾਂ ਪਾਣੀ ਸਾਫ਼ ਕਰਨ ਦਾ ਪ੍ਰੋਜੈਕਟ ਲਾ ਕੇ ਪਾਣੀ ਸਾਫ਼ ਕਰਨ ਉਪਰੰਤ ਸਿੰਚਾਈ ਲਈ ਵਰਤਿਆ ਜਾਵੇਗਾ। ਇਸ ਮੌਕੇ ਪਵਿੱਤਰ ਸਿੰਘ ਡਕਾਲਾ, ਮਨਿੰਦਰ ਸਿੰਘ ਡਕਾਲਾ ਸਮੇਤ ਵੱਡੀ ਗਿਣਤੀ ਪਿੰਡ ਵਾਸੀ ਤੇ ਅਧਿਕਾਰੀ ਵੀ ਮੌਜੂਦ ਸਨ।

## ਜਰਨੈਲ ਸਿੰਘ ਭੰਗੂ ਦੀ ਯਾਦ 'ਚ ਬੋਸਰ 'ਚ ਲਾਏ ਬੂਟੇ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਜਾਗਦੇ ਰਹੋ ਕਲੱਬ ਪਟਿਆਲਾ ਨੇ ਚਾਚਾ ਜਰਨੈਲ ਸਿੰਘ ਭੰਗੂ ਦੀ ਯਾਦ ਵਿੱਚ ਪਿੰਡ ਬੋਸਰ ਸਨੌਰ ਵਿਖੇ ਵੱਖ-ਵੱਖ ਥਾਂਵਾਂ 'ਤੇ ਫ਼ਲਦਾਰ, ਛਾਂਦਾਰ ਬੂਟੇ ਲਾਏ। ਕਲੱਬ ਦੇ ਜਨਰਲ ਸਕੱਤਰ ਦੀਦਾਰ ਸਿੰਘ ਬੋਸਰ ਨੇ ਕਿਹਾ ਕਿ ਸਾਨੂੰ ਆਪਣੇ ਬਜ਼ੁਰਗਾਂ ਦੀ ਯਾਦ ਤਾਜ਼ਾ ਰੱਖਣ ਲਈ ਬੂਟੇ ਲਾਉਣੇ ਚਾਹੀਦੇ ਹਨ ਤਾਂ ਜੁ ਇਨ੍ਹਾਂ ਬੂਟਿਆਂ ਰਾਹੀਂ ਅਸੀਂ ਆਪਣੇ ਬਜ਼ੁਰਗਾਂ ਨੂੰ ਯਾਦ ਰੱਖ ਸਕੀਏ। ਦੇਸ ਵਿੱਚ ਗਲੋਬਲ ਵਾਰਮਿੰਗ ਦਾ ਖਤਰਾ ਵਧ ਰਿਹਾ ਹੈ, ਜਿਸ ਕਰਕੇ ਵਾਤਾਵਰਣ ਵਿੱਚ ਬੜੀ ਤੇਜ਼ੀ ਨਾਲ ਤਬਦੀਲੀਆਂ ਹੋ ਰਹੀਆਂ ਹਨ, ਜੋ ਮਨੁੱਖਤਾ ਲਈ ਬਹੁਤ ਖਤਰਨਾਕ ਹਨ ਤੇ ਗਰਮੀ ਦਾ ਕਹਿਰ ਵਧ ਰਿਹਾ ਹੈ।

## ਡੀ ਸੀ ਤੇ ਐੱਸ ਐੱਸ ਪੀ ਨੇ ਨਸ਼ਾ ਛੁਡਾਊ ਕੇਂਦਰ ਦਾ ਕੀਤਾ ਦੌਰਾ



**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਤੇ ਡਾ. ਪ੍ਰਗਿਆ ਜੈਨ ਐਸ.ਐਸ.ਪੀ ਫਰੀਦਕੋਟ ਵੱਲੋਂ ਗੁਰੂ ਗੋਬਿੰਦ ਸਿੰਘ ਮੈਡੀਕਲ ਹਸਪਤਾਲ ਵਿਖੇ ਨਸ਼ਾ ਛੁਡਾਊ ਕੇਂਦਰ ਦਾ ਦੌਰਾ ਕੀਤਾ।ਇਸ ਦੌਰਾਨ ਉਨ੍ਹਾਂ ਦਾਖਲ ਮਰੀਜ਼ਾਂ ਨਾਲ ਗੱਲਬਾਤ ਦੌਰਾਨ ਮਿਲ ਰਹੀਆਂ ਸਿਹਤ ਸਹੂਲਤਾਂ ਸਬੰਧੀ ਜਾਇਜ਼ਾ ਲਿਆ।ਉਨ੍ਹਾਂ ਨਸ਼ਾ ਛੁਡਾਊ ਕੇਂਦਰ ਦੇ ਡਾਕਟਰਾਂ ਤੇ ਸਟਾਫ ਨਾਲ ਵੀ ਗੱਲਬਾਤ ਕੀਤੀ।ਇਸ ਦੌਰਾਨ ਸਿਹਤ ਵਿਭਾਗ ਦੇ ਅਧਿਕਾਰੀਆਂ ਵੱਲੋਂ ਮਰੀਜ਼ਾਂ ਨੂੰ ਦਿੱਤੀਆਂ ਜਾ ਰਹੀਆਂ ਸਿਹਤ ਸਹੂਲਤਾਂ ਸਬੰਧੀ ਜਾਣੂ ਕਰਾਇਆ।ਉਨ੍ਹਾਂ ਇਲਾਜ ਸੇਵਾਵਾਂ ਦੀ ਗੁਣਵੱਤਾ ਨੂੰ ਵਧਾਉਣ ਲਈ ਮਰੀਜ਼ਾਂ ਤੇ ਉਨ੍ਹਾਂ ਦੇ ਪਰਵਾਰਾਂ ਤੋਂ ਨਿਯਮਤ ਤੌਰ 'ਤੇ ਫੀਡ ਬੈਕ ਲੈਣ ਦੀ ਹਦਾਇਤ ਵੀ ਕੀਤੀ।ਲੋਕਾਂ ਵਿੱਚ ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨ ਲਈ ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਪਿੰਡਾਂ ਤੇ ਸ਼ਹਿਰਾਂ 'ਚ ਜਾਗਰੂਕਤਾ ਕੈਂਪ ਲਾਉਣ ਦੇ ਨਿਰਦੇਸ਼ ਦਿੱਤੇ।ਐਸ.ਐਸ.ਪੀ ਡਾ. ਪ੍ਰਗਿਆ ਜੈਨ ਨੇ ਕਿਹਾ ਕਿ ਨਸ਼ਿਆਂ ਦੇ ਖਾਤਮੇ ਲਈ ਲੋਕਾਂ ਦਾ ਸਹਿਯੋਗ ਜ਼ਰੂਰੀ ਹੈ, ਇਸ ਲਈ ਲੋਕਾਂ ਨੂੰ ਨਾਲ ਲੈ ਕੇ ਨਸ਼ਿਆਂ ਦੀ ਸਪਲਾਈ ਲਾਈਨ ਤੋੜਨ ਤੇ ਡਿਮਾਂਡ ਖਤਮ ਕਰਨ ਲਈ ਸਿਵਲ ਤੇ ਪੁਲਸ ਪ੍ਰਸ਼ਾਸਨ ਵੱਲੋਂ ਸਾਂਝੇ ਉਪਰਾਲੇ ਕੀਤੇ ਜਾ ਰਹੇ ਹਨ।

## 'ਮਾਂ ਦੇ ਨਾਂਅ 'ਤੇ ਇੱਕ ਰੁੱਖ' ਮੁਹਿੰਮ ਸ਼ੁਰੂ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਕ੍ਰਿਸ਼ੀ ਵਿਗਿਆਨ ਕੇਂਦਰ ਵਿਖੇ 'ਮਾਂ ਦੇ ਨਾਂਅ 'ਤੇ ਇੱਕ ਰੁੱਖ' ਮੁਹਿੰਮ ਤਹਿਤ ਆਈਸੀਏਆਰ-ਸੀਆਈਪੀਐਚਈਟੀ ਟੀਮ ਨੇ ਨਾਬਾਰਡ ਦੇ ਸਹਿਯੋਗ ਨਾਲ ਚੂਹੜੀ ਵਾਲਾ ਧੰਨਾ ਵਿਖੇ ਵਾਤਾਵਰਣ ਜਾਗਰੂਕਤਾ ਪ੍ਰੋਗਰਾਮ ਦਾ ਦਾ ਆਯੋਜਨ ਕੀਤਾ।ਪ੍ਰੋਗਰਾਮ ਦਾ ਉਦੇਸ਼ ਕਿਸਾਨਾਂ ਨੂੰ ਵਾਤਾਵਰਣ ਸੰਭਾਲ ਪ੍ਰਤੀ ਜਾਗਰੂਕ ਕਰਨਾ ਅਤੇ ਉਨ੍ਹਾਂ ਨੂੰ ਵੱਧ ਤੋਂ ਵੱਧ ਰੁੱਖ ਲਾਉਣ ਲਈ ਪ੍ਰੇਰਿਤ ਕਰਨਾ ਸੀ।ਪ੍ਰੋਗਰਾਮ ਦੀ ਸ਼ੁਰੂਆਤ ਮਾਹਿਰਾਂ ਵੱਲੋਂ ਵਾਤਾਵਰਣ ਵਿੱਚ ਤਬਦੀਲੀਆਂ, ਜਲਵਾਯੂ ਪਰਿਵਰਤਨ ਦੇ ਪ੍ਰਭਾਵਾਂ ਅਤੇ ਰੁੱਖਾਂ ਦੀ ਉਪਯੋਗਤਾ ਬਾਰੇ ਜਾਣਕਾਰੀ ਦੇਣ ਨਾਲ ਹੋਈ।ਮਾਹਿਰਾਂ ਨੇ ਦੱਸਿਆ ਕਿ ਕਿਵੇਂ ਰੁੱਖ ਨਾ ਸਿਰਫ਼ ਵਾਤਾਵਰਣ ਨੂੰ ਸ਼ੁੱਧ ਕਰਦੇ ਹਨ, ਸਗੋਂ ਮਿੱਟੀ ਦੀ ਉਪਜਾਊ ਸ਼ਕਤੀ ਬਣਾਈ ਰੱਖਣ, ਪਾਣੀ ਦੀ ਸੰਭਾਲ ਅਤੇ ਜੈਵ ਵਿਭਿੰਨਤਾ ਨੂੰ ਉਤਸ਼ਾਹਤ ਕਰਨ ਵਿੱਚ ਵੀ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।ਉਨ੍ਹਾਂ ਕਿਸਾਨਾਂ ਨੂੰ ਦੱਸਿਆ ਕਿ ਉਹ ਆਪਣੀ ਖੇਤੀ ਦੇ ਨਾਲ-ਨਾਲ ਰੁੱਖ ਲਾਉਣ ਦੇ ਧੰਦੇ ਨੂੰ ਅਪਣਾ ਕੇ ਕਿਵੇਂ ਮੁਨਾਫਾ ਕਮਾ ਸਕਦੇ ਹਨ।ਪ੍ਰੋਗਰਾਮ ਦੇ ਅੰਤ ਵਿੱਚ ਕਿਸਾਨਾਂ ਨੂੰ ਵੱਖ-ਵੱਖ ਕਿਸਮਾਂ ਦੇ ਪੌਦੇ ਵੰਡੇ ਗਏ, ਜਿਨ੍ਹਾਂ ਵਿੱਚ ਫ਼ਲਦਾਰ, ਛਾਂਦਾਰ ਤੇ ਔਸ਼ਧੀ ਪੌਦੇ ਸ਼ਾਮਲ ਸਨ।

## ਸਫਾਈ ਸੇਵਕਾਂ ਤੇ ਚੌਕੀਦਾਰਾਂ ਦੀਆਂ ਹੱਕੀ ਮੰਗਾਂ ਸੰਬੰਧੀ ਵਫਦ ਡੀ ਪੀ ਆਈ ਨੂੰ ਮਿਲਿਆ



**ਮੋਗਾ (ਇਕਬਾਲ ਸਿੰਘ ਖਹਿਰਾ)**-ਨਵੇਂ ਰੱਖੇ ਸਫਾਈ ਸੇਵਕਾਂ ਤੇ ਚੌਕੀਦਾਰਾਂ ਦੀਆਂ ਹੱਕੀ ਮੰਗਾਂ ਨੂੰ ਲੈ ਕੇ ਪੰਜਾਬ ਦਾ ਇੱਕ ਵਫਦ ਮੋਹਾਲੀ ਵਿਖੇ ਡੀ ਪੀ ਆਈ (ਸਕੈਡੰਰੀ) ਸ੍ਰ. ਗੁਰਿੰਦਰ ਸਿੰਘ ਨੂੰ ਸੂਬਾ ਪ੍ਰਧਾਨ ਕਰਮ ਚੰਡਾਲੀਆ ਦੀ ਅਗਵਾਈ ਵਿੱਚ ਮਿਲਿਆ। ਵਫਦ ਨੇ ਨਵੇਂ ਰੱਖੇ ਸਫਾਈ ਸੇਵਕਾਂ ਤੇ ਚੌਕੀਦਾਰਾਂ ਦੀਆਂ ਮੰਗਾਂ ਸਬੰਧੀ ਇੱਕ ਮੰਗ ਪੱਤਰ ਡੀ ਪੀ ਆਈ (ਸਕੈਡੰਰੀ) ਨੂੰ ਸੌਂਪਿਆ। ਦਰਜਾ ਚਾਰ ਕਰਮਚਾਰੀ ਯੂਨੀਅਨ ਦੇ ਸੂਬਾ ਪ੍ਰਧਾਨ ਕਰਮ ਚੰਦ ਚੰਡਾਲੀਆ ਨੇ ਦੱਸਿਆ ਕਿ ਡੀ ਪੀ ਆਈ (ਸੈਕੰਡਰੀ) ਤੇ ਵਫਦ ਮੈਂਬਰਾਂ ਦੇ ਦਰਮਿਆਨ ਮੰਗਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ ਤੇ ਡੀ ਪੀ ਆਈ ਪੰਜਾਬ ਨੇ ਵਫਦ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਵੱਲੋਂ ਪੇਸ਼ ਕੀਤੀਆਂ ਗਈਆਂ ਉਕਤ ਮੰਗਾਂ ਤੇ ਫੈਸਲਾ ਲੈ ਕੇ ਉਨ੍ਹਾਂ ਦੀ ਜਥੇਬੰਦੀ ਨੂੰ ਸੂਚਿਤ ਕਰ ਦਿੱਤਾ ਜਾਵੇਗਾ। ਸੂਬਾ ਪ੍ਰਧਾਨ ਕਰਮ ਚੰਦ ਚੰਡਾਲੀਆ ਨੇ ਮੰਗ ਦਾ ਖੁਲਾਸਾ ਕਰਦਿਆਂ ਦੱਸਿਆ ਕਿ ਇਨ੍ਹਾਂ ਮੰਗਾਂ ਵਿੱਚ ਨਵੇਂ ਰੱਖੇ ਗਏ ਸਫਾਈ ਸੇਵਕਾਂ ਨੂੰ ਬੱਚਿਆਂ ਦੀ ਗਿਣਤੀ ਸੌ ਤੋਂ ਘੱਟ ਜਾਣ ਦੀ ਸੂਰਤ ਵਿੱਚ ਨੌਕਰੀ ਤੋਂ ਨਾ ਹਟਾਇਆ ਜਾਵੇ, ਇਨ੍ਹਾਂ ਕਰਮਚਾਰੀਆਂ ਦੀਆਂ ਤਨਖਾਹਾਂ ਹਰ ਮਹੀਨੇ ਇਨ੍ਹਾਂ ਦੇ ਖਾਤਿਆਂ ਵਿੱਚ ਪਾਈਆਂ ਜਾਣ, ਜਦਕਿ ਇਨ੍ਹਾਂ ਨੂੰ ਤਨਖਾਹ ਤਿੰਨ-ਚਾਰ ਮਹੀਨੇ ਬਾਅਦ ਮਿਲਦੀ ਹੈ, ਉਹ ਕਿਸੇ ਅਧਿਕਾਰੀ ਦੇ ਖਾਤੇ ਵਿੱਚ ਪਾ ਕੇ ਮਿਲਦੀ ਹੈ। ਸਫਾਈ ਸੇਵਕਾਂ ਤੇ ਚੌਕੀਦਾਰਾਂ ਦੇ ਕੰਮ ਕਰਨ ਦਾ ਡਿਊਟੀ ਚਾਰਟ ਬਣਾ ਕੇ ਸਕੂਲ ਮੁਖੀਆਂ ਨੂੰ ਭੇਜੇ ਜਾਣ, ਇਨ੍ਹਾਂ ਕਰਮਚਾਰੀਆਂ ਨੂੰ ਹਰ ਸਾਲ ਗਰਮ ਤੇ ਠੰਡੀ ਵਰਦੀ ਦਿੱਤੀ ਜਾਵੇ, ਸਫਾਈ ਸੇਵਕਾਂ ਤੇ ਚੌਕੀਦਾਰਾਂ ਨੂੰ ਖਾਲੀ ਪਈਆਂ ਅਸਾਮੀਆਂ 'ਤੇ ਅਡਜਸਟ ਕੀਤਾ ਜਾਵੇ, ਇਨ੍ਹਾਂ ਸਫਾਈ ਸੇਵਕਾਂ ਤੇ ਚੌਕੀਦਾਰਾਂ ਦੀ ਘੱਟੋ ਘੱਟ ਦੁੱਗਣੀ ਤਨਖਾਹ ਕੀਤੀ ਜਾਵੇ, ਇਨ੍ਹਾਂ ਕਰਮਚਾਰੀਆਂ ਨੂੰ ਛੁਟੀਆਂ ਦੀ ਤਨਖਾਹ ਵੀ ਦਿੱਤੀ ਜਾਵੇ। ਕਰਮ ਚੰਦ ਚੰਡਾਲੀਆ ਨੇ ਦੱਸਿਆ ਕਿ ਡੀ ਪੀ ਆਈ ਦੇ ਨਾਲ ਪਾਰਟ ਟਾਈਮ ਤੇ ਦਰਜਾ ਚਾਰ ਕਰਮਚਾਰੀਆਂ ਦੀਆਂ ਮੰਗਾਂ ਸਬੰਧੀ ਵਿਚਾਰ ਵਟਾਂਦਰਾ ਵੀ ਕੀਤਾ ਗਿਆ ਹੈ। ਇਸ ਵਫਦ ਵਿਚ ਜ਼ਿਲ੍ਹਾ ਸੰਗਰੂਰ ਦੇ ਪ੍ਰਧਾਨ ਬੀਬੀ ਕਿਰਨ ਬਾਲਾ, ਮੁਕਤਸਰ ਦੇ ਪ੍ਰਧਾਨ ਸੁਖਦੇਵ ਸਿੰਘ, ਲੁਧਿਆਣਾ ਦੇ ਪ੍ਰਧਾਨ ਸੁਰੇਸ਼ ਕੁਮਾਰ ਹਾਜ਼ਰ ਸਨ।

## ਮਾਤਾ ਸਰੋਜ ਰਾਣੀ ਦੀ ਯਾਦ 'ਚ ਗਊਸ਼ਾਲਾ 'ਚ ਲਵਾਇਆ ਆਰ.ਓ



**ਮਮਦੋਟ (ਹਰਪਾਲ ਸਿੰਘ ਸੋਢੀ)**-ਪਿੰਡ ਖੁੰਦਰ ਉਤਾੜ ਦੇ ਬਲਵਿੰਦਰ ਦੁੱਗਲ (ਬਾਲੀ) ਤੇ ਵਿੱਕੀ ਦੁੱਗਲ ਨੇ ਮਾਤਾ ਸਵਰਗੀ ਸਰੋਜ ਰਾਣੀ ਦੀ ਯਾਦ ਵਿੱਚ ਸ਼੍ਰੀ ਕ੍ਰਿਸ਼ਨਾ ਗਊਸ਼ਾਲਾ ਵਿਖੇ ਇੱਕ ਠੰਡੇ ਪਾਣੀ ਦੀ ਆਰ.ਓ.ਵਾਟਰ ਕੂਲਰ ਮਸ਼ੀਨ ਭੇਟ ਕੀਤੀ। ਸ਼੍ਰੀ ਕ੍ਰਿਸ਼ਨਾ ਗਊਸ਼ਾਲਾ ਧਾਮ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਸ਼ਾਮ ਲਾਲ ਭੋਲੇਵਾਸੀਆ ਤੇ ਖਜ਼ਾਨਚੀ ਬਲਦੇਵ ਰਾਜ ਸ਼ਰਮਾ ਨੇ ਦੱਸਿਆ ਕਿ ਪਿੰਡ ਖੁੰਦਰ ਉਤਾੜ ਦੇ ਆੜ੍ਹਤੀ ਬਲਵਿੰਦਰ ਦੁੱਗਲ (ਬਾਲੀ) ਤੇ ਵਿੱਕੀ ਦੁੱਗਲ ਦੇ ਸਤਿਕਾਰਯੋਗ ਮਾਤਾ ਸ਼੍ਰੀਮਤੀ ਸਰੋਜ਼ ਰਾਣੀ ਬੀਤੇ ਦਿਨ ਸਵਰਗਵਾਸ ਹੋ ਗਏ ਸਨ। ਉਨ੍ਹਾਂ ਦੀ ਯਾਦ ਵਿੱਚ ਦੁੱਗਲ ਪਰਵਾਰ ਨੇ ਸ਼੍ਰੀ ਕ੍ਰਿਸ਼ਨਾ ਗਊਸ਼ਾਲਾ ਮਮਦੋਟ ਵਿਖੇ ਇਹ ਆਰ.ਓਜ਼. ਵਾਟਰ ਕੂਲਰ ਮਸ਼ੀਨ ਭੇਟ ਕੀਤੀ ਹੈ। ਗਊਸ਼ਾਲਾ ਪ੍ਰਬੰਧਕ ਕਮੇਟੀ ਨੇ ਦੁੱਗਲ ਪਰਵਾਰ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਠੰਡੇ ਪਾਣੀ ਦਾ ਆਰ.ਓ. ਵਾਟਰ ਕੂਲਰ ਗਊਸ਼ਾਲਾ ਵਿੱਚ ਲੱਗਣ ਨਾਲ ਗਊਸ਼ਾਲਾ ਵਿਖੇ ਆਉਣ ਵਾਲੀ ਸੰਗਤ ਤੇ ਹੋਰ ਲੋਕ ਇੱਥੋ ਠੰਡਾ ਪਾਣੀ ਪੀ ਕੇ ਅਨੰਦ ਮਾਣ ਸਕਣਗੇ। ਪ੍ਰਧਾਨ ਸ਼ਾਮ ਲਾਲ ਨੇ ਦੱਸਿਆ ਕਿ ਗਊ ਭਗਤਾਂ ਵੱਲੋਂ ਗਊਸ਼ਾਲਾ ਵਿੱਚ ਲੋਕਾਂ ਦੇ ਯੋਗਦਾਨ ਨਾਲ ਇੱਕ ਵੱਡੀ ਟੋਕਾ ਮਸ਼ੀਨ ਲਾਈ ਗਈ ਹੈ, ਜਿਸ ਨਾਲ ਗਊਆਂ ਨੂੰ ਵਧੀਆ ਚਾਰਾ ਮਿਲ ਰਿਹਾ ਹੈ।

## ਪੀ.ਐੱਚ.ਜੀ. ਗੁਰਮੇਲ ਸਿੰਘ ਨੂੰ ਸੇਵਾ-ਮੁਕਤੀ ਮੌਕੇ ਵਿਦਾਇਗੀ ਪਾਰਟੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਪੁਲਸ ਦੇ ਟ੍ਰੈਫਿਕ ਸਟਾਫ ਵਿੱਚ ਆਪਣੀ ਇਮਾਨਦਾਰੀ ਨਾਲ ਡਿਊਟੀ ਲਈ ਮਸ਼ਹੂਰ ਪੀ.ਐੱਚ.ਜੀ. ਗੁਰਮੇਲ ਸਿੰਘ ਆਪਣੀ ਸਰਕਾਰੀ (ਡਿਊਟੀ) ਸੇਵਾ ਪੂਰੀ ਕਰਕੇ ਸਨਮਾਨਤ ਢੰਗ ਨਾਲ ਸੇਵਾ ਮੁਕਤ ਹੋ ਗਏ ਹਨ।ਉਨ੍ਹਾਂ ਨੇ 03 ਅਪ੍ਰੈਲ 1988 ਤੋਂ ਲੈ ਕੇ 19 ਜੂਨ 2025 ਤੱਕ ਲਗਭਗ 37 ਸਾਲ ਪੁਲਸ ਵਿਭਾਗ ਦੀ ਟ੍ਰੈਫਿਕ ਸਟਾਫ ਵਿੱਚ ਇਮਾਨਦਾਰੀ, ਸਮਰਪਣ ਤੇ ਸੁਰੱਖਿਆ ਡਿਊਟੀ ਨਿਭਾਈ।ਸਿਟੀ ਹੋਟਲ ਸ੍ਰੀ ਮੁਕਤਸਰ ਸਾਹਿਬ ਵਿਖੇ ਹੋਏ ਵਿਦਾਈ ਸਮਾਰੋਹ ਦੌਰਾਨ ਉਨ੍ਹਾਂ ਦੇ ਪਰਿਵਾਰਕ ਮੈਂਬਰ ਵੀ ਮੌਜੂਦ ਰਹੇ ਤੇ ਮਾਣ ਮਹਿਸੂਸ ਕੀਤਾ।ਡੀ.ਐੱਸ.ਪੀ. ਅਮਨਦੀਪ ਸਿੰਘ ਤੇ ਪੁਲਸ ਵਿਭਾਗ ਵੱਲੋਂ ਸਨਮਾਨਤ ਚਿੰਨ ਤੇ ਯਾਦਗਾਰੀ ਉਪਹਾਰ ਦਿੱਤੇ ਗਏ ਤੇ ਗੁਰਮੇਲ ਸਿੰਘ ਦੇ ਆਉਣ ਵਾਲੇ ਭਵਿੱਖ ਦੀ ਕਾਮਨਾ ਕੀਤੀ। ਇਸ ਮੌਕੇ ਐੱਸ.ਆਈ. ਸੁਖਦੇਵ ਸਿੰਘ, ਏ.ਐੱਸ.ਆਈ. ਤਰਸੇਮ ਸਿੰਘ, ਯਾਦਵਿੰਦਰ ਸਿੰਘ, ਗੁਰਲਾਲ ਸਿੰਘ ਤੇ ਹੋਰ ਸਹਿਯੋਗੀਆਂ ਨੇ ਉਨ੍ਹਾਂ ਦੇ ਯੋਗਦਾਨ ਦੀ ਖੁੱਲ੍ਹ ਕੇ ਪ੍ਰਸੰਸਾ ਕੀਤੀ।ਇਸ ਮੌਕੇ ਉਨ੍ਹਾਂ ਲਈ ਵਿਸ਼ੇਸ਼ ਸਨਮਾਨ ਸਮਾਰੋਹ, ਮੰਚੀਤ ਕਥਨ ਤੇ ਵਿਅਕਤੀਗਤ ਤੋਹਫੇ ਭੇਟ ਕੀਤੇ ਗਏ।ਗੁਰਮੇਲ ਸਿੰਘ ਵੱਲੋਂ ਭਾਵੁਕ ਸ਼ਬਦਾਂ 'ਚ ਵਿਭਾਗ, ਸਾਥੀਆਂ ਤੇ ਪਰਿਵਾਰ ਦਾ ਧੰਨਵਾਦ ਕੀਤਾ ਗਿਆ।

## ਵਿਸ਼ਾਲ ਭੰਡਾਰੇ ਤੇ ਵਲੰਟੀਅਰ ਡਿਊਟੀ ਸੰਬੰਧੀ ਵਿਚਾਰ-ਵਟਾਂਦਰਾ ਕੀਤਾ



**ਨਾਭਾ (ਵਰਿੰਦਰ ਵਰਮਾ)**

ਸ਼੍ਰੀ ਨੈਣਾਂ ਦੇਵੀ ਲੰਗਰ ਕਮੇਟੀ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਦਿੱਲੀ ਦੇ ਪ੍ਰਧਾਨ ਡਾ. ਸਤਪਾਲ ਅਗਰਵਾਲ ਤੇ ਸ਼੍ਰੀ ਦੁਰਗਾ ਸੇਵਾ ਦਲ ਪੰਜਾਬ ਰਜਿ ਹੈੱਡ ਆਫ਼ਿਸ ਸ਼੍ਰੀ ਸਨਾਤਨ ਧਰਮ ਮਹਾਵੀਰ ਦਲ ਪੰਜਾਬ ਰਜਿ: ਹੈੱਡ ਆਫ਼ਿਸ ਚੰਡੀਗੜ੍ਹ, ਸ਼੍ਰੀ ਨੈਨਾ ਦੇਵੀ ਸੇਵਾ ਸੰਮਤੀ ਪੰਜਾਬ ਰਜਿ ਹੈੱਡ ਆਫ਼ਿਸ ਅਮਲੋਹ ਤੇ ਮਾਤਾ ਮਨਸਾ ਦੇਵੀ ਨਿਸ਼ਕਾਮ ਸੇਵਾ ਸੰਮਤੀ ਰਜਿ ਹੈੱਡ ਆਫ਼ਿਸ ਪੰਚਕੂਲਾ ਦਾ ਇੱਕ ਵਫ਼ਦ ਬਿਲਾਸਪੁਰ ਵਿਖੇ ਜ਼ਿਲ੍ਹਾ ਪ੍ਰਸ਼ਾਸ਼ਨ ਦੇ ਅਧਿਕਾਰੀ ਆਈ ਏ ਐੱਸ ਸ਼੍ਰੀ ਓਮ ਕਾਂਤ ਠਾਕੁਰ (ਏਡੀਐਮ) ਅਤੇ ਸ਼੍ਰੀ ਸ਼ਿਵ ਚੌਧਰੀ (ਏ ਐਸ ਪੀ) ਬਿਲਾਸਪੁਰ (ਹਿਮਾਚਲ ਪ੍ਰਦੇਸ਼) ਦੇ ਨਾਲ ਜਨਰਲ ਮੀਟਿੰਗ ਕੀਤੀ। ਮੈਂਬਰਾਂ ਵੱਲੋਂ ਸਾਵਣ ਦੇ ਮੇਲਾ ਮਾਤਾ ਸ਼੍ਰੀ ਨੈਣਾ ਦੇਵੀ ਜੀ (ਹਿਮਾਚਲ ਪ੍ਰਦੇਸ਼) ਵਿਖੇ ਵਿਸ਼ਾਲ ਭੰਡਾਰੇ ਅਤੇ ਵਲੰਟੀਅਰ ਡਿਊਟੀ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਕਮੇਟੀ ਦੇ ਅਹੁਦੇਦਾਰਾਂ ਵੱਲੋਂ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਸਨਮਾਨਤ ਵੀ ਕੀਤਾ ਗਿਆ। ਸਨਮਾਨਤ ਕਰਨ ਉਪਰੰਤ ਡਾਕਟਰ ਸਤਪਾਲ ਅਗਰਵਾਲ ਨੇ ਕਿਹਾ ਕਿ ਪ੍ਰਸ਼ਾਸਨ ਵੱਲੋਂ ਵਿਸ਼ਵਾਸ ਦਿਵਾਇਆ ਗਿਆ ਕਿ ਸਾਵਨ ਦੇ ਮੇਲਿਆਂ ਵਿੱਚ ਸ਼ਰਧਾਲੂਆਂ ਨੂੰ ਕਿਸੇ ਪ੍ਰਕਾਰ ਦੀ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ।

## ਆਰ ਟੀ ਐੱਸ ਕਮਿਸ਼ਨ ਨੇ ਲਗਾਇਆ 10 ਹਜ਼ਾਰ ਰੁਪਏ ਦਾ ਜੁਰਮਾਨਾ

**ਚੰਡੀਗੜ੍ਹ (ਕ੍ਰਿਸ਼ਨ ਗਰਗ)**-ਹਰਿਆਣਾ ਸੇਵਾ ਦਾ ਅਧਿਕਾਰ ਕਮਿਸ਼ਨ ਨੇ ਇੱਕ ਮਾਮਲੇ ਵਿੱਚ ਜਨ ਸਿਹਤ ਇੰਜੀਨੀਅਰਿੰਗ ਵਿਭਾਗ ਦੀ ਲਾਪ੍ਰਵਾਹੀ 'ਤੇ ਸਖਤ ਰੁੱਖ ਅਪਨਾਉਂਦੇ ਹੋਏ ਨਿਰਧਾਰਿਤ ਸਮੇਂ ਵਿੱਚ ਸੇਵਾਵਾਂ ਪ੍ਰਦਾਨ ਨਾ ਕਰਨ ਲਈ ਐਸਡੀਈ 'ਤੇ 10 ਹਜਾਰ ਰੁਪਏ ਦਾ ਜੁਰਮਾਨਾ ਅਤੇ 5 ਹਜਾਰ ਰੁਪਏ ਦਾ ਮੁਆਵਜਾ ਸ਼ਿਕਾਇਤਕਰਤਾ ਹਾਂਸੀ ਨਿਵਾਸੀ ਕੁਲਦੀਪ ਸਿੰਘ ਨੂੰ ਦੇਣ ਦਾ ਆਦੇਸ਼ ਦਿੱਤਾ ਹੈ। ਇਹ ਰਕਮ ਜੂਨ 2025 ਦੇ ਤਨਖਾਹ ਤੋਂ ਕੱਟੀ ਜਾਵੇਗੀ।ਕਮਿਸ਼ਨ ਦੇ ਬੁਲਾਰੇ ਨੇ ਦਸਿਆ ਕਮਿਸ਼ਨ ਨੇ ਜਾਂਚ ਵਿੱਚ ਪਾਇਆ ਕਿ ਮਿੱਤੀ 3 ਫਰਵਰੀ, 2025 ਨੂੰ ਦਿੱਤੇ ਗਏ ਜਲ੍ਹ ਸਪਲਾਈ ਬਹਾਲ ਕਰਨ ਦੇ ਬਿਨੈ 'ਤੇ ਸੇਵਾ ਦੀ ਨਿਰਧਾਰਿਤ ਸਮੇਂ ਸੀਮਾ 6 ਫਰਵਰੀ, 2025 ਸੀ, ਪਰ ਸੇਵਾ 8 ਮਈ, 2025 ਨੂੰ ਕਮਿਸ਼ਨ ਦੇ ਅੰਤਰਿਮ ਆਦੇਸ਼ ਦੇ ਬਾਅਦ ਹੀ ਬਹਾਲ ਹੋਈ। ਸ਼ਿਕਾਇਤਕਰਤਾ ਦੀ ਤਿੰਨ ਪਿਛਲੀ ਸ਼ਿਕਾਇਤਾਂ ਨੂੰ ਗਲਤ ਢੰਗ ਨਾਲ ਬੰਦ ਕੀਤਾ ਗਿਆ, ਜਿਸ ਦੀ ਪੁਸ਼ਟੀ ਕਮਿਸ਼ਨ ਵੱਲੋਂ ਪਹਿਲਾਂ ਹੀ ਕੀਤੀ ਜਾ ਚੁੱਕੀ ਹੈ।ਸ਼ਿਕਾਇਤਕਰਤਾ ਵੱਲੋਂ 12 ਜੂਨ, 2025 ਨੂੰ ਭੇਜੇ ਗਏ ਈਮੇਲ ਵਿੱਚ ਐਸਡੀਈ ਦੇ ਰਵੀਏ ਨੂੰ ਲਾਪ੍ਰਵਾਹ ਅਤੇ ਉਦਾਸਹੀਨ ਦੱਸਦੇ ਹੋਏ ਆਮ ਨਾਗਰਿਕਾਂ ਦੇ ਨਾਲ ਹੋਣ ਵਾਲੀ ਸਮਸਿਆਵਾਂ ਨੂੰ ਉਜਾਗਰ ਕੀਤਾ ਗਿਆ ਸੀ। ਕਮਿਸ਼ਨ ਨੇ ਐਫਜੀਆਰਏ-ਕਮ-ਐਕਸਈਐਨ ਸੰਜੀਵ ਕੁਮਾਰ ਤਿਆਗੀ ਦੀ ਭੂਮਿਕਾ ਨੂੰ ਵੀ ਬਹੁਤ ਅਸੰਤੋਸ਼ਜਨਕ ਪਾਇਆ ਹੈ। ਕਮਿਸ਼ਨ ਦੇ ਸਪਸ਼ਟ ਨਿਰਦੇਸ਼ਾਂ ਦੇ ਬਾਗਜੂਦ ਉਨ੍ਹਾਂ ਨੇ ਮਾਮਲੇ ਵਿੱਚ ਕੋਈ ਠੋਸ ਕਦਮ ਨਹੀਂ ਚੁੱਕਿਆ ਅਤੇ ਬਿਨ੍ਹਾਂ ਸੁਣਵਾਈ ਦੇ ਹੀ ਤਿੰਨ ਸ਼ਿਕਾਇਤਾਂ ਨੂੰ ਸਿਰਫ ਸੁਬੋਰਡੀਨੇਟ ਕਰਮਚਾਰੀਆਂ ਦੀ ਰਿਪੋਰਟ ਦੇ ਆਧਾਰ 'ਤੇ ਬੰਦ ਕਰ ਦਿੱਤਾ। ਇੰਨ੍ਹਾ ਹੀ ਨਹੀਂ, ਆਯੋਗ ਦੀ ਸੁਣਵਾਈ ਵਿੱਚ ਵੀ ਇਹ ਬਿਨ੍ਹਾਂ ਸੂਚਨਾ ਦੇ ਗੈਰ-ਹਾਜਰ ਰਹੇ। ਕਮਿਸ਼ਨ ਨੇ ਇਹ ਵੀ ਵਰਨਣ ਕੀਤਾ ਕਿ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨੂੰ ਪਹਿਲਾਂ ਹੀ 18 ਸਤੰਬਰ, 2024 ਨੂੰ ਆਯੋਗ ਦੀ ਮੌਜੂਦਗੀ ਵਿੱਚ ਇੱਕ ਸਿਖਲਾਈ ਸੈਸ਼ਨ ਰਾਹੀਂ ਵਿਧਿਕ ਜਿਮੇਵਾਰੀਆਂ ਪ੍ਰਤੀ ਸੰਵੇਦਨਸ਼ੀਲ ਕੀਤਾ ਗਿਆ ਸੀ, ਫਿਰ ਵੀ ਅਜਿਹੀ ਲਾਪ੍ਰਵਾਹੀਆਂ ਦੋਹਰਾਈ ਜਾ ਰਹੀ ਹੈ।ਇਸ ਲਈ ਕਮਿਸ਼ਨ ਨੇ ਸੇਵਾ ਦਾ ਅਧਿਕਾਰ ਤਹਿਤ ਐਕਸਈਐਨ ਵਿਰੁੱਧ ਅਨੁਸ਼ਾਸ਼ਨਾਤਮਕ ਕਾਰਵਾਈ ਸ਼ੁਰੂ ਕਰਨ ਦੀ ਸੰਤੁਤੀ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਨੂੰ ਕੀਤੀ ਹੈ ਅਤੇ ਉਨ੍ਹਾਂ ਤੋਂ 30 ਦਿਨਾਂ ਅੰਦਰ ਕੀਤੀ ਗਈ ਕਾਰਵਾਈ ਦੀ ਜਾਣਕਾਰੀ ਕਮਿਸ਼ਨ ਨੂੰ ਦੇਣ ਦੀ ਅਪੀਲ ਕੀਤੀ ਹੈ। ਉਨ੍ਹਾਂ ਨੇ ਦਸਿਆ ਕਿ ਇਹ ਰਿਪੋਰਟ ਆਯੋਗ ਦੀ ਸਾਲਾਨਾ ਰਿਪੋਰਟ 2025-26 ਵਿੱਚ ਸ਼ਾਮਿਲ ਕੀਤੀ ਜਾਵੇਗੀ, ਜਿਸ ਨੂੰ ਹਰਿਆਣਾ ਵਿਧਾਨ ਸਭਾ ਦੇ ਪਟਲ 'ਤੇ ਰੱਖਿਆ ਜਾਵੇਗਾ।

## ...ਸ.ਫਾ 1 ਦੇ ਬਾਕੀ

### ਈਰਾਨ 'ਚ ਲੀਡਰਸ਼ਿਪ...

ਕਿ ਇਜ਼ਰਾਈਲ ਤੇ ਈਰਾਨ ਵਿਚਾਲੇ ਚੱਲ ਰਹੇ ਟਕਰਾਅ ਵਿਚ ਅਮਰੀਕੀ ਫੌਜ ਦੀ ਸਿੱਧੀ ਸ਼ਮੂਲੀਅਤ ਸੰਬੰਧੀ ਉਹ ਅਗਲੇ ਦੋ ਹਫਤਿਆਂ ਵਿਚ ਫੈਸਲਾ ਲੈਣਗੇ। ਟਰੰਪ ਨੇ ਕਿਹਾ ਕਿ ਤਹਿਰਾਨ ਦੇ ਪ੍ਰਮਾਣੂ ਪ੍ਰੋਗਰਾਮ ਬਾਰੇ ਨਵੇਂ ਸਿਰੇ ਤੋਂ ਗੱਲਬਾਤ ਲਈ 'ਬਹੁਤ ਸਾਰੇ ਮੌਕੇ' ਹਨ। ਟਰੰਪ ਵੱਲੋਂ ਦੋ ਹਫਤਿਆਂ ਦੀ ਮੋਹਲਤ ਤੋਂ ਸਾਫ ਹੈ ਕਿ ਉਹ ਈਰਾਨ ਦੇ ਸੁਰੱਖਿਅਤ ਫੋਰਡੋ ਯੂਰੇਨੀਅਮ ਸੋਧ ਸੈਂਟਰ 'ਤੇ ਹਮਲਾ ਕੀਤੇ ਜਾਣ ਨੂੰ ਲੈ ਕੇ ਦੁਚਿੱਤੀ ਵਿਚ ਹਨ। ਇਹ ਸੈਂਟਰ ਇੱਕ ਪਹਾੜ ਹੇਠਾਂ ਹੈ ਤੇ ਵਿਆਪਕ ਰੂਪ ਵਿਚ ਅਮਰੀਕਾ ਦੇ 'ਬੰਕਰ ਬਸਟਰ' ਬੰਬਾਂ ਨੂੰ ਛੱਡ ਕੇ ਕਿਸੇ ਹੋਰ ਦੀ ਪਹੁੰਚ ਤੋਂ ਬਾਹਰ ਮੰਨਿਆ ਜਾਂਦਾ ਹੈ। ਇਸ ਤੋਂ ਪਹਿਲਾਂ ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੇ ਕਿਹਾ ਕਿ ਕੋਈ ਵੀ ਇਜ਼ਰਾਈਲੀ ਹਮਲੇ ਤੋਂ ਨਹੀਂ ਬਚ ਸਕਦਾ। ਉਸ ਨੇ ਇਸ਼ਾਰਾ ਕੀਤਾ ਕਿ ਅਗਲਾ ਨਿਸ਼ਾਨਾ ਈਰਾਨ ਦਾ ਸੁਪਰੀਮ ਆਗੂ ਅਯਾਤੁੱਲ੍ਹਾ ਖਾਮੇਨੇਈ ਹੋ ਸਕਦਾ ਹੈ। ਨੇਤਨਯਾਹੂ ਨੇ ਕਿਹਾ ਕਿ ਉਸ ਨੂੰ ਭਰੋਸਾ ਹੈ ਕਿ ਟਰੰਪ 'ਅਮਰੀਕਾ ਲਈ ਸਭ ਤੋਂ ਵਧੀਆ ਹੀ ਕਰਨਗੇ।'

ਬੀਰਸ਼ੇਬਾ ਦੇ ਸੋਰੋਕਾ ਮੈਡੀਕਲ ਸੈਂਟਰ ਨੇੜੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਨੇਤਨਯਾਹੂ ਨੇ ਕਿਹਾ, 'ਮੈਂ ਤੁਹਾਨੂੰ ਦੱਸ ਸਕਦਾ ਹਾਂ ਕਿ ਉਹ ਪਹਿਲਾਂ (ਟਰੰਪ) ਹੀ ਬਹੁਤ ਮਦਦ ਕਰ ਰਹੇ ਹਨ।'

### ਭਾਜਪਾ ਤੇ ਸੰਘ ਨਹੀਂ...

ਸਿੱਖਣ, ਕਿਉਂਕਿ ਉਹ ਨਹੀਂ ਚਾਹੁੰਦੇ ਕਿ ਤੁਸੀਂ ਸਵਾਲ ਪੁੱਛੋ, ਅੱਗੇ ਵਧੋ ਅਤੇ ਬਰਾਬਰ ਬਣੋ।' ਉਨ੍ਹਾ ਕਿਹਾ ਕਿ ਅੱਜ ਦੀ ਦੁਨੀਆ ਵਿੱਚ ਅੰਗਰੇਜ਼ੀ, ਮਾਂ-ਬੋਲੀ ਵਾਂਗ ਹੀ ਅਹਿਮ ਹੈ, ਕਿਉਂਕਿ ਇਸ ਨਾਲ ਰੁਜ਼ਗਾਰ ਹਾਸਲ ਕਰਨ ਵਿੱਚ ਆਸਾਨੀ ਆਉਂਦੀ ਹੈ ਅਤੇ ਆਤਮ-ਵਿਸ਼ਵਾਸ ਵੀ ਵਧਦਾ ਹੈ। ਰਾਹੁਲ ਨੇ ਕਿਹਾ, 'ਭਾਰਤ ਦੀ ਹਰ ਭਾਸ਼ਾ ਦਾ ਆਪਣਾ ਗਿਆਨ, ਸੱਭਿਆਚਾਰ ਅਤੇ ਆਪਣੀ ਆਤਮਾ ਹੈ। ਇਨ੍ਹਾਂ ਦਾ ਸਨਮਾਨ ਕਰਨ ਦੇ ਨਾਲ-ਨਾਲ ਸਾਨੂੰ ਅੰਗਰੇਜ਼ੀ ਦਾ ਵੀ ਸਤਿਕਾਰ ਕਰਨਾ ਚਾਹੀਦਾ ਹੈ ਅਤੇ ਹਰ ਬੱਚੇ ਨੂੰ ਅੰਗਰੇਜ਼ੀ ਸਿਖਾਉਣੀ ਚਾਹੀਦੀ ਹੈ। ਇਹ ਉਸ ਭਾਰਤ ਲਈ ਰਸਤਾ ਹੈ, ਜੋ ਦੁਨੀਆ ਨਾਲ ਮੁਕਾਬਲਾ ਕਰੇਗਾ ਅਤੇ ਹਰ ਬੱਚੇ ਨੂੰ ਬਰਾਬਰ ਦੇ ਮੌਕੇ ਮਿਲਣਗੇ।'

## 23 ਪੀੜਤਾਂ ਨਾਲ 5 ਲੱਖ ਰੁਪਏ ਦੀ ਠੱਗੀ ਕਰਨ ਦੇ ਦੋਸ਼ 'ਚ ਗ੍ਰਿਫ਼ਤਾਰ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਸਾਈਬਰ ਅਪਰਾਧ ਵਿਰੁੱਧ ਅਹਿਮ ਕਾਰਵਾਈ ਕਰਦਿਆਂ ਪੰਜਾਬ ਪੁਲਸ ਦੇ ਰਾਜ ਸਾਈਬਰ ਅਪਰਾਧ ਪੁਲਿਸ ਸਟੇਸ਼ਨ ਨੇ ਓਐਲਐਕਸ ਰੈਂਟਲ ਫਰਾਡ ਦੇ ਕਈ ਮਾਮਲਿਆਂ ਵਿੱਚ ਸ਼ਾਮਲ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਹੈ।ਮੁਲਜ਼ਮ, ਜਿਸਦੀ ਪਛਾਣ ਮੋਹਾਲੀ ਦੇ ਖਰੜ ਵਿੱਚ ਰਹਿਣ ਵਾਲੇ ਪਰਮਜੀਤ ਸਿੰਘ ਵਜੋਂ ਹੋਈ ਹੈ, ਨੂੰ ਇੰਸਪੈਕਟਰ ਦਲਜੀਤ ਸਿੰਘ ਨੇ, ਭਾਰਤੀ ਗ੍ਰਹਿ ਮੰਤਰਾਲੇ ਦੇ ਸਾਈਬਰ ਅਪਰਾਧ ਤਾਲਮੇਲ ਕੇਂਦਰ (ਆਈ4ਸੀ) ਦੇ ਪ੍ਰਤੀਬਿੰਬ ਪੋਰਟਲ 'ਤੇ ਰਿਪੋਰਟ ਕੀਤੇ ਗਏ ਸਾਈਬਰ ਧੋਖਾਧੜੀ ਦੇ ਅੰਕੜਿਆਂ ਦੇ ਵਿਸ਼ਲੇਸ਼ਣ ਤੋਂ ਬਾਅਦ ਗ੍ਰਿਫ਼ਤਾਰ ਕੀਤਾ।ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਨੇ ਓਐਲਐਕਸ 'ਤੇ ਜਾਅਲੀ ਕਿਰਾਇਆ ਇਸ਼ਤਿਹਾਰਾਂ ਰਾਹੀਂ ਪੰਜਾਬ, ਹਿਮਾਚਲ ਪ੍ਰਦੇਸ਼, ਹਰਿਆਣਾ, ਉੱਤਰ ਪ੍ਰਦੇਸ਼ ਅਤੇ ਜੰਮੂ-ਕਸ਼ਮੀਰ ਆਦਿ ਰਾਜਾਂ ਨਾਲ ਸਬੰਧਤ ਘੱਟੋ-ਘੱਟ 23 ਪੀੜਤਾਂ ਨਾਲ ਲਗਭਗ 5 ਲੱਖ ਰੁਪਏ ਦੀ ਠੱਗੀ ਮਾਰੀ ਹੈ।ਮੁਲਜ਼ਮ ਵਿਅਕਤੀ ਵੱਲੋਂ ਠੱਗੀ ਲਈ ਅਪਨਾਏ ਗਏ ਢੰਗ-ਤਰੀਕੇ ਬਾਰੇ ਦੱਸਦਿਆਂ, ਵਧੀਕ ਡਾਇਰੈਕਟਰ ਜਨਰਲ ਆਫ਼ ਪੁਲਿਸ (ਏਡੀਜੀਪੀ) ਸਾਈਬਰ ਅਪਰਾਧ ਵੀ. ਨੀਰਜਾ ਨੇ ਕਿਹਾ ਕਿ ਮੁਲਜ਼ਮ ਪਰਮਜੀਤ ਸਿੰਘ ਧੋਖਾਧੜੀ ਕਰਨ ਲਈ ਓਐਲਐਕਸ 'ਤੇ ਫਰਜ਼ੀ ਜਾਇਦਾਦ ਇਸ਼ਤਿਹਾਰ ਪੋਸਟ ਕਰਦਾ ਸੀ, ਪੀੜਤਾਂ ਨੂੰ ਆਕਰਸ਼ਕ ਤੇ ਵੱਡੇ ਮੁਨਾਫ਼ਿਆਂ ਦਾ ਲਾਲਚ ਦਿੰਦਾ ਸੀ।ਏਡੀਜੀਪੀ ਨੇ ਕਿਹਾ,"ਲੋਕਾਂ ਦਾ ਵਿਸ਼ਵਾਸ ਹਾਸਲ ਕਰਨ ਲਈ ਉਹ (ਦੋਸ਼ੀ), ਜਾਇਦਾਦ ਦੇ ਜਾਅਲੀ ਦਸਤਾਵੇਜ਼ ਅਤੇ ਤਸਵੀਰਾਂ ਸਾਂਝੀਆਂ ਕਰਦਾ ਸੀ।ਜਦੋਂ ਪੀੜਤ ਉਸਦੇ ਝਾਂਸੇ ਵਿੱਚ ਆ ਕੇ ਜਾਇਦਾਦ ਕਿਰਾਏ 'ਤੇ ਲੈਣ ਲਈ ਸਹਿਮਤ ਹੋ ਜਾਂਦੇ ਤਾਂ ਮੁਲਜ਼ਮ ਉਨ੍ਹਾਂ ਨੂੰ ਯੂਪੀਆਈ ਜਾਂ ਬੈਂਕ ਟਰਾਂਸਫਰ ਰਾਹੀਂ ਪੇਸ਼ਗੀ ਕਿਰਾਇਆ, ਸੈਕਿਉਰਿਟੀ ਦੀ ਰਕਮ, ਜਾਂ ਰਜਿਸਟਰੇਸ਼ਨ ਫੀਸ ਵਜੋਂ ਪੈਸੇ ਟਰਾਂਸਫਰ ਕਰਨ ਲਈ ਰਾਜ਼ੀ ਕਰ ਲੈਂਦਾ"।ਉਨ੍ਹਾਂ ਇਹ ਵੀ ਕਿਹਾ ਕਿ ਜਦੋਂ ਭੁਗਤਾਨ ਹੋ ਜਾਂਦਾ ਤਾਂ ਦੋਸ਼ੀ ਉਨ੍ਹਾਂ ਨਾਲ ਰਾਬਤਾ ਬੰਦ ਕਰ ਦਿੰਦਾ ਸੀ।ਏਡੀਜੀਪੀ ਨੇ ਕਿਹਾ ਕਿ ਜਾਂਚ ਤੋਂ ਪਤਾ ਲੱਗਾ ਹੈ ਕਿ ਦੋਸ਼ੀ ਪਰਮਜੀਤ, ਗਾਹਕਾਂ ਤੋਂ ਆਪਣੇ ਵੱਖ-ਵੱਖ ਬੈਂਕ ਖਾਤਿਆਂ ਐਕਸਿਸ ਬੈਂਕ, ਸੈਂਟਰਲ ਬੈਂਕ ਆਫ਼ ਇੰਡੀਅ, ਯੈੱਸ ਬੈਂਕ ਅਤੇ ਐਚਡੀਐਫਸੀ ਬੈਂਕ ਵਿੱਚ ਯੂਪੀਆਈ ਅਤੇ ਭੁਗਤਾਨ ਦੇ ਹੋਰ ਔਨਲਾਈਨ ਤਰੀਕਿਆਂ ਰਾਹੀਂ ਪੈਸੇ ਟਰਾਂਸਫਰ ਕਰਾਉਂਦਾ ਸੀ।ਇਸ ਸਬੰਧੀ ਹੋਰ ਵੇਰਵਿਆਂ ਦਾ ਪਤਾ ਲਗਾਉਣ ਲਈ ਹੋਰ ਜਾਂਚ ਜਾਰੀ ਹੈ।ਪੰਜਾਬ ਦੇ ਸਟੇਟ ਸਾਈਬਰ ਕ੍ਰਾਈਮ ਪੁਲਸ ਸਟੇਸ਼ਨ ਵਿਖੇ ਬੀਐਨਐਸ ਦੀ ਧਾਰਾ 316(2) ਅਤੇ 318(4) ਅਤੇ ਆਈਟੀ ਐਕਟ ਦੀ ਧਾਰਾ 66ਡੀ ਅਧੀਨ ਐਫਆਈਆਰ ਨੰਬਰ 07 ਮਿਤੀ 10.06.2025 ਨੂੰ ਕੇਸ ਦਰਜ ਕੀਤਾ ਗਿਆ ਹੈ।

## ਡਾ ਮੱਟੂ ਦਾ ਸ਼ੁਤਰਾਣਾ ਵਾਸੀਆਂ ਵੱਲੋਂ ਸਨਮਾਨ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਹਲਕਾ ਸ਼ੁਤਰਾਣਾ ਵਿਖੇ ਪਿਛਲੇ ਕਈ ਸਾਲਾਂ ਤੋਂ ਨੌਜਵਾਨ ਲੜਕੇ-ਲੜਕੀਆਂ ਨੂੰ ਉਚੇਰੀ ਸਿੱਖਿਆ ਹਾਸਲ ਕਰਨ ਲਈ ਜਾਗਰੂਕ ਕਰਦੇ ਆ ਰਹੇ ਡਾ ਜਤਿੰਦਰ ਸਿੰਘ ਮੱਟੂ ਨੂੰ ਸ਼ੁਤਰਾਣਾ ਪਿੰਡ ਵਾਰਡ 5 ਤੇ ਵਾਰਡ 9 ਵਿਖੇ ਇਕ ਲੋਕ ਮਿਲਣੀ ਦੌਰਾਨ ਲੋਕਾਂ ਨੇ ਡਾ ਇੰਦਰਜੀਤ ਕੁਮਾਰ ਵਲੋਂ ਅਨੁਵਾਦਕ ਭਾਰਤੀ ਸੰਵਿਧਾਨ ਦੇ ਪੰਜਾਬੀ ਅਨੁਵਾਦ ਦੀ ਕਾਪੀ ਨਾਲ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ। ਡਾ. ਜਤਿੰਦਰ ਸਿੰਘ ਮੱਟੂ ਨੇ ਕਿਹਾ ਕਿ ਭਾਰਤੀ ਸੰਵਿਧਾਨ ਨੂੰ ਸੁਰੱਖਿਅਤ ਰੱਖਣ ਨਾਲ ਹੀ ਦੇਸ਼ ਤੇ ਸੂਬੇ ਦੇ ਸਾਰੇ ਵਰਗਾਂ ਦੇ ਹੱਕ ਸੁਰੱਖਿਅਤ ਰਹਿ ਸਕਦੇ ਹਨ, ਲਿਹਾਜ਼ਾ ਸਾਨੂੰ ਭਾਰਤੀ ਸੰਵਿਧਾਨ ਨੂੰ ਬਚਾਉਣ ਲਈ ਇਕੱਠੇ ਹੋਣਾ ਪਵੇਗਾ। ਉਨ੍ਹਾਂ ਕਿਹਾ ਕਿ ਹਲਕਾ ਸ਼ੁਤਰਾਣਾ ਸਿੱਖਿਆ ਤੇ ਸਿਹਤ ਪੱਖੋਂ ਕਾਫੀ ਪਛੜਿਆ ਹੋਇਆ ਹੈ। ਉਹ ਪਿਛਲੇ ਲੰਮੇ ਅਰਸੇ ਤੋਂ ਲੋਕਾਂ ਦੀਆਂ ਸਮੱਸਿਆਵਾਂ ਜਾਨਣ ਲਈ ਪਿੰਡ-ਪਿੰਡ, ਘਰ-ਘਰ ਤੱਕ ਪਹੁੰਚ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਉਹ ਆਪਣੀ ਮੁਹਿੰਮ ਨੂੰ ਇਸੇ ਤਰਾਂ ਜਾਰੀ ਰੱਖਣਗੇ ਤੇ ਹਲਕੇ ਦੀਆਂ ਸਮੱਸਿਆਵਾਂ ਨੂੰ ਹੋਰ ਜ਼ੋਰ ਸ਼ੋਰ ਨਾਲ ਉਠਾਉਣਗੇ।

## ਸ੍ਰੀ ਮੁਕਤਸਰ ਸਾਹਿਬ ਨੇ ਫ਼ਰੀਦਕੋਟ ਤੋਂ 11 ਦੌੜਾਂ ਨਾਲ ਜਿੱਤ ਹਾਸਲ ਕਰਕੇ ਕੁਆਰਟਰ ਫਾਈਨਲ 'ਚ ਕੀਤਾ ਪ੍ਰਵੇਸ਼



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਕ੍ਰਿਕਟ ਐਸੋਸੀਏਸ਼ਨ ਮੁਹਾਲੀ ਵੱਲੋਂ ਆਯੋਜਤ ਕੀਤੇ ਜਾ ਰਹੇ ਅੰਡਰ-19 (ਲੜਕੀਆਂ) ਅੰਤਰ ਜ਼ਿਲ੍ਹਾ ਵਨ ਡੇਅ ਕ੍ਰਿਕਟ ਮੁਕਾਬਲੇ ਵਿੱਚ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀ ਟੀਮ ਨੇ ਜ਼ਿਲ੍ਹਾ ਫ਼ਰੀਦਕੋਟ ਦੀ ਟੀਮ ਤੋਂ 11 ਦੌੜਾਂ ਨਾਲ ਜਿੱਤ ਹਾਸਲ ਕਰਕੇ ਕੁਆਰਟਰ ਫਾਈਨਲ ਲਈ ਕੁਆਲੀਫਾਈ ਕੀਤਾ, ਜੋ 21 ਜੂਨ ਨੂੰ ਮੁਕਤਸਰ ਤੇ ਪਟਿਆਲਾ ਦਰਮਿਆਨ ਪਟਿਆਲਾ ਵਿਖੇ ਖੇਡਿਆ ਜਾਵੇਗਾ।ਫ਼ਰੀਦਕੋਟ ਦੀ ਟੀਮ ਨੇ ਪਹਿਲਾਂ ਟਾਸ ਜਿੱਤ ਕੇ ਸ੍ਰੀ ਮੁਕਤਸਰ ਸਾਹਿਬ ਤੋਂ ਬੱਲੇਬਾਜ਼ੀ ਕਰਾਉਣ ਦਾ ਫੈਸਲਾ ਕੀਤਾ।ਜ਼ਿਲ੍ਹਾ ਮੋਗਾ ਦੇ ਸਮਾਧ ਭਾਈ ਕ੍ਰਿਕਟ ਗਰਾਊਂਡ ਦੇ ਵਿੱਚ ਪਹਿਲਾਂ ਬੱਲੇਬਾਜ਼ੀ ਕਰਦੇ ਹੋਏ ਮੁਕਤਸਰ ਦੀ ਟੀਮ ਨੇ 35 ਓਵਰਾਂ ਵਿੱਚ 10 ਵਿਕਟਾਂ ਦੇ ਨੁਕਸਾਨ ਨਾਲ 120 ਦੌੜਾਂ ਬਣਾਈਆਂ, ਜਿਸ ਵਿੱਚ ਮਨਪ੍ਰੀਤ ਕੌਰ ਨੇ 38 ਦੌੜਾਂ ਬਣਾਈਆਂ।ਗੇਂਦਬਾਜ਼ੀ ਕਰਦੇ ਹੋਏ ਫ਼ਰੀਦਕੋਟ ਦੀ ਸਾਕਸ਼ੀ, ਕਮਲਪ੍ਰੀਤ ਕੌਰ ਸਿੱਧੂ ਨੇ 3-3, ਅਮਾਨਤ ਪ੍ਰੀਤ ਕੌਰ ਨੇ 2, ਸਰਿਸ਼ਟੀ ਵਰਮਾ ਤੇ ਦੀਸ਼ਿਕਾ ਨੇ 1-1 ਵਿਕਟ ਹਾਸਲ ਕੀਤੀ।ਫ਼ਰੀਦਕੋਟ ਦੀ ਟੀਮ ਨੇ ਆਪਣੀ ਪਾਰੀ ਵਿੱਚ 41.4 ਓਵਰਾਂ ਵਿੱਚ 10 ਵਿਕਟਾਂ ਦੇ ਨੁਕਸਾਨ ਨਾਲ 109 ਦੌੜਾਂ ਬਣਾਈਆਂ।ਫ਼ਰੀਦਕੋਟ ਵੱਲੋਂ ਬੱਲੇਬਾਜ਼ੀ ਕਰਦੇ ਹੋਏ ਸ਼ਰਨਪ੍ਰੀਤ ਕੌਰ ਨੇ 32 ਤੇ ਸ੍ਰਿਸ਼ਟੀ ਵਰਮਾ ਨੇ 19 ਦੌੜਾਂ ਬਣਾਈਆਂ।ਸ੍ਰੀ ਮੁਕਤਸਰ ਸਾਹਿਬ ਦੀ ਟੀਮ ਵੱਲੋਂ ਗੇਂਦਬਾਜ਼ੀ ਕਰਦੇ ਹੋਏ ਗੁਣਸਾਖੀ ਨੇ ਤਿੰਨ, ਸੁਮਨਪ੍ਰੀਤ ਕੌਰ ਨੇ ਦੋ, ਹਰਮਨਦੀਪ ਮਾਨ ਘੱਗਾ, ਜਪਨੀਤ ਕੌਰ ਤੇ ਹਰਮਨਦੀਪ ਕੌਰ ਸਮਾਘ ਨੇ 1-1 ਵਿਕਟ ਹਾਸਲ ਕੀਤੀ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

21 Jun Page-3.qxd 6/20/2025 10:58 PM Page 1



# ਲੋਹਾਰਕਾ ਰੋਡ 'ਤੇ ਘਰ 'ਚੋਂ ਲੱਖਾਂ ਦੀ ਚੋਰੀ

**ਅੰਮ੍ਰਿਤਸਰ (ਅਰੋੜਾ):** ਅੰਮ੍ਰਿਤਸਰ ਦੇ ਪੌਸ਼ ਏਰੀਏ ਲੋਹਾਰਕਾ ਰੋਡ ਐਨਕਲੇਵ ਕਲੋਨੀ, ਲੇਨ ਨੰਬਰ 9 ਵਿੱਚ ਅਣਪਛਾਤੇ ਚੋਰਾਂ ਵੱਲੋਂ ਰਾਤ ਦੇ ਸਮੇਂ ਲੱਖਾਂ ਦੀ ਚੋਰੀ ਕੀਤੇ ਜਾਣ ਸਮਾਚਾਰ ਪ੍ਰਾਪਤ ਹੋਇਆ ਹੈ।

- **ਚੋਰ ਕੀਮਤੀ ਕੱਪੜੇ ਅਤੇ ਜੁੱਤੀਆਂ ਤਕ ਚੋਰੀ ਕਰ ਕੇ ਲੈ ਗਏ**



ਪਰਿਵਾਰ ਦੇ ਮੁਖੀ ਅਸ਼ਵਨੀ ਸੇਠ, ਰੇਨੂ ਸੇਠ ਅਤੇ ਸਾਹਿਲ ਸੇਠ ਨੇ ਦੱਸਿਆ ਕਿ ਉਹ ਆਪਣੀ ਬੇਟੀ ਦੇ ਕੋਲ ਚੰਡੀਗੜ੍ਹ ਗਏ ਹੋਏ ਸਨ। ਕੁੱਝ ਦਿਨ ਉੱਥੇ ਰਹਿਣ ਦੇ ਬਾਅਦ ਜਦੋਂ ਉਹ 19 ਜੂਨ ਸ਼ਾਮ ਸਾਢੇ ਪੰਜ ਵਜੇ ਪਰਿਵਾਰ ਸਹਿਤ ਘਰ ਪਹੁੰਚੇ ਤਾਂ ਬਾਹਰ ਦੇ ਗੇਟ ਨੂੰ ਛੱਡ ਕੇ ਅਣਪਛਾਤੇ ਚੋਰਾਂ ਨੇ ਸਾਰੇ ਦਰਵਾਜ਼ਿਆਂ ਦੀਆਂ ਕੁੰਡੀਆਂ ਤੋੜ ਕੇ ਪਹਿਲਾਂ ਹੇਠਲੀ ਮੰਜ਼ਿਲ ਤੇ ਸਾਰੀਆਂ ਅਲਮਾਰੀਆਂ, ਕਬਰਡ ਅਤੇ ਬੈੱਡ ਵਿੱਚ ਪਿਆ ਸਾਮਾਨ ਚੋਰੀ ਕੀਤਾ ਹੋਇਆ ਸੀ।ਉਸਦੇ ਬਾਅਦ ਉਪਰ ਦੀ ਮੰਜ਼ਿਲ ਵਿੱਚ ਵੀ ਉਨ੍ਹਾਂ ਨੇ ਕੋਈ ਅਲਮਾਰੀ ਨਹੀਂ ਛੱਡੀ। ਉਨ੍ਹਾਂ ਨੇ ਦੱਸਿਆ ਕਿ ਘਰ ਵਿੱਚ ਬਣਾਏ ਮੰਦਰ ਵਿੱਚੋਂ ਚਾਂਦੀ ਦੀ ਇੱਕ ਛੋਟੀ ਇੱਟ, ਚਾਂਦੀ ਦਾ ਇੱਕ ਵੱਡਾ ਕਟੋਰਾ ਅਤੇ ਚਾਂਦੀ ਦੇ ਮੰਦਰ ਵਿੱਚ ਪਏ ਸਾਮਾਨ ਦੀ ਵੀ ਚੋਰੀ ਕੀਤੀ ਹੋਈ ਸੀ।ਉਸਦੇ ਬਾਅਦ ਅਲਮਾਰੀਆਂ ਵਿੱਚੋਂ ਨਗਦੀ ਅਤੇ ਜੇਵਰ ਵੀ ਚੁਰਾਏ। ਉਪਰਲੀ ਮੰਜ਼ਿਲ ਤੋਂ ਵੀ ਨਗਦੀ ਦੇ ਇਲਾਵਾ ਸੋਨੇ ਦੀ ਅੰਗੂਠੀ ਅਤੇ 6 ਮੋਬਾਇਲ ਚੋਰੀ ਕੀਤੇ।ਅਸ਼ਵਨੀ ਸੇਠ ਨੇ ਦੱਸਿਆ ਕਿ ਘਰ ਦਾ ਸਾਰਾ ਸਾਮਾਨ ਉਨ੍ਹਾਂ ਨੇ ਅਲਮਾਰੀਆਂ ਦਰਾਜ਼ ਤੋੜ ਕੇ ਇੱਧਰ ਉਧਰ ਬਿਖੇਰ ਦਿੱਤਾ।ਉਨ੍ਹਾਂ ਦੇ ਬੇਟੇ ਦੇ ਕੀਮਤੀ ਕੱਪੜੇ ਅਤੇ ਕੀਮਤੀ ਜੁੱਤੇ ਵੀ ਚੋਰੀ ਕਰਕੇ ਲੈ ਗਏ ਸਨ। ਉਨ੍ਹਾਂ ਨੇ ਦੱਸਿਆ ਕਿ ਅਜੇ ਉਨ੍ਹਾਂ ਨੇ ਘਰ ਦੀ ਪੂਰੀ ਤਰ੍ਹਾਂ ਨਾਲ ਜਾਂਚ ਨਹੀ ਕੀਤੀ।ਇਸ ਦੇ ਬਾਅਦ ਹੀ ਪਤਾ ਚੱਲੇਗਾ ਕਿ ਚੋਰ ਹੋਰ ਕੀ ਕੁੱਝ ਚੋਰੀ ਕਰ ਕੇ ਲੈ ਗਏ ਹਨ।ਚੋਰੀ ਦੀ ਘਟਨਾ ਦੀ ਸੂਚਨਾ ਪੁਲਸ ਥਾਣਾ ਕੈਂਟੋਨਮੈਂਟ ਵਿੱਚ ਦੇ ਦਿੱਤੀ ਗਈ ਹੈ।ਪੁਲਸ ਪਾਰਟੀ ਨੇ ਆਸ ਪਾਸ ਦੇ ਸੀਸੀਟੀਵੀ ਕੈਮਰੇ ਦੇਖਣੇ ਸ਼ੁਰੂ ਕੀਤੇ ਹਨ। ਉਨ੍ਹਾਂ ਦੇ ਘਰ ਵਿੱਚ ਕੰਮ ਕਰਨ ਵਾਲਿਆਂ ਅਤੇ ਹੋਰ ਮੈਂਬਰਾਂ ਦੇ ਬਾਰੇ ਵੀ ਜਾਣਕਾਰੀ ਪ੍ਰਾਪਤ ਕੀਤੀ ਹੈ।ਪੁਲਸ ਨੇ ਅੱਗੇ ਦੀ ਕਾਰਵਾਈ ਕਰਕੇ ਚੋਰੀ ਨੂੰ ਅੰਜਾਮ ਦੇਣ ਵਾਲਿਆਂ ਦਾ ਜਲਦੀ ਪਤਾ ਲਗਾਉਣ ਦਾ ਵਿਸ਼ਵਾਸ ਦਿੱਤਾ ਹੈ।ਉਨ੍ਹਾਂ ਨੇ ਦੱਸਿਆ ਕਿ ਕੁੱਲ ਮਿਲਾ ਕੇ ਉਨ੍ਹਾਂ ਦਾ ਲਗਭਗ 4 ਤੋਂ 5 ਲੱਖ ਰੁਪਏ ਦਾ ਨੁਕਸਾਨ ਹੋਇਆ ਹੈ।

# ਐੱਸ ਡੀ ਐੱਮ ਵੱਲੋਂ ਸਿਵਲ ਹਸਪਤਾਲ ਬਟਾਲਾ ਦੇ ਨਸ਼ਾ ਛੁਡਾਊ ਕੇਂਦਰ ਦਾ ਦੌਰਾ

**ਬਟਾਲਾ (ਡਾ. ਮਲਵਿੰਦਰ ਸਿੰਘ)-** ਵਿਕਰਮਜੀਤ ਸਿੰਘ ਪਾਂਥੇ ਐੱਸਡੀਐੱਮ-ਕਮ-ਕਮਿਸ਼ਨਰ ਨਗਰ ਨਿਗਮ ਬਟਾਲਾ ਵੱਲੋਂ ਸਿਵਲ ਹਸਪਤਾਲ ਵਿਖੇ ਚੱਲ ਰਹੇ ਨਸ਼ਾ ਛੁਡਾਊ ਕੇਂਦਰ ਦਾ ਦੌਰਾ ਕੀਤਾ ਗਿਆ ਤੇ ਸਿਹਤ ਵਿਭਾਗ ਵੱਲੋਂ ਦਿੱਤੀਆਂ ਜਾ ਰਹੀਆਂ ਸੇਵਾਵਾਂ ਦੀ ਜਾਣਕਾਰੀ ਹਾਸਲ ਕੀਤੀ।ਇਸ ਮੌਕੇ ਡਾ. ਮਨਿੰਦਰਜੀਤ ਸਿੰਘ ਐੱਸਐੱਮਓ ਬਟਾਲਾ ਤੇ ਡਾ. ਸਿਮਰਨਜੀਤ ਸਿੰਘ ਨੋਡਲ ਅਫਸਰ ਨਸ਼ਾ ਛੁਡਾਊ ਕੇਂਦਰ ਬਟਾਲਾ ਵੀ ਮੌਜੂਦ ਸਨ। ਐੱਸਡੀਐੱਮ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਅਤੇ ਨਸ਼ਾ ਛੁਡਾਊ ਕੇਂਦਰ ਵਿਖੇ ਤੈਨਾਤ ਸਿਹਤ ਕਰਮੀਆਂ ਨਾਲ ਨਸ਼ਾ ਪੀੜਤਾਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਸੇਵਾਵਾਂ ਦੀ ਜਾਣਕਾਰੀ ਲੈਂਦਿਆਂ ਸਿਹਤ ਅਧਿਕਾਰੀਆਂ ਨੂੰ ਪੀੜਤਾਂ ਨੂੰ ਹੋਰ ਸੁਚਾਰੂ ਢੰਗ ਨਾਲ ਸੇਵਾਵਾਂ ਦੇਣ ਲਈ ਕਿਹਾ।ਇਸ ਮੌਕੇ ਉਨ੍ਹਾਂ ਨਸ਼ਾ ਪੀੜਤਾਂ ਨਾਲ ਗੱਲਬਾਤ ਵੀ ਕੀਤੀ।ਐੱਸਡੀਐੱਮ ਨੇ ਅੱਗੇ ਕਿਹਾ ਕਿ ਨਸ਼ਾ ਛੁਡਾਊ ਕੇਂਦਰ ਵਿੱਚ ਨਸ਼ਾ ਪੀੜਤ ਵਿਅਕਤੀਆਂ ਨੂੰ ਦਾਖਲ ਕਰਕੇ ਮਾਹਿਰ ਡਾਕਟਰਾਂ ਦੀ ਨਿਗਰਾਨੀ ਵਿਚ ਬਿਨਾਂ ਤਕਲੀਫ ਤੋਂ ਅਤੇ ਬਿਲਕੁਲ ਮੁਫਤ ਨਸ਼ਾ ਛੁਡਵਾਇਆ ਜਾਂਦਾ ਹੈ।ਇਨ੍ਹਾਂ ਨਸ਼ਾ ਛੁਡਾਊ ਕੇਂਦਰਾਂ ਵਿਚ ਦਵਾਈਆਂ ਅਤੇ ਟੈਸਟ ਮੁਫ਼ਤ ਕੀਤੇ ਜਾਂਦੇ ਹਨ। ਕੋਈ ਵੀ ਨਸ਼ਾ ਪੀੜਤ ਵਿਅਕਤੀ ਇੱਥੇ ਦਾਖਲ ਹੋਣ ਤੋਂ ਬਾਅਦ ਡਾਕਟਰ ਦੀ ਸਲਾਹ ਅਨੁਸਾਰ ਦਵਾਈਆਂ ਲੈ ਕੇ ਘਰ ਵਿਚ ਰਹਿ ਕੇ ਨਸ਼ਾ ਛੱਡ ਸਕਦਾ ਹੈ।ਉਨ੍ਹਾਂ ਅੱਗੇ ਕਿਹਾ ਕਿ ਨਸ਼ਾ ਰੋਗੀਆਂ ਨੂੰ ਸਮਾਜ ਦੀ ਮੁੱਖ ਧਾਰਾ ਵਿੱਚ ਸ਼ਾਮਿਲ ਕਰਨ ਦੀ ਪੂਰੀ ਕੋਸ਼ਿਸ਼ ਕੀਤੀ ਜਾ ਰਹੀ ਹੈ।ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਕਾਮਯਾਬ ਬਣਾਉਣ ਲਈ ਸਮਾਜ ਦੇ ਹਰ ਇੱਕ ਵਰਗ ਦੀ ਜ਼ਿੰਮੇਵਾਰੀ ਲਾਜ਼ਮੀ ਹੈ।



# ਈਰਾਨ ਤੇ ਇਜ਼ਰਾਈਲ 'ਚ ਜੰਗ ਦੇ ਮੱਦੇਨਜ਼ਰ ਪਾਵਨ ਸਰੂਪ ਭਾਰਤ ਲਿਆਉਣ ਦਾ ਪ੍ਰਬੰਧ ਕਰੇ ਕੇਂਦਰ ਸਰਕਾਰ : ਧਾਮੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਭਾਰਤ ਸਰਕਾਰ ਨੂੰ ਈਰਾਨ ਅਤੇ ਇਜ਼ਰਾਈਲ ਵਿਚ ਚੱਲ ਰਹੇ ਆਪਸੀ ਜੰਗ ਵਾਲੇ ਹਾਲਾਤ ਦੇ ਮੱਦੇਨਜ਼ਰ ਉੱਥੇ ਸਥਿਤ ਗੁਰਦੁਆਰਾ ਸਾਹਿਬਾਨ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਤੁਰੰਤ ਢੁੱਕਵੇਂ ਕਦਮ ਚੁੱਕਣ ਲਈ ਕਿਹਾ ਹੈ। ਐਡਵੋਕੇਟ ਧਾਮੀ ਨੇ ਜਾਰੀ ਇਕ ਬਿਆਨ ਵਿਚ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਿੱਖ ਕੌਮ ਲਈ ਸਰਵਉੱਚ ਹਨ, ਜਿਨ੍ਹਾਂ ਦਾ ਸਤਿਕਾਰ ਤੇ ਸੁਰੱਖਿਆ ਸਿੱਖ ਪੰਥ ਲਈ ਸਭ ਤੋਂ ਅਹਿਮ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਈਰਾਨ ਤੇ ਇਜ਼ਰਾਈਲ ਵਿਚ ਜੰਗ ਦੇ ਨਾਜ਼ੁਕ ਹਾਲਾਤ ਕਾਰਨ ਉਥੇ ਸਥਿਤ ਗੁਰਦੁਆਰਾ ਸਾਹਿਬਾਨ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣਾ ਸਰਕਾਰਾਂ ਦੀ ਜ਼ੁੰਮੇਵਾਰੀ ਹੈ। ਉਨ੍ਹਾਂ ਅੱਗੇ ਕਿਹਾ ਕਿ ਭਾਰਤ ਸਰਕਾਰ ਨੂੰ ਆਪਣੇ ਕੂਟਨੀਤਕ ਸਬੰਧਾਂ ਅਤੇ ਅੰਤਰਰਾਸ਼ਟਰੀ ਮੰਚਾਂ ਦੀ ਵਰਤੋਂ ਕਰਦਿਆਂ ਈਰਾਨ ਅਤੇ ਇਜ਼ਰਾਈਲ ਦੀਆਂ ਸਰਕਾਰਾਂ ਨਾਲ ਸੰਪਰਕ ਕਰਕੇ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਗੁਰਦੁਆਰਾ ਸਾਹਿਬਾਨ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਨੂੰ ਕਿਸੇ ਵੀ ਤਰ੍ਹਾਂ ਦਾ ਨੁਕਸਾਨ ਨਾ ਪਹੁੰਚੇ ਅਤੇ ਉਨ੍ਹਾਂ ਦਾ ਸਤਿਕਾਰ ਬਣਿਆ ਰਹੇ। ਇਸ ਦੇ ਨਾਲ ਹੀ ਐਡਵੋਕੇਟ ਧਾਮੀ ਨੇ ਈਰਾਨ ਅਤੇ ਇਜ਼ਰਾਈਲ ਵਿਚ ਵੱਸਦੇ ਸਿੱਖਾਂ ਨੂੰ ਅਪੀਲ ਕੀਤੀ ਕਿ ਉਹ ਸਥਾਨਕ ਸਰਕਾਰਾਂ ਅਤੇ ਸਬੰਧਤ ਅਧਿਕਾਰੀਆਂ ਨਾਲ ਸੰਪਰਕ ਕਰਕੇ ਗੁਰਦੁਆਰਾ ਸਾਹਿਬਾਨ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਇਸ ਮਾਮਲੇ 'ਤੇ ਨੇੜਿਓਂ ਨਜ਼ਰ ਰੱਖ ਰਹੀ ਹੈ ਅਤੇ ਭਾਰਤ ਸਰਕਾਰ ਤੋਂ ਉਮੀਦ ਕਰਦੀ ਹੈ ਕਿ ਇਸ ਸੰਵੇਦਨਸ਼ੀਲ ਮਾਮਲੇ 'ਤੇ ਤੁਰੰਤ ਕਾਰਵਾਈ ਕਰੇਗੀ।

# ਆਂਗਣਵਾੜੀ ਵਰਕਰ ਹੈਲਪਰ ਯੂਨੀਅਨ ਦਾ ਵਫਦ ਪੰਜਾਬ ਭਵਨ ਤੋਂ ਨਿਰਾਸ਼ ਹੋ ਕੇ ਮੁੜਿਆ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)-** ਸਰਵ ਆਂਗਣਵਾੜੀ ਵਰਕਰ ਹੈਲਪਰ ਯੂਨੀਅਨ ਦੀ ਸੂਬਾ ਪ੍ਰਧਾਨ ਬਰਿੰਦਰਜੀਤ ਕੌਰ ਛੀਨਾ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ ਇੱਕ ਵਾਰ ਫਿਰ ਸਰਕਾਰ ਦਾ ਚਿਹਰਾ ਬੇਨਕਾਬ ਹੋ ਗਿਆ ਹੈ।ਉਨ੍ਹਾਂ ਦੱਸਿਆ ਕਿ 13 ਜੂਨ ਨੂੰ ਸਰਵ ਆਂਗਣਵਾੜੀ ਵਰਕਰ ਹੈਲਪਰ ਯੂਨੀਅਨ ਵੱਲੋਂ ਲੁਧਿਆਣਾ ਪੱਛਮੀ ਵਿਖੇ ਪੰਜਾਬ ਸਰਕਾਰ ਦੀ ਵਾਅਦਾ ਖਿਲਾਫੀ ਵਿਰੁੱਧ ਵਿਸ਼ਾਲ ਧਰਨਾ ਪ੍ਰਦਰਸ਼ਨ ਕੀਤਾ ਗਿਆ ਸੀ, ਜਿਥੇ ਕਿ ਜ਼ਿਮਨੀ ਚੋਣ ਹੋਣ ਜਾ ਰਹੀ ਹੈ, ਉਥੇ ਹਜ਼ਾਰਾਂ ਆਗਣਵਾੜੀ ਵਰਕਰਾਂ ਅਤੇ ਹੈਲਪਰਾਂ ਨੇ ਅਤਿ ਦੀ ਗਰਮੀ ਵਿੱਚ ਰੋਡ ਜਾਮ ਕੀਤਾ।ਲੁਧਿਆਣਾ ਦੇ ਵਿਧਾਇਕ ਮਨਜਿੰਦਰ ਸਿੰਘ ਗਿਆਸਪੁਰਾ ਨੇ ਉਥੇ ਆ ਕੇ ਯੂਨੀਅਨ ਦੀ ਸੂਬਾ ਪ੍ਰਧਾਨ ਬਰਿੰਦਰਜੀਤ ਕੌਰ ਨੂੰ ਮੁੱਖ ਮੰਤਰੀ ਨਾਲ ਮੀਟਿੰਗ ਕਰਨ ਦਾ ਸਮਾਂ ਦਿੱਤਾ।ਉਨ੍ਹਾਂ ਵੱਲੋਂ ਇੱਕ ਪੱਤਰ ਜਾਰੀ ਕਰਵਾ ਕੇ 18 ਜੂਨ ਦੀ ਮੀਟਿੰਗ ਦਾ ਸਮਾਂ ਦਿੱਤਾ ਗਿਆ।ਪਰ ਜਦੋਂ 18 ਜੂਨ ਨੂੰ ਉਹ (ਯੂਨੀਅਨ ਦੇ ਪ੍ਰਧਾਨ ਬਰਿੰਦਰਜੀਤ ਕੌਰ) ਆਪਣੇ ਚਾਰ ਮੈਂਬਰੀਂ ਵਫਦ ਦੇ ਨਾਲ ਮੀਟਿੰਗ ਲਈ ਪੰਜਾਬ ਭਵਨ ਵਿਖੇ ਪਹੁੰਚੇ ਤਾਂ ਉਨ੍ਹਾਂ ਨੂੰ ਇਹ ਦੱਸਿਆ ਗਿਆ ਕਿ ਮੀਟਿੰਗ ਰੁਝੇਵਿਆ ਕਰਕੇ ਕੈਂਸਲ ਕਰ ਦਿੱਤੀ ਗਈ ਹੈ। ਸੂਬਾ ਪ੍ਰਧਾਨ ਬਰਿੰਦਰ ਜੀਤ ਕੌਰ ਨੇ ਕਿਹਾ ਕਿ ਸਰਕਾਰ ਸਾਡੇ ਤਿੰਨਾਂ ਸਾਲਾਂ ਤੋਂ ਸਾਨੂੰ ਖੱਜਲ ਖੁਆਰ ਕਰ ਰਹੀ ਹੈ।ਮੁੱਖ ਮੰਤਰੀ ਪੰਜਾਬ ਵਾਰ ਵਾਰ ਮੀਟਿੰਗ ਤੋਂ ਮੁੱਕਰ ਰਹੇ ਹਨ।ਉਨ੍ਹਾਂ ਵੱਲੋਂ ਸਰਕਾਰ ਬਣਨ ਤੋਂ ਪਹਿਲਾਂ ਵਾਅਦਾ ਕੀਤਾ ਸੀ ਕਿ ਵਰਕਰਾਂ ਹੈਲਪਰਾਂ ਦਾ ਮਾਣ ਭੱਤਾ ਦੁੱਗਣਾ ਕੀਤਾ ਜਾਵੇਗਾ।ਮਾਨ ਸਰਕਾਰ ਕੋਲੋਂ ਜਥੇਬੰਦੀ ਨੇ ਮੰਗ ਕੀਤੀ ਕਿ ਨਵੀਂ ਸਿੱਖਿਆ ਨੀਤੀ ਲਾਗੂ ਕੀਤੀ ਜਾਵੇ ਅਤੇ ਵਰਕਰ ਨੂੰ ਪ੍ਰੀ ਨਰਸਰੀ ਟੀਚਰ ਦਾ ਦਰਜਾ ਦਿੱਤਾ ਜਾਵੇ,17 ਮਹੀਨਿਆਂ ਦਾ ਬਕਾਇਆ ਜਾਰੀ ਕੀਤਾ ਜਾਵੇ, ਮੋਬਾਈਲ ਫੋਨ ਦਿੱਤੇ ਜਾਣ, ਸਰਕਾਰ ਵੱਲੋਂ ਮੋਬਾਈਲ ਨਾ ਦੇਣ ਦੀ ਸੂਰਤ ਵਿੱਚ ਐੱਫਆਰਐੱਸ ਤੇ ਆਨਲਾਈਨ ਕੰਮ ਦਾ ਪੂਰਨ ਤੌਰ 'ਤੇ ਬਾਈਕਟ ਕੀਤਾ ਜਾਵੇਗਾ, ਆਂਗਣਵਾੜੀ ਵਰਕਰ ਹੈਲਪਰ ਦੀ ਬਦਲੀ ਅਤੇ ਖਾਲੀ ਅਸਾਮੀਆਂ ਨੂੰ ਤੁਰੰਤ ਭਰਿਆ ਜਾਵੇ, ਸੁਪਰਵਾਈਜ਼ਰ ਦੀ ਭਰਤੀ ਵਿੱਚ ਵਿਦਿਅਕ ਯੋਗਤਾ ਨੂੰ ਵਿਚਾਰਿਆ ਜਾਵੇ ਪਰ ਸਾਡੇ ਤਿੰਨਾਂ ਸਾਲ ਬੀਤ ਜਾਣ ਤੇ ਵੀ ਉਨ੍ਹਾਂ ਵੱਲੋਂ ਕੋਈ ਵਾਦਾ ਪੂਰਾ ਨਹੀਂ ਕੀਤਾ ਗਿਆ।ਇਸਦਾ ਖੁਲਾਸਾ ਸੂਬਾ ਪ੍ਰਧਾਨ ਬਰਿੰਦਰਜੀਤ ਕੌਰ ਅਤੇ ਚਾਰ ਮੈਂਬਰੀ ਕਮੇਟੀ ਦੇ ਮੈਂਬਰ ਜਨਰਲ ਸਕੱਤਰ ਹਰਪ੍ਰੀਤ ਕੌਰ, ਮਧੂ ਕੁਮਾਰੀ, ਸਤਵਿੰਦਰ ਕੌਰ ਨੇ ਕੀਤਾ।ਅੱਜ ਫਿਰ ਮੁੱਖ ਮੰਤਰੀ ਮੀਟਿੰਗ ਤੋਂ ਮੁੱਕਰ ਗਏ।ਜੇਕਰ ਜਲਦੀ ਹੀ ਮੀਟਿੰਗ ਦਾ ਸਮਾਂ ਦੁਬਾਰਾ ਨਹੀਂ ਦਿੱਤਾ ਗਿਆ ਤਾਂ ਯੂਨੀਅਨ ਵੱਲੋਂ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ।

# ਰਾਮ ਸਿੰਘ ਘਾਲਾ ਮਾਲਾ ਚੌਕ 'ਚ ਸਾਈਨ ਬੋਰਡ ਲਗਾਉਣ ਦੀ ਮੰਗ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-** ਨਗਰ ਨਿਗਮ ਅੰਮ੍ਰਿਤਸਰ ਵੱਲੋਂ ਸ਼ਹਿਰ ਵਿੱਚ ਕਰੋੜਾਂ ਦੇ ਵਿਕਾਸ ਕੰਮ ਕਰਵਾਉਣ ਲਈ ਦਾਅਵੇ ਕੀਤੇ ਜਾ ਰਹੇ ਹਨ ਪਰ ਬੇਨਤੀ ਪੱਤਰ ਦੇਣ ਦੇ ਬਾਵਜੂਦ ਦੋ ਸਾਲ ਬਾਅਦ ਵੀ ਰਾਮ ਸਿੰਘ ਘਾਲਾ ਮਾਲਾ ਚੌਕ ਵਿੱਚ ਸਾਈਨ ਬੋਰਡ ਨਹੀਂ ਲੱਗੇ। ਪ੍ਰੈੱਸ ਨੂੰ ਜਾਣਕਾਰੀ ਦਿੰਦਿਆ ਕਰਮਜੀਤ ਸਿੰਘ ਕੇ ਪੀ ਪ੍ਰਧਾਨ ਦੇਸ਼ ਭਗਤ ਰਾਮ ਸਿੰਘ ਘਾਲਾ ਮਾਲਾ ਯਾਦਗਾਰ ਕਮੇਟੀ ਅਤੇ ਜਨਰਲ ਸਕੱਤਰ ਪੰਜਾਬ ਫਰੀਡਮ ਫਾਈਟਰ ਉੱਤਰਾਧਿਕਾਰੀ ਸੰਗਠਨ ਨੇ ਕਿਹਾ 25-08-2023 ਨੂੰ ਯਾਦਗਾਰ ਕਮੇਟੀ ਵੱਲੋਂ ਲਿਖਤੀ ਪੱਤਰ ਦੇ ਕੇ ਸਾਈਨ ਬੋਰਡ ਲਗਾਉਣ ਲਈ ਮੰਗ ਕੀਤੀ ਗਈ। ਫਿਰ ਕਮਿਸ਼ਨਰ ਡਾਇਰੀ ਨੰ. 3583 ਮਿਤੀ 25-7-2024 ਨੂੰ ਸਾਈਨ ਬੋਰਡ ਲਗਾਉਣ ਲਈ ਰਿਮਾਈਂਡਰ ਦਿੱਤਾ ਗਿਆ। ਪਰ ਅੱਜ ਤੱਕ ਕੋਈ ਕਾਰਵਾਈ ਅਮਲ ਵਿੱਚ ਨਹੀਂ ਆਈ। ਇਸ ਇਨਕਲਾਬੀ ਕਹਾਉਣ ਵਾਲੀ ਆਮ ਆਦਮੀ ਪਾਰਟੀ ਤੇ ਅਫਸਰਸ਼ਾਹੀ ਭਾਰੂ ਹੈ।



ਦੇਸ਼ ਭਗਤ ਰਾਮ ਸਿੰਘ ਘਾਲਾ ਮਾਲਾ ਨੇ ਦੇਸ਼ ਦੀ ਆਜ਼ਾਦੀ ਲਈ ਸਾਢੇ ਅੱਠ ਸਾਲ ਕੈਦ ਕੱਟੀ ਸੀ। ਉਨ੍ਹਾਂ ਦੀ ਮਜੀਠਾ ਰੋਡ ਵਿਖੇ ਦੇਸ਼ ਭਗਤ ਰਾਮ ਸਿੰਘ ਘਾਲਾ ਮਾਲਾ ਦੀ ਬਣੀ ਯਾਦਗਾਰ ਦਾ ਹਾਲ ਬਦ ਤੋਂ ਬਦਤਰ ਹੋਇਆ ਪਿਆ ਹੈ। ਸਾਫ ਸਫਾਈ ਨਾ ਹੋਣ ਕਾਰਨ ਲੋਕਾਂ ਅਤੇ ਦੁਕਾਨਦਾਰਾਂ ਨੂੰ ਪ੍ਰੇਸ਼ਾਨੀ ਦਾ ਸਾਮਹਣਾ ਕਰਨਾ ਪੈ ਰਿਹਾ ਹੈ। ਕਮਿਸ਼ਨਰ ਨਗਰ ਨਿਗਮ ਅੰਮ੍ਰਿਤਸਰ ਨੂੰ ਯਾਦਗਾਰ ਕਮੇਟੀ ਬੇਨਤੀ ਕਰਦੀ ਹੈ ਕਿ ਇਸ ਜਗ੍ਹਾ ਨੂੰ ਸਾਫ ਸੁੱਥਰਾ ਰੱਖਿਆ ਜਾਵੇ ਅਤੇ ਜਲਦੀ ਤੋਂ ਜਲਦੀ ਦੇਸ਼ ਭਗਤ ਰਾਮ ਸਿੰਘ ਘਾਲਾ ਮਾਲਾ ਚੌਂਕ ਦੇ ਸਾਈਨ ਬੋਰਡ ਲਗਵਾਏ ਜਾਣ।

# ਜਿਪਸਮ ਨੂੰ ਜਿਪਸਮ ਦੇ ਤੌਰ 'ਤੇ ਹੀ ਵੇਚਿਆ ਜਾਵੇ ਨਾ ਕਿ ਸਿੰਗਲ ਸੁਪਰ ਫਸਫੇਟ ਦੇ ਤੌਰ 'ਤੇ : ਮੁੱਖ ਖੇਤੀਬਾੜੀ ਅਫਸਰ

**ਬਟਾਲਾ (ਡਾ. ਮਲਵਿੰਦਰ ਸਿੰਘ)-** ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਕਿਸਾਨਾਂ ਨੂੰ ਮਿਆਰੀ ਖੇਤੀ ਸਮੱਗਰੀ ਖਾਸ ਕਰਕੇ ਹਾੜ੍ਹੀ ਦੀਆਂ ਫਸਲਾਂ ਦੀ ਕਾਸ਼ਤ ਲਈ ਲੋੜੀਂਦੀਆਂ ਖਾਦਾਂ ਮੁਹੱਈਆ ਕਰਵਾਉਣ ਦੇ ਮੰਤਵ ਲਈ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਜਿਲ੍ਹਾ ਗੁਰਦਾਸਪੁਰ ਵਿੱਚ ਵਿਸ਼ੇਸ਼ ਮੁਹਿੰਮ ਸ਼ੁਰੂ ਕੀਤੀ ਗਈ ਹੈ। ਜਿਸ ਤਹਿਤ ਜ਼ਿਲ੍ਹਾ ਪੱਧਰੀ ਟੀਮ ਵਲੋਂ ਬਲਾਕ ਦੀਨਾਨਗਰ ਅਤੇ ਕਾਹਨੂੰਵਾਨ ਦੇ ਪੇਂਡੂ ਖੇਤਰਾਂ ਵਿਚ ਖਾਦ ਵਿਕ੍ਰੇਤਾਵਾਂ ਦੀਆਂ ਦੁਕਾਨਾਂ ਅਤੇ ਗੋਦਾਮਾਂ ਦੀ ਚੈਕਿੰਗ ਕੀਤੀ ਗਈ ਤਾਂ ਜੋ ਯੂਰੀਆ ਖਾਦ ਦੀ ਕਾਲਾਬਜ਼ਾਰੀ ਜਾਂ ਜਮ੍ਹਾਂਖੋਰੀ ਨੂੰ ਰੋਕਿਆ ਜਾ ਸਕੇ। ਇਸ ਟੀਮ ਦੀ ਅਗਵਾਈ ਡਾ. ਅਮਰੀਕ ਸਿੰਘ ਮੁੱਖ ਖੇਤੀਬਾੜੀ ਅਫਸਰ ਨੇ ਕੀਤੀ ਅਤੇ ਟੀਮ ਵਿਚ ਡਾ. ਸ਼ਾਹਬਾਜ਼ ਸਿੰਘ ਚੀਮਾ ਖੇਤੀਬਾੜੀ ਅਫਸਰ, ਡਾ. ਅੰਮ੍ਰਿਤਪਾਲ ਸਿੰਘ, ਡਾ. ਜੋਬਨਜੀਤ ਸਿੰਘ ਸਿੰਘ ਖੇਤੀਬਾੜੀ ਵਿਕਾਸ ਅਫਸਰ, ਗੁਰਸੇਵਕ ਸਿੰਘ ਅਤੇ ਸ਼ੁਭਪ੍ਰੀਤ ਸਿੰਘ ਸ਼ਾਮਿਲ ਸਨ। ਗੱਲਬਾਤ ਕਰਦਿਆਂ ਮੁੱਖ ਖੇਤੀਬਾੜੀ ਅਫਸਰ ਡਾ. ਅਮਰੀਕ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਵਿਚ ਝੋਨੇ ਦੀ ਲਵਾਈ ਦਾ ਕੰਮ ਪੂਰੇ ਜ਼ੋਰਾਂ ਸ਼ੋਰਾਂ ਨਾਲ ਚਲ ਰਿਹਾ ਹੈ ਜੋ ਅਗਲੇ ਕੁਝ ਦਿਨਾਂ ਦੌਰਾਨ ਮੁਕੰਮਲ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਸਰਕਾਰ ਵਲੋਂ ਨਿਰਧਾਰਿਤ ਮੁੱਲ ਤੇ ਖੇਤੀ ਸਮੱਗਰੀ ਖਾਸ ਕਰਕੇ ਖਾਦਾਂ ਉਪਲਬਧ ਕਰਵਾਉਣ ਲਈ ਚਲਾਈ ਜਾ ਰਹੀ ਮੁਹਿੰਮ ਤਹਿਤ ਖਾਦ ਵਿਕ੍ਰੇਤਾਵਾਂ ਦੇ ਕਾਰੋਬਾਰ ਨਾਲ ਸਬੰਧਤ ਦੁਕਾਨਾਂ ਅਤੇ ਗੁਦਾਮਾਂ ਦੀ ਚੈਕਿੰਗ ਤੋਂ ਇਲਾਵਾ ਕਾਗਜਾਤ ਦੀ ਵੀ ਚੈਕਿੰਗ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਕਿਸਾਨਾਂ ਵਲੋਂ ਆਮ ਕਰਕੇ ਮਿੱਟੀ ਦੀ ਸਿਹਤ ਸੁਧਾਰਨ ਲਈ ਜਿਪਸਮ ਦੀ ਵਰਤੋਂ ਕੀਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਜਿਪਸਮ ਇੱਕ ਨਰਮ ਸਲਫੇਟ ਖਣਿਜ ਹੈ ਜੋ ਮੁੱਖ ਤੌਰ 'ਤੇ ਕੈਲਸ਼ੀਅਮ ਸਲਫੇਟ ਡਾਈਹਾਈਡ੍ਰੇਟ ਤੋਂ ਬਣਿਆ ਹੁੰਦਾ ਹੈ। ਇਹ ਆਮ ਕਰਕੇ ਖੇਤੀਬਾੜੀ ਵਿੱਚ ਕਲਰ ਵਾਲੀਆਂ ਜਮੀਨਾਂ ਦਾ ਸੁਧਾਰ ਕਰਨ ਲਈ ਵਿਆਪਕ ਤੌਰ ਤੇ ਵਰਤਿਆ ਜਾਂਦਾ ਰਿਹਾ ਹੈ। ਉਨ੍ਹਾਂ ਸਮੂਹ ਖਾਦ ਵਿਕ੍ਰੇਤਾਵਾਂ, ਸਕੱਤਰ ਸਹਿਕਾਰੀ ਸਭਾਵਾਂ ਨੂੰ ਕਿਹਾ ਕਿ ਜਿਪਸਮ ਨੂੰ ਜਿਪਸਮ ਦੇ ਤੌਰ 'ਤੇ ਹੀ ਵੇਚਿਆ ਜਾਵੇ ਨਾ ਕਿ ਸਿੰਗਲ ਸੁਪਰ ਫਾਸਫੇਟ ਦੇ ਤੌਰ 'ਤੇ। ਉਨ੍ਹਾਂ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਜੇਕਰ ਕਣਕ ਦੀ ਫਸਲ ਨੂੰ ਡੀਏਪੀ ਦੀ ਪੂਰੀ ਖੁਰਾਕ ਪਾਈ ਗਈ ਸੀ ਤਾਂ ਝੋਨੇ ਦੀ ਫਸਲ ਨੂੰ ਡੀਏਪੀ ਜਾਂ ਸੁਪਰ ਫਾਸਫੇਟ ਪਾਉਣ ਦੀ ਜ਼ਰੂਰਤ ਨਹੀਂ। ਖਾਦ ਵਿਕ੍ਰੇਤਾਵਾਂ ਜਾਂ ਸਹਿਕਾਰੀ ਸਭਾਵਾਂ ਤੋਂ ਜ਼ਰੂਰਤ ਅਨੁਸਾਰ ਸਿੰਗਲ ਸੁਪਰ ਫਾਸਫੇਟ ਜਾਂ ਡੀਏਪੀ ਹੀ ਖਰੀਦੀ ਜਾਵੇ। ਜੇਕਰ ਕੋਈ ਦੁਕਾਨਦਾਰ/ਸਕੱਤਰ ਸਹਿਕਾਰੀ ਸਭਾ ਧੱਕੇ ਨਾਲ ਜਿਪਸਮ ਦਿੰਦਾ ਹੈ ਤਾਂ ਲਿਖਤੀ ਰੂਪ ਵਿਚ ਬਲਾਕ ਖੇਤੀਬਾੜੀ ਜਾਂ ਮੁੱਖ ਖੇਤੀਬਾੜੀ ਅਫਸਰ ਨੂੰ ਸ਼ਿਕਾਇਤ ਭੇਜੀ ਜਾ ਸਕਦੀ ਹੈ।



# ਵਿਸ਼ਵ ਯੋਗ ਦਿਵਸ ਮੌਕੇ ਜੇਐੱਮਕੇ ਇੰਟਰਨੈਸ਼ਨਲ ਸਕੂਲ 'ਚ ਲੱਗਾ ਯੋਗਾ ਕੈਂਪ




**ਪਠਾਨਕੋਟ (ਦਵਿੰਦਰ ਸਿੰਘ)-** ਅੰਤਰਰਾਸ਼ਟਰੀ ਯੋਗ ਦਿਵਸ ਦੇ ਮੌਕੇ ਜੇਐੱਮਕੇ ਇੰਟਰਨੈਸ਼ਨਲ ਸਕੂਲ ਵਿੱਚ ਪ੍ਰਿੰਸੀਪਲ ਨੀਤੀ ਕੋਚਰ ਦੀ ਅਗਵਾਈ ਵਿੱਚ ਯੋਗ ਕੈਂਪ ਦਾ ਆਯੋਜਨ ਕੀਤਾ ਗਿਆ।ਇਸ ਯੋਗ ਕੈਂਪ ਵਿੱਚ ਸਕੂਲ ਦੇ ਸਾਰੇ ਮੈਂਬਰਾਂ ਅਤੇ ਮਾਪਿਆਂ ਨੇ ਯੋਗ ਇੰਸਟ੍ਰਕਟਰਾਂ ਦੇ ਨਾਲ ਯੋਗ ਕੀਤਾ।ਇਸ ਪ੍ਰੋਗਰਾਮ ਦਾ ਆਯੋਜਨ ਬੱਚਿਆਂ, ਅਧਿਆਪਕਾਂ ਅਤੇ ਸ਼ਹਿਰਵਾਸੀਆਂ ਨੂੰ ਯੋਗ ਦੇ ਪ੍ਰਤੀ ਜਾਗਰੂਕ ਕਰਨ ਦੇ ਉਦੇਸ਼ ਨਾਲ ਕੀਤਾ ਗਿਆ ਸੀ। ਇਸ ਮੌਕੇ ਯੋਗ ਇੰਸਟ੍ਰਕਟਰ ਅਤੇ ਆਰਟ ਆਫ਼ ਲਿਵਿੰਗ ਦੇ ਟੀਚਰ ਦੀਪਕ ਸ਼ਰਮਾ, ਯੋਗ ਇੰਸਟ੍ਰਕਟਰ ਹਿਮਾਂਸ਼ੂ ਡੋਗਰਾ ਅਤੇ ਯੋਗ ਇੰਸਟ੍ਰਕਟਰ ਕਾਸ਼ਿਸ਼ ਨੇ ਯੋਗ ਦੇ ਮਹੱਤਵ ਬਾਰੇ ਸਿਖਾਇਆ।ਉਨ੍ਹਾਂ ਨੇ ਦੱਸਿਆ ਕਿ ਯੋਗ ਦੁਆਰਾ ਸਰੀਰ ਦੇ ਸੰਤੁਲਨ ਨੂੰ ਸਹੀ ਰੱਖਿਆ ਜਾ ਸਕਦਾ ਹੈ।ਸ਼ੁਰੂਆਤ ਓਮ ਅਤੇ ਗਾਇਤਰੀ ਮੰਤਰ ਦੇ ਉਚਾਰਨ ਨਾਲ ਹੋਈ।ਇਸ ਤੋਂ ਬਾਅਦ ਯੋਗ ਇੰਸਟ੍ਰਕਟਰਾਂ ਨੇ ਸਾਰਿਆਂ ਨੂੰ ਵੱਖ-ਵੱਖ ਆਸਣਾਂ ਅਤੇ ਪ੍ਰਾਣਾਯਾਮ ਬਾਰੇ ਜਾਣਕਾਰੀ ਦਿੱਤੀ ਅਤੇ ਇਨ੍ਹਾਂ ਦੇ ਫਾਇਦੇ ਬਾਰੇ ਵੀ ਦੱਸਿਆ।ਸਕੂਲ ਦੀ ਪ੍ਰਿੰਸੀਪਲ ਨੀਤੀ ਕੋਚਰ ਨੇ ਕਿਹਾ ਕਿ ਸਿਹਤਮੰਦ ਜੀਵਨ ਜੀਣ ਲਈ ਯੋਗ ਦਾ ਅਭਿਆਸ ਰੋਜ਼ਾਨਾ ਕਰਨਾ ਚਾਹੀਦਾ ਹੈ। ਯੋਗ ਸਾਨੂੰ ਸਰੀਰਕ ਅਤੇ ਮਾਨਸਿਕ ਤੌਰ 'ਤੇ ਸਿਹਤਮੰਦ ਅਤੇ ਤਣਾਅ-ਮੁਕਤ ਰੱਖਦਾ ਹੈ।ਸਕੂਲ ਪ੍ਰਬੰਧਨ ਨੇ ਯੋਗ ਸ਼ਿਵਰ ਨੂੰ ਸਫਲ ਬਣਾਉਣ ਲਈ ਸਾਰੇ ਯੋਗ ਇੰਸਟ੍ਰਕਟਰਾਂ ਦਾ ਧੰਨਵਾਦ ਕੀਤਾ।ਇਸ ਮੌਕੇ ਸਕੂਲ ਪ੍ਰਬੰਧਨ ਸਮੇਤ ਸਾਰੇ ਸਟਾਫ਼ ਮੈਂਬਰ ਮੌਜੂਦ ਸਨ।

# 15 ਗ੍ਰਾਮ ਹੈਰੋਇਨ ਸਮੇਤ 2 ਨਸ਼ਾ ਤਸਕਰ ਕਾਬੂ, ਮਾਮਲਾ ਦਰਜ

**ਗੁਰਦਾਸਪੁਰ (ਜਨਕ ਮਹਾਜਨ)-** ਥਾਣਾ ਪੁਰਾਣਾ ਸ਼ਾਲਾ ਪੁਲਿਸ ਨੇ ਨਸ਼ਾ ਤਸਕਰਾਂ ਖ਼ਿਲਾਫ਼ ਵਿਢੀ ਮੁਹਿੰਮ ਤਹਿਤ ਕਾਰਵਾਈ ਕਰਦਿਆਂ ਇਕ ਨਸ਼ਾ ਤਸਕਰ ਨੂੰ ਨਸ਼ੇ ਸਮੇਤ ਕਾਬੂ ਕੀਤੇ ਉਸ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਸ਼ਾਲਾ ਪੁਲਸ ਦੇ ਏਐੱਸਆਈ ਗੁਰਨਾਮ ਸਿੰਘ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਗਸਤ ਦੌਰਾਨ ਬੀਬੀ ਸੁੰਦਰੀ ਗੁਰਦੁਆਰਾ ਸਾਹਿਬ ਮੋੜ ਤੋਂ ਅਨੁਰਾਗ ਪੁੱਤਰ ਸ਼ਮਸ਼ੇਰ ਸਿੰਘ ਵਾਸੀ ਸੈਦੋਵਾਲ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਪਾਸੋਂ ਬਰਾਮਦ ਮੋਮੀ ਲਿਫਾਫੇ ਨੂੰ ਚੈੱਕ ਕੀਤਾ ਜਿਸ ਵਿਚੋਂ 9 ਗ੍ਰਾਮ ਹੈਰੋਇਨ ਬਰਾਮਦ ਹੋਈ ਹੈ। ਇਸੇ ਤਰ੍ਹਾਂ ਸਿਟੀ ਗੁਰਦਾਸਪੁਰ ਦੇ ਏਐੱਸਆਈ ਜਗਜੀਤ ਸਿੰਘ ਨੇ ਸਮੇਤ ਪੁਲਸ ਪਾਰਟੀ ਨੀਰਜ ਪੁੱਤਰ ਸ਼ਾਮ ਲਾਲ ਵਾਸੀ ਸ਼ਹਿਜ਼ਾਦਾ ਨੰਗਲ ਗੁਰਦਾਸਪੁਰ ਨੂੰ ਸ਼ੱਕ ਦੇ ਆਧਾਰ 'ਤੇ ਮੋਮੀ ਲਿਫਾਫੇ ਸਮੇਤ ਕਾਬੂ ਕਰਕੇ ਉਸ ਪਾਸੋਂ ਬ੍ਰਾਮਦ ਮੋਮੀ ਲਿਫਾਫੇ ਨੂੰ ਚੈੱਕ ਕੀਤਾ ਜਿਸ ਵਿਚੋਂ 6 ਗਰਾਮ ਹੈਰੋਇਨ ਬਰਾਮਦ ਹੋਈ ਹੈ। ਪੁਲਸ ਨੇ ਇਨ੍ਹਾਂ ਦੋਵਾਂ ਨਸ਼ਾ ਤਸਕਰਾਂ ਖ਼ਿਲਾਫ਼ ਐੱਨਡੀਪੀਐੱਸ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਬੀਬੀ ਕੌਲਾਂ ਜੀ ਹਸਪਤਾਲ ਫਤਿਹਗੜ੍ਹ ਚੂੜੀਆਂ ਵਿਖੇ ਸਾਹ ਰੋਗਾਂ ਦਾ ਬਰੌਂਕੋਸਕੋਪੀ ਨਾਲ ਇਲਾਜ ਸ਼ੁਰੂ

**ਫਤਿਹਗੜ੍ਹ ਚੂੜੀਆਂ (ਜੇ. ਐੱਸ. ਮਾਨ)-** ਬੀਬੀ ਕੌਲਾਂ ਜੀ ਹਸਪਤਾਲ ਫਤਿਹਗੜ੍ਹ ਚੂੜੀਆਂ ਵਿਖੇ ਡਾਕਟਰ ਗਗਨਦੀਪ ਕੌਰ ਫੇਫੜਿਆਂ ਦੇ ਰੋਗਾਂ ਦੇ ਮਾਹਿਰ ਬਤੌਰ ਇੰਚਾਰਜ ਛਾਤੀ ਅਤੇ ਟੀ ਬੀ ਰੋਗਾਂ ਨੇ ਬੀਬੀ ਕੌਲਾਂ ਜੀ ਵਿਖੇ ਜੁਆਇਨ ਕੀਤਾ ।ਇਸ ਮੌਕੇ ਹਸਪਤਾਲ ਪ੍ਰਬੰਧਕ ਡਾ. ਅਮਰਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਡਾ. ਗਗਨਦੀਪ ਕੌਰ ਨੇ ਬਤੌਰ ਪ੍ਰਮੁੱਖ ਛਾਤੀ, ਟੀ ਬੀ ਰੋਗਾਂ ਨੇ ਬੀਬੀ ਕੌਲਾਂ ਜੀ ਹਸਪਤਾਲ ਵਿਖੇ ਆਪਣੀ ਓਪੀਡੀ ਸ਼ੁਰੂ ਕਰਨ ਤੇ ਉਨ੍ਹਾਂ ਦਾ ਧੰਨਵਾਦ ਕੀਤਾ ਅਤੇ ਉਨ੍ਹਾਂ ਨੇ ਦੱਸਿਆ ਕਿ ਡਾ. ਗਗਨਦੀਪ ਕੌਰ ਪਹਿਲਾਂ ਪ੍ਰਮੁੱਖ ਵੱਖ-ਵੱਖ ਹਸਪਤਾਲਾਂ ਵਿੱਚ ਸੇਵਾ ਨਿਭਾ ਚੁੱਕੇ ਹਨ ਅਤੇ ਹੁਣ ਬੀਬੀ ਕੌਲਾਂ ਜੀ ਸੋਸਾਇਟੀ ਅਤੇ ਖਾਲਸਾ ਏਡ ਨਾਲ ਮਿਲ ਕੇ ਇੱਥੇ ਸੇਵਾਵਾਂ ਨਿਭਾਉਣਗੇ ।ਇਸ ਮੌਕੇ ਡਾ. ਗਗਨਦੀਪ ਕੌਰ ਨੇ ਦੱਸਿਆ ਕਿ ਪੇਂਡੂ ਖੇਤਰ ਵਿੱਚ ਟੀ. ਬੀ. ਫੇਫੜੇ ਦਾ ਸੁੰਗੜਨਾ, ਨਿਮੋਨੀਆ, ਫੇਫੜਿਆਂ ਵਿੱਚ ਪਾਣੀ ਭਰ ਜਾਣ ਦੇ ਕੇਸ ਬਹੁਤ ਹਨ ਪਰ ਜ਼ਿਲ੍ਹਾ ਗੁਰਦਾਸਪੁਰ ਵਿੱਚ ਫੇਫੜਿਆਂ ਦੇ ਜ਼ਿਆਦਾ ਡਾਕਟਰ ਨਾ ਹੋਣ ਕਾਰਨ ਮਰੀਜ਼ਾਂ ਨੂੰ ਅੰਮ੍ਰਿਤਸਰ ਜਾਂ ਕਿਸੇ ਹੋਰ ਸ਼ਹਿਰ ਵਿੱਚ ਜਾਣਾ ਪੈਂਦਾ ਸੀ।ਹੁਣ ਫੇਫੜਿਆਂ ਦੇ ਸਾਰੇ ਹੀ ਰੋਗਾਂ ਅਤੇ ਉਨ੍ਹਾਂ ਦੇ ਕੀਤੇ ਜਾਣ ਵਾਲੇ ਇਲਾਜ ਜਿਵੇਂ ਕਿ ਦੂਰਬੀਨ ਰਾਹੀਂ ਫੇਫੜਿਆਂ ਦੀ ਜਾਂਚ ਅਤੇ ਇਲਾਜ (ਬਰੌਂਕੋਸਕੋਪੀ), ਛਾਤੀ ਵਿੱਚ ਟਿਊਬ ਪਾਉਣਾ, ਜੰਮਿਆ ਹੋਇਆ ਰੇਸ਼ਾ ਕੱਢਣਾ, ਸੂਈ ਰਾਹੀਂ ਗਲੇ ਦੀਆਂ ਗਿਲਟੀਆਂ ਦੀ ਜਾਂਚ, ਘਰਾੜਿਆਂ ਦੀ ਜਾਂਚ ਦਾ ਇਲਾਜ ਆਦਿ ਸਭ ਕੁਝ ਬੀਬੀ ਕੌਲਾਂ ਜੀ ਹਸਪਤਾਲ ਫਤਿਹਗੜ੍ਹ ਚੂੜੀਆਂ ਵਿਖੇ ਸ਼ੁਰੂ ਕੀਤਾ ਗਿਆ ਹੈ।ਇਸ ਮੌਕੇ ਬੀਬੀ ਕੌਲਾਂ ਜੀ ਸੋਸਾਇਟੀ ਦੇ ਵੱਖ-ਵੱਖ ਮੈਂਬਰਾਂ ਨੇ ਡਾ. ਗਗਨਦੀਪ ਕੌਰ ਦਾ ਹਸਪਤਾਲ ਵਿਖੇ ਜੁਆਇਨ ਕਰਨ 'ਤੇ ਸਵਾਗਤ ਕੀਤਾ। ਇਥੇ ਸ਼ੁਰੂ ਹੋਈ ਇਹ ਸਹੂਲਤ ਸਿਰਫ ਗੁਰਦਾਸਪੁਰ ਹੀ ਨਹੀਂ ਸਗੋਂ ਨਾਲ ਲੱਗਦੇ ਇਲਾਕਿਆਂ ਅਤੇ ਜੰਮੂ ਕਸ਼ਮੀਰ ਤੱਕ ਵੀ ਮਰੀਜ਼ਾਂ ਨੂੰ ਲਾਭ ਪਹੁੰਚਾਵੇਗੀ।ਇਥੇ ਪਹਿਲੀ ਵਾਰ ਬੱਚਿਆਂ ਦੀ ਦੂਰਬੀਨ ਰਾਹੀਂ ਬਰੌਂਕੋਸਕੋਪੀ ਦੀ ਜਾਂਚ ਸ਼ੁਰੂ ਕੀਤੀ ਜਾ ਰਹੀ ਹੈ ਜੋ ਕਿ ਪਹਿਲਾਂ ਚੰਡੀਗੜ੍ਹ ਜਾਂ ਲੁਧਿਆਣੇ ਹੁੰਦੀ ਸੀ।ਇਸ ਮੌਕੇ ਇਹ ਵੀ ਦੱਸਿਆ ਗਿਆ ਕਿ ਬੀਬੀ ਕੌਲਾ ਜੀ ਹਸਪਤਾਲ, ਖਾਲਸਾ ਏਡ ਨਾਲ ਮਿਲ ਕੇ 5 ਹਜ਼ਾਰ ਤੋਂ ਵੱਧ ਮੁਫਤ ਡਾਇਲਸਿਸ ਕਰ ਚੁੱਕੇ ਹਨ ਅਤੇ ਗੁਰਦਿਆਂ ਦੇ ਮਰੀਜ਼ ਇਸ ਸੁਵਿਧਾ ਦਾ ਭਰਪੂਰ ਲਾਭ ਉਠਾ ਰਹੇ ਹਨ।



# ਪੁਲਸ ਵੱਲੋਂ ਥਾਣਾ ਸੇਖਵਾਂ ਵਿਖੇ ਲੋਕ ਜਾਗਰੂਕਤਾ ਸੈਮੀਨਾਰ ਆਯੋਜਿਤ



**ਬਟਾਲਾ (ਡਾ. ਮਲਵਿੰਦਰ ਸਿੰਘ)-** ਸ੍ਰੀ ਸੁਹੇਲ ਕਾਸਿਮ ਮੀਰ ਐੱਸਐੱਸਪੀ ਬਟਾਲਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਬਟਾਲਾ ਪੁਲਸ ਵੱਲੋਂ ਥਾਣਾ ਸੇਖਵਾਂ ਵਿਖੇ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਲੋਕਾਂ ਨੂੰ ਸਾਈਬਰ ਕ੍ਰਾਈਮ, ਹਰਿਆ ਭਰਿਆ ਵਾਤਾਵਰਣ ਅਤੇ ਹੈਲਪਲਾਈਨ ਨੰਬਰ 112 ਅਤੇ 1098 ਬਾਰੇ ਜਾਗਰੂਕ ਕੀਤਾ ਗਿਆ। ਇਸ ਮੌਕੇ ਗੱਲ ਕਰਦਿਆਂ ਜਸਵੰਤ ਕੌਰ ਐੱਸਪੀ (ਐੱਚ) ਬਟਾਲਾ ਨੇ ਦੱਸਿਆ ਕਿ ਬਟਾਲਾ ਪੁਲਸ ਵੱਲੋਂ ਵੱਖ-ਵੱਖ ਸਮਾਗਮਾਂ ਦੌਰਾਨ ਲੋਕਾਂ ਨੂੰ ਨਸ਼ਿਆਂ ਦੇ ਦੁਰਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜਿਹੜੇ ਵੀ ਵਿਅਕਤੀ ਗੁੰਮਰਾਹ ਹੋ ਕੇ ਨਸ਼ਿਆਂ ਦੇ ਰੋਗ ਦਾ ਸ਼ਿਕਾਰ ਹੋ ਗਏ ਹਨ, ਉਨ੍ਹਾਂ ਦਾ ਇਲਾਜ ਸੰਭਵ ਹੈ ਅਤੇ ਅਜਿਹੇ ਲੋਕਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਸਰਕਾਰੀ ਨਸ਼ਾ ਮੁਕਤੀ ਕੇਂਦਰ ਵਿਚ ਦਾਖਲ ਕਰਵਾਇਆ ਜਾਵੇ। ਉਨ੍ਹਾਂ ਅੱਗੇ ਕਿਹਾ ਕਿ ਪੁਲਸ ਵਿਭਾਗ ਵੱਲੋਂ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਦੇ ਮੰਤਵ ਨਾਲ ਵੱਧ ਤੋਂ ਵੱਧ ਜਾਗਰੂਕਤਾ ਕੈਂਪ ਲਗਾਏ ਜਾ ਰਹੇ ਹਨ ਅਤੇ ਨਸ਼ਿਆਂ ਵਿਰੁੱਧ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਖੇਡਾਂ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ, ਜਿਸ ਵਿੱਚ ਖਿਡਾਰੀਆਂ ਵਲੋਂ ਪੂਰੇ ਉਤਸ਼ਾਹ ਨਾਲ ਹਿੱਸਾ ਲਿਆ ਜਾ ਰਿਹਾ ਹੈ।

# ਐੱਸਪੀ ਇਨਵੈਸਟੀਗੇਸ਼ਨ ਮਨੋਜ ਠਾਕੁਰ ਵੱਲੋਂ ਐੱਨਸੀਸੀ ਨੇਵਲ ਕੈਡੇਟਾਂ ਨਾਲ ਰੂ-ਬਰੂ

**ਪਠਾਨਕੋਟ (ਦਵਿੰਦਰ ਸਿੰਘ)-** ਪ੍ਰਤਾਪ ਵਰਲਡ ਸਕੂਲ, ਪਠਾਨਕੋਟ ਵਿੱਚ ਆਯੋਜਿਤ 10 ਦਿਨਾ ਰੈਜ਼ੀਡੈਂਸ਼ੀਅਲ ਐੱਨਸੀਸੀ ਨੇਵਲ ਯੂਨਿਟ ਕੈਂਪ ਦੇ




ਦੌਰਾਨ ਕੈਡੇਟਾਂ ਨੂੰ ਮਨੋਜ ਠਾਕੁਰ ਮਾਣਯੋਗ ਐੱਸਪੀ ਇਨਵੈਸਟੀਗੇਸ਼ਨ, ਪਠਾਨਕੋਟ ਨਾਲ ਗੱਲਬਾਤ ਕਰਨ ਦਾ ਸੁਨਹਿਰਾ ਮੌਕਾ ਮਿਲਿਆ।ਸ਼੍ਰੀ ਠਾਕੁਰ ਨੇ ਐੱਨਸੀਸੀ ਨੇਵਲ ਕੈਡੇਟਾਂ ਨੂੰ ਇੱਕ ਪ੍ਰੇਰਣਾਦਾਇਕ ਭਾਸ਼ਣ ਦਿੱਤਾ, ਜਿਸ ਵਿੱਚ ਉਨ੍ਹਾਂ ਨੇ ਅਨੁਸ਼ਾਸਨ, ਸੇਵਾ ਅਤੇ ਨੇਤਰਤਵ ਵਰਗੇ ਮੁੱਲਾਂ ਨੂੰ ਜੀਵਨ ਵਿੱਚ ਅਪਣਾਉਣ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਕਾਨੂੰਨ-ਵਿਵਸਥਾ ਨਾਲ ਜੁੜੇ ਵੱਖ-ਵੱਖ ਕੈਰੀਅਰ ਦੇ ਮੌਕਿਆਂ ਬਾਰੇ ਵਿਸਥਾਰ ਨਾਲ ਚਾਨਣਾ ਪਾਇਆ ਅਤੇ ਆਧੁਨਿਕ ਪੁਲਸਿੰਗ ਦੀਆਂ ਵਿਭਿੰਨ ਅਤੇ ਚੁਣੌਤੀਪੂਰਨ ਭੂਮਿਕਾਵਾਂ ਬਾਰੇ ਜਾਣਕਾਰੀ ਦਿੱਤੀ। ਕਮਾਂਡਿੰਗ ਆਫ਼ੀਸਰ ਕਮਾਂਡਰ ਐੱਨ. ਨਿਸ਼ਾਂਤ ਨੇ ਠਾਕੁਰ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੇ ਸੈਸ਼ਨ ਕੈਡੇਟਾਂ ਦੇ ਭਵਿੱਖ ਨੂੰ ਸ਼ਕਲ ਦੇਣ ਅਤੇ ਉਨ੍ਹਾਂ ਨੂੰ ਸਨਮਾਨਯੋਗ ਸੇਵਾ ਖੇਤਰਾਂ ਵਿੱਚ ਕੈਰੀਅਰ ਅਪਣਾਉਣ ਲਈ ਪ੍ਰੇਰਿਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।ਪ੍ਰਤਾਪ ਵਰਲਡ ਸਕੂਲ ਦੇ ਨਿਰਦੇਸ਼ਕ ਸੰਨੀ ਮਹਾਜਨ ਨੇ ਕਿਹਾ ਕਿ ਸਾਨੂੰ ਫ਼ਖ਼ਰ ਹੈ ਕਿ ਅਸੀਂ ਇਸ ਪ੍ਰਤਿਸ਼ਠਿਤ ਐੱਨਸੀਸੀ ਕੈਂਪ ਦੀ ਮੇਜ਼ਬਾਨੀ ਕਰ ਰਹੇ ਹਾਂ ਅਤੇ ਧੰਨਵਾਦੀ ਹਾਂ ਕਿ ਮਨੋਜ ਠਾਕੁਰ ਜਿਹੇ ਸੀਨੀਅਰ ਅਧਿਕਾਰੀ ਸਾਡੇ ਕੈਡੇਟਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਨੂੰ ਪ੍ਰੇਰਿਤ ਕਰ ਰਹੇ ਹਨ। ਇਸ ਤਰ੍ਹਾਂ ਦੇ ਸੈਸ਼ਨ ਅਸਲ ਜੀਵਨ ਦੀ ਸਿੱਖਿਆ ਦਿੰਦੇ ਹਨ ਅਤੇ ਵਿਦਿਆਰਥੀਆਂ ਵਿੱਚ ਰਾਸ਼ਟਰ ਸੇਵਾ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ। ਪ੍ਰਿੰਸੀਪਲ ਸੁਭਰਾ ਰਾਣੀ ਨੇ ਕਿਹਾ ਕਿ ਇਹ ਸੈਸ਼ਨ ਸਿਰਫ਼ ਜਾਣਕਾਰੀ ਭਰਪੂਰ ਹੀ ਨਹੀਂ, ਸਗੋਂ ਬੇਹੱਦ ਪ੍ਰੇਰਣਾਦਾਇਕ ਵੀ ਸੀ। ਕੈਡੇਟ ਸ਼੍ਰੀ ਠਾਕੁਰ ਦੇ ਸ਼ਬਦਾਂ ਤੋਂ ਸੱਚਮੁੱਚ ਪ੍ਰੇਰਿਤ ਅਤੇ ਉਤਸ਼ਾਹਿਤ ਹੋਏ।

# ਮਹਾਰਾਸ਼ਟਰ ਦੀ ਸਰਕਾਰ ਸਿੱਖ ਭਾਈਚਾਰੇ ਅਤੇ ਘੱਟ ਗਿਣਤੀਆਂ ਦੇ ਕਲਿਆਣ ਲਈ ਵਚਨਬੱਧ : ਸਿੱਧੂ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-** ਮੁੱਖ ਮੰਤਰੀ ਦੇਵੇਂਦਰ ਫੜਨਵੀਸ ਦੀ ਅਗਵਾਈ ਹੇਠ ਮਹਾਰਾਸ਼ਟਰ ਸਰਕਾਰ ਸਿੱਖ



ਭਾਈਚਾਰੇ ਦੀਆਂ ਜ਼ਰੂਰਤਾਂ ਅਤੇ ਇੱਛਾਵਾਂ ਨੂੰ ਪੂਰਾ ਕਰਨ ਲਈ ਗੰਭੀਰਤਾ ਨਾਲ ਕੰਮ ਕਰ ਰਹੀ ਹੈ। ਇਹ ਪਹਿਲਾ ਮੌਕਾ ਹੈ ਜਦੋਂ ਰਾਜ ਘੱਟ ਗਿਣਤੀ ਵਿਕਾਸ ਵਿਭਾਗ ਨੇ ਸਰਕਾਰ ਦੁਆਰਾ ਖਾਸ ਤੌਰ 'ਤੇ ਸਿੱਖ ਭਾਈਚਾਰੇ ਅਤੇ ਘੱਟ ਗਿਣਤੀਆਂ ਲਈ ਚਲਾਈਆਂ ਜਾ ਰਹੀਆਂ ਘੱਟ ਗਿਣਤੀ ਭਲਾਈ ਯੋਜਨਾਵਾਂ 'ਤੇ ਵਰਕਸ਼ਾਪ ਆਯੋਜਿਤ ਕਰਕੇ ਆਪਣੇ ਆਪ ਵਿੱਚ ਇੱਕ ਇਤਿਹਾਸਕ ਕਦਮ ਚੁੱਕਿਆ ਹੈ। ਇਹ ਵਰਕਸ਼ਾਪ ਘੱਟ ਗਿਣਤੀ ਵਿਕਾਸ ਵਿਭਾਗ ਦੁਆਰਾ ਮਹਾਰਾਸ਼ਟਰ ਪੰਜਾਬੀ ਸਾਹਿਤ ਅਕੈਡਮੀ, ਰਾਜ ਘੱਟ ਗਿਣਤੀ ਕਮਿਸ਼ਨ ਅਤੇ 11 ਮੈਂਬਰੀ ਸਿੱਖ ਤਾਲਮੇਲ ਕਮੇਟੀ ਦੇ ਸਹਿਯੋਗ ਨਾਲ ਸਰਕਾਰੀ ਗੈਸਟ ਹਾਊਸ, ਮੁੰਬਈ ਵਿਖੇ ਆਯੋਜਿਤ ਕੀਤੀ ਗਈ ਸੀ। ਇਸ ਵਰਕਸ਼ਾਪ ਦੀ ਪ੍ਰਧਾਨਗੀ ਰਾਜ ਦੇ ਮੁੱਖ ਸਕੱਤਰ ਰੁਚਿਸ਼ ਜੈਵੰਸ਼ੀ ਨੇ ਕੀਤੀ ਅਤੇ ਇਸ ਵਿੱਚ 11 ਮੈਂਬਰੀ ਸਿੱਖ ਕੋਆਰਡੀਨੇਸ਼ਨ ਕਮੇਟੀ ਦੇ ਚੇਅਰਮੈਨ ਜਸਪਾਲ ਸਿੰਘ ਸਿੱਧੂ, ਮਹਾਰਾਸ਼ਟਰ ਪੰਜਾਬੀ ਸਾਹਿਤ ਅਕੈਡਮੀ ਦੇ ਕਾਰਜਕਾਰੀ ਚੇਅਰਮੈ ਮਲਕੀਤ ਸਿੰਘ, ਮਹਾਰਾਸ਼ਟਰ ਰਾਜ ਘੱਟ ਗਿਣਤੀ ਕਮਿਸ਼ਨ ਦੇ ਮੈਂਬਰ ਚਰਨਦੀਪ ਸਿੰਘ ਹੈਪੀ ਤੋਂ ਇਲਾਵਾ ਨਾਸਿਕ, ਨਾਗਪੁਰ, ਪੁਣੇ, ਨਾਂਦੇੜ, ਹਿੰਗੋਲੀ, ਮੁੰਬਈ, ਐੱਮਐੱਮਆਰ ਅਤੇ ਨਵੀਂ ਮੁੰਬਈ ਦੇ ਪਤਵੰਤੇ ਸ਼ਾਮਲ ਹੋਏ। ਵਰਕਸ਼ਾਪ ਬਹੁਤ ਉਪਯੋਗੀ ਅਤੇ ਜਾਣਕਾਰੀ ਭਰਪੂਰ ਸੀ, ਜਿਸ ਰਾਹੀਂ ਭਾਈਚਾਰੇ ਦੇ ਮੈਂਬਰਾਂ ਨੂੰ ਸਰਕਾਰੀ ਯੋਜਨਾਵਾਂ ਬਾਰੇ ਬਰੀਕੀ ਨਾਲ ਜਾਣਕਾਰੀ ਦਿੱਤੀ ਗਈ, ਜੋ ਭਵਿੱਖ ਵਿੱਚ ਉਨ੍ਹਾਂ ਲਈ ਮਦਦਗਾਰ ਸਾਬਤ ਹੋਣਗੀਆਂ। ਇਸ ਮੌਕੇ ਵਰਕਸ਼ਾਪ ਦੇ ਪ੍ਰਬੰਧਕ ਅਤੇ 11 ਮੈਂਬਰੀ ਸਿੱਖ ਕੋਆਰਡੀਨੇਸ਼ਨ ਕਮੇਟੀ ਦੇ ਚੇਅਰਮੈਨ ਜਸਪਾਲ ਸਿੰਘ ਸਿੱਧੂ ਨੇ ਕਿਹਾ ਕਿ ਮਹਾਰਾਸ਼ਟਰ ਦੀ ਦੇਵੇਂਦਰ ਫੜਨਵੀਸ ਸਰਕਾਰ ਸਿੱਖ ਭਾਈਚਾਰੇ ਅਤੇ ਘੱਟ ਗਿਣਤੀਆਂ ਦੀਆਂ ਇੱਛਾਵਾਂ ਨੂੰ ਪੂਰਾ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਹੁਣ ਆਗੂਆਂ ਦੀ ਜ਼ਿੰਮੇਵਾਰੀ ਹੈ ਕਿ ਉਹ ਸਰਕਾਰੀ ਯੋਜਨਾਵਾਂ ਦੀ ਜਾਣਕਾਰੀ ਦੂਜੇ ਲੋਕਾਂ ਤੱਕ ਪਹੁੰਚਾਉਣ ਤਾਂ ਜੋ ਸਮੁੱਚਾ ਸਿੱਖ ਭਾਈਚਾਰਾ ਸਰਕਾਰ ਦੀਆਂ ਘੱਟ ਗਿਣਤੀ ਯੋਜਨਾਵਾਂ ਦਾ ਲਾਭ ਲੈ ਸਕਣ। ਉਨ੍ਹਾਂ ਕਿਹਾ ਕਿ ਇਹ ਸਿੱਖਾਂ ਪ੍ਰਤੀ ਸਰਕਾਰ ਦੀ ਇੱਕ ਇਤਿਹਾਸਕ ਪਹਿਲ ਕਦਮੀ ਹੈ। ਉਨ੍ਹਾਂ ਨੇ ਏਕਤਾ, ਏਕਤਾ ਅਤੇ ਜਾਗਰੂਕਤਾ ਨਾਲ ਭਵਿੱਖ ਵੱਲ ਵਧਣ ਦਾ ਸੱਦਾ ਦਿੱਤਾ।

# ਡੀ ਸੀ ਦਲਵਿੰਦਰਜੀਤ ਸਿੰਘ ਨੇ ਸਰਕਾਰੀ ਨਸ਼ਾ ਛੁਡਾਊ ਕੇਂਦਰ ਬੱਬਰੀ ਦੇ ਪ੍ਰਬੰਧਾ ਦਾ ਲਿਆ ਜਾਇਜਾ

**ਗੁਰਦਾਸਪੁਰ (ਜਨਕ ਮਹਾਜਨ)-** ਡਿਪਟੀ ਕਮਿਸ਼ਨਰ ਗੁਰਦਾਸਪੁਰ ਦਲਵਿੰਦਰਜੀਤ ਸਿੰਘ ਵੱਲੋਂ ਸਰਕਾਰੀ ਨਸ਼ਾ ਛੁਡਾਊ ਕੇਂਦਰ ਬੱਬਰੀ



(ਜ਼ਿਲ੍ਹਾ ਹਸਪਤਾਲ ਬੱਬਰੀ, ਗੁਰਦਾਸਪੁਰ) ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੇ ਨਸ਼ਾ ਛੁਡਾਊ ਕੇਂਦਰ ਦੇ ਪ੍ਰਬੰਧਾਂ ਦਾ ਜਾਇਜਾ ਲਿਆ ਅਤੇ ਇੱਥੇ ਦਾਖ਼ਲ ਮਰੀਜ਼ਾਂ ਨਾਲ ਗੱਲਬਾਤ ਕੀਤੀ। ਉਨ੍ਹਾਂ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜ਼ਿਲ੍ਹੇ ਦੇ ਸਾਰੇ ਨਸ਼ਾ ਛੁਡਾਊ ਕੇਂਦਰਾਂ ਵਿੱਚ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ ਕੀਤੇ ਜਾਣ ਅਤੇ ਮਰੀਜ਼ਾਂ ਨਾਲ ਮਿਲਣ ਵਾਲੇ ਹਰ ਵਿਅਕਤੀ ਦੀ ਪਹਿਲਾਂ ਸ਼ਨਾਖ਼ਤ ਕੀਤੀ ਜਾਵੇ। ਮੀਟਿੰਗ ਦੌਰਾਨ ਸਿਵਲ ਸਰਜਨ ਡਾ. ਜਸਵਿੰਦਰ ਸਿੰਘ ਨੇ ਸਿਹਤ ਵਿਭਾਗ ਵੱਲੋਂ ਨਸ਼ਾ ਮੁਕਤੀ ਮੁਹਿੰਮ ਤਹਿਤ ਕੀਤੇ ਜਾ ਰਹੇ ਉਪਰਾਲਿਆਂ ਦੀ ਜਾਣਕਾਰੀ ਸਾਂਝੀ ਕੀਤੀ। ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਪਿਛਲੇ ਸਾਲਾਂ ਦੇ ਡਾਟੇ ਦੇ ਅਧਾਰ 'ਤੇ ਚਿਕਨਗੁਨੀਆ ਅਤੇ ਡੇਂਗੂ ਦੀ ਬਿਮਾਰੀ ਨਾਲ ਪ੍ਰਭਾਵਿਤ ਹਾਟ ਸਪਾਟ ਕੇਂਦਰਾਂ ਵਿੱਚ ਹੁਣ ਤੋਂ ਹੀ ਨਿਗਰਾਨੀ ਕਰਨ ਅਤੇ ਨਾਲ ਘਰਾਂ ਅਤੇ ਕਾਰੋਬਾਰੀ ਥਾਵਾਂ ਵਿਚੋਂ ਲਾਰਵੇ ਦੇ ਖ਼ਾਤਮੇ ਲਈ ਕੰਮ ਕੀਤਾ ਜਾਵੇ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਅਤੇ ਨਸ਼ਾ ਮੁਕਤੀ ਯਾਤਰਾ ਸਬੰਧੀ ਵੀ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ। ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਗੁਰਪ੍ਰੀਤ ਸਿੰਘ ਗਿੱਲ, ਐੱਸਡੀਐੱਮ. ਦੀਨਾਨਗਰ ਜਸਪਿੰਦਰ ਸਿੰਘ, ਐੱਸਡੀਐੱਮ ਗੁਰਦਾਸਪੁਰ ਮਨਜੀਤ ਸਿੰਘ ਰਾਜਲਾ, ਐੱਸਡੀਐੱਮ ਡੇਰਾ ਬਾਬਾ ਨਾਨਕ ਗੁਰਮੰਦਰ ਸਿੰਘ, ਐੱਸਡੀਐੱਮ ਬਟਾਲਾ ਵਿਕਰਮਜੀਤ ਸਿੰਘ, ਸਹਾਇਕ ਕਮਿਸ਼ਨਰ ਆਦਿੱਤਯ, ਸਹਾਇਕ ਕਮਿਸ਼ਨਰ ਰੁਪਿੰਦਰਪਾਲ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਨਵਾਂ ਪਿੰਡ ਮਿਲਖੀਵਾਲ ਵਿਖੇ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਗੇਂਦਰ ਜਠੇਰਿਆਂ ਦਾ ਸਾਲਾਨਾ ਮੇਲਾ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-** ਸਥਾਨਕ ਕਸਬੇ ਦੇ ਨਜ਼ਦੀਕ ਪੈਂਦੇ ਕਿਲਾ ਲਾਲ ਸਿੰਘ ਤੋਂ ਕਲਾਨੌਰ ਨੂੰ ਜਾਂਦਿਆਂ ਨਵਾਂ ਪਿੰਡ ਮਿਲਖੀਵਾਲ ਵਿਖੇ ਬਣੀ ਲੱਖ ਦਾਤਾ ਦੀ ਜਗ੍ਹਾ ਤੇ ਹਰ ਸਾਲ ਦੀ ਤਰ੍ਹਾਂ ਹਾੜ੍ਹ ਦੇ ਜੇਠੇ ਵੀਰਵਾਰ ਨੂੰ ਗੇਂਦਰ ਜਾਤ ਦੇ ਬ੍ਰਾਹਮਣ ਪਰਿਵਾਰਾਂ ਵੱਲੋ ਆਪਣੇ ਜਠੇਰਿਆਂ ਦਾ ਸਾਲਾਨਾ ਮੇਲਾ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਗਿਆ । ਇਸ ਮੌਕੇ ਲੱਖ ਦਾਤਾ ਜਗ੍ਹਾ ਦੀ ਮੁੱਖ ਸੇਵਾਦਾਰ ਪਵਨ ਕੁਮਾਰ ਸੇਵਾਦਾਰਾਂ ਮਾਤਾ ਜਯੰਤੀ ਦੇਵੀ ਨੇ ਸਮੂਹ ਗੇਂਦਰ ਪਰਿਵਾਰਾਂ ਨੂੰ ਨਾਲ ਲੈ ਕੇ ਬਾਬਾ ਲੱਖ ਦਾਤਾ ਦੀ ਜਗ੍ਹਾ ਤੇ ਚਾਦਰ ਚੜ੍ਹਾਈ ਤੇ ਨਾਗਾਂ ਦੀ ਜਗ੍ਹਾ ਕੱਚੀ ਲੱਸੀ ਚੜ੍ਹਾਉਣ ਤੋ ਬਾਅਦ ਤੇ ਜੋਤ ਜਗਾ ਕੇ ਪੂਜਾ ਅਰਚਨਾ ਕੀਤੀ ਅਤੇ ਸਮੂਹ ਪਰਿਵਾਰਾਂ ਦੇ ਸਹਿਯੋਗ ਨਾਲ ਸੰਗਤ ਲਈ ਵੱਖ-ਵੱਖ ਤਰ੍ਹਾਂ ਦਾ ਲੰਗਰ ਭੰਡਾਰਾ ਲਗਾਇਆ ਗਿਆ ।ਇਸ ਮੌਕੇ ਗੇਦਰ ਪਰਿਵਾਰਾਂ ਨੇ ਆਪਣੇ ਬੱਚਿਆਂ ਸਮੇਤ ਬਾਬਾ ਲੱਖ ਦਾਤਾ ਦੀ ਜਗ੍ਹਾ ਤੇ ਬੜੀ ਸ਼ਰਧਾ ਤੇ ਪ੍ਰੇਮ ਨਾਲ ਪੂਜਾ ਅਰਚਨਾ ਕੀਤੀ ਤੇ ਪੀਰ ਬਾਬਾ ਜੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ ।ਇਸ ਮੌਕੇ



ਅਸ਼ੋਕ ਕੁਮਾਰ, ਪਵਨ ਕੁਮਾਰ, ਸੁਖਵਿੰਦਰ ਸਿੰਘ, ਗੁਰਮੀਤ ਰਾਏ ਗੁਰਦਾਸਪੁਰ, ਸਰਬਜੀਤ ਸਿੰਘ, ਸ਼ਰਨਜੀਤ ਸਿੰਘ ਨਵਾਂ ਪਿੰਡ, ਰਾਜਨ ਕੁਮਾਰ, ਰਮੇਸ਼ ਸ਼ਰਮਾ ਡੇਰਾ, ਸੁਸ਼ੀਲ ਕੁਮਾਰ, ਸੁਨੀਲ ਕੁਮਾਰ ਛੇਹਰਟਾ, ਸੁਰਜੀਤ ਕੁਮਾਰ ਕਾਲਾ ਅਫ਼ਗਾਨਾ, ਰਾਜ ਕੁਮਾਰ ਅੰਮ੍ਰਿਤਸਰ, ਜੋਗਿੰਦਰ ਪਾਲ ਅੰਮ੍ਰਿਤਸਰ, ਕੁਲਦੀਪ ਸ਼ਰਮਾ ਧੌਲਪੁਰ, ਮਨੀ ਕੁਮਾਰ, ਸੰਨੀ ਕੁਮਾਰ, ਰਮੇਸ਼ ਕੁਮਾਰ, ਰਾਜਨ ਕੁਮਾਰ ਰਾਜਾਸਾਂਸੀ, ਦੀਪਕ ਕੁਮਾਰ ਰਾਜਾਸਾਂਸੀ, ਸੁਸ਼ੀਲ ਰਾਣੀ, ਸੰਤੋਸ਼ ਕੁਮਾਰੀ ਕਾਜਲ ਕੁਮਾਰੀ, ਅਮਨਜੋਤ ਸ਼ਰਮਾ ਧਿਆਨਪੁਰ, ਪਰਮਜੀਤ ਸ਼ਰਮਾ ਲੁਧਿਆਣਾ, ਦੀਪਕ ਸ਼ਰਮਾ ਫਤਿਹਗੜ੍ਹ ਚੂੜੀਆਂ, ਪ੍ਰਵੀਨ ਕੁਮਾਰ ਸ਼ਰਮਾ ਯੂਪੀ, ਵਿਸ਼ਵਾ ਮਿੱਤਰ ਸ਼ੇਖੂਪੁਰ, ਸੰਦੀਪ ਸ਼ਰਮਾ ਚੰਡੀਗੜ੍ਹ, ਮਹਿੰਦਰਪਾਲ ਜੰਡਿਆਲਾ, ਤੇਜਿੰਦਰ ਪਾਲ, ਹਰਜਿੰਦਰ ਪਾਲ ਸ਼ਰਮਾ, ਰਾਜਨ ਸ਼ਰਮਾ, ਯੋਤਿਨ ਸ਼ਰਮਾ ਤਰਨਤਾਰਨ, ਰਵੀ ਭੂਸ਼ਨ ਬੱਬੂ ਧਾਰੀਵਾਲ, ਸੁਰਿੰਦਰ ਕੁਮਾਰ ਸ਼ਰਮਾ ਕਿਲ੍ਹਾ ਲਾਲ, ਸੁਦੇਸ਼ ਕੁਮਾਰ ਸ਼ਰਮ, ਸਤੀਸ਼ ਕੁਮਾਰ ਸ਼ਰਮਾ ਡੇਰਾ ਤੋਂ ਇਲਾਵਾ ਗੇਂਦਰ ਜਾਤ ਦੇ ਬ੍ਰਾਹਮਣ ਪਰਿਵਾਰ ਵੱਡੀ ਗਿਣਤੀ ਵਿਚ ਹਾਜ਼ਰ ਸਨ ।

# ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਮੁੜ ਵਸੇਬਾ ਕੇਂਦਰ ਗੁਰਦਾਸਪੁਰ ਦਾ ਦੌਰਾ

- **ਰੰਗਲਾ ਪੰਜਾਬ ਯੋਜਨਾ ਤਹਿਤ ਹਰੇਕ ਪਿੰਡ ਤੇ ਮੁਹੱਲੇ ਦਾ ਹੋਵੇਗਾ ਚਹੁੰਮੁਖੀ ਵਿਕਾਸ : ਡਾ. ਬਲਬੀਰ ਸਿੰਘ**

**ਪਠਾਨਕੋਟ, ਗੁਰਦਾਸਪੁਰ (ਦਵਿੰਦਰ ਸਿੰਘ, ਦਿਨੇਸ਼ ਕੁਮਾਰ)-** ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਨਸ਼ਾ ਛੁਡਾਊ ਅਤੇ ਪੁਨਰਵਾਸ ਕੇਂਦਰ ਗੁਰਦਾਸਪੁਰ ਦਾ ਦੌਰਾ ਕੀਤਾ ਗਿਆ।ਇਸ ਮੌਕੇ ਉਨ੍ਹਾਂ ਇੱਥੇ ਇਲਾਜ ਕਰਵਾ ਰਹੇ ਮਰੀਜ਼ਾਂ ਦੀ ਸਿਹਤ ਦਾ ਹਾਲ ਜਾਣਿਆ ਅਤੇ ਨਾਲ ਹੀ ਉਨ੍ਹਾਂ ਨੂੰ ਨਸ਼ੇ ਛੱਡ ਕੇ ਤੰਦਰੁਸਤ ਤੇ ਖ਼ੁਸ਼ਹਾਲ ਜੀਵਨ ਬਸਰ ਕਰਨ ਦੀ ਪ੍ਰੇਰਨਾ ਦਿੱਤੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਚਲਾਈ ਜਾ ਰਹੀ ਹੈ ਅਤੇ ਅਵਾਮ ਦੇ ਸਹਿਯੋਗ ਨਾਲ ਰਾਜ ਸਰਕਾਰ ਇਸ ਯੁੱਧ ਵਿੱਚ ਫ਼ਤਿਹ ਹਾਸਲ ਕਰੇਗੀ।ਦੌਰੇ ਦੌਰਾਨ ਡਾ. ਬਲਬੀਰ ਸਿੰਘ ਵੱਲੋਂ ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ ਮੁਹਿੰਮ ਤਹਿਤ ਗੁਰਦਾਸਪੁਰ ਸ਼ਹਿਰ ਦੇ ਕੋਟਲੀ ਨੰਗਲ ਅਤੇ ਗੀਤਾ ਭਵਨ ਇਲਾਕੇ ਵਿੱਚ ਡੇਂਗੂ ਜਾਗਰੂਕਤਾ ਮੁਹਿੰਮ ਦੀ ਅਗਵਾਈ ਕੀਤੀ ਗਈ। ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਲੋਕਾਂ ਦੇ ਘਰਾਂ ਵਿੱਚ ਲਾਰਵੇ ਦੀ ਜਾਂਚ ਕੀਤੀ ਗਈ ਅਤੇ ਲਾਰਵੇ ਨੂੰ ਮੌਕੇ ਤੇ ਨਸ਼ਟ ਕੀਤਾ ਗਿਆ।ਇਸ ਮੌਕੇ ਸਿਹਤ ਮੰਤਰੀ ਵੱਲੋਂ ਲੋਕਾਂ ਨੂੰ ਡੇਂਗੂ ਤੋਂ ਬਚਾਅ ਬਾਰੇ ਜਾਗਰੂਕ ਵੀ ਕੀਤਾ ਗਿਆ। ਉਪਰੰਤ ਡਾ. ਬਲਬੀਰ ਸਿੰਘ ਵੱਲੋਂ ਵਿਧਾਇਕਾਂ, ਚੇਅਰਮੈਨਾਂ, ਜਨਤਕ ਨੁਮਾਇੰਦਿਆਂ ਤੇ ਅਧਿਕਾਰੀਆਂ ਨਾਲ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਰੰਗਲਾ ਪੰਜਾਬ ਵਿਕਾਸ ਯੋਜਨਾ, ਡੇਂਗੂ-ਚਿਕਨਗੁਨੀਆ ਰੋਕਥਾਮ ਅਤੇ ਨਸ਼ਾ ਵਿਰੋਧੀ ਮੁਹਿੰਮ ਦੀ ਸਮੀਖਿਆ ਮੀਟਿੰਗ ਕੀਤੀ ਗਈ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸਿਹਤ ਮੰਤਰੀ ਨੇ ਕਿਹਾ ਕਿ ਸਰਕਾਰ ਵੱਲੋਂ ਚਲਾਈ ਜਾ ਰਹੀ ਨਸ਼ਾ ਮੁਕਤੀ ਮੁਹਿੰਮ ਤਹਿਤ ਬਹੁਤ ਸਾਰੇ ਵਿਅਕਤੀ ਨਸ਼ਾ ਛੱਡਣ ਦਾ ਮਨ ਬਣਾ ਚੁੱਕੇ ਹਨ ਅਤੇ ਸਿਹਤ ਵਿਭਾਗ ਵੱਲੋਂ ਸਾਰੇ ਮਰੀਜ਼ਾਂ




ਦਾ ਮੁਫ਼ਤ ਇਲਾਜ ਕਰਕੇ ਨਸ਼ਾ ਛੁਡਵਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਚੱਲ ਰਹੇ ਨਸ਼ਾ ਛੁਡਾਊ ਕੇਂਦਰਾਂ ਵਿੱਚ ਬੈੱਡਾਂ ਦੀ ਗਿਣਤੀ ਵਧਾਈ ਜਾਵੇ ਤਾਂ ਜੋ ਵੱਧ ਤੋਂ ਵੱਧ ਮਰੀਜ਼ਾਂ ਨੂੰ ਉਥੇ ਦਾਖਲ ਕਰਕੇ ਉਨ੍ਹਾਂ ਦਾ ਇਲਾਜ ਕੀਤਾ ਜਾ ਸਕੇ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਮਰੀਜ਼ਾਂ ਦੇ ਇਲਾਜ ਦੇ ਨਾਲ-ਨਾਲ ਉਨ੍ਹਾਂ ਨੂੰ ਯੋਗਾ, ਖੇਡ ਗਤੀਵਿਧੀਆਂ ਅਤੇ ਰੁਜ਼ਗਾਰ ਮੁਖੀ ਸਿਖਲਾਈ ਪ੍ਰੋਗਰਾਮਾਂ ਨਾਲ ਵੀ ਜੋੜਿਆ ਜਾ ਰਿਹਾ ਹੈ।ਰੰਗਲਾ ਪੰਜਾਬ ਵਿਕਾਸ ਯੋਜਨਾ ਬਾਰੇ ਗੱਲ ਕਰਦਿਆਂ ਸਿਹਤ ਮੰਤਰੀ ਨੇ ਕਿਹਾ ਕਿ ਇਸ ਯੋਜਨਾ ਤਹਿਤ ਜ਼ਿਲ੍ਹੇ ਵਿੱਚ 35 ਕਰੋੜ ਰੁਪਏ ਦੀ ਲਾਗਤ ਨਾਲ ਵਿਕਾਸ ਕਾਰਜ ਕਰਵਾਏ ਜਾਣਗੇ। ਇਸ ਮੌਕੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ, ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਜਗਰੂਪ ਸਿੰਘ ਸੇਖਵਾਂ, ਹਲਕਾ ਇੰਚਾਰਜ ਫ਼ਤਿਹਗੜ੍ਹ ਚੂੜੀਆਂ ਬਲਬੀਰ ਸਿੰਘ ਪੰਨੂ, ਸ਼ਮਸ਼ੇਰ ਸਿੰਘ, ਚੇਅਰਮੈਨ ਰਾਜੀਵ ਸ਼ਰਮਾ ਤੋਂ ਇਲਾਵਾ ਐੱਸਐੱਸਪੀ ਸੋਹੇਲ ਕਾਸਿਮ ਮੀਰ, ਐੱਸਐੱਸਪੀ ਆਦਿੱਤਯ, ਵਧੀਕ ਡਿਪਟੀ ਕਮਿਸ਼ਨਰ (ਜਨਰਲ) ਡਾ. ਹਰਜਿੰਦਰ ਸਿੰਘ ਬੇਦੀ, ਐੱਸਡੀਐੱਮ. ਦੀਨਾਨਗਰ ਸ. ਜਸਪਿੰਦਰ ਸਿੰਘ, ਐੱਸਪੀ ਜੁਗਰਾਜ ਸਿੰਘ, ਐੱਸਡੀਐੱਮ ਮਨਜੀਤ ਸਿੰਘ ਰਾਜਲਾ, ਐੱਸਡੀਐੱਮ ਵਿਕਰਮਜੀਤ ਸਿੰਘ, ਐੱਸਡੀਐੱਮ ਡੇਰਾ ਬਾਬਾ ਨਾਨਕ ਗੁਰਮੰਦਰ ਸਿੰਘ, ਸਹਾਇਕ ਕਮਿਸ਼ਨਰ ਰੁਪਿੰਦਰਪਾਲ ਸਿੰਘ, ਕੁਲਦੀਪ ਰਾਜ, ਵੱਖ-ਵੱਖ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀਆਂ ਸਮੇਤ ਸਿਹਤ ਵਿਭਾਗ ਵੱਲੋਂ ਸਿਵਲ ਸਰਜਨ ਡਾ. ਜਸਵਿੰਦਰ ਸਿੰਘ, ਸਹਾਇਕ ਸਿਵਲ ਸਰਜਨ ਡਾ. ਲਲਿਤ ਮੋਹਨ, ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਤੇਜਿੰਦਰ ਕੌਰ, ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਗੁਰਪ੍ਰੀਤ ਕੌਰ, ਡਾ ਮਮਤਾ, ਡਾ. ਅੰਕੁਰ, ਰੁਪਿੰਦਰ ਕੌਰ, ਜ਼ਿਲ੍ਹਾ ਮਾਸ ਮੀਡੀਆ ਵਿੰਗ ਦੀ ਟੀਮ, ਆਈਡੀਐੱਸਪੀ ਦੀ ਸਾਰੀ ਟੀਮ ਨਰਸਿੰਗ ਵਿਦਿਆਰਥਣਾਂ, ਆਸ਼ਾ ਵਰਕਰਾਂ ਤੇ ਐਂਟੀ ਲਾਰਵਾ ਵਿੰਗ ਦਾ ਸਾਰਾ ਸਟਾਫ਼ ਮੌਜੂਦ ਸੀ।

ਨਵਾਂ ਜ਼ਮਾਨਾ

ਸ਼ਨੀਵਾਰ, 21 ਜੂਨ 2025

# ਕਾਲਾ, ਚਿੱਟਾ ਨਜ਼ਰ ਆਉਣ ਲੱਗਾ

*ਨਰਿੰਦਰ ਮੋਦੀ ਨੇ 2014 ਦੀਆਂ ਲੋਕ ਸਭਾ ਚੋਣਾਂ ਦੌਰਾਨ ਸਵਿਸ ਬੈਂਕਾਂ ਤੋਂ ਕਾਲਾ ਧਨ ਵਾਪਸ ਲਿਆ ਕੇ ਹਰ ਭਾਰਤੀ ਦੇ ਖਾਤੇ ਵਿੱਚ 15 ਲੱਖ ਰੁਪਏ ਜਮ੍ਹਾਂ ਕਰਾਉਣ ਦਾ ਵਾਅਦਾ ਕੀਤਾ ਸੀ। ਉਹ ਵਾਅਦਾ ਤਾਂ ਪੂਰਾ ਨਹੀਂ ਹੋਇਆ, ਪਰ ਸਵਿਸ ਨੈਸ਼ਨਲ ਬੈਂਕ (ਐੱਸ ਐੱਨ ਬੀ) ਦੀ ਤਾਜ਼ਾ ਰਿਪੋਰਟ ਮੁਤਾਬਕ 2024 'ਚ ਸਵਿਸ ਬੈਂਕਾਂ 'ਚ ਭਾਰਤੀਆਂ ਦਾ ਜਮ੍ਹਾਂ ਧਨ ਤਿੰਨ ਗੁਣਾ ਤੋਂ ਜ਼ਿਆਦਾ ਵਧ ਕੇ 3.53 ਅਰਬ ਸਵਿਸ ਫਰੈਂਕ ਯਾਨੀ ਕਰੀਬ 37600 ਕਰੋੜ ਰੁਪਏ ਹੋ ਗਿਆ ਹੈ। ਇਹ 2014 ਦੇ 1.22 ਅਰਬ ਸਵਿਸ ਫਰੈਂਕ ਯਾਨੀ ਕਰੀਬ 12 ਹਜ਼ਾਰ ਕਰੋੜ ਰੁਪਏ ਦੀ ਤੁਲਨਾ ਵਿੱਚ ਕਿਤੇ ਵੱਧ ਹੈ।*

*ਮੋਦੀ ਨੇ 2014 ਦੇ ਚੋਣ ਪ੍ਰਚਾਰ ਦੌਰਾਨ ਸਵਿਸ ਬੈਂਕਾਂ ਵਿੱਚ ਜਮ੍ਹਾਂ ਭਾਰਤੀਆਂ ਦੇ ਕਾਲੇ ਧਨ ਨੂੰ ਬਹੁਤ ਵੱਡਾ ਮੁੱਦਾ ਬਣਾਇਆ ਸੀ। ਉਨ੍ਹਾ ਦਾਅਵਾ ਕੀਤਾ ਸੀ ਕਿ ਇਸ ਧਨ ਨੂੰ ਵਾਪਸ ਲਿਆ ਕੇ ਹਰੇਕ ਭਾਰਤੀ ਦੇ ਖਾਤੇ ਵਿੱਚ 15 ਲੱਖ ਰੁਪਏ ਜਮ੍ਹਾਂ ਕਰਵਾਏ ਜਾ ਸਕਦੇ ਹਨ। ਇਹ ਧਨ ਵਾਪਸ ਲਿਆ ਕੇ ਦੇਸ਼ ਦੀ ਗਰੀਬੀ ਮਿਟ ਸਕਦੀ ਹੈ। ਜੇ ਉਨ੍ਹਾ ਦੀ ਪਾਰਟੀ ਸੱਤਾ ਵਿੱਚ ਆਉਂਦੀ ਹੈ ਤਾਂ 100 ਦਿਨਾਂ ਦੇ ਵਿੱਚ-ਵਿੱਚ ਕਾਲਾ ਧਨ ਵਾਪਸ ਲਿਆਉਣ ਦੀ ਦਿਸ਼ਾ ਵਿੱਚ ਠੋਸ ਕਦਮ ਚੁੱਕੇਗੀ। ਮੋਦੀ ਨੇ ਕਾਲੇ ਧਨ ਖਿਲਾਫ ਸਖਤ ਕਾਰਵਾਈ ਦਾ ਵਾਅਦਾ ਕਰਦਿਆਂ ਇਹ ਵੀ ਕਿਹਾ ਸੀ ਕਿ ਸਰਕਾਰ ਵਿਦੇਸ਼ੀ ਬੈਂਕਾਂ ਨਾਲ ਸੂਚਨਾ ਸਾਂਝੀ ਕਰਨ ਲਈ ਸਮਝੌਤੇ ਕਰੇਗੀ ਅਤੇ ਟੈਕਸ ਹੈਵਨ (ਸਵਰਗ) ਦੇਸ਼ਾਂ 'ਤੇ ਧਨ ਵਾਪਸ ਕਰਨ ਲਈ ਦਬਾਅ ਬਣਾਏਗੀ। ਲੋਕ ਬਹਿਕਾਵੇ ਵਿੱਚ ਆ ਗਏ ਤੇ ਮੋਦੀ ਦੀ ਸਰਕਾਰ ਬਣਵਾ ਦਿੱਤੀ। ਲੋਕਾਂ ਨੂੰ 15 ਲੱਖ ਰੁਪਏ ਤਾਂ ਨਹੀਂ ਮਿਲੇ ਤੇ ਨਾ ਹੀ ਸਰਕਾਰ ਨੇ ਦੱਸਿਆ ਕਿ ਕਿੰਨਾ ਕਾਲਾ ਧਨ ਵਾਪਸ ਲਿਆਂਦਾ, ਪਰ ਸਰਕਾਰ ਹੁਣ ਇਹ ਦਾਅਵਾ ਕਰ ਰਹੀ ਹੈ ਕਿ ਸਵਿਟਜ਼ਰਲੈਂਡ ਨਾਲ ਸੂਚਨਾ ਸਾਂਝੀ ਕਰਨ ਦੇ ਸਮਝੌਤੇ ਦੇ ਬਾਅਦ ਉੱਥੇ ਜਮ੍ਹਾਂ ਧਨ ਬਾਰੇ ਸਹੀ-ਸਹੀ ਜਾਣਕਾਰੀ ਮਿਲਣ ਲੱਗ ਪਈ ਹੈ। ਵਿੱਤ ਮੰਤਰਾਲੇ ਦਾ ਦਾਅਵਾ ਹੈ ਕਿ ਸਵਿਸ ਬੈਂਕ ਵਿੱਚ ਜਮ੍ਹਾਂ ਹੋਣ ਵਾਲੇ ਪੈਸਿਆਂ ਵਿੱਚ ਵਾਧਾ ਭਾਰਤੀ ਅਰਥ ਵਿਵਸਥਾ ਦੇ ਵਿਸ਼ਵੀਕਰਨ ਤੇ ਨਿਵੇਸ਼ ਵਿੱਚ ਵਾਧੇ ਨੂੰ ਦਿਖਾਉਂਦਾ ਹੈ। ਸਰਕਾਰ ਨੇ 2021 ਵਿੱਚ ਸੰਸਦ ਨੂੰ ਦੱਸਿਆ ਸੀ ਕਿ ਉਸ ਕੋਲ ਸਵਿਸ ਬੈਂਕਾਂ ਵਿੱਚ ਜਮ੍ਹਾਂ ਕਾਲੇ ਧਨ ਦਾ ਕੋਈ ਅਧਿਕਾਰਤ ਅੰਕੜਾ ਨਹੀਂ। ਕੌਮੀ ਸਵਿਸ ਬੈਂਕ, ਜਿਹੜੇ ਸਾਲਾਨਾ ਅੰਕੜੇ ਜਾਰੀ ਕਰਦੀ ਹੈ, ਉਸ ਨੂੰ ਸਰਕਾਰ ਸਹੀ ਮੰਨ ਰਹੀ ਹੈ, ਪਰ ਕਾਲਾ ਧਨ ਮੰਨਣ ਲਈ ਤਿਆਰ ਨਹੀਂ। ਠੀਕ ਉਸੇ ਤਰ੍ਹਾਂ ਜਿਵੇਂ ਭ੍ਰਿਸ਼ਟ ਗਰਦਾਨੇ ਗਏ ਆਪੋਜ਼ੀਸ਼ਨ ਦੇ ਆਗੂ ਭਾਜਪਾ ਵਿੱਚ ਸ਼ਾਮਲ ਹੋਣ ਤੋਂ ਬਾਅਦ ਗੰਗਾ ਨਹਾ ਜਾਂਦੇ ਹਨ। ਜੋ ਵੀ ਹੈ ਇਹ ਤਾਂ ਸਚਾਈ ਹੈ ਕਿ ਸਵਿਸ ਬੈਂਕਾਂ ਵਿੱਚ ਭਾਰਤੀਆਂ ਦੀ ਜਮ੍ਹਾਂ ਰਕਮ ਤਿੰਨ ਗੁਣਾ ਤੋਂ ਜ਼ਿਆਦਾ ਵਧ ਜਾਣ ਨੇ ਸਰਕਾਰ ਦੀ ਭਰੋਸੇਯੋਗਤਾ 'ਤੇ ਸਵਾਲ ਖੜ੍ਹੇ ਕੀਤੇ ਹਨ। ਹੁਣ ਇਹ ਮੋਦੀ ਭਗਤਾਂ 'ਤੇ ਹੈ ਕਿ ਉਹ ਇਸ ਸਚਾਈ ਨੂੰ ਕਦੋਂ ਕਬੂਲ ਕਰਦੇ ਹਨ।*

# ਇਜ਼ਰਾਈਲ ਦੇ ਜ਼ੁਲਮਾਂ ਦਾ ਸ਼ਿਕਾਰ ਪੱਤਰਕਾਰਾਂ ਨੂੰ ਵੀ ਹੋਣਾ ਪਿਆ

**ਮੁਹੰਮਦ ਅੱਬਾਸ ਧਾਲੀਵਾਲ**

ਇਜ਼ਰਾਈਲ ਨੇ 7 ਅਕਤੂਬਰ 2023 ਤੋਂ ਲੈ ਕੇ ਹੁਣ ਤੱਕ ਗਾਜ਼ਾ ਵਿੱਚ ਲੱਗਭੱਗ 55,000 ਲੋਕਾਂ ਨੂੰ ਆਪਣੀ ਬੰਬਾਰੀ ਰਾਹੀਂ ਮਾਰ ਦਿੱਤਾ, ਜਿਨ੍ਹਾਂ ਵਿੱਚ 15,000 ਮਾਸੂਮ ਬੱਚੇ ਵੀ ਸ਼ਾਮਲ ਸਨ। ਇਨ੍ਹਾਂ ਵਿੱਚ ਬਹੁਤ ਸਾਰੀਆਂ ਔਰਤਾਂ ਅਤੇ ਬੇਗੁਨਾਹ ਆਮ ਲੋਕ ਵੀ ਸ਼ਾਮਲ ਸਨ, ਪਰ ਪੱਛਮੀ ਦੇਸ਼ਾਂ ਦੀ ਮੁਖੌਟਾ (ਹਿਪੋਕ੍ਰਿਸੀ) ਵੇਖੋ ਇਜ਼ਰਾਈਲ ਦੀ ਇਸ ਜ਼ੁਲਮ, ਬਰਬਰਤਾ ਅਤੇ ਨਸਲਕੁਸ਼ੀ ਦੇ ਖਿਲਾਫ ਇੱਕ ਸ਼ਬਦ ਵੀ ਨਹੀਂ ਬੋਲੇ।

ਹੈਰਾਨੀ ਦੀ ਗੱਲ ਤਾਂ ਇਹ ਹੈ ਕਿ ਇਜ਼ਰਾਈਲ ਨੇ ਗਾਜ਼ਾ ਵਿੱਚ ਰਿਪੋਰਟਿੰਗ ਕਰਨ ਵਾਲੇ ਪੱਤਰਕਾਰਾਂ ਤੱਕ ਨੂੰ ਨਹੀਂ ਬਖਸ਼ਿਆ। ਇੱਕ ਰਿਪੋਰਟ ਮੁਤਾਬਕ, ਗਾਜ਼ਾ ਵਿੱਚ ਲੱਗਭੱਗ 178 ਪੱਤਰਕਾਰਾਂ ਨੂੰ ਇਜ਼ਰਾਈਲ ਦੀ ਬਰਬਰਤਾ ਦੇ ਚੱਲਦਿਆਂ ਆਪਣੀ ਜਾਨ ਗੁਆਉਣੀ ਪਈ ।

ਤਾਜ਼ਾ ਘਟਨਾਕ੍ਰਮ ਦੀ ਗੱਲ ਕਰੀਏ ਤਾਂ ਕੁਝ ਦਿਨ ਪਹਿਲਾਂ ਇਜ਼ਰਾਈਲ ਨੇ ਇਰਾਨ 'ਤੇ ਅਚਾਨਕ ਹਮਲਾ ਕਰਦਿਆਂ ਉਨ੍ਹਾਂ ਦੇ ਉੱਚ ਪੱਧਰੀ ਵਿਗਿਆਨੀਆਂ ਅਤੇ ਰੱਖਿਆ ਅਧਿਕਾਰੀਆਂ ਨੂੰ ਸ਼ਹੀਦ ਕਰ ਦਿੱਤਾ। ਇਸ ਦੇ ਜਵਾਬ ਵਿੱਚ ਇਰਾਨ ਨੇ ਇਜ਼ਰਾਈਲ ਉੱਤੇ ਮਿਜ਼ਾਈਲ ਹਮਲਾ ਕਰ ਦਿੱਤਾ ਅਤੇ ਅੱਜ 17 ਜੂਨ ਤੱਕ ਦੋਵਾਂ ਦੇਸ਼ਾਂ ਵਿੱਚ ਜੰਗ ਜਾਰੀ ਹੈ।

ਬੀਤੇ ਕੱਲ੍ਹ ਇੱਕ ਇਰਾਨੀ ਨਿਊਜ਼ ਚੈਨਲ ਦੇ ਸਟੂਡੀਓ ਦੀ ਵੀਡੀਓ ਵਾਇਰਲ ਹੋਈ, ਜਿਸ ਵਿੱਚ ਦਿਖਾਇਆ ਗਿਆ ਕਿ ਇੱਕ ਮਹਿਲਾ ਐਂਕਰ ਲਾਈਵ ਪ੍ਰੋਗਰਾਮ ਕਰ ਰਹੀ ਹੁੰਦੀ ਹੈ, ਇਸੇ ਦੌਰਾਨ ਇਜ਼ਰਾਈਲ ਵੱਲੋਂ ਸਟੂਡੀਓ 'ਤੇ ਹਮਲਾ ਕਰ ਦਿੱਤਾ ਜਾਂਦਾ ਹੈ। ਛੱਤ ਤੋਂ ਮਲਬਾ ਡਿੱਗਦਾ ਹੈ ਅਤੇ ਸਕਰੀਨ 'ਤੇ ਧੂੰਆਂ ਛਾ ਜਾਂਦਾ ਹੈ।

ਅਲਜ਼ਜੀਰਾ ਦੀ ਇੱਕ ਰਿਪੋਰਟ ਮੁਤਾਬਕ ਇਜ਼ਰਾਈਲ ਨੇ ਇਹ ਹਮਲਾ ਇਰਾਨ ਦੇ ਸਰਕਾਰੀ ਪ੍ਰਸਾਰਕ ਤੇ ਕੀਤਾ ਅਤੇ ਲਾਈਵ ਪ੍ਰਸਾਰਨ ਦੌਰਾਨ ਇੱਕ ਧਮਾਕੇ ਰਾਹੀਂ ਪ੍ਰਸਾਰਣ ਨੂੰ ਰੋਕ ਦਿੱਤਾ, ਜੋ ਕਿ ਇਜ਼ਰਾਈਲ ਅਤੇ ਤਹਿਰਾਨ ਵਿਚਕਾਰ ਤਣਾਅ ਵਿੱਚ ਹੋਰ ਵਾਧੇ ਨੂੰ ਦਰਸਾਉਂਦਾ ਹੈ। ਇਸ ਤੋਂ ਪਹਿਲਾਂ ਇਜ਼ਰਾਈਲ ਨੇ ਗਾਜ਼ਾ, ਕਬਜ਼ੇ ਹੇਠ ਪੱਛਮੀ ਕਿਨਾਰਾ ਅਤੇ ਲੈਬਨਾਨ ਵਿੱਚ ਵੀ ਮੀਡੀਆ ਨੂੰ ਨਿਸ਼ਾਨਾ ਬਣਾਇਆ ਸੀ।

ਟੀ ਵੀ ਐਂਕਰ ਸਹਰ ਇਮਾਮੀ ਨੇ ਕਿਹਾ: "ਵਤਨ ਖਿਲਾਫ਼ ਹਮਲਾ ਅਤੇ ਸੱਚ 'ਤੇ ਹਮਲਾ ਕਾਬਿਲ-ਏ-ਮੁਜਮਤ ਹੈ", ਜਦੋਂ ਕਿ ਇੱਕ ਤੇਜ਼ ਧਮਾਕਾ ਹੋਇਆ ਅਤੇ ਸਕਰੀਨ 'ਤੇ ਮਲਬਾ ਡਿਗਣ ਕਾਰਨ ਧੂੰਆਂ ਛਾ ਗਿਆ। ਵੀਡੀਓ ਵਿੱਚ ਉਹ ਸਟੂਡੀਓ ਤੋਂ ਭੱਜ ਰਹੀ ਹੁੰਦੀ ਹੈ ਅਤੇ ਪਿੱਛੋਂ ਇੱਕ ਆਵਾਜ਼ ਆਉਂਦੀ ਹੈ: "ਅੱਲਾਹੁ ਅਕਬਰ।"

ਇਹ ਹਮਲਾ ਲਾਈਵ ਨਸਰੀਆਤ ਦੌਰਾਨ ਇੱਕ ਸੁਰੱਖਿਅਤ ਮੀਡੀਆ ਕੰਪਾਊਂਡ 'ਤੇ ਹੋਇਆ ਸੀ, ਜੋ ਬਹੁਤ ਹੀ ਪ੍ਰਤੀਕਾਤਮਕ ਮਹੱਤਤਾ ਰੱਖਦਾ ਹੈ, ਕਿਉਂਕਿ ਇਸ ਵਕਤ ਇਰਾਨ ਅਤੇ ਇਜ਼ਰਾਈਲ ਦਰਮਿਆਨ ਤਣਾਅ ਖਤਰਨਾਕ ਪੱਧਰ 'ਤੇ ਪਹੁੰਚ ਚੁੱਕਾ ਹੈ।

ਇਜ਼ਰਾਈਲ ਦੀ ਫੌਜ ਵੱਲੋਂ ਤਹਿਰਾਨ ਦੇ (ਜਿੱਥੇ ਦਾ ਮੁੱਖ ਦਫਤਰ ਹੈ) ਨੂੰ ਨਿਸ਼ਾਨਾ ਬਣਾਉਣ ਦੀ ਧਮਕੀ ਦੇਣ ਤੋਂ ਥੋੜ੍ਹੀ ਦੇਰ ਬਾਅਦ ਹੀ ਇਹ ਹਮਲਾ ਕੀਤਾ ਗਿਆ। ਇਜ਼ਰਾਈਲ ਦੇ ਰੱਖਿਆ ਮੰਤਰੀ ਇਜ਼ਰਾਈਲ ਕਾਤਜ ਨੇ ਕਿਹਾ: "ਇਰਾਨੀ ਪ੍ਰਚਾਰ ਅਤੇ ਉਕਸਾਵੇ ਦਾ ਅੱਡਾ ਜਲਦ ਹੀ ਮਿਟਣ ਵਾਲਾ ਹੈ।"

ਉਧਰ ਇਰਾਨ ਦੇ ਵਿਦੇਸ਼ ਮੰਤਰਾਲਾ ਦੇ ਬੁਲਾਰੇ ਇਸਮਾਈਲ ਬਕਾਈ ਨੇ ਇਜ਼ਰਾਈਲ ਉੱਤੇ "ਇੱਕ ਸ਼ੈਤਾਨੀ ਕਿਰਤ" ਕਰਨ ਦਾ ਦੋਸ਼ ਲਾਇਆ ਅਤੇ ਕਿਹਾ ਕਿ ਇਹ ਜੰਗੀ ਅਪਰਾਧ ਹੈ। ਉਨ੍ਹਾਂ ਕਿਹਾ ਕਿ ਇਜ਼ਰਾਈਲ ਪੱਤਰਕਾਰਾਂ ਅਤੇ ਮੀਡੀਆ ਕਰਮਚਾਰੀਆਂ ਦਾ ਸਭ ਤੋਂ ਵੱਡਾ ਕਾਤਲ ਹੈ।

ਇੱਥੇ ਜ਼ਿਕਰਯੋਗ ਹੈ ਕਿ ਅਕਤੂਬਰ 2023 ਤੋਂ ਹੁਣ ਤੱਕ ਗਾਜ਼ਾ ਵਿੱਚ 178 ਪੱਤਰਕਾਰ ਇਜ਼ਰਾਈਲ ਵੱਲੋਂ ਮਾਰੇ ਗਏ, ਜੋ ਕਿ ਮੀਡੀਆ ਕਰਮਚਾਰੀਆਂ ਲਈ ਇਤਿਹਾਸ ਦਾ ਸਭ ਤੋਂ ਖ਼ੂਨਖਰਾਬਾ ਸਾਬਤ ਹੋਇਆ ਹੈ।

ਇਸਮਾਈਲ ਬਕਾਈ ਨੇ (ਸਾਬਕਾ ਟਵਿੱਟਰ) 'ਤੇ ਲਿਖਿਆ: "ਸੰਯੁਕਤ ਰਾਸ਼ਟਰ ਦੀ ਸੁਰੱਖਿਆ ਕੌਂਸਲ ਨੂੰ ਹੁਣ ਤੁਰੰਤ ਕਾਰਵਾਈ ਕਰਨੀ ਚਾਹੀਦੀ ਹੈ ਤਾਂ ਜੋ ਨਸਲਕੁਸ਼ੀ ਕਰਨ ਵਾਲੇ ਹਮਲਾਵਰ ਨੂੰ ਸਾਡੇ ਲੋਕਾਂ 'ਤੇ ਹੋਰ ਅੱਤਿਆਚਾਰ ਕਰਨ ਤੋਂ ਰੋਕਿਆ ਜਾ ਸਕੇ।"

ਨੇ ਇਰਾਨੀ ਸਟੇਟ ਟੀਵੀ 'ਤੇ ਹਮਲੇ ਦੀ ਨਿੰਦਾ ਕੀਤੀ ਅਤੇ ਕਿਹਾ ਕਿ ਫਲਸਤੀਨੀ ਪੱਤਰਕਾਰਾਂ ਦੇ ਕਤਲ ਲਈ ਕੋਈ ਸਜ਼ਾ ਨਾ ਹੋਣ ਕਰਕੇ ਇਜ਼ਰਾਈਲ ਹੁਣ ਹੋਰ ਦੇਸ਼ਾਂ ਵਿੱਚ ਵੀ ਮੀਡੀਆ ਨੂੰ ਨਿਸ਼ਾਨਾ ਬਣਾਉਣ ਦੀ ਹਿੰਮਤ ਕਰ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ "ਇਹ ਖ਼ੂਨਰਵਾਈ ਹੁਣ ਬੰਦ ਹੋਣੀ ਚਾਹੀਦੀ ਹੈ।"

**#ਸੰਪਰਕ : 98552-59650**

# ਯੁੱਧਾਂ ਦਾ ਦਰਦ ਅਤੇ ਮਨੋਵਿਗਿਆਨਕ ਸਦਮਾ



**ਡਾ. ਅਰੁਣ ਮਿੱਤਰਾ**

ਦੋ ਟੈਲੀਫੋਨ ਕਾਲਾਂ ਜੋ ਅੱਜ ਕੀਤੀਆਂ, ਮੈਨੂੰ ਝੰਜੋੜ ਕੇ ਰੱਖ ਗਈਆਂ ਅਤੇ ਅਜੇ ਵੀ ਮੇਰੇ ਮਨ ਨੂੰ ਪਰੇਸ਼ਾਨ ਕਰ ਰਹੀਆਂ ਹਨ। ਪਹਿਲੀ ਕਾਲ ਮੈਂ ਆਪਣੇ ਸ੍ਰੀਨਗਰ ਵਾਸੀ ਦੋਸਤ ਨੂੰ ਕੀਤੀ, ਜਿਸ ਦਾ ਪੁੱਤਰ ਤਹਿਰਾਨ ਵਿੱਚ ਮੈਡੀਕਲ ਦੀ ਪੜ੍ਹਾਈ ਕਰ ਰਿਹਾ ਹੈ ਅਤੇ ਮੌਜੂਦਾ ਹਾਲਾਤ ਕਰਕੇ ਉਨ੍ਹਾਂ ਨਾਲ ਸੌਖਾ ਸੰਪਰਕ ਨਹੀਂ ਹੋ ਰਿਹਾ। ਪਰਵਾਰ ਉਸ ਦੀ ਭਲਾਈ ਲਈ ਬਹੁਤ ਚਿੰਤਤ ਹੈ, ਪਰ ਆਪਣੇ-ਆਪ ਨੂੰ ਬੇਵੱਸ ਮਹਿਸੂਸ ਕਰਦਾ ਹੈ। ਉਨ੍ਹਾਂ ਨੇ ਇਜ਼ਰਾਈਲ ਵੱਲੋਂ ਈਰਾਨ 'ਤੇ ਹਮਲੇ ਦੀ ਉਮੀਦ ਨਹੀਂ ਕੀਤੀ ਸੀ, ਕਿਉਂਕਿ ਈਰਾਨ ਦੇ ਨਿਊਕਲੀਅਰ ਕਾਰਜਕ੍ਰਮ 'ਤੇ ਅਮਰੀਕਾ ਅਤੇ ਈਰਾਨ ਵਿਚਾਲੇ ਗੱਲਬਾਤ ਚੱਲ ਰਹੀ ਸੀ।

ਦੂਜੀ ਕਾਲ ਮੈਂ ਆਪਣੇ ਈਰਾਨੀ ਕਲਾਸਮੇਟ ਨੂੰ ਕੀਤੀ, ਜੋ ਮੇਰੇ ਨਾਲ ਮੈਡੀਕਲ ਕਾਲਜ ਵਿੱਚ ਪੜ੍ਹਦਾ ਸੀ, ਉਸ ਦੇ ਮਨ ਵਿਚ ਡਰ ਅਤੇ ਪੀੜਾ ਸਾਫ ਤੌਰ 'ਤੇ ਮਹਿਸੂਸ ਹੋ ਰਹੀ ਸੀ, ਖਾਸ ਕਰਕੇ ਭਵਿੱਖ ਬਾਰੇ ਅਨਿਸ਼ਚਿਤਤਾ ਕਾਰਨ। ਉਸ ਦੀ ਪਤਨੀ ਹਾਲ ਹੀ ਵਿੱਚ ਕਾਫੀ ਬਿਮਾਰ ਰਹੀ ਹੈ ਅਤੇ ਉਮਰ ਵਧਣ ਕਾਰਨ ਉਨ੍ਹਾਂ ਲਈ ਸਾਰੇ ਕੰਮ ਨਿਭਾਉਣੇ ਆਸਾਨ ਨਹੀਂ ਹਨ। ਕੋਈ ਵੀ ਹਿੰਸਕ ਸਥਿਤੀ, ਖਾਸ ਕਰਕੇ ਜੰਗ, ਦਰਦ, ਡਰ ਅਤੇ ਅਨਿਸ਼ਚਿਤਤਾ ਪੈਦਾ ਕਰਦੀ ਹੈ, ਜੋ ਲੰਮੇ ਸਮੇਂ ਤੱਕ ਮਨੋਵਿਗਿਆਨਕ ਸਮੱਸਿਆਵਾਂ ਦਾ ਕਾਰਨ ਬਣ ਸਕਦੀਆਂ ਹਨ ਅਤੇ ਸਥਿਤੀ ਸੁਧਰ ਜਾਣ ਤੋਂ ਬਾਅਦ ਵੀ ਵਿਅਕਤੀ ਦੀ ਮਾਨਸਿਕ ਸਮਰੱਥਾ ਅਤੇ ਕਾਰਜਸ਼ੀਲਤਾ 'ਤੇ ਅਸਰ ਪਾ ਸਕਦੀਆਂ ਹਨ।

ਅਫਸੋਸ ਦੀ ਗੱਲ ਹੈ ਕਿ ਅੱਜ ਦਾ ਸੰਸਾਰ ਇੱਕ ਭਾਰੀ ਯੁੱਧ ਅਤੇ ਹਿੰਸਾ ਦੇ ਸੰਕਟ ਵਿੱਚੋਂ ਲੰਘ ਰਿਹਾ ਹੈ, ਜੋ ਕਿ ਸ਼ਾਇਦ ਦੂਜੇ ਵਿਸ਼ਵ ਯੁੱਧ ਤੋਂ ਬਾਅਦ ਦਾ ਸਭ ਤੋਂ ਗੰਭੀਰ ਦੌਰ ਹੈ। ਇੱਕ ਸਕੂਲੀ ਵਿਦਿਆਰਥੀ ਵਜੋਂ 1965 ਵਿੱਚ ਜਦੋਂ ਮੈਂ ਭਾਰਤ-ਪਾਕਿਸਤਾਨ ਸਰਹੱਦ ਨੇੜੇ ਰਹਿੰਦਾ ਸੀ, ਮੈਂ ਉਹ ਦਰਦਨਾਕ ਹਾਲਤਾਂ ਦੇਖੀਆਂ ਸਨ, ਜਦੋਂ ਸਰਹੱਦੀ ਪਿੰਡਾਂ ਦੇ ਪਰਵਾਰ ਕਸਬਿਆਂ ਵੱਲ ਪਲਾਇਨ ਕਰ ਗਏ ਸਨ ਅਤੇ ਖਾਣ-ਪੀਣ ਦੀਆਂ ਚੀਜ਼ਾਂ ਲਈ ਕਸਬਾ ਵਾਸੀਆਂ 'ਤੇ ਨਿਰਭਰ ਰਹਿੰਦੇ ਸਨ। ਬੱਚੇ ਸਕੂਲ ਨਹੀਂ ਜਾਂਦੇ ਸਨ। ਪਰਵਾਰਕ ਜੀਵਨ ਦੀ ਕੋਈ ਪਰਦਾਦਾਰੀ ਨਹੀਂ ਸੀ। ਇਸ ਨਾਲ ਉਨ੍ਹਾਂ ਵਿੱਚ ਗੰਭੀਰ ਮਾਨਸਿਕ ਸਮੱਸਿਆਵਾਂ ਪੈਦਾ ਹੋਈਆਂ। ਮੈਡੀਕਲ ਵਿਦਿਆਰਥੀ ਵਜੋਂ ਮੈਂ 1971 ਵਿੱਚ ਇਹੋ ਜਿਹੀ ਸਥਿਤੀ ਫੇਰ ਦੇਖੀ। ਅੱਜ ਜਦੋਂ ਮੱਧ ਪੂਰਬ ਵਿੱਚ ਲੋਕਾਂ ਉੱਤੇ ਜੰਗ ਥੋਪੀ ਗਈ ਹੈ, ਇਹ ਅਸਾਨੀ ਨਾਲ ਸਮਝ ਆ ਜਾਂਦੀ ਹੈ ਕਿ ਉਨ੍ਹਾਂ ਦੇ ਮਨ ਉੱਤੇ ਕੀ ਬੀਤ ਰਹੀ ਹੋਵੇਗੀ।

ਗਾਜ਼ਾ 'ਚ ਇਜ਼ਰਾਈਲ ਵੱਲੋਂ ਨਿਰਦੋਸ਼ ਨਾਗਰਿਕਾਂ 'ਤੇ ਕੀਤੇ ਗਏ ਹਮਲਿਆਂ ਵਿੱਚ ਹੁਣ ਤੱਕ 55,000 ਤੋਂ ਵੱਧ ਲੋਕ ਮਾਰੇ ਜਾ ਚੁੱਕੇ ਹਨ, ਜਿਨ੍ਹਾਂ ਵਿੱਚ ਜ਼ਿਆਦਾਤਰ ਔਰਤਾਂ ਅਤੇ ਬੱਚੇ ਹਨ। ਸੀਰੀਆ, ਲੈਬਨਾਨ ਅਤੇ ਵੈਸਟ ਬੈਂਕ 'ਤੇ ਅਣਗੌਲੇ ਹਮਲੇ ਅਤੇ ਵੈਸਟ ਬੈਂਕ ਵਿੱਚ ਜ਼ਬਰਦਸਤੀ ਦੀਆਂ ਨਵੀਆਂ ਕਾਲੋਨੀਆਂ ਵਸਾਉਣਾ ਬਹੁਤ ਗੰਭੀਰ ਚਿੰਤਾ ਦਾ ਵਿਸ਼ਾ ਹਨ । ਇਹ ਹਮਲੇ ਹਮਾਸ ਵੱਲੋਂ 7 ਅਕਤੂਬਰ 2023 ਨੂੰ ਕੀਤੇ ਹਿੰਸਕ ਹਮਲੇ ਦੇ ਬਾਅਦ ਸ਼ੁਰੂ ਹੋਏ, ਪਰ ਇਜ਼ਰਾਈਲ ਦੀ ਪ੍ਰਤੀਕਿਰਿਆ ਨਿਰੰਕੁਸ਼ ਅਤੇ ਅਣਅਨੁਪਾਤੀ ਰਹੀ ਹੈ। ਨਤੀਜਾ ਇਹ ਹੈ ਕਿ ਗਾਜ਼ਾ ਵਿੱਚ ਮਾਨਵਤਾਵਾਦੀ ਸੰਕਟ ਆਪਣੇ ਚਰਮ 'ਤੇ ਹੈ। ਇਜ਼ਰਾਈਲ ਵੱਲੋਂ ਈਰਾਨ 'ਤੇ ਕੀਤੇ ਗਏ ਅਣਉਕਸਾਵੇ ਹਮਲੇ ਤੋਂ ਬਾਅਦ ਦੋਨਾਂ ਦੇ ਵਿਚਕਾਰ ਜੰਗ ਬਹੁਤ ਖਤਰਨਾਕ ਮੋੜ ਲੈ ਚੁੱਕੀ ਹੈ। ਇਜ਼ਰਾਈਲ ਦੇ ਪ੍ਰਧਾਨ ਮੰਤਰੀ ਨੇਤਨਯਾਹੂ ਨੇ ਸਾਫ ਸ਼ਬਦਾਂ ਵਿੱਚ ਕਿਹਾ ਹੈ ਕਿ ਉਹ ਈਰਾਨ ਦੀ ਸਰਕਾਰ ਨੂੰ ਬਦਲਣਾ ਚਾਹੁੰਦੇ ਹਨ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਈਰਾਨ ਨੂੰ ਬਿਨਾਂ ਸ਼ਰਤ ਘੁਟਣੇ ਟੇਕਣ ਦੀ ਮੰਗ ਕਰ ਰਹੇ ਹਨ।

1979 ਵਿੱਚ ਈਰਾਨ ਸ਼ਾਹ ਸਰਕਾਰ ਇੱਕ ਲੋਕ ਅੰਦੋਲਨ ਰਾਹੀਂ ਗਿਰਾ ਦਿੱਤੀ ਗਈ ਸੀ, ਜਿਸ ਦੀ ਅਗਵਾਈ ਆਯਤੁੱਲਾਹ ਖੋਮੈਨੀ ਨੇ ਕੀਤੀ। ਲੋਕ ਸ਼ਾਹ ਦੇ ਖਿਲਾਫ ਸਨ, ਕਿਉਂਕਿ ਉਹ ਈਰਾਨ ਦੇ ਹਿੱਤਾਂ ਨੂੰ ਅਮਰੀਕੀ ਕੰਪਨੀਆਂ ਨੂੰ ਵੇਚ ਰਿਹਾ ਸੀ। ਕਈ ਧੜੇ ਸ਼ਾਹ ਦੇ ਖਿਲਾਫ ਸਨ, ਜਿਵੇਂ ਕਿ ਲਿਬਰਲ, ਕਮਿਊਨਿਸਟ ਆਦਿ, ਪਰ ਆਯਤੁੱਲਾਹ ਖੋਮੈਨੀ ਦੀ ਅਗਵਾਈ ਵਾਲਾ ਧੜਾ ਮੁੱਖ ਤਾਕਤ



ਵਜੋਂ ਉੱਭਰਿਆ, ਪਰ ਉਨ੍ਹਾਂ ਨੇ ਇੱਕ ਧਾਰਮਿਕ ਕੱਟੜਪੰਥੀ ਰਾਜ ਸਥਾਪਤ ਕੀਤਾ ਅਤੇ ਵੱਖ-ਵੱਖ ਵਿਚਾਰਧਾਰਾਵਾਂ ਵਾਲਿਆਂ 'ਤੇ ਜ਼ੁਲਮ ਕੀਤਾ, ਕਈਆਂ ਨੂੰ ਮਾਰ ਦਿੱਤਾ ਗਿਆ। ਔਰਤਾਂ 'ਤੇ ਕਈ ਪਾਬੰਦੀਆਂ ਲਾਈਆਂ। ਹਾਲ ਹੀ ਵਿੱਚ ਈਰਾਨ ਵਿੱਚ ਔਰਤਾਂ ਵੱਲੋਂ 'ਔਰਤ, ਜ਼ਿੰਦਗੀ, ਆਜ਼ਾਦੀ' ਦੇ ਨਾਅਰੇ ਹੇਠ ਅੰਦੋਲਨ ਹੋਏ। ਹਾਲਾਂਕਿ ਇਸ ਈਰਾਨੀ ਰਾਜ ਨੇ ਸਾਮਰਾਜ ਵਿਰੋਧੀ ਰੂਪ ਜਾਰੀ ਰੱਖਿਆ। ਦੂਜੇ ਪਾਸੇ ਯਹੂਦੀ ਧਾਰਮਿਕ ਰਾਜ ਇਜ਼ਰਾਈਲ ਸਦਾ ਤੋਂ ਅਮਰੀਕੀ ਸਾਮਰਾਜਵਾਦ ਦੇ ਨਾਲ ਖੜਾ ਰਹਿੰਦਾ ਆ ਰਿਹਾ ਹੈ ਅਤੇ ਅੰਤਰ-ਰਾਸ਼ਟਰੀ ਮਾਨਵਤਾ ਕਾਨੂੰਨਾਂ ਦੀ ਉਲੰਘਣਾ ਕਰਦਾ ਆ ਰਿਹਾ ਹੈ। ਹੁਣ ਇਜ਼ਰਾਈਲ ਅਤੇ ਅਮਰੀਕਾ ਨੇ ਖੁਲ੍ਹ ਕੇ ਆਪਣਾ ਮਨੋਰਥ ਦੱਸ ਦਿੱਤਾ ਹੈ ਕਿ ਉਹ ਮੱਧ ਪੂਰਬ ਦੇ ਸਰੋਤਾਂ ਉੱਤੇ ਕਬਜ਼ਾ ਕਰਨਾ ਚਾਹੁੰਦੇ ਹਨ ਅਤੇ ਖੇਤਰ ਵਿੱਚ ਆਪਣੇ ਭੂ ਰਾਜਨੀਤਿਕ ਹਿੱਤਾਂ ਨੂੰ ਸਨਮੁੱਖ ਰੱਖ ਕੇ ਕੁਝ ਵੀ ਕਰਨ ਲਈ ਤਿਆਰ ਹਨ।

ਸੋਸ਼ਲ ਮੀਡੀਆ ਵਿਚ ਰਿਪੋਰਟਾਂ ਹਨ, ਜੋ ਇਜ਼ਰਾਈਲੀ ਭਾਰਤੀਆਂ ਨੂੰ ਵਾਪਸ ਜਾਣ ਲਈ ਕਹਿ ਰਹੇ ਹਨ। ਭਾਰਤੀ ਕਰਮਚਾਰੀਆਂ ਨੂੰ ਪਨਾਹਗਾਹਾਂ ਵਿੱਚ ਜਾਣ ਦੀ ਆਗਿਆ ਨਹੀਂ ਦਿੱਤੀ ਜਾ ਰਹੀ। ਭਾਰਤ ਸਰਕਾਰ ਕੀ ਕਰੇਗੀ, ਇਸ ਨੂੰ ਵੇਖਣਾ ਹੈ। ਭਾਰਤੀ ਵਿਦਿਆਰਥੀ ਈਰਾਨ ਵਿੱਚ ਫਸੇ ਹੋਏ ਹਨ। ਉਨ੍ਹਾਂ ਨੂੰ ਭਾਰਤ ਲਿਆਉਣਾ ਇਕ ਵੱਡਾ ਕੰਮ ਹੈ।

ਇਹ ਮਹੱਤਵਪੂਰਨ ਹੈ ਕਿ ਯੁੱਧ ਛੇਤੀ ਖਤਮ ਹੋਣਾ ਚਾਹੀਦਾ ਹੈ। ਭਾਰਤੀ ਫੌਜ ਦੇ ਸਾਬਕਾ ਮੁਖੀ ਜਨਰਲ ਐੱਮ ਐੱਮ ਨਾਰਵਾਨੇ ਨੇ ਮਈ 2025 ਵਿੱਚ ਪੁਣੇ ਵਿੱਚ ਭਾਰਤ ਦੇ ਇੰਸਟੀਚਿਊਟ ਆਫ ਕਾਸਟ ਅਕਾਊਂਟੈਂਟਾਂ ਦੇ ਜੁਬਲੀ ਸਮਾਰੋਹ ਨੂੰ ਸੰਬੋਧਨ ਕਰਦਿਆਂ ਕਿਹਾ ਯੁੱਧ ਕੋਈ ਰੋਮਾਂਟਿਕ ਜਾਂ ਬਾਲੀਵੁੱਡ ਫਿਲਮ ਨਹੀਂ ਹੈ, ਇਹ ਬਹੁਤ ਗੰਭੀਰ ਅਤੇ ਮਹਿੰਗਾ ਮਸਲਾ ਹੈ। ਜਨਰਲ ਨਰਵਾਨੇ ਨੇ ਕਿਹਾ, ਜਦੋਂ ਯੁੱਧ ਹੁੰਦਾ ਹੈ ਤਾਂ ਮੌਤ ਅਤੇ ਤਬਾਹੀ ਹੁੰਦੀ ਹੈ।

ਅਜੋਕੇ ਸਮੇਂ ਝੂਠ ਦਾ ਸਹਾਰਾ ਲੈ ਕੇ ਅਤੇ ਅੰਨ੍ਹਾ ਰਾਸ਼ਟਰਵਾਦ ਵਧਾ ਕੇ ਹਥਿਆਰਾਂ ਨੂੰ ਬਣਾਉਣ ਵਾਲੇ ਉਦਯੋਗ ਆਪਣੇ ਮੁਨਾਫੇ ਲਈ ਜੰਗਾਂ ਨੂੰ ਉਕਸਾਅ ਰਹੇ ਹਨ। ਸਿਵਲ ਸੁਸਾਇਟੀ ਨੂੰ ਅਜਿਹੇ ਲਾਭਕਾਰੀ ਕਾਰੋਬਾਰ ਜੋ ਪੂਰੀ ਤਰ੍ਹਾਂ ਅਣਮਨੁੱਖੀ ਹੈ, ਦੇ ਵਿਰੁੱਧ ਆਪਣੀ ਆਵਾਜ਼ ਬੁਲੰਦ ਕਰਨੀ ਪਏਗੀ ।

**# ਸੰਪਰਕ : 94170-00360**

**ਯੋਗ ਦਿਵਸ 'ਤੇ ਵਿਸ਼ੇਸ਼**

# ਵਿਗਿਆਨ ਦੀ ਨਜ਼ਰ 'ਚ ਯੋਗਾ

**ਪ੍ਰਿੰ. ਹਰੀ ਕ੍ਰਿਸ਼ਨ ਮਾਇਰ**

ਤਕਰੀਬਨ ਪੰਜ ਹਜ਼ਾਰ ਵਰ੍ਹਿਆਂ ਤੋਂ ਭਾਰਤੀ ਫਿਲਾਸਫੀ ਵਿੱਚ 'ਯੋਗਾ' ਇਕ ਅਧਿਆਤਮਿਕ ਅੰਗ ਬਣਿਆ ਰਿਹਾ ਹੈ ।ਯੋਗੇ ਦਾ ਮੁੱਖ ਉਦੇਸ਼ ਮਨੁੱਖ ਅੰਦਰਲੀਆਂ ਅਧਿਆਤਮਿਕ ਅਤੇ ਮਨੋਸ਼ਕਤੀਆਂ ਨੂੰ ਉਜਾਗਰ ਕਰਨਾ ਰਿਹਾ ਹੈ। ਅੱਜ ਉਦਯੋਗੀਕਰਨ ਅਤੇ ਤੇਜ਼-ਤਰਾਰ ਜੀਵਨ-ਜਾਚ ਦੇ ਹੁੰਦਿਆਂ ਯੋਗਾ ਲੋਕਾਂ ਵਿੱਚ ਮਾਨਸਿਕ ਤਣਾਓ, ਚਿੰਤਾ, ਢਹਿੰਦੀ ਕਲਾ ਜਾਂ ਘੋਰ ਉਦਾਸੀ ਜਿਹੀਆਂ ਅਲਾਮਤਾਂ ਦੇ ਖ਼ਿਲਾਫ਼ ਲੜਾਈ ਲੜਨ 'ਚ ਸਹਾਈ ਹੋਣ ਕਰਕੇ ਹਰਮਨਪਿਆਰਾ ਬਣਦਾ




ਜਾ ਰਿਹਾ ਹੈ।ਅਧਿਆਤਮਿਕ ਪੱਖ ਤੋਂ ਇਲਾਵਾ ਯੋਗਾ ਦੇ ਸਾਨੂੰ ਕਈ ਸਰੀਰਕ ਫਾਇਦੇ ਵੀ ਹਨ ।21 ਜੂਨ ਨੂੰ 'ਯੋਗਾ ਦਿਵਸ' ਹੈ ।ਆਓ, ਆਪਾਂ ਇਸ ਪਿੱਛੇ ਕੰਮ ਕਰਦੇ ਵਿਗਿਆਨ ਦੀਆਂ ਪਰਤਾਂ ਨੂੰ ਫਰੋਲਣ ਦਾ ਯਤਨ ਕਰੀਏ।

'ਯੋਗਾ' ਪੁਰਾਤਨ ਸਮੇਂ ਤੋਂ ਕੀਤਾ ਜਾਂਦਾ ਇਕ ਸਰੀਰਕ ਅਭਿਆਸ ਹੈ, ਜਿਸ ਵਿੱਚ ਵੱਖ-ਵੱਖ ਤਰੀਕੇ ਦੇ ਆਸਣ, ਇਕਾਗਰਤਾ, ਡੂੰਘੇ ਸਾਹ ਲੈਣ ਆਦਿ ਕਿਰਿਆਵਾਂ ਸ਼ਾਮਲ ਹੁੰਦੀਆਂ ਹਨ ।ਯੋਗੇ ਦਾ ਲਗਾਤਾਰ ਅਭਿਆਸ ਸਰੀਰ ਵਿੱਚ ਲਚਕਤਾ, ਤੰਦਰੁਸਤੀ, ਤਾਕਤ, ਧੀਰਜ, ਸ਼ਾਂਤੀ ਨੂੰ ਪ੍ਰੋਤਸਾਹਿਤ ਕਰਦਾ ਮੰਨਿਆ ਜਾਂਦਾ ਹੈ। ਹੱਡੀਆਂ ਦੀ ਮਜ਼ਬੂਤੀ, ਜੋੜਾਂ ਦੇ ਸਹੀ ਕੰਮ ਕਰਨ ਅਤੇ ਜੋੜਾਂ ਦੀ ਸਥਿਰਤਾ ਲਈ ਵੀ ਇਸ ਨੂੰ ਸਹਾਇਕ ਮੰਨਿਆ ਗਿਆ ਹੈ। ਅਧੁਨਿਕ ਯੋਗਾ ਦੇ ਵਿਗਿਆਨ ਦਾ ਸਰੀਰਕ ਵਿਗਿਆਨ (ਅਨੌਟਮੀ) ਤੇ ਫਿਜੀਓਲੋਜੀ ਤੇ ਮਨੋਵਿਗਿਆਨ (Psychology) ਦੀ ਤਰ੍ਹਾਂ ਇਕ ਵਿਗਿਆਨਿਕ ਧਰਾਤਲ ਹੈ, ਪਰ ਇਸ ਦਾ ਸੰਕਲਪ ਅਤੇ ਪ੍ਰਭਾਵ ਕਿਸੇ ਹੱਦ ਤੀਕ ਹੋਰ ਸਰੀਰਕ ਕਸਰਤਾਂ ਨਾਲੋਂ ਭਿੰਨ ਹੈ। ਘਰ ਤੋਂ ਬਾਹਰ ਜਿੰਮ ਵਗੈਰਾ ਵਿੱਚ ਕਸਰਤ ਕਰਨ ਜਾਣ ਦੇ ਅਲੱਗ ਕਾਰਨ ਵੀ ਹੋ ਸਕਦੇ ਹਨ, ਜਿਵੇਂ ਸਮਾਜਿਕ ਮੇਲ-ਜੋਲ, ਆਪਣੇ ਸਰੀਰ ਦੀ ਦਿੱਖ ਵਿੱਚ ਹੋਰਨਾਂ ਦੇ ਮੁਕਾਬਲੇ ਤੁਲਨਾਤਮਿਕ ਸੁਧਾਰ ਲਿਆਉਣਾ, ਮਾਨਸਿਕ ਸਿਹਤ ਵਧਾਉਣਾ ਆਦਿ।ਕਸਰਤ ਕਿਸੇ ਮਣਸ਼ੇ ਨੂੰ ਮੂਹਰੇ ਰੱਖ ਕੇ, ਸਹੀ ਚੋਣ ਕਰਕੇ ਅਤੇ ਉਮਰ ਦੇ ਲਈ ਢੁਕਵੀਂ ਦੇਖ ਕੇ ਕੀਤੀ ਜਾਂਦੀ ਹੈ।

* ਯੋਗਾ ਕਸਰਤ ਨਾਲੋਂ ਵੱਖਰਾ ਹੁੰਦਾ ਹੈ। ਇਸ ਵਿੱਚ ਅਲੱਗ ਤਰਾਂ ਦੀਆਂ ਲੰਮੀਆਂ ਸਰੀਰਕ ਖਿੱਚਾਂ ਵੀ ਸ਼ਾਮਿਲ ਹੁੰਦੀਆਂ ਹਨ।ਸਰੀਰਕ ਪਕੜ ਅਤੇ ਢਿੱਲ ਹੁੰਦੀ ਹੈ।ਇਹ ਇਸ ਦੀ ਤਣਾਅ ਤੋਂ ਮੁਕਤੀ ਦਿਵਾਉਣ ਵਾਲੀ ਯੋਗਤਾ ਨੂੰ ਦਰਸਾਉਂਦਾ ਹੈ।

* ਚਿੰਤਨ, ਧਿਆਨ ਜਾਂ ਮੈਡੀਟੇਸ਼ਨ ਅਤੇ ਯੋਗੇ ਦੇ ਆਪੋ-ਆਪਣੇ ਵੱਖਰੇ ਪ੍ਰਭਾਵ ਹੁੰਦੇ ਹਨ। ਸਾਡੇ ਯੋਗਾ ਸਕੂਲਾਂ ਵਿੱਚ ਮੈਡੀਟੇਸ਼ਨ ਅਤੇ ਯੋਗਾ ਨੂੰ ਰਲਗੱਡ ਕਰ ਲਿਆ ਗਿਆ ਹੈ।ਮਨੋਵਿਗਿਆਨਿਕ ਪ੍ਰਸਥਿਤੀਆਂ ਵਿੱਚ ਜਿਵੇਂ ਪੋਸਟ ਟਰਾਓਮੈਟਿਕ ਸਟ੍ਰੈਸ ਡਿਸਆਰਡਰ ਵਿੱਚ ਯੋਗਾ ਬਿਹਤਰ ਮੰਨਿਆ ਜਾਂਦਾ ਹੈ। ਭਾਵੇਂ ਇਸ ਦੇ ਹੱਕ ਵਿੱਚ ਅਜੇ ਪ੍ਰਮਾਣ ਅਤੇ ਦਲੀਲਾਂ ਬੜੀਆਂ ਘੱਟ ਹਨ।

* ਇਹ ਵੀ ਕਿਹਾ ਜਾਂਦਾ ਹੈ ਕਿ ਵਿਸ਼ੇਸ਼ ਫਾਇਦਿਆਂ ਦਾ ਜ਼ਿਕਰ ਕਰਕੇ ਯੋਗਾ ਝੂਠੇ ਵਿਗਿਆਨਕ ਦਾਅਵੇ ਵੀ ਕਰਦਾ ਹੈ ਕਿ ਇਹ ਹੋਰ ਸਰੀਰਕ ਕਸਰਤਾਂ ਨਾਲ਼ੋਂ ਵੱਧ ਕਾਰਗਰ ਹੈ। ਕਈ ਇਹ ਵੀ ਦਾਅਵਾ ਕਰਦੇ ਹਨ ਕਿ ਇਹ ਖ਼ਾਸ ਸਰੀਰਕ ਅੰਗਾਂ 'ਤੇ ਪ੍ਰਭਾਵ ਪਾਉਂਦਾ ਹੈ।ਜਿਵੇਂ ਕਿ ਅੱਗੇ ਝੁਕਣ ਨਾਲ ਲਿਵਰ 'ਚੋਂ ਜ਼ਹਿਰੀਲਾ ਮਾਦਾ ਬਾਹਰ ਨਿਕਲ ਜਾਂਦਾ ਹੈ।ਇਹ ਬਿਲਕੁਲ ਬੇਬੁਨਿਆਦ ਦਲੀਲ ਹੈ।ਖੋਜੀਆਂ ਨੂੰ ਯੋਗ ਦੇ ਪ੍ਰਭਾਵਾਂ ਤੇ ਉੱਚ ਪੱਧਰ ਦਾ ਗੁਣਾਤਮਿਕ ਅਧਿਐਨ ਕੀਤੇ ਜਾਣ ਦੀ ਜ਼ਰੂਰਤ ਹੈ।

* ਹੁਣੇ-ਹੁਣੇ ਦੇਖਿਆ ਗਿਆ ਕਿ ਯੋਗਾ ਦਿਲ ਦੀ ਸਿਹਤ ਨੂੰ ਸੁਧਾਰਦਾ ਹੈ। ਫੇਫੜਿਆਂ ਦੀ ਸਮਰੱਥਾ ਨੂੰ ਚੰਗੇਰਾ ਬਣਾਉਂਦਾ ਹੈ।ਤਣਾਓ ਅਤੇ ਜਲੂਣ ਨੂੰ ਘੱਟ ਕਰਦਾ ਹੈ।

* ਉਪਰੋਕਤ ਕਾਰਕ ਮਨੁੱਖ ਦੀ ਜ਼ਿੰਦਗੀ ਨੂੰ ਲੰਮੀ ਕਰਦੇ ਹਨ।ਤੁਸੀਂ ਸਿਹਤਮੰਦ ਬੁਢਾਪਾ ਜਿਉਂਦੇ ਹੋ।

* ਯੋਗਾ ਆਰਟ ਵੀ ਹੈ ਅਤੇ ਵਿਗਿਆਨ ਵੀ।ਇਹ ਵਿਗਿਆਨ ਹੈ, ਜੋ ਸਰੀਰ ਅਤੇ ਆਤਮਾ ਨੂੰ ਫ਼ਾਇਦਾ ਪਹੁੰਚਾਂਦਾ ਹੈ।ਇਹ ਇਕ ਕਲਾ ਹੈ, ਇਕ ਅਭਿਆਸ ਹੈ, ਜੋ ਮਨ, ਸਰੀਰ ਅਤੇ ਆਤਮਾ ਦਾ ਆਪਸ ਵਿੱਚ ਤਾਲਮੇਲ ਬਿਠਾਉਣਾ ਹੈ।ਸਭ ਤੋਂ ਉੱਪਰ ਅਸੀਂ ਯੋਗੇ ਨੂੰ ਕਲਾ ਕਹਾਂਗੇ, ਜਿਵੇਂ ਨੱਚਣ, ਸੰਗੀਤ, ਪੇਂਟਿੰਗ ਵਾਂਗ।

* ਆਓ ਯੋਗਾ ਦੇ ਫਾਇਦਿਆਂ ਨੂੰ ਵਿਗਿਆਨਕ ਨਜ਼ਰੀਏ ਤੋਂ ਸੂਚੀਬੱਧ ਕਰੀਏ:

* ਤਣਾਅ ਦੇ ਹਾਰਮੋਨਾਂ ਨੂੰ ਮੱਠਾ ਕਰਦਾ ਹੈ

ਜਦ ਸਾਡਾ ਸਰੀਰ ਵੱਧ ਤਣਾਓ ਯੁਕਤ ਹੁੰਦਾ ਹੈ, ਤਾਂ ਸਾਡੇ ਅੰਦਰ ਕੋਰਟੀਸੋਲ ਹਾਰਮੋਨ ਰਿਸਦਾ ਹੈ, ਜੋ ਸਰੀਰ ਦੇ ਕੰਮ-ਕਾਜ ਵਿੱਚ ਗੜਬੜ ਪੈਦਾ ਕਰਦਾ ਹੈ।ਯੋਗਾ ਤਣਾਅ ਹਾਰਮੋਨਾਂ ਦੇ ਪੱਧਰ ਨੂੰ ਘਟਾਉਂਦਾ ਹੈ। ਇੰਝ ਸਰੀਰ ਨੂੰ ਰਾਹਤ ਪਹੁੰਚਾਂਦਾ ਹੈ।

* ਐਂਟੀਆਕਸੀਡੈਂਟ ਪਾਚਕ ਰਸ ਰਿਸਦੇ ਹਨ:

* ਵਾਤਾਵਰਣ ਪ੍ਰਦੂਸ਼ਕਾਂ ਨਾਲ ਵਾਰ-ਵਾਰ ਸੰਪਰਕ ਵਿੱਚ ਆਣ ਨਾਲ ਪਦਾਰਥਾਂ ਵਿੱਚ ਹੋਈ ਭੰਨਤੋੜ ਤੋਂ ਫ੍ਰੀ ਰੈਡੀਕਲ ਬਣਦੇ ਹਨ ਜੋ ਕੈਂਸਰ ਅਤੇ ਕਈ ਹੋਰ ਰੋਗਾਂ ਦਾ ਕਾਰਨ ਬਣਦੇ ਹਨ।ਉਮਰ ਨੂੰ ਘਟਾਉਂਦੇ ਹਨ।ਫ੍ਰੀ ਰੈਡੀਕਲਾਂ ਦਾ ਮੁਕਾਬਲਾ ਸਾਡੇ ਸਰੀਰ ਵਿੱਚ ਐਂਟੀਆਕਸੀਡੈਂਟ ਐਨਜ਼ਾਈਮ ਕਰਦੇ ਹਨ।ਯੋਗਾ ਕਰਨ ਵਾਲ਼ਿਆਂ ਵਿੱਚ ਇਹ ਬਹੁਤ ਹੁੰਦੇ ਹਨ। ਯੋਗਾ ਫ੍ਰੀ ਰੈਡੀਕਲਾਂ ਤੋਂ ਹੋਣ ਵਾਲੀ ਭੰਨਤੋੜ ਤੋਂ ਸਾਨੂੰ ਬਚਾਉਂਦਾ ਹੈ।

* ਰੋਗ ਪ੍ਰਤੀਰੋਧ ਸ਼ਕਤੀ ਸੁਧਾਰਦਾ ਹੈ

* ਯੋਗਾ ਕੋਰਟੀਸੋਲ ਹਾਰਮੋਨ ਨੂੰ ਘੱਟ ਕਰਦਾ ਹੈ।ਇਸ ਹਾਰਮੋਨ ਦੀ ਬਹੁਤਾਤ ਰੋਗ ਪ੍ਰਤੀਰੋਧ ਸ਼ਕਤੀ ਨੂੰ ਖੋਰਦੀ ਹੈ।ਸਾਡੇ ਸੁਰੱਖਿਆ ਪ੍ਰਬੰਧ ਨੂੰ ਢਾਹ ਲਾਉਦੀ ਹੈ।ਯੋਗਾ ਰੋਗਾਂ ਨਾਲ ਲੜਨ ਦੀ ਸਾਡੀ ਤਾਕਤ ਨੂੰ ਵਧਾਉਂਦਾ ਹੈ।

* ਨਸ਼ੇੜੀਆਂ ਦਾ ਇਲਾਜ

* ਦਿਮਾਗ ਵਿੱਚ ਇਕ ਰਸਾਇਣ ਹੁੰਦਾ ਹੈ, ਡੋਪਾਮਿਨ,ਇਸ ਦੇ ਪੱਧਰ ਨੂੰ ਕੰਟਰੋਲ ਕਰਕੇ ਇਹ ਨਸ਼ੇੜੀਆਂ ਦਾ ਇਲਾਜ ਕਰਦਾ ਹੈ।

* ਦਿਮਾਗ ਦਾ ਆਕਾਰ ਵੱਡਾ ਕਰਦਾ

* ਸਕੈਨ ਜ਼ਰੀਏ ਵਿਗਿਆਨੀਆਂ ਨੇ ਲੱਭਿਆ ਕਿ ਯੋਗ ਦਾ ਅਭਿਆਸ ਕਰਨ ਵਾਲ਼ਿਆਂ ਵਿੱਚ ਕਸਰਤ ਨਾ ਕਰਨ ਵਾਲਿਆਂ ਨਾਲੋਂ ਵੱਧ ਗਰੇ ਮੈਟਰ( ਦਿਮਾਗ ਦੇ ਸੈੱਲ) ਹੁੰਦਾ ਹੈ, ਅਧਿਕ ਘੰਟੇ ਯੋਗਾ ਕਰਨ ਨਾਲ ਦਿਮਾਗ ਦਾ ਖ਼ਾਸ ਖੇਤਰ ਵੱਡਾ ਹੋ ਜਾਂਦਾ ਹੈ।

* ਯੋਗਾ ਸਾਨੂੰ ਮੌਜੂਦਾ ਪਲ ਯਾਨਿ ਕਿ ਵਰਤਮਾਨ ਪ੍ਰਤੀ ਸੁਚੇਤ ਕਰਦਾ ਹੈ।ਨਾਂਹਪੱਖੀ ਵਿਚਾਰਾਂ ਤੋਂ ਚੇਤਨ ਕਰਦਾ ਹੈ ।ਨਾਂਹਪੱਖੀ ਵਿਚਾਰਾਂ ਨੂੰ ਮਨ ਤੋਂ ਦੂਰ ਕਰਨ ਵਿੱਚ ਮਦਦ ਕਰਦਾ ਹੈ।

* ਯੋਗਾ ਵਿੱਚ ਸਰੀਰ ਦੇ ਝੁਕਣ, ਮੋੜਨ ਵਾਲੀਆਂ ਕਸਰਤਾਂ ਹੁੰਦੀਆਂ ਹਨ । ਜਦ ਤੁਸੀਂ ਲਗਾਤਾਰ ਅੰਗ ਹਿਲਾਉਂਦੇ ਹੋ, ਸਾਹ ਲੈਂਦੇ ਹੋ, ਅੱਖਾਂ ਝਪਕਦੇ ਹੋ, ਚਟਾਈ ਵਿਛਾ ਕੇ ਆਸਣ ਕਰਦੇ ਹੋ, ਤਣਾਅ ਮੁਕਤ ਹੋ ਜਾਂਦੇ ਹੋ। ਦਿਮਾਗ ਤਰੋਤਾਜ਼ਾ ਅਤੇ ਸ਼ਾਂਤ ਹੋ ਜਾਂਦਾ ਹੈ।ਖ਼ੁਸ਼ਗਵਾਰ ਜ਼ਿੰਦਗੀ ਜਿਉਂਦੇ ਹੋ।

# 'ਆਪ' ਸਰਕਾਰ ਦੀ ਹੁਣ ਤੱਕ ਦੀ ਕਾਰਗੁਜ਼ਾਰੀ

ਕੇਂਦਰ ਵਿਚ ਯੂ ਪੀ ਏ ਦੀ ਸਰਕਾਰ ਵੇਲੇ ਭ੍ਰਿਸਟਾਚਾਰ ਦੇ ਮੁੱਦੇ 'ਤੇ ਚੱਲੇ ਅੰਨਾ ਹਜ਼ਾਰੇ ਅੰਦੋਲਨ ਵਿੱਚੋਂ 2012 ਵਿੱਚ ਹੋਂਦ ਵਿਚ ਆਈ ਆਮ ਆਦਮੀ ਪਾਰਟੀ ਹੁਣ ਕੌਮੀ ਪੱਧਰ ਦੀ ਪਾਰਟੀ ਬਣ ਚੁੱਕੀ ਹੈ । ਰਾਜਨੀਤਕ ਪਾਰਟੀ ਬਣਾ ਕੇ ਚੋਣਾਂ ਲੜਨ ਦੇ ਮੁੱਦੇ 'ਤੇ ਪ੍ਰਚੰਡ ਅੰਦੋਲਨ ਦੇ ਮੁਖੀ ਅੰਨਾ ਹਜ਼ਾਰੇ ਨੇ ਭਾਵੇਂ ਪੈਰ ਪਿਛਾਂਹ ਖਿੱਚ ਲਏ ਸਨ, ਪ੍ਰੰਤੂ ਆਪ ਕਨਵੀਨਰ ਅਰਵਿੰਦ ਕੇਜਰੀਵਾਲ ਇਸ ਵਿਰੋਧ ਦੇ ਚਲਦਿਆਂ ਅੱਗੇ ਵਧਦੇ ਗਏ ਅਤੇ ਦਿੱਲੀ ਵਿਚ ਕਾਂਗਰਸ ਨਾਲ ਮਿਲ ਕੇ 2013 ਵਿੱਚ ਪਹਿਲੀ ਵਾਰ ਆਪ ਦੀ ਸਰਕਾਰ ਬਣਾ ਲਈ । ਜਿਵੇਂ ਕਿ ਸਭ ਨੂੰ ਪਤਾ ਹੀ ਹੈ ਕਾਂਗਰਸ ਨੇ ਆਪਣੀ ਫਿਤਰਤ ਅਨੁਸਾਰ ਸਰਕਾਰ ਦੀਆਂ ਟੰਗਾਂ ਖਿੱਚਣੀਆਂ ਸ਼ੁਰੂ ਕਰ ਦਿੱਤੀਆਂ ਅਤੇ ਕੇਜਰੀਵਾਲ ਨੇ 49 ਦਿਨ ਬਾਅਦ ਸਰਕਾਰ ਭੰਗ ਕਰ ਦਿੱਤੀ ਅਤੇ ਦੁਬਾਰਾ ਹੋਈਆਂ ਚੋਣਾਂ ਵਿੱਚ ਸਾਰੀਆਂ ਪਾਰਟੀਆਂ ਦਾ ਸੂਪੜਾ ਸਾਫ ਕਰਕੇ 2015 ਅਤੇ 2020 ਵਿੱਚ ਪ੍ਰਚੰਡ ਬਹੁਮਤ ਨਾਲ 'ਆਪ' ਦੀ ਸਰਕਾਰ ਬਣਾ ਲਈ ।

2017 ਵਿੱਚ ਵਾਰੀ ਆਈ ਪੰਜਾਬ ਚੋਣਾਂ ਦੀ । ਹੁਣ ਤੱਕ ਪਾਰਟੀ ਨੇ ਆਪਣੀ ਵਧੀਆ ਪਹਿਚਾਣ ਬਣਾ ਲਈ ਸੀ ਅਤੇ ਦਿੱਲੀ ਵਿਚ ਪਾਰਟੀ ਪੱਕੇ ਪੈਰੀਂ ਹੋ ਚੁੱਕੀ ਸੀ । ਆਮ ਆਦਮੀ ਪਾਰਟੀ ਨੇ 2017 ਦੀਆਂ ਇਹ ਪੰਜਾਬ ਅਸੈਂਬਲੀ ਚੋਣਾਂ ਬੜੀਆਂ ਹੁੰਮ-ਹੁਮਾ ਕੇ ਲੜੀਆਂ । ਅਕਾਲੀਆਂ ਅਤੇ ਕਾਂਗਰਸ ਵਰਗੀਆਂ ਪ੍ਰੰਪਰਾਵਾਦੀ ਪਾਰਟੀਆਂ ਤੋਂ ਅੱਕੇ ਪੰਜਾਬੀ ਬਦਲਾਅ ਚਾਹੁੰਦੇ ਸਨ। ਨਸ਼ਿਆਂ ਅਤੇ ਭ੍ਰਿਸ਼ਟਾਚਾਰ ਦੇ ਖਿਲਾਫ ਲੜੀਆਂ ਗਈਆਂ ਇਹਨਾਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਲੋਕਾਂ ਦੀਆਂ ਉਮੀਦਾਂ ਮੁਤਾਬਿਕ ਸੀਟਾਂ ਨਾ ਕੱਢ ਸਕੀ ਅਤੇ ਸਰਕਾਰ ਬਣਾਉਣ ਤੋਂ ਖੁੰਝ ਗਈ। ਕਾਰਨ ਬਣਿਆ ਬਾਹਰਲਿਆਂ ਦੀ ਦਖਲ-ਅੰਦਾਜ਼ੀ। ਸਾਰੇ ਹੀ ਪੰਜਾਬੀ, ਜਿਨ੍ਹਾਂ ਵਿੱਚ ਲੱਗਭੱਗ 60 ਫੀਸਦੀ ਆਬਾਦੀ ਸਿੱਖਾਂ ਦੀ ਹੈ ਅਤੇ ਬਾਕੀ 40 ਫੀਸਦੀ ਦੂਜੇ ਧਰਮਾਂ ਦੇ ਲੋਕ ਸਾਮਿਲ ਹਨ , ਕਿਸੇ ਬਾਹਰਲੇ ਦੀ ਧੌਂਸ ਨਹੀਂ ਮੰਨਦੇ । ਇਹਨਾ ਦੇ ਇਸੇ ਸੁਭਾਅ ਕਾਰਨ ਆਮ ਆਦਮੀ ਪਾਰਟੀ 2017 ਵਿੱਚ ਪੰਜਾਬ ਵਿੱਚ ਸੱਤਾ ਤੋਂ ਦੂਰ ਰਹੀ।

2022 ਆਉਂਦਿਆਂ-ਆਉਂਦਿਆਂ ਪਾਰਟੀ ਨੂੰ ਇਸ ਗੱਲ ਦੀ ਸਮਝ ਆ ਚੁੱਕੀ ਸੀ । ਬਦਲਾਅ ਦੇ ਨਾਂਅ ਅਤੇ ਨਸ਼ਿਆਂ ਨੂੰ ਪਹਿਲ ਦੇ ਅਧਾਰ 'ਤੇ ਖਤਮ ਕਾਰਨ ਦੇ ਵਾਅਦੇ ਨਾਲ ਆਮ ਆਦਮੀ ਪਾਰਟੀ 2022 ਦੀਆਂ ਚੋਣਾਂ 92 ਸੀਟਾਂ ਨਾਲ ਜਿੱਤ ਗਈ । ਕਾਰਨ, ਇਸ ਵਾਰ ਦੋ ਵਾਰ ਪੰਜਾਬ ਤੋਂ ਜਿੱਤ ਕੇ ਐੱਮ ਪੀ ਬਣੇ ਭਗਵੰਤ ਮਾਨ ਨੂੰ ਪਾਰਟੀ ਵੱਲੋਂ ਮੁੱਖ ਮੰਤਰੀ ਦਾ ਚਿਹਰਾ ਐਲਾਨਿਆ ਗਿਆ ।



**ਜਗਦੇਵ ਸ਼ਰਮਾ ਬੁਗਰਾ**

ਹੁਣ ਗੱਲ ਕੀਤੀ ਜਾਵੇ ਲੁਧਿਆਣਾ ਪੱਛਮੀ ਤੋਂ ਹੋਈ ਉਪ ਚੋਣ ਦੀ, ਜਿਹੜੀ ਕਿ ਇਸ ਸੀਟ ਤੋਂ 2022 ਵਿੱਚ ਜਿੱਤੇ ਗੁਰਪ੍ਰੀਤ ਗੋਗੀ ਦੇ ਅਚਾਨਕ ਅਕਾਲ ਚਲਾਣੇ ਕਾਰਨ ਖਾਲੀ ਹੋ ਗਈ ਸੀ । ਇਸ ਸੀਟ ਲਈ 19 ਜੂਨ ਨੂੰ ਵੋਟਾਂ ਪਈਆਂ । ਆਮ ਆਦਮੀ ਪਾਰਟੀ, ਕਾਂਗਰਸ, ਭਾਜਪਾ ਅਤੇ ਸ਼੍ਰੋਮਣੀ ਅਕਾਲੀ ਦਲ,ਚਾਰੇ ਪ੍ਰਮੁੱਖ ਪਾਰਟੀਆਂ ਪੂਰੇ ਜ਼ੋਰ-ਸ਼ੋਰ ਨਾਲ ਇਹ ਚੋਣ ਲੜ ਰਹੀਆਂ ਹਨ ਅਤੇ ਸਭ ਨੇ ਹੀ ਇਸ ਨੂੰ ਮੁੱਛ ਦਾ ਸਵਾਲ ਬਣਾ ਰੱਖਿਆ ਹੈ । ਜ਼ਿਆਦਾ ਚਰਚਾ ਹੋ ਰਹੀ ਹੈ ਅਸੈਂਬਲੀ ਚੋਣ ਲੜ ਰਹੇ ਆਪ ਦੇ ਉਮੀਦਵਾਰ ਸੰਜੀਵ ਅਰੋੜਾ ਦੀ। ਅਰੋੜਾ ਵਰਤਮਾਨ ਵਿੱਚ ਪੰਜਾਬ ਤੋਂ ਰਾਜ ਸਭਾ ਮੈਂਬਰ ਹਨ ਅਤੇ ਲੁਧਿਆਣਾ ਦੇ ਮੰਨੇ-ਪਰਮੰਨੇ ਸਨਅਤਕਾਰ ਹਨ। ਸੰਜੀਵ ਨੂੰ ਪਾਰਟੀ ਨੇ ਦੋ ਮਹੀਨੇ ਪਹਿਲਾਂ ਹੀ ਪਾਰਟੀ ਉਮੀਦਵਾਰ ਘੋਸ਼ਿਤ ਕਰ ਦਿੱਤਾ ਸੀ । ਵਿਰੋਧੀ ਪਾਰਟੀਆਂ ਦਾ ਆਪ ਉੱਪਰ ਇਲਜ਼ਾਮ ਹੈ ਕਿ ਅਜਿਹਾ ਸੰਜੀਵ ਅਰੋੜਾ ਦੀ ਰਾਜ ਸਭਾ ਵਾਲੀ ਸੀਟ ਖਾਲੀ ਕਰਵਾ ਕੇ ਇਹ ਸੀਟ ਅਰਵਿੰਦ ਕੇਜਰੀਵਾਲ ਨੂੰ ਦੇਣੀ ਹੈ, ਯਾਨੀ ਕਿ ਪੰਜਾਬ ਤੋਂ ਕੇਜਰੀਵਾਲ ਨੂੰ ਸੰਸਦ ਵਿੱਚ ਭੇਜੇ ਜਾਣ ਦੀ ਯੋਜਨਾ ਹੈ। ਇਸ ਗੱਲ ਵਿੱਚ ਕਿੰਨੀ ਕੁ ਸੱਚਾਈ ਹੈ, ਇਹ ਤਾਂ ਆਪ ਦੀ ਉੱਚ ਲੀਡਰਸ਼ਿਪ ਹੀ ਜਾਣਦੀ ਹੋਵੇਗੀ, ਪ੍ਰੰਤੂ ਇਹ ਸੰਭਵ ਤਾਂ ਹੀ ਹੋ ਸਕੇਗਾ, ਜੇਕਰ ਸੰਜੀਵ ਅਰੋੜਾ ਲੁਧਿਆਣਾ ਪੱਛਮੀ ਦੀ ਸੀਟ ਤੋਂ ਜੇਤੂ ਹੋ ਕੇ ਨਿਕਲਦੇ ਹਨ

ਐਸਾ ਨਹੀਂ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਦੀ ਕਾਰਗੁਜ਼ਾਰੀ ਵਧੀਆ ਨਹੀਂ। ਭ੍ਰਿਸ਼ਟਾਚਾਰ ਦੇ ਫਰੰਟ ਉੱਤੇ ਪਾਰਟੀ ਜ਼ੀਰੋ ਟੌਲਰੈਂਸ ਦੀ ਨੀਤੀ ਉੱਤੇ ਚੱਲ ਰਹੀ ਹੈ। ਬਿਨਾਂ ਆਪਣੇ-ਬਿਗਾਨੇ ਦਾ ਫਰਕ ਕੀਤਿਆਂ, ਇਸ ਸਰਕਾਰ ਨੇ ਵੱਡੇ-ਵੱਡੇ ਮਗਰਮੱਛ ਫੜ ਕੇ ਅੰਦਰ ਡੱਕੇ ਹਨ। ਕੀ ਵਜ਼ੀਰ ਅਤੇ ਕੀ ਐੱਮ ਐੱਲ ਏ ਭਗਵੰਤ ਮਾਨ ਦੀ ਬਾਜ਼ ਅੱਖ ਤੋਂ ਬਚ ਨਹੀਂ ਸਕੇ । ਵਿਜੀਲੈਂਸ ਮਹਿਕਮੇ ਦੀ ਕਾਰਵਾਈ ਤੋਂ ਬਚਣ ਲਈ ਪੰਜਾਹ-ਪੰਜਾਹ ਲੱਖ ਰੁਪਏ ਚੁੱਕੀ ਫਿਰਦੇ ਭ੍ਰਿਸ਼ਟ ਸਿਆਸਤਦਾਨ ਵੀ ਅੰਦਰ ਕਰ ਦਿੱਤੇ ਗਏ । ਪਿਛਲੀਆਂ ਸਰਕਾਰਾਂ ਸਮੇਂ ਕਰੋੜਾਂ ਦੇ ਘੁਟਾਲਿਆਂ ਲਈ ਜ਼ੁੰਮੇਵਾਰ ਜਾਂ ਤਾਂ ਜੇਲ੍ਹਾਂ ਵਿੱਚ ਹਨ ਜਾਂ ਜ਼ਮਾਨਤਾਂ 'ਤੇ ਹਨ । ਭ੍ਰਿਸ਼ਟਾਚਾਰ ਦਾ ਕੈਂਸਰ ਕਿਹਾ ਜਾਣ ਵਾਲਾ ਮਹਿਕਮਾ ਤੜਫਾਇਆ ਪਿਆ ਹੈ ।

ਕੀ ਕਦੇ ਕਿਸੇ ਵੀ ਸਰਕਾਰ ਨੇ ਤਿੰਨ ਕੁ ਸਾਲ ਦੇ ਸਮੇਂ ਵਿੱਚ 50000 ਤੋਂ ਵੱਧ ਨੌਕਰੀਆਂ ਦਿੱਤੀਆਂ ਹਨ ਅਤੇ ਉਹ ਵੀ ਬਿਨਾਂ ਕੋਈ ਰੁਪਈਆ ਖਰਚਿਆਂ । ਮੈਂ ਤਾਂ ਆਪਣੀ ਸੱਤਰ ਸਾਲ ਦੀ ਉਮਰ ਵਿੱਚ ਪਹਿਲੀ ਵਾਰ ਦੇਖਿਆ ਹੈ । ਆਪਣਿਆਂ ਨੂੰ ਹੀ ਤਹਿਸੀਲਦਾਰ ਜਾਂ ਡੀ ਐੱਸ ਪੀ ਲਾ ਲੈਣਾ ਜਾਂ ਆਈ ਏ ਐੱਸ ਲਈ ਨਾਮਜ਼ਦ ਕਰ ਲੈਣ ਨੂੰ ਨੌਕਰੀਆਂ ਦੇਣਾ ਨਹੀਂ ਕਹਿੰਦੇ । ਪਿਛਲੀਆਂ ਸਰਕਾਰਾਂ ਇਹੀ ਕੁਝ ਕਰਦੀਆਂ ਰਾਹੀਆਂ ਹਨ । ਤਰੁੱਟੀਪੂਰਨ ਭਰਤੀਆਂ ਉੱਪਰ ਅਦਾਲਤਾਂ ਸਟੇ ਦੇ ਦਿੰਦਿਆਂ ਸਨ, ਜਦ ਕਿ ਹੁਣ ਅਜਿਹਾ ਨਹੀਂ ਹੈ ।

ਨਸ਼ਿਆਂ ਵਿਰੁੱਧ ਯੁੱਧ ਵਿੱਚ ਭਗਵੰਤ ਮਾਨ ਨੇ ਸਾਰੀ ਸਰਕਾਰ ਝੋਕ ਰੱਖੀ ਹੈ। ਪਿਛਲੀਆਂ ਸਰਕਾਰਾਂ ਸਮੇਂ ਸਰਕਾਰੀ ਜ਼ਮੀਨਾਂ ਉੱਪਰ ਨਸ਼ਾ ਤਸਕਰਾਂ ਨੇ ਤਬੇਲੇ ਉਸਾਰ ਲਏ ਅਤੇ ਕਿਸੇ ਮੰਤਰੀ ਸੰਤਰੀ ਨੇ ਨਹੀਂ ਟੋਕਿਆ। ਵਰਤਮਾਨ ਵਿੱਚ ਅਜਿਹੀਆਂ ਅਣ-ਅਧਿਕਾਰਤ ਉਸਾਰੀਆਂ ਉੱਪਰ ਆਪਾਂ ਹਰ ਰੋਜ਼ ਪੀਲਾ ਪੰਜਾ ਚੱਲਦਾ ਦੇਖਦੇ ਹਾਂ । ਸ਼ਾਸਨ ਪ੍ਰਸ਼ਾਸਨ ਵਿੱਚੋਂ ਕਾਲੀਆਂ ਭੇਡਾਂ ਦੀ ਨਿਸ਼ਾਨਦੇਹੀ ਕਰਕੇ ਇਕੱਲੇ-ਇੱਕਲੇ ਨੂੰ ਅੰਦਰ ਡੱਕਿਆ ਜਾ ਰਿਹਾ ਹੈ। ਇਹਨਾਂ ਅਸਮਾਜਿਕ ਤੱਤਾਂ ਦੀਆਂ ਜੜ੍ਹਾਂ ਹੀ ਬਹੁਤ ਡੂੰਘੀਆਂ ਹਨ , ਪੱਟਣ ਨੂੰ ਸਮਾਂ ਤਾਂ ਲੱਗੇਗਾ ਹੀ ।

ਉਹ ਦਿਨ ਦੂਰ ਨਹੀਂ, ਜਿਸ ਦਿਨ ਨਸ਼ਾ ਤਸਕਰ ਅਤੇ ਗੈਂਗਸਟਰ ਜਾਂ ਤਾਂ ਰਾਹ ਬਦਲ ਲੈਣਗੇ ਜਾਂ ਕਿੱਤਾ । ਪੰਜਾਬ ਦੇ ਸਾਂਝੇ ਮੁੱਦੇ, ਜਿਨ੍ਹਾਂ ਵਿੱਚ ਪਾਣੀਆਂ ਦਾ ਮੁੱਦਾ ਖਾਸ ਹੈ ,ਉੱਪਰ ਭਗਵੰਤ ਮਾਨ ਡਟ ਕੇ ਪਹਿਰਾ ਦੇ ਰਿਹਾ ਹੈ । ਆਪਣੀਆਂ ਕੋਸ਼ਿਸ਼ਾਂ ਜ਼ਰੀਏ ਉਹ ਪੰਜਾਬ ਦੀਆਂ ਦੂਸਰੀਆਂ ਪਾਰਟੀਆਂ ਦਾ ਸਹਿਯੋਗ ਲੈਣ ਵਿੱਚ ਵੀ ਕਾਮਯਾਬ ਹੋਇਆ ਹੈ ।

ਅਜਿਹਾ ਵੀ ਨਹੀਂ ਕਿ ਪੰਜਾਬੀ ਚੰਗੇ ਕੰਮਾਂ ਨੂੰ ਵੋਟ ਨਹੀਂ ਪਾਉਂਦੇ , ਪ੍ਰੰਤੂ ਸਾਰੇ ਚੰਗੇ ਕੰਮ ਇੱਕ ਪਾਸੇ ਅਤੇ ਪੰਜਾਬੀਆਂ ਦੀ ਅਣਖ ਇੱਕ ਪਾਸੇ । ਪੰਜਾਬ ਵਿੱਚ ਤਾਂ ਪਾਰਟੀ ਦੇ ਪੈਰ ਲੱਗੇ ਹੋਏ ਹਨ ਅਤੇ ਭਗਵੰਤ ਮਾਨ ਇਕੱਲਾ ਹੀ ਆਪਣੇ ਵਿਰੋਧੀਆਂ ਨੂੰ ਪਟਕਣੀ ਦੇਣ ਲਈ ਕਾਫੀ ਹੈ ।

***# ਸੰਪਰਕ : 98727-87243***

CMYK

# ਲੁੱਟ-ਖੋਹ ਕਰਨ ਦੀ ਫਿਰਾਕ 'ਚ ਬੈਠੇ ਗਰੋਹ ਦੇ 5 ਮੈਂਬਰ ਗ੍ਰਿਫ਼ਤਾਰ

## ਮੁਲਜ਼ਮਾਂ ਪਾਸੋਂ ਤੇਜ਼ਧਾਰ ਹਥਿਆਰ ਵੀ ਕੀਤੇ ਬਰਾਮਦ



ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)

ਡਾ. ਪ੍ਰਗਿਆ ਜੈਨ ਆਈ.ਪੀ.ਐੱਸ. ਐੱਸ.ਐੱਸ.ਪੀ. ਫਰੀਦਕੋਟ ਦੀ ਅਗਵਾਈ ਹੇਠ ਫਰੀਦਕੋਟ ਪੁਲਸ ਵੱਲੋਂ ਲੁੱਟਾਂ-ਖੋਹਾਂ, ਚੋਰੀਆਂ ਤੇ ਨਸ਼ੇ ਦੀ ਤਸਕਰੀ ਵਿੱਚ ਸ਼ਾਮਲ ਮੁਲਜ਼ਮਾਂ ਖਿਲਾਫ ਸਖਤ ਕਾਰਵਾਈ ਕੀਤੀ ਜਾ ਰਹੀ ਹੈ। ਇਸ ਨੂੰ ਇੱਕ ਕਦਮ ਹੋਰ ਅੱਗੇ ਵਧਾਉਂਦਿਆਂ ਥਾਣਾ ਜੈਤੋ ਵੱਲੋਂ ਮਾਰੂ ਹਥਿਆਰਾਂ ਨਾਲ ਲੈਸ ਹੋ ਕੇ ਰਾਹਗੀਰਾਂ ਪਾਸੋਂ ਲੁੱਟ-ਖੋਹ ਕਰਨ ਦੀ ਫਿਰਾਕ ਵਿੱਚ ਬੈਠੇ ਗਰੋਹ ਵਿੱਚ 5 ਮੁਲਜ਼ਮਾਂ ਨੂੰ ਵਾਰਦਾਤ ਕਰਨ ਤੋਂ ਪਹਿਲਾਂ ਹੀ ਕਾਬੂ ਕੀਤਾ ਗਿਆ ਹੈ। ਇਸ ਗਰੋਹ ਵਿੱਚ ਸ਼ਾਮਲ ਮੁਲਜ਼ਮਾਂ ਪਾਸੋਂ ਤੇਜ਼ਧਾਰ ਹਥਿਆਰ ਵੀ ਬਰਾਮਦ ਕੀਤੇ ਗਏ ਹਨ। ਇਹ ਜਾਣਕਾਰੀ ਸ੍ਰੀ ਮਨੋਜ ਕੁਮਾਰ ਡੀ.ਐੱਸ.ਪੀ. (ਸਬ-ਡਵੀਜ਼ਨ) ਜੈਤੋ ਵੱਲੋਂ ਪ੍ਰੈੱਸ ਕਾਨਫਰੰਸ ਦੌਰਾਨ ਦਿੱਤੀ ਗਈ।

ਗ੍ਰਿਫਤਾਰ ਮੁਲਜ਼ਮਾਂ ਦੀ ਪਹਿਚਾਣ ਮੋਨਾ ਪੁੱਤਰ ਰਾਜ ਵਾਸੀ ਸੰਗਲਾ ਵਾਲੀ ਗਲੀ ਬਠਿੰਡਾ ਰੋਡ ਜੈਤੋ, ਮਨਦੀਪ ਸਿੰਘ ਪੁੱਤਰ ਬਲਵਿੰਦਰ ਸਿੰਘ ਵਾਸੀ ਸੇਵੇਵਾਲਾ, ਸੁਖਦੀਪ ਸਿੰਘ ਪੁੱਤਰ ਸੁਖਮੰਦਰ ਸਿੰਘ ਵਾਸੀ ਅਜਿੱਤ ਗਿੱਲ, ਨਵਦੀਪ ਕੁਮਾਰ ਪੁੱਤਰ ਪਿਆਰੇ ਲਾਲ ਵਾਸੀ ਡਾ. ਅੰਬੇਡਕਰ ਨਗਰ ਜੈਤੋ ਤੇ ਅਕਾਸ਼ ਪੁੱਤਰ ਮੰਗੂ ਵਾਸੀ ਨੇੜੇ ਐੱਸ.ਡੀ.ਐੱਮ. ਦਫਤਰ ਜੈਤੋ ਵਜੋਂ ਹੋਈ ਹੈ। ਮੁਲਜ਼ਮਾਂ ਪਾਸੋਂ 01 ਗੰਡਾਸਾ, 01 ਲੋਹੇ ਦੀ ਗੰਡਾਸੀ, 01 ਕੁਹਾੜੀ, 01 ਡਾਂਗ, ਜਿਸ ਵਿੱਚ ਪੱਠੇ ਕੁਤਰਣ ਵਾਲਾ ਟੋਕਾ ਜੜਿਆ ਹੋਇਆ ਅਤੇ 01 ਕਹੀ ਦਾ ਦਸਤਾ ਬਰਾਮਦ ਕੀਤਾ ਗਿਆ ਹੈ। ਉਨ੍ਹਾ ਦੱਸਿਆ ਕਿ ਭਰੋਸੇਯੋਗ ਗੁਪਤ ਜਾਣਕਾਰੀ ਦੇ ਅਧਾਰ 'ਤੇ ਥਾਣਾ ਜੈਤੋ ਦੀ ਪੁਲਸ ਪਾਰਟੀ ਵੱਲੋਂ ਕਾਰਵਾਈ ਕਰਦੇ ਹੋਏ ਇੱਕ ਆਪ੍ਰੇਸ਼ਨ ਚਲਾਇਆ ਗਿਆ ਤੇ ਇਨ੍ਹਾਂ ਮੁਲਜ਼ਮਾਂ ਨੂੰ ਕੋਟਕਪੂਰਾ ਮੁਕਤਸਰ ਬਾਈਪਾਸ ਨੇੜੇ ਰੇਲਵੇ ਅੰਡਰ ਬ੍ਰਿਜ ਜੈਤੋ ਵਿਖੇ ਉਸ ਸਮੇਂ ਕਾਬੂ ਕੀਤਾ ਗਿਆ, ਜਦੋਂ ਉਹ ਲੁੱਕ-ਛਿਪ ਕੇ ਲੁੱਟ ਖੋਹ ਦੀ ਯੋਜਨਾ ਬਣਾ ਰਹੇ ਸਨ। ਇਸ ਸਬੰਧੀ ਥਾਣਾ ਜੈਤੋ ਵਿਖੇ ਮਕੱਦਮਾ ਰਜਿਸਟਰ ਕੀਤਾ ਗਿਆ। ਉਕਤ ਮੁਕੱਦਮੇ ਵਿੱਚ ਗ੍ਰਿਫਤਾਰ ਮੁਲਜ਼ਮਾਂ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾ ਰਿਹਾ ਹੈ। ਰਿਮਾਂਡ ਹਾਸਲ ਕਰਨ ਉਪਰੰਤ ਮੁਲਜ਼ਮਾਂ ਪਾਸੋਂ ਹੋਰ ਪੁੱਛਗਿੱਛ ਕੀਤੀ ਜਾਵੇਗੀ।

# 1 ਕਿੱਲੋ 270 ਗ੍ਰਾਮ ਹੈਰੋਇਨ ਸਮੇਤ ਤਿੰਨ ਸਮੱਗਲਰ ਗ੍ਰਿਫ਼ਤਾਰ



ਮੋਗਾ (ਇਕਬਾਲ ਸਿੰਘ ਖਹਿਰਾ)-ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ ਚਲਾਈ ਮੁਹਿੰਮ ਤਹਿਤ ਐੱਸ.ਐੱਸ.ਪੀ. ਅਜੈ ਗਾਂਧੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਬਾਲ ਕ੍ਰਿਸ਼ਨ ਸਿੰਗਲਾ ਐੱਸ ਪੀ (ਆਈ), ਸੁੱਖਅੰਮ੍ਰਿਤ ਸਿੰਘ ਉੱਪ ਕਪਤਾਨ ਪੁਲਸ (ਡੀ) ਮੋਗਾ, ਗੁਰਪ੍ਰੀਤ ਸਿੰਘ ਉਪ-ਕਪਤਾਨ ਪੁਲਸ ਸਿਟੀ ਮੋਗਾ ਦੀ ਸੁਪਰਵੀਜ਼ਨ ਹੇਠ ਸੀ.ਆਈ.ਏ. ਸਟਾਫ ਮੋਗਾ ਦੇ ਇੰਚਾਰਜ ਇੰਸਪੈਕਟਰ ਦਲਜੀਤ ਸਿੰਘ ਦੀ ਟੀਮ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ, ਜਦ ਸੀ.ਆਈ.ਏ. ਸਟਾਫ ਮੋਗਾ ਦੀ ਪੁਲਸ ਪਾਰਟੀ ਵੱਲੋਂ 3 ਵਿਅਕਤੀਆਂ ਨੂੰ ਕਾਬੂ ਕਰਕੇ ਇਨ੍ਹਾਂ ਪਾਸੋਂ 1 ਕਿੱਲੋ 270 ਗ੍ਰਾਮ ਹੈਰੋਇਨ ਬਰਾਮਦ ਕੀਤੀ। ਜਾਣਕਾਰੀ ਅਨੁਸਾਰ 19 ਜੂਨ 2025 ਨੂੰ ਐੱਸ ਆਈ ਜਰਨੈਲ ਸਿੰਘ ਨੰਬਰ 441/ਮੋਗਾ ਸੀ ਆਈ ਏ ਸਟਾਫ ਮੋਗਾ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਕੋਟਕਪੂਰਾ ਬਾਈਪਾਸ ਮੋਗਾ ਮੌਜੂਦ ਸੀ ਤਾਂ ਮੁਖਬਰ ਵੱਲੋਂ ਇਤਲਾਹ ਮਿਲੀ ਕਿ ਹੁਸਨਦੀਪ ਸਿੰਘ ਉਰਫ ਹਨੀ ਪੁੱਤਰ ਗੁਰਮੀਤ ਸਿੰਘ ਵਾਸੀ ਪ੍ਰੀਤ ਨਗਰ ਮੋਗਾ, ਗੌਤਮ ਪੁੱਤਰ ਗਗਨਦੀਪ ਸਿੰਘ ਵਾਸੀ ਜ਼ੀਰਾ ਰੋਡ ਮੋਗਾ ਤੇ ਅਕਾਸ਼ਦੀਪ ਸਿੰਘ ਪੁੱਤਰ ਤਰਸੇਮ ਲਾਲ ਵਾਸੀ ਗਾਦੜੀਵਾਲਾ ਜ਼ਿਲ੍ਹਾ ਫਿਰੋਜ਼ਪੁਰ, ਜੋ ਹੈਰੋਇਨ ਵੇਚਣ ਦਾ ਧੰਦਾ ਕਰਦੇ ਹਨ, ਇਸ ਸਮੇਂ ਮੁੱਖ ਮਾਰਗ ਮੋਗਾ-ਅੰਮ੍ਰਿਤਸਰ ਤੋਂ ਦਿੱਲੀ ਕਲੋਨੀ ਮੋਗਾ ਨੂੰ ਜਾਂਦੀ ਸੜਕ 'ਤੇ ਹੈਰੋਇਨ ਵੇਚਣ ਲਈ ਖੜੇ ਗਾਹਕਾਂ ਦੀ ਉਡੀਕ ਕਰ ਰਹੇ ਹਨ। ਇਤਲਾਹ ਠੋਸ ਤੇ ਭਰੋਸੇਯੋਗ ਹੋਣ ਕਰਕੇ ਜਰਨੈਲ ਸਿੰਘ ਨੰਬਰ 441/ਮੋਗਾ ਨੇ ਉਕਤ ਤਿੰਨਾਂ ਦੋਸ਼ੀਆਂ ਖਿਲਾਫ ਮੁਕੱਦਮਾ ਨੰਬਰ 133 ਮਿਤੀ 19.06. 2025 ਅ/ਧ 21-61-85 ਐੱਨ.ਡੀ.ਪੀ.ਐੱਸ. ਐਕਟ ਥਾਣਾ ਸਿਟੀ ਮੋਗਾ ਦਰਜ ਕਰਵਾਇਆ ਤੇ ਮੁਖਬਰ ਵੱਲੋਂ ਦੱਸੀ ਜਗ੍ਹਾ ਮੇਨ ਹਾਈਵੇਅ ਮੋਗਾ-ਅੰਮ੍ਰਿਤਸਰ ਰੋਡ ਤੋਂ ਦਿੱਲੀ ਕਲੋਨੀ ਮੋਗਾ ਨੂੰ ਜਾਂਦੀ ਸੜਕ 'ਤੇ ਛਾਪਾਮਾਰੀ ਕਰਕੇ ਦੋਸ਼ੀਆਂ ਹੁਸਨਦੀਪ ਸਿੰਘ ਉਰਫ ਹਨੀ, ਗੌਤਮ ਤੇ ਅਕਾਸ਼ਦੀਪ ਸਿੰਘ ਉਕਤ ਨੂੰ ਕਾਬੂ ਕੀਤਾ ਗਿਆ।

ਅਕਾਸ਼ਦੀਪ ਸਿੰਘ ਪੁੱਤਰ ਤਰਸੇਮ ਲਾਲ ਵਾਸੀ ਗਾਦੜੀਵਾਲਾ ਜ਼ਿਲ੍ਹਾ ਫਿਰੋਜ਼ਪੁਰ ਪਾਸੋਂ ਬੈਗਨੁਮਾ ਲਿਫਾਫੇ ਵਿੱਚੋਂ 1 ਕਿੱਲੋ 270 ਗ੍ਰਾਮ ਹੈਰੋਇਨ ਬਰਾਮਦ ਕੀਤੀ। ਦੋਸ਼ੀ ਹੁਸਨਦੀਪ ਸਿੰਘ ਉਰਫ ਹਨੀ, ਗੌਤਮ ਤੇ ਅਕਾਸ਼ਦੀਪ ਸਿੰਘ ਨੂੰ ਅੱਜ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਰਿਮਾਂਡ ਹਾਸਲ ਕੀਤਾ ਜਾਵੇਗਾ ਤੇ ਇਨ੍ਹਾਂ ਪਾਸੋਂ ਹੋਰ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ।

# ਟਰੱਕ ਤੇ ਆਟੋ ਰਿਕਸ਼ਾ ਦੀ ਟੱਕਰ 'ਚ 6 ਸਾਲਾ ਬੱਚੇ ਦੀ ਮੌਤ, ਦੋ ਜ਼ਖਮੀ



ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)

ਸਰਹਿੰਦ ਵਿਖੇ ਵਾਪਰੇ ਇੱਕ ਸੜਕ ਹਾਦਸੇ 'ਚ ਇੱਕ 6 ਸਾਲਾ ਬੱਚੇ ਦੀ ਮੌਤ ਹੋ ਗਈ ਅਤੇ ਇੱਕ ਮਹਿਲਾ ਸਣੇ ਦੋ ਵਿਅਕਤੀ ਜ਼ਖ਼ਮੀ ਹੋ ਗਏ।ਥਾਣਾ ਸਰਹਿੰਦ ਦੇ ਐੱਸ.ਐੱਚ.ਓ. ਇੰਸਪੈਕਟਰ ਪਵਨ ਕੁਮਾਰ ਅਨੁਸਾਰ ਵੀਰਵਾਰ ਸਵੇਰੇ ਇੱਕ ਆਟੋ ਰਿਕਸ਼ਾ ਸਰਹਿੰਦ ਰੇਲਵੇ ਸਟੇਸ਼ਨ ਤੋਂ ਸਵਾਰੀਆਂ ਲੈ ਕੇ ਮੰਡੀ ਗੋਬਿੰਦਗੜ੍ਹ ਵੱਲ ਨੂੰ ਜਾ ਰਿਹਾ ਸੀ ਜੋ ਕਿ ਜਿਵੇਂ ਹੀ ਸਰਹਿੰਦ ਜੀ.ਟੀ. ਰੋਡ 'ਤੇ ਪਹੁੰਚ ਕੇ ਸਰਵਿਸ ਲੇਨ ਰਾਹੀਂ ਮੰਡੀ ਗੋਬਿੰਦਗੜ੍ਹ ਵੱਲ ਨੂੰ ਮੁੜਨ ਲੱਗਾ ਤਾਂ ਤਰਖਾਣ ਮਾਜਰਾ ਵੱਲੋਂ ਗਲਤ ਦਿਸ਼ਾ ਤੋਂ ਆ ਰਹੇ ਇੱਕ ਟਰੱਕ ਨੇ ਉਕਤ ਆਟੋ ਨੂੰ ਟੱਕਰ ਮਾਰ ਦਿੱਤੀ, ਜਿਸ ਕਾਰਨ ਆਟੋ 'ਚ ਮੌਜੂਦ ਸਵਾਰੀਆਂ ਆਟੋ ਤੋਂ ਬਾਹਰ ਜਾ ਡਿੱਗੀਆਂ, ਜਿਨ੍ਹਾਂ 'ਚੋਂ ਮੰਡੀ ਗੋਬਿੰਦਗੜ੍ਹ ਦੇ ਵਸਨੀਕ 6 ਸਾਲਾ ਲੜਕੇ ਮੁਹੰਮਦ ਤਬਾਰਿਕ ਦੀ ਮੌਤ ਹੋ ਗਈ, ਜਦੋਂਕਿ ਉਸ ਦੀ ਨਾਨੀ ਅਰੀਨਾ ਖਾਤੂਨ ਤੇ ਮੁਹੰਮਦ ਸਾਜਿਦ ਨਾਮਕ ਵਿਅਕਤੀ ਜ਼ਖ਼ਮੀ ਹੋ ਗਏ।ਐੱਸ.ਐੱਚ.ਓ. ਪਵਨ ਕੁਮਾਰ ਨੇ ਦੱਸਿਆ ਹਾਦਸੇ ਦੇ ਜ਼ਖ਼ਮੀ ਸਿਵਲ ਹਸਪਤਾਲ ਫ਼ਤਹਿਗੜ੍ਹ ਸਾਹਿਬ ਵਿਖੇ ਜ਼ੇਰੇ ਇਲਾਜ ਹਨ, ਜਿਨ੍ਹਾਂ ਦੀ ਹਾਲਤ ਸਥਿਰ ਦੱਸੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਮ੍ਰਿਤਕ ਬੱਚੇ ਮੁਹੰਮਦ ਤਬਾਰਿਕ ਦਾ ਪੋਸਟ ਮਾਰਟਮ ਕਰਵਾ ਕੇ ਉਸ ਦੀ ਲਾਸ਼ ਵਾਰਿਸਾਂ ਦੇ ਹਵਾਲੇ ਕਰ ਦਿੱਤੀ ਗਈ ਹੈ ਤੇ ਮ੍ਰਿਤਕ ਦੇ ਨਾਨਾ ਮੁਹੰਮਦ ਮੁਸਤਫਾ ਦੇ ਬਿਆਨਾਂ 'ਤੇ ਟਰੱਕ ਦੇ ਕਥਿਤ ਡਰਾਇਵਰ ਰਜਿੰਦਰ ਸਿੰਘ ਵਾਸੀ ਸੰਗਰੂਰ ਵਿਰੁੱਧ ਥਾਣਾ ਸਰਹਿੰਦ ਵਿਖੇ ਮੁਕੱਦਮਾ ਦਰਜ ਕਰ ਲਿਆ ਗਿਆ ਹੈ।ਘਟਨਾ ਸਥਾਨ ਤੋਂ ਮਿਲੀ ਜਾਣਕਾਰੀ ਅਨੁਸਾਰ ਮ੍ਰਿਤਕ ਬੱਚਾ ਤੇ ਉਸ ਦੇ ਕੁਝ ਰਿਸ਼ਤੇਦਾਰ ਪੱਛਮੀ ਬੰਗਾਲ ਵਿਖੇ ਇੱਕ ਵਿਆਹ ਸਮਾਗਮ 'ਚ ਸ਼ਮੂਲੀਅਤ ਕਰਨ ਤੋਂ ਬਾਅਦ ਰੇਲਗੱਡੀ ਰਾਹੀਂ ਸਰਹਿੰਦ ਪਹੁੰਚੇ ਸਨ, ਜੋ ਕਿ ਆਪਣੇ ਘਰ ਮੰਡੀ ਗੋਬਿੰਦਗੜ੍ਹ ਵਿਖੇ ਜਾਣ ਲਈ ਸਰਹਿੰਦ ਰੇਲਵੇ ਸਟੇਸ਼ਨ ਤੋਂ ਇੱਕ ਆਟੋ ਰਿਕਸ਼ਾ 'ਚ ਸਵਾਰ ਹੋ ਗਏ ਤੇ ਰੇਲਵੇ ਸਟੇਸ਼ਨ ਤੋਂ ਨਿੱਕਲਣ ਤੋਂ ਕਰੀਬ 5 ਮਿੰਟ ਬਾਅਦ ਹੀ ਉਨ੍ਹਾਂ ਦਾ ਆਟੋ ਰਿਕਸ਼ਾ ਹਾਦਸੇ ਦਾ ਸ਼ਿਕਾਰ ਹੋ ਗਿਆ।ਹਾਦਸੇ ਸਮੇਂ ਮੌਕੇ 'ਤੇ ਮੌਜੂਦ ਹੋਣ ਦਾ ਦਾਅਵਾ ਕਰਦੇ ਕੁਝ ਵਿਅਕਤੀਆਂ ਨੇ ਦੱਸਿਆ ਕਿ ਹਾਦਸਾ ਵਾਪਰਨ ਉਪਰੰਤ ਮ੍ਰਿਤਕ ਬੱਚੇ ਦੇ ਰਿਸ਼ਤੇਦਾਰ ਤੇ ਜ਼ਖ਼ਮੀ ਸੜਕ 'ਤੇ ਬੈਠੇ ਕਾਫੀ ਚਿਰ ਰੋਂਦੇ ਕੁਰਲਾਉਂਦੇ ਰਹੇ, ਪਰ ਕੋਈ ਐਂਬੂਲੈਂਸ ਜਾਂ ਸੜਕ ਸੁਰੱਖਿਆ ਫੋਰਸ ਦੀ ਗੱਡੀ ਉਨ੍ਹਾਂ ਦੀ ਮੱਦਦ ਲਈ ਨਹੀਂ ਪਹੁੰਚੀ, ਜਿਸ 'ਤੇ ਕੁਝ ਰਾਹਗੀਰਾਂ ਵੱਲੋਂ ਜ਼ਖਮੀਆਂ ਨੂੰ ਆਪਣੇ ਵਾਹਨਾਂ 'ਚ ਲੱਦ ਕੇ ਸਿਵਲ ਹਸਪਤਾਲ ਵਿਖੇ ਪਹੁੰਚਾਇਆ ਗਿਆ।ਪ੍ਰਤੱਖ ਦਰਸ਼ੀਆਂ ਅਨੁਸਾਰ ਇਨਸਾਨੀਅਤ ਉਦੋਂ ਸ਼ਰਮਸਾਰ ਹੁੰਦੀ ਦਿਖਾਈ ਦਿੱਤੀ, ਜਦੋਂ ਘਟਨਾ ਸਥਾਨ 'ਤੇ ਇਕੱਠੇ ਹੋਏ ਕਈ ਵਿਅਕਤੀ ਹਾਦਸਾ ਪੀੜਤਾਂ ਦੀ ਮੱਦਦ ਕਰਨ ਦੀ ਬਜਾਏ ਮ੍ਰਿਤਕ ਤੇ ਜ਼ਖਮੀਆਂ ਦੀ ਆਪੋ-ਆਪਣੇ ਫੋਨਾਂ 'ਚ ਵੀਡੀਓ ਬਣਾਉਂਦੇ ਰਹੇ।

## ਕਾਤਰਾਂ

### ਜਿਸ ਨੂੰ ਜਿਊਣਾ ਆਉਂਦਾ, ਉਸ ਨੂੰ ਸਹੂਲਤਾਂ ਦੀ ਲੋੜ ਨਹੀਂ : ਐਡਵੋਕੇਟ ਅਮਿਤ ਮਿੱਤਲ



ਜੈਤੋ (ਸਤੀਸ਼ ਕੁਮਾਰ ਭੀਰੀ)-ਅਦਾਲਤ ਵਿੱਚ ਛੁੱਟੀਆਂ ਹੋਣ ਤੇ ਫੁਰਸਤ ਦੇ ਪਲਾਂ ਦੌਰਾਨ ਫੌਜਦਾਰੀ ਕੇਸਾਂ ਦੇ ਨਾਮੀ ਐਡਵੋਕੇਟ ਅਮਿਤ ਮਿੱਤਲ ਗੋਲਡੂ ਨੇ ਕਿਹਾ ਕਿ ਮਨ ਦੇ ਕਿਸੇ ਵੀ ਕੋਨੇ ਵਿੱਚ ਕਿਸੇ ਦੇ ਵਾਰੇ ਵੀ ਕੁੜੱਤਣ ਨੂੰ ਇਕਾਂਤ ਕਰਨਾ ਚਾਹੀਦਾ ਹੈ, ਕੀ ਪਤਾ ਕੋਈ ਰਿਸ਼ਤਾ ਵੈਂਟੀਲੇਟਰ 'ਤੇ ਜਾਣ ਤੋਂ ਰੁਕ ਜਾਵੇ। ਉਨ੍ਹਾਂ ਕਿਹਾ ਕਿ ਜਿਸ ਨੂੰ ਜਿਊਣਾ ਆਉਂਦਾ ਹੈ, ਉਹ ਬਿਨਾਂ ਕਿਸੇ ਸੁਵਿਧਾ ਦੇ ਖੁਸ਼ ਮਿਲੇਗਾ, ਜਿਸ ਨੂੰ ਜਿਊਣਾ ਨਹੀਂ ਆਉਂਦਾ, ਉਹ ਸਾਰੀਆਂ ਸਹੂਲਤਾਂ ਦੇ ਹੁੰਦੇ ਹੋਏ ਦੁਖੀ ਮਿਲੇਗਾ। ਐਡਵੋਕੇਟ ਗੋਲਡੂ ਨੇ ਅੱਗੇ ਕਿਹਾ ਕਿ ਜ਼ਿੰਦਗੀ ਮਿਊਜ਼ਿਕ ਪਲੇਅਰ ਨਹੀਂ ਹੈ, ਜਿਸ ਵਿੱਚ ਅਸੀਂ ਆਪਣੀ ਪਸੰਦ ਦੇ ਗੀਤ ਸੁਣ ਸਕੀਏ, ਸਗੋਂ ਜ਼ਿੰਦਗੀ ਇੱਕ ਰੇਡੀਓ ਹੈ, ਉਸ ਵਿੱਚ ਜੋ ਵੀ ਆ ਰਿਹਾ ਹੈ, ਉਸ ਨਾਲ ਹੀ ਮਨੋਰੰਜਨ ਕਰੋ।

### ਕਾਮਰੇਡ ਨਿਹਾਲੂਵਾਲ ਨੂੰ ਸਦਮਾ, ਪਤਨੀ ਦਾ ਦਿਹਾਂਤ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਸੀ ਪੀ ਆਈ ਐੱਮ ਦੇ ਜ਼ਿਲ੍ਹਾ ਕਮੇਟੀ ਮੈਂਬਰ ਕਾਮਰੇਡ ਬਲਵੰਤ ਸਿੰਘ ਨਿਹਾਲੂਵਾਲ ਨੂੰ ਉਸ ਸਮੇਂ ਗਹਿਰਾ ਸਦਮਾ ਪੁੱਜਾ, ਜਦੋਂ ਉਨ੍ਹਾਂ ਦੀ ਜੀਵਨ ਸਾਥਣ ਬੀਬੀ ਸੁਖਵਿੰਦਰ ਕੌਰ (61) ਅਚਾਨਕ ਸਦੀਵੀ ਵਿਛੋੜਾ ਦੇ ਗਏ। ਇਸ ਦੁਖਦਾਈ ਮੌਕੇ ਵੱਖ ਵੱਖ ਕਮਿਊਨਿਸਟ ਆਗੂਆਂ, ਸਮਾਜਿਕ ਸੰਸਥਾਵਾਂ, ਯੂਥ ਕਲੱਬਾਂ, ਗ੍ਰਾਮ ਪੰਚਾਇਤਾਂ ਤੋਂ ਇਲਾਵਾ ਪ੍ਰੈੱਸ ਕਲੱਬ ਮਹਿਲ ਕਲਾਂ ਨੇ ਕਾਮਰੇਡ ਬਲਵੰਤ ਸਿੰਘ ਨਿਹਾਲੂਵਾਲ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਬੀਬੀ ਸੁਖਵਿੰਦਰ ਕੌਰ ਨਮਿੱਤ ਪਾਠ ਦਾ ਭੋਗ, ਅੰਤਿਮ ਅਰਦਾਸ 25 ਜੂਨ ਨੂੰ ਇੱਕ ਵਜੇ ਗੁਰਦੁਆਰਾ ਚੜ੍ਹਦੀਸਰ ਸਾਹਿਬ ਪਿੰਡ ਨਿਹਾਲੂਵਾਲ (ਬਰਨਾਲਾ) ਵਿਖੇ ਹੋਵੇਗੀ।

### ਸੀ ਐੱਚ ਬੀ ਠੇਕਾ ਮੁਲਾਜ਼ਮ 26 ਤੋਂ ਹੜਤਾਲ 'ਤੇ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਪਾਵਰਕਮ ਸੀ ਐੱਚ ਬੀ ਲਾਈਨਮੈਨ ਠੇਕਾ ਮੁਲਾਜ਼ਮ ਯੂਨੀਅਨ ਪੰਜਾਬ ਵੱਲੋਂ ਸੂਬਾ ਕਮੇਟੀ ਦੀ ਮੀਟਿੰਗ ਵਿੱਚ ਸੂਬਾ ਕਮੇਟੀ ਦੇ ਆਗੂ ਸਾਹਿਬਾਨ ਹਾਜ਼ਰ ਹੋਏ। ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਸੂਬਾ ਪ੍ਰਧਾਨ ਅੰਗਰੇਜ ਸਿੰਘ, ਸੂਬਾ ਜਰਨਲ ਸਕੱਤਰ ਰਾਕੇਸ਼ ਕੁਮਾਰ ਲੰਬੀ, ਸੂਬਾ ਮੀਤ ਪ੍ਰਧਾਨ ਪ੍ਰਿਤਪਾਲ ਸਿੰਘ ਬੁੱਟਰ, ਸੂਬਾ ਕਾਨੂੰਨੀ ਸਲਾਹਕਾਰ ਬਲਰਾਮ ਜੀ, ਸੂਬਾ ਸਹਿ-ਸਕੱਤਰ ਮਨਜੀਤ ਸਿੰਘ ਜ਼ੀਰਾ, ਸੂਬਾ ਕਮੇਟੀ ਮੈਂਬਰ ਕੁਲਵਿੰਦਰ ਸਿੰਘ ਢਿੱਲੋਂ ਨੇ ਦੱਸਿਆ ਕਿ ਸੀ ਐੱਚ ਬੀ ਤੇ ਸੀ ਐੱਚ ਡਬਲਯੂ ਮੁਲਾਜ਼ਮਾਂ ਦੀਆਂ ਮੰਗਾਂ ਕਾਫੀ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਸਨ।ਇਨ੍ਹਾਂ ਮੰਗਾਂ ਨੂੰ ਹੱਲ ਕਰਨ ਲਈ ਅਨੇਕਾਂ ਮੀਟਿੰਗਾਂ ਮੁੱਖ ਇੰਜੀਨੀਅਰ ਦੇ ਦਫ਼ਤਰ ਵਿਖੇ ਹੋਈਆਂ, ਪਰ ਉਸ 'ਚ ਮੰਗਾਂ ਦਾ ਵੀ ਕੋਈ ਹੱਲ ਨਹੀਂ ਕੀਤਾ ਗਿਆ। ਇਸ ਤੋਂ ਅੱਕੇ ਸੀ ਐੱਚ ਬੀ ਤੇ ਡਬਲਿਊ ਕਾਮਿਆਂ ਵੱਲੋਂ 26 ਜੂਨ ਨੂੰ ਮੁੱਖ ਇੰਜੀਨੀਅਰ ਬਠਿੰਡਾ ਦੇ ਦਫ਼ਤਰ ਬਾਹਰ ਧਰਨਾ ਪ੍ਰਦਰਸ਼ਨ ਕੀਤਾ ਜਾਵੇਗਾ।

# ਚੋਰੀ ਦੇ ਮੋਟਰਸਾਈਕਲਾਂ ਸਮੇਤ 3 ਕਾਬੂ



ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਸਥਾਨਕ ਪੁਲਸ ਵੱਲੋਂ ਚੋਰੀ ਦੇ ਮੋਟਰਸਾਈਕਲਾਂ ਸਮੇਤ 3 ਮੈਂਬਰਾਂ ਪ੍ਰਗਟ ਸਿੰਘ ਉਰਫ਼ ਕਾਲਾ ਵਾਸੀ ਭੱਟੀਆਂ, ਪ੍ਰਦੀਪ ਸਿੰਘ ਉਰਫ਼ ਦੀਪਾ ਵਾਸੀ ਟਾਂਡਾ ਕੁਸ਼ਲ ਸਿੰਘ ਵਜੋਂ ਹੋਈ ਹੈ, ਜਦਕਿ ਇਨ੍ਹਾਂ ਵਿੱਚ ਇੱਕ ਨਾਬਾਲਗ ਲੜਕਾ ਸ਼ਾਮਲ ਹੈ। ਇਨ੍ਹਾਂ ਪਾਸੋਂ 9 ਮੋਟਰਸਾਈਕਲ ਚੋਰੀ ਦੇ ਬਰਾਮਦ ਕੀਤੇ ਗਏ। ਅੱਜ ਪ੍ਰੈੱਸ ਕਾਨਫਰੰਸ ਦੌਰਾਨ ਜਾਣਕਾਰੀ ਦਿੰਦਿਆਂ ਐੱਸ.ਐੱਚ.ਓ. ਇੰਸਪੈਕਟਰ ਹਰਵਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਜ਼ਿਲ੍ਹਾ ਖੰਨਾ ਦਾ ਐੱਸ.ਐੱਸ.ਪੀ. ਡਾ. ਜੋਤੀ ਯਾਦਵ, ਐੱਸ.ਪੀ.ਡੀ. ਪਵਨਜੀਤ, ਡੀ.ਐੱਸ.ਪੀ. ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪੁਲਸ ਪਾਰਟੀ ਵੱਲੋਂ ਸ਼ੱਕੀ ਪੁਰਸ਼ਾਂ ਤੇ ਵਾਹਨਾਂ ਦੀ ਜਾਂਚ ਕੀਤੀ ਜਾ ਰਹੀ ਸੀ ਕਿ ਗਸ਼ਤ ਦੌਰਾਨ ਸਹਾਇਕ ਥਾਣੇਦਾਰ ਪਵਨਜੀਤ ਨੂੰ ਸੂਚਨਾ ਮਿਲੀ ਕਿ ਜੇਕਰ ਮਾਛੀਵਾੜਾ-ਕੁਹਾੜਾ ਰੋਡ 'ਤੇ ਪ੍ਰਗਟ ਸਿੰਘ ਤੇ ਉਸਦੇ ਸਾਥੀ ਚੋਰੀ ਦੇ ਮੋਟਰਸਾਈਕਲਾਂ ਸਮੇਤ ਆ ਰਹੇ ਹਨ। ਪੁਲਸ ਵੱਲੋਂ ਤੁਰੰਤ ਕਪੂਰ ਪੈਲੇਸ ਨੇੜੇ ਨਾਕਾਬੰਦੀ ਕੀਤੀ ਗਈ ਅਤੇ ਜਾਂਚ ਲਈ ਜਦੋਂ ਸ਼ੱਕੀ ਵਾਹਨਾਂ ਨੂੰ ਰੋਕਿਆ ਗਿਆ ਤਾਂ ਪ੍ਰਗਟ ਸਿੰਘ ਕਾਲਾ ਤੇ ਉਸ ਨਾਲ ਨਾਬਾਲਗ ਲੜਕੇ ਨੂੰ ਚੋਰੀ ਦੇ 2 ਮੋਟਰਸਾਈਕਲਾਂ ਸਮੇਤ ਕਾਬੂ ਕਰ ਲਿਆ ਗਿਆ, ਜਦਕਿ ਉਨ੍ਹਾਂ ਦਾ ਇੱਕ ਹੋਰ ਸਾਥੀ ਮੇਜਰ ਸਿੰਘ ਵਾਸੀ ਭੰਮਾ ਕਲਾਂ ਪੁਲਸ ਨੂੰ ਦੇਖ ਕੇ ਮੋਟਰਸਾਈਕਲ ਭਜਾ ਕੇ ਲੈ ਗਿਆ।

ਥਾਣਾ ਮੁਖੀ ਨੇ ਦੱਸਿਆ ਕਿ ਪੁੱਛਗਿੱਛ ਦੌਰਾਨ ਪ੍ਰਗਟ ਸਿੰਘ ਨੇ ਦੱਸਿਆ ਕਿ ਚੋਰੀ ਦੀਆਂ ਘਟਨਾਵਾਂ ਵਿੱਚ ਪ੍ਰਦੀਪ ਸਿੰਘ ਉਰਫ਼ ਦੀਪਾ ਵੀ ਸ਼ਾਮਲ ਹੈ, ਜਿਸ ਨੂੰ ਨਾਮਜ਼ਦ ਕਰਕੇ ਗ੍ਰਿਫ਼ਤਾਰ ਕਰ ਲਿਆ ਗਿਆ। ਥਾਣਾ ਮੁਖੀ ਅਨੁਸਾਰ ਪੁੱਛਗਿੱਛ ਦੌਰਾਨ ਇਨ੍ਹਾਂ ਤੋਂ 9 ਚੋਰੀ ਦੇ ਮੋਟਰਸਾਈਕਲ ਬਰਾਮਦ ਕਰ ਲਏ ਹਨ ਤੇ ਹੋਰ ਵੀ ਚੋਰੀ ਦੇ ਵਾਹਨ ਬਰਾਮਦ ਹੋਣ ਦੀ ਸੰਭਾਵਨਾ ਹੈ। ਇਸ ਮੌਕੇ ਕਰਨੈਲ ਸਿੰਘ, ਅਮਰਜੀਤ ਸਿੰਘ (ਦੋਵੇਂ ਸਹਾਇਕ ਥਾਣੇਦਾਰ), ਮੁਨਸ਼ੀ ਸੁਖਦੀਪ ਸਿੰਘ, ਪਰਮਿੰਦਰ ਸਿੰਘ, ਮਨਪ੍ਰੀਤ ਸਿੰਘ, ਜਗਦੇਵ ਸਿੰਘ ਵੀ ਮੌਜੂਦ ਸਨ।

# ਮਹਾਰਾਸ਼ਟਰ ਸਰਕਾਰ ਦਾ ਸਕੂਲੀ ਬੱਚਿਆਂ ਨੂੰ ਫੌਜੀ ਸਿੱਖਿਆ ਦੇਣ ਦਾ ਫੈਸਲਾ ਬੱਚੇ ਦੇ ਸਰਬਪੱਖੀ ਵਿਕਾਸ 'ਚ ਵੱਡੀ ਰੁਕਾਵਟ : ਸੀ ਪੀ ਆਈ

ਲੁਧਿਆਣਾ (ਐੱਮ ਐੱਸ ਭਾਟੀਆ)

ਮਹਾਰਾਸ਼ਟਰ ਸਰਕਾਰ ਵੱਲੋਂ ਕੀਤਾ ਗਿਆ ਫੈਸਲਾ ਕਿ ਬੱਚਿਆਂ ਨੂੰ ਪਹਿਲੀ ਕਲਾਸ ਤੋਂ ਪੰਜਵੀਂ ਕਲਾਸ ਤੱਕ ਫੌਜੀ ਸਿੱਖਿਆ ਦਿੱਤੀ ਜਾਵੇਗੀ, ਗਲਤ ਹੀ ਨਹੀਂ ਖਤਰਨਾਕ ਵੀ ਹੈ।ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਲੁਧਿਆਣਾ ਦੇ ਆਗੂਆਂ ਜ਼ਿਲ੍ਹਾ ਸਕੱਤਰ ਡੀ ਪੀ ਮੌੜ, ਡਾਕਟਰ ਅਰੁਣ ਮਿੱਤਰਾ, ਚਮਕੌਰ ਸਿੰਘ, ਐੱਮ ਐੱਸ ਭਾਟੀਆ, ਰਮੇਸ਼ ਰਤਨ, ਵਿਜੇ ਕੁਮਾਰ, ਕੇਵਲ ਸਿੰਘ ਬਨਵੈਤ ਆਦਿ ਨੇ ਇੱਕ ਬਿਆਨ ਜਾਰੀ ਕਰਦਿਆਂ ਇਸ ਦੀ ਨਿੰਦਾ ਕਰਦੇ ਹੋਏ ਕਿਹਾ ਹੈ ਕਿ ਸ਼ੁਰੂ ਦੀਆਂ ਜਮਾਤਾਂ ਵਿੱਚ ਬੱਚੇ ਦਾ ਮਾਨਸਿਕ ਵਿਕਾਸ ਹੋਣਾ ਹੁੰਦਾ ਹੈ ਤੇ ਉਸ ਨੇ ਉਹ ਸਾਰੇ ਗੁਣ ਗ੍ਰਹਿਣ ਕਰਨੇ ਹੁੰਦੇ ਹਨ, ਜਿਸ ਕਰਕੇ ਉਹ ਆਉਣ ਵਾਲੇ ਸਮੇਂ ਵਿੱਚ ਸਮਾਜ ਦਾ ਵਧੀਆ ਅੰਗ ਬਣ ਸਕੇ ਤੇ ਵਿਗਿਆਨਕ ਦ੍ਰਿਸ਼ਟੀਕੋਣ ਅਪਣਾ ਕੇ ਰੂੜੀਵਾਦੀ ਪ੍ਰੰਪਰਾਵਾਂ ਨੂੰ ਤੋੜ ਕੇ ਅਗਾਂਹਵਧੂ ਸੋਚ ਦਾ ਧਾਰਨੀ ਬਣ ਸਕੇ।ਮਹਾਰਾਸ਼ਟਰ ਸਰਕਾਰ ਦੀ ਇਸ ਨੀਤੀ ਕਰਕੇ ਬੱਚੇ ਨੂੰ ਸ਼ੁਰੂ ਤੋਂ ਹੀ ਇੱਕ ਕਾਲਪਨਿਕ ਦੁਸ਼ਮਣ ਦੇ ਸਾਹਮਣੇ ਖੜਾ ਕਰਕੇ ਉਸ ਪ੍ਰਤੀ ਨਫਰਤ ਦੀ ਭਾਵਨਾ ਪੈਦਾ ਕੀਤੀ ਜਾਵੇਗੀ।ਇਸ ਤਰ੍ਹਾਂ ਬੀਜੇਪੀ ਤੇ ਆਰ ਐੱਸ ਐੱਸ ਆਪਣੇ ਏਜੰਡੇ 'ਤੇ ਕੰਮ ਕਰਦੇ ਹੋਏ ਇਹੋ ਜਿਹੇ ਬੱਚਿਆਂ ਦੀ ਫੌਜ ਨੂੰ ਖੜਾ ਕਰਨਾ ਚਾਹੁੰਦੀ ਹੈ ਜੋ ਆਪਣੇ ਹੀ ਸਾਥੀਆਂ ਨੂੰ, ਜੋ ਉਨ੍ਹਾਂ ਦੇ ਵਿਚਾਰਾਂ ਨਾਲ ਸਹਿਮਤ ਨਹੀਂ ਹੋਣਗੇ, ਨੂੰ ਖਤਮ ਕਰਨ ਤੱਕ ਜਾਣਗੇ।

ਮਨੋਵਿਗਿਆਨੀਆਂ ਦੇ ਮੁਤਾਬਕ ਇਸ ਕਿਸਮ ਦੇ ਬੱਚੇ ਹਿੰਸਕ ਮਾਨਸਿਕਤਾ ਦੇ ਧਾਰਨੀ ਬਣ ਸਕਦੇ ਹਨ।ਬੱਚਿਆਂ ਨੂੰ ਕੁਦਰਤ ਦੇ ਬਾਰੇ ਜਾਣਕਾਰੀ ਦੇਣ ਦੀ ਗੱਲ ਕਰਨੀ ਚਾਹੀਦੀ ਹੈ, ਇਥੋਂ ਤੱਕ ਕਿ ਬੰਦੂਕਾਂ ਵਰਗੇ ਖਿਡਾਉਣੇ ਵੀ ਉਨ੍ਹਾਂ ਨੂੰ ਨਹੀਂ ਦੇਣੇ ਚਾਹੀਦੇ।ਸਿੱਖਿਆ ਵਿੱਚ ਜੇ ਕੋਈ ਤਬਦੀਲੀ ਕਰਨੀ ਹੈ ਤਾਂ ਸਮਾਜ ਦੇ ਉਨ੍ਹਾਂ ਵਰਗਾਂ ਤੋਂ ਰਾਏ ਲਈ ਜਾਂਦੀ ਹੈ ਜੋ ਇਸ ਨਾਲ ਸੰਬੰਧਤ ਹੁੰਦੇ ਹਨ ਅਤੇ ਸਿੱਖਿਆ ਬਾਰੇ ਵਿਦਵਾਨ ਹਨ, ਪਰ ਅਫਸੋਸ ਦੀ ਗੱਲ ਹੈ ਕਿ ਹੁਣ ਇਹ ਸਾਰੀਆਂ ਨੀਤੀਆਂ ਪ੍ਰਧਾਨ ਮੰਤਰੀ ਦੇ ਦਫਤਰ ਵਿੱਚ ਆਰ ਐੱਸ ਐੱਸ ਦੇ ਸਿਧਾਂਤਕਾਰਾਂ ਵੱਲੋਂ ਬਣਾਈਆਂ ਜਾਂਦੀਆਂ ਹਨ ਅਤੇ ਸੂਬਿਆਂ ਨੂੰ ਲਾਗੂ ਕਰਨ ਲਈ ਭੇਜੀਆਂ ਜਾਂਦੀਆਂ ਹਨ।ਭਾਰਤੀ ਕਮਿਊਨਿਸਟ ਪਾਰਟੀ ਤਾਂ ਸ਼ੁਰੂ ਤੋਂ ਹੀ ਸਿੱਖਿਆ ਵਿੱਚ ਸੁਧਾਰ ਕਰਕੇ ਕਾਮਨ ਏਰੀਆ ਸਕੂਲ ਸ਼ੁਰੂ ਕਰਨ ਦੀ ਵਕਾਲਤ ਕਰ ਰਹੀ ਹੈ ਅਤੇ ਕੁਠਾਰੀ ਕਮਿਸ਼ਨ ਦੀਆਂ ਸਿਫਾਰਸ਼ਾਂ ਨੂੰ ਲਾਗੂ ਕਰਨ ਦੀ ਮੰਗ ਕਰ ਰਹੀ ਹੈ।

# ਕਾਂਗਰਸੀ ਵਰਕਰਾਂ ਨੇ ਖ਼ੂਨਦਾਨ ਕੈਂਪ ਲਗਾ ਕੇ ਮਨਾਇਆ ਰਾਹੁਲ ਗਾਂਧੀ ਦਾ ਜਨਮ ਦਿਨ



ਮਾਨਸਾ (ਆਤਮਾ ਸਿੰਘ ਪਮਾਰ)-ਲੋਕ ਸਭਾ 'ਚ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਦੇਸ਼ ਤੇ ਸੰਵਿਧਾਨ ਬਚਾਉਣ ਦੀ ਲੜਾਈ ਲੜ ਰਹੇ ਹਨ ਤਾਂ ਜੋ ਦੇਸ਼ ਵਿੱਚ ਮੋਦੀ ਮਿੱਤਰ ਅੰਬਾਨੀ ਅੰਡਾਨੀ ਮਾਡਲ ਦੀ ਥਾਂ ਦੇਸ਼ ਵਿੱਚ ਲੋਕ ਪੱਖੀ ਮਾਡਲ ਲਾਗੂ ਕੀਤਾ ਜਾ ਸਕੇ।ਉਕਤ ਵਿਚਾਰਾਂ ਦਾ ਪ੍ਰਗਟਾਵਾ ਇੱਥੇ ਜ਼ਿਲ੍ਹਾ ਕਾਂਗਰਸ ਕਮੇਟੀ ਮਾਨਸਾ ਵੱਲੋਂ ਜ਼ਿਲ੍ਹਾ ਪ੍ਰਧਾਨ ਅਰਸ਼ਦੀਪ ਸਿੰਘ ਮਾਈਕਲ ਗਾਗੋਵਾਲ ਦੀ ਅਗਵਾਈ 'ਚ ਸ੍ਰੀ ਰਾਹੁਲ ਗਾਂਧੀ ਦੇ 55ਵੇਂ ਜਨਮ ਦਿਨ ਮਨਾਉਣ ਸਮੇਂ ਖੂਨਦਾਨ ਕੈਂਪ ਵਿੱਚ ਸ਼ਾਮਲ ਕਾਂਗਰਸੀ ਵਰਕਰਾਂ ਨੂੰ ਯੂਥ ਕਾਂਗਰਸ ਦੇ ਸੂਬਾ ਪ੍ਰਧਾਨ ਮੋਹਿਤ ਮਹਿੰਦਰਾ ਨੇ ਸੰਬੋਧਨ ਕਰਦਿਆਂ ਕੀਤਾ। ਮਹਿੰਦਰਾ ਨੇ ਕਿਹਾ ਕਿ ਜਦੋਂ ਦੀ ਦੇਸ਼ ਅੰਦਰ ਭਾਜਪਾ ਦੀ ਸਰਕਾਰ ਆਈ ਹੈ, ਉਦੋਂ ਤੋਂ ਲੋਕਾਂ ਦੇ ਸੰਵਿਧਾਨਕ ਹੱਕ ਖੋਹੇ ਜਾ ਰਹੇ ਹਨ।ਦੇਸ਼ ਦੀਆਂ ਸੰਵਿਧਾਨਕ ਸੰਸਥਾਵਾਂ ਨੂੰ ਆਪਣੇ ਮੁਤਾਬਿਕ ਚਲਾਉਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ, ਜਿਸ ਖਿਲਾਫ ਸ੍ਰੀ ਰਾਹੁਲ ਗਾਂਧੀ ਵੱਲੋਂ ਦੇਸ਼ ਅੰਦਰ ਯਾਤਰਾਵਾਂ ਕਰਕੇ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ।

ਜ਼ਿਲ੍ਹਾ ਪ੍ਰਧਾਨ ਅਰਸ਼ਦੀਪ ਸਿੰਘ ਮਾਈਕਲ ਗਾਗੋਵਾਲ ਨੇ ਕਿਹਾ ਕਿ ਕਾਂਗਰਸ ਵੱਲੋਂ ਸੰਵਿਧਾਨ ਮੁਤਾਬਕ ਜਿਨ੍ਹਾਂ ਸੰਸਥਾਵਾਂ ਦਾ ਨਿਰਮਾਣ ਕੀਤਾ ਗਿਆ ਸੀ ਤੇ ਦੇਸ਼ ਨੂੰ ਵਿਕਾਸ ਦੇ ਰਾਹ ਤੋਰਿਆ ਗਿਆ ਸੀ, ਉਨ੍ਹਾਂ ਸੰਵਿਧਾਨਕ ਸੰਸਥਾਵਾਂ ਨੂੰ ਤਬਾਹ ਕਰਕੇ ਦੇਸ਼ ਦੇ ਵਿਕਾਸ ਨੂੰ ਅੰਬਾਨੀਆਂ ਅੰਡਾਨੀਆਂ ਦੇ ਘਰਾਂ ਵੱਲ ਮੋੜਿਆ ਜਾ ਰਿਹਾ ਹੈ।ਗਾਗੋਵਾਲ ਨੇ ਕਿਹਾ ਕਿ ਗਾਂਧੀ ਪਰਿਵਾਰ ਨੇ ਦੇਸ਼ ਲਈ ਵੱਡੀਆਂ ਕੁਰਬਾਨੀਆਂ ਕੀਤੀਆਂ ਹਨ।

ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਰਾਹੁਲ ਗਾਂਧੀ ਦੇ 55ਵੇਂ ਜਨਮ ਦਿਨ ਮੌਕੇ ਉਨ੍ਹਾਂ ਦੇ ਵਿਚਾਰਾਂ ਨੂੰ ਘਰ ਘਰ ਲੈ ਕੇ ਜਾਣ ਦਾ ਹਰ ਸੰਭਵ ਯਤਨ ਕਰੇਗੀ।ਦੇਸ਼ ਤੇ ਸੰਵਿਧਾਨ ਬਚਾਉਣ ਲਈ ਸ੍ਰੀ ਰਾਹੁਲ ਗਾਂਧੀ ਵੱਲੋਂ ਲੜੀ ਜਾ ਰਹੀ ਲੜਾਈ ਨੂੰ ਅੰਜਾਮ ਤੱਕ ਲਿਜਾਣ ਵਿੱਚ ਹਰ ਤਰ੍ਹਾਂ ਦਾ ਸਹਿਯੋਗ ਦੇਵੇਗੀ।ਇਸ ਮੌਕੇ ਸਾਬਕਾ ਵਿਧਾਇਕ ਨਾਜ਼ਰ ਸਿੰਘ ਮਾਨਸ਼ਾਹੀਆ ਨੇ ਰਾਹੁਲ ਗਾਂਧੀ ਦੇ ਜਨਮ ਦਿਨ ਦੀਆਂ ਹਾਜ਼ਰੀਨ ਨੂੰ ਵਧਾਈ ਦਿੰਦਿਆਂ ਉਨ੍ਹਾਂ ਵੱਲੋਂ ਲੋਕ ਸਭਾ ਦੇ ਸੈਸ਼ਨਾਂ ਦੌਰਾਨ ਕੀਤੇ ਜਾ ਰਹੇ ਕਾਰਜਾਂ ਤੇ ਦੇਸ਼ ਦੀ ਕਾਂਗਰਸ ਪਾਰਟੀ ਦੀ ਸੁਯੋਗ ਅਗਵਾਈ ਕਰਨ ਲਈ ਸ਼ਲਾਘਾ ਵੀ ਕੀਤੀ।

# ਫ਼ਲ-ਸਬਜ਼ੀਆਂ ਦੇ ਨੁਕਸਾਨ ਨੂੰ ਰੋਕਣ ਲਈ ਬਿਹਤਰ ਮੈਨੇਜਮੈਂਟ ਸਿਸਟਮ ਦੀ ਲੋੜ : ਹਰਚੰਦ ਸਿੰਘ ਬਰਸਟ



ਸਮਾਣਾ (ਇਕਬਾਲ ਸਿੰਘ ਬੱਲ)

ਹਰਚੰਦ ਸਿੰਘ ਬਰਸਟ ਚੇਅਰਮੈਨ ਵੱਲੋਂ ਫੂਡ ਲੋਸ ਐਂਡ ਵੇਸਟ ਇਨ ਫਰੂਟ ਐਂਡ ਵੈਜੀਟੇਬਲ ਹੋਲਸੇਲ ਮਾਰਕੀਟ ਵਿਸ਼ੇ 'ਤੇ ਕੂਰਗ (ਕਰਨਾਟਕ) ਵਿੱਚ ਆਯੋਜਤ ਨੈਸ਼ਨਲ ਕਾਨਫਰੰਸ ਵਿੱਚ ਭਾਗ ਲਿਆ ਗਿਆ ਤੇ ਜਿਨਸਾਂ ਦੀ ਉਪਜ ਤੋਂ ਬਾਅਦ ਸੰਭਾਲ ਤੇ ਉਪਭੋਗਤਾਵਾਂ ਤੱਕ ਸੁਚੱਜੇ ਤਰੀਕੇ ਨਾਲ ਪੁਚਾਉਣ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਕਿਸਾਨ ਬਹੁਤ ਮਿਹਨਤ ਨਾਲ ਫ਼ਸਲ ਦੀ ਪੈਦਾਵਾਰ ਕਰਦਾ ਹੈ। ਇਸ ਦੌਰਾਨ ਜਿੰਨਾ ਧਿਆਨ ਫ਼ਸਲ ਦਾ ਰੱਖਿਆ ਜਾਂਦਾ ਹੈ, ਉਸ ਤੋਂ ਵੱਧ ਧਿਆਨ ਜਿਣਸ ਦੀ ਸੰਭਾਲ ਲੋਕਾਂ ਤੱਕ ਸਹੀ ਢੰਗ ਨਾਲ ਪੁਚਾਉਣ ਤੇ ਰੱਖਣ ਦੀ ਲੋੜ ਹੈ, ਕਿਉਂਕਿ ਸਹੀ ਢੰਗ ਨਾਲ ਸੰਭਾਲ ਨਾ ਹੋਣ ਕਰਕੇ ਲਗਭਗ 25 ਤੋਂ 30 ਫ਼ੀਸਦੀ ਤੱਕ ਉਹ ਮਿਹਨਤ ਵਿਅਰਥ ਚਲੀ ਜਾਂਦੀ ਹੈ।ਇਸ ਲਈ ਇਹ ਬਹੁਤ ਹੀ ਗੰਭੀਰ ਮੁੱਦਾ ਹੈ।

ਸਾਡੇ ਦੇਸ਼ ਦੀ ਆਬਾਦੀ ਨੂੰ ਧਿਆਨ ਵਿੱਚ ਰੱਖਦਿਆਂ ਹੋਇਆ ਬਿਹਤਰ ਮੈਨੇਜਮੈਂਟ ਸਿਸਟਮ ਦੀ ਲੋੜ ਹੈ, ਫਿਰ ਚਾਹੇ ਗੱਲ ਅਨਾਜ ਦੀ ਹੋਵੇ ਜਾਂ ਫਲਾਂ ਤੇ ਸਬਜੀਆਂ ਦੀ।ਫ਼ਲ ਤੇ ਸਬਜ਼ੀਆਂ ਜਦੋਂ ਮੰਡੀ ਤੱਕ ਲਿਜਾਇਆ ਜਾਂਦਾ ਹੈ ਤਾਂ ਉੱਥੋਂ ਹੀ ਉਸਦੀ ਵੇਸਟੇਜ ਸ਼ੁਰੂ ਹੋ ਜਾਂਦੀ ਹੈ।ਬੋਰੀਆਂ ਵਿੱਚ ਸਬਜ਼ੀਆਂ ਨੂੰ ਭਰ ਕੇ ਵਾਹਨਾਂ ਵਿੱਚ ਰੱਖਿਆ ਜਾਂਦਾ ਹੈ ਤੇ ਇੱਥੋਂ ਹੀ ਫ਼ਸਲ ਦੀ ਵੇਸਟੇਜ ਸ਼ੁਰੂ ਹੁੰਦੀ ਹੈ ਤੇ ਓਹੀ ਜਿਨਸ ਮੰਡੀਆਂ ਤੋਂ ਲੋਕਾਂ ਦੇ ਘਰਾਂ ਤੱਕ ਪਹੁੰਚਦੀ ਹੈ।ਉਨ੍ਹਾਂ ਕਿਹਾ ਕਿ ਅੱਜ ਸਮਾਂ ਆ ਗਿਆ ਹੈ ਕਿ ਕਿਸ ਤਰ੍ਹਾਂ ਫ਼ਸਲ ਦੀ ਵਿਸ਼ੇਸ਼ ਸੰਭਾਲ ਕਰਨੀ ਹੈ ਤੇ ਉਸ ਨੂੰ ਕਿਸ ਕਿਸਮ ਦੇ ਵਹੀਕਲ ਵਿੱਚ ਲਿਜਾਣਾ ਚਾਹੀਦਾ ਹੈ, ਬਾਰੇ ਵਿਸਥਾਰ ਨਾਲ ਚਰਚਾ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਅੱਜ ਹਾਲਾਤ ਇਹ ਹਨ ਕਿ ਜਿਹੜੇ ਰਾਜ ਵਿੱਚ ਫ਼ਲ, ਸਬਜ਼ੀਆਂ ਜਾਂ ਫ਼ਸਲਾਂ ਦੀ ਪੈਦਾਵਾਰ ਹੋ ਰਹੀ ਹੈ, ਉੱਥੇ ਉਨ੍ਹਾਂ ਦੀ ਸੰਭਾਲ ਨਹੀਂ ਹੋ ਰਹੀ ਤੇ ਨਾ ਸਟੋਰੇਜ, ਨਾ ਟ੍ਰਾਂਸਪੋਰਟੇਸ਼ਨ ਅਤੇ ਨਾ ਹੀ ਕੋਈ ਅੰਕੜੇ, ਜਿੱਥੋਂ ਇਹ ਪਤਾ ਚੱਲ ਸਕੇ ਕਿ ਕਿਹੜੀ ਵਸਤੂ ਕਿਸ ਸੂਬੇ ਵਿੱਚੋਂ ਕਿੱਥੇ ਭੇਜਣੀ ਹੈ।

# ਫਸਲ ਨੂੰ ਪਾਣੀ ਦੇਣ ਗਿਆ ਨੌਜਵਾਨ ਲਾਪਤਾ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਮੌੜ ਰੋਡ ਗਲੀ ਨੰਬਰ 9 ਵਿੱਚ ਖੇਤਾਂ ਵਿੱਚ ਫਸਲ ਨੂੰ ਪਾਣੀ ਦੇਣ ਗਿਆ 16 ਸਾਲਾ ਨੌਜਵਾਨ ਸ਼ੱਕੀ ਹਾਲਾਤਾਂ ਵਿੱਚ ਲਾਪਤਾ ਹੋ ਗਿਆ ਹੈ।ਅਜੇ ਤੱਕ ਉਸ ਦਾ ਕੋਈ ਸੁਰਾਗ ਨਹੀਂ ਮਿਲਿਆ।ਪਰਿਵਾਰਕ ਮੈਂਬਰਾਂ ਨੇ ਬੱਸ ਸਟੈਂਡ ਚੌਕੀ ਪੁਲਸ ਕੋਲ ਸ਼ਿਕਾਇਤ ਦਰਜ ਕਰਵਾਈ ਹੈ।ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਮੌੜ ਰੋਡ ਗਲੀ ਨੰਬਰ 13 ਦੇ ਸਾਹਮਣੇ ਰਹਿਣ ਵਾਲੇ ਅਮਰ ਸਿੰਘ ਪੁੱਤਰ ਘਣਸ਼ਿਆਮ ਨੇ ਦੱਸਿਆ ਕਿ ਉਸ ਦਾ ਪੁੱਤਰ ਵਿਵੇਕ (16) ਵੀਰਵਾਰ ਦੁਪਹਿਰ ਲਗਭਗ 12:30 ਵਜੇ ਖੇਤਾਂ ਨੂੰ ਪਾਣੀ ਦੇਣ ਗਿਆ ਸੀ, ਪਰ ਉਹ ਖੇਤ ਨਹੀਂ ਪਹੁੰਚਿਆ ਅਤੇ ਨਾ ਹੀ ਘਰ ਵਾਪਸ ਆਇਆ।ਜਦੋਂ ਉਹ ਕਾਫ਼ੀ ਸਮੇਂ ਤੱਕ ਘਰ ਨਹੀਂ ਪਰਤਿਆ ਤਾਂ ਉਸ ਦੀ ਭਾਲ ਕੀਤੀ ਗਈ, ਪਰ ਉਹ ਰਿਸ਼ਤੇਦਾਰਾਂ ਤੇ ਦੋਸਤਾਂ ਕੋਲ ਵੀ ਕਿਤੇ ਨਹੀਂ ਮਿਲਿਆ।ਵਿਵੇਕ 8ਵੀਂ ਜਮਾਤ ਵਿੱਚ ਪੜ੍ਹਦਾ ਹੈ ਤੇ ਮਾਨਸਿਕ ਤੌਰ 'ਤੇ ਵੀ ਤੰਦਰੁਸਤ ਹੈ।ਉਹ ਆਪਣੇ ਆਪ ਇਸ ਤਰ੍ਹਾਂ ਕਿਤੇ ਨਹੀਂ ਜਾ ਸਕਦਾ।ਪਰਿਵਾਰਕ ਮੈਂਬਰਾਂ ਨੇ ਕਿਹਾ ਕਿ ਉਸ ਦਾ ਰੰਗ ਗੋਰਾ ਹੈ ਤੇ ਜਦੋਂ ਉਹ ਘਰੋਂ ਨਿਕਲਿਆ ਤਾਂ ਉਸ ਨੇ ਨੀਲੀ ਕਮੀਜ਼ ਅਤੇ ਪੈਰਾਂ ਵਿੱਚ ਲਾਲ ਚੱਪਲਾਂ ਪਾਈਆਂ ਹੋਈਆਂ ਸਨ।ਪੀੜਤ ਪਰਵਾਰ ਨੇ ਪੁਲਸ ਨੂੰ ਆਪਣੇ ਬੱਚੇ ਨੂੰ ਲੱਭਣ ਦੀ ਅਪੀਲ ਕੀਤੀ ਹੈ।

# ਮਲੌਦ 'ਚ ਨਸ਼ਾ ਤਸਕਰ ਦੇ ਘਰ 'ਤੇ ਚੱਲਿਆ ਪੀਲਾ ਪੰਜਾ



ਲੁਧਿਆਣਾ (ਰੈਕਟਰ ਕਥੂਰੀਆ)

ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਚਲਾਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਸ਼ੁੱਕਰਵਾਰ ਨੂੰ ਖੰਨਾ ਦੇ ਐੱਸ.ਪੀ (ਹੈੱਡਕੁਆਰਟਰ) ਸ੍ਰੀ ਤੇਜਵੀਰ ਸਿੰਘ ਹੁੰਦਲ ਦੀ ਅਗਵਾਈ ਹੇਠ ਨਸ਼ਾ ਤਸਕਰ ਅਮਰੀਕ ਸਿੰਘ ਉਰਫ ਰਿੰਕੂ ਪੁੱਤਰ ਬਲਦੇਵ ਸਿੰਘ ਵਾਸੀ ਵਾਰਡ ਨੰਬਰ 02, ਮਲੌਦ ਜ਼ਿਲ੍ਹਾ ਲੁਧਿਆਣਾ ਦਾ ਘਰ ਢਾਹਿਆ ਗਿਆ।ਇਹ ਮਕਾਨ ਨਗਰ ਪੰਚਾਇਤ ਮਲੌਦ ਤੋਂ ਬਿਨਾਂ ਮਨਜ਼ੂਰੀ ਲਏ ਗੈਰ-ਕਾਨੂੰਨੀ ਢੰਗ ਨਾਲ ਬਣਾਇਆ ਹੋਇਆ ਸੀ।ਇਸ ਮੌਕੇ ਨਗਰ ਪੰਚਾਇਤ ਮਲੌਦ ਦੇ ਕਾਰਜਸਾਧਕ ਅਫਸਰ ਸ੍ਰੀ ਹਰਨਰਿੰਦਰ ਸਿੰਘ ਸ਼ੇਰਗਿੱਲ ਨੇ ਦੱਸਿਆ ਕਿ ਅਮਰੀਕ ਸਿੰਘ ਉਰਫ ਰਿੰਕੂ ਪੁੱਤਰ ਬਲਦੇਵ ਸਿੰਘ ਇਸ ਵੱਲੋਂ ਮਿਊਂਸਪਲ ਸਪਲ ਐਕਟ ਦੀ ਉਲੰਘਣਾ ਕਰਕੇ ਮਕਾਨ ਦੀ ਨਜਾਇਜ਼ ਉਸਾਰੀ ਕੀਤੀ ਗਈ ਸੀ ਤੇ ਇਸ ਵੱਲੋਂ ਮਕਾਨ ਦਾ ਕੋਈ ਨਕਸ਼ਾ ਨਗਰ ਪੰਚਾਇਤ ਮਲੌਦ ਤੋਂ ਪਾਸ ਨਹੀਂ ਕਰਵਾਇਆ ਗਿਆ ਸੀ।ਮਿਊਂਸਪਲ ਐਕਟ ਤਹਿਤ ਇਸ ਮਕਾਨ ਨੂੰ ਢਾਹੁਣ ਲਈ 4 ਨੋਟਿਸ ਵੀ ਭੇਜੇ ਗਏ ਸਨ, ਸੋ ਅੱਜ ਪੁਲਸ ਪਾਰਟੀ ਨੂੰ ਨਾਲ ਲੈ ਕੇ ਗੈਰ-ਕਾਨੂੰਨੀ ਉਸਾਰੀ ਨੂੰ ਢਾਹਿਆ ਗਿਆ ਹੈ।ਖੰਨਾ ਦੇ ਐਸ.ਪੀ (ਹੈਡਕੁਆਰਟਰ) ਸ੍ਰੀ ਤੇਜਵੀਰ ਸਿੰਘ ਹੁੰਦਲ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ ਜ਼ੀਰੋ ਟਾਲਰੈਂਸ ਨੀਤੀ ਅਪਣਾਈ ਜਾ ਰਹੀ ਹੈ ਅਤੇ ਨਸ਼ਿਆਂ ਦੇ ਤਸਕਰਾਂ ਖਿਲਾਫ ਸਖਤ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਅਮਰੀਕ ਸਿੰਘ ਉਰਫ ਰਿੰਕੂ ਪੁੱਤਰ ਬਲਦੇਵ ਸਿੰਘ ਵਾਸੀ ਮਲੌਦ ਉੱਪਰ ਐਨ.ਡੀ.ਪੀ.ਐਸ.ਐਕਟ ਅਧੀਨ ਵੱਖ-ਵੱਖ 3 ਮੁਕੱਦਮੇ ਦਰਜ ਹਨ।ਉਨ੍ਹਾਂ ਕਿਹਾ ਕਿ ਅਮਰੀਕ ਸਿੰਘ ਉਰਫ ਰਿੰਕੂ ਦੋ ਦਿਨ ਪਹਿਲਾਂ ਹੀ ਜੇਲ੍ਹ ਤੋਂ ਬਾਹਰ ਆਇਆ ਹੈ। ਉਨ੍ਹਾਂ ਨਸ਼ਿਆਂ ਦੇ ਸੌਦਾਗਰਾਂ ਨੂੰ ਸਖਤ ਚੇਤਾਵਨੀ ਦਿੰਦਿਆਂ ਕਿਹਾ ਕਿ ਉਹ ਨਸ਼ੇ ਵੇਚਣ ਦਾ ਕੰਮ ਛੱਡ ਦੇਣ ਨਹੀਂ ਤਾਂ ਉਨ੍ਹਾਂ ਵਿਰੁੱਧ ਵੀ ਇਹੋ ਜਿਹੀ ਕਾਰਵਾਈ ਕੀਤੀ ਜਾਵੇਗੀ।ਇਸ ਮੌਕੇ ਡੀ.ਐੱਸ.ਪੀ. ਪਾਇਲ ਹੇਮੰਤ ਮਲਹੋਤਰਾ, ਡੀ.ਐੱਸ.ਪੀ. ਸੀ. ਏ. ਡਬਲਯੂ.ਸੀ ਕਰਮਵੀਰ ਤੂਰ, ਸਿਵਲ ਪ੍ਰਸ਼ਾਸਨ ਤੇ ਪੁਲਸ ਪ੍ਰਸ਼ਾਸਨ ਦੇ ਹੋਰ ਅਧਿਕਾਰੀ ਮੌਜੂਦ ਸਨ।

# ਮੋਦੀ ਦੀਆਂ 11 ਸਾਲਾ ਪ੍ਰਾਪਤੀਆਂ ਸੰਬੰਧੀ ਰੇਲਵੇ ਸਟੇਸ਼ਨ ਤੇ ਬੱਸ ਸਟੈਂਡ 'ਤੇ ਪੈਂਫਲਟ ਵੰਡੇ



ਮੋਗਾ (ਇਕਬਾਲ ਸਿੰਘ ਖਹਿਰਾ)-2014 ਵਿੱਚ ਦੇਸ਼ ਵਿੱਚ ਸੱਤਾ ਸੰਭਾਲਣ ਤੋਂ ਬਾਅਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਦੇਸ਼ ਦੇ ਗਰੀਬਾਂ, ਲੋੜਵੰਦਾਂ ਤੇ ਆਮ ਲੋਕਾਂ ਲਈ ਨਵੀਆਂ ਯੋਜਨਾਵਾਂ ਬਣਾਈਆਂ ਹਨ ਤੇ ਉਨ੍ਹਾਂ ਦੇ ਲਾਭ ਜ਼ਮੀਨੀ ਪੱਧਰ 'ਤੇ ਲਾਭਪਾਤਰੀਆਂ ਤੱਕ ਪਹੁੰਚਾਏ ਹਨ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ ਪ੍ਰਾਪਤੀਆਂ ਬਾਰੇ ਲੋਕਾਂ ਨੂੰ ਜਾਣੂ ਕਰਵਾਉਣ ਲਈ ਦੇਸ਼ ਭਰ ਵਿੱਚ ਵੱਖ-ਵੱਖ ਪ੍ਰੋਗਰਾਮ ਚਲਾਏ ਜਾ ਰਹੇ ਹਨ। ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਤੇ ਭਾਜਪਾ ਅਹੁਦੇਦਾਰਾਂ ਨੇ ਲੋਕਾਂ ਨੂੰ ਜਾਗਰੂਕ ਕਰਨ ਲਈ ਤਿੰਨ ਦਿਨਾਂ ਲਈ ਮੋਗਾ ਜ਼ਿਲ੍ਹੇ ਦੇ ਬੱਸ ਸਟੈਂਡ, ਰੇਲਵੇ ਸਟੇਸ਼ਨ ਤੇ ਡਾਕਘਰ 'ਤੇ ਪੈਂਫਲੇਟ ਵੰਡੇ। ਇਸ ਤੋਂ ਇਲਾਵਾ, ਸੀਨੀਅਰ ਨਾਗਰਿਕਾਂ ਤੇ ਬੁੱਧੀਜੀਵੀਆਂ ਨੂੰ ਪ੍ਰਧਾਨ ਮੰਤਰੀ ਦੀਆਂ ਯੋਜਨਾਵਾਂ ਬਾਰੇ ਜਾਣੂੰ ਕਰਵਾਉਣ ਦੀ ਯੋਜਨਾ ਬਣਾਈ ਗਈ ਹੈ। ਇਸ ਮੌਕੇ ਭਾਜਪਾ ਯੁਵਾ ਮੋਰਚਾ ਦੇ ਕਾਰਜਕਾਰੀ ਪ੍ਰਧਾਨ ਕਸ਼ਿਸ਼ ਧਮੀਜਾ, ਜਨਰਲ ਸਕੱਤਰ ਸੌਰਭ ਸ਼ਰਮਾ, ਕਮਲ ਸ਼ਰਮਾ, ਨਮਨ ਸੂਦ, ਨਪਿੰਦਰ ਗੁਪਤਾ, ਜਾਨੂ ਕੁਮਾਰ, ਰਾਜਨ ਗਰੋਵਰ, ਰਾਜਿੰਦਰ ਗਾਬਾ, ਸੁਖਵਿੰਦਰ ਸਿੰਘ ਸੁੱਖਾ, ਮੰਡਲ ਪ੍ਰਧਾਨ ਉਮਾਕਾਂਤ ਰਾਏ, ਸ਼ਸ਼ੀਕਾਂਤ ਪਾਂਡੇ, ਕਮਲ ਘੜੂੰਆਂ, ਅਨਮੋਲ, ਹੇਮੰਤ ਸਿੰਘ, ਸੁਖਪਾਲ ਸਿੰਘ, ਸੁਖਪਾਲ ਸਿੰਘ, ਸ੍ਰ. ਗੋਲਡੀ, ਮਹਿਕ ਆਦਿ ਹਾਜ਼ਰ ਸਨ। ਇਸ ਮੌਕੇ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਨੇ ਕਿਹਾ ਕਿ ਅੱਜ ਪੂਰੇ ਦੇਸ਼ ਵਿੱਚ ਪ੍ਰਧਾਨ ਮੰਤਰੀ ਵੱਲੋਂ ਲੋਕਾਂ ਦੀ ਭਲਾਈ ਲਈ ਜੋ ਸਕੀਮਾਂ ਸ਼ੁਰੂ ਕੀਤੀਆਂ ਗਈਆਂ ਹਨ, ਦੇਸ਼ ਦੇ ਗਰੀਬ ਲੋਕਾਂ ਦਾ ਆਰਥਿਕ ਪੱਧਰ ਉੱਚਾ ਚੁੱਕਣ ਲਈ ਸ਼ੁਰੂ ਕੀਤੀਆਂ ਗਈਆਂ ਸਕੀਮਾਂ ਵਿੱਚ ਜਨ ਧਨ ਯੋਜਨਾ, ਉੱਜਵਲਾ ਯੋਜਨਾ, ਡਿਜੀਟਲ ਇੰਡੀਆ, ਆਯੂਸ਼ਮਾਨ ਯੋਜਨਾ, ਪ੍ਰਧਾਨ ਮੰਤਰੀ ਆਵਾਸ ਯੋਜਨਾ, ਕਿਸਾਨ ਵਿਕਾਸ ਯੋਜਨਾ, ਸਵੱਛਤਾ ਯੋਜਨਾ, ਕਿਸਾਨ ਭਲਾਈ ਯੋਜਨਾ ਆਦਿ ਹਨ। ਯੋਜਨਾ, ਵਿਕਰੇਤਾ ਨੀਤੀ ਤਹਿਤ ਕਰਜ਼ਾ ਮੁਹੱਈਆ ਕਰਵਾਉਣਾ, ਦੇਸ਼ ਦੇ ਲੋਕਾਂ ਦੀ ਸਿਹਤ ਲਈ ਪ੍ਰਧਾਨ ਮੰਤਰੀ ਰਾਸ਼ਨ ਯੋਜਨਾ, ਆਯੂਸ਼ਮਾਨ ਯੋਜਨਾ, ਸਵੈ-ਸਹਾਇਤਾ ਗਰੁੱਪ ਬਣਾ ਕੇ ਔਰਤਾਂ ਨੂੰ ਆਪਣੇ ਪੈਰਾਂ 'ਤੇ ਖੜ੍ਹਾ ਕਰਨਾ, ਨਵੀਆਂ ਯੂਨੀਵਰਸਿਟੀਆਂ, ਕਾਲਜਾਂ, ਆਈ. ਟੀ. ਅੰਮ੍ਰਿਤ ਯੋਜਨਾ ਤਹਿਤ ਆਦਿ ਪੇਂਡੂ ਸਿਹਤ ਯੋਜਨਾ ਅਧੀਨ ਜਲ ਮਿਸ਼ਨ ਯੋਜਨਾ, ਭਾਰਤ ਦੀ ਸੰਸਕ੍ਰਿਤੀ ਨੂੰ ਮਜ਼ਬੂਤ ਕਰਨਾ, ਜੀ.ਐੱਸ.ਟੀ. ਅਧੀਨ ਦੇਸ਼ ਦੀ ਆਰਥਿਕਤਾ ਨੂੰ ਮਜ਼ਬੂਤ ਕਰਨਾ, ਮਹਿਲਾ ਸਸ਼ਕਤੀਕਰਨ, ਵਕਫ਼ ਬੋਰਡ, ਧਾਰਾ 370, ਤਿੰਨ ਤਲਾਕ ਵਰਗੇ ਮਹੱਤਵਪੂਰਨ ਬਿੱਲ ਪਾਸ ਕਰਨਾ ਆਦਿ ਯੋਜਨਾਵਾਂ ਤੇ ਨੀਤੀਆਂ ਲਾਗੂ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਦੀਆਂ ਯੋਜਨਾਵਾਂ ਦੇ ਜ਼ਮੀਨੀ ਪੱਧਰ 'ਤੇ ਮਿਲ ਰਹੇ ਲਾਭਾਂ ਤੋਂ ਪ੍ਰਭਾਵਿਤ ਹੋ ਕੇ ਲੋਕ ਦੂਜੀਆਂ ਰਾਜਨੀਤਕ ਪਾਰਟੀਆਂ ਤੋਂ ਨਿਰਾਸ਼ ਹੋ ਕੇ ਭਾਜਪਾ ਵਿੱਚ ਸ਼ਾਮਲ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਭਾਜਪਾ ਦੇਸ਼ ਦੀ ਪਹਿਲੀ ਸਰਕਾਰ ਹੈ, ਜੋ ਕੇਂਦਰ ਸਰਕਾਰ ਦੀਆਂ ਯੋਜਨਾਵਾਂ ਦਾ ਸਾਰਾ ਪੈਸਾ ਲੋਕਾਂ ਤੱਕ ਪਹੁੰਚਾ ਰਹੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਵੱਧ ਤੋਂ ਵੱਧ ਲੋਕ ਭਾਜਪਾ ਵਿੱਚ ਸ਼ਾਮਲ ਹੋਣ ਅਤੇ ਪੰਜਾਬ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰਨ ਤੇ ਪੰਜਾਬ ਵਿੱਚੋਂ ਨਸ਼ਾਖੋਰੀ ਅਤੇ ਅੱਤਵਾਦ ਨੂੰ ਖਤਮ ਕਰਨ ਲਈ ਕੰਮ ਕਰਨ।

# ਵਿਦੇਸ਼ ਭੇਜਣ ਦੇ ਨਾਂਅ 'ਤੇ ਠੱਗੀ ਮਾਰਨ ਵਾਲੀ ਭੂਆ ਖਿਲਾਫ ਕਾਰਵਾਈ ਦੀ ਮੰਗ

ਮਾਨਸਾ (ਆਤਮਾ ਸਿੰਘ ਪਮਾਰ)

ਪਿੰਡ ਗੇਹਲੇ ਦੀ ਲਾਇਬ੍ਰੇਰੀ 'ਚ ਪੰਚਾਇਤ ਤੇ ਜਥੇਬੰਦੀਆਂ ਦੀ ਮੀਟਿੰਗ ਹੋਈ। ਮੀਟਿੰਗ ਵਿੱਚ ਲਿਬਰੇਸ਼ਨ ਦੇ ਸੂਬਾਈ ਆਗੂ ਕਾ. ਰਾਜਵਿੰਦਰ ਰਾਣਾ, ਸਾਬਕਾ ਸਰਪੰਚ ਮੇਜਰ ਸਿੰਘ ਗਿੱਲ, ਪੰਜਾਬ ਕਿਸਾਨ ਯੂਨੀਅਨ ਦੇ ਆਗੂ ਰਾਮਸਰੂਪ, ਮਜ਼ਦੂਰ ਮੁਕਤੀ ਮੋਰਚਾ ਦੇ ਆਗੂ ਬਲਵਿੰਦਰ ਘਰਾਂਗਣਾ, ਪਿੰਡ ਗੇਹਲੇ ਦੇ ਸਰਪੰਚ ਪ੍ਰਿਤਪਾਲ ਸ਼ਰਮਾ ਤੇ ਸਮੁੱਚੀ ਪੰਚਾਇਤ ਹਾਜ਼ਰ ਸੀ। ਕਾ. ਰਾਣਾ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਪਿੰਡ ਗੇਹਲੇ ਦੇ ਅਕਾਸ਼ਦੀਪ ਪੁੱਤਰ ਰਾਮ ਸਿੰਘ ਨਾਲ ਉਸ ਦੀ ਰਿਸ਼ਤੇ 'ਚੋਂ ਲਗਦੀ ਭੂਆ ਬਲਵੀਰ ਕੌਰ ਪਤਨੀ ਅਵਤਾਰ ਸਿੰਘ ਵਾਸੀ ਪਟਿਆਲਾ ਨੇ ਕੈਨੇਡਾ ਭੇਜਣ ਦੇ ਨਾਂ 'ਤੇ ਕਥਿਤ ਤੌਰ 'ਤੇ 30 ਲੱਖ ਦੀ ਠੱਗੀ ਮਾਰ ਲਈ ਹੈ। ਬਲਵੀਰ ਕੌਰ ਨੇ ਅਕਾਸ਼ਦੀਪ ਨੂੰ ਵਿਸ਼ਵਾਸ ਦਿਵਾਇਆ ਕਿ ਉਸ ਦੀ ਲੜਕੀ ਪ੍ਰਭਜੋਤ ਕੌਰ ਕੈਨੇਡਾ ਦੇ ਇੰਮੀਗ੍ਰੇਸ਼ਨ ਦਫਤਰ ਵਿੱਚ ਕੰਮ ਕਰਦੀ ਹੈ ਤੇ ਉਸ ਨੇ ਪਹਿਲਾਂ ਵੀ ਕਈ ਨੌਜਵਾਨਾਂ ਦੇ ਵੀਜ਼ੇ ਲਗਵਾਏ ਹਨ ਅਤੇ ਅਕਾਸ਼ਦੀਪ ਨੂੰ ਵੀ ਕੈਨੇਡਾ ਦੀ ਪੀ ਆਰ ਦਿਵਾ ਦੇਵੇਗੀ।

ਬਲਵੀਰ ਕੌਰ ਦੇ ਝਾਂਸੇ ਵਿੱਚ ਆ ਕੇ ਅਕਾਸ਼ਦੀਪ ਨੇ ਇੱਕ ਏਕੜ ਜ਼ਮੀਨ ਵੇਚ ਕੇ ਦੋਵੇਂ ਮਾਵਾਂ ਧੀਆਂ ਦੇ ਬੈਂਕ ਖਾਤਿਆਂ 'ਚ ਸਾਢੇ ਉਨੀਂ ਲੱਖ ਰੁਪਏ ਆਨਲਾਈਨ ਪਾ ਦਿੱਤੇ ਤੇ ਬਾਕੀ ਸਾਢੇ ਦਸ ਲੱਖ ਰੁਪਏ ਬਲਵੀਰ ਕੌਰ ਤੇ ਉਸ ਦਾ ਪਤੀ ਅਵਤਾਰ ਸਿੰਘ ਨਕਦ ਲੈ ਗਏ। ਉਹ ਦੋ ਸਾਲ ਦੇ ਕਰੀਬ ਲਾਰੇ ਲਾਉਂਦੇ ਰਹੇ। ਅਕਾਸ਼ਦੀਪ ਨੂੰ ਜਦੋਂ ਪਤਾ ਲੱਗਾ ਕਿ ਉਸ ਦੀ ਫਾਇਲ ਵੀ ਨਹੀਂ ਲਗਵਾਈ ਤੇ ਉਸ ਨਾਲ ਠੱਗੀ ਵੱਜ ਗਈ ਹੈ। ਜਦੋਂ ਪੈਸੇ ਵਾਪਸ ਮੰਗਣ ਲੱਗੇ ਤਾਂ ਅਕਾਸ਼ਦੀਪ ਨੂੰ ਝੂਠੇ ਪਰਚੇ ਦਰਜ ਕਰਵਾਉਣ ਦੀ ਕਥਿਤ ਧਮਕੀ ਵੀ ਦਿੱਤੀ ਗਈ। ਪਿੰਡ ਗੇਹਲੇ ਦੀ ਪੰਚਾਇਤ ਤੇ ਲਿਬਰੇਸ਼ਨ ਆਗੂਆਂ ਨੇ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ 30 ਲੱਖ ਰੁਪਏ ਦੀ ਠੱਗੀ ਮਾਰਨ ਵਾਲੀ ਬਲਵੀਰ ਕੌਰ, ਉਸ ਦੇ ਪਤੀ ਅਵਤਾਰ ਸਿੰਘ ਤੇ ਬੇਟੀ ਪ੍ਰਭਜੋਤ ਕੌਰ 'ਤੇ ਪਰਚਾ ਦਰਜ ਕਰਕੇ ਤੁਰੰਤ ਗ੍ਰਿਫਤਾਰ ਕੀਤਾ ਜਾਵੇ। ਬਲਵੀਰ ਕੌਰ ਤੇ ਅਵਤਾਰ ਸਿੰਘ ਦਾ ਪਾਸਪੋਰਟ ਵੀ ਜ਼ਬਤ ਕੀਤਾ ਜਾਵੇ ਤਾਂ ਕਿ ਇਹ ਜੋੜਾ ਵਿਦੇਸ਼ ਭੱਜਣ 'ਚ ਕਾਮਯਾਬ ਨਾ ਹੋ ਸਕੇ। ਜੇਕਰ ਪ੍ਰਸ਼ਾਸਨ ਨੇ ਇਸ ਜੋੜੇ ਨੂੰ ਤੁਰੰਤ ਗ੍ਰਿਫਤਾਰ ਨਾ ਕੀਤਾ ਤਾਂ ਸੋਮਵਾਰ ਨੂੰ ਪੰਚਾਇਤ ਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਜਥੇਬੰਦੀਆਂ ਧਰਨਾ ਦੇਣ ਲਈ ਮਜਬੂਰ ਹੋਣਗੀਆਂ।

# ਸਮਾਣਾ ਚੁੰਗੀ 'ਤੇ ਬੰਦ ਪਿਆ ਪਬਲਿਕ ਬਾਥਰੂਮ ਬਣਿਆ ਚਿੱਟਾ ਹਾਥੀ

## ਲੋਕ ਹੋ ਰਹੇ ਨੇ ਪ੍ਰੇਸ਼ਾਨ, ਨਗਰ ਨਿਗਮ ਕੁੰਭਕਰਨੀ ਨੀਂਦ ਸੁੱਤਾ




ਸਮਾਣਾ ਚੁੰਗੀ ਪਟਿਆਲਾ 'ਤੇ ਬੰਦ ਪਏ ਪਬਲਿਕ ਬਾਥਰੂਮ ਦਾ ਦ੍ਰਿਸ਼।

ਪਟਿਆਲਾ (ਰਾਜਿੰਦਰ ਥਿੰਦ)

ਸਮਾਣਾ ਚੁੰਗੀ 'ਤੇ ਸਥਿਤ ਪਬਲਿਕ ਬਾਥਰੂਮ ਚਿੱਟਾ ਹਾਥੀ ਬਣ ਕੇ ਰਹਿ ਗਿਆ ਹੈ।ਇਹ ਬਾਥਰੂਮ ਨਗਰ ਨਿਗਮ ਵੱਲੋਂ ਲੋਕਾਂ ਦੀ ਸੁਵਿਧਾ ਲਈ ਬਣਾਏ ਗਏ ਸਨ ਤੇ ਚੌਕ ਦੀ ਅਹਿਮੀਅਤ ਅਨੁਸਾਰ ਇਥੇ ਬਾਥਰੂਮ ਦੀ ਜ਼ਿਆਦਾ ਲੋੜ ਵੀ ਹੈ, ਕਿਉਂਕਿ ਇਥੇ ਨੇੜੇ ਹੀ ਬੱਸ ਸਟਾਪ ਹੈ, ਜਿੱਥੇ ਬਠਿੰਡਾ-ਸੰਗਰੂਰ ਰੂਟ 'ਤੇ ਜਾਣ ਵਾਲੀਆਂ ਬੱਸਾਂ ਰੁਕ ਕੇ ਸਵਾਰੀਆਂ ਚੁੱਕਦੀਆਂ ਹਨ। ਸਵੇਰ ਤੋਂ ਲੈ ਕੇ ਰਾਤ ਤੱਕ ਹਰ ਸਮੇਂ ਇਥੇ ਦਰਜਨਾਂ ਲੋਕ ਬੱਸਾਂ ਦੀ ਉਡੀਕ ਵਿੱਚ ਖੜ੍ਹੇ ਹੀ ਰਹਿੰਦੇ ਹਨ। ਇਹੀ ਨਹੀਂ ਇਥੇ ਸਾਹਮਣੇ ਹੀ ਰਜਿੰਦਰਾ ਹਸਪਤਾਲ ਨਾਲ ਲਗਦੀਆਂ ਮੈਡੀਸਨ ਦੀਆਂ ਦੁਕਾਨਾਂ ਹਨ, ਜੋਕਿ 24 ਘੰਟੇ ਖੁੱਲ੍ਹੀਆਂ ਰਹਿੰਦੀਆਂ ਹਨ ਅਤੇ ਨਾਲ ਹੀ ਇਕ ਟੈਕਸੀ ਸਟੈਂਡ ਹੈ।ਇਸ ਲਿਹਾਜ਼ ਨਾਲ ਇਥੇ ਆਮ ਲੋਕਾਂ ਦੀ ਸੁਵਿਧਾ ਲਈ ਪਬਲਿਕ ਬਾਥਰੂਮ ਹੋਣਾ ਅਤਿ ਜ਼ਰੂਰੀ ਹੈ, ਪਰ ਬੜੇ ਅਫਸੋਸ ਨਾਲ ਲਿਖਣਾ ਪੈ ਰਿਹਾ ਹੈ ਕਿ ਐਨਾ ਪੈਸਾ ਲਗਾਉਣ ਦੇ ਬਾਵਜੂਦ ਇਹ ਪਬਲਿਕ ਬਾਥਰੂਮ ਕਰੀਬ ਪਿਛਲੇ 6 ਮਹੀਨਿਆਂ ਤੋਂ ਪੱਕਾ ਬੰਦ ਪਿਆ ਹੈ, ਜਿਸ ਕਾਰਨ ਇਥੇ ਬੱਸਾਂ ਦੀ ਉਡੀਕ ਕਰਦੇ ਆਮ ਲੋਕਾਂ ਖਾਸ ਕਰਕੇ ਔਰਤਾਂ ਨੂੰ ਬਹੁਤ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਇਹ ਬੰਦ ਹੋਣ ਕਾਰਨ ਲੋਕ ਸੜਕ 'ਤੇ ਹੀ ਆਸੇ-ਪਾਸੇ ਮਲ-ਮੂਤਰ ਕਰਦੇ ਹਨ, ਜਿਸ ਕਾਰਨ ਗੰਦੀ ਬਦਬੂ ਕਾਰਨ ਖੜ੍ਹਨਾ ਮੁਸ਼ਕਲ ਹੋ ਜਾਂਦਾ ਹੈ।ਇਸ ਸਬੰਧੀ ਸੈਂਟਰਲ ਵਾਲਮੀਕਿ ਸਭਾ ਇੰਡੀਆ ਵੱਲੋਂ ਨਗਰ ਨਿਗਮ ਕਮਿਸ਼ਨਰ ਤੇ ਹਲਕੇ ਦੇ ਐੱਮ ਐੱਲ ਏ ਅਜੀਤਪਾਲ ਕੋਹਲੀ ਤੋਂ ਮੰਗ ਕੀਤੀ ਹੈ ਕਿ ਇਸ ਪਬਲਿਕ ਟਾਇਲਟ ਤੇ ਬਾਥਰੂਮ ਨੂੰ ਜਲਦ ਤੋਂ ਜਲਦ ਖੁੱਲ੍ਹਵਾਇਆ ਜਾਵੇ ਤਾਂ ਜੋ ਲੋਕਾਂ ਨੂੰ ਮੁਸ਼ਕਲ ਤੋਂ ਨਿਜਾਤ ਮਿਲੇ।

ਇਸ ਸਬੰਧ 'ਚ ਸੈਂਟਰਲ ਵਾਲਮੀਕਿ ਸਭਾ ਇੰਡੀਆ ਜ਼ਿਲ੍ਹਾ ਪ੍ਰਧਾਨ ਪਟਿਆਲਾ ਸੰਦੀਪ ਵਾਲਮੀਕਿ ਆਸੇਮਾਜਰਾ ਨੇ ਕਿਹਾ ਕਿ ਵਧੀਆ ਤਰੀਕੇ ਨਾਲ ਬਣਿਆ ਪਬਲਿਕ ਬਾਥਰੂਮ ਕਿਸ ਕੰਮ ਦਾ, ਜੇਕਰ ਇਹ ਬੰਦ ਹੀ ਕਰ ਦਿੱਤਾ ਗਿਆ।ਉਨ੍ਹਾਂ ਨਗਰ ਨਿਗਮ ਨੂੰ ਆੜੇ ਹੱਥੀਂ ਲੈਂਦਿਆਂ ਕਿਹਾ ਕਿ ਵਧੀਆ ਰੰਗ-ਰੋਗਨ ਕਰਨ ਉਪਰੰਤ 'ਸਵੱਛ ਭਾਰਤ', 'ਆਪਣੇ ਸ਼ਹਿਰ ਦੀ ਸਫਾਈ ਰੱਖੋ', 'ਸਫਾਈ ਮੁਹਿੰਮ ਦਾ ਹਿੱਸਾ ਬਣੋ' 'ਗੰਦਗੀ ਭਜਾਓ ਪਟਿਆਲਾ ਸਾਫ ਬਣਾਓ' ਆਦਿ ਸਲੋਗਨ ਵੱਡੇ ਵੱਡੇ ਅੱਖਰਾਂ ਨਾਲ ਲਿਖੇ ਪਏ ਹਨ, ਜੋ ਕਿ ਮੌਜੂਦਾ ਸਰਕਾਰ ਤੇ ਭਾਰਤ ਸਰਕਾਰ ਦੀ ਸਵੱਛਤਾ ਮੁਹਿੰਮ ਨੂੰ ਮੂੰਹ ਚਿੜਾਅ ਰਹੇ ਹਨ।ਸੰਦੀਪ ਆਸੇਮਾਜਰਾ ਨੇ 'ਆਪ' ਦੇ ਵਿਧਾਇਕ ਅਜੀਤਪਾਲ ਕੋਹਲੀ ਨੂੰ ਗੁਹਾਰ ਲਗਾਉਂਦਿਆਂ ਕਿਹਾ ਕਿ ਕੋਹਲੀ ਸਾਹਿਬ, ਪਹਿਲਾਂ ਕੁੰਭਕਰਨੀ ਨੀਂਦ ਸੁੱਤੇ ਪਏ ਨਗਰ ਨਿਗਮ ਨੂੰ ਜਗਾਓ ਤੇ ਫਿਰ ਆਪਣੇ ਹਲਕੇ ਨੂੰ ਸਵੱਛ ਬਣਾਓ।

# ਮ੍ਰਿਤਕ ਰੇਲ ਕਰਮਚਾਰੀ ਦੇ ਪਰਵਾਰ ਨੂੰ ਇਕ ਕਰੋੜ ਦੀ ਬੀਮਾ ਰਕਮ ਦਾ ਚੈੱਕ ਸੌਂਪਿਆ



ਨਵੀਂ ਦਿੱਲੀ, (ਨਵਾਂ ਜ਼ਮਾਨਾ ਸਰਵਿਸ)-ਉੱਤਰ ਰੇਲਵੇ ਵੱਲੋਂ ਆਪਣੇ ਕਰਮਚਾਰੀਆਂ ਲਈ ਵਿਸ਼ੇਸ਼ ਸੁਰੱਖਿਆ ਕਵਰ ਦੇਣ ਲਈ, ਮਹਾਂਪ੍ਰਬੰਧਕ ਅਸ਼ੋਕ ਕੁਮਾਰ ਵਰਮਾ ਦੀ ਅਗਵਾਈ ਹੇਠ ਜਨਵਰੀ 2025 ਵਿੱਚ ਇੱਕ ਵਿਸ਼ੇਸ਼ ਸੈਲਰੀ ਪੈਕੇਜ ਸਕੀਮ ਮਨਜ਼ੂਰ ਕੀਤੀ ਗਈ ਸੀ। ਇਸ ਸਕੀਮ ਤਹਿਤ ਜੇਕਰ ਕਿਸੇ ਕਰਮਚਾਰੀ ਦੀ ਦੁਰਘਟਨਾ ਵਿੱਚ ਅਕਸਮਾਤ ਮੌਤ ਹੋ ਜਾਂਦੀ ਹੈ ਤਾਂ ਉਸਦੇ ਪਰਵਾਰ ਨੂੰ ਆਰਥਿਕ ਸਹਾਇਤਾ ਮੁਹੱਈਆ ਕਰਵਾਈ ਜਾਂਦੀ ਹੈ।ਇਸ ਵਿਸ਼ੇਸ਼ ਰੇਲ ਸੈਲਰੀ ਪੈਕੇਜ ਦੇ ਤਹਿਤ, ਉੱਤਰ ਰੇਲਵੇ ਦੇ ਮਹਾਂਪ੍ਰਬੰਧਕ ਅਸ਼ੋਕ ਕੁਮਾਰ ਵਰਮਾ ਨੇ ਮ੍ਰਿਤਕ ਰੇਲ ਕਰਮਚਾਰੀ ਸੁਸ਼ੀਲ ਲਾਲ ਦੇ ਪਰਵਾਰ ਨੂੰ 1 ਕਰੋੜ ਦਾ ਚੈਕ ਭੇਟ ਕੀਤਾ। ਸੁਸ਼ੀਲ ਲਾਲ ਉੱਤਰ ਰੇਲਵੇ ਦੇ ਮੁਰਾਦਾਬਾਦ ਮੰਡਲ ਵਿੱਚ ਲੋਕੋ ਪਾਇਲਟ ਦੇ ਪਦ 'ਤੇ ਨਿਯੁਕਤ ਸਨ ਅਤੇ ਉਨ੍ਹਾਂ ਦੀ ਮੌਤ 11 ਮਾਰਚ 2025 ਨੂੰ ਹੋਈ ਸੀ। ਉਨ੍ਹਾਂ ਦੀ ਪਤਨੀ ਨੂੰ ਇਹ ਬੀਮਾ ਰਕਮ ਭੁਗਤਾਨ ਕੀਤੀ ਗਈ। ਰੇਲਵੇ ਦੇ ਕਾਰਮਿਕ ਵਿਭਾਗ ਵੱਲੋਂ ਸਮਾਪਤੀ ਭੁਗਤਾਨ ਅਤੇ ਅਨੁਗ੍ਰਹ ਰਕਮ ਦੇ ਇਲਾਵਾ 1 ਕਰੋੜ ਦੀ ਰਕਮ ਹਾਦਸਾ ਬੀਮਾ ਰੂਪ ਵਿੱਚ ਪਰਵਾਰ ਨੂੰ ਦਿੱਤੀ ਗਈ। ਮਹਾਂਪ੍ਰਬੰਧਕ ਅਸ਼ੋਕ ਕੁਮਾਰ ਵਰਮਾ ਨੇ ਰੇਲਵੇ ਦੇ ਕਾਰਮਿਕ ਵਿਭਾਗ ਦੀ ਇਸ ਪ੍ਰਯਾਸ ਦੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਐਸੀਆਂ ਪਹਿਲਾਂ ਰੇਲ ਕਰਮਚਾਰੀਆਂ ਅਤੇ ਉਨ੍ਹਾਂ ਦੇ ਪਰਵਾਰਾਂ ਦੀ ਭਲਾਈ ਵਿੱਚ ਮਹੱਤਵਪੂਰਨ ਯੋਗਦਾਨ ਪਾਉਂਦੀਆਂ ਹਨ। ਜਾਨ ਦੀ ਭਰਪਾਈ ਤਾਂ ਨਹੀਂ ਹੋ ਸਕਦੀ, ਪਰ ਪਰਵਾਰ ਲਈ ਆਰਥਿਕ ਸਹਾਇਤਾ ਇਕ ਵੱਡਾ ਸਹਾਰਾ ਸਾਬਤ ਹੁੰਦੀ ਹੈ। ਇਹ ਉੱਤਰ ਰੇਲਵੇ ਦੀ ਆਪਣੇ ਕਰਮਚਾਰੀਆਂ ਦੀ ਭਲਾਈ ਪ੍ਰਤੀ ਗੰਭੀਰਤਾ ਨੂੰ ਦਰਸਾਉਂਦਾ ਹੈ।ਇਸ ਮੌਕੇ 'ਤੇ ਉੱਤਰ ਰੇਲਵੇ ਦੇ ਕਈ ਸੀਨੀਅਰ ਅਧਿਕਾਰੀ ਹਾਜ਼ਰ ਸਨ, ਜਿਨ੍ਹਾਂ ਨੇ ਦੁਖੀ ਪਰਵਾਰ ਪ੍ਰਤੀ ਆਪਣੀ ਸੰਵੇਦਨਾ ਪ੍ਰਗਟਾਈ। ਡਾ. ਅਸ਼ੋਸੌਲ, ਸੀਨੀਅਰ ਡਿਵੀਜ਼ਨਲ ਪਰਸੋਨਲ ਆਫ਼ੀਸਰ, ਮੁਰਾਦਾਬਾਦ ਮੰਡਲ ਅਤੇ ਹਿਮਾਂਸ਼ੂ ਚੌਹਾਨ, ਐਸ.ਬੀ.ਆਈ. ਮੁਰਾਦਾਬਾਦ ਬ੍ਰਾਂਚ ਮੈਨੇਜਰ ਵੱਲੋਂ ਇਸ ਕਾਰਜ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਗਈ।ਉੱਤਰ ਰੇਲਵੇ ਦਾ ਕਾਰਮਿਕ ਵਿਭਾਗ ਹਮੇਸ਼ਾ ਆਪਣੇ ਰੇਲ ਪਰਵਾਰ ਦੀ ਭਲਾਈ ਲਈ ਤਤਪਰ ਰਹਿੰਦਾ ਹੈ, ਜਿਸ ਨਾਲ ਕਰਮਚਾਰੀਆਂ ਦਾ ਮਨੋਬਲ ਸਦਾ ਉੱਚਾ ਬਣਿਆ ਰਹਿੰਦਾ ਹੈ।

## ਸੀ ਐਮ ਦੀ ਯੋਗਸ਼ਾਲਾ ਅਧੀਨ ਅੱਜ ਅੰਤਰਰਾਸ਼ਟਰੀ ਯੋਗ ਦਿਵਸ ਜ਼ਿਲ੍ਹੇ 'ਚ ਵੱਖ-ਵੱਖ ਥਾਵਾਂ 'ਤੇ ਮਨਾਇਆ ਜਾਵੇਗਾ

ਐਸ. ਏ. ਐਸ. ਨਗਰ (ਗੁਰਜੀਤ ਬਿੱਲਾ)-ਪੰਜਾਬ ਸਰਕਾਰ ਦੀ ਮਹੱਤਵਪੂਰਨ ਸਿਹਤ ਸੰਭਾਲ ਯੋਜਨਾ ਸੀ ਐਮ ਦੀ ਯੋਗਸ਼ਾਲਾ ਦੇ ਤਹਿਤ 21 ਜੂਨ ਨੂੰ ਜ਼ਿਲ੍ਹੇ ਵਿੱਚ ਅੰਤਰਰਾਸ਼ਟਰੀ ਯੋਗ ਦਿਵਸ ਬਹੁਤ ਉਤਸ਼ਾਹ ਅਤੇ ਸ਼ਾਨੋ-ਸ਼ੌਕਤ ਨਾਲ ਮਨਾਇਆ ਜਾਵੇਗਾ। ਜ਼ਿਲ੍ਹਾ ਪੱਧਰੀ ਸਮਾਗਮ ਖੇਡ ਕੰਪਲੈਕਸ, ਸੈਕਟਰ 78, ਮੋਹਾਲੀ ਵਿਖੇ ਸਵੇਰੇ 6 ਵਜੇ ਹੋਵੇਗਾ।ਵਧੀਕ ਡਿਪਟੀ ਕਮਿਸ਼ਨਰ ਗੀਤਿਕਾ ਸਿੰਘ ਨੇ ਇਸ ਸੰਬੰਧੀ ਮੀਟਿੰਗ ਕਰਨ ਉਪਰੰਤ ਦੱਸਿਆ ਕਿ ਇਸ ਸਮਾਗਮ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਅਤੇ ਆਯੁਰਵੇਦ ਡਾਇਰੈਕਟੋਰੇਟ ਦੀ ਸਰਗਰਮ ਭਾਗੀਦਾਰੀ ਯਕੀਨੀ ਬਣਾਈ ਗਈ ਹੈ।ਇਸ ਜ਼ਿਲ੍ਹਾ ਅਤੇ ਬਲਾਕ ਪੱਧਰ 'ਤੇ ਸਮੂਹਿਕ ਯੋਗ ਅਭਿਆਸ ਪ੍ਰੋਗਰਾਮ, ਯੋਗ ਪ੍ਰਦਰਸ਼ਨ, ਸਿਹਤ ਜਾਗਰੂਕਤਾ ਗਤੀਵਿਧੀਆਂ ਦਾ ਆਯੋਜਨ ਕੀਤਾ ਜਾਵੇਗਾ। ਇਸ ਸਮਾਗਮ ਵਿੱਚ ਆਮ ਲੋਕਾਂ, ਵਿਦਿਆਰਥੀਆਂ, ਯੋਗਾ ਇੰਸਟ੍ਰਕਟਰਾਂ, ਸਿਹਤ ਕਰਮਚਾਰੀਆਂ ਅਤੇ ਸਮਾਜਿਕ ਸੰਗਠਨਾਂ ਦੀ ਵੱਡੀ ਭਾਗੀਦਾਰੀ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ।ਜ਼ਿਲ੍ਹਾ ਯੋਗਾ ਕੋਆਰਡੀਨੇਟਰ ਪ੍ਰਤਿਮਾ ਡਾਵਰ ਨੇ ਦੱਸਿਆ ਕਿ ਇਹ ਮੈਗਾ ਮੁਹਿੰਮ 19 ਜੂਨ ਨੂੰ ਜਲੰਧਰ ਵਿੱਚ ਆਯੋਜਿਤ ਪੰਜਾਬ ਯੋਗ ਸਮਾਗਮ 2025 ਨਾਲ ਸ਼ੁਰੂ ਹੋਈ, ਜਿਸ ਵਿੱਚ 21,000 ਤੋਂ ਵੱਧ ਲੋਕਾਂ ਨੇ ਸਮੂਹਿਕ ਤੌਰ 'ਤੇ ਯੋਗਾ ਅਭਿਆਸ ਕਰਕੇ ਇੱਕ ਨਵਾਂ ਰਿਕਾਰਡ ਕਾਇਮ ਕੀਤਾ।ਉਨ੍ਹਾਂ ਦੱਸਿਆ ਕਿ ਸੀ ਐਮ ਦੀ ਯੋਗਸ਼ਾਲਾ ਯੋਜਨਾ ਦੇ ਤਹਿਤ ਸੈਂਕੜੇ ਸਿਖਲਾਈ ਪ੍ਰਾਪਤ ਯੋਗਾ ਅਧਿਆਪਕ ਪਹਿਲਾਂ ਹੀ ਰਾਜ ਭਰ ਦੇ ਮੁਹੱਲਿਆਂ, ਪਾਰਕਾਂ, ਸਕੂਲਾਂ ਅਤੇ ਭਾਈਚਾਰਕ ਥਾਵਾਂ 'ਤੇ ਮੁਫ਼ਤ ਯੋਗਾ ਕਲਾਸਾਂ ਚਲਾ ਰਹੇ ਹਨ। ਸਰਕਾਰ ਦਾ ਉਦੇਸ਼ ਹੈ -ਹਰ ਘਰ ਵਿੱਚ ਯੋਗ, ਹਰ ਮਨ ਵਿੱਚ ਸਿਹਤ, ਅਤੇ ਇਸ ਸੋਚ ਨੂੰ ਅੱਗੇ ਵਧਾਉਂਦੇ ਹੋਏ ਅੰਤਰਰਾਸ਼ਟਰੀ ਯੋਗ ਦਿਵਸ ਨੂੰ ਜਨਤਾ ਲਈ ਇੱਕ ਜਸ਼ਨ ਬਣਾਇਆ ਜਾ ਰਿਹਾ ਹੈ। ਸੂਬਾ ਸਰਕਾਰ ਨੇ ਵੀ ਸਾਰੇ ਨਾਗਰਿਕਾਂ ਨੂੰ 21 ਜੂਨ ਨੂੰ ਇਸ ਇਤਿਹਾਸਕ ਯੋਗਾ ਉਤਸਵ ਵਿੱਚ ਹਿੱਸਾ ਲੈਣ ਅਤੇ ਇੱਕ ਸਿਹਤਮੰਦ, ਮਜ਼ਬੂਤ ਅਤੇ ਜਾਗਰੂਕ ਪੰਜਾਬ ਦੇ ਨਿਰਮਾਣ ਵਿੱਚ ਸਰਗਰਮੀ ਨਾਲ ਯੋਗਦਾਨ ਪਾਉਣ ਦੀ ਅਪੀਲ ਕੀਤੀ ਹੈ।ਇਸ ਤੋਂ ਇਲਾਵਾ ਜ਼ਿਲ੍ਹੇ ਵਿੱਚ ਅੰਤਰਰਾਸ਼ਟਰੀ ਏਅਰਪੋਰਟ ਦੇ ਨਜ਼ਦੀਕ ਸ਼ਹੀਦ ਭਗਤ ਸਿੰਘ ਦੇ ਬੁੱਤ ਸਾਹਮਣੇ, ਸ੍ਰੀ ਰਾਮ ਭਵਨ ਦੁਸਹਿਰਾ ਗਰਾਊਂਡ ਖਰੜ, ਦਫਤਰ ਨਗਰ ਕੌਂਸਲ, ਕੁਰਾਲੀ, ਦਫਤਰ ਨਗਰ ਕੌਂਸਲ ਨਿਆਂਗਾਉਂ, ਬੀ.ਡੀ.ਪੀ.ਓ ਦਫਤਰ, ਮਾਜਰੀ, ਦਫਤਰ ਨਗਰ ਪੰਚਾਇਤ ਘੜੂੰਆਂ ਅਤੇ ਅਸ਼ੋਕ ਵਾਟਿਕਾ ਸਨਾਤਨ ਧਰਮ ਸਭਾ ਗੁਲਾਬਗੜ੍ਹ, ਡੇਰਾਬਸੀ ਵਿਖੇ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ ਜਾਵੇਗਾ।


## ਬੱਚਿਆਂ ਨੂੰ ਧਰਮ ਤੇ ਵਿਰਸੇ ਨਾਲ ਜੋੜਨਾ ਸਮੇਂ ਦੀ ਮੁੱਖ ਲੋੜ : ਚੌਹਾਨ

ਅੱਡਾ ਸਰਾਂ, (ਕਾਜਲ)- ਪੱਛਮੀ ਸੱਭਿਅਤਾ ਦੇ ਵੱਧ ਰਹੇ ਪ੍ਰਭਾਵ ਤੋਂ ਬਚਾਉਣ ਲਈ ਬੱਚਿਆਂ ਨੂੰ ਧਰਮ ਅਤੇ ਵਿਰਸੇ ਨਾਲ ਜੋੜਨਾ ਸਮੇਂ ਦੀ ਮੁੱਖ ਲੋੜ ਹੈ । ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਛਾਉਣੀ ਸ ਭ ਾ ਹੁਸ਼ਿਆਰਪੁਰ ਦੇ ਪ੍ਰਧਾਨ ਛਾਉਣੀ ਸੁਖਵੀਰ ਸਿੰਘ ਚੌਹਾਨ ਨੇ ਮੀਟਿੰਗ ਉਪਰੰਤ ਕੀਤਾ । ਇਸ ਮੌਕੇ ਉਨ੍ਹਾਂ ਕਿਹਾ ਕਿ ਇਲਾਕੇ ਦੇ ਵੱਖ ਵੱਖ ਨਗਰਾਂ ਦੇ ਗੁਰਦੁਆਰਾ ਸਾਹਿਬ ਵਿਚ ਜੋ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਸਿੱਖਿਆ ਲਈ ਗੁਰਮਤਿ ਸਿਖਲਾਈ ਕੈਂਪ ਲਾਏ ਜਾ ਰਹੇ ਹਨ, ਇਹ ਇਕ ਸ਼ਲਾਘਾਯੋਗ ਉਪਰਾਲਾ ਹੈ ।ਇਸ ਦੇ ਨਾਲ ਬੱਚੇ ਆਪਣੇ ਸ਼ਾਨਾਮੱਤੇ ਇਤਿਹਾਸ ਅਤੇ ਧਰਮ ਦੇ ਨਾਲ ਜੁੜਨਗੇ । ਇਸ ਦੇ ਨਾਲ ਹੀ ਉਹ ਇਸ ਸੋਸ਼ਲ ਮੀਡੀਆ 'ਤੇ ਪਰੋਸੀ ਜਾ ਰਹੀ ਗੰਦਗੀ ਤੋਂ ਬਚ ਸਕਣਗੇ । ਉਨ੍ਹਾਂ ਕਿਹਾ ਕਿ ਟਾਂਡਾ ਦੇ ਨਾਲ ਲੱਗਦੇ ਪਿੰਡ ਮਾਡਲ ਟਾਊਨ ਫੌਜੀ ਕਲੋਨੀ ਅਤੇ ਗੁਰਦੁਆਰਾ ਸਿੰਘ ਸਭਾ ਉੜਮੁੜ ਵਿਚ ਜੋ ਬੱਚਿਆਂ ਦੇ ਕੈਂਪ ਲਾਏ ਗਏ ਇਹ ਇਕ ਬਹੁਤ ਵਧੀਆ ਉਪਰਾਲਾ ਹੈ ।ਜਥੇਦਾਰ ਚੌਹਾਨ ਨੇ ਵਿਸ਼ਵਾਸ ਦੁਆਇਆ ਕਿ ਜਿਹੜੇ ਵੀ ਨਗਰ 'ਚ ਇਸ ਤਰ੍ਹਾਂ ਦੇ ਉਪਰਾਲੇ ਹੋਣਗੇ, ਸ੍ਰੀ ਗੁਰੂ ਹਰਗੋਬਿੰਦ ਛਾਉਣੀ ਸਭਾ ਨਾਲ ਸੰਬੰਧਤ ਛਾਉਣੀ ਜਥੇ ਉਨ੍ਹਾਂ ਨਗਰਾਂ ਦਾ ਪੂਰਾ ਹਰ ਸੰਭਵ ਸਹਿਯੋਗ ਕਰਨਗੇ । ਉਨ੍ਹਾਂ ਵੱਖ ਵੱਖ ਧਾਰਮਕ ਸੰਸਥਾਵਾਂ ਨੂੰ ਅਜਿਹੇ ਉਪਰਾਲੇ ਕਰਨ ਦੀ ਪ੍ਰੇਰਨਾ ਦਿੱਤੀ ।



## ਸ਼ੋਕ ਸਮਾਚਾਰ

ਜਲੰਧਰ (ਨਜ਼ਰ)-ਸਥਾਨਕ ਦਿਲਬਾਗ ਨਗਰ ਨਿਵਾਸੀ ਅਕਸ਼ੇ ਮਹਿਤਾ ਦੀ ਦਾਦੀ (ਸਵ. ਸਤਯ ਮਹਿਤਾ), ਜਿਨ੍ਹਾਂ ਦਾ ਬੀਤੇ ਦਿਨੀਂ ਦਿਹਾਂਤ ਹੋ ਗਿਆ ਤੇ ਉਹ ਪ੍ਰਭੂ ਚਰਨਾਂ 'ਚ ਲੀਨ ਹੋ ਗਈ। ਉਨ੍ਹਾਂ ਦੀ ਆਤਮਿਕ ਸ਼ਾਂਤੀ ਦੇ ਲਈ ਰਸਮ ਪਗੜੀ ਸ਼ਨੀਵਾਰ (21 ਜੂਨ) ਦੁਪਹਿਰ 2 ਤੋਂ 3 ਵਜੇ ਜੈਨ ਭਵਨ, ਕਪੂਰਥਲਾ ਚੌਕ, ਜਲੰਧਰ 'ਚ ਹੋਵੇਗੀ।



### ਜਨਤਕ ਨੋਟਿਸ

ਮੈਂ ਰਾਕੇਸ਼ (ਆਧਾਰ ਕਾਰਡ ਨੰਬਰ 6399 5662 7450) ਪੁੱਤਰ ਸ੍ਰੀ ਸ਼ਾਮ ਰਾਜ ਵਾਸੀ ਮਕਾਨ ਨੰਬਰ 5651, ਗਲੀ ਨੰਬਰ 05, ਗੋਬਿੰਦ ਨਗਰ, ਭਾਮਾ ਰੋਡ, ਲੁਧਿਆਣਾ, ਪੰਜਾਬ-141003 ...

### Public Notice

It is hereby notified that important property documents were lost on June 17, 2025, by Sh Navjot Singh S/o Sh Karamjit Singh, resident of 741/6, Onkar nagar, Gurdaspur Punjab Pin no 143521. The details of the lost documents are as follows:vasika No. 1425, dated 10-07-2007 – Sh Surinder Kumar S/o sh Kundan lal (Area: 3 Marla)Additionally, please be informed that we intend to mortgage the aforementioned properties. If anyone has objections or has found these documents, they are requested to contact the Branch Manager, Punjab & Sind Bank, Police Line, Gurdaspur with in 15 days..Phone: 77470-44926 (Sh. Gyan Singh Meena)

### ਪਬਲਿਕ ਨੋਟਿਸ

... ਹਸਤੀ:- ਕਾਰਜ ਸਾਧਕ ਅਫਸਰ, ਨਗਰ ਪੰਚਾਇਤ, ਲੋਹੀਆਂ ਖਾਸ

ਨੰ. 567/6.6.25

### Gurdasidevi Institute of Management & Technology(GIMT)

Near Over Bridge & Shivshakti Bhawan, Budhlada(Mansa)Pb., E-mail: datagimt@gmail.com

Applications are invited for the Post of Professor, Associate Professor and Assistant Professor in the following department B.A. (JAMC), B.Voc. (Beauty Therapy & Aesthetics), B.Voc. (Child Caregiver)

Qualification and Pay scale as per UGC Norms.

Note: Application should be reach us within 18 days by email.

### Shri Guru Ravidass Temple (Foleshill)

475 Foleshill Road, Foleshill, Coventry, CV6 5AQ

email sgr.475coventry@hotmail.com

Job Title : Religious Worker

Location : Shri Guru Ravidas Ji Temple Foleshill, 475 Foleshill Road, Foleshill, Coventry CV6 5AQ.

The applicant is required to:-

Have knowledge of the mission, teachings and the philosophy of Shri Guru Ravidass Ji.

Be fluent in speaking, reading and writing Punjabi. Have knowledge and be able to read the Gurbani in the Guru Granth Sahib Ji.

Change the bedding on which the Guru Granth Sahib Ji is kept as and when required.

Maintain a clean and tidy Darbar Sahib (main prayer hall) and Sachkhand Sahib (residence for holy scriptures).

Be able to play traditional musical instruments and take part in Kirtan (singing of hymns). Assist in the performance of Anand Karaj (Marriage Ceremony) and funeral service.

The applicant may be required to perform other tasks that can reasonably be expected of a religious worker.

Minimum of 10 hours per week Salary £12.21 per hour.

Accommodation is available.

Contact : 07867972254 Joshi Ram (UK)

Note : The religious worker will report to the Minister of Religion for the Temple who leads the Religious Sub-Committee.

### ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ... ਕਲਾਨੌਰ ਜ਼ਿਲ੍ਹਾ ਗੁਰਦਾਸਪੁਰ।

No-264 Dated 19-06-2025

1) Milkha Singh S/o Sundar Singh, 2) Pargat Singh S/o Milkha Singh, all R/o Village Sahari, Tehsil Kalanaur, Distt. Gurdaspur. .......Applicants

Vs

1) Kuljit Kaur D/o Mohinder Singh 2) Mohinder Kaur Wd/o Khushal Singh 3) Budh Singh S/o Khushal Singh 4) Darshan Singh 5) Bachan Singh S/o Hajara Singh 6) Surjit Kaur Wd/o Wassan Singh 7) Baldev Singh 8) Dalbir Singh S/o Wassan Singh 9) Makhan Singh S/o Mitt Singh 10) Kashmir Singh 11) Raghbir Singh S/o Shingara Singh 12) Viro 13) Pyari 14) Bawi D/o Banta Singh 15) Tej Kaur Widow Lal Singh 16) Jagir Singh 17) Dalbir Singh 18) Sham Singh S/o Lal Singh 19) Bawi D/o Banta Singh 20) Chinti wd/o Banta Singh 21) Wirsa Singh S/o Karnail Singh 22) Hajara Singh S/o Keshar Singh 23) Makhan Singh S/o Mitt Singh 24) All R/o Village Sahari, Tehsil Kalanaur, Distt. Gurdaspur. ......Respondents

### ਉੱਤਰ ਰੇਲਵੇ

ਈ-ਨੀਲਾਮੀ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੀ ਤਰਫ਼ ਤੋਂ ਸੀਨੀਅਰ ਮੰਡਲ ਵਣਜ ਪ੍ਰਬੰਧਕ/ਮਾਲਭਾੜਾ, ਉੱਤਰ ਰੇਲਵੇ, ਫਿਰੋਜ਼ਪੁਰ ਦੁਆਰਾ ਹੇਠਾਂ ਦਿੱਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾ ਤੋਂ ਫਿਰੋਜ਼ਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਜਾਂਦੀ ਹੈ :

| ਨੀਲਾਮੀ ਸੂਚੀ ਨੰ: | ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ | ਕੰਮ ਦਾ ਨਾਮ |
|---|---|---|
| EAFZR-SLR25-79 | 03.07.2025 ਨੂੰ 11.00 ਵਜੇ | ਗੱਡੀਆਂ ਵਿਚ ਪਾਰਸਲ ਸਪੇਸ ਨੂੰ ਲੀਜ਼ ਉੱਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐਲਆਰ ਕੰਪਾਰਟਮੈਂਟ):14633/R1, 15212/F1, 19612/F1, 14680/F1, 14682/F1, 13006/F1, 14720/F1, 15015/F1, 20424/F1 & 14542/F1 |
| EAFZR-SLR25-80 | 04.07.2025 ਨੂੰ 11.00 ਵਜੇ | ਗੱਡੀਆਂ ਵਿਚ ਪਾਰਸਲ ਸਪੇਸ ਨੂੰ ਲੀਜ਼ ਉੱਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐਲਆਰ ਕੰਪਾਰਟਮੈਂਟ):14730/F1, 14730/F2, 14028/R1, 14730/R1, 11906/R1, 14630/F1, 14633/F2, 11906/F1, 14633/F1 & 14630/R1 |
| EAFZR-SLR25-81 | 07.07.2025 ਨੂੰ 11.00 ਵਜੇ | ਗੱਡੀਆਂ ਵਿਚ ਪਾਰਸਲ ਸਪੇਸ ਨੂੰ ਲੀਜ਼ ਉੱਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐਲਆਰ ਕੰਪਾਰਟਮੈਂਟ):22424/F1, 12014/F1, 14604/F1, 19614/F1, 14618/F1, 12030/F1, 14616/F1, 14505/F1, 14028/F1 & 14028/F2 |
| EAFZR-SLR25-82 | 09.07.2025 ਨੂੰ 11.00 ਵਜੇ | ਗੱਡੀਆਂ ਵਿਚ ਪਾਰਸਲ ਸਪੇਸ ਨੂੰ ਲੀਜ਼ ਉੱਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐਲਆਰ ਕੰਪਾਰਟਮੈਂਟ):14601/R1, 14601/F2, 14614/R1, 12032/F1, 14601/F1, 15532/F1, 14614/F1, 14632/F1, 14632/R1 & 12412/F1 |
| EAFZR-SLR25-83 | 11.07.2025 ਨੂੰ 11.00 ਵਜੇ | ਗੱਡੀਆਂ ਵਿਚ ਪਾਰਸਲ ਸਪੇਸ ਨੂੰ ਲੀਜ਼ ਉੱਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐਲਆਰ ਕੰਪਾਰਟਮੈਂਟ):12422/F1, 22446/F1, 14508/R1, 22552/F1, 14654/F1, 14508/F2, 22446/R1, 14508/F1 & 22126/F1 |

ਪੂਰੀ ਜਾਣਕਾਰੀ ਅਤੇ ਰਜਿਸਟਰੇਸ਼ਨ ਦੇ ਲਈ ਕ੍ਰਿਪਾ ਰੇਲਵੇ ਦੀ ਵੈੱਬਸਾਈਟ www.ireps.gov.in ਉੱਤੇ ਜਾਉ । 1848/2025

ਗਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਕਲਾਸੀਫਾਈਡ ਇਸ਼ਤਿਹਾਰ

## Change of Name

I, Radha Krishan Wahi S/O Mohinder Kumar Wahi R/O 11-B, Hukum Singh Road, Amritsar, Punjab have changed my name from Radha Krishan Wahi to Radhey Krishan Wahi. Concerned note.

I Nisha Rani W/O Ganesh Kumar R/O 262 Ward No 4 Aslamabad Hoshiarpur Distt Hoshiarpur Punjab Have Changed My Name To Rani Nisha. All Please Note.

I, Sat Narayan S/o Balkar Singh H. No. 278 Three Star Paradise Colony New Hardyal Nagar, Jalandhar have changed my name from Sat Narayan to Sat Narain.

I, Lilly Devi W/O Stephen Subhrai R/o VPO. Sansarpur, Distt. Jalandhar have changed my name from Lilly Devi to Lilly Subrai W/o Stephen Subrai. Please note. (12153)

I, Gurmeet Kaur Wife Of Harbhajan Singh Residing At Village Arjunpur Gunzian, Po. Pul Tibri, District Gurdaspur, Punjab-143530, Do Hereby declare That I have changed my name from GURMEET KAUR TO LAKHWINDER KAUR. All nears and dears may note.

I Harbakhsh Kaur W/O Sanjeev Kumar R/O Vpo Muggowal Teh Garhshankar Distt Hoshiarpur Punjab Have Changed My Minor Puneet Ganger Name To Puneet Gangar. All Please Note.

I, Inderjit Son of Om Parkash R/o Saiflabad, Distt, Kapurthala, Punjab, That I have changed my name from Inderjit to Inderjit Singh, All Concerned Please Note.

I Nachhatter Kaur W/o Jagdish Chander R/o VPO Lehal Tehsil Phillaur Distt. Jalandhar Have Changed My Name Nachhatter Kaur to Nachhatar Kaur. All please note.

I, Narinder Singh S/o Nirmal Singh R/O Village Bhundian, PO. Behram Sarishta, Distt. Jalandhar - 144201, Punjab have changed my name from Narinder Singh to Narinder as Given name and Singh as Surname. All note.

I, Juginder Kaur W/o Pawan Kumar R/o V.P.O. Mansurpur, Tehsil Phillaur, Jalandhar, 144418, Punjab changed the name of my minor daughter Amant Kumar aged 13 years to Amant as given name and Kumar as surname.

I Gurwinder Singh s/o Shiv Nath R/o VPO Kaila, Teh. Dharamkot, Distt. Moga- 142042, Punjab, have changed my name from Gurwinder Singh to Singh Gurwinder in which given name Gurwinder and surname as Singh. All concerned please note.

I Ankitdeep Singh s/o Kuldeep Singh R/o VPO Kaila, Teh. Dharamkot, Distt. Moga- 142042, Punjab, have changed my name from Ankitdeep Singh to Singh Ankitdeep in which given name Ankitdeep and surname as Singh. All concerned please note.

I Ramanjeet Kaur W/o Raj Kumar R/o VPO Kaila, Teh. Dharamkot, Distt. Moga- 142042, Punjab, have changed my name from Ramanjeet Kaur to Kaur Ramanjeet in which given name Ramanjeet and surname as Kaur. All concerned please note.

I Ramanjeet Kaur W/o Raj Kumar R/o VPO Kaila, Teh. Dharamkot, Distt. Moga- 142042, Punjab, have changed name of my minor daughter from Sehajpreet Kaur to Kaur Sehajpreet in which her given name Sehajpreet and her surname as Kaur. All concerned please note.

I, Daljit Dogra W/o Vijay Singh Dogra R/o 119/3, Shaheed Baba Deep Singh Nagar, Pathankot Bye Pass GT Road, Jalandhar have changed my name to Daljeet Dogra. All concerned please note.

I, Vijay Dogra S/o Kartar Singh R/o 119/3, Shaheed Baba Deep Singh Nagar, Pathankot Bye Pass GT Road, Jalandhar have changed my name to Vijay Singh Dogra. All concerned please note.

I, Nisha Nayyar D/o Kewal Krishan Kapoor W/o Rajiv Nayyar R/o 80, Lawrence Road , Amritsar have changed my name from Nisha Nayyar to Nisha Kapoor.

I, Punjab Singh S/o Sukhwinder Singh R/o Village Mal Chak PO Kang Tehsil Khadur Sahib District Tarn Taran have declare that Punjab is my Given name and Singh is my Surname.

I, Harjinder Singh Sidhu S/o Tarlok Singh R/o Vill Sidhwan, PO Preet Nagar, Teh Ajnala, Amritsar have changed my name from Harjinder Singh Sidhu to Harjinder Singh.

I, Romesh Chand Duggal s/o Amar Nath Duggal r/o B- VIII/204, Hoshiarpur Road Laxmipura, Jalandhar have correction in my name to Romesh Chander Duggal. All Please Note.

I, Mohan Singh S/o Sadhu Singh R/o VPO.Gakhal. Distt. Jalandhar-144002, Punjab have changed my name from Mohan Singh to Mohan Singh Gakhal. All Please Note.

I, Paramjit Kaur W/o Mohan Singh Gakhal S/o Sadhu Singh R/o VPO.Gakhal. Distt. Jalandhar-144002, Punjab have changed my name from Paramjit Kaur to Paramjit Kaur Gakhal. All Please Note.

I, Kulwinder Singh Chumber S/o Gurmeet Singh R/o H. No. 373-A, Mithapur, Jalandhar have changed my name from Kulwinder Singh Chumber to Kulwinder Singh. All Please Note.

I, Gurdev S/o Subhash Chander R/o H.No. 22, Phagwari Mohalla, Garha, Jalandhar have changed my name from Gurdev to Gurdev Kumar. All Please Note.

I, Gaurav S/o Subhash Chander R/o H.No. 22, Phagwari Mohalla, Garha, Jalandhar have changed my name from Gaurav to Gaurav Kumar. All Please Note.

I, Jasmeen W/o Jit Singh R/o H.No. 20, Gate No. 03, PNB Bank Park Avenue Ext., Jalandhar, Punjab have changed my name from Jasmeen to Jasmeen Kaur. All Please Note.

I, Surbhi Arora W/o Gursharan Singh R/o Village Baba Sawan Singh Nagar, Po. Beas, Near Gurdwara Daulo Nangal, Tehsil Baba Bakala Sahib, Distt.Amritsar have changed my name from Surbhi Arora to Surbhi Kaur (After Marriage). All Please Note.

## ਨਾਂਅ ਦੀ ਬਦਲੀ

ਮੈਂ, ਗੁਰਸੇਵਕ ਸਿੰਘ ਝਾਮਣੀਆਂ ਪੁੱਤਰ ਰਣਧੀਰ ਸਿੰਘ, ਪਿੰਡ ਕੰਗਰਵਾਲ (ਸੰਗਰੂਰ) ਨੇ ਆਪਣਾ ਨਾਮ ਬਦਲ ਕੇ ਗੁਰਸੇਵਕ ਸਿੰਘ ਰੱਖ ਲਿਆ ਹੈ।

...

## ਆਮ ਸੂਚਨਾ

...

## ਬੇਦਖਲੀ ਨੋਟਿਸ

...

## PUBLIC NOTICE

I, Harmandeep Singh S/o Das Prabh Simrat Singh R/o V.P.O. Gurdas Nangal, Tehsil/Distt. Gurdaspur, Punjab, India declare that my given name as Harmandeep and my Surname as Singh.

### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਗਮਾਡਾ, ਨਗਰ ਨਿਗਮ ਤੇ ਸ਼ਹਿਰੀ ਸਥਾਨਕ ਸੰਸਥਾਵਾਂ ਨਾਲ ਜ਼ਿਲ੍ਹੇ ਦੀ ਸੋਹਣੀ ਦਿੱਖ ਬਣਾਉਣ ਲਈ ਮੀਟਿੰਗ



ਐਸ ਏ ਐਸ ਨਗਰ, (ਗੁਰਜੀਤ ਬਿੱਲਾ)- ਸਾਹਿਬਜ਼ਾਦਾ ਅਜੀਤ ਸਿੰਘ ਨਗਰ ਜ਼ਿਲ੍ਹੇ ਦੀ ਦਿੱਖ ਨੂੰ ਸੁੰਦਰ ਬਣਾਉਣ ਅਤੇ ਸਫ਼ਾਈ ਨੂੰ ਯਕੀਨੀ ਬਣਾਉਣ ਲਈ, ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਗਮਾਡਾ, ਨਗਰ ਨਿਗਮ ਮੋਹਾਲੀ ਅਤੇ ਵੱਖ-ਵੱਖ ਸ਼ਹਿਰੀ ਸਥਾਨਕ ਸੰਸਥਾਵਾਂ ਦੇ ਅਧਿਕਾਰੀਆਂ ਨਾਲ ਇੱਕ ਉੱਚ ਪੱਧਰੀ ਮੀਟਿੰਗ ਕੀਤੀ।ਮੀਟਿੰਗ ਦੌਰਾਨ, ਡਿਪਟੀ ਕਮਿਸ਼ਨਰ ਨੇ ਸੜਕ ਕਿਨਾਰੇ ਕੂੜਾ ਸੁੱਟਣ ਅਤੇ ਉਸਾਰੀ ਮਲਬਾ ਅੰਨ੍ਹੇਵਾਹ ਡੰਪਿੰਗ ਕਰਨ ਦੇ ਵਧ ਰਹੇ ਰੁਝਾਨ 'ਤੇ ਚਿੰਤਾ ਪ੍ਰਗਟ ਕੀਤੀ। ਉਨ੍ਹਾਂ ਨੇ ਉਸਾਰੀ ਮਲਬਾ ਸਮੱਗਰੀ ਦੇ ਨਿਪਟਾਰੇ ਲਈ ਨਿਰਧਾਰਤ ਥਾਵਾਂ ਦੀ ਤੁਰੰਤ ਨਿਸ਼ਾਨਦੇਹੀ 'ਤੇ ਜ਼ੋਰ ਦਿੱਤਾ ਅਤੇ ਗਮਾਡਾ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਅਜਿਹੇ ਮਲਬੇ ਨੂੰ ਇੱਟਾਂ ਅਤੇ ਬਲਾਕਾਂ ਵਰਗੀਆਂ ਵਰਤੋਂ ਯੋਗ ਉਸਾਰੀ ਵਸਤੂਆਂ ਵਿੱਚ ਬਦਲਣ ਲਈ ਇੱਕ ਵੱਡੇ ਪੱਧਰ 'ਤੇ ਰੀਸਾਈਕਲਿੰਗ ਪਲਾਂਟ ਲਈ ਪ੍ਰਸਤਾਵ ਤਿਆਰ ਕਰਨ।ਸੜਕਾਂ ਨੂੰ ਸਾਫ਼-ਸੁਥਰਾ ਅਤੇ ਸੁੰਦਰ ਬਣਾਉਣ ਦੀ ਜ਼ਰੂਰਤ 'ਤੇ ਜ਼ੋਰ ਦਿੰਦੇ ਹੋਏ, ਡਿਪਟੀ ਕਮਿਸ਼ਨਰ ਨੇ ਗਮਾਡਾ ਅਤੇ ਨਗਰ ਨਿਗਮ ਮੋਹਾਲੀ ਨੂੰ ਕੂੜਾ ਸੁੱਟਣ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ। ਇਸ ਦੇ ਨਾਲ ਹੀ ਉਨ੍ਹਾਂ ਨੂੰ ਸਾਫ਼-ਸਫ਼ਾਈ ਵਿੱਚ ਮਲਬਾ ਅਤੇ ਕੂੜਾ ਦਿਖਾਈ ਦੇਣ ਵਾਲੀਆਂ ਸਮੱਸਿਆਵਾਂ ਵਾਰ-ਵਾਰ ਸਾਹਮਣੇ ਆਈਆਂ ਹਨ ਅਤੇ ਤੁਰੰਤ ਸੁਧਾਰਾਤਮਕ ਕਦਮ ਚੁੱਕਣ ਲਈ ਕਿਹਾ। ਸ਼ਹਿਰੀ ਸਥਾਨਕ ਸੰਸਥਾਵਾਂ ਨੂੰ ਵੀ ਸੜਕਾਂ ਕਿਨਾਰੇ ਕੂੜਾ ਅਤੇ ਮਲਬੇ ਦੀ ਡੰਪਿੰਗ ਨੂੰ ਰੋਕਣ ਲਈ ਨਿਯਮਤ ਨਿਗਰਾਨ ਨੂੰ ਯਕੀਨੀ ਬਣਾਉਣ ਲਈ ਕਿਹਾ ਗਿਆ।...

## ਪੰਜਾਬ ਰਾਜ ਬਾਲ ਅਧਿਕਾਰ ਕਮਿਸ਼ਨ ਵੱਲੋਂ ਸੋਸ਼ਲ ਮੀਡੀਆ 'ਤੇ ਲੱਚਰਤਾ ਫੈਲਾਉਣ ਵਾਲਿਆਂ ਖ਼ਿਲਾਫ਼ ਏ ਡੀ ਜੀ ਪੀ ਨੂੰ ਆਦੇਸ਼

ਚੰਡੀਗੜ੍ਹ (ਗੁਰਜੀਤ ਬਿੱਲਾ)-ਪੰਜਾਬ ਰਾਜ ਬਾਲ ਅਧਿਕਾਰ ਕਮਿਸ਼ਨ ਵੱਲੋਂ ਇੱਕ ਪੱਤਰ ਜਾਰੀ ਕਰਦਿਆਂ ਪੰਜਾਬ ਰਾਜ ਦੇ ਐਡੀਸ਼ਨਲ ਡਾਇਰੈਕਟਰ ਜਨਰਲ ਆਫ਼ ਪੁਲਸ (ਸਾਈਬਰ ਕ੍ਰਾਈਮ) ਨੂੰ ਸੋਸ਼ਲ ਮੀਡੀਆ 'ਤੇ ਲੱਚਰਤਾ ਫੈਲਾਉਣ ਵਾਲਿਆਂ ਖ਼ਿਲਾਫ਼ ਕਾਰਵਾਈ ਲਈ ਆਦੇਸ਼ ਦਿੱਤੇ ਗਏ ਹਨ।ਪੰਜਾਬ ਰਾਜ ਬਾਲ ਅਧਿਕਾਰ ਕਮਿਸ਼ਨ ਦੇ ਚੇਅਰਮੈਨ ਕੰਵਰਦੀਪ ਸਿੰਘ ਦੇ ਹਸਤਾਖ਼ਰਾਂ ਹੇਠ ਜਾਰੀ ਪੱਤਰ ਵਿੱਚ ਕਿਹਾ ਗਿਆ ਕਿ ਸੋਸ਼ਲ ਮੀਡੀਆ ਦਾ ਪ੍ਰਭਾਵ ਬੱਚਿਆਂ ਉੱਤੇ ਦਿਨੋਂ-ਦਿਨ ਵਧਦਾ ਜਾ ਰਿਹਾ ਹੈ ਅਤੇ ਕੁਝ ਲੋਕ ਪੈਸਾ ਕਮਾਉਣ ਖ਼ਾਤਰ ਸੋਸ਼ਲ ਮੀਡੀਆ ਉੱਤੇ ਗ਼ਲਤ ਕੰਟੈਂਟ ਲਗਾਤਾਰ ਅਪਲੋਡ ਕਰ ਰਹੇ ਹਨ ਜਿਸ ਦਾ ਬੱਚਿਆਂ ਉੱਤੇ ਮਾੜਾ ਪ੍ਰਭਾਵ ਪੈਣਾ ਯਕੀਨੀ ਹੈ।ਉਨ੍ਹਾਂ ਕਿਹਾ ਕਿ ਸੋਸ਼ਲ ਮੀਡੀਆ (ਫੇਸਬੁੱਕ, ਇੰਸਟਾਗ੍ਰਾਮ) 'ਤੇ ਲੱਚਰ ਭਾਸ਼ਾ, ਦੋ-ਅਰਥੀ ਵੀਡੀਓ, ਨਸ਼ਿਆਂ ਅਤੇ ਗੰਨ ਕਲਚਰ ਨੂੰ ਉਤਸ਼ਾਹਿਤ ਕਰਨ ਵਾਲਿਆਂ ਵੀਡੀਓਜ਼ ਨੂੰ ਤੁਰੰਤ ਪ੍ਰਭਾਵ ਨਾਲ ਸੋਸ਼ਲ ਮੀਡੀਆ ਤੋਂ ਹਟਾਉਣ ਅਤੇ ਬੈਨ ਕਰਨ ਲਈ ਕਾਰਵਾਈ ਕੀਤੀ ਜਾਵੇ।ਉਨ੍ਹਾਂ ਹਦਾਇਤ ਕੀਤੀ ਕਿ ਅਜਿਹੀ ਸਮੱਗਰੀ 'ਤੇ ਨਜ਼ਰ ਰੱਖਣ ਲਈ ਮੁੱਖ ਦਫ਼ਤਰ ਵਿਖੇ ਇੱਕ ਨੋਡਲ ਅਫ਼ਸਰ ਨਾਮਜ਼ਦ ਕੀਤਾ ਜਾਵੇ। ਜੇਕਰ ਅਜਿਹੇ ਕੰਟੈਂਟ ਵਿਦੇਸ਼ਾਂ ਵਿੱਚੋਂ ਅਪਲੋਡ ਹੁੰਦੇ ਹਨ ਤਾਂ ਉਹਨਾਂ ਦੀ ਸਾਈਟ 'ਤੇ ਪਾਬੰਦੀ ਲਗਾਉਣ ਲਈ ਕਾਰਵਾਈ ਕੀਤੀ ਜਾਵੇ। ਅਪਲੋਡ ਕੰਟੈਂਟ ਨੂੰ ਦੇਖ ਕੇ ਕੰਟੈਂਟ ਤਿਆਰ ਕਰਨ ਅਤੇ ਸੋਸ਼ਲ ਮੀਡੀਆ 'ਤੇ ਅਪਲੋਡ ਕਰਨ ਵਾਲੇ ਵਿਅਕਤੀਆਂ ਵਿਰੁੱਧ ਬੀ ਐਨ ਐਸ 2023 ਆਈ ਟੀ ਐਕਟ, 2000 ਅਤੇ ਪੋਕਸੋ ਐਕਟ, 2012 ਦੀਆਂ ਬਣਦੀਆਂ ਧਰਾਵਾਂ ਤਹਿਤ ਮਾਮਲੇ ਦਰਜ ਕੀਤੇ ਜਾਣ।

## ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਵਿਖੇ ਗਤਕਾ, ਲੈਕਚਰ ਤੇ ਗੁਰਬਾਣੀ ਕੰਠ ਮੁਕਾਬਲੇ



ਮੋਹਾਲੀ (ਗੁਰਜੀਤ ਬਿੱਲਾ)-ਇੱਥੇ ਨੇੜਲੇ ਪਿੰਡ ਸੋਹਾਣਾ ਦਾ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਦੀ ਪ੍ਰਬੰਧਕ ਕਮੇਟੀ ਵੱਲੋਂ ਬੱਚਿਆਂ ਨੂੰ ਗੁਰਸਿੱਖੀ ਨਾਲ ਜੋੜਨ ਲਈ 1 ਜੂਨ ਤੋਂ ਰੋਜ਼ਾਨਾ ਗੁਰਮਤਿ ਗਿਆਨ, ਭਾਸ਼ਾ ਗਿਆਨ, ਸਿੱਖ ਇਤਿਹਾਸ ਅਤੇ ਸਿੱਖ ਸ਼ਸਤਰ ਗਤਕਾ ਸਿਖਲਾਈ ਕੈਂਪ ਦਾ ਆਯੋਜਨ ਕਰਵਾਇਆ ਗਿਆ।ਇਸ ਸੰਬੰਧੀ ਪ੍ਰਬੰਧਕ ਕਮੇਟੀ ਦੇ ਬੁਲਾਰੇ ਨੇ ਦੱਸਿਆ ਕਿ ਇਸ ਕੈਂਪ ਵਿੱਚ ਕੁੱਲ 105 ਵਿਦਿਆਰਥੀਆਂ ਨੇ ਭਾਗ ਲਿਆ। ਸਮੂਹ ਵਿਦਿਆਰਥੀਆਂ ਨੂੰ ਸਿੱਖ ਇਤਿਹਾਸ ਨਾਲ ਜਾਣੂ ਕਰਵਾਉਣ ਲਈ ਸ਼ਹੀਦਾਂ ਦੀ ਧਰਤੀ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਜੀ ਦੀ ਧਾਰਮਿਕ ਯਾਤਰਾ ਵੀ ਕਰਵਾਈ ਗਈ।ਅੰਤ ਕੈਂਪ ਦੇ ਅਖੀਰਲੇ ਦਿਨ ਵਿਦਿਆਰਥੀਆਂ ਦੇ ਗਤਕਾ, ਲੈਕਚਰ, ਗੁਰਬਾਣੀ ਕੰਠ ਮੁਕਾਬਲੇ ਕਰਵਾਏ ਗਏ। ਜੇਤੂ ਵਿਦਿਆਰਥੀਆਂ ਨੂੰ ਨਗਦੀ ਅਵਾਰਡ, ਇਤਿਹਾਸਕ ਕਿਤਾਬਾਂ ਅਤੇ ਸਨਮਾਨ ਚਿੰਨ੍ਹਾਂ ਨਾਲ ਸਨਮਾਨਤ ਕੀਤਾ ਗਿਆ। ਇਨ੍ਹਾਂ ਵਿਦਿਆਰਥੀਆਂ ਵਿੱਚੋਂ ਅਰਵਿੰਦਰ ਸਿੰਘ, ਅਰਮਾਨਜੋਤ ਸਿੰਘ ਅਤੇ ਅਭੀਜੋਤ ਸਿੰਘ ਨੂੰ ਬੈਸਟ ਵਿਦਿਆਰਥੀ ਦਾ ਖ਼ਿਤਾਬ ਵੀ ਦਿੱਤਾ ਗਿਆ।ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ, ਚੰਡੀਗੜ੍ਹ ਗਤਕਾ ਐਸੋਸੀਏਸ਼ਨ ਦੇ ਜਨਰਲ ਸਕੱਤਰ ਸਿਮਰਨਜੀਤ ਸਿੰਘ, ਗਤਕਾ ਅਖਾੜਾ ਗੁ. ਸਿੰਘ ਸ਼ਹੀਦਾਂ ਦੇ ਕੋਚ ਦਵਿੰਦਰ ਸਿੰਘ, ਪਿੰਡ ਅਤੇ ਇਲਾਕੇ ਦੇ ਪਤਵੰਤੇ ਸੱਜਣ ਹਾਜ਼ਰ ਸਨ ।ਮਿਠਾਈਆਂ ਅਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

## ਹਰਚੋਵਾਲ 'ਚ ਨਹਿਰ ਟੁੱਟਣ ਨਾਲ ਦਰਜਨਾਂ ਕਿਸਾਨਾਂ ਦਾ ਭਾਰੀ ਨੁਕਸਾਨ



ਕਾਦੀਆਂ (ਦਵਿੰਦਰ ਸਿੰਘ ਮਲਹੋਤਰਾ)-ਹਰਚੋਵਾਲ 'ਚ ਨਹਿਰ ਟੁੱਟਣ ਨਾਲ ਦਰਜਨਾਂ ਤੋਂ ਵੱਧ ਕਿਸਾਨਾਂ ਦਾ ਭਾਰੀ ਨੁਕਸਾਨ ਹੋਇਆ। ਖੇਤਾਂ ਵਿੱਚ ਭਰ ਗਏ ਪਾਣੀ ਦੇ ਨਾਲ ਲੱਖਾਂ ਰੁਪਏ ਦਾ ਨੁਕਸਾਨ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ।ਜਾਣਕਾਰੀ ਅਨੁਸਾਰ ਤੁਗਲਵਾਲ ਤੋਂ ਨਿਕਲਦੀ ਨਹਿਰ ਜੋ ਹਰਚੋਵਾਲ ਤੋਂ ਵੱਖ-ਵੱਖ ਪਿੰਡਾਂ 'ਚ ਸਿੰਚਾਈ ਕਰਦੀ ਹੈ, 'ਚ ਅੱਜ ਦੁਪਹਿਰ ਵੇਲੇ ਅਚਾਨਕ ਵੱਡਾ ਪਾੜ ਪੈ ਗਿਆ ਜਿਸ ਨਾਲ ਕਿਸਾਨਾਂ ਦੀਆਂ ਝੋਨੇ ਦੀ ਫਸਲ ਖਰਾਬ ਹੋ ਗਈ।ਕਿਸਾਨਾਂ ਦੇ ਖੇਤਾਂ ਵਿੱਚ ਨਹਿਰੀ ਪਾਣੀ ਨਾਲ ਕਰੀਬ 2-2 ਫੁੱਟ ਤੱਕ ਉੱਚੀ ਤੋਂ ਭਰ ਗਈ।ਇਸ ਸੰਬੰਧੀ ਕਿਸਾਨ ਦਲੇਰ ਸਿੰਘ, ਮਿੱਤਰ ਸਿੰਘ ਨੇ ਦੱਸਿਆ ਕਿ ਅਸੀਂ ਮਹਿੰਗੇ ਭਾਅ ਠੇਕੇ 'ਤੇ ਜ਼ਮੀਨ ਲੈ ਕੇ ਇਸ ਦੀ ਬਿਜਾਈ ਕੀਤੀ ਗਈ।ਮਹਿੰਗੇ ਮੁੱਲ ਖਾਦ ਅਤੇ ਦਵਾਈਆਂ ਪਾ ਕੇ ਖੇਤਾਂ ਵਿੱਚ ਬਿਜਾਈ ਕੀਤੀ ਗਈ ਪਰ ਨਹਿਰੀ ਵਿਭਾਗ ਦੀ ਅਣਗਹਿਲੀ ਕਾਰਣ ਹਰ ਸਾਲ ਇਹ ਨਹਿਰ ਟੁੱਟ ਜਾਂਦੀ ਹੈ ਜਿਸ ਨਾਲ ਕਿਸਾਨਾਂ ਦਾ ਭਾਰੀ ਨੁਕਸਾਨ ਹੋ ਜਾਂਦਾ ਹੈ।ਪੀੜਤ ਕਿਸਾਨਾਂ ਨੇ ਪੰਜਾਬ ਸਰਕਾਰ ਤੇ ਜ਼ਿਲ੍ਹਾ ਡਿਪਟੀ ਕਮਿਸ਼ਨਰ ਨਹਿਰੀ ਵਿਭਾਗ ਦੇ ਉੱਚ ਅਧਿਕਾਰੀ ਪਾਸੋਂ ਮੰਗ ਕਰਦਿਆਂ ਆਖਿਆ ਕਿ ਨੁਕਸਾਨੀ ਫਸਲ ਦੀ ਗਿਰਦਾਵਰੀ ਕਰਵਾ ਕੇ ਸਾਨੂੰ ਬਣਦਾ ਮੁਆਵਜ਼ਾ ਦਿੱਤਾ ਜਾਵੇ।ਜਦੋਂ ਨਹਿਰੀ ਵਿਭਾਗ ਦੇ ਅਧਿਕਾਰੀਆਂ ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਆਖਿਆ ਕਿ ਅਸੀਂ ਨਹਿਰ ਦਾ ਪਾਣੀ ਘਟਾ ਕੇ ਨਹਿਰ ਵਿੱਚ ਪਏ ਪਾੜ ਨੂੰ ਬੰਦ ਕਰਨ ਲਈ ਮਜ਼ਦੂਰੀ ਨੂੰ ਲੱਗੀਆਂ ਸਮਾਨ ਮੁਹੱਈਆ ਕਰਵਾ ਦਿੱਤਾ ਗਿਆ।ਜਲਦੀ ਪਾੜ ਨੂੰ ਬੰਦ ਕਰਵਾ ਕੇ ਦੁਬਾਰਾ ਪਾਣੀ ਛੱਡ ਦਿੱਤਾ ਜਾਵੇਗਾ।

## ਮਨਿਸਟੀਰੀਅਲ ਸਟਾਫ਼ ਐਸੋਸੀਏਸ਼ਨ ਵੱਲੋਂ ਪਦਉੱਨਤ ਸੀਨੀਅਰ ਸਹਾਇਕਾਂ ਦਾ ਸਵਾਗਤ



ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ)-ਪੰਜਾਬ ਸਿੱਖਿਆ ਵਿਭਾਗ ਮਨਿਸਟੀਰੀਅਲ ਸਟਾਫ਼ ਐਸੋਸੀਏਸ਼ਨ ਜ਼ਿਲ੍ਹਾ ਹੁਸ਼ਿਆਰਪੁਰ ਇਕਾਈ ਵਲੋਂ ਜ਼ਿਲ੍ਹਾ ਪ੍ਰਧਾਨ ਬਿਕਰਮਜੀਤ ਸਿੰਘ ਆਹਲੂਵਾਲੀਆ ਦੀ ਅਗਵਾਈ ਵਿੱਚ ਜੂਨੀਅਰ ਸਹਾਇਕ ਤੋਂ ਪਦਉੱਨਤ ਹੋ ਕੇ ਸੀਨੀਅਰ ਸਹਾਇਕ ਬਣੇ ਪੀ ਐਮ ਐਮ ਐਸ.ਯੂ ਦੇ ਜ਼ਿਲ੍ਹਾ ਪ੍ਰਧਾਨ ਅਨੀਰੁੱਧ ਮੋਦਗਿਲ, ਸਿੱਖਿਆ ਵਿਭਾਗ ਮਨਿਸਟੀਰੀਅਲ ਸਟਾਫ਼ ਐਸੋਸੀਏਸ਼ਨ ਦੇ ਜ਼ਿਲ੍ਹਾ ਜਨਰਲ ਸਕੱਤਰ ਨਰਿੰਦਰ ਸੈਣੀ ਅਤੇ ਸਤਵੀਰ ਸਿੰਘ ਦਾ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਬਿਕਰਮਜੀਤ ਸਿੰਘ ਆਹਲੂਵਾਲੀਆ ਨੇ ਸਾਰੇ ਪਦਉੱਨਤ ਹੋਏ ਸੀਨੀਅਰ ਸਹਾਇਕਾਂ ਨੂੰ ਮੁਬਾਰਕਬਾਦ ਦਿੱਤੀਆਂ। ਇਸ ਮੌਕੇ ਪ੍ਰਿੰਸੀਪਲ ਰਾਕੇਸ਼ ਕੁਮਾਰ, ਬਲਬੀਰ ਸਿੰਘ, ਭੁਪਿੰਦਰ ਕੁਮਾਰ, ਰੁਸਤਮਜੀਤ ਸਿੰਘ, ਬਲਜੀਤ ਸਿੰਘ, ਬਿਕਰਮਦੀਪ ਸਿੰਘ, ਗੁਰਮੇਲ ਸਿੰਘ, ਪਰਮਜੀਤ ਸਿੰਘ, ਸੁਖਵਿੰਦਰ ਚਰਨਜੀਤ ਕੁਮਾਰ, ਮਨੀਸ਼ ਕੁਮਾਰ, ਸੁਖਵਿੰਦਰ ਸਿੰਘ, ਦਲਜੀਤ ਸਿੰਘ, ਵਿਨੋਦ ਕੁਮਾਰ, ਹਰਸ਼ ਕੁਮਾਰ, ਹਰਦੀਪ ਸਿੰਘ, ਪਰਮਜੀਤ ਕੌਰ, ਬਲਜੀਤ ਕੌਰ, ਦੀਪਤੀ, ਅੰਜਨਾ, ਨੀਨਾ ਕੁਮਾਰੀ, ਸੁਰਿੰਦਰ ਕੌਰ ਆਦਿ ਹਾਜ਼ਰ ਸਨ।

21-JUNE-PAGE-7.qxd 6/20/2025 10:45 PM Page 1



## ਲੰਗਰ ਲਈ ਦੋ ਟਰੱਕ ਰਾਸ਼ਨ ਦੇ ਕੀਤੇ ਰਵਾਨਾ




**ਸਮਾਣਾ (ਇਕਬਾਲ ਸਿੰਘ ਬੱਲ)**-ਸ਼ਿਵ ਲੰਗਰ ਕਮੇਟੀ ਵੱਲੋਂ ਸ੍ਰੀ ਅਮਰਨਾਥ ਜੀ ਦੀ ਯਾਤਰਾ 'ਤੇ 40 ਦਿਨ ਲੰਗਰ ਲਾਉਣ ਲਈ ਰਾਸ਼ਨ ਦੇ ਦੋ ਟਰੱਕ ਰਵਾਨਾ ਕੀਤੇ ਗਏ। ਰਾਸ਼ਨ ਦੇ ਟਰੱਕਾਂ ਨੂੰ ਸ਼ਿਵ ਲੰਗਰ ਕਮੇਟੀ ਦੇ ਪ੍ਰਧਾਨ ਅਮਰ ਗੋਇਲ ਤੇ ਜੀਵਨ ਗਰਗ ਸਾਬਕਾ ਪ੍ਰਧਾਨ ਅਗਰਵਾਲ ਧਰਮਸ਼ਾਲਾ ਸਕੂਲ ਪ੍ਰਬੰਧਕ ਕਮੇਟੀ ਵੱਲੋਂ ਹਰੀ ਝੰਡੀ ਦੇ ਕੇ ਰਵਾਨਾ ਕੀਤੇ ਗਏ। ਸ਼ਿਵ ਲੰਗਰ ਕਮੇਟੀ ਦੇ ਪ੍ਰਧਾਨ ਅਮਰ ਗੋਇਲ ਨੇ ਦੱਸਿਆ ਕਿ ਸ਼ਿਵ ਲੰਗਰ ਕਮੇਟੀ ਵੱਲੋਂ 33ਵਾਂ ਭੰਡਾਰਾ ਸਰੀਰ ਅਮਰਨਾਥ ਦੇ ਯਾਤਰੀਆਂ ਦੀ ਸੁਵਿਧਾ ਲਈ ਲਗਾਇਆ ਜਾਵੇਗਾ ਤੇ ਇਹ ਭੰਡਾਰਾ 3 ਜੁਲਾਈ ਤੋਂ ਸ਼ੁਰੂ ਹੋ ਕੇ ਰੱਖੜੀ ਵਾਲੇ ਦਿਨ ਤੱਕ ਚੱਲੇਗਾ ਤੇ ਇਹ ਭੰਡਾਰਾ ਅਮਰਨਾਥ ਗੁਫਾ ਦੇ ਅੱਧੇ ਰਸਤੇ ਬੁਰਾੜੀ ਟੋਪ ਤੇ ਲਾਇਆ ਜਾ ਰਿਹਾ ਹੈ। ਇਸ ਵਿੱਚ ਯਾਤਰੀਆਂ ਦੀ ਸੁਵਿਧਾ ਲਈ ਬਰੇਕਫਾਸਟ ਦੁਪਹਿਰ ਦਾ ਖਾਣਾ ਤੇ ਰਾਤ ਨੂੰ ਖਾਣੇ ਤੋਂ ਇਲਾਵਾ ਚਾਹ ਕਾਫੀ ਸਨੈਕਸ ਪਕੌੜੇ ਅਚਾਰ ਮੁਰੱਬੇ ਹਰ ਸਮੇਂ 24 ਘੰਟੇ 40 ਦਿਨ ਲੰਗਰ ਚੱਲਦਾ ਰਹੇਗਾ। ਇਸ ਤੋਂ ਇਲਾਵਾ ਯਾਤਰੀਆਂ ਦੇ ਆਰਾਮ ਕਰਨ ਲਈ ਗਰਮ ਕੰਬਲ ਗਰਮ ਪਾਣੀ ਰਜਾਈਆਂ ਦਾ ਵੀ ਪ੍ਰਬੰਧ ਕੀਤਾ ਗਿਆ ਹੈ। ਸ਼ਿਵ ਲੰਗਰ ਕਮੇਟੀ ਦੇ ਪ੍ਰਧਾਨ ਅਮਰ ਗੋਇਲ ਨੇ ਦੱਸਿਆ ਕਿ ਇਹ ਭੰਡਾਰਾ ਸਮਾਣਾ ਨਿਵਾਸੀਆਂ ਦੇ ਸਹਿਯੋਗ ਤੇ ਬਾਹਰੋਂ ਕਈ ਪਾਰਟੀਆਂ ਦੇ ਸਹਿਯੋਗ ਨਾਲ ਲਾਇਆ ਜਾ ਰਿਹਾ ਹੈ। ਉਨ੍ਹਾਂ ਇਸ ਦਿੱਤੇ ਸਹਿਯੋਗ ਲਈ ਸਮਾਣਾ ਨਿਵਾਸੀਆਂ ਤੇ ਸਾਰੇ ਸਹਿਯੋਗੀ ਸੱਜਣਾਂ ਦਾ ਧੰਨਵਾਦ ਕੀਤਾ। ਸ੍ਰੀ ਅਮਰ ਗੋਇਲ ਨੇ ਦੱਸਿਆ ਕਿ ਜੰਮੂ-ਕਸ਼ਮੀਰ ਸਰਕਾਰ ਨੇ ਲੰਗਰ ਕਮੇਟੀਆਂ ਅਤੇ ਯਾਤਰੀਆਂ ਨੂੰ ਭਰੋਸਾ ਦਵਾਇਆ ਹੈ ਕਿ ਉਨ੍ਹਾਂ ਦੀ ਪੂਰੀ ਸੁਰੱਖਿਆ ਕੀਤੀ ਜਾਵੇਗੀ। ਇਸ ਲਈ ਉਨ੍ਹਾਂ ਨੇ ਕੇਂਦਰ ਸਰਕਾਰ ਤੋਂ ਹੋਰ ਪੁਲਸ ਤੇ ਮਿਲਟਰੀ ਮੰਗਵਾ ਲਈ ਹੈ।

## ਸਨੌਰ 'ਚ ਫਾਸਟ ਫੂਡ ਦੀਆਂ ਦੁਕਾਨਾਂ 'ਤੇ ਪਰੋਸਿਆ ਜਾ ਰਿਹੈ ਜ਼ਹਿਰ : ਵਿਰਕ



**ਪਟਿਆਲਾ (ਰਾਜਿੰਦਰ ਥਿੰਦ)**-ਆਮ ਲੋਕਾਂ ਨੂੰ ਖਾਣ-ਪੀਣ ਦੀਆਂ ਮਿਆਰੀ ਚੀਜ਼ਾਂ ਮੁਹੱਈਆ ਕਰਵਾਉਣ ਲਈ ਸਰਕਾਰ ਵੱਲੋਂ ਫੂਡ ਸੇਫ਼ਟੀ ਵਿਭਾਗ ਬਣਾਇਆ ਗਿਆ ਹੈ ਤਾਂ ਜੋ ਇਹ ਵਿਭਾਗ ਸਮੇਂ-ਸਮੇਂ 'ਤੇ ਖਾਣ-ਪੀਣ ਵਾਲੀਆਂ ਦੁਕਾਨਾਂ 'ਤੇ ਚੈਕਿੰਗ ਕਰਕੇ ਲੋਕਾਂ ਨੂੰ ਮਿਲਾਵਟਖੋਰੀ ਤੇ ਪਰੋਸੀਆਂ ਜਾ ਰਹੀਆਂ ਖਾਣ-ਪੀਣ ਵਾਲੀਆਂ ਵਸਤੂਆਂ ਦੀ ਜਾਂਚ ਕਰੇ, ਪਰ ਹਲਕਾ ਸਨੌਰ 'ਚ ਇਹ ਵਿਭਾਗ ਨਜ਼ਰ ਨਹੀਂ ਆ ਰਿਹਾ ਹੈ।ਸਰਕਾਰ ਵੱਲੋਂ ਇਸ ਵਿਭਾਗ 'ਤੇ ਕਰੋੜਾਂ ਰੁਪਏ ਖ਼ਰਚ ਕੀਤੇ ਜਾ ਰਹੇ ਹਨ ਕਿ ਆਮ ਜਨਤਾ ਦੀ ਸਿਹਤ ਦਾ ਧਿਆਨ ਰੱਖਣ ਲਈ ਹਰ ਤਰ੍ਹਾਂ ਦੇ ਉਪਰਾਲੇ ਕੀਤੇ ਜਾਣ, ਪ੍ਰੰਤੂ ਸਚਾਈ ਇਸ ਦੇ ਬਿਲਕੁਲ ਉਲਟ ਦਿਖਾਈ ਦੇ ਰਹੀ ਹੈ।ਸਨੌਰ ਦੇ ਫਾਸਟ ਫੂਡ ਦੀਆਂ ਦੁਕਾਨਾਂ, ਬੇਕਰੀਆਂ, ਪ੍ਰਚੂਨ ਦੀਆਂ ਦੁਕਾਨਾਂ ਤੇ ਹੋਰ ਖਾਣ-ਪੀਣ ਦੀਆਂ ਥਾਵਾਂ 'ਤੇ ਲੋਕਾਂ ਨੂੰ ਸ਼ਰੇਆਮ ਜ਼ਹਿਰ ਪਰੋਸਿਆ ਜਾ ਰਿਹਾ ਹੈ।ਇਹ ਜਾਣਕਾਰੀ ਦਿੰਦਿਆਂ ਹਲਕਾ ਸਨੌਰ ਦੇ ਸਮਾਜ ਸੇਵੀ ਸੁਖਦੇਵ ਸਿੰਘ ਵਿਰਕ ਨੇ ਦੱਸਿਆ ਕਿ ਗੰਦੀਆਂ ਰੇਹੜੀਆਂ ਉਪਰ ਕਈ-ਕਈ ਦਿਨਾਂ ਤੱਕ ਇਕੋ ਤੇਲ ਨੂੰ ਗਰਮ ਕਰਕੇ ਤਲੀਆਂ ਜਾ ਰਹੀਆਂ ਵਸਤੂਆਂ ਲੋਕਾਂ ਅੰਦਰ ਕੈਂਸਰ ਜਿਹੇ ਰੋਗਾਂ ਦਾ ਕਾਰਨ ਬਣ ਰਹੀਆਂ ਹਨ।ਉਨ੍ਹਾਂ ਦੱਸਿਆ ਕਿ ਇੱਥੋਂ ਤੱਕ ਕਿ ਵੱਡੇ-ਵੱਡੇ ਹੋਟਲਾਂ ਦੀਆਂ ਗੰਦੀਆਂ ਰਸੋਈਆਂ ਮਨੁੱਖੀ ਕੀਮਤੀ ਜਾਨਾਂ ਦੀ ਸਿਹਤ ਨਾਲ ਖਿਲਵਾੜ ਕੀਤਾ ਜਾ ਰਿਹਾ ਹੈ।ਉਨ੍ਹਾਂ ਫੂਡ ਸੇਫ਼ਟੀ ਵਿਭਾਗ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਇਸ ਵਿੱਚ ਵੱਡੀ ਅਣਗਹਿਲੀ ਫੂਡ ਸੇਫ਼ਟੀ ਵਿਭਾਗ ਦੇ ਅਧਿਕਾਰੀਆਂ ਦੀ ਸਾਹਮਣੇ ਆਉਂਦੀ ਹੈ, ਜੋ ਗਰਮੀ ਦੇ ਦਿਨਾਂ ਵਿੱਚ ਆਪਣੇ ਏ. ਸੀ. ਦਫ਼ਤਰਾਂ 'ਚੋਂ ਨਿਕਲਣਾ ਮੁਨਾਸਬ ਨਹੀਂ ਸਮਝਦੇ।ਆਖਰ 'ਚ ਉਨ੍ਹਾਂ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਸਨੌਰ 'ਚ ਖਾਣ-ਪੀਣ ਵਾਲੀਆਂ ਦੁਕਾਨਾਂ ਦੀ ਜਾਂਚ ਕੀਤੀ ਜਾਵੇ।

## ਸਮਾਜ ਸੇਵੀ ਮਹਾਸ਼ਾ ਪ੍ਰਤਿੱਗਿਆਪਾਲ ਨੂੰ ਨਮ ਅੱਖਾਂ ਨਾਲ ਅੰਤਿਮ ਵਿਦਾਇਗੀ



**ਧੂਰੀ (ਬਿੰਨੀ ਗਰਗ, ਮੋਹਿਤ ਗਰਗ)**-ਇਲਾਕੇ ਦੇ ਉੱਘੇ ਸਮਾਜ ਸੇਵੀ ਮਹਾਸ਼ਾ ਪ੍ਰਤਿੱਗਿਆਪਾਲ ਅਚਾਨਕ ਸਦੀਵੀਂ ਵਿਛੋੜਾ ਦੇ ਗਏ।ਉਹ 97 ਵਰ੍ਹਿਆਂ ਦੇ ਸਨ ਅਤੇ ਵਡੇਰੀ ਉਮਰ ਤੇ ਨਾਸਾਜ਼ ਸਿਹਤ ਸਥਿਤੀ ਕਾਰਨ ਪਿਛਲੇ ਕਾਫੀ ਸਮੇਂ ਤੋਂ ਲੋਕਾਂ 'ਚ ਵਿਚਰਨ ਤੋਂ ਲਾਚਾਰ ਸਨ।ਮਹਾਸ਼ਾ ਪ੍ਰਤਿੱਗਿਆਪਾਲ ਜਿੱਥੇ ਲੰਮਾ ਸਮਾਂ ਰਾਮ ਬਾਗ ਤੇ ਸ਼ਹਿਰ ਦੀਆਂ ਗਊਸ਼ਾਲਾਵਾਂ ਦੇ ਪ੍ਰਬੰਧਕ ਰਹੇ, ਉਥੇ ਉਨ੍ਹਾਂ ਨਿਸ਼ਕਾਮ ਸੇਵਾ ਸਭਾ ਤੇ ਨੇਤਰ ਬੈਂਕ ਸੰਮਤੀ ਰਾਹੀਂ ਸਮਾਜ ਦੀ ਲੰਮਾ ਸਮਾਂ ਸੇਵਾ ਕੀਤੀ।ਵਿੱਛੜੀ ਰੂਹ ਦਾ ਅੰਤਿਮ ਸੰਸਕਾਰ ਅੱਜ ਦੁਪਹਿਰੇ 12 ਵਜੇ ਸਥਾਨਕ ਰਾਮ ਬਾਗ ਵਿਖੇ ਕੀਤਾ ਗਿਆ, ਜਿੱਥੇ ਹਜ਼ਾਰਾਂ ਲੋਕਾਂ ਨੇ ਉਨ੍ਹਾਂ ਨੂੰ ਨਮ ਅੱਖਾਂ ਨਾਲ ਅੰਤਿਮ ਵਿਦਾਇਗੀ ਦਿੱਤੀ।ਉਨ੍ਹਾਂ ਦੀ ਅੰਤਿਮ ਯਾਤਰਾ 'ਚ ਰਾਇਸੀਲਾ ਗਰੁੱਪ ਦੇ ਚੇਅਰਮੈਨ ਡਾ. ਏ ਆਰ ਸ਼ਰਮਾ ਤੇ ਡਾਇਰੈਕਟਰ ਵਿਜੈ ਗੋਇਲ, ਅਕਾਲੀ ਆਗੂ ਜਤਿੰਦਰ ਸਿੰਘ ਸੋਨੀ ਮੰਡੇਰ, ਰੋਟਰੀ ਕਲੱਬ ਦੇ ਡਾ. ਰਮੇਸ਼ ਸ਼ਰਮਾ, ਪੰਜਾਬ ਲਘੂ ਉਦਯੋਗ ਨਿਗਮ ਦੇ ਚੇਅਰਮੈਨ ਦਲਬੀਰ ਸਿੰਘ ਢਿੱਲੋਂ, ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਕਾਂਗਰਸ ਆਗੂ ਹਰਦੀਪ ਸਿੰਘ ਦੌਲਤਪੁਰ ਤੇ ਗੁਰਪਿਆਰ ਸਿੰਘ ਧੂਰਾ, ਸੇਵਾ ਮੁਕਤ ਡਿਪਟੀ ਡਾਇਰੈਕਟਰ ਮਨਜੀਤ ਸਿੰਘ ਬਖ਼ਸ਼ੀ, ਸਾਹਿਤ ਸਭਾ ਧੂਰੀ ਦੇ ਚਰਨਜੀਤ ਸਿੰਘ ਕੈਂਥ, ਸਾਧੂ ਰਾਮ, ਰਾਜੀਵ ਚੌਧਰੀ ਤੇ ਗੋਪਾਲ ਕ੍ਰਿਸ਼ਨ ਮਨੀ (ਤਿੰਨੋਂ ਕੌਂਸਲਰ), ਸਾਬਕਾ ਕੌਂਸਲਰ ਅਸ਼ਵਨੀ ਧੀਰ, ਪ੍ਰੈੱਸ ਫੈਡਰੇਸ਼ਨ ਆਫ਼ ਇੰਡੀਆ ਦੇ ਪ੍ਰਧਾਨ ਰਾਜੇਸ਼ਵਰ ਚੌਧਰੀ, ਧੂਰੀ ਵਿਕਾਸ ਮੰਚ ਦੇ ਹੰਸ ਰਾਜ ਬਜਾਜ ਤੇ ਅਮਨ ਗਰਗ ਅਤੇ ਵਪਾਰ ਮੰਡਲ ਦੇ ਵਿਕਾਸ ਜੈਨ, ਸ਼ੈਲਰ ਉਦਯੋਗ ਦੇ ਬਲਵਿੰਦਰ ਸਿੰਘ ਬਿੱਲੂ ਸਮੇਤ ਸ਼ਹਿਰ ਦੀਆਂ ਵੱਖ ਵੱਖ ਧਾਰਮਿਕ ਤੇ ਸਮਾਜ ਸੇਵੀ ਸੰਸਥਾਵਾਂ ਦੇ ਆਗੂਆਂ, ਇਲਾਕੇ ਦੇ ਸਰਪੰਚਾਂ, ਪੰਚਾਂ, ਪਤਵੰਤਿਆਂ ਤੇ ਵੱਡੀ ਗਿਣਤੀ ਵਿੱਚ ਸ਼ਹਿਰ ਦੇ ਲੋਕਾਂ ਨੇ ਸ਼ਿਰਕਤ ਕੀਤੀ।

## ਮਯੰਕ ਫਾਊਂਡੇਸ਼ਨ ਵੱਲੋਂ ਸੰਤੋਸ਼ ਸੇਵਾ ਕੁੰਜ ਵਿਖੇ ਮੁਫ਼ਤ ਸਮਰ ਕੈਂਪ




**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਬੱਚਿਆਂ ਦੀ ਸਿਰਜਣਾਤਮਕਤਾ, ਇਕਾਗਰਤਾ ਤੇ ਸਰੀਰਕ ਸਿਹਤ ਨੂੰ ਉਤਸ਼ਾਹਤ ਕਰਨ ਦੇ ਉਦੇਸ਼ ਨਾਲ, ਮਯੰਕ ਫਾਊਂਡੇਸ਼ਨ ਨੇ ਸੰਤੋਸ਼ ਸੇਵਾ ਕੁੰਜ ਵਿਖੇ 10 ਦਿਨਾਂ ਦਾ ਮੁਫ਼ਤ ਸਮਰ ਕੈਂਪ ਸਫਲਤਾਪੂਰਵਕ ਆਯੋਜਤ ਕੀਤਾ। ਇਸ ਕੈਂਪ ਵਿੱਚ 40 ਬੱਚਿਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਤੇ ਵੱਖ-ਵੱਖ ਗਤੀਵਿਧੀਆਂ ਦਾ ਆਨੰਦ ਮਾਣਿਆ। ਕੈਂਪ ਦੇ ਰੋਜ਼ਾਨਾ ਪ੍ਰੋਗਰਾਮ ਵਿੱਚ ਸਵੇਰ ਦੀਆਂ ਵੱਖ-ਵੱਖ ਪ੍ਰਾਰਥਨਾਵਾਂ, ਯੋਗਾ ਅਭਿਆਸ, ਆਰਟ ਅਤੇ ਕਰਾਫਟ, ਡਰਾਇੰਗ ਅਤੇ ਪੇਂਟਿੰਗ, ਅਬੇਕਸ ਸਿਖਲਾਈ, ਸਪੀਡ ਰਾਈਟਿੰਗ ਤੇ ਮਨੋਰੰਜਨ ਖੇਡਾਂ ਸ਼ਾਮਲ ਸਨ। ਇਹ ਸਾਰੀਆਂ ਗਤੀਵਿਧੀਆਂ ਬੱਚਿਆਂ ਦੇ ਸਰਵਪੱਖੀ ਵਿਕਾਸ ਨੂੰ ਧਿਆਨ ਵਿਚ ਰੱਖ ਕੇ ਤਿਆਰ ਕੀਤੀਆਂ ਗਈਆਂ ਸਨ। ਸੰਦੀਪ ਸਹਿਗਲ, ਪ੍ਰੋਜੈਕਟ ਕੋਆਰਡੀਨੇਟਰ ਨੇ ਦੱਸਿਆ ਕਿ ਬੱਚੇ ਸਾਰੇ ਗਤੀਵਿਧੀਆਂ ਵਿੱਚ ਪੂਰੇ ਉਤਸ਼ਾਹ ਨਾਲ ਹਿੱਸਾ ਲੈ ਰਹੇ ਸਨ। ਕੈਂਪ ਨੂੰ ਸਫਲਤਾਪੂਰਵਕ ਚਲਾਉਣ ਲਈ 5 ਟਰੇਨਰਾਂ ਦਾ ਪ੍ਰਬੰਧ ਕੀਤਾ ਗਿਆ ਸੀ, ਜਿਨ੍ਹਾਂ ਨੇ ਬੱਚਿਆਂ ਨੂੰ ਮਾਰਗਦਰਸ਼ਨ ਦਿੱਤਾ। ਕੈਂਪ ਦੌਰਾਨ ਰੋਜ਼ਾਨਾ ਬੱਚਿਆਂ ਨੂੰ ਰਿਫਰੈਸ਼ਮੈਂਟ ਵੀ ਪ੍ਰਦਾਨ ਕੀਤੀ ਗਈ, ਜਿਸ ਨਾਲ ਬੱਚਿਆਂ ਦਾ ਉਤਸ਼ਾਹ ਅਤੇ ਖੁਸ਼ੀ ਹੋਰ ਵਧੀ। ਮਾਪਿਆਂ ਤੇ ਸਥਾਨਕ ਭਾਈਚਾਰੇ ਦੁਆਰਾ ਇਸ ਪਹਿਲਕਦਮੀ ਦੀ ਸ਼ਲਾਘਾ ਕੀਤੀ ਗਈ। ਇਹ ਜ਼ਿਕਰਯੋਗ ਹੈ ਕਿ ਸੰਤੋਸ਼ ਸੇਵਾ ਕੁੰਜ ਮਯੰਕ ਫਾਊਂਡੇਸ਼ਨ ਦੁਆਰਾ ਚਲਾਇਆ ਜਾਣ ਵਾਲਾ ਇੱਕ ਸੇਵਾ ਕੇਂਦਰ ਹੈ, ਜੋ ਫਿਰੋਜ਼ਪੁਰ ਵਿਚ ਸਮਾਜ ਸੇਵਾ ਤੇ ਲੋਕ ਭਲਾਈ ਲਈ ਕੰਮ ਕਰ ਰਿਹਾ ਹੈ। ਇੱਥੇ ਹੁਨਰ ਵਿਕਾਸ, ਮਹਿਲਾ ਸਸ਼ਕਤੀਕਰਨ, ਬੱਚਿਆਂ ਲਈ ਵਿੱਦਿਅਕ ਤੇ ਰਚਨਾਤਮਕ ਪ੍ਰੋਗਰਾਮ ਨਿਯਮਿਤ ਤੌਰ 'ਤੇ ਕੀਤੇ ਜਾਂਦੇ ਹਨ।

## ਮਾਨਵ ਸੇਵਾ ਸੰਸਥਾ ਨੇ ਲੋੜਵੰਦ ਵਿਅਕਤੀ ਨੂੰ ਦਿੱਤੀ ਬੈਟਰੀ ਵਾਲੀ ਟਰਾਈਸਾਈਕਲ



**ਨਾਭਾ (ਵਰਿੰਦਰ ਵਰਮਾ)**-ਮਾਨਵ ਸੇਵਾ ਉੱਤਮ ਸੇਵਾ ਸੰਸਥਾ (ਸਟੇਟ ਅਵਾਰਡੀ) ਨਾਭਾ ਵੱਲੋਂ ਹਮੇਸ਼ਾ ਹੀ ਦਾਨੀ ਸੱਜਣਾਂ ਦੇ ਸਹਿਯੋਗ ਨਾਲ ਸਮਾਜ ਭਲਾਈ ਦੇ ਕਾਰਜ ਕੀਤੇ ਜਾਂਦੇ ਹਨ।ਇਸ ਲੜੀ ਤਹਿਤ ਲੋੜਵੰਦ ਵਿਅਕਤੀ ਕ੍ਰਾਂਤੀ ਸਾਗਰ ਪੁੱਤਰ ਵੇਦ ਪ੍ਰਕਾਸ਼ ਵਾਸੀ ਮੁੰਨਾ ਇੰਨਕਲੇਵ ਨਜ਼ਦੀਕ ਗੰਗਾ ਮੰਦਿਰ ਨਾਭਾ ਨੂੰ ਸੰਸਥਾ ਵੱਲੋਂ ਬੈਟਰੀ ਵਾਲੀ ਟਰਾਈਸਾਈਕਲ ਭੇਟ ਕੀਤੀ ਗਈ।ਸੰਸਥਾ ਦੇ ਮੁੱਖ ਅਹੁਦੇਦਾਰ ਵਿਕਾਸ ਮਿੱਤਲ ਨੇ ਦੱਸਿਆ ਕਿ ਇਹ ਪਰਵਾਰ ਦੇ ਘਰ ਦਾ ਗੁਜ਼ਾਰਾ ਬਹੁਤ ਮੁਸ਼ਕਲ ਨਾਲ ਚੱਲਦਾ ਹੈ ਤੇ ਸਾਨੂੰ ਦੱਸਣ 'ਤੇ ਉਸ ਦੀ ਮਦਦ ਕੀਤੀ ਗਈ ਹੈ।ਵਿਕਾਸ ਮਿੱਤਲ ਨੇ ਦੱਸਿਆ ਕਿ ਇਹ ਸਹਿਯੋਗ ਰਜਿੰਦਰ ਸਿੰਘ ਪੁੱਤਰ ਗੁਰਮੇਲ ਸਿੰਘ ਵਾਸੀ ਦੁੱਲਦੀ ਗੇਟ ਨਾਭਾ ਵੱਲੋਂ ਦਿੱਤਾ ਗਿਆ ਹੈ।ਇਸ ਮੌਕੇ ਪਰਿਵਾਰਕ ਮੈਂਬਰਾਂ ਵੱਲੋਂ ਵ੍ਹੀਲਚੇਅਰ ਲੈਣ ਉਪਰੰਤ ਲੋੜਵੰਦ ਪਰਿਵਾਰਕ ਮੈਂਬਰਾਂ ਨੇ ਮਾਨਵ ਸੇਵਾ ਉੱਤਮ ਸੇਵਾ ਸੰਸਥਾ ਦੇ ਅਹੁਦੇਦਾਰ ਵਿਕਾਸ ਮਿੱਤਲ, ਅੰਕੁਰ ਸਿੰਗਲਾ, ਰਵਿੰਦਰ ਸਿੰਘ, ਸੁਨੀਲ ਗੁਪਤਾ, ਦੀਪਕ ਕੁਮਾਰ, ਵਰੁਣ ਸਿੰਗਲਾ, ਅਤੁਲ ਬਾਂਸਲ, ਸਾਹਿਲ ਗੁਪਤਾ, ਬਲਦੇਵ ਕੁਮਾਰ, ਵਿਨੋਦ ਸਿੰਗਲਾ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਕਿਹਾ ਕਿ ਸਾਡੀ ਮੰਗ ਨੂੰ ਮੁੱਖ ਰੱਖਦਿਆਂ ਸੰਸਥਾ ਵੱਲੋਂ ਬੈਟਰੀ ਵਾਲੀ ਟਰਾਈਸਾਈਕਲ ਲੈ ਕੇ ਦਿੱਤੀ ਗਈ ਹੈ।ਉਨ੍ਹਾਂ ਕਿਹਾ ਕਿ ਅਸੀਂ ਪ੍ਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਇਹ ਸੰਸਥਾ ਦਿਨ-ਰਾਤ ਲੋਕਾਂ ਦੀ ਸੇਵਾ ਕਰਦੀ ਰਹੇ।ਉਨ੍ਹਾਂ ਆਸ ਪ੍ਰਗਟ ਕਰਦੇ ਹੋਏ ਕਿਹਾ ਕਿ ਮਾਨਵ ਸੇਵਾ ਉੱਤਮ ਸੇਵਾ ਸੰਸਥਾ ਵੱਲੋਂ ਲੋੜਵੰਦ ਪਰਵਾਰਾਂ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਂਦਾ ਹੈ।ਇਸ ਮੌਕੇ ਰਜਿੰਦਰ ਸਿੰਘ ਨੇ ਕਿਹਾ ਕਿ ਮਾਨਵ ਸੇਵਾ ਉੱਤਮ ਸੇਵਾ ਸੰਸਥਾ ਵੱਲੋਂ ਜਿੱਥੇ ਸਮਾਜ ਭਲਾਈ ਦੇ ਕਾਰਜ ਕੀਤੇ ਜਾਂਦੇ ਹਨ, ਉੱਥੇ ਹੀ ਸਕੂਲਾਂ ਵਿੱਚ ਲੋੜਵੰਦ ਬੱਚਿਆਂ ਦੀ ਮਦਦ ਕੀਤੀ ਜਾਂਦੀ ਹੈ ਤੇ ਸਾਨੂੰ ਸੰਸਥਾ 'ਤੇ ਮਾਣ ਹੈ।

# ਬਠੋਈ ਕਲਾਂ 'ਚ ਐੱਸ ਸੀ ਭਾਈਚਾਰੇ ਵੱਲੋਂ ਹਿੱਸੇ ਦੀ ਪੰਚਾਇਤੀ ਜ਼ਮੀਨ ਨਾ ਦੇਣ 'ਤੇ 24 ਨੂੰ ਵਿਸ਼ਾਲ ਰੈਲੀ

### ■ ਰੈਲੀ ਦੀਆਂ ਤਿਆਰੀਆਂ ਸੰਬੰਧੀ ਮੈਣ ਵੱਲੋਂ ਪਿੰਡ ਤੇ ਇਲਾਕੇ ਦੇ ਲੋਕਾਂ ਨਾਲ ਮੀਟਿੰਗ



**ਪਟਿਆਲਾ (ਰਾਜਿੰਦਰ ਥਿੰਦ)**-ਗੁਰੂ ਗਿਆਨ ਨਾਥ ਵਾਲਮੀਕਿ ਧਰਮ ਸਮਾਜ ਪਾਵਨ ਵਾਲਮੀਕਿ ਤੀਰਥ ਅੰਮ੍ਰਿਤਸਰ ਦੇ ਸੂਬਾ ਪ੍ਰਧਾਨ ਪੰਜਾਬ ਯੂਥ ਵਿੰਗ ਦਰਸ਼ਨ ਸਿੰਘ ਮੈਣ ਨੇ 24 ਜੂਨ ਨੂੰ ਜਬਰ ਜ਼ੁਲਮ ਖਿਲਾਫ ਬਠੋਈ ਕਲਾਂ ਵਿੱਚ ਐੱਸ. ਸੀ. ਭਾਈਚਾਰੇ ਤੇ ਸਮਾਜਿਕ, ਧਾਰਮਿਕ, ਅੰਬੇਡਕਰ ਇਨਸਾਫ ਪਸੰਦ ਜਥੇਬੰਦੀਆਂ ਵੱਲੋਂ ਵੱਡੇ ਪੱਧਰ 'ਤੇ ਹੋਣ ਵਾਲੀ ਵਿਸ਼ਾਲ ਰੈਲੀ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ ਅਤੇ ਪਿੰਡ ਤੇ ਇਲਾਕੇ ਦੇ ਲੋਕਾਂ ਨਾਲ ਮੀਟਿੰਗ ਕੀਤੀ।ਦਰਸ਼ਨ ਸਿੰਘ ਮੈਣ ਨੂੰ ਗੁਰੂ ਗਿਆਨ ਨਾਥ ਵਾਲਮੀਕਿ ਧਰਮ ਸਮਾਜ ਪਾਵਨ ਵਾਲਮੀਕਿ ਤੀਰਥ ਅੰਮ੍ਰਿਤਸਰ ਦੇ ਸਰਪ੍ਰਸਤ ਸੰਤ ਬਾਬਾ ਨਛੱਤਰ ਨਾਥ ਸ਼ੇਰ ਗਿੱਲ, ਸਾਬਕਾ ਐੱਸ ਐੱਸ ਪੀ ਸੁਸ਼ੀਲ ਕੁਮਾਰ, ਸਾਬਕਾ ਡੀ ਐੱਸ ਪੀ ਨਾਹਰ ਸਿੰਘ ਫਤਿਹ ਮਾਜਰੀ, ਨੈਸ਼ਨਲ ਦਲਿਤ ਮਹਾਂਪੰਚਾਇਤ ਪੰਜਾਬ ਪ੍ਰਧਾਨ ਕਰਮਜੀਤ ਸਿੰਘ ਗੈਰੀ, ਪਾਵਨ ਵਾਲਮੀਕੀ ਤੀਰਥ ਅੰਮ੍ਰਿਤਸਰ ਦੇ ਸੂਬਾ ਪ੍ਰਧਾਨ ਡਾ: ਦਲਜੀਤ ਸਿੰਘ ਚੌਹਾਨ ਰਾਮਪੁਰਾ ਫੂਲ, ਦਲਿਤ ਸੇਵਾ ਸੰਗਠਨ ਪੰਜਾਬ ਪ੍ਰਧਾਨ ਹਰਮੇਸ਼ ਹਰਿਆਣਾ, ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਪੰਜਾਬ ਪ੍ਰਧਾਨ ਭਗਵੰਤ ਸਿੰਘ ਸਮਾਓਂ, ਭਾਰਤੀ ਲੋਕਤੰਤਰ ਪਾਰਟੀ ਪੰਜਾਬ ਪ੍ਰਧਾਨ ਮਾਸਟਰ ਗੁਰਬਚਨ ਸਿੰਘ, ਪੰਜਾਬ ਨਿਰਮਾਣ ਮਜ਼ਦੂਰ ਯੂਨੀਅਨ ਪੰਜਾਬ ਪ੍ਰਧਾਨ ਰਣਵੀਰ ਸਿੰਘ ਕਾਦਰਾਵਾਦ, ਸਮਾਜਿਕ ਨਿਆਏ ਪਾਰਟੀ ਪੰਜਾਬ ਪ੍ਰਧਾਨ ਹਰਚੰਦ ਸਿੰਘ ਜਖਵਾਲੀ, ਭੀਮ ਆਰਮੀ ਜ਼ਿਲ੍ਹਾ ਪ੍ਰਧਾਨ ਪਟਿਆਲਾ ਰਜਿੰਦਰ ਸਿੰਘ ਰਾਜਪੁਰਾ, ਸਫਾਈ ਮਜ਼ਦੂਰ ਯੂਨੀਅਨ ਪਟਿਆਲਾ ਜ਼ਿਲ੍ਹਾ ਪ੍ਰਧਾਨ ਸੁਨੀਲ ਬਡਲਾਣ, ਆਜ਼ਾਦ ਸਮਾਜ ਪਾਰਟੀ ਪੰਜਾਬ ਪ੍ਰਧਾਨ ਜਸਵਿੰਦਰ ਸਿੰਘ ਬਖਸ਼ੀਵਾਲਾ, ਪੰਜਾਬ ਪ੍ਰਧਾਨ ਲਾਭ ਸਿੰਘ ਪੈਂਦ, ਐਗਰੀਕਲਚਰ ਡਿਪਾਰਟਮੈਂਟ ਪ੍ਰਧਾਨ ਗੁਰਦੀਪ ਸਿੰਘ ਘੱਗਾ, ਦਰਸ਼ਨ ਸਿੰਘ ਕਟਾਰੀਆ ਜ਼ਿਲ੍ਹਾ ਪ੍ਰਧਾਨ ਟਾਇਗਰ ਫੋਰਸ ਤੇ ਸਾਰੀਆਂ ਜਥੇਬੰਦੀਆਂ ਦੇ ਆਗੂਆਂ ਵੱਲੋਂ ਪਿੰਡ ਬਠੋਈ ਕਲਾਂ ਭੇਜਿਆ ਗਿਆ ਸੀ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਦਰਸ਼ਨ ਸਿੰਘ ਮੈਣ ਨੇ ਕਿਹਾ ਕਿ ਐੱਸ. ਸੀ. ਭਾਈਚਾਰੇ ਦੇ ਹੱਕਾਂ 'ਤੇ ਕਿਸੇ ਵੀ ਕੀਮਤ 'ਤੇ ਡਾਕਾ ਨਹੀਂ ਪੈਣ ਦਿੱਤਾ ਜਾਵੇਗਾ।ਇਸ ਲਈ ਪਟਿਆਲਾ ਨਹੀਂ ਸਗੋਂ ਪੰਜਾਬ ਭਰ ਦੇ ਦਲਿਤ ਭਾਈਚਾਰੇ ਨਾਲ ਸਬੰਧਤ ਸੰਗਠਨ ਤੇ ਇਨਸਾਫ ਪਸੰਦ ਸੰਸਥਾਵਾਂ ਭਾਈਚਾਰੇ ਨਾਲ ਡੱਟ ਕੇ ਖੜੀਆਂ ਹਨ।ਉਨ੍ਹਾ ਕਿਹਾ ਕਿ ਜਦੋਂ ਉਹ ਪਿੰਡ ਪਹੁੰਚੇ ਤਾਂ ਭਾਈਚਾਰੇ ਦੇ ਲੋਕਾਂ ਨੇ ਦੱਸਿਆ ਕਿ ਕਾਬਜ਼ਕਾਰਾਂ ਵੱਲੋਂ ਦਰਸ਼ਨ ਸਿੰਘ ਮੈਣ 'ਤੇ ਹਮਲੇ ਦੀਆਂ ਯੋਜਨਾਵਾਂ ਬਣਾਈਆਂ ਜਾ ਰਹੀਆਂ ਹਨ, ਪਰ ਉਹ ਇਨ੍ਹਾਂ ਧਮਕੀਆਂ ਤੋਂ ਡਰਨ ਵਾਲੇ ਨਹੀਂ ਹਨ ਅਤੇ ਭਾਈਚਾਰੇ ਦੇ ਲੋਕਾਂ ਨੂੰ ਹੱਕ ਦਿਵਾਉਣ ਲਈ ਉਹ ਕੋਈ ਵੀ ਕੁਰਬਾਨੀ ਦੇਣ ਲਈ ਤਿਆਰ ਹਨ।ਉਨ੍ਹਾਂ ਕਿਹਾ ਕਿ ਸਰਕਾਰੀ ਬੋਲੀ ਦੇ ਕੇ ਪੈਸੇ ਭਰਨ ਤੇ ਰਸੀਦਾਂ ਕੱਟਣ ਦੇ ਬਾਵਜੂਦ ਐੱਸ. ਸੀ. ਭਾਈਚਾਰੇ ਨੂੰ ਪੰਚਾਇਤੀ ਜ਼ਮੀਨ ਨਹੀਂ ਦਿੱਤੀ ਜਾ ਰਹੀ।ਉਨ੍ਹਾਂ ਵੱਲੋਂ ਵਾਰ ਵਾਰ ਡਿਪਟੀ ਕਮਿਸ਼ਨਰ ਤੇ ਮਾਲ ਵਿਭਾਗ ਦੇ ਅਧਿਕਾਰੀਆਂ ਨੂੰ ਪੱਤਰ ਦੇ ਕੇ ਸਾਰੀ ਸਥਿਤੀ ਤੋਂ ਜਾਣੂ ਕਰਵਾਇਆ ਜਾ ਰਿਹਾ ਹੈ, ਪਰ ਕੋਈ ਸੁਣਵਾਈ ਨਹੀਂ ਹੋ ਰਹੀ, ਜਿਸ ਦੇ ਵਿਰੋਧ ਵਿੱਚ ਹੁਣ 24 ਜੂਨ ਨੂੰ ਰੋਸ ਰੈਲੀ ਕੀਤੀ ਜਾਵੇਗੀ ਅਤੇ ਬੋਲੀ 'ਤੇ ਲਈ ਪੰਚਾਇਤੀ ਜ਼ਮੀਨ ਦਾ ਕਬਜ਼ਾ ਵੀ ਲਿਆ ਜਾਵੇਗਾ।ਜੇਕਰ ਉਸ ਸਮੇਂ ਕੋਈ ਵੀ ਅਣਹੋਣੀ ਘਟਨਾ ਹੁੰਦੀ ਹੈ ਤਾਂ ਉਸ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ, ਜ਼ਿਲ੍ਹਾ ਸਿਵਲ ਤੇ ਪੁਲਸ ਪ੍ਰਸ਼ਾਸਨ ਦੀ ਹੋਵੇਗੀ।

ਇਸ ਮੌਕੇ ਅਜੈਬ ਸਿੰਘ ਬਠੋਈ ਨਰੇਗਾ ਫਰੰਟ ਪੰਜਾਬ ਪ੍ਰਧਾਨ, ਜ਼ਿਲ੍ਹਾ ਪ੍ਰਧਾਨ ਬੱਬੂ ਚੌਹਾਨ ਸ਼ਹਿਰੀ ਪਟਿਆਲਾ ਯੂਥ ਵਿੰਗ, ਕਰਨ ਰਾਜਪੂਤ ਦਿਹਾਤੀ ਪ੍ਰਧਾਨ ਯੂਥ ਵਿੰਗ ਪਟਿਆਲਾ, ਸਮਾਣਾ ਹਲਕਾ ਇੰਚਾਰਜ ਅਮਰੀਕ ਸਿੰਘ ਮਹਿਮਦਪੁਰ, ਬਾਬਾ ਸਿੰਘ, ਰਾਜ ਸਿੰਘ ਖੁਸਰੋਪੁਰ ਲੰਗਰ ਇੰਚਾਰਜ, ਨਾਜ਼ਰ ਸਿੰਘ ਲਗੜੋਈ ਤਹਿਸੀਲ ਪ੍ਰਧਾਨ ਪਟਿਆਲਾ ਆਦਿ ਹਾਜ਼ਰ ਸਨ।

## ਪਿਤਾ ਦੀ ਯਾਦ 'ਚ ਦਿੱਤਾ ਵਾਟਰ ਕੂਲਰ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਲਾਈਨਜ਼ ਕਲੱਬ ਸੁਨਾਮ ਦੇ ਪ੍ਰਧਾਨ ਰਮਨ ਗਰਗ ਦੀ ਅਗਵਾਈ ਵਿੱਚ ਵਾਟਰ ਕੂਲਰ ਦਾ ਉਦਘਾਟਨ ਕੀਤਾ ਗਿਆ।

ਪ੍ਰਧਾਨ ਰਮਨ ਗਰਗ ਨੇ ਦੱਸਿਆ ਕਿ ਇਹ ਵਾਟਰ ਕੂਲਰ ਲਾਈਨ ਕੁਲਦੀਪ ਗਰਗ ਨੇ ਆਪਣੇ ਪਿਤਾ ਸਵਰਗੀ ਸ੍ਰੀ ਸੁਰੇਸ਼ ਕੁਮਾਰ ਦੀ ਯਾਦ ਵਿੱਚ ਕਲੱਬ ਨੂੰ ਦਿੱਤਾ ਸੀ।ਇਹ ਵਾਟਰ ਕੂਲਰ ਲਾਈਨਜ਼ ਕਲੱਬ ਵੱਲੋਂ ਸਰਕਾਰੀ ਹਸਪਤਾਲ ਸੁਨਾਮ ਦੇ ਬਾਹਰ ਕਲੱਬ ਵੱਲੋਂ ਲਗਾਏ ਗਏ ਬੱਸ ਸਟਾਪ 'ਤੇ ਲਗਾਇਆ ਗਿਆ।ਵਾਟਰ ਕੂਲਰ ਦਾ ਉਦਘਾਟਨ ਸਵਰਗੀ ਸ੍ਰੀ ਸਰੇਸ਼ ਕੁਮਾਰ ਦੇ ਵੱਡੇ ਭਰਾ ਸ੍ਰੀ ਰਾਮੇਸ਼ ਕੁਮਾਰ ਜਵੱਲੋਂ ਕੀਤਾ ਗਿਆ।

ਇਸ ਮੌਕੇ ਸ੍ਰੀ ਨਰੇਸ਼ ਕੁਮਾਰ (ਭੋਲਾ), ਵਿਨੋਦ ਕੁਮਾਰ ਸੁਸ਼ੀਲ ਗੋਇਲ, ਮਨੋਜ ਕੁਮਾਰ, ਖੁਸ਼ਵੀਰ ਬੰਸਲ, ਪਰਮੋਦ ਗਰਗ, ਕੁਲਦੀਪ ਗਰਗ ਭਰਤ ਗਰਗ ਆਦਿ ਮੈਂਬਰ ਮੌਜੂਦ ਸਨ।

## ਹੁਸੈਨੀਵਾਲਾ ਵਿਖੇ ਮਨਾਇਆ ਅੰਤਰਰਾਸ਼ਟਰੀ ਯੋਗ ਦਿਵਸ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਹੁਸੈਨੀਵਾਲਾ ਸਥਿਤ ਰਾਸ਼ਟਰੀ ਸ਼ਹੀਦ ਸਮਾਰਕ ਵਿਖੇ 13 ਪੰਜਾਬ ਬਟਾਲੀਅਨ ਐੱਨਸੀਸੀ, ਫਿਰੋਜ਼ਪੁਰ ਦੇ ਕੈਡਿਟਸ ਨੇ ਭਾਰਤੀ ਸੈਨਾ ਤੇ ਸੀਮਾ ਸੁਰੱਖਿਆ ਬਲ (ਬੀਐੱਸਐੱਫ) ਦੇ ਜਵਾਨਾਂ ਨਾਲ ਮਿਲ ਕੇ ਅੰਤਰਰਾਸ਼ਟਰੀ ਯੋਗ ਦਿਵਸ ਮਨਾਉਣ ਲਈ ਯੋਗ ਸੰਗਮ ਦਾ ਆਯੋਜਨ ਕੀਤਾ। ਇਸ ਪ੍ਰੋਗਰਾਮ ਵਿੱਚ 100 ਤੋਂ ਵੱਧ ਪ੍ਰਤੀਭਾਗੀਆਂ ਨੇ ਹਿੱਸਾ ਲਿਆ, ਜਿਨ੍ਹਾਂ ਨੇ ਸਰੀਰਕ, ਮਾਨਸਿਕ ਤੇ ਅਧਿਆਤਮਕ ਸਿਹਤ ਨੂੰ ਵਧਾਉਣ ਵਾਲੇ ਯੋਗ ਨੂੰ ਇੱਕ ਵਿਸ਼ਵਵਿਆਪੀ ਅੰਦੋਲਨ ਵਜੋਂ ਪ੍ਰਚਾਰਿਆ। ਅੰਤਰਰਾਸ਼ਟਰੀ ਯੋਗ ਦਿਵਸ-2025 ਦਾ ਥੀਮ ਸੀ "ਇੱਕ ਧਰਤੀ, ਇੱਕ ਸਿਹਤ ਲਈ ਯੋਗ"। ਸਵੇਰੇ 7 ਵਜੇ ਸੀਮਾ ਚੌਕੀ ਦੇ ਨੇੜੇ ਸ਼ੁਰੂ ਹੋਏ ਇਸ ਸਮਾਗਮ ਵਿੱਚ ਪ੍ਰਤੀਭਾਗੀਆਂ ਨੇ ਪ੍ਰਮਾਣਿਤ ਯੋਗ ਟਰੇਨਰਾਂ ਦੀ ਅਗਵਾਈ ਹੇਠ ਵੱਖ-ਵੱਖ ਯੋਗ ਆਸਣਾਂ ਦਾ ਅਭਿਆਸ ਕੀਤਾ। ਐੱਨਸੀਸੀ ਕੈਡਿਟਸ, ਜੋ ਆਪਣੇ ਅਨੁਸ਼ਾਸਨ ਤੇ ਜੋਸ਼ ਲਈ ਜਾਣੇ ਜਾਂਦੇ ਹਨ, ਨੇ ਸੈਨਾ ਤੇ ਬੀਐੱਸਐੱਫ ਦੇ ਅਨੁਭਵੀ ਜਵਾਨਾਂ ਨਾਲ ਮਿਲ ਕੇ ਸਮਨਵਿਤ ਯੋਗ ਆਸਣ ਪੇਸ਼ ਕੀਤੇ, ਜਿਸ ਨਾਲ ਇਕਤਾ ਤੇ ਸ਼ਕਤੀ ਦਾ ਪ੍ਰੇਰਣਾਦਾਇਕ ਮਾਹੌਲ ਸਿਰਜਿਆ ਗਿਆ। ਸੈਸ਼ਨ ਦਾ ਸਮਾਪਨ ਸਮੂਹਿਕ ਸਾਧਨਾ ਨਾਲ ਹੋਇਆ, ਜਿਸ ਨੇ ਸ਼ਾਂਤੀ ਅਤੇ ਏਕਤਾ ਦੀ ਭਾਵਨਾ ਨੂੰ ਹੋਰ ਮਜ਼ਬੂਤ ਕੀਤਾ।

ਇਸ ਸਹਿਯੋਗੀ ਪਹਿਲ ਨੇ ਸਿਹਤ, ਅਨੁਸ਼ਾਸਨ ਅਤੇ ਰਾਸ਼ਟਰੀ ਇਕਤਾ ਨੂੰ ਉਤਸ਼ਾਹਤ ਕਰਨ ਲਈ ਐੱਨਸੀਸੀ, ਭਾਰਤੀ ਸੈਨਾ ਤੇ ਬੀਐੱਸਐੱਫ ਦੀ ਸਾਂਝੀ ਵਚਨਬੱਧਤਾ ਨੂੰ ਉਜਾਗਰ ਕੀਤਾ। ਐੱਨਸੀਸੀ ਕੈਡਿਟਸ ਦੀ ਸ਼ਮੂਲੀਅਤ ਨੇ ਨੌਜਵਾਨ ਸਸ਼ਕਤੀਕਰਨ ਦੇ ਰਾਜਦੂਤ ਵਜੋਂ ਉਨ੍ਹਾਂ ਦੀ ਭੂਮਿਕਾ ਨੂੰ ਪ੍ਰਮੁੱਖ ਕੀਤਾ, ਜਦਕਿ ਸੈਨਾ ਤੇ ਬੀਐੱਸਐੱਫ ਜਵਾਨਾਂ ਦੀ ਮੌਜੂਦਗੀ ਨੇ ਰਾਸ਼ਟਰਪ੍ਰਤੀ ਸਮਰਪਣ ਤੇ ਸ਼ਕਤੀ ਦਾ ਪ੍ਰਤੀਕ ਪੇਸ਼ ਕੀਤਾ। ਇਸ ਸਮਾਗਮ ਨੇ ਸਥਾਨਕ ਭਾਈਚਾਰਿਆਂ ਨੂੰ ਸਮੁੱਚੀ ਸਿਹਤ ਲਈ ਰੋਜ਼ਾਨਾ ਅਭਿਆਸ ਵਜੋਂ ਯੋਗ ਅਪਣਾਉਣ ਲਈ ਪ੍ਰੇਰਿਤ ਕੀਤਾ।

# ਰਿਜ਼ਰਵੇਸ਼ਨ ਐੱਸ ਸੀ/ਐੱਸ ਟੀ/ਓ ਬੀ ਸੀ ਸਮਾਜ ਦਾ ਕਾਨੂੰਨੀ ਅਧਿਕਾਰ : ਕਾਲੀ ਪਾਇਲ

### ■ ਬਾਜ਼ੀਗਰ ਵਣਜਾਰਾ ਸੰਘਰਸ਼ ਕਮੇਟੀ ਦੇ ਹੱਕ 'ਚ ਪਾਇਲ ਤੋਂ ਜੱਥਾ ਧਰਨੇ 'ਚ ਪੁੱਜਾ



**ਦੋਰਾਹਾ (ਹਰਮਿੰਦਰ ਸੇਠ)**-ਪਿਛਲੇ 10 ਦਿਨਾਂ ਤੋਂ ਡਾਕਟਰ ਬਲਵਿੰਦਰ ਸਿੰਘ ਅਲੀਪੁਰ, ਸਰਬਣ ਸਿੰਘ ਪੰਜਗਰਾਈਂ, ਆਸਾ ਸਿੰਘ ਆਜ਼ਾਦ ਤੇ ਬੋਹੜ ਸਿੰਘ ਰੁਪਾਣਾ ਦੀ ਅਗਵਾਈ ਹੇਠ ਤੇ ਮੁਕਤ ਕਬੀਲਿਆਂ ਦੇ 2% ਕੋਟੇ ਖਤਮ ਕਰਨ ਦੇ ਵਿਰੋਧ ਵਿੱਚ ਵਿਮੁਕਤ ਕਬੀਲੇ ਸੰਯੁਕਤ ਮੋਰਚੇ ਵੱਲੋਂ ਡੀ ਸੀ ਦਫ਼ਤਰ ਲੁਧਿਆਣਾ ਅੱਗੇ ਲਗਾਤਾਰ ਆਮ ਆਦਮੀ ਪਾਰਟੀ ਸਰਕਾਰ ਖਿਲਾਫ ਧਰਨਾ ਚੱਲ ਰਿਹਾ ਹੈ, ਜਿਸ ਨੂੰ ਸਮਰਥਨ ਦੇਣ ਲਈ ਹਲਕਾ ਪਾਇਲ ਤੋਂ ਉੱਘੇ ਅੰਬੇਡਕਰਵਾਦੀ ਤੇ ਸਮਾਜਸੇਵੀ ਗੁਰਦੀਪ ਸਿੰਘ ਕਾਲੀ ਦੀ ਅਗਵਾਈ ਵਿੱਚ ਬਾਜ਼ੀਗਰ ਬਸਤੀ ਪਾਇਲ ਤੋਂ ਜੱਥਾ ਡੀ ਸੀ ਦਫਤਰ ਲੁਧਿਆਣਾ ਧਰਨੇ ਲਈ ਰਵਾਨਾ ਹੋਇਆ। ਪੰਜਾਬ ਅੰਦਰ ਪਿਛਲੇ 75 ਸਾਲ ਤੋਂ ਜੋ ਵੀ ਸਰਕਾਰਾਂ ਬਣੀਆਂ ਹਨ, ਉਨ੍ਹਾਂ ਨੇ ਸੰਵਿਧਾਨ ਅਨੁਸਾਰ ਐੱਸਸੀ/ਐੱਸਟੀ/ਓਬੀਸੀ ਸਮਾਜ ਦੇ ਲੋਕਾਂ ਨੂੰ ਬਣਦੇ ਹੱਕ ਨਹੀਂ ਦਿੱਤੇ, ਕਿਉਂਕਿ ਇਹ ਸਮਾਜ ਵੀ ਇਨ੍ਹਾਂ ਰਾਜਨੀਤਕ ਪਾਰਟੀਆਂ ਨੂੰ ਆਪਣੀਆਂ ਵੋਟਾਂ ਦੇ ਕੇ ਸੱਤਾ 'ਤੇ ਬਿਠਾਉਂਦਾ ਰਿਹਾ। ਸੱਤਾ ਪ੍ਰਾਪਤੀ ਤੋਂ ਬਾਅਦ ਇਨ੍ਹਾਂ ਰਾਜਨੀਤਕ ਪਾਰਟੀਆਂ ਨੇ ਇਨ੍ਹਾਂ ਦੇ ਬਣਦੇ ਹੱਕਾਂ ਉੱਤੇ ਡਾਕਾ ਮਾਰਿਆ ਹੈ, ਪਹਿਲਾਂ ਐੱਸਸੀ/ਐੱਸਟੀ/ਓਬੀਸੀ ਸਮਾਜ ਦੇ ਜਾਲ੍ਹੀ ਸਰਟੀਫਿਕੇਟ ਬਣਾ ਕੇ ਹਜ਼ਾਰਾਂ ਨੌਕਰੀਆਂ ਡਕਾਰ ਲਈਆਂ, ਹੁਣ ਐੱਸਸੀ/ਐੱਸਟੀ/ਓਬੀਸੀ ਦੇ ਲੋਕਾਂ ਨੂੰ ਮਿਲ ਰਹੀ ਰਿਜ਼ਰਵੇਸ਼ਨ ਉੱਤੇ ਸਿੱਧਾ ਹੀ ਡਾਕਾ ਮਾਰ ਦਿੱਤਾ, ਜਿਸ ਤਹਿਤ ਜੋ ਮੁਕਤ ਕਬੀਲੇ ਦਾ 2% ਕੋਟਾ ਸੀ, ਮੌਜੂਦਾ ਆਮ ਆਦਮੀ ਪਾਰਟੀ ਨੇ ਸਮਾਜ ਨਾਲ ਧ੍ਰੋਹ ਕਮਾਇਆ ਹੈ ਤੇ ਕੋਟੇ ਨੂੰ ਰੱਦ ਕਰ ਦਿੱਤਾ ਹੈ, ਇਸ ਲਈ ਸਾਨੂੰ ਇਨ੍ਹਾਂ ਰਾਜਨੀਤਕ ਪਾਰਟੀਆਂ ਦਾ ਖਹਿੜਾ ਛੱਡ ਕੇ ਐੱਸਸੀ/ਐੱਸਟੀ/ਓਬੀਸੀ ਭਾਵ ਹਰ ਵਰਗ ਦੇ ਲੋਕਾਂ ਨੂੰ ਇੱਕ ਸਮਾਜਿਕ ਸੰਗਠਨ ਬਣਾ ਕੇ ਰਾਜ ਸੱਤਾ ਪ੍ਰਾਪਤ ਕਰਨੀ ਚਾਹੀਦੀ ਹੈ ਤਾਂ ਜੋ ਸਾਨੂੰ ਇਨ੍ਹਾਂ ਕੋਲੋਂ ਆਪਣੇ ਹੱਕਾਂ ਦੀ ਭੀਖ ਨਾ ਮੰਗਣੀ ਪਵੇ ਅਤੇ ਅਸੀਂ ਆਪਣੇ ਹੱਕਾਂ ਦੇ ਰਖਵਾਲੇ ਬਣ ਸਕੀਏ। ਇਸ ਮੌਕੇ ਅੰਮ੍ਰਿਤ ਸਿੰਘ ਭਾਰਤੀ, ਗੁਰਮੀਤ ਸਿੰਘ, ਨੀਲਾ ਰਾਮ, ਚੰਦੂ, ਦਵਿੰਦਰ ਸਿੰਘ ਕਰੋਦਿਆਂ, ਕੁਲਦੀਪ ਸਿੰਘ ਬੰਟੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਲੋਕ ਪਾਇਲ ਤੋਂ ਰਵਾਨਾ ਹੋਏ।

## ਸੰਤ ਨਿਰੰਕਾਰੀ ਮਿਸ਼ਨ ਵੱਲੋਂ ਅੰਤਰਰਾਸ਼ਟਰੀ ਯੋਗ ਦਿਵਸ ਮੌਕੇ ਦੇਸ਼-ਵਿਆਪੀ ਸਮਾਗਮ

**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਸੰਤ ਨਿਰੰਕਾਰੀ ਮਿਸ਼ਨ ਅੰਤਰਰਾਸ਼ਟਰੀ ਯੋਗ ਦਿਵਸ ਮੌਕੇ 21 ਜੂਨ 2025 ਨੂੰ ਸਵੇਰੇ 6:00 ਵਜੇ ਭਾਰਤ ਵਿੱਚ 1000 ਤੋਂ ਵੱਧ ਥਾਵਾਂ 'ਤੇ ਇੱਕੋ ਸਮੇਂ ਇੱਕ ਵਿਸ਼ਾਲ 'ਯੋਗ ਦਿਵਸ' ਦਾ ਆਯੋਜਨ ਕਰੇਗਾ।ਇਹ ਸਮਾਗਮ ਮਿਸ਼ਨ ਦੀਆਂ ਵੱਖ-ਵੱਖ ਸ਼ਾਖਾਵਾਂ ਵਿੱਚ ਸਥਾਨਕ ਯੋਗਾ ਇੰਸਟ੍ਰਕਟਰਾਂ ਦੀ ਅਗਵਾਈ ਹੇਠ ਖੁੱਲ੍ਹੇ ਮੈਦਾਨਾਂ ਤੇ ਪਾਰਕਾਂ ਵਿੱਚ ਕੀਤੇ ਜਾਣਗੇ, ਜਿਸ ਵਿੱਚ ਸ਼ਰਧਾਲੂ, ਸੇਵਾ ਦਲ ਵਲੰਟੀਅਰ ਤੇ ਸਥਾਨਕ ਨਾਗਰਿਕ ਉਤਸ਼ਾਹ ਨਾਲ ਹਿੱਸਾ ਲੈਣਗੇ।ਸਮਾਣਾ ਦੇ ਸੰਤ ਨਿਰੰਕਾਰੀ ਸਤਿਸੰਗ ਭਵਨ ਵਿਖੇ ਵੀ ਯੋਗਾ ਦਿਵਸ ਮਨਾਇਆ ਜਾਵੇਗਾ।ਇਸ ਸਾਲ ਸੰਯੁਕਤ ਰਾਸ਼ਟਰ ਵੱਲੋਂ ਘੋਸ਼ਿਤ ਅੰਤਰਰਾਸ਼ਟਰੀ ਯੋਗ ਦਿਵਸ ਦਾ ਵਿਸ਼ਾ ਹੈ 'ਇੱਕ ਧਰਤੀ, ਇੱਕ ਸਿਹਤ ਦੇ ਲਈ ਯੋਗ', ਜੋ ਸਮੁੱਚੀ ਮਨੁੱਖਤਾ ਨੂੰ ਇਹ ਸੰਦੇਸ਼ ਦਿੰਦਾ ਹੈ ਕਿ ਇੱਕ ਵਿਅਕਤੀ ਦੀ ਅਸਲ ਸਿਹਤ ਉਦੋਂ ਹੀ ਸੰਪੂਰਨ ਮੰਨੀ ਜਾਂਦੀ ਹੈ, ਜਦੋਂ ਉਹ ਸਰੀਰਕ, ਮਾਨਸਿਕ, ਸਮਾਜਿਕ ਤੇ ਅਧਿਆਤਮਕ ਤੌਰ 'ਤੇ ਸੰਤੁਲਿਤ ਤੇ ਜਾਗਰੂਕ ਹੁੰਦਾ ਹੈ।ਇਸ ਉਦੇਸ਼ ਨੂੰ ਕੇਂਦਰ ਵਿੱਚ ਰੱਖਦੇ ਹੋਏ, ਸੰਤ ਨਿਰੰਕਾਰੀ ਮਿਸ਼ਨ ਆਪਣੇ ਅਧਿਆਤਮਕ ਤੇ ਸਮਾਜਿਕ ਯਤਨਾਂ ਤਹਿਤ ਯੋਗ ਨੂੰ ਸੰਪੂਰਨ ਤੰਦਰੁਸਤੀ ਦੇ ਮਾਧਿਅਮ ਵਜੋਂ ਵਿਚਾਰਨ ਲਈ ਲਗਾਤਾਰ ਯਤਨਸ਼ੀਲ ਹੈ।ਸੰਤ ਨਿਰੰਕਾਰੀ ਮੰਡਲ ਦੇ ਸਕੱਤਰ ਸ੍ਰੀ ਜੋਗਿੰਦਰ ਸੁਖੀਜਾ ਨੇ ਦੱਸਿਆ ਕਿ ਸਾਲ 2015 ਤੋਂ ਸੰਤ ਨਿਰੰਕਾਰੀ ਚੈਰੀਟੇਬਲ ਫਾਊਂਡੇਸ਼ਨ ਦੇਸ਼ ਭਰ ਵਿੱਚ ਨਿਯਮਿਤ ਤੌਰ 'ਤੇ 'ਯੋਗ ਦਿਵਸ' ਦਾ ਆਯੋਜਨ ਕਰ ਰਿਹਾ ਹੈ।ਇਹ ਪਹਿਲ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਦੇ ਆਸ਼ੀਰਵਾਦ ਨਾਲ ਲਗਾਤਾਰ ਜਾਰੀ ਹੈ, ਜਿਨ੍ਹਾਂ ਦਾ ਮਾਰਗਦਰਸ਼ਨ 'ਸਵੱਸਥ ਮਨ, ਸਹਿਜ ਜੀਵਨ' ਰਿਹਾ ਹੈ।ਉਨ੍ਹਾਂ ਦੇ ਵਿਚਾਰਾਂ ਵਿੱਚ ਇਹ ਸਪੱਸ਼ਟ ਹੈ ਕਿ ਮਨੁੱਖੀ ਸਰੀਰ ਪ੍ਰਮਾਤਮਾ ਦਾ ਇੱਕ ਵਿਲੱਖਣ ਤੋਹਫ਼ਾ ਹੈ ਅਤੇ ਇਸ ਨੂੰ ਸਿਹਤਮੰਦ ਤੇ ਮਜ਼ਬੂਤ ਬਣਾ ਕੇ ਹੀ ਮਨੁੱਖ ਆਪਣੇ ਅਧਿਆਤਮਕ ਤੇ ਸਮਾਜਿਕ ਫਰਜ਼ਾਂ ਨੂੰ ਸਹੀ ਢੰਗ ਨਾਲ ਨਿਭਾਅ ਸਕਦਾ ਹੈ।ਅੱਜ ਦੀ ਭੱਜ-ਦੌੜ ਵਾਲੀ ਜੀਵਨ ਸ਼ੈਲੀ ਵਿੱਚ, ਅਜਿਹੇ ਸਮਾਗਮਾਂ ਦਾ ਮੂਲ ਉਦੇਸ਼ ਇਹ ਹੈ ਕਿ ਅਸੀਂ ਆਪਣੀ ਸਿਹਤ ਨੂੰ ਸਭ ਤੋਂ ਵੱਧ ਤਰਜੀਹ ਦੇਈਏ ਅਤੇ ਇੱਕ ਖੁਸ਼ਹਾਲ, ਸੰਤੁਲਿਤ ਤੇ ਸ਼ਾਂਤੀਪੂਰਨ ਜੀਵਨ ਜਿਉਣ ਵੱਲ ਵਧੀਏ।

## 10 ਹਾਊਸ ਸਰਜਨ ਡਾਕਟਰਾਂ ਨੂੰ ਦਿੱਤੇ ਨਿਯੁਕਤੀ ਪੱਤਰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਦੇਣ ਲਈ ਤੇ ਤੰਦਰੁਸਤ ਰੱਖਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।10 ਹਾਊਸ ਸਰਜਨਾਂ ਦੀ ਨਿਯੁਕਤੀ ਕੀਤੀ ਗਈ ਹੈ, ਜੋ ਸਿਵਲ ਹਸਪਤਾਲਾਂ 'ਚ ਲੋਕਾਂ ਨੂੰ ਸਿਹਤ ਸਹੂਲਤਾਂ ਉਪਲੱਬਧ ਕਰਾਉਣ ਵਿੱਚ ਸਹਾਈ ਹੋਣਗੇ।ਡਾ ਜਗਦੀਪ ਚਾਵਲਾ ਸਿਵਲ ਸਰਜਨ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਡਾ. ਬਲਵੀਰ ਸਿੰਘ ਸਿਹਤ ਮੰਤਰੀ ਦੀ ਯੋਗ ਅਗਵਾਈ ਵਿੱਚ ਹਾਊਸ ਸਰਜਨਾਂ ਦੀ ਭਰਤੀ ਜ਼ਿਲ੍ਹਾ ਪੱਧਰ 'ਤੇ ਕਰਨ ਲਈ ਹਦਾਇਤਾਂ ਦਿੱਤੀਆਂ ਗਈਆਂ ਸਨ।ਇਸ ਸੰਬੰਧ 'ਚ ਮੈਰਿਟ ਦੇ ਅਧਾਰ ਤੇ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ 10 ਡਾਕਟਰਾਂ ਨੂੰ ਨਿਯੁਕਤੀ ਦਿੱਤੇ ਗਏ ਹਨ। ਇਨ੍ਹਾਂ ਵਿੱਚੋਂ 8 ਸਿਵਲ ਹਸਪਤਾਲ ਸ੍ਰੀ ਮੁਕਤਸਰ ਸਾਹਿਬ, ਇੱਕ-ਇੱਕ ਸਿਵਲ ਹਸਪਤਾਲ ਮਲੋਟ ਤੇ ਗਿੱਦੜਬਾਹਾ ਲਾਏ ਗਏ ਹਨ।ਇਨ੍ਹਾਂ ਨਵੇਂ ਭਰਤੀ ਕੀਤੇ ਡਾਕਟਰਾਂ ਨੂੰ ਡਾ. ਜਗਦੀਪ ਚਾਵਲਾ ਸਿਵਲ ਸਰਜਨ ਵੱਲੋਂ ਦਫ਼ਤਰ ਸਿਵਲ ਸਰਜਨ ਵਿਖੇ ਨਿਯੁਕਤੀ ਪੱਤਰ ਦਿੰਦੇ ਹੋਏ ਉਨ੍ਹਾਂ ਨੂੰ ਇਮਾਨਦਾਰੀ ਤੇ ਤਨਦੇਹੀ ਨਾਲ ਲੋਕਾਂ ਦੀ ਸੇਵਾ ਕਰਨ ਲਈ ਪ੍ਰੇਰਨਾ ਦਿੱਤੀ। ਉਨ੍ਹਾਂ ਡਾਕਟਰਾਂ ਨੂੰ ਆਮ ਲੋਕਾਂ ਨਾਲ ਵਧੀਆ ਵਿਹਾਰ ਕਰਨ, ਪੂਰਾ ਸਮਾਂ ਡਿਊਟੀ ਕਰਨ ਤੇ ਵਧੀਆ ਇਲਾਜ ਕਰਨ ਲਈ ਕਿਹਾ ਤਾਂ ਜੁ ਆਮ ਲੋਕ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਉਠਾ ਸਕਣ।

## ਪੰਜਾਬੀ ਯੂਨੀਵਰਸਿਟੀ 'ਚ ਗੁਰਮਤਿ ਸਿਖਲਾਈ ਕੈਂਪ ਸੰਪੰਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੰਜਾਬੀ ਯੂਨੀਵਰਸਿਟੀ ਕੈਂਪਸ ਵਿੱਚ ਸਥਿਤ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਪੁਰਬ ਨੂੰ ਸਮਰਪਤ ਗੁਰਮਤਿ ਸਿਖਲਾਈ ਕੈਂਪ ਲਾਇਆ ਗਿਆ।6 ਜੂਨ ਤੋਂ ਚੱਲ ਰਹੇ ਇਸ ਕੈਂਪ ਦੇ ਸਮਾਪਨ ਮੌਕੇ ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਸ਼ਿਰਕਤ ਕੀਤੀ। ਉਨ੍ਹਾਂ ਕੈਂਪ 'ਚ ਭਾਗ ਲੈਣ ਵਾਲ਼ੇ ਬੱਚਿਆਂ, ਸਿਖਲਾਈ ਦੇਣ ਵਾਲ਼ੇ ਅਧਿਆਪਕਾਂ ਅਤੇ ਪ੍ਰਬੰਧਕੀ ਕਮੇਟੀ ਦੇ ਮੈਂਬਰਾਂ ਨੂੰ ਸਨਮਾਨਤ ਕੀਤਾ ਗਿਆ।ਉਨ੍ਹਾਂ ਬੱਚਿਆਂ ਨੂੰ ਪ੍ਰਮਾਣ-ਪੱਤਰ ਤੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਦੇ ਅਧਾਰਤ ਸਾਹਿਤ ਪ੍ਰਦਾਨ ਕਰ ਕੇ ਸਨਮਾਨਤ ਕੀਤਾ। ਡਾ. ਜਗਦੀਪ ਸਿੰਘ ਨੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਡਾ. ਸੁਖਵਿੰਦਰ ਸਿੰਘ, ਸਕੱਤਰ ਡਾ. ਗੁਰਜੰਟ ਸਿੰਘ, ਮੀਤ ਪ੍ਰਧਾਨ ਸੁਖਵਿੰਦਰ ਕੌਰ, ਜਸਵੀਰ ਸਿੰਘ ਜਵੰਦੀ, ਅਮਰਿੰਦਰ ਸਿੰਘ ਤੇ ਤੇਜਪਾਲ ਸਿੰਘ ਨੂੰ ਇਸ ਉਪਰਾਲੇ ਦੀ ਵਧਾਈ ਦਿੱਤੀ। ਇਸ ਮੌਕੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਪੁਰਬ ਦੇ ਸੰਬੰਧ 'ਚ ਗਠਿਤ ਕਮੇਟੀ ਦੇ ਮੈਂਬਰ ਪ੍ਰੋ. ਦਲਜੀਤ ਸਿੰਘ ਤੇ ਡਾ. ਸੰਦੀਪ ਕੌਰ ਵੀ ਹਾਜ਼ਰ ਰਹੇ।ਇਸ ਗੁਰਮਤਿ ਸਿਖਲਾਈ ਕੈਂਪ ਵਿੱਚ ਤੀਜੀ ਜਮਾਤ ਤੋਂ ਲੈ ਕੇ ਬਾਰਵੀਂ ਜਮਾਤ ਤੱਕ ਦੇ ਬੱਚਿਆਂ ਨੇ ਭਾਗ ਲਿਆ।ਕੈਂਪਸ ਦੌਰਾਨ ਬੱਚਿਆਂ ਨੂੰ ਵੱਖ ਵੱਖ ਵੰਨਗੀਆਂ ਦੀ ਸਿਖਲਾਈ ਦਿੱਤੀ ਗਈ ਜਿਨ੍ਹਾਂ ਵਿੱਚ ਗੁਰਬਾਣੀ ਸੰਥਿਆ, ਸਬਦ ਕੀਰਤਨ, ਪੰਜਾਬੀ ਅੱਖਰਕਾਰੀ, ਗੁਰਮੁਖੀ ਪੇਂਟਿੰਗ, ਦਸਤਾਰ ਤੇ ਗੱਤਕਾ ਆਦਿ ਸ਼ਾਮਲ ਹਨ।ਕੈਂਪਸ ਦੇ ਪਹਿਲੇ ਪੜਾਅ 'ਚ ਭਾਈ ਜਸਵੀਰ ਸਿੰਘ, ਡਾ. ਸੁਖਵਿੰਦਰ ਸਿੰਘ ਤੇ ਕੁਲਦੀਪ ਸਿੰਘ ਵੱਲੋਂ ਸਿਖਲਾਈ ਦਿੱਤੀ ਗਈ।ਦੂਜੇ ਪੜਾਅ ਵਿੱਚ ਨਾਦ ਮਿਊਜ਼ਕ ਇੰਸਟੀਚਿਊਟ, ਅਮਰੀਕਾ ਤੋਂ ਪ੍ਰੋ. ਹਰਭਜਨ ਸਿੰਘ, ਜਗਦੇਵ ਸਿੰਘ ਤੇ ਬਲਜੀਤ ਕੌਰ ਜੀ ਵੱਲੋਂ ਬੱਚਿਆਂ ਨੂੰ ਹਰਮੋਨੀਅਮ ਤੇ ਤਬਲਾ ਦੀ ਤਾਲੀਮ ਦਿੱਤੀ।ਤੀਜੇ ਪੜਾਅ ਵਿੱਚ ਪੰਜਾਬੀ ਅੱਖਰਕਾਰੀ ਕਲਾ ਦੀ ਸਿਖਲਾਈ ਮਾਸਟਰ ਕਾਲਾ ਕਲਵਾਨੂ ਵੱਲੋਂ ਕਰਾਈ ਗਈ।ਅਗਲੇ ਪੜਾਅ ਵਿੱਚ ਗੁਰਮੁਖੀ ਪੇਂਟਿੰਗ ਦੀ ਸਿੱਖਿਆ ਅਰਸ਼ਦੀਪ ਸਿੰਘ ਵੱਲੋਂ ਦਿੱਤੀ ਗਈ।ਪ੍ਰੋਗਰਾਮ ਦੇ ਅਖੀਰਲੇ ਪੜਾਅ ਵਿੱਚ ਯੂ. ਐੱਸ. ਐੱਸ. ਐੱਫ. ਦੇ ਸੇਵਾਦਾਰਾਂ ਵੱਲੋਂ ਦਸਤਾਰ ਤੇ ਗੱਤਕੇ ਦੀ ਮੁੱਢਲੀ ਸਿਖਲਾਈ ਪ੍ਰਦਾਨ ਕੀਤੀ ਗਈ।

ਸਮਾਪਤੀ ਸਮੇਂ ਬੱਚੀ ਰਸਲੀਨ ਕੌਰ ਤੇ ਸਾਥੀ ਬੱਚਿਆਂ ਵੱਲੋਂ ਸ਼ਬਦ ਕੀਰਤਨ ਗਾਇਨ ਕੀਤਾ ਗਿਆ ਤੇ ਪ੍ਰੋਗਰਾਮ ਦੀ ਸਫ਼ਲਤਾ ਪੂਰਵਕ ਸੰਪੂਰਨਤਾ ਦੇ ਸ਼ੁਕਰਾਨੇ ਦੀ ਅਰਦਾਸ ਗਿਆਨੀ ਬਲਵੀਰ ਸਿੰਘ ਵੱਲੋਂ ਕੀਤੀ ਗਈ।ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਚਾਰਕ ਭਾਈ ਜਸਵੀਰ ਸਿੰਘ ਵੱਲੋਂ ਵੀ ਬੱਚਿਆਂ ਨੂੰ ਮੈਡਲ ਤੇ ਸਰਟੀਫ਼ਿਕੇਟ ਪ੍ਰਦਾਨ ਕੀਤੇ ਗਏ।

# ਭਗਤਾ ਸ਼ਹਿਰ ਵਿਚਕਾਰੋਂ ਲੰਘਦੀ ਡਰੇਨ ਬਣੀ 'ਖਤਰੇ ਦੀ ਘੰਟੀ'

*ਹਰੀ ਜੜੀ-ਬੂਟੀ, ਕੂੜਾ ਤੇ ਦਰੱਖਤ ਡਿੱਗਣ ਕਾਰਨ ਬੰਦ ਹੋ ਚੁੱਕੀ ਐ ਡਰੇਨ*



**ਬਠਿੰਡਾ (ਰਾਜੀਵ ਗੋਇਲ)**-ਜ਼ਿਲ੍ਹੇ ਦੇ ਕਸਬਾ ਭਗਤਾ ਸ਼ਹਿਰ ਵਿੱਚੋਂ ਗੁਜ਼ਰਦੀ ਡਰੇਨ ਦਾ ਇੰਨਾ ਮਾੜਾ ਹਾਲ ਹੈ ਕਿ ਜੇਕਰ ਕੋਈ ਰੱਬ ਨਾ ਕਰੇ ਕੁਦਰਤੀ ਆਫਤ ਆ ਜਾਵੇ ਤਾਂ ਸ਼ਾਇਦ ਹੀ ਇਹ ਡਰੇਨ ਆਮ ਲੋਕਾਂ ਨੂੰ ਕੁਦਰਤੀ ਆਫਤ ਤੋਂ ਬਚਾ ਸਕੇ। ਅੱਗੇ ਸਾਉਣ ਦਾ ਮਹੀਨਾ ਆ ਰਿਹਾ ਹੈ ਤੇ ਬਾਰਿਸ਼ ਦੇ ਦਿਨਾਂ ਦਾ ਸਮਾਂ ਨਜ਼ਦੀਕ ਹੈ ਅਤੇ ਦੂਜੇ ਪਾਸੇ ਪਹਾੜਾਂ ਵਿੱਚ ਵੀ ਬਾਰਿਸ਼ ਹੋ ਰਹੀ ਹੈ। ਪਰ ਜੇਕਰ ਕੋਈ ਕੁਦਰਤੀ ਆਫਤ ਕਾਰਨ ਮਹਿਕਮੇ ਨੂੰ ਇਸ ਡਰੇਨ ਵਿੱਚ ਵਾਧੂ ਪਾਣੀ ਦੀ ਸਪਲਾਈ ਛੱਡਣੀ ਪੈ ਜਾਵੇ ਤਾਂ ਇਉਂ ਜਾਪਦਾ ਹੈ ਕਿ ਇਹ ਡਰੇਨ ਨਿਕਾਸੀ ਪੱਖੋਂ ਨਾਕਾਫੀ ਹੈ। ਇਸ ਡਰੇਨ ਵਿੱਚ ਜਿੱਥੇ ਆਮ ਲੋਕ ਪੋਲੀਥੀਨ ਦੇ ਲਿਫਾਫੇ ਸਮੇਤ ਗੰਦਗੀ ਸੁੱਟ ਜਾਂਦੇ ਹਨ, ਉੱਥੇ ਹੀ ਇਸ ਡਰੇਨ ਦੀ ਸਫਾਈ ਨਾ ਹੋਣ ਕਾਰਨ ਇਸ ਵਿੱਚ ਫੈਲੀ ਵਾਧੂ ਜੜੀ ਬੂਟੀ ਤੇ ਡਰੇਨ ਵਿੱਚ ਡਿੱਗੇ ਦਰੱਖਤ ਕੁਦਰਤੀ ਆਫਤ ਆਉਣ 'ਤੇ 'ਖਤਰੇ ਦੀ ਘੰਟੀ' ਜਾਪਦੇ ਨਜ਼ਰ ਆਉਂਦੇ ਹਨ। ਪਿਛਲੇ ਸਮੇਂ ਮੌਜੂਦਾ ਸਰਕਾਰ ਦੇ ਮੰਤਰੀ ਰਹਿ ਚੁੱਕੇ ਬ੍ਰਹਮ ਸ਼ੰਕਰ ਜਿੰਪਾ ਨੇ ਬਿਆਨ ਦਿੱਤਾ ਸੀ ਕਿ ਸਰਕਾਰ ਸਾਰੀਆਂ ਹੀ ਡਰੇਨਾਂ ਦੀ ਸਫਾਈ ਕਰਵਾ ਚੁੱਕੀ ਹੈ, ਪਰ ਸ਼ਾਇਦ ਇਸ ਡਰੇਨ ਤੋਂ ਇਉਂ ਜਾਪਦਾ ਹੈ ਕਿ ਜਾਂ ਤਾਂ ਮੰਤਰੀ ਸਾਹਿਬ ਨੇ ਵੈਸੇ ਹੀ ਇਹ ਬਿਆਨ ਦੇ ਦਿੱਤਾ ਜਾਂ ਫਿਰ ਮਹਿਕਮੇ ਵੱਲੋਂ ਮੰਤਰੀ ਸਾਹਿਬ ਨੂੰ ਰਿਪੋਰਟ ਗਲਤ ਭੇਜ ਦਿੱਤੀ ਗਈ ਹੋ ਸਕਦੀ ਹੈ। ਭਾਵੇਂ ਕੁਝ ਵੀ ਹੋਵੇ ਮਹਿਕਮੇ ਨੂੰ ਇਸ ਡਰੇਨ ਦੀ ਸਫਾਈ ਵੱਲ ਧਿਆਨ ਦੇਣਾ ਬਣਦਾ ਹੈ।

## ਸੋਸ਼ਲ ਮੀਡੀਆ 'ਤੇ ਸਮਾਜ ਵਿਰੋਧੀ ਪੋਸਟਾਂ ਪਾਉਣ ਵਾਲਿਆਂ 'ਤੇ ਕਾਨੂੰਨੀ ਸ਼ਿਕੰਜੇ ਦੀ ਮੰਗ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਜੋ ਬੀਬੀਆਂ ਜਾਂ ਵਿਅਕਤੀ ਪ੍ਰਚਾਰ ਸਾਧਨਾਂ ਦੀ ਦੁਰਵਰਤੋਂ ਕਰਕੇ ਧਨ-ਦੌਲਤਾਂ ਤੇ ਸ਼ੋਹਰਤ ਪ੍ਰਾਪਤ ਕਰਨ ਦੇ ਅਮਲ ਕਰਨ ਜਾਂ ਅਸ਼ਲੀਲਤਾ ਫੈਲਾ ਕੇ ਸਾਡੀ ਨੌਜਵਾਨੀ ਨੂੰ ਭੜਕਾਉਣ ਤੇ ਚੰਗੇ-ਭਲੇ ਇਨਸਾਨ ਦੇ ਇਮਾਨ ਨੂੰ ਖਤਰਾ ਪੈਦਾ ਕਰਨ ਲਈ ਕਦੀ ਇਜਾਜ਼ਤ ਨਹੀਂ ਦਿੰਦੇ।ਫਿਰ ਜੋ ਵੀ ਅਨਸਰ ਕਿਸੇ ਵੀ ਰੂਪ ਵਿੱਚ ਸਮਾਜ ਨੂੰ ਗੰਧਲਾ ਕਰ ਰਿਹਾ ਹੈ ਜਾਂ ਅਸ਼ਲੀਲਤਾ ਫੈਲਾ ਰਿਹਾ ਹੈ, ਅਜਿਹੇ ਅਨਸਰਾਂ ਵਿਰੁੱਧ ਸਰਕਾਰ, ਪੁਲਸ ਤੇ ਨਿਜਾਮ ਫੌਰੀ ਅਮਲ ਕਿਉਂ ਨਹੀਂ ਕਰਦੇ ਤੇ ਲੰਮੇ ਸਮੇਂ ਤੋਂ ਇਨ੍ਹਾਂ ਨੂੰ ਦਿੱਤੀ ਜਾ ਰਹੀ ਢਿੱਲ ਕੀ ਉੱਚੇ-ਸੁੱਚੇ ਸੱਭਿਆਚਾਰ ਕਿਰਦਾਰ ਨੂੰ ਦਾਗੀ ਕਰਨ ਦੀ ਕਿਸੇ ਵੱਡੀ ਸਾਜ਼ਿਸ਼ ਨੂੰ ਆਪ ਹੀ ਪ੍ਰਤੱਖ ਨਹੀਂ ਕਰ ਰਹੀ ? ਇਹ ਵਿਚਾਰ ਇਕਬਾਲ ਸਿੰਘ ਟਿਵਾਣਾ ਮੁੱਖ ਬੁਲਾਰਾ ਸਿਆਸੀ ਤੇ ਮੀਡੀਆ ਸਲਾਹਕਾਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਕੰਚਨ ਕੁਮਾਰੀ ਉਰਫ ਕਮਲ ਕੌਰ ਦੇ ਹੋਏ ਕਤਲ ਦੇ ਦੁਖਾਂਤ ਉਤੇ ਸੈਂਟਰ ਤੇ ਪੰਜਾਬ ਦੀਆਂ ਸਰਕਾਰਾਂ ਅਤੇ ਪੰਜਾਬ ਵਿਰੋਧੀ ਤਾਕਤਾਂ ਦੀਆਂ ਸਾਜ਼ਿਸ਼ਾਂ ਅਧੀਨ ਨਿਜ਼ਾਮ ਅਤੇ ਕਾਨੂੰਨ ਵੱਲੋਂ ਇਸ ਨੂੰ ਰੋਕਣ ਹਿੱਤ ਕੋਈ ਵੀ ਅਮਲ ਨਾ ਹੋਣ ਉਤੇ ਗਹਿਰਾ ਦੁੱਖ ਜ਼ਾਹਰ ਕਰਦੇ ਹੋਏ ਅਤੇ ਸਿੱਧੇ ਤੌਰ 'ਤੇ ਹੁਕਮਰਾਨਾਂ ਨੂੰ ਦੋਸ਼ੀ ਠਹਿਰਾਉਂਦੇ ਹੋਏ ਪ੍ਰਗਟ ਕੀਤੇ।ਉਨ੍ਹਾਂ ਕਿਹਾ ਕਿ ਅੱਜ ਪੰਜਾਬ ਵਿਚ ਜਿੰਨੀਆਂ ਵੀ ਬੀਬੀਆਂ ਇਸ ਗੈਰ ਸਮਾਜਿਕ ਤੇ ਗੈਰ ਇਖਲਾਕੀ ਕਾਰਵਾਈਆਂ ਵਿਚ ਮਸਰੂਫ਼ ਹਨ, ਜੇਕਰ ਉਨ੍ਹਾਂ ਦੇ ਜੱਦੀ ਤੇ ਪਿਛੋਕੜ ਦੀ ਤਹਿ ਤੱਕ ਪੜਤਾਲ ਕੀਤੀ ਜਾਵੇ ਤਾਂ ਇਨ੍ਹਾਂ ਬੀਬੀਆਂ ਦਾ ਪਿਛੋਕੜ ਜਾਂ ਤਾਂ ਦੂਜੇ ਸੂਬਾ ਦਾ ਹੈ ਜਾਂ ਫਿਰ ਇਹ ਬੀਬੀਆਂ ਸਿੱਖ ਕੌਮ ਵਿੱਚ ਨਾ ਹੋ ਕੇ ਕਿਸੇ ਦੂਜੇ ਫਿਰਕੇ ਵਿਚੋਂ ਹਨ, ਸਿੱਖ ਜਾਤ-ਪਾਤ, ਊਚ-ਨੀਚ, ਅਮੀਰ-ਗਰੀਬ ਦੇ ਵਿਤਕਰੇ ਵਿੱਚ ਬਿਲਕੁਲ ਵਿਸ਼ਵਾਸ ਨਹੀਂ ਰੱਖਦਾ, ਪਰ ਜਿਨ੍ਹਾਂ ਬੀਬੀਆਂ ਨੇ ਆਪਣੇ ਪੁਰਾਤਨ ਨਾਵਾਂ ਨੂੰ ਬਦਲ ਕੇ ਆਪਣੇ ਨਾਵਾਂ ਨਾਲ ਕੌਰ ਜਾਂ ਪੰਜਾਬੀਆਂ ਤੇ ਸਿੱਖਾਂ ਦੇ ਗੋਤ ਲਿਖ ਕੇ ਇਹ ਸਮਾਜ ਵਿਰੋਧੀ ਕਾਰਵਾਈਆਂ ਸ਼ੁਰੂ ਕੀਤੀਆਂ ਹੋਈਆਂ ਹਨ, ਉਸ ਤੋਂ ਸਪੱਸ਼ਟ ਹੈ ਕਿ ਅਜਿਹਾ ਕੁੱਝ ਪੰਜਾਬ ਵਿਚ ਕਿਸੇ ਵਿਸ਼ੇਸ਼ ਦਿਮਾਗ ਦੀ ਕਾਢ ਅਧੀਨ ਪੰਜਾਬੀਆਂ ਅਤੇ ਸਿੱਖ ਕੌਮ ਦੇ ਉੱਚੇ-ਸੁੱਚੇ ਕਿਰਦਾਰ ਤੇ ਸੱਭਿਆਚਾਰ ਨੂੰ ਸੱਟ ਮਾਰਨ ਲਈ ਤੇ ਸਿੱਖ ਕੌਮ ਨੂੰ ਬਦਨਾਮ ਕਰਨ ਲਈ ਕੀਤਾ ਜਾ ਰਿਹਾ ਹੈ।

# ਬਰਸਾਤੀ ਬਿਮਾਰੀਆਂ ਤੋਂ ਬਚਾਅ ਲਈ ਸਿਹਤ ਵਿਭਾਗ ਪੱਬਾਂ ਭਾਰ



**ਸਮਰਾਲਾ (ਸੁਰਜੀਤ ਸਿੰਘ)**

ਪੰਜਾਬ ਸਰਕਾਰ ਵੱਲੋਂ ਜਿਸ ਢੰਗ ਨਾਲ ਨਸ਼ਿਆਂ ਵਿਰੁੱਧ ਮੁਹਿੰਮ ਵਿੱਢੀ ਹੋਈ ਹੈ, ਉਸ ਤਰ੍ਹਾਂ ਆਮ ਲੋਕਾਂ ਨੂੰ ਮੌਸਮੀ ਬਿਮਾਰੀਆਂ ਜਿਨ੍ਹਾਂ ਵਿੱਚ ਮੁੱਖ ਤੌਰ 'ਤੇ ਡੇਂਗੂ, ਮਲੇਰੀਆ, ਦਸਤ, ਉਲਟੀਆਂ, ਹੈਜ਼ਾ ਤੇ ਕਈ ਤਰਾਂ ਦੇ ਵਾਇਰਲ ਬੁਖਾਰ ਤੋਂ ਬਚਾਉਣ ਲਈ ਡਾ ਰਮਨਦੀਪ ਕੌਰ ਸਿਵਲ ਸਰਜਨ ਲੁਧਿਆਣਾ ਦੀਆਂ ਹਿਦਾਇਤਾਂ ਤੇ ਜ਼ਿਲ੍ਹੇ ਵਿੱਚ ਜ਼ਬਰਦਸਤ ਮੁਹਿੰਮ ਵਿੱਢੀ ਹੋਈ ਹੈ, ਜਿਸ ਦੀ ਪਾਲਣਾ ਵਿੱਚ ਜ਼ਿਲ੍ਹਾ ਲੁਧਿਆਣਾ ਦਾ ਸਮੁੱਚਾ ਸਿਹਤ ਵਿਭਾਗ ਪੱਬਾਂ ਭਾਰ ਨਜ਼ਰ ਆ ਰਿਹਾ ਹੈ।

ਸਿਵਲ ਸਰਜਨ ਦੀਆਂ ਹਦਾਇਤਾਂ 'ਤੇ ਸਿਵਲ ਹਸਪਤਾਲ ਦੇ ਸੀਨੀਅਰ ਮੈਡੀਕਲ ਅਫਸਰ ਡਾ. ਤਾਰਿਕਜੋਤ ਸਿੰਘ ਦੀ ਅਗਵਾਈ ਵਿੱਚ ਹਸਪਤਾਲ ਦੀ ਟੀਮ ਵੱਲੋਂ ਸ਼ਹਿਰ ਦੀਆਂ ਨਰਸਰੀਆਂ, ਉਸਾਰੀ ਅਧੀਨ ਇਮਾਰਤਾਂ, ਖਾਲੀ ਪਲਾਟਾਂ ਵਿਖੇ ਵਿਜ਼ਿਟ ਕੀਤਾ ਗਿਆ ਤੇ ਉੱਥੇ ਮੌਜੂਦ ਮਜ਼ਦੂਰਾਂ ਤੇ ਮਾਲਕਾਂ ਨੂੰ ਡੇਂਗੂ ਸਬੰਧੀ ਜਾਗਰੂਕ ਕੀਤਾ ਗਿਆ।ਇਸੇ ਤਰ੍ਹਾਂ ਸ਼ਹਿਰ ਦੀਆਂ ਬਸਤੀਆਂ, ਤੰਗ ਗਲੀਆਂ, ਝੁੱਗੀ ਝੌਂਪੜੀਆਂ ਅਤੇ ਘਰਾਂ ਦੇ ਇਰਦ-ਗਿਰਦ ਖੜ੍ਹੇ ਪਾਣੀ ਵਿਚ ਪਨਪਦੇ ਮੱਛਰ ਦੇ ਲਾਰਵਾ ਨੂੰ ਦਵਾਈ ਪੁਆ ਕੇ ਖਤਮ ਕਰਾਇਆ।ਇਸੇ ਤਰ੍ਹਾਂ ਘਰਾਂ 'ਚ ਕੂਲਰਾਂ, ਗਮਲਿਆਂ, ਫਰਿੱਜ ਦੀਆਂ ਟਰੇਆਂ, ਘਰਾਂ ਤੇ ਦੁਕਾਨਾਂ ਦੀਆਂ ਛੱਤਾਂ 'ਤੇ ਪਏ ਪੁਰਾਣੇ ਟਾਇਰ ਅਤੇ ਕਬਾੜ ਆਦਿ ਦਾ ਸ਼ੁਕਰਵਾਰ ਡੇਂਗੂ ਤੇ ਵਾਰ ਮੁਹਿੰਮ ਤਹਿਤ ਨਿਰੀਖਣ ਕੀਤਾ।

ਉਨ੍ਹਾਂ ਲੋਕਾਂ ਨੂੰ ਸਮਝਾਇਆ ਕਿ ਪਾਣੀ ਖੜ੍ਹਨ ਵਾਲੀਆਂ ਥਾਂਵਾਂ 'ਤੇ ਮੱਛਰ ਦਾ ਲਾਰਵਾ ਪੈਦਾ ਨਹੀਂ ਹੋਣ ਦੇਣਾ ਚਾਹੀਦਾ ਹੈ।ਉਨ੍ਹਾਂ ਦੱਸਿਆ ਕਿ ਗ਼ਰਮੀ ਤੇ ਬਰਸਾਤੀ ਮੌਸਮ ਦੌਰਾਨ ਡੇਂਗੂ ਦੀ ਬਿਮਾਰੀ ਫੈਲਣ ਦਾ ਖਤਰਾ ਰਹਿੰਦਾ ਹੈ।

ਉਨ੍ਹਾਂ ਕਿਹਾ ਕਿ ਇੱਕ ਹਫਤੇ ਤੋਂ ਵੱਧ ਖੜ੍ਹੇ ਸਾਫ ਪਾਣੀ ਵਿੱਚ ਇਹ ਮੱਛਰ ਪੈਦਾ ਹੁੰਦਾ ਹੈ, ਜਿੱਥੇ ਵੀ ਡੇਂਗੂ ਦਾ ਲਾਰਵਾ ਮਿਲਦਾ ਹੈ, ਉਸ ਨੂੰ ਮੌਕੇ 'ਤੇ ਨਸ਼ਟ ਕਰ ਦਿੱਤਾ ਜਾਂਦਾ ਹੈ।ਡਾ. ਤਾਰਿਕਜੋਤ ਸਿੰਘ ਨੇ ਕਿਹਾ ਕਿ ਸਿਵਲ ਹਸਪਤਾਲ ਦੀਆਂ ਟੀਮਾਂ ਵੱਲੋਂ ਡੋਰ ਟੂ ਡੋਰ ਸਰਵੇ ਕਰਕੇ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ।

## ਡੀ.ਸੀ. ਤੇ ਐੱਸ.ਐੱਸ.ਪੀ. ਨੇ ਮੁੜ ਵਸੇਬਾ ਕੇਂਦਰ ਦਾ ਦੌਰਾ ਕੀਤਾ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਤੇ ਐਸਐਸਪੀ ਗੁਰਮੀਤ ਸਿੰਘ ਨੇ ਮੁੜ ਵਸੇਬਾ ਕੇਂਦਰ ਜੱਟ ਵਾਲੀ ਦਾ ਦੌਰਾ ਕੀਤਾ।ਉਨ੍ਹਾਂ ਉਪਲਬਧ ਸਹੂਲਤਾਂ ਦਾ ਜਾਇਜ਼ਾ ਲਿਆ ਤੇ ਇਲਾਜ ਕਰਾ ਰਹੇ ਲੋਕਾਂ ਨਾਲ ਗੱਲਬਾਤ ਵੀ ਕੀਤੀ ਅਤੇ ਉਨ੍ਹਾਂ ਦਾ ਹੌਸਲਾ ਵੀ ਵਧਾਇਆ।ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਕਿਹਾ ਕਿ ਇਨ੍ਹਾਂ ਲੋਕਾਂ ਦੀ ਕਾਊਂਸਲਿੰਗ ਤੇ ਵਿਸ਼ੇਸ਼ ਤਵੱਜੋਂ ਦਿੱਤੀ ਜਾਵੇ ਤੇ ਇਨ੍ਹਾਂ ਨੂੰ ਚੰਗੀਆਂ ਆਦਤਾਂ ਵੱਲ ਪ੍ਰੇਰਤ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਇੱਥੇ ਇਲਾਜ ਦੌਰਾਨ ਇਨ੍ਹਾਂ ਨੂੰ ਕੁਝ ਰੌਚਕ ਗਤੀਵਿਧੀਆਂ ਨਾਲ ਵੀ ਜੋੜੀ ਰੱਖਿਆ ਜਾਵੇ ਤਾਂ ਜੁ ਇਹ ਨਸ਼ਾ ਛੱਡਣ ਲਈ ਹਮੇਸ਼ਾ ਉਤਸ਼ਾਹਤ ਰਹਿਣ।ਐਸਐਸਪੀ ਗੁਰਮੀਤ ਸਿੰਘ ਨੇ ਇਨ੍ਹਾਂ ਨੌਜਵਾਨਾਂ ਨੂੰ ਕਿਹਾ ਕਿ ਜੀਵਨ ਅਨਮੋਲ ਹੈ ਤੇ ਤੁਹਾਡੇ ਪਰਵਾਰਾਂ ਨੂੰ ਤੁਹਾਡੇ ਨਾਲ ਬਹੁਤ ਪਿਆਰ ਵੀ ਹੈ ਅਤੇ ਤੁਹਾਡੀ ਜ਼ਰੂਰਤ ਵੀ ਹੈ, ਇਸ ਲਈ ਨਸ਼ੇ ਨੂੰ ਸਦਾ ਲਈ ਛੱਡ ਕੇ ਆਪਣੇ ਜੀਵਨ ਨੂੰ ਆਨੰਦਮਈ ਬਣਾਓ।ਉਨ੍ਹਾਂ ਓਟ ਕਲੀਨਿਕ 'ਤੇ ਦਵਾਈ ਲੈਣ ਆਏ ਮਰੀਜ਼ਾਂ ਨਾਲ ਵੀ ਗੱਲਬਾਤ ਕੀਤੀ।

ਇਸ ਮੌਕੇ ਡਿਪਟੀ ਮੈਡੀਕਲ ਕਮਿਸ਼ਨਰ ਡਾ. ਐਰਿਕ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਅਬੋਹਰ ਤੇ ਫ਼ਾਜ਼ਿਲਕਾ ਵਿਖੇ ਨਸ਼ਾ ਮੁਕਤੀ ਕੇਂਦਰ ਤੇ ਜੱਟਵਾਲੀ ਵਿਚ ਮੁੜ ਵਸੇਬਾ ਕੇਂਦਰ ਚਲਾਇਆ ਜਾ ਰਿਹਾ ਹੈ।ਇਸ ਤੋਂ ਬਿਨਾਂ ਓਟ ਕਲੀਨਿਕ ਵੀ ਚਲਾਏ ਜਾ ਰਹੇ ਹਨ, ਜਿੱਥੇ ਮਰੀਜ਼ ਨੂੰ ਭਰਤੀ ਕੀਤੇ ਬਿਨਾਂ ਦਵਾਈ ਦਿੱਤੀ ਜਾਂਦੀ ਹੈ।ਉਨ੍ਹਾਂ ਨੇ ਕਿਹਾ ਕਿ ਓਟ ਕਲੀਨਿਕ, ਨਸ਼ਾ ਮੁਕਤੀ ਕੇਂਦਰ ਜਾਂ ਮੁੜ ਵਸੇਬਾ ਕੇਂਦਰ ਵਿਚ ਇਲਾਜ ਕਰਾਉਣ ਵਾਲੇ ਲੋਕਾਂ ਦੀ ਪਛਾਣ ਗੁਪਤ ਰੱਖੀ ਜਾਂਦੀ ਹੈ ਤੇ ਇਲਾਜ ਪੂਰੀ ਤਰ੍ਹਾਂ ਨਾਲ ਮੁਫ਼ਤ ਹੈ।

## ਮਾਛੀਕੇ ਦੀ ਵਾਟਰ ਵਰਕਸ ਵਾਲੀ ਟੈਂਕੀ ਦੀ ਹਾਲਤ ਖਸਤਾ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਪਿੰਡ ਮਾਛੀਕੇ ਵਿਖੇ ਵਾਟਰ ਵਰਕਸ ਟੈਂਕੀ ਦੀ ਹਾਲਤ ਬਹੁਤ ਖਸਤਾ ਬਣੀ ਹੋਈ ਹੈ। ਇਸ ਟੈਂਕੀ ਨਜ਼ਦੀਕ ਬਸਤੀ ਤੋਂ ਇਲਾਵਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਤੇ ਪ੍ਰਾਇਮਰੀ ਸਕੂਲ ਤੋਂ ਇਲਾਵਾ ਹੋਰ ਛੋਟੇ ਛੋਟੇ ਬੱਚੇ ਖੇਡਦੇ ਰਹਿੰਦੇ ਹਨ, ਪਰ ਇਸ ਟੈਂਕੀ ਦੀ ਖਸਤਾ ਹਾਲਤ ਹਾਲਤ ਹੋਣ ਕਾਰਨ ਕਿਸੇ ਟਾਇਮ ਕੋਈ ਵੱਡਾ ਹਾਦਸਾ ਵਾਪਰ ਸਕਦਾ ਹੈ। ਇਸ ਸਬੰਧੀ ਪਿੰਡ ਦੇ ਸਰਪੰਚ ਜਗਮੋਹਣ ਸਿੰਘ ਨਾਲ ਸੰਪਰਕ ਕਰਨ 'ਤੇ ਉਨ੍ਹਾਂ ਦੱਸਿਆ ਕਿ ਵਾਟਰ ਵਰਕਸ ਟੈਂਕੀ ਦੀ ਹਾਲਤ ਖਸਤਾ ਅਤੇ ਟੁੱਟੀ ਹੋਣ ਕਾਰਨ ਕਿਸੇ ਤਰ੍ਹਾਂ ਦੀ ਕੋਈ ਅਣਸੁਖਾਵੀਂ ਘਟਨਾ ਨਾ ਵਾਪਰ ਜਾਵੇ, ਇਸ ਸਬੰਧੀ ਉਨ੍ਹਾਂ ਵੱਲੋਂ ਜੇਈ ਅਤੇ ਐਸ ਡੀ ਓ ਦੇ ਧਿਆਨ ਵਿੱਚ ਲਿਆ ਦਿੱਤਾ ਹੈ। ਜੇਈ ਤੇ ਐਸ ਡੀ ਓ ਨਾਲ ਸੰਪਰਕ ਕਰਨ 'ਤੇ ਉਨ੍ਹਾਂ ਕਿਹਾ ਗਿਆ ਕਿ ਖਸਤਾ ਹੋਈ ਟੈਂਕੀ ਦਾ ਮਸਲਾ ਸਾਡੇ ਸੀਨੀਅਰ ਅਧਿਕਾਰੀਆਂ ਦੇ ਧਿਆਨ ਵਿੱਚ ਲਿਆ ਦਿੱਤਾ ਹੈ ਤੇ ਐਸ ਡੀ ਓ ਤੇ ਜੇਈ ਵੱਲੋਂ ਕਿਹਾ ਗਿਆ ਕਿ ਇਸ ਖਸਤਾ ਹਾਲਤ ਟੈਂਕੀ ਦਾ ਕੰਮ ਬਹੁਤ ਹੀ ਜਲਦੀ ਕੰਮ ਸ਼ੁਰੂ ਕਰਾਇਆ ਜਾਵੇਗਾ। ਸਰਪੰਚ ਜਗਮੋਹਨ ਸਿੰਘ ਨੇ ਭਗਵੰਤ ਸਿੰਘ ਮਾਨ ਅਤੇ ਹਲਕਾ ਨਿਹਾਲ ਸਿੰਘ ਵਾਲਾ ਦੇ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਤੋਂ ਮੰਗ ਕੀਤੀ ਹੈ ਕਿ ਇਸ ਖਸਤਾ ਹਾਲਤ ਟੈਂਕੀ ਦਾ ਕੰਮ ਛੇਤੀ ਸ਼ੁਰੂ ਕਰਾਇਆ ਜਾਵੇ।

# ਹਾਜੀਪੁਰ 'ਚ ਗੈਰ-ਕਾਨੂੰਨੀ ਖਣਨ ਦਾ ਸਿਲਸਿਲਾ ਜਾਰੀ

**ਤਲਵਾੜਾ, ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸਬ ਡਵੀਜ਼ਨ ਮੁਕੇਰੀਆਂ ਦੇ ਬਲਾਕ ਹਾਜੀਪੁਰ 'ਚ ਖਣਨ ਮਾਫੀਆ ਵੱਲੋਂ ਵਾਹੀਯੋਗ ਜ਼ਮੀਨਾਂ ਦੀ ਤਬਾਹੀ ਦਾ ਸਿਲਸਿਲਾ ਥੰਮ੍ਹ ਨਹੀਂ ਰਿਹਾ। ਬਲਾਕ ਦੇ ਜ਼ਿਆਦਾਤਰ ਪਿੰਡ ਨਾਜਾਇਜ਼ ਖਣਨ ਦੀ ਮਾਰ ਹੇਠ ਹਨ। ਹਰੇ ਭਰੇ ਖੇਤਾਂ ਨੂੰ ਖੁਸ਼ਕ ਅਤੇ ਟਿੱਬਿਆਂ 'ਚ ਬਦਲਣ ਦਾ ਕੰਮ ਜ਼ੋਰਾਂ ਸ਼ੋਰਾਂ ਨਾਲ ਇਸ ਖ਼ੇਤਰ ਵਿੱਚ ਕਰੱਸ਼ਰ ਕਾਰੋਬਾਰੀਆਂ ਅਤੇ ਖਣਨ ਮਾਫੀਆ ਵੱਲੋਂ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਇਆ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਪੰਜਾਬ ਦੇ ਸੂਬਾ ਜਨਰਲ ਸਕੱਤਰ ਅਤੇ ਖਣਨ ਰੋਕੋ ਜ਼ਮੀਨ ਬਚਾਓ ਸੰਘਰਸ਼ ਕਮੇਟੀ ਹਾਜੀਪੁਰ ਤਲਵਾੜਾ ਦੇ ਸੰਯੋਜਕ ਧਰਮਿੰਦਰ ਸਿੰਘ ਸਿੰਬਲੀ ਨੇ ਦੱਸਿਆ ਕਿ ਬਲਾਕ ਹਾਜੀਪੁਰ ਦੇ ਕਰੀਬ ਦੋ ਦਰਜਨ ਪਿੰਡ ਨਾਜਾਇਜ਼ ਖਣਨ ਦੀ ਮਾਰ ਹੇਠ ਹਨ। ਸਿੱਬੋਚੱਕ, ਨੌਸ਼ਹਿਰਾ ਸਿੰਬਲੀ, ਸੈਦੋ ਨੌਸ਼ਹਿਰਾ, ਸਰਿਆਣਾ, ਦੇਵਲ, ਝੰਬਣ ਕਲੇਰਾਂ, ਭੰਗੀਵਾਲ, ਧਾਮੀਆਂ, ਮੋਹਣੀ ਚੱਕ, ਸੰਧਵਾਲ, ਰੈਲੀ, ਖਿਜ਼ਰਪੁਰ, ਵਜ਼ੀਰਾਂ, ਕਾਂਜੂਪੀਰ, ਜੀਵਨਵਾਲ, ਅਰਥੇਵਾਲ, ਕੁੱਲੀਆਂ ਲੁਬਾਣਾ ਆਦਿ ਪਿੰਡਾਂ 'ਚ ਖਣਨ ਮਾਫੀਆ ਨੇ ਵਾਹੀਯੋਗ ਜ਼ਮੀਨਾਂ ਦੀ ਭਾਰੀ ਤਬਾਹੀ ਕੀਤੀ ਹੈ। ਇਨ੍ਹਾਂ ਪਿੰਡਾਂ 'ਚ ਸਰਕਾਰ ਵਿਸ਼ਵ ਬੈਂਕ ਦੀ ਸਹਾਇਤਾ ਨਾਲ ਕਰੋੜਾਂ ਰੁਪਏ ਖਰਚ ਕਰ ਡੂੰਘੇ ਟਿਊਬਵੈੱਲ ਲਗਾਏ ਸਨ, ਜੋ ਕਿ ਅੱਜ ਖਣਨ ਮਾਫੀਆ ਨੇ ਤਬਾਹ ਕਰ ਦਿੱਤੇ ਹਨ। ਮੁਕੇਰੀਆਂ ਹਾਈਡਲ ਨਹਿਰ 'ਚੋਂ



ਨਿਕਲਦੇ ਪਾਣੀ ਦੇ ਸੂਏ ਕਰੱਸ਼ਰ ਕਾਰੋਬਾਰੀਆਂ ਦੀਆਂ ਗਤੀਵਿਧੀਆਂ ਕਰਕੇ ਨੁਕਸਾਨੇ ਗਏ ਹਨ। ਹਰੇ ਭਰੇ ਖੇਤ ਟਿੱਬਿਆਂ ਅਤੇ ਡੂੰਘੇ ਟੋਇਆਂ 'ਚ ਤਬਦੀਲ ਕੀਤੇ ਜਾ ਰਹੇ ਹਨ। ਖੇਤਰ 'ਚ ਸਰਗਰਮ ਮਾਫੀਆ ਸਾਜਿਸ਼ ਤਹਿਤ ਪਹਿਲਾਂ ਮਹਿੰਗੇ ਭਾਅ ਜ਼ਮੀਨ ਖਰੀਦ ਕੇ ਟੱਕ ਲਾਉਂਦਾ ਹੈ, ਮਗਰੋਂ ਨੇੜਲੇ ਮਾਲਕਾਂ ਨੂੰ ਜਬਰੀ ਆਪਣੀਆਂ ਜ਼ਮੀਨਾਂ ਸਸਤੇ ਭਾਅ 'ਚ ਦੇਣ ਲਈ ਮਜਬੂਰ ਕੀਤਾ ਜਾਂਦਾ ਹੈ। ਹਾਜੀਪੁਰ ਦੇ ਇਨ੍ਹਾਂ ਪਿੰਡਾਂ ਦੀਆਂ ਜ਼ਮੀਨਾਂ 'ਚ ਹਰੀਆਂ ਵਨਸਪਤੀ ਫਸਲਾਂ ਦੀ ਬਜਾਏ ਹੁਣ ਟਿੱਬੇ ਅਤੇ 100 ਤੋਂ 150 ਫੁੱਟ ਡੂੰਘੇ ਟੋਏ ਹਨ। ਧਰਮਿੰਦਰ ਸਿੰਘ ਨੇ ਕਿਹਾ ਕਿ ਉਨ੍ਹਾਂ ਨੂੰ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਬਣੀ 'ਆਪ' ਸਰਕਾਰ 'ਤੇ ਬਹੁਤ ਆਸ ਸੀ। 'ਆਪ' ਨੇ ਚੋਣਾਂ 'ਚ ਵਿਸ਼ੇਸ਼ ਤੌਰ 'ਤੇ ਨਾਜਾਇਜ਼ ਖਣਨ 'ਤੇ ਨਕੇਲ ਲਾਉਣ ਦਾ ਵਾਅਦਾ ਵੀ ਕੀਤਾ ਸੀ। ਪਰ ਬਦਲਾਅ ਵਾਲੀ ਸਰਕਾਰ ਆਪਣੇ ਤਿੰਨ ਸਾਲ ਦੇ ਕਾਰਜਕਾਲ 'ਚ ਹੋਰਨਾਂ ਵਾਅਦਿਆਂ ਸਮੇਤ ਇਸ ਵਾਅਦੇ 'ਤੇ ਵੀ ਖਰੀ ਨਹੀਂ ਉਤਰੀ। ਉਨ੍ਹਾਂ ਸਰਕਾਰ ਦੇ ਵਿਧਾਇਕਾਂ ਅਤੇ ਮੰਤਰੀਆਂ 'ਤੇ ਇਸ ਕਥਿਤ ਕਾਰੋਬਾਰ 'ਚ ਸ਼ਾਮਲ ਹੋਣ ਦੇ ਦੋਸ਼ ਲਗਾਏ ਹਨ।ਜ਼ਿਲ੍ਹਾ ਮਾਈਨਿੰਗ ਅਧਿਕਾਰੀ ਸੰਚਿਤ ਸ਼ਰਮਾ ਨੇ ਕਿਹਾ ਕਿ ਉਨ੍ਹਾਂ ਸਬੰਧਤ ਐਸ ਡੀ ਐਮ ਅਤੇ ਤਹਿਸੀਲਦਾਰ ਨੂੰ ਇਸ ਸਬੰਧੀ ਰਿਪੋਰਟ ਭੇਜਣ ਲਈ ਕਿਹਾ ਹੈ। ਇਸ ਤੋਂ ਇਲਾਵਾ ਸਬੰਧਤ ਜ਼ਮੀਨ ਮਾਲਕ ਨੂੰ ਵੀ ਰਿਕਵਰੀ ਨੋਟਿਸ ਜਾਰੀ ਕੀਤਾ ਜਾ ਰਿਹਾ ਹੈ। ਸਵਾਲ ਦੇ ਜਵਾਬ 'ਚ ਸ਼ਰਮਾ ਨੇ ਕਿਹਾ ਕਿ ਇਹ ਜ਼ਮੀਨ ਵਾਹੀਯੋਗ ਹੈ ਅਤੇ ਇਨ੍ਹਾਂ ਵਿੱਚ ਖੁਦਾਈ ਗੈਰ ਕਾਨੂੰਨੀ ਹੈ। ਉਨ੍ਹਾਂ ਰਿਪੋਰਟ ਆਉਣ 'ਤੇ ਅਗਲੇਰੀ ਕਾਰਵਾਈ ਕਰਨ ਦੀ ਗੱਲ ਕਹੀ ਹੈ।

# ਪੰਜਾਬ ਯੂਥ ਡਿਵੈੱਲਪਮੈਂਟ ਬੋਰਡ ਦੇ ਚੇਅਰਮੈਨ ਨੂੰ ਮਿਲੇ ਗੀਤ ਪ੍ਰੀਤ ਪਾਲ ਸਿੰਘ

**ਫਗਵਾੜਾ (ਰਮਨ)** ਸ਼ੇਰ-ਏ-ਪੰਜਾਬ ਸਪੋਰਟਸ ਐਂਡ ਕਲਚਰਲ ਸੁਸਾਇਟੀ (ਰਜਿ.) ਫਗਵਾੜਾ ਦੇ ਪ੍ਰਧਾਨ ਗੀਤ ਪ੍ਰੀਤ ਪਾਲ ਸਿੰਘ ਨੇ ਚੰਡੀਗੜ੍ਹ ਵਿਖੇ ਪੰਜਾਬ ਯੂਥ ਡਿਵੈਲਪਮੈਂਟ ਬੋਰਡ ਦੇ ਚੇਅਰਮੈਨ ਪਰਮਿੰਦਰ ਸਿੰਘ ਗੋਲਡੀ ਦੇ ਨਾਲ ਉਨ੍ਹਾਂ ਦੇ ਦਫਤਰ ਵਿਖੇ ਮੁਲਾਕਾਤ ਕੀਤੀ। ਇਸ ਦੌਰਾਨ ਉਨ੍ਹਾਂ ਨੇ ਪੰਜਾਬ ਸਰਕਾਰ ਵਲੋਂ ਨੌਜਵਾਨਾਂ ਦੇ ਵਿਕਾਸ ਲਈ ਬੋਰਡ ਦਾ ਗਠਨ ਕਰਕੇ ਕੀਤੇ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ਗੀਤ ਪ੍ਰੀਤ ਪਾਲ ਸਿੰਘ ਨੇ ਪੰਜਾਬ ਦੀ ਜਵਾਨੀ ਨੂੰ ਨਵੀਂ ਸੇਧ ਦੇਣ ਲਈ ਬੋਰਡ ਦੇ ਚੇਅਰਮੈਨ ਨੂੰ ਕਈ ਸੁਝਾਅ ਵੀ ਦਿੱਤੇ। ਮੁਲਾਕਾਤ ਸਬੰਧੀ ਜਾਣਕਾਰੀ ਦਿੰਦਿਆਂ ਉਹਨਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਦੱਸਿਆ ਕਿ ਚੇਅਰਮੈਨ ਗੋਲਡੀ ਨੇ ਭਰੋਸਾ ਦਿੱਤਾ ਹੈ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਅਤੇ ਸੂਬੇ ਦੀ ਆਮ ਆਦਮੀ ਪਾਰਟੀ ਸਰਕਾਰ ਨੌਜਵਾਨਾਂ ਦੀ ਭਲਾਈ ਲਈ ਵਚਨਬੱਧ ਹੈ। ਉਹਨਾਂ ਕਿਹਾ ਕਿ ਨੌਜਵਾਨਾਂ ਨੂੰ ਬੋਰਡ ਵਲੋਂ ਹਰੇਕ ਖੇਤਰ 'ਚ ਅੱਗੇ ਵਧਣ ਲਈ ਹਰ ਸੰਭਵ ਸਹਿਯੋਗ ਕੀਤਾ ਜਾਵੇਗਾ। ਉਹਨਾਂ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਬਾਹਰ ਕੱਢਣ ਲਈ ਸਪੋਰਟਸ ਇਕ ਵਧੀਆ ਪਲੇਟਫਾਰਮ ਹੋ ਸਕਦਾ ਹੈ। ਜੇਕਰ ਖੇਡਾਂ ਨੂੰ ਉਤਸ਼ਾਹਤ ਕਰਨ ਲਈ ਜੰਗੀ ਪੱਧਰ 'ਤੇ ਉਪਰਾਲਾ ਕੀਤਾ ਜਾਵੇ ਤਾਂ ਨੌਜਵਾਨ ਖੇਡਾਂ 'ਚ ਆਪਣਾ ਵਧੀਆ ਭਵਿੱਖ ਤਲਾਸ਼ ਕਰ ਸਕਦੇ ਹਨ। ਉਹਨਾਂ ਆਮ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਸਰਕਾਰ ਦਾ ਇਹ ਵੀ ਉਪਰਾਲਾ ਤਾਂ ਹੀ ਸਫਲ ਹੋ ਸਕਦਾ ਹੈ ਜੇਕਰ ਆਮ ਲੋਕਾਂ ਦੀ ਉਸ ਵਿਚ ਸ਼ਮੂਲੀਅਤ ਅਤੇ ਪੂਰਾ ਸਹਿਯੋਗ ਹੋਵੇ। ਇਸ ਦੇ ਨਾਲ ਹੀ ਉਹਨਾਂ ਨੇ ਪਿੰਡਾਂ ਦੇ ਨੌਜਵਾਨਾਂ ਨੂੰ ਖਾਸ ਤੌਰ 'ਤੇ ਅਪੀਲ ਕੀਤੀ ਕਿ ਉਹ ਵਿਹਲੇ ਨਾ ਬੈਠਣ ਅਤੇ ਗਲਤ ਸੰਗਤ ਤੋਂ ਗੁਰੇਜ ਕਰਨ ਦੇ ਨਾਲ ਹੀ ਪਿੰਡਾਂ 'ਚ ਬਣੀਆਂ ਖੇਡ ਕਲੱਬਾਂ ਨਾਲ ਜੁੜਨ ਅਤੇ ਆਪਣੀ ਸਿਹਤ ਦੇ ਪ੍ਰਤੀ ਜਾਗਰੂਕ ਹੋਣ। ਇਸ ਮੌਕੇ ਉਹਨਾਂ ਦੇ ਨਾਲ ਰੈਸਲਿੰਗ ਕੋਚ ਸਾਜਨ ਰਾਜਪੂਤ ਵੀ ਸਨ।

# ਨਿਊ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੇ ਡਾਕਟਰ ਜਸਕਰਨ ਸਿੰਘ ਬਲਾਕ ਪ੍ਰਧਾਨ ਚੁਣੇ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਨਿਊ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿਸਟਰ ਨੰਬਰ 100 ਦੇ ਅਵਤਾਰ ਬਾਲੀ ਸੂਬਾ ਜਨਰਲ ਸਕੱਤਰ ਪੰਜਾਬ ਨਵਾਂਸ਼ਹਿਰ ਅਤੇ ਸਮੂਹ ਮੈਂਬਰਾਂ ਵੱਲੋਂ ਜਾਣਕਾਰੀ ਦਿੱਤੀ ਗਈ ਕਿ ਬਲਾਕ ਮਾਛੀਵਾੜਾ ਜ਼ਿਲ੍ਹਾ ਦੀ ਚੋਣ ਕੀਤੀ ਗਈ, ਜਿਸ ਵਿੱਚ ਸਟੇਟ ਕਮੇਟੀ ਆਗੂਆਂ ਸਮੇਤ ਬਲਾਕ ਦੇ ਦਸ ਮੈਂਬਰਾਂ ਨੇ ਹਿੱਸਾ ਲਿਆ।ਮੀਟਿੰਗ ਦੀ ਦੇਖਰੇਖ ਸੀਨੀਅਰ ਮੀਤ ਪ੍ਰਧਾਨ ਡਾਕਟਰ ਹਰਮੇਲ ਸਿੰਘ ਮਲੇਰਕੋਟਲਾ, ਜਨਰਲ ਸਕੱਤਰ ਨਵਾਂਸ਼ਹਿਰ ਡਾਕਟਰ ਅਵਤਾਰ ਬਾਲੀ ਅਤੇ ਸੂਬਾ ਖਜਾਨਚੀ ਡਾਕਟਰ ਮਾਲ ਸਿੰਘ ਮਾਣਕੇ ਨੇ ਕੀਤੀ। ਡਾਕਟਰ ਜਸਵੰਤ ਸਿੰਘ ਖਜਾਨਚੀ ਬਲਾਕ ਨਵਾਂਸ਼ਹਿਰ ਡਾਕਟਰ ਗੁਰਜੀਤ ਸਿੰਘ ਸਕੱਤਰ ਬਲਾਕ ਰੁੜਕੀ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ।ਮੀਟਿੰਗ ਵਿੱਚ ਅਵਤਾਰਜੀਤ ਡਾਕਟਰ ਜਸਕਰਨ ਨਵਾਂਸ਼ਹਿਰ ਡਾਕਟਰ ਪ੍ਰਦੀਪ ਕੁਮਾਰ ਅਤੇ ਹੈਪੀ ਮਾਨ ਦਾ ਵਿਸ਼ੇਸ਼ ਯੋਗਦਾਨ ਰਿਹਾ। ਡਾਕਟਰ ਜਸਬੀਰ ਸਿੰਘ ਮੁੱਖ ਸਲਾਹਕਾਰ, ਡਾਕਟਰ ਜਸਕਰਨ ਸਿੰਘ ਬਲਾਕ ਪ੍ਰਧਾਨ ,ਡਾਕਟਰ ਜਸਪ੍ਰੀਤ ਸਿੰਘ ਬਲਾਕ ਖਜਾਨਚੀ ,ਡਾਕਟਰ ਵਰਿੰਦਰ ਸਿੰਘ ਬਲਾਕ ਸਕੱਤਰ, ਡਾਕਟਰ ਸੁਰਜੀਤ ਸਿੰਘ ਮੁੱਖ ਮੈਂਬਰ ਚੁਣੇ ਗਏ। ਸਾਰਿਆਂ ਨੇ ਇਸ ਚੋਣ ਨੂੰ ਸਰਬ ਸਹਿਮਤੀ ਨਾਲ ਪ੍ਰਵਾਨ ਕੀਤਾ।

# 'ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ' ਟੀਮ ਵੱਲੋਂ ਨਰਸਰੀਆਂ ਦੀ ਚੈਕਿੰਗ

**ਫਗਵਾੜਾ (ਡਾ. ਰਮਨ)**- ਸਿਵਲ ਸਰਜਨ ਕਪੂਰਥਲਾ ਡਾ. ਹਰਪਾਲ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਤੇ ਹਰ ਸ਼ੁੱਕਰਵਾਰ ਡੇਂਗੂ



'ਤੇ ਵਾਰ ਮੁਹਿੰਮ ਤਹਿਤ ਸਿਹਤ ਵਿਭਾਗ ਦੀ ਟੀਮ ਵੱਲੋਂ ਸ਼ਹਿਰ ਵਿਖੇ ਸਥਿਤ ਨਰਸਰੀਆਂ ਦੀ ਚੈਕਿੰਗ ਕੀਤੀ ਗਈ। ਇਸ ਮੌਕੇ ਮਿਲੇ ਲਾਰਵੇ ਨੂੰ ਮੌਕੇ 'ਤੇ ਨਸ਼ਟ ਵੀ ਕੀਤਾ ਗਿਆ ਤੇ ਡੇਂਗੂ ਮੱਛਰ ਤੋਂ ਬਚਾਅ ਲਈ ਜਾਗਰੁਕਤਾ ਵੀ ਕੀਤੀ ਗਈ। ਸਿਵਲ ਸਰਜਨ ਡਾਕਟਰ ਹਰਪਾਲ ਸਿੰਘ ਨੇ ਦੱਸਿਆ ਕਿ ਡੇਂਗੂ ਨੂੰ ਫੈਲਣ ਤੋਂ ਰੋਕਣ ਲਈ ਰਲ ਕੇ ਹੰਭਲਾ ਮਾਰਨ ਦੀ ਲੋੜ ਹੈ। ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਫੀਲਡ ਵਿੱਚ ਸਿਹਤ ਵਿਭਾਗ ਦੀਆਂ ਟੀਮਾਂ ਨਾਲ ਸਹਿਯੋਗ ਕਰਨ ਅਤੇ ਸਾਫ ਪਾਣੀ ਨੂੰ ਖੜ੍ਹਾ ਨਾ ਹੋਣ ਦਿੱਤਾ ਜਾਏ। ਬੁਖਾਰ ਆਦਿ ਹੋਣ ਦੀ ਸੂਰਤ ਵਿੱਚ ਸਿਰਫ ਪੈਰਾਸੀਟਾਮੋਲ ਦੀ ਗੋਲੀ ਹੀ ਲਈ ਜਾਏ। ਡਾਕਟਰ ਨੰਦਿਕਾ ਖੁੱਲਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਘਰਾਂ ਦਾ ਕਬਾੜ ਤੁਰੰਤ ਹੀ ਨਸ਼ਟ ਕੀਤਾ ਜਾਏ ਕਿਉਂਕਿ ਇਹ ਬਰਸਾਤ ਦੇ ਪਾਣੀ ਖੜ੍ਹੇ ਹੋਣ ਦਾ ਕਾਰਨ ਬਣਦੇ ਹਨ। ਜਾਨਵਰਾਂ ਲਈ ਰੱਖੇ ਭਾਂਡਿਆਂ ਦੀ ਵੀ ਸਫ਼ਾਈ ਕੀਤੀ ਜਾਏ। ਇਸ ਮੌਕੇ ਏ ਐਮ ਓ ਸੁਖਵੰਤ ਸਿੰਘ, ਐਸ ਆਈ ਗੁਰਬੀਰ ਸਿੰਘ, ਬਲਜੀਤ ਸਿੰਘ, ਦਵਿੰਦਰ ਸਿੰਘ, ਰੋਬਿਨ ਖੋਸਲਾ, ਬਲਰਾਮ ਸਿੰਘ, ਹਰਦੀਪ ਕੁਮਾਰ ਤੋਂ ਇਲਾਵਾ ਹੋਰ ਹਾਜ਼ਰ ਸਨ। ਲਾਰਵਾ ਮਿਲਣ ਤੇ ਟੀਮ ਵੱਲੋਂ ਚਲਾਨ ਵੀ ਕੱਟੇ ਗਏ।

# ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨਾਲ ਸਮਾਜ ਦੇ ਹਰ ਵਰਗ 'ਚ ਆਸ ਦੀ ਨਵੀਂ ਕਿਰਨ ਜਾਗੀ : ਸਿਵਲ ਸਰਜਨ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਨੇ ਸ਼ੁੱਕਰਵਾਰ ਨੂੰ ਸਰਕਾਰੀ ਨਸ਼ਾ ਮੁਕਤੀ ਕੇਂਦਰ, ਨਵਾਂਸ਼ਹਿਰ ਦਾ ਦੌਰਾ ਕਰਕੇ ਉੱਥੇ ਨਸ਼ਾ ਪੀੜਤਾਂ ਲਈ ਉਪਲਬੱਧ ਸਿਹਤ ਸੇਵਾਵਾਂ ਦਾ ਨਿਰੀਖਣ ਕੀਤਾ। ਇਸ ਮੌਕੇ ਉਨ੍ਹਾਂ ਕੇਂਦਰ ਵਿੱਚ ਬਾਥਰੂਮਾਂ ਵਿੱਚ ਸਾਫ-ਸਫਾਈ ਦੇ ਪ੍ਰਬੰਧਾਂ ਨੂੰ ਵੀ ਦੇਖਿਆ। ਉਨ੍ਹਾਂ ਸਰਕਾਰੀ ਨਸ਼ਾ ਮੁਕਤੀ ਕੇਂਦਰ ਵਿੱਚ ਗੁਣਵੱਤਾਪੂਰਨ ਇਲਾਜ ਦੇ ਨਾਲ-ਨਾਲ ਕੌਂਸਲਿੰਗ ਸੇਵਾਵਾਂ, ਨਿਰਧਾਰਤ ਦਵਾਈਆਂ ਦੀ ਉਪਲਬੱਧਤਾ ਸਮੇਤ ਲੋੜੀਂਦੀਆਂ ਬੁਨਿਆਦੀ ਸਹੂਲਤਾਂ ਨੂੰ ਹੋਰ ਮਜ਼ਬੂਤ ਬਣਾਉਣ ਦੇ ਨਿਰਦੇਸ਼



ਦਿੱਤੇ। ਉਨ੍ਹਾਂ ਕਿਹਾ ਕਿ ਨਸ਼ਾ ਪੀੜਤਾਂ ਦੇ ਇਲਾਜ ਪ੍ਰਬੰਧਨ ਲਈ ਨਿਰਧਾਰਤ ਐੱਸ.ਓ.ਪੀ. ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।ਉਨ੍ਹਾਂ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਇਕ ਜਨ ਅੰਦੋਲਨ ਬਣ ਗਈ ਹੈ ਤੇ ਇਸ ਮੁਹਿੰਮ ਨਾਲ ਸਮਾਜ ਦੇ ਹਰ ਵਰਗ ਖਾਸ ਕਰਕੇ ਨਸ਼ਾ ਪੀੜਤਾਂ ਤੇ ਉਨ੍ਹਾਂ ਦੇ ਪਰਵਾਰਾਂ ਵਿੱਚ ਇਕ ਆਸ ਦੀ ਇਕ ਨਵੀਂ ਕਿਰਨ ਜਾਗੀ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਨੂੰ ਨਸ਼ਾ ਮੁਕਤ ਕਰਨ ਲਈ ਸ਼ਹਿਰਾਂ ਤੇ ਪਿੰਡਾਂ ਵਿੱਚ ਨਸ਼ਾ ਮੁਕਤ ਵਾਤਾਵਰਣ ਮੁਹੱਈਆ ਕਰਵਾਉਣ ਦੀ ਲੋੜ 'ਤੇ ਜ਼ੋਰ ਦੇਣਾ ਚਾਹੀਦਾ ਹੈ।ਉਨ੍ਹਾਂ ਸਰਕਾਰੀ ਨਸ਼ਾ ਛਡਾਊ ਕੇਂਦਰ ਵਿੱਚ ਦਾਖਲ ਨਸ਼ਾ ਪੀੜਤਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਨੂੰ ਨਸ਼ਾ ਛੱਡਣ ਲਈ ਦ੍ਰਿੜ੍ਹ ਸੰਕਲਪ ਲੈਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨਸ਼ੇ ਦੇ ਆਦੀਆਂ ਨੂੰ ਨਸ਼ੇ ਤਿਆਗਣ ਲਈ ਪ੍ਰੇਰਿਤ ਕਰਦੇ ਹੋਏ ਕਿਹਾ ਕਿ ਉਹ ਆਪਣੇ ਤੇ ਆਪਣੇ ਪਰਵਾਰਾਂ ਦੀ ਖਾਤਰ ਇਹ ਗ਼ਲਤ ਰਾਹ ਛੱਡ ਕੇ ਜ਼ਿੰਦਗੀ ਦਾ ਰਸਤਾ ਅਪਣਾਉਣ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਾ ਪੀੜਤਾਂ ਨੂੰ ਨਸ਼ੇ ਦੀ ਦਲਦਲ ਵਿੱਚੋਂ ਬਾਹਰ ਕੱਢ ਕੇ ਸਮਾਜ ਦੀ ਮੁੱਖ ਧਾਰਾ ਵਿੱਚ ਸ਼ਾਮਲ ਕੀਤਾ ਜਾਵੇਗਾ।ਇਸ ਮੌਕੇ ਡਿਪਟੀ ਮੈਡੀਕਲ ਕਮਿਸ਼ਨਰ ਡਾ. ਹਰਪ੍ਰੀਤ ਸਿੰਘ ਨੇ ਆਮ ਲੋਕਾਂ ਤੇ ਲੋਕ ਪ੍ਰਤੀਨਿਧਾਂ ਸਮੇਤ ਪੰਚਾਇਤਾਂ, ਧਾਰਮਿਕ ਤੇ ਸਮਾਜ ਸੇਵੀ ਸੰਸਥਾਵਾਂ ਨੂੰ ਵੀ ਅਪੀਲ ਕੀਤੀ ਕਿ ਉਹ ਜ਼ਿਲ੍ਹੇ ਨੂੰ ਨਸ਼ਾ ਮੁਕਤ ਤੇ ਸਿਹਤਮੰਦ ਪੰਜਾਬ ਸਿਰਜਣ ਲਈ ਅੱਗੇ ਆਉਣ। ਉਨ੍ਹਾਂ ਕਿਹਾ ਕਿ ਨਸ਼ਿਆਂ ਜੰਗ ਸਿਰਫ਼ ਪੰਜਾਬ ਸਰਕਾਰ ਦੀ ਨਹੀਂ, ਸਗੋਂ ਇਹ ਹਰ ਪੰਜਾਬੀ ਦੀ ਲੜਾਈ ਹੈ।ਇਸ ਮੌਕੇ ਜ਼ਿਲ੍ਹਾ ਪਰਵਾਰ ਭਲਾਈ ਅਫ਼ਸਰ ਡਾ. ਹਰੀਸ਼ ਕਿਰਪਾਲ, ਜ਼ਿਲ੍ਹਾ ਹਸਪਤਾਲ, ਨਵਾਂਸ਼ਹਿਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਸਤਵਿੰਦਰਪਾਲ ਸਿੰਘ, ਡਾ. ਰਮਨ ਕੁਮਾਰ, ਡਿਪਟੀ ਸਮੂਹ ਸਿੱਖਿਆ ਤੇ ਸੂਚਨਾ ਅਫ਼ਸਰ ਤਰਸੇਮ ਲਾਲ, ਨੀਰਜ ਕੁਮਾਰ ਸਮੇਤ ਸਿਹਤ ਵਿਭਾਗ ਦੇ ਹੋਰ ਅਧਿਕਾਰੀ ਮੌਜੂਦ ਸਨ।

# ਵਿਸ਼ਵ ਖ਼ੂਨਦਾਨੀ ਦਿਵਸ ਮੌਕੇ ਕੀਤਾ ਸੈਮੀਨਾਰ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਪੰਜਾਬ ਸਟੇਟ ਬਲੱਡ ਟਰਾਂਸਫਿਊਜ਼ਨ ਕੌਂਸਲ ਦੇ ਹੁਕਮਾਂ ਅਨੁਸਾਰ ਸਥਾਨਕ ਭਾਈ ਜੈਤਾ ਜੀ ਸਿਵਲ ਹਸਪਤਾਲ ਦੇ ਬਲੱਡ ਸੈਂਟਰ ਵੱਲੋਂ ਵਿਸ਼ਵ ਖ਼ੂਨਦਾਨੀ ਦਿਵਸ ਮੌਕੇ ਇਕ ਸੈਮੀਨਾਰ ਦਾ ਆਯੋਜਨ ਕੀਤਾ ਗਿਆ । ਇਸ ਸੈਮੀਨਾਰ ਵਿੱਚ ਸਿੱਖ ਮਿਸ਼ਨਰੀ ਕਾਲਜ ਸ੍ਰੀ ਅਨੰਦਪੁਰ ਸਾਹਿਬ ਦੇ ਵਿਦਿਆਰਥੀਆਂ ਨੂੰ ਖ਼ੂਨਦਾਨ ਪ੍ਰਤੀ ਪ੍ਰੇਰਿਤ ਕੀਤਾ ਗਿਆ। ਡਾ.ਪਲਵਿੰਦਰਜੀਤ ਸਿੰਘ ਕੰਗ ਪ੍ਰਧਾਨ ਰੋਟਰੀ ਕਲੱਬ ਨੇ ਸਿੱਖ ਮਿਸ਼ਨਰੀ ਕਾਲਜ ਦੇ ਵਿਦਿਆਰਥੀਆਂ ਅਤੇ ਆਏ ਹੋਏ ਖ਼ੂਨਦਾਨੀ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਖ਼ੂਨਦਾਨ ਉੱਤਮ ਦਾਨ ਹੈ। ਉਨ੍ਹਾਂ ਕਿਹਾ ਕਿ ਦਾਨ ਕੀਤੇ ਖ਼ੂਨ ਰਾਂਹੀ ਕਈ ਬੇਸ਼ਕੀਮਤੀ ਜਾਨਾਂ ਬਚਾਈਆਂ ਜਾ ਸਕਦੀਆਂ ਹਨ ਅਤੇ ਦਾਨ ਕੀਤਾ ਖ਼ੂਨਦਾਨੀ ਤੇ ਸ਼ਰੀਰ ਵਿੱਚ 24 ਘੰਟੇ ਵਿੱਚ ਪੂਰਾ ਹੋ ਜਾਂਦਾ ਹੈ। ਕੋਈ ਵੀ ਸਿਹਤਮੰਦ ਇਨਸਾਨ 3 ਮਹੀਨੇ ਬਾਅਦ ਖ਼ੂਨਦਾਨ ਕਰ ਸਕਦਾ ਹੈ। ਨਿਯਮਿਤ ਖ਼ੂਨਦਾਰ ਕਰਨ ਲਈ ਸਰੀਰ ਨਿਰੋਗ ਰਹਿੰਦਾ ਹੈ। ਡਾ.ਕੰਵਰਪ੍ਰੀਤ ਸਿੰਘ ਸੀਨੀਅਰ ਮੈਡੀਕਲ ਅਫਸਰ ਨੇ ਉਚੇਚੇ ਤੌਰ 'ਤੇ ਸਿੱਖ



ਮਿਸ਼ਨਰੀ ਕਾਲਜ ਦੇ ਪ੍ਰਿੰਸੀਪਲ ਚਰਨਜੀਤ ਸਿੰਘ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ । ਰੋਟਰੀ ਕੱਲਡ ਦੇ ਪ੍ਰਧਾਨ ਡਾ.ਕੰਗ ਨੇ ਸਿੱਖ ਮਸ਼ੀਨਰੀ ਕਾਲਜ ਦੇ ਵਿਦਿਆਰਥੀਆਂ ਅਤੇ ਪ੍ਰਿੰਸੀਪਲ ਦੀ ਪ੍ਰਸੰਸਾ ਕਰਦੇ ਹੋਏ ਕਿਹਾ ਕਿ ਇਸ ਬਲੱਡ ਬੈਂਕ ਨੂੰ ਸਿੱਖ ਮਸ਼ੀਨਰੀ ਕਾਲਜ ਦੇ ਵਿਦਿਆਰਥੀਆਂ ਵੱਲੋਂ ਖ਼ੂਨਦਾਨ ਕਰਨ ਵਿੱਚ ਵੱਡਮੁੱਲਾ ਯੋਗਦਾਨ ਪਾਇਆ ਜਾ ਰਿਹਾ ਹੈ। ਡਾ.ਰਣਬੀਰ ਸਿੰਘ ਮੈਡੀਸਨ ਸਪੈਸ਼ਲਿਸਟ ਵੱਲੋਂ ਖ਼ੂਨਦਾਨੀਆਂ ਨੂੰ ਉਤਸ਼ਾਹਿਤ ਕੀਤਾ ਗਿਆ ਅਤੇ ਇਸ ਸਮਾਜ ਭਲਾਈ ਦੇ ਸਭ ਤੋਂ ਉੱਤਮ ਕਾਰਜ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ। ਇਸ ਤੋਂ ਬਾਅਦ ਸਿੱਖ ਮਿਸ਼ਨਰੀ ਕਾਲਜ ਦੇ ਵਿਦਿਆਰਥੀਆਂ ਵੱਲੋਂ ਵਿਸ਼ਵ ਖ਼ੂਨਦਾਨ ਦਿਵਸ ਨੂੰ ਸਮਰਪਿਤ ਇਕ ਜਾਗਰੂਕਤਾ ਰੈਲੀ ਕੱਢੀ, ਜਿਸ ਨੂੰ ਸੀਨੀਅਰ ਮੈਡੀਕਲ ਅਫਸਰ ਵੱਲੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਵਿਦਿਆਰਥੀਆਂ ਅਤੇ ਖ਼ੂਨਦਾਨੀਆਂ ਲਈ ਰਿਫਰੈਸ਼ਮੈਂਟ ਦਾ ਪ੍ਰਬੰਧ ਵੀ ਕੀਤਾ ਗਿਆ ਸੀ। ਇਸ ਮੌਕੇ ਡਾ. ਸੁਹੇਲ ਬਸੋਆ, ਡਾ.ਅਮਰਿੰਦਰ ਸਿੰਘ, ਡਾ.ਪੰਕਜ, ਰਾਣਾ ਬਖਤਾਬਰ ਸਿੰਘ, ਨੀਰਜ ਸ਼ਰਮਾ, ਰੁਬਿੰਦਰ ਕੌਰ, ਸੁਰਿੰਦਰਪਾਲ ਸਿੰਘ, ਅਨੀਤਾ, ਅਰਾਧਨਾ, ਮੋਨਿਕਾ ਹਾਜਰ ਸਨ।

# ਜ਼ਿਲ੍ਹਾ ਰੈੱਡ ਕ੍ਰਾਸ ਸੁਸਾਇਟੀ ਨੇ ਕਰਵਾਇਆ ਤਿੰਨ ਰੋਜ਼ਾ ਫਸਟ ਏਡ ਸਿਖਲਾਈ ਸੈਮੀਨਾਰ

ਹੁਸ਼ਿਆਰਪੁਰ (ਓ ਪੀ ਰਾਣਾ)- ਜ਼ਿਲ੍ਹਾ ਰੈੱਡ ਕ੍ਰਾਸ ਸੁਸਾਇਟੀ ਵੱਲੋਂ ਜੀ.ਐਨ.ਏ ਐਕਸਲਜ਼, ਮੇਹਟੀਆਣਾ ਦੇ ਕਰਮਚਾਰੀਆਂ ਲਈ ਇਕ ਵਿਆਪਕ ਤਿੰਨ ਰੋਜ਼ਾ ਫਸਟ ਏਡ ਸਿਖਲਾਈ ਸੈਮੀਨਾਰ ਸਫਲਤਾਪੂਰਵਕ ਕਰਵਾਇਆ ਗਿਆ। ਸਿਖਲਾਈ ਦੀ ਅਗਵਾਈ ਰੈੱਡ ਕ੍ਰਾਸ ਦੇ ਤਜਰਬੇਕਾਰ ਫਸਟ ਏਡ ਸਿਖਲਾਈ ਸੁਪਰਵਾਈਜ਼ਰ ਦੁਆਰਾ ਕੀਤੀ ਗਈ ਅਤੇ ਰੈੱਡ ਕ੍ਰਾਸ ਦੇ ਸੂਚੀਬੱਧ ਐਮ.ਬੀ.ਬੀ.ਐਸ ਡਾਕਟਰ ਅਵਿਨਾਸ਼ ਚੰਦਰ ਸੂਦ ਵੱਲੋਂ ਕਰਵਾਏ ਗਏ ਇਕ ਰਸਮੀ ਮੁਲਾਂਕਣ ਨਾਲ ਸਮਾਪਤ ਹੋਈ।ਸਿਖਲਾਈ ਪ੍ਰੋਗਰਾਮ ਦਾ ਉਦੇਸ਼ ਫੈਕਟਰੀ ਕਰਮਚਾਰੀਆਂ ਨੂੰ ਜ਼ਰੂਰੀ ਫਸਟ ਏਡ ਗਿਆਨ ਅਤੇ ਵਿਹਾਰਕ ਹੁਨਰਾਂ ਨਾਲ ਲੈਸ ਕਰਨਾ ਸੀ। ਭਾਗੀਦਾਰਾਂ ਨੂੰ ਸੀ. ਪੀ. ਆਰ (ਕਾਰਡੀਓਪਲਮੋਨਰੀ ਰੀਸਸੀਟੇਸ਼ਨ), ਜ਼ਹਿਰ, ਐਪੀਸਟੈਕਸਿਸ, ਜਲਣ, ਫ੍ਰੈਕਚਰ ਦਾ ਇਲਾਜ, ਦਮ ਘੁੱਟਣ ਦਾ ਪ੍ਰਬੰਧਨ, ਪੱਟੀਆਂ ਲਗਾਉਣਾ, ਮੋਚ/ਖਿੱਚ, ਪਸਲੀਆਂ ਦਾ ਫ੍ਰੈਕਚਰ ਅਤੇ ਹੋਰ ਐਮਰਜੈਂਸੀ ਪ੍ਰਤੀਕਿਰਿਆ ਤਕਨੀਕਾਂ ਜਿਵੇਂ ਕਿ ਸੱਪ/ਬਿੱਛੂ/ਕੁੱਤੇ/ਸ਼ਹਿਦ ਦੀ ਮੱਖੀ ਦਾ ਕੱਟਣਾ, ਮਿਰਗੀ ਦਾ ਦੌਰਾ, ਡੁੱਬਣਾ, ਸਾਹ ਘੁੱਟਣਾ, ਸਿਰ ਦੀ ਸੱਟ, ਗਰਮੀ ਦਾ ਦੌਰਾ ਅਤੇ ਡੀਹਾਈਡਰੇਸ਼ਨ, ਬੁਖ਼ਾਰ ਆਦਿ ਵਿਚ ਪੂਰੀ ਤਰ੍ਹਾਂ ਸਿਖਲਾਈ ਦਿੱਤੀ ਗਈ, ਜੋ ਹਸਪਤਾਲ ਵਿਚ ਡਾਕਟਰ ਤੋਂ ਇਲਾਜ ਕਰਵਾਉਣ ਤੋਂ ਪਹਿਲਾਂ ਮਰੀਜ਼ ਦੀ ਜਾਨ ਬਚਾਅ ਸਕਦੀ ਹੈ।ਪ੍ਰੋਗਰਾਮ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਅਜਿਹੇ ਸਿਖਲਾਈ ਸੈਸ਼ਨ ਫੈਕਟਰੀਜ਼ ਐਕਟ ਤਹਿਤ ਲਾਜ਼ਮੀ ਹਨ । ਉਨ੍ਹਾਂ ਹਾਦਸਿਆਂ ਅਤੇ ਐਮਰਜੈਂਸੀ ਦੇ ਪ੍ਰਭਾਵ ਨੂੰ ਘਟਾਉਣ ਲਈ ਕੰਮ ਵਾਲੀ ਥਾਂ ਦੀ ਸੁਰੱਖਿਆ ਅਤੇ ਤਿਆਰੀ ਦੀ ਮਹੱਤਤਾ ਤੇ ਜ਼ੋਰ ਦਿੱਤਾ। ਸਕੱਤਰ ਜ਼ਿਲ੍ਹਾ ਰੈੱਡ ਕ੍ਰਾਸ ਸੁਸਾਇਟੀ ਮੰਗੇਸ਼ ਸੂਦ ਨੇ ਇਸ ਗੱਲ ਤੇ ਜ਼ੋਰ ਦਿੱਤਾ ਕਿ ਫੈਕਟਰੀਜ਼ ਐਕਟ ਦੇ ਤਹਿਤ ਮੁਢਲੀ ਸਹਾਇਤਾ ਦੀ ਪਾਲਣਾ ਸਿਰਫ਼ ਇਕ ਕਾਨੂੰਨੀ ਜ਼ਿੰਮੇਵਾਰੀ ਨਹੀਂ ਹੈ, ਸਗੋਂ ਕਾਮਿਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਦਾ ਇਕ ਮਹੱਤਵਪੂਰਨ ਪਹਿਲੂ ਹੈ। 'ਢੁਕਵੇਂ ਮੁਢਲੀ ਸਹਾਇਤਾ ਸਰੋਤ ਅਤੇ ਸਿਖਲਾਈ ਪ੍ਰਦਾਨ ਕਰਕੇ, ਮਾਲਕ ਕੰਮ ਵਾਲੀ ਥਾਂ ਦੀਆਂ ਸੱਟਾਂ ਨਾਲ ਜੁੜੇ ਜੋਖਮਾਂ ਨੂੰ ਕਾਫ਼ੀ ਘਟਾ ਸਕਦੇ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਰੈੱਡ ਕ੍ਰਾਸ ਸੋਸਾਇਟੀ ਹੋਰ ਉਦਯੋਗਾਂ ਨੂੰ ਸਵੈ-ਇੱਛਾ ਨਾਲ ਆਪਣੀ ਫੈਕਟਰੀ ਵਿਚ ਅਜਿਹਾ ਪ੍ਰੋਗਰਾਮ ਆਯੋਜਿਤ ਕਰਨ ਲਈ ਉਤਸ਼ਾਹਿਤ ਕਰਦੀ ਹੈ। ਦਿਲਚਸਪੀ ਰੱਖਣ ਵਾਲੀਆਂ ਧਿਰਾਂ ਸਿਖਲਾਈ ਸਹਿਯੋਗ ਲਈ ਫਸਟ ਏਡ ਸਿਖਲਾਈ ਸੁਪਰਵਾਈਜ਼ਰ ਸੰਜੀਵਨ ਸਿੰਘ ਨਾਲ ਸਿੱਧਾ ਸੰਪਰਕ ਕਰ ਸਕਦੀਆਂ ਹਨ।



# ਸਿਆਸੀ ਪਾਰਟੀਆਂ ਬੂਥ ਲੈਵਲ ਏਜੰਟਾਂ ਦੀ ਨਿਯੁਕਤੀ ਤੁਰੰਤ ਕਰਨ : ਆਸ਼ਿਕਾ ਜੈਨ

**ਹੁਸ਼ਿਆਰਪੁਰ (ਓ ਪੀ ਰਾਣਾ)**- ਭਾਰਤ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਆਸ਼ਿਕਾ ਜੈਨ ਦੀ ਪ੍ਰਧਾਨਗੀ ਹੇਠ ਜ਼ਿਲ੍ਹੇ ਦੀਆਂ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਇਕ ਅਹਿਮ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦਾ ਮੁੱਖ ਉਦੇਸ਼ ਵੋਟਰ ਸੂਚੀਆਂ ਦੀ ਤਿਆਰੀ ਅਤੇ ਸੁਧਾਈ ਦੀ ਪ੍ਰਕਿਰਿਆ ਵਿਚ ਪਾਰਦਰਸ਼ਤਾ ਨੂੰ ਯਕੀਨੀ ਬਣਾਉਣਾ ਸੀ।ਮੀਟਿੰਗ ਵਿਚ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਚੋਣ ਕਮਿਸ਼ਨ ਨੇ ਸਾਰੀਆਂ ਰਾਜਨੀਤਿਕ ਪਾਰਟੀਆਂ ਨੂੰ ਇਹ ਸਹੂਲਤ ਪ੍ਰਦਾਨ ਕੀਤੀ ਹੈ ਕਿ ਉਹ ਹਰੇਕ ਪੋਲਿੰਗ ਸਟੇਸ਼ਨ ਲਈ ਬੂਥ ਲੈਵਲ ਏਜੰਟ (ਬੀ.ਐਲ.ਏ) ਨਿਯੁਕਤ ਕਰਨ। ਉਨ੍ਹਾਂ ਮੀਟਿੰਗ ਦੌਰਾਨ ਬੂਥ ਲੈਵਲ ਏਜੰਟਾਂ ਦੀ ਨਿਯੁਕਤੀ ਨਾਲ ਸਬੰਧਤ ਪ੍ਰਕਿਰਿਆ ਵੀ ਸਾਂਝੀ ਕੀਤੀ। ਉਨ੍ਹਾਂ ਦੱਸਿਆ ਕਿ ਹਰੇਕ ਪੋਲਿੰਗ ਸਟੇਸ਼ਨ ਜਾਂ ਵੋਟਰ ਸੂਚੀ ਦੇ ਭਾਗ ਲਈ ਇਕ ਬੀ.ਐਲ.ਏ ਨਿਯੁਕਤ ਕੀਤਾ ਜਾ ਸਕਦਾ ਹੈ, ਜੋ ਉਸ ਖੇਤਰ ਦਾ ਰਜਿਸਟਰਡ ਵੋਟਰ ਹੋਣਾ ਚਾਹੀਦਾ ਹੈ। ਏਜੰਟ ਦਾ ਕਾਰਜਕਾਲ ਉਦੋਂ ਤੱਕ ਵੈਧ ਰਹੇਗਾ ਜਦੋਂ ਤੱਕ ਉਸਦੀ ਨਿਯੁਕਤੀ ਰੱਦ ਨਹੀਂ ਹੋ ਜਾਂਦੀ ਜਾਂ ਉਹ ਉਸ ਖੇਤਰ ਦਾ ਵੋਟਰ ਨਹੀਂ ਰਹਿੰਦਾ।ਡਿਪਟੀ ਕਮਿਸ਼ਨਰ ਨੇ ਸਪੱਸ਼ਟ ਕੀਤਾ ਕਿ ਸਰਕਾਰੀ, ਅਰਧ-ਸਰਕਾਰੀ ਜਾਂ ਜਨਤਕ ਖੇਤਰ ਦੇ ਅਦਾਰਿਆਂ ਵਿਚ ਨੌਕਰੀ ਕਰਨ ਵਾਲਾ ਕੋਈ ਵੀ ਵਿਅਕਤੀ ਬੀ.ਐਲ.ਏ ਨਹੀਂ ਬਣ ਸਕਦਾ। ਬੀ.ਐਲ.ਏ ਨੂੰ ਮ੍ਰਿਤਕ ਜਾਂ ਤਬਦੀਲ ਕੀਤੇ ਵੋਟਰਾਂ ਦੀ ਸੂਚੀ ਤਿਆਰ ਕਰਨ ਅਤੇ ਇਸ ਨੂੰ ਸਬੰਧਤ ਫਾਰਮੈਟ ਵਿਚ ਜਮ੍ਹਾ ਕਰਨ ਲਈ ਬੀ.ਐਲ.ਓ ਨਾਲ ਤਾਲਮੇਲ ਕਰਨਾ ਹੁੰਦਾ ਹੈ। ਉਨ੍ਹਾਂ ਕਿਹਾ ਕਿ ਬੀ.ਐਲ.ਏ. ਨੂੰ ਵਿਸ਼ੇਸ਼ ਕੈਂਪਾਂ ਵਿਚ ਲਾਜ਼ਮੀ ਤੌਰ ਤੇ ਮੌਜੂਦ ਰਹਿਣਾ ਹੋਵੇਗਾ ਜਿਥੇ ਬੀ.ਐਲ.ਓ ਆਪਣੀ ਮਦਦ ਨਾਲ ਦਾਅਵੇ ਅਤੇ ਇਤਰਾਜ਼ ਦਰਜ ਕਰਨਗੇ। ਆਸ਼ਿਕਾ ਜੈਨ ਨੇ ਕਿਹਾ ਕਿ ਜੇਕਰ ਕੋਈ ਰਾਜਨੀਤਿਕ ਪਾਰਟੀ ਬੀ.ਐਲ.ਏ ਨਿਯੁਕਤ ਨਹੀਂ ਕਰਦੀ, ਤਾਂ ਉਹ ਵੋਟਰ ਸੂਚੀ ਸੋਧ ਦੌਰਾਨ ਸਮੂਹਿਕ ਫਾਰਮ ਵੀ ਜਮ੍ਹਾ ਨਹੀਂ ਕਰਵਾ ਸਕਦੀ। ਇਸ ਲਈ ਸਾਰੀਆਂ ਪਾਰਟੀਆਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਤੁਰੰਤ ਬੀ.ਐਲ.ਏ ਦੀ ਨਿਯੁਕਤੀ ਕਰਨ ਅਤੇ ਰਿਪੋਰਟ ਜ਼ਿਲ੍ਹਾ ਚੋਣ ਦਫ਼ਤਰ ਅਤੇ ਸਬੰਧਤ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ ਨੂੰ ਭੇਜਣ। ਉਨ੍ਹਾਂ ਕਿਹਾ ਕਿ ਵੋਟਰ ਸੂਚੀ ਨੂੰ ਸ਼ੁੱਧ ਅਤੇ ਪਾਰਦਰਸ਼ੀ ਬਣਾਉਣ ਵਿਚ ਰਾਜਨੀਤਿਕ ਪਾਰਟੀਆਂ ਦੀ ਭੂਮਿਕਾ ਮਹੱਤਵਪੂਰਨ ਹੈ। ਇਸ ਮੌਕੇ ਤਹਿਸੀਲਦਾਰ (ਚੋਣਾਂ) ਸਰਬਜੀਤ ਸਿੰਘ, ਕਾਨੂੰਗੋ ਦੀਪਕ ਕੁਮਾਰ, ਇੰਡੀਅਨ ਨੈਸ਼ਨਲ ਕਾਂਗਰਸ ਤੋਂ ਰਜਨੀਸ਼ ਟੰਡਨ ਤੇ ਹੋਰ ਮੌਜੂਦ ਸਨ।

# ਸਰਕਾਰ ਮਹਿਲਾਵਾਂ ਦੇ ਜੀਵਨ ਉਥਾਨ ਤੇ ਉਨ੍ਹਾਂ ਦੀ ਸਿਹਤ ਲਈ ਪ੍ਰਤੀਬੱਧ : ਸ਼ਰੂਤੀ ਚੌਧਰੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੀ ਸਿੰਚਾਈ ਅਤੇ ਮਹਿਲਾ ਅਤੇ ਬਾਲ ਵਿਕਾਸ ਮੰਤਰੀ ਸ੍ਰੀਮਤੀ ਸ਼ਰੂਤੀ ਚੌਧਰੀ ਨੇ ਕਿਹਾ ਕਿ ਹਰਿਆਣਾ ਸਰਕਾਰ ਆਮ ਜਨਤਾ ਦੇ ਨਾਲ-ਨਾਲ ਮਹਿਲਾਵਾਂ ਦੇ ਜੀਵਨ ਉਥਾਨ ਅਤੇ ਉਨ੍ਹਾਂ ਦੇ ਸਿਹਤ ਲਈ ਪ੍ਰਤੀਬੱਧ ਹੈ। ਉਨ੍ਹਾ ਨੇ ਕਿਹਾ ਕਿ ਸੂਬੇ ਵਿੱਚ ਜਲ ਸਪਲਾਈ ਦੇ ਸਰੋਤਾਂ ਨੂੰ ਬਹਾਲ ਕਰਵਾਇਆ ਜਾ ਰਿਹਾ ਹੈ ਤਾਂ ਜੋ ਜ਼ਿਲ੍ਹਾ ਭਿਵਾਨੀ ਵਿੱਚ ਕਾਫੀ ਪਾਣੀ ਪਹੁੰਚ ਸਕੇ।ਸ੍ਰੀਮਤੀ ਸ਼ਰੂਤੀ ਚੌਧਰੀ ਭਿਵਾਨੀ ਦੇ ਪਿੰਡ ਖਰਕ ਵਿੱਚ ਆਯੋਜਿਤ ਅਭਿਨੰਦਰ ਸਮਾਰੋਹ ਵਿੱਚ ਪਿੰਡ ਵਾਸੀਆਂ ਨੂੰ ਸੰਬੋਧਿਤ ਕਰ ਰਹੀ ਸੀ। ਉਨ੍ਹਾਂ ਨੇ ਕਿਹਾ ਕਿ ਸਾਬਕਾ ਮੁੱਖ ਮੰਤਰੀ ਸੁਰਗਵਾਸੀ ਚੌਧਰੀ ਬੰਸੀ ਲਾਲ ਨੇ ਪਿੰਡ-ਪਿੰਡ ਵਿੱਚ ਬਿਜਲੀ ਪਹੁੰਚਾ ਕੇ, ਸੜਕਾਂ ਦਾ ਜਲ ਵਿਛਾ ਕੇ ਅਤੇ ਕਿਸਾਨਾਂ ਨੂੰ ਨਹਿਰੀ ਪਾਣੀ ਮੁਹੱਈਆ ਕਰਵਾ ਕੇ ਵਿਕਾਸ ਦੀ ਇੱਕ ਮਿਸਾਲ ਕਾਇਮ ਕੀਤੀ ਸੀ। ਉਨ੍ਹਾਂ ਨੇ ਕਿਹਾ ਕਿ ਸਾਡੀ ਖੁਸ਼ ਕਿਸਮਤੀ ਹੈ ਕਿ ਭਾਰਤ ਦੀ ਅਗਵਾਈ ਅੱਜ ਮਜਬੂਤ ਨੇਤਾ ਦੇ ਹੱਥ ਵਿੱਚ ਹੈ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦੇਸ਼ ਦੇ ਸਮੂਚੇ ਵਿਕਾਸ ਲਈ ਇਤਿਹਾਸਕ ਫੈਸਲੇ ਲਏ ਹਨ, ਜਿੰਨ੍ਹਾਂ ਵਿੱਚ ਤਿੰਨ ਤਲਾਕ ਨੂੰ ਖਤਮ ਕਰਨਾ, ਧਾਰਾ 370 ਨੂੰ ਹਟਾਉਣਾ, ਵਕਫ ਸੋਧ ਬਿੱਲ ਆਦਿ ਸ਼ਾਮਿਲ ਹੈ। ਵਨ ਨੇਸ਼ਨ, ਵਨ ਇਲੈਕਸ਼ਨ ਦਾ ਬਿੱਲ ਵੀ ਲਿਆਇਆ ਜਾਵੇਗਾ, ਜੋ ਦੇਸ਼ ਦੇ ਵਿਕਾਸ ਵਿੱਚ ਬਹੁਤ ਵੱਡਾ ਸਹਾਇਕ ਹੋਵੇਗਾ। ਉਨ੍ਹਾਂ ਨੇ ਕਿਹਾ ਕਿ ਭਾਰਤ ਨੂ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਵਜ੍ਹਾ ਨਾਲ ਵਿਦੇਸ਼ਾਂ ਵਿੱਚ ਬਹੁਤ ਹੀ ਸਨਮਾਨ ਦੀ ਦ੍ਰਿਸ਼ਟੀ ਨਾਲ ਦੇਖਿਆ ਜਾਂਦਾ ਹੈ। ਹਰ ਭਾਰਤ ਦੀ ਵਿਦੇਸ਼ਾਂ ਵਿੱਚ ਕਦਰ ਹੈ। ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਹਰ ਵਰਗ ਲਈ ਕੰਮ ਕਰ ਰਹੇ ਹਨ। ਸਾਬਕਾ ਮੁੱਖ ਮੰਤਰੀ ਮਨੋਹਰ ਲਾਲ ਨੇ ਬਿਨ੍ਹਾ ਖਰਚੀ ਅਤੇ ਬਿਨ੍ਹਾ ਪਰਚੀ ਦੇ ਯੋਗਤਾ ਆਧਾਰ 'ਤੇ ਨੌਜੁਆਨਾਂ ਨੂੰ ਨੌਕਰੀਆਂ ਦੇਣ ਦਾ ਕੰਮ ਸ਼ੁਰੂ ਕੀਤਾ, ਉਸੀ ਤਰ੍ਹਾਂ ਹੀ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਯੋਗਤਾ ਆਧਾਰ 'ਤੇ ਨੌਜੁਆਨਾਂ ਨੂੰ ਨੌਕਰੀ ਪ੍ਰਦਾਨ ਕਰ ਰਹੇ ਹਨ। ਇਸ ਨਾਲ ਮਿਹਨਤ ਕਰਨ ਵਾਲੇ ਨੌਜੁਆਨਾਂ ਵਿੱਚ ਜੋਸ਼ ਦਾ ਸੰਚਾਰ ਹੋਇਆ ਹੈ। ਅੱਜ ਨੌਕਰੀਆਂ ਦੇਣ ਵਿੱਚ ਖੇਤਰਵਾਦ ਅਤੇ ਭਾਈ ਭਤੀਜਵਾਦ ਦਾ ਕੋਈ ਸਥਾਨ ਨਹੀਂ ਹੈ। ਉਨ੍ਹਾਂ ਨੇ ਕਿਹਾ ਕਿ ਇਹ ਕੰਮ ਉਹੀ ਨੇਤਾ ਕਰ ਸਕਦੇ ਹਨ ਜੋ ਜਮੀਨ ਨਾਲ ਜੁੜੇ ਹੁੰਦੇ ਹਨ।

# ਪੰਡੋਰੀ ਨਿੱਜਰਾਂ ਕੋ-ਆਪਰੇਟਿਵ ਐਗਰੀਕਲਚਰ ਸੁਸਾਇਟੀ ਦੀਆਂ ਚੋਣਾਂ 'ਚ 'ਆਪ' ਦਾ ਕਬਜ਼ਾ



**ਆਦਮਪੁਰ (ਪਰਮਜੀਤ ਸਿੰਘ)**- ਦੀ ਪੰਡੋਰੀ ਨਿੱਜਰਾਂ ਕੋ-ਆਪਰੇਟਿਵ ਐਗਰੀਕਲਚਰ ਮਲਟੀਪਰਪਜ਼ ਸਰਵਿਸ ਸੁਸਾਇਟੀ ਲਿਮਟਿਡ ਪਿੰਡ ਪੰਡੋਰੀ ਨਿੱਜਰਾਂ ਜ਼ਿਲ੍ਹਾ ਜਲੰਧਰ ਦੀ ਚੋਣ ਰਿਟਰਨਿੰਗ ਅਫਸਰ ਹਰਦੀਪ ਸਿੰਘ ਅਤੇ ਏ.ਆਰ. ਓ ਹਰਜੀਤ ਸਿੰਘ ਦੀ ਅਗਵਾਈ ਹੇਠ ਹੋਈ। ਜਿਸ ਵਿੱਚ ਸਰਬ ਸੰਮਤੀ ਨਾਲ ਸੁਖਵਿੰਦਰ ਸਿੰਘ, ਚਰਨਜੀਤ ਸਿੰਘ, ਅਮਨਦੀਪ ਸਿੰਘ, ਅਨੂਪ ਸਿੰਘ ਨਿੱਜਰ, ਗੁਰਵਿੰਦਰ ਸਿੰਘ, ਜਗਦੀਪ ਸਿੰਘ, ਬਲਵੀਰ ਸਿੰਘ, ਜਸਵਿੰਦਰ ਸਿੰਘ, ਕੁਲਵਿੰਦਰ ਕੌਰ, ਬਬਲੀ, ਦੀਪਕ ਕੁਮਾਰ ਨੂੰ ਚੁਣਿਆ ਗਿਆ। ਇਸ ਮੌਕੇ ਜਾਣਕਾਰੀ ਦਿੰਦੇ ਹਰਕੀਤ ਸਿੰਘ ਭੇਲਾਂ, ਅਨੂਪ ਸਿੰਘ ਨੂਪੀ ਨੇ ਦੱਸਿਆ ਕਿ ਕਰੀਬ 15 ਸਾਲਾਂ ਤੋਂ ਇਸ ਸੁਸਾਇਟੀ ਦੇ ਚੋਣਾਂ ਵਿੱਚ ਪਵਨ ਕੁਮਾਰ ਟੀਨੂੰ ਸਾਬਕਾ ਵਿਧਾਇਕ ਆਦਮਪੁਰ ਅਤੇ ਸੀਨੀਅਰ ਸਪੋਕਸਮੈਨ ਆਪ ਪਾਰਟੀ ਦੇ ਸਮਰਥਕਾਂ ਦਾ ਕਬਜ਼ਾ ਰਿਹਾ ਹੈ ਅਤੇ ਮੈਂਬਰਾਂ ਦੇ ਅਹੁਦਿਆਂ ਦੀ ਵੀ ਚੋਣ ਪਵਨ ਟੀਨੂੰ ਦੀ ਅਗਵਾਈ ਵਿੱਚ ਕੀਤੀ ਜਾਵੇਗੀ। ਇਸ ਮੌਕੇ ਸਰਪੰਚ ਮਨਜਿੰਦਰ ਸਿੰਘ, ਪੰਚ ਸੁਖਦੀਪ ਸਿੰਘ, ਪੰਚ ਗੁਰਪ੍ਰੀਤ ਸਿੰਘ, ਪੰਚ ਹਨੀ, ਬਲਦੇਵ ਸਿੰਘ ਸਾਬਕਾ ਸਰਪੰਚ, ਜਸਵੰਤ ਸਿੰਘ ਨਿੱਜਰ , ਮਾਸਟਰ ਸਰਬਜੀਤ ਸਿੰਘ, ਨੰਬਰਦਾਰ ਹਰਵਿੰਦਰ ਸਿੰਘ, ਪੰਡਿਤ ਰਣਜੀਤ ਕੁਮਾਰ, ਬਲਦੇਵ ਸਿੰਘ, ਛਿੰਦਾ ਨਿੱਜਰ, ਸੁਰਿੰਦਰ ਸਿੰਘ, ਮਹਿੰਦਰ ਸਿੰਘ ਭੇਲਾਂ, ਗੁਰਜੀਤ ਸਿੰਘ, ਨਰਿੰਦਰ ਸਿੰਘ, ਸੁਖਵਿੰਦਰ ਸਿੰਘ, ਗੋਪੀ, ਬਲਵਿੰਦਰ ਸਿੰਘ, ਜਸਵੀਰ ਪਾਲ ਨਾਜਕਾ, ਸਤਵਿੰਦਰ ਸਨੀ ਦੋਨੋਂ ਸੈਕਟਰੀ ਹਾਜ਼ਰ ਹੋਏ।

# ਐਂਟੀ ਡੇਂਗੂ ਕੈਂਪੇਨ 'ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ'

**ਬਲਾਚੌਰ (ਜਸਵਿੰਦਰ ਬੈਂਸ)**- ਸਿਵਲ ਸਰਜਨ ਸ਼ਹੀਦ ਭਗਤ ਸਿੰਘ ਨਗਰ ਡਾ. ਗੁਰਿੰਦਰਜੀਤ ਸਿੰਘ ਅਤੇ ਐਪੀਡੀਮੋਲੋਜਿਸਟ ਡਾ. ਰਕੇਸ ਪਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫਸਰ ਡਾ. ਨਵਰੀਤ ਕੌਰ ਪੀ ਐੱਚ ਸੀ ਸੜੋਆ ਦੀ ਯੋਗ ਅਗਵਾਈ ਹੇਠ ਸੈਕਟਰ ਸਾਹਿਬਾ ਦੇ ਅਧੀਨ ਪਿੰਡ ਵਿਛੋੜੀ ਵਿਖੇ ਘਰ ਘਰ ਜਾ ਕੇ ਡੇਂਗੂ ਦੇ ਬਚਾਅ ਅਤੇ ਲੱਛਣਾਂ ਸਬੰਧੀ ਜਾਣਕਾਰੀ ਦਿੱਤੀ



ਗਈ ਅਤੇ ਡੇਂਗੂ ਦਾ ਲਾਰਵਾ ਚੈੱਕ ਕੀਤਾ ਗਿਆ। ਹੈਲਥ ਇੰਸਪੈਕਟਰ ਗੁਰਿੰਦਰ ਸਿੰਘ ਨੇ ਜਿਨ੍ਹਾਂ ਘਰਾਂ ਵਿੱਚ ਲਾਰਵਾ ਪਾਇਆ ਗਿਆ ਉਹਨਾਂ ਨੂੰ ਚੇਤਾਵਨੀ ਨੋਟਿਸ ਜਾਰੀ ਕੀਤੇ ਗਏ। ਦੱਸਿਆ ਕਿ ਡੇਂਗੂ ਬੁਖਾਰ ਮਾਦਾ ਏਡੀਜ਼ ਅਜਿਪਟੀ ਨਾਂਅ ਦੇ ਮੱਛਰਾਂ ਦੇ ਕੱਟਣ ਨਾਲ ਫੈਲਦਾ ਹੈ। ਇਹ ਮੱਛਰ ਸਾਫ ਖੜ੍ਹੇ ਪਾਣੀ ਦੇ ਸੋਮਿਆਂ ਵਿੱਚ ਪੈਦਾ ਹੁੰਦੇ ਹਨ। ਇਹ ਘਰਾਂ ਦੇ ਆਲੇ ਦੁਆਲੇ ਸਾਫ ਪਾਣੀ ਵਿੱਚ ਪੈਦਾ ਹੁੰਦੇ ਹਨ। ਇਸ ਲਈ ਸਾਨੂੰ ਆਪਣੇ ਘਰਾਂ ਵਿੱਚ ਕੂਲਰਾਂ, ਗਮਲਿਆਂ, ਫਰਿੱਜਾਂ ਦੀਆਂ ਟਰੇਆਂ ਛੱਤਾਂ 'ਤੇ ਪਈਆਂ ਪਾਣੀ ਦੀਆਂ ਟੈਂਕੀਆਂ, ਪਾਣੀ ਦੇ ਭਰੇ ਭਾਂਡਿਆਂ, ਟਾਇਰਾਂ ਵਿੱਚ ਖੜ੍ਹੇ ਪਾਣੀ ਨੂੰ ਹਫਤੇ ਵਿੱਚ ਇੱਕ ਵਾਰ ਸਾਫ ਕਰਕੇ ਸੁਕਾਉਣਾ ਚਾਹੀਦਾ ਹੈ। ਹਰੇਕ ਸ਼ੁੱਕਰਵਾਰ ਨੂੰ ਡਰਾਈ ਡੇ ਮਨਾਉਣ ਲਈ ਜਾਗਰੂਕ ਕੀਤਾ। ਡੇਂਗੂ ਦਾ ਮੱਛਰ ਹਫਤੇ ਵਿੱਚ ਅੰਡੇ ਤੋਂ ਪੂਰਾ ਮੱਛਰ ਬਣਦਾ ਹੈ, ਇਸ ਲਈ ਸਾਨੂੰ ਕੂਲਰਾਂ, ਫਰਿੱਜਾਂ ਦੀਆਂ ਟਰੇਆਂ ਆਦਿ ਵਿੱਚ ਖੜ੍ਹੇ ਪਾਣੀ ਨੂੰ ਸੁਕਾਉਣਾ ਚਾਹੀਦਾ ਹੈ। ਬੁਖਾਰ ਹੋਣ 'ਤੇ ਨੇੜੇ ਦੇ ਸਰਕਾਰੀ ਹਸਪਤਾਲ ਵਿੱਚ ਸੰਪਰਕ ਕਰੋ। ਡੇਂਗੂ ਦਾ ਇਲਾਜ ਅਤੇ ਟੈਸਟ ਸਰਕਾਰੀ ਹਸਪਤਾਲ ਵਿੱਚ ਮੁਫਤ ਕੀਤਾ ਜਾਂਦਾ ਹੈ। ਇਸ ਮੌਕੇ ਮਲਟੀਪਰਪਜ਼ ਹੈਲਥ ਵਰਕਰ ਵਰੁਣ ਕੁਮਾਰ, ਆਸ਼ਾ ਵਰਕਰ ਨਿਰਮਲਾ, ਸਰਪੰਚ ਬਗੀਚਾ ਸਿੰਘ ਅਤੇ ਪੰਚਾਇਤ ਮੈਂਬਰ ਹਾਜ਼ਰ ਸਨ।

# ਐੱਸ ਸੀ ਸਰਪੰਚ ਦੇ ਚਪੇੜਾਂ ਮਾਰਨ ਦੇ ਮਾਮਲੇ 'ਚ ਦਿੱਲੀ ਏਅਰਪੋਰਟ ਤੋਂ ਮਹਿਲਾ ਗ੍ਰਿਫ਼ਤਾਰ

**ਲੋਹੀਆਂ ਖਾਸ (ਯੋਗੇਸ਼ਵਰ, ਰੀਨਾ ਸ਼ਰਮਾ)**- ਬਲਾਕ ਲੋਹੀਆਂ ਖਾਸ ਦੀ ਗ੍ਰਾਮ ਪੰਚਾਇਤ ਕੰਗ ਖੁਰਦ ਦੇ ਮੌਜੂਦਾ ਸਰਪੰਚ ਗੁਰਪ੍ਰੀਤ ਸਿੰਘ ਦੋਧਰ ਦੇ ਚਪੇੜ ਮਾਰਨ, ਜਾਤੀਸੂਚਕ ਸ਼ਬਦ ਅਤੇ ਜਾਨੋਂ ਮਾਰਨ ਦੀ ਧਮਕੀਆਂ ਦੇਣ ਵਾਲੇ 4 ਵਿਅਕਤੀਆਂ ਤੇ ਦਰਜ ਹੋਏ ਪਰਚੇ ਵਿਚੋਂ 3 ਨੂੰ ਪੁਲਸ ਨੇ ਗ੍ਰਿਫ਼ਤਾਰ ਕੀਤਾ ਗਿਆ ਹੈ। ਇਕ ਵਿਅਕਤੀ ਦੀ ਅਜੇ ਗ੍ਰਿਫ਼ਤਾਰੀ ਨਹੀਂ ਹੋ ਸਕੀ ਹੈ।ਪ੍ਰਾਪਤ ਵੇਰਵਿਆਂ ਅਨੁਸਾਰ ਗੁਰਪ੍ਰੀਤ ਸਿੰਘ ਦੋਧਰ ਸਰਪੰਚ ਕੰਗ ਖੁਰਦ ਕਿਸੇ ਮਾਮਲੇ ਨੂੰ ਸੁਲਝਾਉਣ ਨੂੰ ਲੈ ਕੇ ਬਸਤੀ ਕੰਗ ਕਲਾਂ ਦੇ ਸਾਬਕਾ ਸਰਪੰਚ ਦੇ ਪਤੀ ਹਰਭਜਨ ਸਿੰਘ ਦੇ ਘਰ ਹਰਭਜਨ ਸਿੰਘ ਦੇ ਕਹਿਣ ਤੇ ਗਏ ਸਨ। ਉਥੇ ਪੰਚਾਇਤੀ ਮੈਂਬਰਾਂ ਅਤੇ ਪਿੰਡ ਵਾਸੀਆਂ ਦੀ ਸ਼ਮੂਲੀਅਤ ਵਿਚੋਂ ਅਜੇ ਮਾਮਲੇ ਨੂੰ ਸਲਝਾਉਣ ਲਈ ਗੱਲਬਾਤ ਚਲ ਰਹੀ ਸੀ ਕਿ ਬਲਜੀਤ ਸਿੰਘ ਉਰਫ਼ ਨਿੱਕਾ ਪੁੱਤਰ ਸੁਖਰਾਜ ਸਿੰਘ ਉਰਫ਼ ਰਾਜ, ਹਰਵਿੰਦਰ ਸਿੰਘ ਉਰਫ਼ ਢੱਲੋ ਪੁੱਤਰ ਤਰਸੇਮ ਸਿੰਘ ਸੰਧੂ, ਗੁਰਮੀਤ ਕੌਰ ਗੋਨੀ ਪਤਨੀ ਤਰਸੇਮ ਸਿੰਘ ਸੰਧੂ ਵਾਸੀ ਬਸਤੀ ਕੰਗ ਕਲਾਂ ਕਹਿਣ ਲੱਗੇ ਕਿ ਅਸੀਂ ਕਿਸੇ ਪੰਚਾਇਤ ਨੂੰ ਨਹੀਂ ਮੰਨਦੇ। ਉਸੇ ਵਕਤ ਗੁਰਮੀਤ ਕੌਰ ਗੋਨੀ ਨੇ ਲਲਕਾਰਾ ਮਾਰ ਕੇ ਕਿਹਾ ਕਿ ਇਸ ਨੂੰ ਫੜ ਲਓ ਅਤੇ ਜਾਤੀਸੂਚਕ ਬੋਲਦਿਆਂ ਕਿਹਾ ਤੇਰੇ ਵਰਗੇ ਬਹੁਤ ਤੁਰੇ ਫਿਰਦੇ ਹਨ ਸਰਪੰਚ। ਬਲਜੀਤ ਸਿੰਘ ਉਰਫ਼ ਨਿੱਕਾ ਨੇ ਹਮਲਾ ਕਰਦਿਆਂ ਹੋਇਆਂ ਗੁਰਪ੍ਰੀਤ ਸਿੰਘ ਦੋਧਰ ਸਰਪੰਚ ਦੇ ਚਪੇੜਾਂ ਮਾਰਨੀਆਂ ਸ਼ੁਰੂ ਕਰ ਦਿੱਤੀਆਂ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਦੇਣ ਲੱਗੇ। ਹਰਵਿੰਦਰ ਸਿੰਘ ਉਰਫ਼ ਢੱਲੋ ਘਰੋਂ ਦਾਤਰ ਲੈਣ ਚਲਾ ਗਿਆ ਅਤੇ ਜਾਂਦਾ ਹੋਇਆ ਕਹਿਣ ਲੱਗਾ ਕਿ ਇਸ ਨੂੰ ਜਾਨੋਂ ਮਾਰ ਦੇਣਾ ਹੈ ਅਤੇ ਇਹ ਵੀ



ਕਹਿਣ ਲੱਗਾ ਕਿ ਸਾਡੇ ਵਿਦੇਸ਼ਾਂ ਵਿਚ ਵੀ ਪਰਚੇ ਚਲਦੇ ਹਨ। ਸਾਨੂੰ ਕਿਸੇ ਦਾ ਕੋਈ ਡਰ ਨਹੀਂ । ਭਰੀ ਪੰਚਾਇਤ ਵਿਚੋਂ ਸਰਪੰਚ ਗੁਰਪ੍ਰੀਤ ਸਿੰਘ ਦੋਧਰ ਦੀ ਬੇਇੱਜ਼ਤੀ ਕਰਨ ਤੇ ਪੁਲਸ ਨੂੰ ਦਿੱਤੀ ਦਰਖ਼ਾਸਤ ਦੇ ਆਧਾਰ ਤੇ ਸਥਾਨਕ ਪੁਲਸ ਨੇ ਪਰਚਾ ਦਰਜ ਕਰਕੇ ਹਰਭਜਨ ਸਿੰਘ ਅਤੇ ਹਰਵਿੰਦਰ ਸਿੰਘ ਉਰਫ਼ ਢੱਲੋ ਪੁੱਤਰ ਤਰਸੇਮ ਸਿੰਘ ਸੰਧੂ ਨੂੰ ਗ੍ਰਿਫ਼ਤਾਰ ਕਰਕੇ ਜੇਲ੍ਹ ਭੇਜੇ ਜਾਣ ਤੋਂ ਬਾਅਦ ਇੰਡੀਆ ਤੋਂ ਭੱਜਣ ਦੀ ਫਿਰਾਕ ਵਿਚ ਗੁਰਮੀਤ ਕੌਰ ਗੋਨੀ ਪਤਨੀ ਤਰਸੇਮ ਸਿੰਘ ਸੰਧੂ ਵਾਸੀ ਬਸਤੀ ਕੰਗ ਕਲਾ ਖ਼ਿਲਾਫ਼ ਪੁਲਸ ਨੇ ਅਗਲੀ ਕਾਰਵਾਈ ਕਰਦਿਆਂ ਐੱਲ. ਓ. ਸੀ. ਜਾਰੀ ਕਰਦੇ ਹੋਇਆ ਦਿੱਲੀ ਏਅਰਪੋਰਟ ਨੂੰ ਵੀ ਸੂਚਿਤ ਕਰ ਦਿੱਤਾ ਸੀ ਕਿ ਉਕਤ ਦੋਸ਼ੀ ਨੂੰ ਬਾਹਰਲੇ ਦੇਸ਼ ਨਾ ਜਾਣ ਦਿੱਤਾ ਜਾਵੇ। ਏਅਰਪੋਰਟ ਦਿੱਲੀ ਦੇ ਅਧਿਕਾਰੀਆਂ ਵੱਲੋਂ ਗੁਰਮੀਤ ਕੌਰ ਖ਼ਿਲਾਫ਼ ਦਰਜ ਐੱਫ਼. ਆਈ. ਆਰ. ਦੇ ਆਧਾਰਿਤ ਗ੍ਰਿਫ਼ਤਾਰ ਕਰ ਲਿਆ ਪਰ ਅਜੇ ਤੱਕ ਵੀ ਪੁਲਸ ਬਲਜੀਤ ਸਿੰਘ ਉਰਫ਼ ਨਿੱਕਾ ਪੁੱਤਰ ਸੁਖਰਾਜ ਸਿੰਘ ਉਰਫ਼ ਰਾਜ ਦੋਸ਼ੀ ਨੂੰ ਗ੍ਰਿਫ਼ਤਾਰ ਨਹੀਂ ਕਰ ਸਕੀ। ਇਲਾਕਾ ਨਿਵਾਸੀਆਂ ਦਾ ਕਹਿਣਾ ਹੈ ਕਿ ਉਕਤ ਐੱਨ. ਆਰ. ਆਈ. ਗੁਰਮੀਤ ਕੌਰ ਗੋਨੀ, ਹਰਵਿੰਦਰ ਸਿੰਘ ਉਰਫ਼ ਢੱਲੋ ਨੇ ਖ਼ੁਦ ਕਬੂਲ ਕੀਤਾ ਹੈ ਕਿ ਉਨ੍ਹਾਂ ਖ਼ਿਲਾਫ਼ ਵਿਦੇਸ਼ ਵਿਚ ਪਰਚੇ ਹੋਏ ਹਨ, ਜਿਸ ਦੀ ਜਾਂਚ ਕਰਕੇ ਇਨ੍ਹਾਂ ਖ਼ਿਲਾਫ਼ ਬਣਦੀ ਕਾਰਵਾਈ ਕੀਤੀ ਜਾਵੇ। ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਨੇ ਲੋਹੀਆਂ ਖਾਸ ਦੇ ਪੁਲਸ ਥਾਣੇ ਅਧੀਨ ਵੱਖ-ਵੱਖ ਪਿੰਡਾਂ ਦੇ ਅਨੇਕਾਂ ਮਾਮਲਿਆਂ ਨੂੰ ਲੈ ਕੇ ੨੫ ਜੂਨ ਨੂੰ ਲੋਹੀਆਂ ਖਾਸ ਪੁਲਸ ਥਾਣਾ ਘੇਰਨ ਦੀਆਂ ਚਿਤਾਵਨੀ ਦਿੱਤੀ।

# ਡੇਂਗੂ ਦੀ ਰੋਕਥਾਮ ਲਈ ਜਾਗਰੂਕ ਹੋਣ ਦੀ ਲੋੜ : ਡਾ. ਗੀਤਾਂਜਲੀ ਸਿੰਘ

**ਬਲਾਚੌਰ (ਜਸਵਿੰਦਰ ਬੈਂਸ)**- ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਦੇ ਨਿਰਦੇਸ਼ਾਂ ਅਨੁਸਾਰ ਸੀਨੀਅਰ ਮੈਡੀਕਲ ਅਫਸਰ ਡਾ. ਗੀਤਾਂਜਲੀ ਸਿੰਘ ਦੀ ਰਹਿਨੁਮਾਈ ਹੇਠ ਸਿਹਤ ਬਲਾਕ ਬਲਾਚੌਰ ਦੀ ਡੇਂਗੂ ਵਿਰੋਧੀ ਟੀਮ ਨੇ ਡੇਂਗੂ ਜਾਗਰੂਕਤਾ ਮੁਹਿੰਮ ਤਹਿਤ ਪਲਾਂਟ ਨਰਸਰੀਆਂ ਤੇ ਨਿਰਮਾਣ ਇਮਾਰਤਾਂ ਆਦਿ ਵਿਖੇ ਡੇਂਗੂ ਦੇ ਕਾਰਨਾਂ, ਬਚਾਅ ਤੇ ਇਲਾਜ ਬਾਰੇ ਜਾਗਰੂਕ ਕੀਤਾ। ਇਸ ਮੌਕੇ ਸੀਨੀਅਰ ਮੈਡੀਕਲ ਅਫਸਰ ਡਾ. ਗੀਤਾਂਜਲੀ ਸਿੰਘ ਨੇ ਡੇਂਗੂ ਬੁਖ਼ਾਰ ਦੇ ਲੱਛਣਾਂ, ਕਾਰਨਾਂ, ਬਚਾਅ ਅਤੇ ਇਲਾਜ ਬਾਰੇ ਸਮਝਾਇਆ। ਉਨ੍ਹਾਂ ਆਮ ਲੋਕਾਂ ਨੂੰ ਡੇਂਗੂ ਦੇ ਲਾਰਵੇ ਦੀ ਪਛਾਣ ਬਾਰੇ ਵੀ ਦੱਸਿਆ। ਉਨ੍ਹਾਂ ਹਫਤੇ ਵਿੱਚ ਇਕ ਵਾਰ ਗਮਲਿਆਂ, ਕੂਲਰਾਂ,



ਫ਼ਰਿੱਜ ਦੀਆਂ ਟਰੇਆਂ, ਪੁਰਾਣੇ ਟਾਇਰਾਂ ਅਤੇ ਛੱਤਾਂ 'ਤੇ ਪਏ ਕਬਾੜ ਸਮਾਨ ਵਿੱਚ ਖੜ੍ਹੇ ਪਾਣੀ ਨੂੰ ਸਾਫ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਡੇਂਗੂ ਤੋਂ ਬਚਣ ਦਾ ਇਕੋ-ਇਕ ਕਾਰਗਰ ਤਰੀਕਾ ਹੈ ਕਿ ਕਿਸੇ ਵੀ ਥਾਂ 'ਤੇ ਪਾਣੀ ਖੜ੍ਹਾ ਨਾ ਹੋਣ ਦਿੱਤਾ ਜਾਵੇ। ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਪੰਜਾਬ ਦੀਆਂ ਹਦਾਇਤਾਂ 'ਤੇ ਡੇਂਗੂ ਜਾਗਰੂਕਤਾ ਮੁਹਿੰਮ ਤਹਿਤ ਲਾਰਵਾ ਖਤਮ ਕਰਨ ਲਈ ਘਰ-ਘਰ ਸਰਵੇ ਤੇ ਜਾਗਰੂਕਤਾ ਮੁਹਿੰਮ ਜ਼ੋਰਾਂ 'ਤੇ ਹੈ। ਉਨ੍ਹਾਂ ਦੱਸਿਆ ਕਿ ਡੇਂਗੂ ਬੁਖ਼ਾਰ ਫੈਲਾਉਣ ਵਾਲੇ ਮੱਛਰ ਦਾ ਲਾਰਵਾ ਕੁੱਝ ਦਿਨਾਂ ਵਿਚ ਖ਼ਤਰਨਾਕ ਮੱਛਰ ਦਾ ਰੂਪ ਲੈ ਲੈਂਦਾ ਹੈ, ਜਿਹੜਾ ਵਿਅਕਤੀ ਦੀ ਜਾਨ ਵੀ ਲੈ ਸਕਦਾ ਹੈ। ਡੇਂਗੂ ਦੇ ਆਮ ਲੱਛਣਾਂ ਵਿਚ ਤੇਜ਼ ਸਿਰਦਰਦ ਅਤੇ ਤੇਜ਼ ਬੁਖ਼ਾਰ, ਮਾਸਪੇਸ਼ੀਆਂ ਅਤੇ ਜੋੜਾਂ ਵਿਚ ਦਰਦ, ਅੱਖ ਦੇ ਪਿਛਲੇ ਹਿੱਸੇ ਵਿਚ ਦਰਦ, ਹਾਲਤ ਖ਼ਰਾਬ ਹੋਣ 'ਤੇ ਨੱਕ, ਮੂੰਹ ਅਤੇ ਮਸੂੜਿਆਂ ਵਿਚੋਂ ਖ਼ੂਨ ਵਗਣਾ, ਜੀਅ ਕੱਚਾ ਹੋਣਾ ਅਤੇ ਉਲਟੀਆਂ ਆਉਣਾ ਆਦਿ ਸ਼ਾਮਲ ਹਨ। ਬਲਾਕ ਐਕਸਟੈਂਸ਼ਨ ਐਜੂਕੇਟਰ ਨਿਰਮਲ ਸਿੰਘ ਨੇ ਦੱਸਿਆ ਕਿ ਡੇਂਗੂ ਬੁਖ਼ਾਰ ਹੋਣ ਦਾ ਕੋਈ ਪੱਕਾ ਮੌਸਮ ਨਹੀਂ, ਪਰ ਆਮ ਤੌਰ 'ਤੇ ਇਹ ਬੁਖ਼ਾਰ ਜੁਲਾਈ ਤੋਂ ਲੈ ਕੇ ਨਵੰਬਰ ਅਖ਼ੀਰ ਤੱਕ ਜ਼ਿਆਦਾ ਹੁੰਦਾ ਹੈ। ਡੇਂਗੂ ਬੁਖ਼ਾਰ ਫੈਲਾਉਣ ਵਾਲਾ ਮੱਛਰ ਦਿਨ ਵੇਲੇ ਕੱਟਦਾ ਹੈ ਅਤੇ ਸਾਫ਼ ਪਾਣੀ ਵਿਚ ਪੈਦਾ ਹੁੰਦਾ ਹੈ। ਵਧੇਰੇ ਜਾਣਕਾਰੀ ਲਈ ਸਿਹਤ ਵਿਭਾਗ ਦੀ ਹੈਲਪਲਾਈਨ ਨੰਬਰ 104 'ਤੇ ਸੰਪਰਕ ਕੀਤਾ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਡੇਂਗੂ ਇਕ ਬੁਖ਼ਾਰ ਹੈ, ਜੋ ਏਡੀਜ਼ ਅਜਿਪਟੀ ਨਾਂਅ ਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ। ਇਸ ਤੋਂ ਬਚਾਅ ਲਈ ਆਪਣੇ ਸਰੀਰ ਨੂੰ ਚੰਗੀ ਤਰ੍ਹਾਂ ਢਕਣ ਲਈ ਪੂਰੇ ਕੱਪੜੇ ਪਾ ਕੇ ਰੱਖਣੇ ਚਾਹੀਦੇ ਹਨ, ਰਾਤ ਨੂੰ ਸੌਣ ਸਮੇਂ ਮੱਛਰਦਾਨੀ ਤੇ ਮੱਛਰ ਭਜਾਉਣ ਵਾਲੀਆਂ ਕਰੀਮਾਂ ਦੀ ਵਰਤੋਂ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਡੇਂਗੂ ਬੁਖ਼ਾਰ ਦਾ ਟੈਸਟ ਅਤੇ ਇਲਾਜ ਰਾਜ ਦੇ ਸਾਰੇ ਸਰਕਾਰੀ ਹਸਪਤਾਲਾਂ 'ਚ ਮੁਫਤ ਕੀਤਾ ਜਾਂਦਾ ਹੈ। ਇਸ ਮੌਕੇ ਅਮਨਦੀਪ ਸਿੰਘ, ਸੁਰਿੰਦਰ ਸਿੰਘ, ਗੁਰਮੁੱਖ ਸਿੰਘ ਤੇ ਜਸਪਾਲ ਸਿੰਘ ਸਮੇਤ ਸਿਹਤ ਤੇ ਪੁਲਸ ਵਿਭਾਗ ਦੇ ਹੋਰ ਅਧਿਕਾਰੀ ਤੇ ਕਰਮਚਾਰੀ ਮੌਜੂਦ ਸਨ।

# ਐੱਨ ਸੀ ਸੀ ਕੈਡਿਟਾਂ ਵੱਲੋਂ ਸਿਖਲਾਈ ਕੈਂਪ 'ਚ ਸ਼ਾਨਦਾਰ ਪ੍ਰਦਰਸ਼ਨ

**ਬਿਲਗਾ (ਵਿਜੇ ਕੁਮਾਰ)** ਕਰਨਲ ਵਿਨੋਦ ਜੋਸ਼ੀ ਦੀ ਯੋਗ ਅਗਵਾਈ ਹੇਠ, ਪੰਜਾਬ-2 ਐਨ.ਸੀ.ਸੀ ਬਟਾਲੀਅਨ ਦਾ ਸਾਲਾਨਾ ਸਿਖਲਾਈ ਕੈਂਪ 10 ਜੂਨ 2025 ਤੋਂ 19 ਜੂਨ ਤੱਕ ਡੀ.ਏ.ਵੀ.



ਯੂਨੀਵਰਸਿਟੀ, ਜਲੰਧਰ ਵਿਖੇ ਆਯੋਜਿਤ ਕੀਤਾ ਗਿਆ ਸੀ । ਇਸ ਕੈਂਪ ਵਿੱਚ 45 ਸੰਸਥਾਵਾਂ ਦੇ ਲਗਭਗ 600 ਕੈਡਿਟਾਂ ਨੇ ਹਿੱਸਾ ਲਿਆ ।ਐਸ.ਆਰ.ਟੀ ਡੀ.ਏ.ਵੀ. ਪਬਲਿਕ ਸਕੂਲ, ਬਿਲਗਾ ਦੇ ਕੁੱਲ 21 ਕੈਡਿਟਾਂ ਨੇ ਇਸ ਕੈਂਪ ਵਿੱਚ ਹਿੱਸਾ ਲਿਆ ਅਤੇ ਸਕੂਲ ਦਾ ਮਾਣ ਵਧਾਇਆ । ਕੈਂਪ ਦੌਰਾਨ, ਕੈਡਿਟਾਂ ਨੂੰ ਹਥਿਆਰ ਇਕੱਠੇ ਕਰਨ ਅਤੇ ਗੋਲੀਬਾਰੀ, ਨਕਸ਼ਾ ਪੜ੍ਹਨਾ, ਫੀਲਡ ਕਰਾਫਟ, ਡਰੋਨ ਉਡਾਉਣ ਸਮੇਤ ਲਗਭਗ 36 ਵਿਸ਼ਿਆਂ ਵਿੱਚ ਤੀਬਰ ਸਿਖਲਾਈ ਦਿੱਤੀ ਗਈ । ਕੈਂਪ ਦੇ ਵਿਸ਼ੇਸ਼ ਮੌਕੇ 'ਤੇ, ਲੈਫਟੀਨੈਂਟ ਜਨਰਲ ਚਾਂਦਪੁਰੀਆ ਨੇ ਕੈਡਿਟਾਂ ਨੂੰ ਫੌਜ ਦੀ ਕੁਰਬਾਨੀ, ਆਪ੍ਰੇਸ਼ਨ ਸਿੰਦੂਰ ਵਿੱਚ ਦਿਖਾਈ ਗਈ ਹਿੰਮਤ ਅਤੇ ਸੇਵਾ ਭਾਵਨਾ ਬਾਰੇ ਪ੍ਰੇਰਨਾਦਾਇਕ ਸੰਦੇਸ਼ ਦਿੱਤੇ, ਜਿਸ ਨੇ ਸਾਰੇ ਕੈਡਿਟਾਂ ਵਿੱਚ ਦੇਸ਼ ਭਗਤੀ ਦੀ ਭਾਵਨਾ ਨੂੰ ਹੋਰ ਮਜ਼ਬੂਤ ਕੀਤਾ । ਇਸ ਕੈਂਪ ਵਿੱਚ ਆਯੋਜਿਤ ਇੰਟਰਵਿਊ ਗਰੁੱਪ ਮੁਕਾਬਲੇ ਅਤੇ ਵਾਲੀਬਾਲ ਟੂਰਨਾਮੈਂਟ ਵਿੱਚ ਵੀ ਡੀ.ਏ.ਵੀ. ਬਿਲਗਾ ਦੇ ਕੈਡਿਟਾਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ । ਵਾਲੀਬਾਲ ਵਿੱਚ ਸ਼ਾਨਦਾਰ ਪ੍ਰਦਰਸ਼ਨ ਲਈ ਸੈਮ ਬਾਵਾ, ਪ੍ਰਣਵ ਗੋਗਨਾ, ਜਤਿਨ ਕੁਮਾਰ ਅਤੇ ਨਿਵੇਦਿਤਾ ਕੁਮਾਰੀ ਨੂੰ ਮੈਡਲ ਅਤੇ ਸਰਟੀਫਿਕੇਟ ਦਿੱਤੇ ਗਏ ।ਕੈਂਪ ਤੋਂ ਵਾਪਸ ਆਉਣ 'ਤੇ ਕੈਡਿਟਾਂ ਦਾ ਸਕੂਲ ਵਿੱਚ ਸ਼ਾਨਦਾਰ ਸਵਾਗਤ ਕੀਤਾ ਗਿਆ।ਇਸ ਮੌਕੇ 'ਤੇ ਸਕੂਲ ਦੇ ਪ੍ਰਿੰਸੀਪਲ ਸੰਜੀਵ ਗੁਜਰਾਲ ਨੇ ਸਕੂਲ ਦੀ ਐਨ.ਸੀ.ਸੀ. ਯੂਨਿਟ ਦੇ ਇੰਚਾਰਜ ਪੰਕਜ ਕੁਮਾਰ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦੇ ਹੋਏ ਕਿਹਾ ਕਿ ਅਜਿਹੇ ਸਿਖਲਾਈ ਕੈਂਪ ਨਾ ਸਿਰਫ਼ ਵਿਦਿਆਰਥੀਆਂ ਵਿੱਚ ਦੇਸ਼ ਭਗਤੀ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ, ਸਗੋਂ ਉਨ੍ਹਾਂ ਨੂੰ ਐਮਰਜੈਂਸੀ ਸਥਿਤੀਆਂ ਨਾਲ ਨਜਿੱਠਣ ਦੇ ਯੋਗ ਵੀ ਬਣਾਉਂਦੇ ਹਨ ।ਇਸ ਰਾਹੀਂ, ਵਿਦਿਆਰਥੀ ਅਨੁਸ਼ਾਸਨ, ਅਗਵਾਈ ਅਤੇ ਸੇਵਾ ਭਾਵਨਾ ਵਰਗੇ ਜੀਵਨ ਮੁੱਲਾਂ ਨੂੰ ਗ੍ਰਹਿਣ ਕਰਦੇ ਹਨ, ਜੋ ਉਨ੍ਹਾਂ ਦੇ ਸਮੁੱਚੇ ਸ਼ਖਸੀਅਤ ਵਿਕਾਸ ਵਿੱਚ ਬਹੁਤ ਮਦਦਗਾਰ ਹੁੰਦੇ ਹਨ ।ਸਾਨੂੰ ਮਾਣ ਹੈ ਕਿ ਸਾਡੇ ਸਕੂਲ ਦੇ ਕੈਡਿਟਾਂ ਨੇ ਰਾਜ ਪੱਧਰ 'ਤੇ ਆਪਣੀ ਪ੍ਰਤਿਭਾ ਅਤੇ ਅਨੁਸ਼ਾਸਨ ਨਾਲ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ।

# ਸਾਲਾਨਾ ਜੋੜ ਮੇਲਾ ਭਲਕ ਤੋਂ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਹਰ ਸਾਲ ਦੀ ਇਸ ਸਾਲ ਵੀ ਰੌਜਾ ਬਾਬਾ ਸ਼ਾਹ ਨਵਾਜ ਨੇੜੇ ਬੱਸ ਸਟੈਂਡ



ਰਾਹੋਂ ਨਵਾਂਸ਼ਹਿਰ ਵਿਖੇ 22 ਤੇ 23 ਜੂਨ ਨੂੰ ਸਾਲਾਨਾ ਜੋੜ ਮੇਲਾ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਰੌਜਾ ਦੇ ਗੱਦੀ ਨਸ਼ੀਨ ਸਾਈਂ ਹਾਜੀ ਨੇ ਦੱਸਿਆ ਕਿ 22 ਜੂਨ ਨੂੰ ਸ਼ਾਮ ਨੂੰ ਝੰਡਾ ਅਤੇ ਚਾਦਰ ਚੜਾਉਣ ਦੀ ਰਸਮ ਅਦਾ ਕੀਤੀ ਜਾਵੇਗੀ ਅਤੇ 23 ਜੂਨ ਨੂੰ ਦੁਪਹਿਰ 1 ਵਜੇ ਕਵਾਲੀ ਦੀ ਮਹਿਫ਼ਿਲ ਲਗਾਈ ਜਾਵੇਗੀ। ਇਸ ਮੌਕੇ 'ਤੇ ਹਰਮੇਸ਼ ਰੰਗੀਲਾ ਕਵਾਲ ਪਾਰਟੀ ਸਿਆਣੇ ਵਾਲੇ ਆਪਣੇ ਫ਼ਨ ਦਾ ਮੁਜਾਹਰਾ ਕਰਨਗੇ ਖਤਮ ਸ਼ਰੀਫ਼ ਪੜਨ ਦੀ ਰਸਮ ਰਾਤੀਂ 8 ਵਜੇ ਕੀਤੀ ਜਾਵੇਗੀ। ਪੀਰਾਂ ਫ਼ਕੀਰਾਂ ਦਾ ਲੰਗਰ ਅਤੁੱਟ ਵਰਤਾਇਆ ਜਾਵੇਗਾ।

# ਪੰਜਾਬ ਪੁਲਸ ਵੱਲੋਂ ਹਿਮਾਚਲ ਦੇ ਵੱਖ-ਵੱਖ ਥਾਵਾਂ ਤੋਂ ਚੋਰ ਕਾਬੂ

**ਕਪੂਰਥਲਾ (ਬਲਵੀਰ ਸਾਲ੍ਹਪੁਰੀ)**- ਕਪੂਰਥਲਾ ਪੁਲਸ ਵਲੋਂ ਸਰਾਫਾ ਬਾਜ਼ਾਰ ਕਪੂਰਥਲਾ ਵਿਖੇ ਪਿਛਲੇ ਦਿਨੀਂ ਹੋਈ ਚੋਰੀ ਦੇ ਕੇਸ ਨੂੰ ਹੱਲ ਕਰ ਲਿਆ ਗਿਆ ਹੈ। ਐਸ.ਐਸ.ਪੀ ਕਪੂਰਥਲਾ ਗੌਰਵ ਤੂਰਾ ਨੇ ਦੱਸਿਆ ਕਿ ਇਸ ਕੇਸ ਵਿੱਚ ਚਾਰ ਦੋਸ਼ੀਆਂ ਨੂੰ ਵੱਖ ਵੱਖ ਥਾਵਾਂ ਤੋਂ ਗ੍ਰਿਫਤਾਰ ਕਰਕੇ 8 ਲੱਖ ਰੁਪਏ, 3 ਕਿਲੋ ਚਾਂਦੀ 4.5 ਤੋਲੇ ਸੋਨੇ ਦੇ ਗਹਿਣੇ ਅਤੇ ਹੰਡਾਈ ਕਾਰ ਨੰਬਰ: ਪੀ.ਬੀ 05 ਏਡੀ 6468 ਬ੍ਰਾਮਦ ਕੀਤੀ ਗਈ ਹੈ। ਪੁਲਸ ਲਾਈਨ ਵਿਖੇ ਕਾਨਫਰੰਸ ਦੌਰਾਨ ਉਨ੍ਹਾਂ ਦੱਸਿਆ ਕਿ ਅਜੇ ਕੁਮਾਰ ਪੁੱਤਰ ਲਾਲ ਚੰਦ ਵਾਸੀ ਲਹੌਰੀ ਗੇਟ ਕਪੂਰਥਲਾ ਦੀ ਦੁਕਾਨ ਵਿਖੇ 8 ਜੂਨ ਨੂੰ ਚੋਰੀ ਹੋਈ ਸੀ, ਜਿਸ ਸਬੰਧੀ ਥਾਣਾ ਸਿਟੀ ਵਿਖੇ ਮੁਕੱਦਮਾ ਨੰਬਰ 168 ਦਰਜ ਕੀਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਵਾਰਦਾਤ ਨੂੰ ਹੱਲ ਕਰਨ ਲਈ ਪ੍ਰਭਜੋਤ ਸਿੰਘ ਵਿਰਕ ਉੱਪ ਪੁਲਸ ਕਪਤਾਨ ਦੀਪ ਕਰਨ ਸਿੰਘ ਡੀ.ਐਸ.ਪੀ ਪ੍ਰਮਿੰਦਰ ਸਿੰਘ, ਡੀ.ਐਸ.ਪੀ (ਤਫਤੀਸ਼) ਦੀ ਨਿਗਰਾਨੀ ਹੇਠ ਇਸਪੈਕਟਰ ਬਿਕਰਮਜੀਤ ਸਿੰਘ ਮੁੱਖ ਅਫਸਰ ਥਾਣਾ ਸਿਟੀ, ਇਸਪੈਕਟਰ ਜਰਨੈਲ ਸਿੰਘ ਇੰਚਾਰਜ ਸੀ.ਆਈ.ਏ ਅਤੇ ਏ.ਐਸ.ਆਈ ਚਰਨਜੀਤ ਸਿੰਘ ਦੀ ਟੀਮ ਦਾ ਗਠਨ ਕੀਤਾ ਗਿਆ, ਜਿਸ ਵਲੋਂ ਇਸ ਵਾਰਦਾਤ ਦੇ ਦੋਸ਼ੀਆਂ ਨੂੰ ਕਾਬੂ ਕਰ ਲਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਟੈਕਨੀਕਲ ਸੈੱਲ 'ਤੇ ਮਨੁੱਖੀ ਸਾਧਨਾ ਰਾਹੀਂ ਵਾਰਦਾਤ ਦੇ ਦੋਸ਼ੀ ਜੋਨੀ ਉਰਫ ਰਾਜੂ ਪੁੱਤਰ ਮੋਹਨ ਲਾਲ ਵਾਸੀ ਮਹੁੱਲਾ ਖਟੀਕ ਮੰਡੀ ਥਾਣਾ ਕੈਂਟ ਜ਼ਿਲ੍ਹਾ ਫਿਰੋਜ਼ਪੁਰ ਨੂੰ ਹਿਮਾਚਲ ਪ੍ਰਦੇਸ਼ ਦੇ ਮੰਡੀ 'ਚੋਂ ਪੁਲਸ ਰਿਆਸਤ ਵਿੱਚ ਲੈ ਕੇ ਪੁੱਛਗਿੱਛ ਕੀਤੀ ਗਈ। ਇਸੇ ਅਧਾਰ 'ਤੇ ਅਮਨਦੀਪ ਸਿੰਘ ਨੂੰ 17 ਜੂਨ ਨੂੰ ਕਾਂਗੜੇ ਤੋਂ ਗ੍ਰਿਫਤਾਰ ਕਰਕੇ ਵਾਰਦਾਤ ਵਿੱਚ ਵਰਤੀ ਗਈ ਹੰਡਾਈ ਕਾਰ ਬ੍ਰਾਮਦ ਕੀਤੀ ਗਈ। ਉਨ੍ਹਾਂ ਦੱਸਿਆ ਕਿ ਪੁੱਛਗਿੱਛ ਦੌਰਾਨ ਪਤਾ ਲੱਗਿਆ ਹੈ ਕਿ ਦੋਸ਼ੀਆਂ ਵਲੋਂ ਚੋਰੀ ਸੁਦਾ ਸੋਨਾ ਅਤੇ ਚਾਂਦੀ ਸਨਿਆਰੇ ਧਰਮ ਪਾਲ ਉੱਰਫ ਧਰਮਾ ਪੁੱਤਰ ਰੂਪ ਲਾਲ ਵਾਸੀ ਮੱਲਾਂਵਾਲਾ ਜ਼ਿਲ੍ਹਾ ਫਿਰੋਜ਼ਪੁਰ ਅਤੇ ਸੁਨਿਆਰਾ ਰਾਹੁਲ ਸ਼ਰਮਾ ਪੁੱਤਰ ਧਰਮ ਪਾਲ ਵਾਸੀ ਮੱਲਾਂਵਾਲਾ ਜ਼ਿਲ੍ਹਾ ਫਿਰੋਜ਼ਪੁਰ ਨੂੰ ਵੇਚਿਆ ਗਿਆ ਹੈ। ਜਿਸ ਦੇ ਅਧਾਰ 'ਤੇ ਇਨ੍ਹਾਂ ਨੂੰ ਵੀ ਗ੍ਰਿਫਤਾਰ ਕਰਕੇ ਚੋਰੀ ਦਾ ਸਮਾਨ ਬਰਾਮਦ ਕੀਤਾ ਗਿਆ। ਤਫਤੀਸ਼ ਦੌਰਾਨ 3 ਹੋਰ ਵਿਅਕਤੀਆਂ ਨੂੰ ਨਾਮਜਦ ਕੀਤਾ ਗਿਆ ਹੈ। ਦੱਸਣਯੋਗ ਹੈ ਕਿ ਜੋਨੀ ਉੱਰਫ ਰਾਜੂ ਉੱਪਰ ਵੱਖ ਵੱਖ ਜ਼ਿਲ੍ਹਿਆਂ ਵਿੱਚ ਚੋਰੀ ਦੇ ਪਹਿਲਾਂ ਹੀ 20 ਮੁਕੱਦਮੇ ਦਰਜ ਹਨ।



# ਬੇਸਹਾਰਾ ਬੱਚਿਆਂ ਨੂੰ ਗੋਦ ਲੈਣ ਦੀ ਪ੍ਰਕਿਰਿਆ ਨੂੰ ਸੁਰੱਖਿਅਤ ਬਣਾਵਾਂਗੇ : ਡਾ. ਬਲਜੀਤ ਕੌਰ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਸਰਕਾਰ ਸੂਬੇ ਭਰ ਦੇ ਬੇਸਹਾਰਾ ਬੱਚਿਆਂ ਦੇ ਸੁਨਹਿਰੀ ਭਵਿੱਖ ਯਕੀਨੀ ਬਣਾਉਣ ਲਈ ਗੋਦ ਲੈਣ ਦੀ ਪ੍ਰਕਿਰਿਆ ਨੂੰ ਕਾਨੂੰਨੀ ਤੇ ਸੁਰੱਖਿਅਤ ਬਣਾਵੇਗੀ। ਇੱਥੇ ਮਹਾਤਮਾ ਗਾਂਧੀ ਸਟੇਟ ਇੰਸਟੀਚਿਊਟ ਆਫ ਪਬਲਿਕ ਐਡਮਿਨਿਸਟ੍ਰੇਸ਼ਨ, ਵਿਖੇ 'ਅਡਾਪਸ਼ਨ ਰੈਗੂਲੇਸ਼ਨ-2022' ਸਬੰਧੀ ਰਾਜ ਪੱਧਰੀ ਟ੍ਰੇਨਿੰਗ ਪ੍ਰੋਗਰਾਮ ਮੌਕੇ ਸੰਬੋਧਨ ਕਰਦਿਆਂ ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਕਾਨੂੰਨੀ ਤੇ ਸੁਰੱਖਿਅਤ ਤੌਰ ਤੇ ਬੇਸਹਾਰਾ ਬੱਚਿਆਂ ਨੂੰ ਗੋਦ ਲੈਣ ਦੀ ਪ੍ਰਕਿਰਿਆ ਨੂੰ ਪ੍ਰਭਾਵਸ਼ਾਲੀ ਬਣਾਇਆ ਜਾਣ ਦੀ ਜ਼ਰੂਰਤ ਹੈ। ਉਨ੍ਹਾਂ ਕਿਹਾ ਕਿ ਬੇਸਹਾਰਾ ਬੱਚਿਆਂ ਦੇ ਸੁਨਹਿਰੇ ਭਵਿੱਖ ਨੂੰ ਯਕੀਨੀ ਬਣਾਉਣ ਲਈ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਸਿਖਲਾਈ ਦੇਣ ਦਾ ਇਹ ਪ੍ਰੋਗਰਾਮ ਉਲੀਕਿਆ ਗਿਆ ਹੈ ਤਾਂ ਜੋ ਅਡਾਪਸਨ ਮਗਰੋਂ ਕਿਸੇ ਕਿਸਮ ਦੀ ਕਾਨੂੰਨੀ ਰੁਕਾਵਟ ਨਾ ਆਵੇ। ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਵਿਭਾਗ ਪੰਜਾਬ ਵੱਲੋਂ ਕੇਂਦਰੀ ਅਡਾਪਸ਼ਨ ਰਿਸੋਰਸ ਅਥਾਰਟੀ (ਕਾਰਾ) ਅਤੇ ਨੈਸ਼ਨਲ ਇੰਸਟੀਚਿਊਟ ਆਫ ਪਬਲਿਕ ਕੋਆਪਰੇਸ਼ਨ ਐਂਡ ਚਾਇਲਡ ਡਿਵੈਲਪਮੈਂਟ (ਨਿਪਸਡ) ਮੋਹਾਲੀ ਦੇ ਸਹਿਯੋਗ ਨਾਲ ਕਰਵਾਏ ਇਸ ਸਮਾਗਮ ਵਿੱਚ ਬੋਲਦਿਆਂ ਡਾ. ਬਲਜੀਤ ਕੌਰ ਨੇ ਕਿਹਾ ਕਿ ਸਾਡੇ ਸਮਾਜ ਦੀ ਇਹ ਦੁਖਦਾਈ ਹਕੀਕਤ ਹੈ ਕਿ ਕਈ ਵਾਰ ਨਵਜੰਮੇ ਬੱਚਿਆਂ ਨੂੰ ਤਿਆਗਣ ਜਾਂ ਉਨ੍ਹਾਂ ਦੀ ਜਾਨ ਲੈਣ ਵਾਲੀਆਂ ਘਟਨਾਵਾਂ ਵਾਪਰ ਜਾਂਦੀਆਂ ਹਨ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੋ ਪਰਵਾਰ ਸੁਖ-ਸਹੂਲਤਾਂ ਵਾਲੇ ਹਨ ਅਤੇ ਸਮਰੱਥ ਹਨ, ਉਹ ਇਨਸਾਨੀਅਤ ਦੇ ਨਾਤੇ ਅਜਿਹੇ ਅਨਾਥ ਅਤੇ ਬੇਸਹਾਰਾ ਬੱਚਿਆਂ ਨੂੰ ਕਾਨੂੰਨੀ ਪ੍ਰਕਿਰਿਆ ਰਾਹੀਂ ਗੋਦ ਲੈਣ ਲਈ ਅੱਗੇ ਆਉਣਾ ਚਾਹੀਦਾ ਹੈ। ਇਸ ਤਰ੍ਹਾਂ ਉਹ ਬੱਚਾ ਮਾਤਾ-ਪਿਤਾ ਦੇ ਪਿਆਰ ਤੋਂ ਮਹਰੂਮ ਨਹੀਂ ਰਹੇਗਾ ਅਤੇ ਉਸਦਾ ਭਵਿੱਖ ਵੀ ਸੁਰੱਖਿਅਤ ਬਣ ਸਕੇਗਾ। ਸਮਾਜਿਕ ਸੁਰੱਖਿਆ ਮੰਤਰੀ ਨੇ ਕਿਹਾ ਕਿ ਟ੍ਰੇਨਿੰਗ ਪ੍ਰੋਗਰਾਮ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਬੱਚਾ ਗੋਦ ਲੈਣ ਦੀ ਪ੍ਰਕਿਰਿਆ ਨਾਲ ਜੁੜੇ ਸਾਰੇ ਹਿੱਸੇਦਾਰਾਂ ਨੂੰ ਅਡਾਪਸ਼ਨ ਦੀ ਕਾਨੂੰਨੀ ਪ੍ਰਕਿਰਿਆ ਬਾਰੇ ਪੂਰੀ ਜਾਣਕਾਰੀ ਹੋਵੇ। ਇਸ ਤਰ੍ਹਾਂ ਭਵਿੱਖ ਵਿੱਚ ਹਰ ਬੱਚੇ ਦੀ ਗੋਦ ਲੈਣ ਦੀ ਪ੍ਰਕਿਰਿਆ ਨਿਯਮਾਂ ਅਨੁਸਾਰ ਤੇ ਵਧੀਆ ਤਰੀਕੇ ਨਾਲ ਹੀ ਪੂਰੀ ਹੋਣੀ ਯਕੀਨੀ ਬਣੇਗੀ। ਡਾ. ਬਲਜੀਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਹਰ ਬੱਚੇ ਨੂੰ ਪਿਆਰ, ਸੁਰੱਖਿਆ ਅਤੇ ਚੰਗੇ ਭਵਿੱਖ ਦੀ ਗਾਰੰਟੀ ਦੇਣ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਅਡਾਪਸ਼ਨ ਰੈਗੂਲੇਸ਼ਨ-2022 ਨੂੰ ਸੂਬੇ ਵਿੱਚ ਲਾਗੂ ਕਰਕੇ ਬਿਨਾਂ ਮਾਪਿਆਂ ਵਾਲੇ ਬੱਚਿਆਂ ਦੀ ਜ਼ਿੰਦਗੀ ਵਿੱਚ ਨਵੇਂ ਰੰਗ ਭਰਨ ਅਤੇ ਉਨ੍ਹਾਂ ਨੂੰ ਪਿਆਰ ਭਰਿਆ ਘਰ ਮੁਹੱਈਆ ਕਰਵਾਉਣ ਦੀ ਦਿਸ਼ਾ ਵਿੱਚ ਇਹ ਇੱਕ ਮਹੱਤਵਪੂਰਨ ਕਦਮ ਹੈ।ਪੰਜਾਬ ਰਾਜ ਬਾਲ ਅਧਿਕਾਰ ਸੁਰੱਖਿਆ ਕਮਿਸ਼ਨ ਦੇ ਚੇਅਰਮੈਨ ਕੰਵਰਦੀਪ ਸਿੰਘ ਨੇ ਰਾਜ ਪੱਧਰੀ ਪ੍ਰੋਗਰਾਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਰਾਜ ਪੱਧਰੀ ਸਮਾਗਮ ਬੱਚਾ ਗੋਦ ਲੈਣ ਦੀ ਪ੍ਰਕਿਰਿਆ ਨਾਲ ਸਿੱਧਾ ਜੁੜੇ ਅਧਿਕਾਰੀਆਂ ਅਤੇ ਕਰਮਚਾਰੀਆਂ ਦੇ ਗਿਆਨ ਵਿੱਚ ਵਾਧਾ ਕਰਨਗੇ। ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੁਰੱਖਿਅਤ ਅਤੇ ਕਾਨੂੰਨੀ ਪ੍ਰਕਿਰਿਆ ਅਨੁਸਾਰ ਬੱਚਾ ਗੋਦ ਲੈਣ ਦੇ ਪ੍ਰਬੰਧ ਲਾਗੂ ਕਰਨ ਨਾਲ ਨਾ ਕੇਵਲ ਅਨਾਥ ਅਤੇ ਬੇਸਹਾਰਾ ਬੱਚਿਆਂ ਨੂੰ ਪਿਆਰ ਭਰਿਆ ਘਰ ਮਿਲੇਗਾ, ਸਗੋਂ ਉਨ੍ਹਾਂ ਦਾ ਭਵਿੱਖ ਵੀ ਸੁਨਹਿਰਾ ਬਣੇਗਾ। ਕਾਰਾ (CARA) ਦੀ ਸੀ.ਈ.ਓ. ਭਾਵਨਾ ਸਕਸੈਨਾ ਨੇ ਵੀ ਪੰਜਾਬ ਸਰਕਾਰ ਵੱਲੋਂ ਅਡਾਪਸ਼ਨ ਰੈਗੂਲੇਸ਼ਨ-2022 ਦੇ ਤਹਿਤ ਆਯੋਜਿਤ ਇਸ ਰਾਜ ਪੱਧਰੀ ਟ੍ਰੇਨਿੰਗ ਪ੍ਰੋਗਰਾਮ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਬੱਚਾ ਗੋਦ ਲੈਣ ਦੀ ਕਾਨੂੰਨੀ ਪ੍ਰਕਿਰਿਆ ਕਾਫੀ ਜਟਿਲ ਅਤੇ ਸੰਵੇਦਨਸ਼ੀਲ ਹੁੰਦੀ ਹੈ। ਇਸ ਪ੍ਰਕਿਰਿਆ ਵਿੱਚ ਕਿਸੇ ਵੀ ਤਰ੍ਹਾਂ ਦੀਆਂ ਖਾਮੀਆਂ ਬੱਚੇ ਅਤੇ ਮਾਪਿਆਂ ਲਈ ਭਵਿੱਖ ਵਿੱਚ ਗੰਭੀਰ ਮੁਸ਼ਕਲਾਂ ਪੈਦਾ ਕਰ ਸਕਦੀਆਂ ਹਨ। ਉਨ੍ਹਾਂ ਨੇ ਕਿਹਾ ਕਿ ਅਜਿਹੇ ਟ੍ਰੇਨਿੰਗ ਪ੍ਰੋਗਰਾਮ ਨਿਰੰਤਰ ਕਰਵਾਏ ਜਾਣਾ ਬਹੁਤ ਜ਼ਰੂਰੀ ਹਨ, ਤਾਂ ਜੋ ਨਾ ਸਿਰਫ਼ ਗੋਦ ਲੈਣ ਦੀ ਪ੍ਰਕਿਰਿਆ ਨਾਲ ਜੁੜੇ ਅਧਿਕਾਰੀਆਂ ਦੀ ਯੋਗਤਾ ਅਤੇ ਜਾਣਕਾਰੀ ਵਿੱਚ ਵਾਧਾ ਹੋਵੇ, ਸਗੋਂ ਸਮਾਜ ਵਿੱਚ ਵੀ ਲੋਕ ਜਾਗਰੂਕ ਹੋਣ ਅਤੇ ਅਜਿਹੇ ਬੱਚਿਆਂ ਨੂੰ ਪਿਆਰ ਭਰਿਆ ਘਰ ਮਿਲ ਸਕੇ। ਇਸ ਟ੍ਰੇਨਿੰਗ ਸਮਾਗਮ ਵਿੱਚ ਸਮਾਜਿਕ ਸੁਰੱਖਿਆ ਇਸਤਰੀ ਅਤੇ ਬਾਲ ਵਿਕਾਸ ਵਿਭਾਗ ਦੇ ਡਾਇਰੈਕਟਰ, ਡਾ. ਸ਼ੇਨਾ ਅਗਰਵਾਲ, ਵਿਸ਼ੇਸ ਸਕੱਤਰ ਕੇਸ਼ਵ ਹਿੰਗੋਨੀਆਂ, ਵਧੀਕ ਸਕੱਤਰ ਵਿੰਮੀ ਭੁੱਲਰ ਤੋਂ ਇਲਾਵਾ ਜ਼ਿਲ੍ਹਾ ਮੈਜਿਸਟਰੇਟ ਦਫ਼ਤਰਾਂ, ਮੁੱਖ ਮੈਡੀਕਲ ਅਫ਼ਸਰਾਂ,ਚਾਇਲਡ ਵੈਲਫੇਅਰ ਕਮੇਟੀਆਂ (ਸੀ ਡਬਲਿਊ ਸੀ), ਸਪੈਸ਼ਲ ਅਡਾਪਸ਼ਨ ਏਜੰਸੀਜ਼ (ਐਸ ਏ ਏ), ਜ਼ਿਲ੍ਹਾ ਬੱਚਾ ਸੁਰੱਖਿਆ ਯੂਨਿਟਾਂ (ਡੀਸੀਪੀਯੂ) ਅਤੇ ਹੋਰ ਸੰਬੰਧਤ ਵਿਭਾਗਾਂ ਦੇ ਅਧਿਕਾਰੀ ਉਤਸ਼ਾਹ ਨਾਲ ਸ਼ਾਮਲ ਹੋਏ।



# ਸਰਕਾਰ ਹਰ ਮੋਰਚੇ 'ਤੇ ਨੌਜੁਆਨਾਂ ਤੇ ਵਿਦਿਆਰਥੀਆਂ ਨਾਲ : ਸੈਣੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਚੌਧਰੀ ਚਰਣ ਸਿੰਘ ਹਰਿਆਣਾ ਖੇਤੀਬਾੜੀ ਯੂਨੀਵਰਸਿਟੀ, ਹਿਸਾਰ ਨਾਲ ਸਬੰਧਿਤ ਮੁੱਦੇ ਨੂੰ ਧਿਆਨ ਵਿੱਚ ਰੱਖਦੇ ਹੋਏ ਵਿਦਿਆਰਥੀਆਂ ਨਾਲ ਸੰਵਾਦ ਲਈ 4 ਮੈਂਬਰੀ ਕਮੇਟੀ ਦਾ ਗਠਨ ਕੀਤਾ ਹੈ।ਇਸ ਕਮੇਟੀ ਵਿੱਚ ਸਿੱਖਿਆ ਮੰਤਰੀ ਮਹੀਪਾਲ ਢਾਂਡਾ, ਲੋਕ ਨਿਰਮਾਣ ਮੰਤਰੀ ਰਣਬੀਰ ਗੰਗਵਾ, ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰੀ ਕ੍ਰਿਸ਼ਣ ਕੁਮਾਰ ਬੇਦੀ ਅਤੇ ਨਲਵਾ ਨਾਲ ਵਿਧਾਇਕ ਰਣਧੀਰ ਪਨਿਹਾਰ ਨੂੰ ਸ਼ਾਮਲ ਕੀਤਾ ਗਿਆ ਹੈ। ਇਹ ਕਮੇਟੀ ਵਿਦਿਆਰਥੀਆਂ ਨਾਲ ਮਿਲ ਕੇ ਉਨ੍ਹਾਂ ਦੀ ਸਮੱਸਿਆਵਾਂ ਸੁਣੇਗੀ ਅਤੇ ਸਹੀ ਸਮਾਧਾਨ ਕੱਢੇਗੀ ਕਰੇਗੀ।ਮੁੱਖ ਮੰਤਰੀ ਨੇ ਸਪੱਸ਼ਟ ਰੂਪ ਨਾਲ ਕਿਹਾ ਕਿ ਹਰਿਆਣਾ ਸਰਕਾਰ ਨੌਜੁਆਨਾਂ ਅਤੇ ਵਿਦਿਆਰਥੀਆਂ ਦੇ ਹੱਕਾਂ ਦੀ ਰੱਖਿਆ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਉਨ੍ਹਾਂ ਨੂੰ ਕਿਸੇ ਵੀ ਪ੍ਰਕਾਰ ਦੀ ਪਰੇਸ਼ਾਨੀ ਨਹੀਂ ਹੋਣ ਦਿੱਤੀ ਜਾਵੇਗੀ। ਸਰਕਾਰ ਹਰ ਪੱਧਰ 'ਤੇ ਨੌਜੁਆਨਾਂ ਅਤੇ ਵਿਦਿਆਰਥੀਆਂ ਨਾਲ ਖੜੀ ਹੈ।

# ਮਨਰੇਗਾ ਵਰਕਰਜ਼ ਯੂਨੀਅਨ ਦੀ ਮਾਝਾ-ਦੋਆਬਾ ਜ਼ੋਨ ਦੀ ਕਨਵੈਨਸ਼ਨ 6 ਨੂੰ ਜਲੰਧਰ 'ਚ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਮਨਰੇਗਾ ਵਰਕਰਜ਼ ਯੂਨੀਅਨ ਇਕਾਈ ਹਾਜੀਪੁਰ ਨੇ ਬਲਾਕ ਪ੍ਰਧਾਨ ਬਲਵਿੰਦਰ ਕੌਰ ਦੀ ਪ੍ਰਧਾਨਗੀ ਹੇਠ ਕੀਤੀ। ਮੀਟਿੰਗ 'ਚ ਵੱਖ-ਵੱਖ ਪਿੰਡਾਂ ਦੇ ਮੇਟ ਅਤੇ ਮਨਰੇਗਾ ਵਰਕਰਜ਼ ਸ਼ਾਮਲ ਹੋਏ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਪਰਮਜੀਤ ਕੌਰ ਆਸਫ਼ਪੁਰ ਨੇ ਬੀਤੇ ਦਿਨੀਂ ਸੂਬਾ ਕਮੇਟੀ ਵੱਲੋਂ ਲਏ ਫੈਸਲਿਆਂ ਦੀ ਜਾਣਕਾਰੀ ਦਿੱਤੀ। ਸੂਬਾ ਕਮੇਟੀ ਨੇ ਮਨਰੇਗਾ ਵਰਕਰਾਂ ਨੂੰ ਜਥੇਬੰਦ ਅਤੇ ਉਨ੍ਹਾਂ ਦੀਆਂ ਮੰਗਾਂ ਦੀ ਪ੍ਰਾਪਤੀ ਲਈ ਪੰਜਾਬ ਭਰ 'ਚ ਤਿੰਨ ਕਨਵੈਂਸ਼ਨਾਂ ਕਰਵਾਉਣ ਦਾ ਫੈਸਲਾ ਕੀਤਾ ਹੈ। ਮਾਝਾ-ਦੋਆਬਾ ਜ਼ੋਨ ਦੀ ਕਨਵੈਂਸ਼ਨ 6 ਜੁਲਾਈ ਨੂੰ ਦੇਸ਼ ਭਗਤ ਯਾਦਗਾਰ ਹਾਲ, ਜਲੰਧਰ ਵਿਖੇ ਕਰਵਾਈ ਜਾ ਰਹੀ ਹੈ। ਜਲੰਧਰ ਕਨਵੈਂਸ਼ਨ 'ਚ ਜ਼ਿਲ੍ਹਾ ਹੁਸ਼ਿਆਰਪੁਰ ਤੋਂ ਵੱਡੀ ਗਿਣਤੀ ਮਨਰੇਗਾ ਵਰਕਰ ਸ਼ਾਮਲ ਹੋਣਗੇ। ਬਲਾਕ ਪੱਧਰੀ ਮੀਟਿੰਗਾਂ ਕਰਕੇ ਵਰਕਰਾਂ ਦੀ ਲਾਮਬੰਦੀ ਕੀਤੀ ਜਾ ਰਹੀ ਹੈ। ਬਲਾਕ ਪ੍ਰਧਾਨ ਬਲਵਿੰਦਰ ਕੌਰ ਨੇ ਦਸਿਆ ਕਿ ਜਲੰਧਰ ਕਨਵੈਂਸ਼ਨ 'ਚ ਹਾਜੀਪੁਰ ਤੋਂ ਵੱਡਾ ਕਾਫ਼ਲਾ ਸ਼ਾਮਲ ਹੋਵੇਗਾ। ਕਨਵੈਂਸ਼ਨ ਦੀ ਤਿਆਰੀ ਲਈ ਬਲਾਕ ਹਾਜੀਪੁਰ ਨੂੰ ਚਾਰ ਜ਼ੋਨਾਂ 'ਚ ਵੰਡਿਆ ਗਿਆ ਹੈ, ਬਲਾਕ ਆਗੂਆਂ ਵੱਲੋਂ ਪਿੰਡ ਪੱਧਰ 'ਤੇ ਮੀਟਿੰਗਾਂ ਕਰਕੇ ਵਰਕਰਾਂ ਦੀ ਲਾਮਬੰਦੀ ਕੀਤੀ ਜਾ ਰਹੀ ਹੈ। ਇਸ ਮੌਕੇ ਵਰਕਰਾਂ ਨੇ ਨਵੇਂ ਚੁਣੇ ਸਰਪੰਚਾਂ ਵੱਲੋਂ ਮਨਰੇਗਾ ਵਰਕਰਾਂ/ ਮੇਟਾਂ ਨਾਲ ਬਦਸਲੂਕੀ ਕਰਨ ਦੀਆਂ ਘਟਨਾਵਾਂ 'ਤੇ ਚਿੰਤਾ ਪ੍ਰਗਟ ਕੀਤੀ, ਉੱਥੇ ਹੀ ਸਿਆਸੀ ਰੰਜਿਸ਼ ਤਹਿਤ ਮੇਟਾਂ ਨੂੰ ਕੰਮ ਤੋਂ ਹਟਾਉਣ ਅਤੇ ਮਨਰੇਗਾ ਵਰਕਰਾਂ ਨੂੰ ਕੰਮ ਨਾ ਮੁਹੱਈਆ ਕਰਵਾਉਣ 'ਤੇ ਪ੍ਰਸ਼ਾਸਨ ਦੇ ਦਖ਼ਲ ਦੀ ਮੰਗ ਕੀਤੀ। ਬਲਾਕ ਕਮੇਟੀ ਨੇ ਪੰਚਾਇਤ ਨੁਮਾਇੰਦਿਆਂ ਵੱਲੋਂ ਮਨਰੇਗਾ ਵਰਕਰਾਂ ਖ਼ਿਲਾਫ਼ ਵਧੀਕੀਆਂ ਬੰਦ ਨਾ ਹੋਣ 'ਤੇ 10 ਜੁਲਾਈ ਨੂੰ ਬੀ ਡੀ ਪੀ ਓ ਦਫ਼ਤਰ ਹਾਜੀਪੁਰ ਦੇ ਘਿਰਾਓ ਦਾ ਐਲਾਨ ਕੀਤਾ ਹੈ। ਹੋਰਨਾਂ ਤੋਂ ਇਲਾਵਾ ਇਸ ਮੌਕੇ ਵਿਜੈ ਸੀਪਰੀਆਂ, ਜੋਤੀ ਦਗਨ, ਸ਼ਸ਼ੀ ਸ਼ਰਮਾ, ਸੁਨੀਤਾ ਰਾਣੀ ਕੁੱਲੀਆਂ ਲੁਬਾਣਾ, ਮਨਜੀਤ ਕੌਰ ਢਾਡੇਕਟਵਾਲ, ਮਮਤਾ ਰਾਣੀ ਬਾਬਾ ਈਸ਼ਾ, ਸੁਰਿੰਦਰ ਕੌਰ ਗੇਰਾ, ਬਲਕਾਰ ਸਿੰਘ ਆਦਿ ਨੇ ਵੀ ਸੰਬੋਧਨ ਕੀਤਾ।



# ਰੋਜ਼ਾ ਸ਼ਹਿਨਸ਼ਾਹ ਦਾਤਾ ਸਨੂਰ ਗਾਜੀ ਵਿਖੇ ਤਿੰਨ ਰੋਜ਼ਾ ਸਲਾਨਾ ਜੋੜ ਮੇਲੇ ਦੀ ਆਰੰਭਤਾ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਰੋਜ਼ਾ ਸ਼ਹਿਨਸ਼ਾਹ ਦਾਤਾ ਸਨੂਰਗਾਜੀ ਦਰਗਾਹ ਸ਼ਰੀਫ ਬਲਵਾੜਾ ਕਲੋਨੀ ਵਿਖੇ ਸਲਾਨਾ ਜੋੜ ਮੇਲਾ ਗੱਦੀਨਸ਼ੀਨ ਦਾਤਾ ਆਮੀਨ ਅਲੀ ਦੀ ਅਗਵਾਈ ਹੇਠ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਕਰਵਾਏ ਜਾ ਰਹੇ ਸਲਾਨਾ ਜੋੜ ਮੇਲੇ ਦੇ ਪਹਿਲੇ ਦਿਨ ਵੀਰਵਾਰ ਸ਼ਾਮ ਨੂੰ ਝੰਡੇ, ਚਾਦਰ ਤੇ ਚਿਰਾਗ ਦੀ ਰਸਮ ਅਦਾ ਕੀਤੀ ਗਈ। ਉਪਰੰਤ ਦਾਤਾ ਆਮੀਨ ਅਲੀ ਨੇ ਸਰਬੱਤ ਦੇ ਭਲੇ ਅਤੇ ਸੁੱਖ ਸ਼ਾਂਤੀ ਦੀ ਅਰਦਾਸ ਕੀਤੀ। ਰਾਤ ਨੂੰ ਕੱਵਾਲੀਆਂ ਦੀ ਮਹਿਫ਼ਿਲ ਸਜਾਈ ਗਈ। ਜਿਸ ਵਿਚ ਕੱਵਾਲ ਪਾਰਟੀਆਂ ਨੇ ਸੰਗਤਾਂ ਨੂੰ ਰੂਹਾਨੀਅਤ ਨਾਲ ਰੂਬਰੂ ਕਰਵਾਇਆ। ਦਾਤਾ ਆਮੀਨ ਅਲੀ ਨੇ ਦੱਸਿਆ ਕਿ ਮੇਲੇ ਦੇ ਦੂਸਰੇ ਦਿਨ ਸ਼ੁੱਕਰਵਾਰ ਨੂੰ ਸਵੇਰੇ ਧਾਰਮਿਕ ਸਟੇਜ ਗਈ। ਰਾਤ ਸਮੇਂ ਨਕਲਾਂ ਦਾ ਰੰਗਾਰੰਗ ਪ੍ਰੋਗਰਾਮ ਵੀ ਪੇਸ਼ ਕੀਤਾ । ਮੇਲੇ ਦੇ ਤੀਸਰੇ ਤੇ ਆਖਰੀ ਦਿਨ ਸ਼ਨੀਵਾਰ 21 ਜੂਨ ਨੂੰ ਫਿਰ ਮਹਿਫਿਲ ਸਜੇਗੀ ਅਤੇ ਸ਼ਾਮ ਨੂੰ ਚਿਰਾਗ਼ ਰੁਸ਼ਨਾਏ ਜਾਣਗੇ। ਵੱਡੀ ਗਿਣਤੀ ਵਿਚ ਸੰਗਤਾਂ ਨੇ ਦਰਬਾਰ ਵਿਖੇ ਨਤਮਸਤਕ ਹੁੰਦਿਆਂ ਦਾਤਾ ਸਨੂਰਗਾਜੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ।

# ਪਿਤਾ ਦੀ ਯਾਦ 'ਚ ਟਰੱਸਟ ਨੂੰ ਭੇਟ ਕੀਤੀ ਇਲੈਕਟ੍ਰੋਨਿਕ ਵ੍ਹੀਲਚੇਅਰ

**ਆਦਮਪੁਰ (ਪਰਮਜੀਤ ਸਿੰਘ)**:- ਸਮਾਜ ਸੇਵੀ ਸੰਸਥਾ ਬੀ.ਜੇ.ਡੀ ਸਰਬੱਤ ਦਾ ਭਲਾ ਟਰੱਸਟ ਸਰਕਲ ਵੱਲੋਂ ਇਲਾਕੇ ਵਿੱਚ ਵੱਖ ਵੱਖ ਢੰਗਾਂ ਨਾਲ ਜ਼ਰੂਰਤਮੰਦ ਲੋਕਾਂ ਦੀ ਸੇਵਾ ਕਰਨ ਲਈ ਮੁਹਿੰਮਾਂ ਚਲਾਈਆਂ ਜਾਂਦੀਆਂ ਰਹਿੰਦੀਆਂ ਹਨ। ਇਹ ਸੇਵਾਵਾਂ ਵਿੱਚ ਐਨ.ਆਰ.ਆਈ ਭੈਣਾਂ ਭਰਾਵਾਂ ਦਾ ਬਹੁਤ ਸਹਿਯੋਗ ਕੀਤਾ ਜਾਂਦਾ ਰਿਹਾ ਹੈ। ਇਸੀ ਤਰ੍ਹਾਂ ਦਾ ਇੱਕ ਸਹਿਯੋਗ ਐਨ ਆਰ ਆਈ ਭੈਣ ਵੱਲੋਂ ਕੀਤਾ ਗਿਆ ਜਿਨ੍ਹਾਂ ਨੇ ਆਪਣੇ ਸਵਰਗਵਾਸੀ ਪਿਤਾ ਦੀ ਯਾਦ ਵਿੱਚ ਟਰੱਸਟ ਨੂੰ ਇਲੈਕਟ੍ਰੋਨਿਕ ਵ੍ਹੀਲਚੇਅਰ ਭੇਟ ਕੀਤੀ । ਇਸ ਮੌਕੇ ਟਰੱਸਟ ਦੇ ਪ੍ਰਧਾਨ ਪ੍ਰਮਿੰਦਰ ਸਿੰਘ ਖੁਰਦਪੁਰ ਨੇ ਐਨ ਆਰ ਆਈ ਭੈਣ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਜਿੱਥੇ ਟਰੱਸਟ ਨੂੰ ਚਲਾਉਣ ਵਾਸਤੇ ਹੌਸਲੇ ਦੀ ਲੋੜ ਹੁੰਦੀ ਹੈ ਉੱਥੇ ਹੀ ਐਨ.ਆਰ.ਆਈ ਭੈਣਾਂ ਭਰਾਵਾਂ ਦੇ ਸਹਿਯੋਗ ਦੀ ਵੀ ਬਹੁਤ ਲੋੜ ਹੁੰਦੀ ਹੈ। ਪ੍ਰਧਾਨ ਪ੍ਰਮਿੰਦਰ ਸਿੰਘ ਖੁਰਦਪੁਰ ਨੇ ਕਿਹਾ ਕਿ ਇਹ ਇਲੈਕਟ੍ਰੋਨਿਕ ਵ੍ਹੀਲਚੇਅਰ ਜ਼ਿਲ੍ਹਾ ਹੁਸ਼ਿਆਰਪੁਰ ਦੇ ਇੱਕ ਲੋੜਵੰਦ ਵੀਰ ਨੂੰ ਭੇਟ ਕੀਤੀ ਜਾ ਰਹੀ ਹੈ ਜਿਸਦਾ ਕੁਝ ਸਾਲ ਪਹਿਲਾ ਐਕਸੀਡੈਂਟ ਹੋਇਆ ਸੀ ਜਿਸ ਵਿੱਚ ਉਸਦੀਆਂ ਦੋਨਾਂ ਲੱਤਾਂ ਉੱਪਰ ਦੀ ਟਰੈਕਟਰ ਨਿਕਲ ਗਿਆ ਅਤੇ ਉਸ ਦੀਆਂ ਦੋਨੋਂ ਲੱਤਾਂ ਨਕਾਰਾ ਹੋ ਗਈਆਂ ਸਨ। ਉਨ੍ਹਾਂ ਦੱਸਿਆ ਕਿ ਉਸ ਵੀਰ ਦਾ ਇੱਕ 6 ਸਾਲ ਦਾ ਬੇਟਾ ਹੈ ਅਤੇ ਘਰ ਦੀ ਸਾਰੀ ਜ਼ਿੰਮੇਵਾਰੀ ਉਸ ਉੱਪਰ ਹੀ ਹੈ। ਇਸ ਮੌਕੇ ਸਰਪੰਚ ਤੀਰਥ ਕੜਿਆਣਾ, ਲਿਆਕਤ ਅਲੀ, ਮਨਪ੍ਰੀਤ ਮਨੂ, ਰਣਜੀਤ ਸਲਾਲਾ, ਦਲਜੀਤ ਸਿੰਘ, ਭਿੰਦਾ, ਅਸ਼ਵਨੀ ਕਰਵਾਲ ਅਤੇ ਹੋਰ ਸੱਜਣ ਮੌਜੂਦ ਸਨ।



# ਨੀਲ ਗਰਗ ਨੇ ਸੁਖਬੀਰ ਬਾਦਲ ਦੇ ਗੁੰਮਰਾਹਕੁੰਨ ਦਾਅਵਿਆਂ ਦਾ ਕੀਤਾ ਪਰਦਾ ਫਾਸ਼

**ਕਿਹਾ : ਅਸੀਂ ਵਿਰਾਸਤ 'ਚ ਮਿਲੀ ਗੰਦਗੀ ਨੂੰ ਸਾਫ਼ ਕਰ ਰਹੇ ਹਾਂ**

**ਚੰਡੀਗੜ੍ਹ (ਗੁਰਜੀਤ ਬਿੱਲਾ)**- ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸੀਨੀਅਰ ਬੁਲਾਰੇ ਨੀਲ ਗਰਗ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਪੰਜਾਬ ਵਿੱਚ ਬਿਜਲੀ ਦਰਾਂ ਅਤੇ ਉਦਯੋਗਿਕ ਨੀਤੀਆਂ ਸਬੰਧੀ ਕੀਤੇ ਗਏ ਗੁੰਮਰਾਹਕੁੰਨ ਦਾਅਵਿਆਂ ਦਾ ਸਖ਼ਤੀ ਨਾਲ ਖੰਡਨ ਕੀਤਾ ਹੈ। ਗਰਗ ਨੇ ਸ਼੍ਰੋਮਣੀ ਅਕਾਲੀ ਦਲ-ਭਾਜਪਾ ਸਰਕਾਰ ਦੇ ਮਾੜੇ ਟਰੈਕ ਰਿਕਾਰਡ ਨੂੰ ਉਜਾਗਰ ਕੀਤਾ ਅਤੇ ਇਸ ਦੀ ਤੁਲਨਾ ਭਗਵੰਤ ਮਾਨ ਦੀ ਅਗਵਾਈ ਵਾਲੀ ਆਪ ਸਰਕਾਰ ਦੇ ਪਰਿਵਰਤਨਸ਼ੀਲ ਸ਼ਾਸਨ ਨਾਲ ਕੀਤੀ।ਗਰਗ ਨੇ ਕਿਹਾ, ਜਿਸ ਡੇਅ ਟੈਰਿਫ਼ ਬਾਰੇ ਬਾਦਲ ਅਫ਼ਸੋਸ ਕਰ ਰਹੇ ਹਨ, ਉਹ 2017 ਵਿੱਚ ਕਾਂਗਰਸ ਸਰਕਾਰ ਦੌਰਾਨ ਲਾਗੂ ਕੀਤਾ ਗਿਆ ਸੀ, ਨਾ ਕਿ ਆਪ ਸਰਕਾਰ ਦੌਰਾਨ। ਅਕਾਲੀ-ਭਾਜਪਾ ਸਰਕਾਰ ਭ੍ਰਿਸ਼ਟਾਚਾਰ, ਅਕੁਸ਼ਲਤਾ ਅਤੇ ਕਰਜ਼ੇ ਦੀ ਵਿਰਾਸਤ ਛੱਡ ਕੇ ਗਈ ਹੈ। ਸਾਨੂੰ ਇਹ ਗੜਬੜ ਵਿਰਾਸਤ ਵਿੱਚ ਮਿਲੀ ਹੈ ਅਤੇ ਅਸੀਂ ਇਸ ਨੂੰ ਸਾਫ਼ ਕਰਨ ਲਈ ਅਣਥੱਕ ਮਿਹਨਤ ਕਰ ਰਹੇ ਹਾਂ।ਗਰਗ ਅਨੁਸਾਰ, ਅਕਾਲੀ-ਭਾਜਪਾ ਸਰਕਾਰ ਦੌਰਾਨ, ਉਦਯੋਗਾਂ ਤੋਂ ਪ੍ਰਤੀ ਯੂਨਿਟ 8.75 ਰੁਪਏ (ਲੇਵੀ ਸਮੇਤ) ਵਸੂਲੇ ਜਾਂਦੇ ਸਨ, ਉਨ੍ਹਾਂ ਨੂੰ ਵਾਰ-ਵਾਰ ਬਿਜਲੀ ਕੱਟਾਂ ਅਤੇ ਵਿਆਪਕ ਭ੍ਰਿਸ਼ਟਾਚਾਰ ਦਾ ਸਾਹਮਣਾ ਕਰਨਾ ਪੈਂਦਾ ਸੀ। ਇਸ ਦੇ ਉਲਟ, ਆਪ ਸਰਕਾਰ ਨੇ ਸਸਤੀ ਬਿਜਲੀ, ਬਿਨਾਂ ਬਿਜਲੀ ਕੱਟ, ਪਾਰਦਰਸ਼ੀ ਸ਼ਾਸਨ, ਕਿਸਾਨਾਂ ਲਈ ਮੁਫ਼ਤ ਬਿਜਲੀ, ਸਕੂਲ, ਹਸਪਤਾਲ ਅਤੇ ਰੁਜ਼ਗਾਰ ਨੂੰ ਤਰਜੀਹ ਦਿੱਤੀ ਹੈ। ਗਰਗ ਨੇ ਕਿਹਾ, 90% ਤੋਂ ਵੱਧ ਛੋਟੇ ਉਦਯੋਗ ਹੁਣ ਸਬਸਿਡੀ ਵਾਲੀ ਬਿਜਲੀ ਪ੍ਰਾਪਤ ਕਰ ਰਹੇ ਹਨ। ਬਿਜਲੀ ਕੱਟ ਬਹੁਤ ਘੱਟ ਹੁੰਦੇ ਹਨ ਅਤੇ ਹਮੇਸ਼ਾ ਪਹਿਲਾਂ ਹੀ ਐਲਾਨ ਕੀਤੇ ਜਾਂਦੇ ਹਨ। ਕਿਸਾਨਾਂ ਲਈ ਮੁਫ਼ਤ ਅਤੇ ਨਿਰਵਿਘਨ ਬਿਜਲੀ ਯਕੀਨੀ ਬਣਾਈ ਗਈ ਹੈ, ਜਿਸ ਨਾਲ ਪੰਜਾਬ ਦੀ ਖੇਤੀਬਾੜੀ ਆਰਥਿਕਤਾ ਨੂੰ ਲਾਭ ਪਹੁੰਚ ਰਿਹਾ ਹੈ।ਗਰਗ ਨੇ ਬਾਦਲ ਦੇ ਦੋਸ਼ਾਂ ਨੂੰ ਬੇਬੁਨਿਆਦ ਕਰਾਰ ਦਿੱਤਾ ਅਤੇ ਉਨ੍ਹਾਂ ਨੂੰ ਅਕਾਲੀ-ਭਾਜਪਾ ਸਰਕਾਰ ਦੀਆਂ ਅਸਫਲਤਾਵਾਂ 'ਤੇ ਵਿਚਾਰ ਕਰਨ ਦੀ ਅਪੀਲ ਕੀਤੀ, ਜਿਸ ਵਿੱਚ ਭ੍ਰਿਸ਼ਟਾਚਾਰ ਅਤੇ ਮਨਮਾਨੀ ਨੀਤੀਆਂ ਰਾਹੀਂ ਕਾਰੋਬਾਰਾਂ ਨੂੰ ਨਿਯਮਤ ਤੌਰ 'ਤੇ ਪਰੇਸ਼ਾਨ ਕਰਨਾ ਸ਼ਾਮਲ ਹੈ। ਉਨ੍ਹਾਂ ਕਿਹਾ ਸਾਡੀ ਸਰਕਾਰ ਨੇ ਪਾਰਦਰਸ਼ਤਾ, ਜਵਾਬਦੇਹੀ ਅਤੇ ਡਿਲਿਵਰੀ ਦੇ ਯੁੱਗ ਦੀ ਸ਼ੁਰੂਆਤ ਕੀਤੀ ਹੈ। ਅਸੀਂ ਸਰਕਾਰੀ ਸਕੂਲਾਂ ਨੂੰ ਬਦਲਿਆ ਹੈ, ਸ਼ਾਸਨ ਨੂੰ ਮਜ਼ਬੂਤ ??ਕੀਤਾ ਹੈ ਅਤੇ ਪਿਛਲੀਆਂ ਸਰਕਾਰਾਂ ਤੋਂ ਵਿਰਾਸਤ ਵਿੱਚ ਮਿਲੇ ਕਰਜ਼ੇ ਦੀ ਅਦਾਇਗੀ ਕਰ ਰਹੇ ਹਾਂ।ਗਰਗ ਨੇ ਕਿਹਾ ਕਿ ਆਪ ਸਰਕਾਰ ਉਦਯੋਗਾਂ ਦੇ ਵਧਣ-ਫੁੱਲਣ ਲਈ ਮਾਹੌਲ ਬਣਾਉਣ ਲਈ ਵਚਨਬੱਧ ਹੈ। ਨਿਰਵਿਘਨ ਬਿਜਲੀ ਸਪਲਾਈ ਅਤੇ ਪਾਰਦਰਸ਼ੀ ਨੀਤੀਆਂ ਨੂੰ ਤਰਜੀਹ ਦੇ ਕੇ, ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਪਹਿਲਾਂ ਹੀ ਮਜ਼ਬੂਤ ਵਿਕਾਸ ਦੀ ਨੀਂਹ ਰੱਖ ਦਿੱਤੀ ਹੈ।ਗਰਗ ਨੇ ਕਿਹਾ ਕਿ ਪੰਜਾਬ ਦੇ ਲੋਕ ਸਮਝਦਾਰ ਹਨ, ਉਹ ਏਨੀ ਆਸਾਨੀ ਨਾਲ ਝੂਠ ਦਾ ਸ਼ਿਕਾਰ ਨਹੀਂ ਹੁੰਦੇ। ਅਕਾਲੀ ਦਲ ਆਪਣੇ ਵਾਅਦਿਆਂ ਕਾਰਨ ਸੁਰਖ਼ੀਆਂ ਵਿੱਚ ਰਿਹਾ, ਅਸੀਂ ਉਨ੍ਹਾਂ ਨੂੰ ਪੂਰਾ ਕਰਕੇ ਇਤਿਹਾਸ ਰਚ ਰਹੇ ਹਾਂ। ਹੁਣ ਸਮਾਂ ਆ ਗਿਆ ਹੈ ਕਿ ਬਾਦਲ ਇਤਿਹਾਸ ਨੂੰ ਦੁਬਾਰਾ ਲਿਖਣ ਦੀ ਕੋਸ਼ਿਸ਼ ਕਰਨਾ ਬੰਦ ਕਰਨ ਅਤੇ ਆਪਣੀ ਪਾਰਟੀ ਦੀਆਂ ਨਕਾਮੀਆਂ 'ਤੇ ਧਿਆਨ ਕੇਂਦਰਿਤ ਕਰਨ।

# ਅਮਿਤ ਬਾਵਾ ਸੈਣੀ ਦੀ ਅਗਵਾਈ ਹੇਠ ਮਨਾਇਆ ਸਮਾਜਿਕ ਨਿਆਂ ਦਿਵਸ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਵਿਧਾਨ ਸਭਾ ਹਲਕੇ ਵਿੱਚ ਕਾਂਗਰਸ ਨੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਦੇ ਜਨਮ ਦਿਨ (19 ਜੂਨ) ਨੂੰ ਸਮਾਜਿਕ ਨਿਆਂ ਦਿਵਸ ਵਜੋਂ ਮਨਾਇਆ। ਇਸ ਮੌਕੇ ਪਾਰਟੀ ਵਰਕਰਾਂ ਨੇ ਉਤਸ਼ਾਹ ਨਾਲ ਲੋਕਾਂ ਨੂੰ ਮਠਿਆਈਆਂ ਵੰਡ ਕੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕੀਤਾ।ਆਲ ਇੰਡੀਆ ਕਾਂਗਰਸ ਕਮੇਟੀ ਦੇ ਰਾਸ਼ਟਰੀ ਸੰਯੁਕਤ ਕੋਆਰਡੀਨੇਟਰ ਅਤੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਡੇਰਾਬੱਸੀ ਵਿਧਾਨ ਸਭਾ ਹਲਕੇ ਤੋਂ ਡੈਲੀਗੇਟ ਅਮਿਤ ਬਾਵਾ ਸੈਣੀ ਨੇ ਕਿਹਾ, ਅੱਜ, ਸਿਰਫ ਰਾਹੁਲ ਗਾਂਧੀ ਹੀ ਦੇਸ਼ ਵਿੱਚ ਸਮਾਜਿਕ ਨਿਆਂ ਦੀ ਲੜਾਈ ਲੜ ਰਹੇ ਹਨ। ਉਨ੍ਹਾਂ ਦਾ ਉਦੇਸ਼ ਉਨ੍ਹਾਂ ਸਾਰੇ ਵਰਗਾਂ ਨੂੰ ਨਿਆਂ ਪ੍ਰਦਾਨ ਕਰਨਾ ਹੈ ਜੋ ਸਦੀਆਂ ਤੋਂ ਵਿਤਕਰੇ ਅਤੇ ਬੇਇਨਸਾਫ਼ੀ ਦਾ ਸਾਹਮਣਾ ਕਰ ਰਹੇ ਹਨ। ਇਸ ਲਈ ਅਸੀਂ ਸਾਰਿਆਂ ਨੇ 19 ਜੂਨ ਨੂੰ ਸਮਾਜਿਕ ਨਿਆਂ ਦਿਵਸ ਵਜੋਂ ਮਨਾਉਣ ਦਾ ਫੈਸਲਾ ਕੀਤਾ ਹੈ। ਉਨ੍ਹਾਂ ਅੱਗੇ ਕਿਹਾ, ਇਹ ਲੜਾਈ ਮਹਾਤਮਾ ਜਯੋਤੀਬਾ ਫੂਲੇ, ਬਾਬਾ ਸਾਹਿਬ ਅੰਬੇਡਕਰ ਅਤੇ ਮਹਾਤਮਾ ਗਾਂਧੀ ਦੇ ਸੰਘਰਸ਼ਾਂ ਦੀ ਪਰੰਪਰਾ ਨੂੰ ਅੱਗੇ ਵਧਾ ਰਹੀ ਹੈ। ਪਰ ਅੱਜ ਭਾਜਪਾ ਅਤੇ ਆਰ ਐਸ ਐਸ ਸੰਵਿਧਾਨ ਨੂੰ ਕਮਜ਼ੋਰ ਕਰ ਰਹੇ ਹਨ ਅਤੇ ਦਲਿਤਾਂ, ਪਛੜੇ ਅਤੇ ਗਰੀਬਾਂ ਦੇ ਅਧਿਕਾਰ ਖੋਹ ਰਹੇ ਹਨ। ਇਨ੍ਹਾਂ ਮਹਾਨ ਪੁਰਸ਼ਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਰਾਹੁਲ ਗਾਂਧੀ ਨੇ ਸੰਵਿਧਾਨ ਨੂੰ ਬਚਾਉਣ ਅਤੇ ਸਮਾਜਿਕ ਨਿਆਂ ਨੂੰ ਪੂਰੇ ਦੇਸ਼ ਵਿੱਚ ਪਹੁੰਚਾਉਣ ਦੀ ਲੜਾਈ ਨੂੰ ਅੱਗੇ ਵਧਾਇਆ ਹੈ। ਡੇਰਾਬੱਸੀ ਵਿਧਾਨ ਸਭਾ ਹਲਕੇ ਵਿੱਚ ਆਯੋਜਿਤ ਇਸ ਪ੍ਰੋਗਰਾਮ ਵਿੱਚ ਵਿਕਰਮ ਰਾਣਾ, ਪਰਵੀਨ ਮਖੀਜਾ, ਗੁਰਜੀਤ ਸਿੰਘ, ਐਨ ਐਸ ਯੂ ਆਈ ਡੇਰਾਬੱਸੀ ਦੇ ਆਗੂ ਪਰਵੀਰ ਰਾਣਾ ਅਤੇ ਉਨ੍ਹਾਂ ਦੇ ਸਾਥੀ ਹਰਕੀਰਤ ਸਿੰਘ, ਨਵਜੋਤ ਸੈਣੀ, ਗੁਰਲੀਨ ਸਿੰਘ, ਵਿੱਕੀ, ਮਨਕੀਰਤ, ਜਸ਼ਨ ਅਤੇ ਕਾਂਗਰਸ ਅਤੇ ਯੂਥ ਕਾਂਗਰਸ ਦੇ ਸਥਾਨਕ ਆਗੂਆਂ ਅਤੇ ਵਰਕਰਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਇਸ ਦੌਰਾਨ ਰਾਹੁਲ ਗਾਂਧੀ ਦੇ ਸਮਾਜਵਾਦੀ ਦ੍ਰਿਸ਼ਟੀਕੋਣ ਅਤੇ ਸੰਵਿਧਾਨ ਦੀ ਰੱਖਿਆ ਦੇ ਸੰਦੇਸ਼ 'ਤੇ ਚਰਚਾ ਹੋਈ।



# ਪੰਜਾਬ ਸਰਕਾਰ ਤੇ ਸੰਗਰੂਰ ਪੁਲਸ ਪ੍ਰਸ਼ਾਸਨ ਦਾ ਪੁਤਲਾ ਸਾੜਿਆ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** ਪੇਂਡੂ ਮਜਦੂਰ ਯੂਨੀਅਨ ਇਲਾਕਾ ਨੂਰਮਹਿਲ ਦੀ ਅਗਵਾਈ ਵਿੱਚ ਪਿੰਡ ਸਮਰਾਵਾਂ ਅਤੇ ਝੰਡੀਪੀਰ ਕੜਿਆਣਾ ਵਿਖੇ ਪੰਜਾਬ ਸਰਕਾਰ ਅਤੇ ਸੰਗਰੂਰ ਪੁਲਸ ਪ੍ਰਸ਼ਾਸਨ ਦਾ ਪੁਤਲਾ ਸਾੜਿਆ ਗਿਆ। ਬੁਲਾਰਿਆਂ ਨੇ ਕਿਹਾ ਕਿ ਪਿੰਡ ਬੀੜ ਐਸਵਾਨ ਸੰਗਰੂਰ ਜੀਂਦ ਰਿਆਸਤ ਦੇ ਰਾਜੇ ਦੀ 927 ਏਕੜ ਜਮੀਨ ਜੋ ਕੋਈ ਧੜੱਲੇਦਾਰ ਅਤੇ ਸਰਮਾਏਦਾਰ ਬੰਦਾ ਕਈ ਸਾਲਾਂ ਤੋਂ ਵਾਹ ਬੀਜ ਰਿਹਾ ਹੈ ਅਤੇ ਉਸਦੀ ਆਮਦਨ ਖਾ ਰਿਹਾ ਹੈ। ਜਦ ਕਿ ਰਾਜੇ ਦਾ ਕੋਈ ਵਾਲੀ ਵਾਰਿਸ ਨਹੀਂ ਸੀ। ਸੰਗਰੂਰ ਦੇ ਮਜਦੂਰ ਲੈਂਡ ਸੀਲਿੰਗ ਐਕਟ ਲਾਗੂ ਕਰਾਉਣ ਲਈ ਜਮੀਨ ਪਰਾਪਤੀ ਸੰਘਰਸ਼ ਕਮੇਟੀ ਦੀ ਅਗਵਾਈ ਵਿੱਚ ਰਾਜੇ ਦੀ ਜਮੀਨ ਦਾ ਕਬਜਾ ਛਡਾਉਣ ਲਈ ਸੰਗਰੂਰ ਵਹੀਰਾਂ ਘੱਤ ਤੁਰੇ। ਪਰ ਪੰਜਾਬ ਦੀ ਸਰਕਾਰ ਅਤੇ ਪੁਲਿਸ ਸੰਗਰੂਰ ਕਬਜਾ ਧਾਰੀਆਂ ਨਾਲ ਜਾ ਖੜੇ ਹੋਏ। ਮਜਦੂਰਾਂ ਨੂੰ ਫੜ ਫੜ ਜੇਲਾਂ ਵਿੱਚ ਬੰਦ ਕਰ ਦਿੱਤਾ। ਜਥੇਬੰਦੀਆਂ ਨੇ ਧਰਨੇ ਮੁਜਾਹਰੇ ਕਰਕੇ ਮਜਦੂਰਾਂ ਨੂੰ ਅਜਾਦ ਕਰਾਇਆ, ਪਰ ਅਜੇ ਤਕ ਸਾਦੀ ਹਰੀ ਪਿੰਡ ਦੇ 13 ਮਜਦੂਰ ਨਹੀ ਛੱਡੇ। ਡੀ ਸੀ ਦਫਤਰ ਪੱਕਾ ਮੋਰਚਾ ਲੱਗਾ। ਗੱਲਬਾਤ ਲਈ ਬੁਲਾ ਕੇ ਜਮੀਨ ਪਰਾਪਤੀ ਸੰਘਰਸ਼ ਕਮੇਟੀ ਦੇ ਆਗੂ ਬਿੱਕਰ ਸਿੰਘ ਹਥੋਂ ਨੂੰ ਗ੍ਰਿਫਤਾਰ ਕਰ ਲਿਆ।ਜੇਲ੍ਹੀਂ ਡੱਕੇ ਮਜਦੂਰਾਂ ਨੂੰ ਰਿਹਾਅ ਕਰਵਾਉਣ ਲਈ ਪਿੰਡ ਪਿੰਡ ਪੁਤਲੇ ਸਾੜੇ ਜਾ ਰਹੇ ਹੈ ਅਤੇ ਮੰਗ ਕੀਤੀ ਜਾ ਰਹੀ ਹੈ ਕਿ 17 ਏਕੜ ਤੋ ਵਾਧੂ ਜਮੀਨ ਬੇਜ਼ਮੀਨੇ ਮਜਦੂਰਾਂ ਅਤੇ ਕਿਸਾਨਾਂ ਵਿੱਚ ਵੰਡੀ ਜਾਵੇ।



# ਪੀਰ ਬਾਬਾ ਕੱਲੂ ਸ਼ਾਹ ਦਾ 32ਵਾਂ ਸੱਭਿਆਚਾਰਕ ਮੇਲਾ ਸਫਲਤਾਪੂਰਵਕ ਸੰਪੰਨ

**ਅੱਡਾ ਸਰਾਂ (ਜਸਵੀਰ ਕਾਜਲ)** ਪਿੰਡ ਨੈਣੋਵਾਲ ਵੈਦ ਵਿਖੇ ਪੀਰ ਬਾਬਾ ਕੱਲੂ ਸ਼ਾਹ ਜੀ ਦੀ ਦਰਗਾਹ ਕਰਵਾਇਆ ਗਿਆ 32ਵਾਂ ਸੱਭਿਆਚਾਰਕ ਮੇਲਾ ਅਮਿੱਟ ਯਾਦਾਂ ਛੱਡਦਾ ਹੋਇਆ ਸਫਲਤਾ ਪੂਰਵਕ ਸੰਪੰਨ ਹੋ ਗਿਆ। ਪੀਰ ਬਾਬਾ ਕੱਲੂ ਸ਼ਾਹ ਜੀ ਪ੍ਰਬੰਧਕ ਕਮੇਟੀ ਵੱਲੋਂ ਪ੍ਰਵਾਸੀ ਭਾਰਤੀਆਂ ਇਲਾਕੇ ਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਪ੍ਰਧਾਨ ਨੰਬਰਦਾਰ ਸਤਨਾਮ ਸਿੰਘ ਢਿੱਲੋਂ ਦੀ ਅਗਵਾਈ ਵਿੱਚ ਕਰਵਾਏ ਗਏ ਸੱਭਿਆਚਾਰਕ ਮੇਲੇ ਵਿੱਚ ਪੀਰਾਂ ਦਰਗਾਹ 'ਤੇ ਚਾਦਰ ਤੇ ਝੰਡਾ ਚੜਾਉਣ ਦੀ ਰਸਮ ਅਦਾ ਕੀਤੀ ਗਈ। ਉਪਰੰਤ ਸੱਭਿਆਚਾਰਕ ਮੇਲੇ ਦਾ ਉਦਘਾਟਨ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪਧਾਨ ਲਖਵਿੰਦਰ ਸਿੰਘ ਲੱਖੀ ਨੇ ਕੀਤਾ।ਸੱਭਿਆਚਾਰਕ ਮੇਲੇ ਦੀ ਆਰੰਭਤਾ ਮਸ਼ਹੂਰ ਕੱਵਾਲ ਸਲੀਮ ਸਾਬਰੀ ਐਂਡ ਪਾਰਟੀ ਮਲੇਰਕੋਟਲਾ ਵਾਲਿਆਂ ਨੇ ਸੂਫੀਆਨਾ ਕਵਾਲੀਆਂ ਪੇਸ਼ ਕਰਕੇ ਕੀਤੀ ਉਪਰੰਤ ਪ੍ਰਸਿੱਧ ਪੰਜਾਬੀ ਗਾਇਕ ਕੁਲਦੀਪ ਰੰਧਾਵਾ ਸ਼ਾਨਦਾਰ ਪੇਸ਼ਕਾਰੀ ਦੁਆਰਾ ਸਮੁੱਚਾ ਮੇਲਾ ਲੁੱਟਿਆ। ਇਸ ਤੋਂ ਇਲਾਵਾ ਮੇਲੇ ਦੌਰਾਨ ਦੋਗਾਣਾ ਜੋੜੀ ਸੁਰਿੰਦਰ ਮਾਨ, ਕਰਮਜੀਤ ਕੰਮੋ, ਲੱਖੀ ਸਿੱਧੂ, ਮਹਿਮੀ ਬਰਾੜ, ਗਾਇਕਾ ਮੈਂਡੀ ਕਾਲੜਾ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕਰਕੇ ਆਪਣੀ ਹਾਜ਼ਰੀ ਲਗਵਾਈ। ਸੱਭਿਆਚਾਰਕ ਮੇਲੇ ਦੌਰਾਨ ਮੁੱਖ ਮਹਿਮਾਨ ਵਜੋਂ ਪਹੁੰਚੇ ਵਿਧਾਇਕ ਜਸਵੀਰ ਸਿੰਘ ਰਾਜਾ ਨੇ ਕਮੇਟੀ ਦੇ ਇਸ ਉੱਦਮ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਅਜਿਹੇ ਸੱਭਿਆਚਾਰਕ ਮੇਲੇ ਸਾਨੂੰ ਆਪਸੀ ਪ੍ਰੇਮ ਪਿਆਰ ਤੇ ਸੱਭਿਆਚਾਰ ਨਾਲ ਜੋੜਦੇ ਹਨ।ਇਸ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਪਹੁੰਚੇ ਹਲਕਾ ਇੰਚਾਰਜ ਟਾਂਡਾ ਅਰਵਿੰਦਰ ਸਿੰਘ ਰਸੂਲਪੁਰ ਨੇ ਵੀ ਪ੍ਰਬੰਧਕਾਂ ਨੂੰ ਸੱਭਿਆਚਾਰਕ ਮੇਲੇ ਦੀ ਮੁਬਾਰਕਬਾਦ ਦਿੱਤੀ। ਇਸ ਮੌਕੇ ਪ੍ਰਸਿੱਧ ਗੀਤਕਾਰ ਹਰਵਿੰਦਰ ਉਹਹੜ ਪੁਰੀ, ਗੀਤਕਾਰ ਸੁਖਜੀਤ ਝਾਂਸਾ ਵਾਲਾ, ਐਡਵੋਕੇਟ ਗੁਰਵੀਰ ਸਿੰਘ ਚੌਟਾਲਾ ਦਾ ਪ੍ਰਬੰਧਕ ਕਮੇਟੀ ਵੱਲੋਂ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ।ਸਮੁੱਚੇ ਮੇਲੇ ਦੌਰਾਨ ਸਟੇਜ ਸਕੱਤਰ ਦੀ ਭੂਮਿਕਾ ਐਂਕਰ ਬਲਦੇਵ ਰਾਹੀ ਬਾਖੂਬੀ ਨਿਭਾਈ।ਇਸ ਮੌਕੇ ਸਾਬਕਾ ਚੇਅਰਮੈਨ ਸਤਵਿੰਦਰ ਪਾਲ ਸਿੰਘ ਢੱਟ ਰਮਦਾਸਪੁਰ, ਪਰਮਿੰਦਰ ਸਿੰਘ ਪੰਨੂ, ਜਸਵੰਤ ਸਿੰਘ ਚੌਟਾਲਾ, ਕਿਸਾਨ ਆਗੂ ਜੰਗਵੀਰ ਸਿੰਘ ਚੌਹਾਨ, ਪ੍ਰਿਥਪਾਲ ਸਿੰਘ ਗੁਰਾਇਆ, ਕਿਸਾਨ ਆਗੂ ਪਵਿੱਤਰ ਸਿੰਘ ਧੁੱਗਾ , ਸਰਪੰਚ ਪਰਮਿੰਦਰ ਸਿੰਘ ਸੱਜਣਾਂ, ਚੇਅਰਮੈਨ ਬਿਕਰਮ ਸ਼ਰਮਾ, ਸਰਬਜੀਤ ਸਿੰਘ ਮੋਮੀ, ਗੁਰਮੁਖ ਸਿੰਘ ਧਾਲੀਵਾਲ, ਜੋਗਾ ਸਿੰਘ ਸਰੋਆ, ਬਲਕਾਰ ਸਿੰਘ ਨਰਿਆਲ, ਹੁਸ਼ਿਆਰ ਸਿੰਘ ਥਿਆੜਾ, ਸੈਕਟਰੀ ਮਨਜੀਤ ਸਿੰਘ ਕੰਧਾਲਾ ਜੱਟਾਂ, ਵੀ ਹਾਜ਼ਰ ਸਨ।



# ਵਧੀਆ ਸੇਵਾਵਾਂ ਲਈ ਕੀਤਾ ਸਨਮਾਨਤ



**ਅੱਡਾ ਸਰਾਂ (ਜਸਵੀਰ ਕਾਜਲ)** ਸਿਵ ਸੈਨਾ ਸੂਰੀਆਂ ਵੰਸ਼ੀ ਆਲ ਇੰਡੀਆ ਦੇ ਚੈਅਰਮੈਨ ਸੁਨੀਲ ਭਸੀਨ ਤੇ ਆਲ ਇੰਡੀਆ ਦੇ ਰਾਸ਼ਟਰੀ ਪ੍ਰਧਾਨ ਰਕੇਸ਼ ਬਸੀਨ ਤੇ ਆਲ ਇੰਡੀਆ ਪ੍ਰਭਾਰੀ ਸੰਜੀਵ ਪੰਡਿਤ ਦੀ ਅਗਵਾਈ ਹੇਠ ਜਲੰਧਰ ਤੋਂ ਪ੍ਰਧਾਨ ਸੰਤੋਸ਼ ਕੁਮਾਰ ਵਲੋਂ ਜਲੰਧਰ ਪੁਲਸ ਦੇ ਏ ਪੀ ਸੀ ਅਮਰ ਨਾਥ ਦੇ ਵਧੀਆ ਸੇਵਾਵਾਂ ਦੇਣ ਲਈ ਸਨਮਾਨਤ ਕੀਤਾ ਗਿਆ।

# ਬੀ ਐੱਸ ਐੱਨ ਐੱਲ ਕਰਮਚਾਰੀਆਂ ਤੇ ਅਧਿਕਾਰੀਆਂ ਨੇ ਮੰਗਾਂ ਨੂੰ ਲੈ ਕੇ ਕੀਤਾ ਧਰਨਾ ਪ੍ਰਦਰਸ਼ਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਬੀ ਐੱਸ ਐੱਨ ਐਲ, ਡੀ ਓ ਟੀ ਐੱਮ ਟੀ ਐੱਨ ਐਲ ਦੀਆਂ ਯੂਨੀਅਨਾਂ ਅਤੇ ਐਸੋਸੀਏਸ਼ਨਾਂ ਦੇ ਭਾਰਤੀ ਦੂਰਸੰਚਾਰ ਮੰਚ ਦੇ ਸੱਦੇ 'ਤੇ ਦੁਪਹਿਰ ਦੇ ਖਾਣੇ ਦੀ ਛੁੱਟੀ ਦੌਰਾਨ ਪੂਰੇ ਪੰਜਾਬ ਦੇ ਨਾਲ-ਨਾਲ ਭਾਰਤ ਦੇ ਬਾਕੀ ਹਿੱਸਿਆਂ ਵਾਂਗ ਹੁਸ਼ਿਆਰਪੁਰ ਦੇ ਰੇਲਵੇ ਮੰਡੀ ਬੀ ਐੱਸ ਐੱਨ ਐਲ ਭਵਨ ਵਿਖੇ ਧਰਨਾ ਪ੍ਰਦਰਸ਼ਨ ਦਾ ਆਯੋਜਨ ਕੀਤਾ। ਜਿਸ ਵਿੱਚ ਬੀ ਐੱਸ ਐੱਨ ਐਲ ਹੁਸ਼ਿਆਰਪੁਰ ਵਪਾਰ ਖੇਤਰ ਦੇ ਅਧਿਕਾਰੀਆਂ, ਕਰਮਚਾਰੀਆਂ ਅਤੇ ਸੇਵਾਮੁਕਤ ਵਿਅਕਤੀਆਂ ਨੇ ਧਰਨੇ ਪ੍ਰਦਰਸ਼ਨ ਨੂੰ ਸਫਲ ਬਣਾਉਣ ਲਈ ਹਿੱਸਾ ਲਿਆ। ਜਿਸ ਵਿੱਚ ਹਰਚੰਦ ਸਿੰਘ ਜ਼ਿਲ੍ਹਾ ਸਕੱਤਰ, ਅਮਿਤ ਭੱਲਾ ਸਹਾਇਕ ਸਰਕਲ ਸਕੱਤਰ, ਬਲਵਿੰਦਰ ਕੁਮਾਰ ਸ਼ੀਮਰ, ਮੁਕੇਸ਼ ਕੁਮਾਰ ਵੀਪੀ, ਸ੍ਰੀਮਤੀ ਹਰਜੀਤ ਕੌਰ ਏ ਡੀ ਐਸ, ਆਲ ਇੰਡੀਆ ਗ੍ਰੈਜੂਏਟ ਇੰਜੀਨੀਅਰਜ਼ ਅਤੇ ਟੈਲੀਕਾਮ ਅਫਸਰ ਐਸੋਸੀਏਸ਼ਨ ਦੇ ਸਰਬਜੀਤ ਸਿੰਘ, ਸਰਕਲ ਸਕੱਤਰ ਤਰਦੀਪ ਸ਼ਰਮਾ, ਟੈਲੀਕਾਮ ਸੁਸਾਇਟੀ ਹੁਸ਼ਿਆਰਪੁਰ ਦੇ ਸਕੱਤਰ ਪ੍ਰਦੀਪ ਕੁਮਾਰ ਅਤੇ ਹੋਰ ਕਾਰਜਕਾਰੀ ਅਤੇ ਗੈਰ ਕਾਰਜਕਾਰੀ ਅਤੇ ਸੇਵਾਮੁਕਤ ਵਿਅਕਤੀ ਮੌਜੂਦ ਸਨ। ਇਸ ਮੌਕੇ ਆਪਣੇ ਸੰਬੋਧਨ ਵਿੱਚ ਬੁਲਾਰਿਆਂ ਨੇ ਕਿਹਾ ਕਿ ਧਰਨਾ ਪ੍ਰਦਰਸ਼ਨ ਕੁੱਝ ਖਾਸ ਮੁੱਦਿਆਂ ਘਰੇਲੂ 47/57 ਤਕਨਾਲੋਜੀ ਦੇ ਸਵਦੇਸ਼ੀ ਟੈਲੀਕਾਮ ਮਿਸ਼ਨ ਦੀ ਸੁਰੱਖਿਆ, ਭਾਰਤ ਦੇ ਸੰਪ੍ਰਭੂ ਟੈਲੀਕਾਮ ਸੰਪਤੀ ਦੀ ਸੁਰੱਖਿਆ,18 ਦਸੰਬਰ 2024 ਨੂੰ 18ਵੀਂ ਲੋਕ ਸਭਾ ਵਿੱਚ ਪੇਸ਼ ਕੀਤੀ ਗਈ ਬੀ ਐੱਸ ਐੱਨ ਐਲ 'ਤੇ ਆਪਣੀ 6ਵੀਂ ਰਿਪੋਰਟ ਵਿੱਚ ਜਨਤਕ ਅਦਾਰਿਆਂ ਬਾਰੇ ਕਮੇਟੀ ਦੁਆਰਾ ਕੀਤੀਆਂ ਗਈਆਂ ਸਿਫ਼ਾਰਸ਼ਾਂ ਨੂੰ ਲਾਗੂ ਕਰਨਾ, ਬੀ ਐੱਸ ਐੱਨ ਐਲ ਦੇ ਬੈਕਹਾਉਲ ਅਤੇ ਹੋਰ ਫਾਈਬਰ ਨੈੱਟਵਰਕਾਂ ਦੀ ਓਵਰਹਾਉਲਿੰਗ ਅਤੇ ਮਜ਼ਬੂਤੀ। ਬੈਕਹਾਉਲ ਵਿੱਚ ਅਕਸਰ ਸਮੱਸਿਆਵਾਂ ਅਤੇ ਘੱਟ ਨੈੱਟਵਰਕ ਉਪਲਬਧਤਾ ਕਾਰਨ ਹੋਣ ਵਾਲੇ ਮੀਡੀਆ ਆਊਟੇਜ ਨੂੰ ਰੋਕਣ ਲਈ ਵਿਕਲਪਿਕ ਵਿਧੀ, ਬੀ ਐੱਸ ਐੱਨ ਐਲ ਵਿੱਚ ਡੈਪੂਟੇਸ਼ਨਿਸਟ ਅਤੇ ਭਰਤੀ/ਐਡਜਸਟ ਕੀਤੇ ਕਰਮਚਾਰੀਆਂ ਦੀ ਤਨਖਾਹ, ਭੱਤਿਆਂ ਅਤੇ ਤਰੱਕੀ ਦੇ ਮੌਕਿਆਂ ਵਿੱਚ ਅਸਮਾਨਤਾ ਨੂੰ ਦੂਰ ਕੀਤਾ ਜਾਣਾ ਚਾਹੀਦਾ ਹੈ ਅਤੇ ਸਾਰਿਆਂ ਨੂੰ ਬਰਾਬਰ ਅਧਿਕਾਰ ਦਿੱਤੇ ਜਾਣੇ ਚਾਹੀਦੇ ਹਨ, ਕਿਫਾਇਤੀ ਧਾਰਾ ਨੂੰ ਹਟਾ ਕੇ ਬੀ ਐੱਸ ਐੱਨ ਐਲ ਕਰਮਚਾਰੀਆਂ ਲਈ ਤੀਜੀ ਤਨਖਾਹ ਸੋਧ ਦਾ ਹੱਲ, ਦੂਜੀ ਤਨਖਾਹ ਸੋਧ ਕਮੇਟੀ ਦੇ ਬਾਕੀ ਮੁੱਦਿਆਂ ਦਾ ਹੱਲ, ਬੀ ਐੱਸ ਐੱਨ ਐਲ ਦੀ ਮੁਨਾਫ਼ੇਦਾਰੀ ਤੋਂ ਤਨਖਾਹ ਅਤੇ ਪੈਨਸ਼ਨ ਸੋਧ ਨੂੰ ਵੱਖ ਕਰਨਾ, ਸਾਰੀਆਂ ਧਾਰਾਵਾਂ/ਕੇਡਰਾਂ ਵਿੱਚ ਸਾਰੇ ਯੋਗ ਅਧਿਕਾਰੀਆਂ ਅਤੇ ਕਰਮਚਾਰੀਆਂ ਲਈ ਤਰੱਕੀ ਅਤੇ ਪੁਨਰਗਠਨ ਸਮੀਖਿਆ ਦੁਆਰਾ ਢੁਕਵੀਆਂ ਤਰੱਕੀ ਵਾਲੀਆਂ ਅਸਾਮੀਆਂ ਪ੍ਰਦਾਨ ਕਰਕੇ ਬੀ ਐੱਸ ਐੱਨ ਐਲ ਕਰਮਚਾਰੀਆਂ ਨੂੰ ਘੱਟੋ-ਘੱਟ ਸਾਲਾਂ ਦੇ ਕਾਰਜਕਾਲ ਦੇ ਨਾਲ ਸੁਚਾਰੂ ਕਰੀਅਰ ਤਰੱਕੀ ਪ੍ਰਦਾਨ ਕਰਨਾ ਵਰਗੀਆਂ ਮੰਗਾਂ ਉੱਪਰ ਸਰਕਾਰ ਨੂੰ ਧਿਆਨ ਦੇਣਾ ਚਾਹੀਦਾ ਹੈ ਤਾਂ ਜੋ ਮੁਲਾਜ਼ਮ ਵਰਗ ਨਾਲ ਲੰਮੇ ਸਮੇਂ ਤੋਂ ਰਹੇ ਧੱਕੇਸ਼ਾਹੀ ਨੂੰ ਰੋਕਿਆ ਜਾ ਸਕੇ । ਇਸੇ ਧਰਨੇ ਨੂੰ ਟਰੇਡ ਯੂਨੀਅਨ ਆਗੂ ਪ੍ਰਿੰਸੀਪਲ ਬਲਵੀਰ ਸਿੰਘ ਸੈਣੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਇਹ ਲੜਾਈ ਲੰਬੇ ਸਮੇਂ ਤੋਂ ਚੱਲ ਰਹੀ ਹੈ ਜਿਸ ਵਿੱਚ ਜਿੱਤ ਕੇਵਲ ਉਸ ਹਾਲਤ 'ਚ ਹਾਸਲ ਹੋ ਸਕਦੀ ਹੈ ਜਦੋਂ ਪੂਰੀ ਵਫਾਦਾਰੀ ਤੇ ਇਮਾਨਦਾਰੀ ਨਾਲ ਇੱਕਜੁੱਟ ਹੋ ਕੇ ਸੰਘਰਸ਼ ਲੜਿਆ ਜਾ ਜਾਵੇ। ਇਸ ਮੌਕੇ ਕੇਂਦਰ ਸਰਕਾਰ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।




# ਨਸ਼ਿਆਂ ਵਿਰੁੱਧ ਜੰਗ 'ਚ ਹੁਸ਼ਿਆਰਪੁਰ ਬਣ ਰਿਹਾ ਮੋਹਰੀ ਜ਼ਿਲ੍ਹਾ : ਡਾ. ਬਲਬੀਰ ਸਿੰਘ

**ਹੁਸ਼ਿਆਰਪੁਰ (ਓ ਪੀ ਰਾਣਾ)**- ਪੰਜਾਬ ਦੇ ਸਿਹਤ ਅਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਹੁਸ਼ਿਆਰਪੁਰ ਜ਼ਿਲ੍ਹਾ ਪੂਰੇ ਸੂਬੇ ਵਿੱਚੋਂ ਸਭ ਤੋਂ ਵਧੀਆ ਪ੍ਰਦਰਸ਼ਨ ਕਰ ਰਿਹਾ ਹੈ। ਜ਼ਿਲ੍ਹਾ ਪ੍ਰਸ਼ਾਸਨਿਕ ਅਧਿਕਾਰੀਆਂ, ਪੁਲਸ ਵਿਭਾਗ ਅਤੇ ਲੋਕ ਪ੍ਰਤੀਨਿਧੀਆਂ ਦੇ ਸਾਂਝੇ ਯਤਨਾਂ ਨਾਲ ਇਹ ਮੁਹਿੰਮ ਜ਼ਮੀਨੀ ਪੱਧਰ 'ਤੇ ਸਫਲਤਾਪੂਰਵਕ ਚੱਲ ਰਹੀ ਹੈ। ਡਾ. ਬਲਬੀਰ ਸਿੰਘ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਰੰਗਲਾ ਪੰਜਾਬ ਵਿਕਾਸ ਯੋਜਨਾ, ਡੇਂਗੂ-ਚਿਕਨਗੁਨੀਆ ਰੋਕਥਾਮ ਅਤੇ ਨਸ਼ਾ ਵਿਰੋਧੀ ਮੁਹਿੰਮ ਦੀ ਸਮੀਖਿਆ ਮੀਟਿੰਗ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕਰ ਰਹੇ ਸਨ। ਇਸ ਮੌਕੇ ਵਿਧਾਇਕ ਟਾਂਡਾ ਉੜਮੁੜ ਜਸਵੀਰ ਸਿੰਘ ਰਾਜਾ ਗਿੱਲ, ਵਿਧਾਇਕ ਦਸੂਹਾ ਕਰਮਬੀਰ ਸਿੰਘ ਘੁੰਮਣ, ਡਿਪਟੀ ਕਮਿਸ਼ਨਰ ਆਸ਼ਿਕਾ ਜੈਨ, ਐਸ.ਐਸ.ਪੀ ਸੰਦੀਪ ਕੁਮਾਰ ਮਲਿਕ, ਮੇਅਰ ਸੁਰਿੰਦਰ ਕੁਮਾਰ, ਪੰਜਾਬ ਉਦਯੋਗਿਕ ਵਿਕਾਸ ਬੋਰਡ ਦੇ ਵਾਈਸ ਚੇਅਰਮੈਨ ਡਾ: ਹਰਵਿੰਦਰ ਸਿੰਘ ਬਖ਼ਸ਼ੀ ਅਤੇ ਹੋਰ ਕਈ ਪਤਵੰਤੇ ਹਾਜ਼ਰ ਸਨ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਮੀਟਿੰਗ ਤੋਂ ਪਹਿਲਾਂ ਉਨ੍ਹਾਂ ਹੁਸ਼ਿਆਰਪੁਰ ਦੇ ਮੁੜ ਵਸੇਬਾ ਕੇਂਦਰ ਦਾ ਦੌਰਾ ਕੀਤਾ, ਜਿੱਥੇ ਬੈਡਾਂ ਦੀ ਗਿਣਤੀ ਤਿੰਨ ਗੁਣਾ ਵਧਾਈ ਗਈ ਹੈ। ਉਨ੍ਹਾਂ ਕਿਹਾ ਕਿ ਮਰੀਜ਼ਾਂ ਦੇ ਇਲਾਜ ਦੇ ਨਾਲ-ਨਾਲ ਉਨ੍ਹਾਂ ਨੂੰ ਯੋਗਾ, ਖੇਡ ਗਤੀਵਿਧੀਆਂ ਅਤੇ ਰੁਜ਼ਗਾਰ ਮੁਖੀ ਸਿਖਲਾਈ ਪ੍ਰੋਗਰਾਮਾਂ ਨਾਲ ਵੀ ਜੋੜਿਆ ਗਿਆ ਹੈ। ਉਨ੍ਹਾਂ ਨੂੰ ਸਿਖਲਾਈ ਪ੍ਰਾਪਤ ਸਲਾਹਕਾਰਾਂ ਦੁਆਰਾ ਸਲਾਹ ਦਿੱਤੀ ਜਾਂਦੀ ਹੈ। ਇਸ ਦੌਰਾਨ ਉਨ੍ਹਾਂ ਨੇ ਕੇਂਦਰ ਵਿੱਚ ਦਾਖਲ ਮਰੀਜ਼ਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਨੂੰ ਨਸ਼ਾ ਛੱਡਣ ਅਤੇ ਦੁਬਾਰਾ ਨਵੀਂ ਜ਼ਿੰਦਗੀ ਸ਼ੁਰੂ ਕਰਨ ਲਈ ਪ੍ਰੇਰਿਤ ਕੀਤਾ। ਰੰਗਲਾ ਪੰਜਾਬ ਯੋਜਨਾ ਬਾਰੇ ਗੱਲ ਕਰਦਿਆਂ ਸਿਹਤ ਮੰਤਰੀ ਨੇ ਕਿਹਾ ਕਿ ਇਸ ਯੋਜਨਾ ਤਹਿਤ ਜ਼ਿਲ੍ਹੇ ਵਿੱਚ 5 ਕਰੋੜ ਰੁਪਏ ਦੀ ਲਾਗਤ ਨਾਲ ਵਿਕਾਸ ਕਾਰਜ ਕਰਵਾਏ ਜਾਣਗੇ। ਉਨ੍ਹਾਂ ਕਿਹਾ ਕਿ ਵਿਧਾਇਕ ਟਾਂਡਾ ਉੜਮੁੜ ਅਤੇ ਵਿਧਾਇਕ ਦਸੂਹਾ ਵੱਲੋਂ ਵਿਕਾਸ ਪ੍ਰੋਜੈਕਟਾਂ ਦੀ ਸੂਚੀ ਤਿਆਰ ਕਰਕੇ ਸਰਕਾਰ ਨੂੰ ਸੌਂਪੀ ਗਈ ਹੈ। ਜਲਦ ਹੀ ਖੇਤਰਾਂ ਕੰਮ ਕੰਮ ਸ਼ੁਰੂ ਹੋ ਜਾਵੇਗਾ। ਇਸ ਯੋਜਨਾ ਰਾਹੀਂ ਪਿੰਡਾਂ ਅਤੇ ਇਲਾਕਿਆਂ ਵਿੱਚ ਬੁਨਿਆਦੀ ਢਾਂਚਾ ਵਿਕਸਤ ਕੀਤਾ ਜਾਵੇਗਾ ਅਤੇ ਸਥਾਨਕ ਪੱਧਰ 'ਤੇ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਕੀਤੇ ਜਾਣਗੇ।ਡੇਂਗੂ ਅਤੇ ਚਿਕਨਗੁਨੀਆ ਦੀ ਰੋਕਥਾਮ ਬਾਰੇ ਸਿਹਤ ਮੰਤਰੀ ਨੇ ਕਿਹਾ ਕਿ ਪਿਛਲੇ ਦੋ ਸਾਲਾਂ ਦੇ ਮੁਕਾਬਲੇ ਜ਼ਿਲ੍ਹੇ ਵਿੱਚ ਇਨ੍ਹਾਂ ਬਿਮਾਰੀਆਂ ਦੇ ਮਾਮਲਿਆਂ ਵਿੱਚ ਕਾਫ਼ੀ ਕਮੀ ਆਈ ਹੈ। ਸਿਹਤ ਵਿਭਾਗ ਨੇ ਇਸ ਦਿਸ਼ਾ ਵਿਚ 1200 ਆਸ਼ਾ ਵਰਕਰਾਂ ਅਤੇ 1100 ਨਰਸਿੰਗ ਵਿਦਿਆਰਥੀਆਂ ਨੂੰ ਸਿਖਲਾਈ ਦਿੱਤੀ ਹੈ, ਜੋ ਘਰ-ਘਰ ਜਾ ਕੇ ਲੋਕਾਂ ਨੂੰ ਮੱਛਰਾਂ ਦੇ ਲਾਰਵੇ ਅਤੇ ਉਨ੍ਹਾਂ ਦੁਆਰਾ ਫੈਲਣ ਵਾਲੀਆਂ ਬਿਮਾਰੀਆਂ ਬਾਰੇ ਜਾਗਰੂਕ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਡੇਂਗੂ ਵਿਰੋਧੀ ਗਤੀਵਿਧੀਆਂ ਨੂੰ ਵਧੇਰੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਜਾਵੇਗਾ, ਵਿਸ਼ੇਸ਼ ਤੌਰ 'ਤੇ ਹੌਟਸਪੌਟ ਖੇਤਰਾਂ 'ਤੇ ਧਿਆਨ ਕੇਂਦਰਿਤ ਕੀਤਾ ਜਾਵੇਗਾ। ਆਸ਼ਾ ਵਰਕਰਾਂ ਅਤੇ ਨਰਸਿੰਗ ਵਿਦਿਆਰਥੀਆਂ ਦੀ ਭਾਗੀਦਾਰੀ ਨੂੰ ਹੋਰ ਵਧਾਇਆ ਜਾਵੇਗਾ ਅਤੇ ਉਨ੍ਹਾਂ ਨੂੰ ਉਨ੍ਹਾਂ ਦੇ ਸ਼ਾਨਦਾਰ ਕੰਮ ਲਈ ਸਨਮਾਨਿਤ ਵੀ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਾਰੇ ਵਿਭਾਗਾਂ ਦੇ ਕਰਮਚਾਰੀਆਂ ਨੂੰ ਲਾਰਵੇ ਦੀ ਪਛਾਣ ਕਰਨ ਅਤੇ ਇਸਦੇ ਸਰੋਤ ਨੂੰ ਖਤਮ ਕਰਨ ਦੇ ਉਪਾਵਾਂ ਬਾਰੇ ਜਾਣਕਾਰੀ ਦਿੱਤੀ ਜਾਣੀ ਚਾਹੀਦੀ ਹੈ।ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਮੀਟਿੰਗ ਦੌਰਾਨ ਸਿਹਤ ਮੰਤਰੀ ਨੂੰ ਮੁੜ ਵਸੇਬਾ ਕੇਂਦਰ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਹੁਣ ਤੱਕ ਮੁੜ ਵਸੇਬਾ ਕੇਂਦਰ ਵਿੱਚ ਲਗਭਗ ਤਿੰਨ ਹਜ਼ਾਰ ਮਰੀਜ਼ਾਂ ਦਾ ਸਫਲਤਾਪੂਰਵਕ ਇਲਾਜ ਕੀਤਾ ਜਾ ਚੁੱਕਾ ਹੈ। ਉਨ੍ਹਾਂ ਕਿਹਾ ਕਿ ਮਰੀਜ਼ਾਂ ਨੂੰ ਆਪਣੇ ਪੈਰਾਂ ਤੇ ਖੜ੍ਹੇ ਹੋਣ ਵਿੱਚ ਮਦਦ ਕਰਨ ਲਈ ਕੇਂਦਰ ਵਿਖੇ ਸੈਲੂਨ, ਬਾਗਬਾਨੀ, ਭੋਜਨ ਅਤੇ ਕਰਾਫਟ ਅਤੇ ਇਲੈਕਟ੍ਰੀਸ਼ੀਅਨ ਕੋਰਸ ਕਰਵਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਸੈਲੂਨ ਕੋਰਸ ਦੇ ਪੰਜ ਬੈਚ, ਫੂਡ ਕਰਾਫਟ ਦੇ ਚਾਰ ਬੈਚ ਅਤੇ ਇਲੈਕਟ੍ਰੀਸ਼ੀਅਨ ਕੋਰਸ ਦਾ ਇੱਕ ਬੈਚ ਸਫਲਤਾਪੂਰਵਕ ਪੂਰਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮਰੀਜ਼ਾਂ ਨੂੰ ਮਸ਼ਰੂਮ ਦੀ ਕਾਸ਼ਤ ਅਤੇ ਬਾਗਬਾਨੀ ਨਾਲ ਵੀ ਜੋੜਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਵੇਲੇ ਜ਼ਿਲ੍ਹੇ ਵਿੱਚ 16 ਓਟ ਕਲੀਨਿਕ ਸਰਗਰਮ ਹਨ, ਜਿਨ੍ਹਾਂ ਵਿੱਚ 9300 ਮਰੀਜ਼ ਰਜਿਸਟਰ ਹੋਏ ਹਨ ਅਤੇ ਤਿੰਨ ਹਜ਼ਾਰ ਤੋਂ ਵੱਧ ਮਰੀਜ਼ ਇਲਾਜ ਪ੍ਰਾਪਤ ਕਰ ਚੁੱਕੇ ਹਨ।ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੀ ਪ੍ਰਗਤੀ ਬਾਰੇ ਜਾਣਕਾਰੀ ਦਿੰਦਿਆਂ ਐਸ.ਐਸ.ਪੀ ਸੰਦੀਪ ਕੁਮਾਰ ਮਲਿਕ ਨੇ ਦੱਸਿਆ ਕਿ 1 ਮਾਰਚ ਤੋਂ 18 ਜੂਨ ਤੱਕ ਜ਼ਿਲ੍ਹੇ ਵਿੱਚ ਇਸ ਮੁਹਿੰਮ ਤਹਿਤ 462 ਐਫ ਆਈ ਆਰ ਦਰਜ ਕੀਤੀਆਂ ਗਈਆਂ ਹਨ ਅਤੇ 650 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਇਸੇ ਸਮੇਂ ਦੌਰਾਨ 9.55 ਲੱਖ ਰੁਪਏ ਦੀ ਡਰੱਗ ਮਨੀ ਜ਼ਬਤ ਕੀਤੀ ਗਈ ਅਤੇ 37.41 ਕਰੋੜ ਰੁਪਏ ਦੀ ਜਾਇਦਾਦ ਜ਼ਬਤ ਕੀਤੀ ਗਈ। ਇਸ ਦੇ ਨਾਲ ਹੀ ਨਸ਼ਿਆਂ ਦੀ ਦੁਰਵਰਤੋਂ ਬਾਰੇ ਜਨਤਕ ਜਾਗਰੂਕਤਾ ਫੈਲਾਉਣ ਲਈ 1080 ਮੀਟਿੰਗਾਂ ਦਾ ਆਯੋਜਨ ਕੀਤਾ ਗਿਆ ਹੈ ਅਤੇ 34 ਕਾਸੋ ਆਪਰੇਸ਼ਨਾਂ ਤਹਿਤ 260 ਥਾਵਾਂ ਦੀ ਜਾਂਚ ਕੀਤੀ ਗਈ ਹੈ।ਇਸ ਮੌਕੇ ਹਲਕਾ ਇੰਚਾਰਜ ਮੁਕੇਰੀਆਂ ਪ੍ਰੋ. ਜੀ.ਐਸ. ਮੁਲਤਾਨੀ, ਚੇਅਰਮੈਨ ਹੁਸ਼ਿਆਰਪੁਰ ਸਹਿਕਾਰੀ ਬੈਂਕ ਵਿਕਰਮ ਸ਼ਰਮਾ, ਕੌਂਸਲਰ ਰਾਜੇਸ਼ਵਰ ਦਿਆਲ ਬੱਬੀ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨਿਕਾਸ ਕੁਮਾਰ, ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਮਰਬੀਰ ਕੌਰ ਭੁੱਲਰ, ਐਸ.ਪੀ. ਮੇਜਰ ਸਿੰਘ, ਐਸ.ਡੀ.ਐਮ. ਹੁਸ਼ਿਆਰਪੁਰ ਗੁਰਸਿਮਰਨਜੀਤ ਕੌਰ, ਐਸ.ਡੀ.ਐਮ. ਦਸੂਹਾ ਕੰਵਲਜੀਤ ਸਿੰਘ, ਐਸ.ਡੀ.ਐਮ. ਗੜ੍ਹਸ਼ੰਕਰ ਹਰਬੰਸ ਸਿੰਘ, ਐਸ.ਡੀ.ਐਮ. ਟਾਂਡਾ ਪਰਮਪ੍ਰੀਤ ਸਿੰਘ, ਸਿਵਲ ਸਰਜਨ ਡਾ. ਪਵਨ ਕੁਮਾਰ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।



# ਪ੍ਰਭ ਆਸਰਾ ਵਿਖੇ ਦਾਖਲ ਦੋ ਨਾਗਰਿਕਾਂ ਦੀ ਹਾਲਤ ਗੰਭੀਰ

**ਕੁਰਾਲ਼ੀ (ਮੋਹਨ ਅੱਗਰਵਾਲ)**- ਕੁਰਾਲੀ ਸ਼ਹਿਰ ਦੀ ਹੱਦ ਵਿੱਚ ਲਾਵਾਰਿਸ ਲੋਕਾਂ ਦੀ ਸੇਵਾ-ਸੰਭਾਲ਼ ਕਰ ਰਹੀ ਸੰਸਥਾ ਪ੍ਰਭ ਆਸਰਾ ਦੇ ਦੋ ਨਾਗਰਿਕਾਂ ਦੀ ਹਾਲਤ ਗੰਭੀਰ ਬਣੀ ਹੋਈ ਹੈ , ਜੋ ਕਿ ਸੰਸਥਾ ਦੇ ਚਨਾਲ਼ੋਂ (ਕੁਰਾਲ਼ੀ) ਵਿਖੇ ਸਥਿਤ ਮ ਲ ਟੀ ਸ ਪੈ ਸ਼ ਲਿ ਟੀ ਚੈਰੀਟੇਬਲ ਹਸਪਤਾਲ ਵਿੱਚ ਮਾਹਰ ਡਾਕਟਰਾਂ ਦੀ ਨਿਗਰਾਨੀ ਹੇਠ ਆਈ ਸੀ ਓ ਵਿੱਚ ਜ਼ੇਰੇ ਇਲਾਜ ਹਨ। ਸੰਸਥਾ ਮੁਖੀ ਭਾਈ ਸ਼ਮਸ਼ੇਰ ਸਿੰਘ ਅਤੇ ਬੀਬੀ ਰਾਜਿੰਦਰ ਕੌਰ ਨੇ ਦੱਸਿਆ ਕਿ ਗੁਰਦਾਸ ਸਿੰਘ ਲਗਭਗ 80 ਸਾਲ ਜੋ ਕਿ ਪਿੰਡ ਨਥਲਪੁਰ ਜ਼ਿਲ੍ਹਾ ਰੋਪੜ ਦੇ ਰਹਿਣ ਵਾਲੇ ਹਨ, ਉਮਰ ਦੇ ਇਸ ਪੜਾਅ ਵਿੱਚ ਦੋਨਾਂ ਲੱਤਾਂ ਤੋਂ ਅਪਾਹਿਜ ਹੋਣ ਕਾਰਨ ਪਿੰਡ ਦੀ ਧਰਮਸ਼ਾਲਾ ਵਿੱਚ ਰੁਲ ਰਹੇ ਸੀ । ਕੁਝ ਸਮਾਜ ਦਰਦੀਆਂ ਦੀ ਮਦਦ ਨਾਲ ਇਹਨਾਂ ਨੂੰ ਪ੍ਰਭ ਆਸਰਾ ਸੰਸਥਾ ਵਿਖੇ 10 ਸਾਲ ਪਹਿਲਾਂ ਇਲਾਜ ਅਤੇ ਸੰਭਾਲ ਲਈ ਦਾਖਲ ਕਰਵਾਇਆ ਗਿਆ ਸੀ। ਹੁਣ ਕਈ ਦਿਨਾਂ ਤੋਂ ਬਿਮਾਰ ਹੋਣ ਕਾਰਨ ਇਹਨਾਂ ਨੂੰ ਆਈ ਸੀ ਯੂ ਵਿੱਚ ਦਾਖਲ ਕੀਤਾ ਗਿਆ , ਜਿੱਥੇ ਇਹ ਜ਼ੇਰੇ ਇਲਾਜ ਹਨ। ਇਸੇ ਤਰ੍ਹਾਂ ਚਰਨ ਸਿੰਘ ਉਮਰ 65 ਸਾਲ ਜੋ ਕਿ ਦਿਮਾਗੀ ਤੌਰ 'ਤੇ ਪਰੇਸ਼ਾਨ ਅਤੇ ਪੈਰਾਲਾਈਜਡ ਹੋਣ ਕਾਰਨ ਰੁਲ ਰਹੇ ਸੀ, ਇਹਨਾਂ ਨੂੰ ਪ੍ਰਭ ਆਸਰਾ ਸੰਸਥਾ ਵਿਖੇ ਇਲਾਜ ਅਤੇ ਸੰਭਾਲ ਲਈ ਦਾਖਲ ਕਰਵਾਇਆ ਗਿਆ ਸੀ। ਜੋ ਕਿ ਪਿਛਲੇ ਕਈ ਦਿਨਾਂ ਤੋਂ ਬਿਮਾਰ ਹਨ, ਸੰਸਥਾ ਦੇ ਚੈਰੀਟੇਬਲ ਹਸਪਤਾਲ ਦੇ ਆਈ ਸੀ ਯੂ ਵਿੱਚ ਮਾਹਰ ਡਾਕਟਰਾਂ ਦੀ ਨਿਗਰਾਨੀ ਦੇ ਵਿੱਚ ਜ਼ੇਰੇ ਇਲਾਜ ਹਨ। ਪ੍ਰਬੰਧਕਾਂ ਵੱਲੋਂ ਅਪੀਲ ਕੀਤੀ ਜਾਂਦੀ ਹੈ ਕਿ ਜੇਕਰ ਇਹਨਾਂ ਨੂੰ ਪਛਾਣਨ ਵਾਲਾ ਕੋਈ ਜਾਣਕਾਰ ਜਾਂ ਰਿਸ਼ਤੇਦਾਰ ਮਿਲਣਾ ਚਾਹੁੰਦਾ ਹੋਵੇ ਤਾਂ ਪ੍ਰਭ ਆਸਰਾ ਕੁਰਾਲੀ ਵਿਖੇ ਸੰਪਰਕ ਕਰ ਸਕਦਾ ਹੈ।



## ਸ਼ਹੀਦ ਭਗਤ ਨਰਸਿੰਗ ਕਾਲਜ ਸੋਢੇਵਾਲਾ 'ਚ ਤਿੰਨ ਰੋਜ਼ਾ ਯੋਗ ਕੈਂਪ ਸ਼ੁਰੂ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸ਼ਹੀਦ ਭਗਤ ਸਿੰਘ ਕਾਲਜ ਆਫ ਨਰਸਿੰਗ ਸੋਢੇਵਾਲਾ ਫਿਰੋਜ਼ਪੁਰ ਵੱਲੋਂ ਅੰਤਰਰਾਸ਼ਟਰੀ ਯੋਗ ਦਿਵਸ ਮੌਕੇ ਤਿੰਨ ਦਿਨਾ ਯੋਗ ਕੈਂਪ ਦੀ ਸ਼ੁਰੂਆਤ ਕੀਤੀ ਗਈ। ਯੋਗ ਕੈਂਪ ਦਾ ਉਦਘਾਟਨ ਵਿਸ਼ੇਸ਼ ਤੌਰ 'ਤੇ ਪਹੁੰਚੀ ਯੋਗ ਅਚਾਰੀਆ ਨੀਰੂ ਰਾਣੀ ਵੱਲੋਂ ਕੀਤਾ ਗਿਆ। ਉਨ੍ਹਾਂ ਵਿਦਿਆਰਥੀਆਂ ਨੂੰ ਵੱਖ-ਵੱਖ ਯੋਗ ਆਸਣਾਂ ਦੀ ਪ੍ਰੈਕਟਿਸ ਕਰਵਾਈ ਤੇ ਯੋਗ ਦੇ ਲਾਭਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਨੀਰੂ ਰਾਣੀ ਨੇ ਕਿਹਾ ਕਿ 2025 ਵਿੱਚ ਮਨਾਇਆ ਜਾ ਰਿਹਾ ਗਿਆਰਵਾਂ ਅੰਤਰਰਾਸ਼ਟਰੀ ਯੋਗ ਦਿਵਸ ਸਿਰਫ਼ ਇੱਕ ਤਿਉਹਾਰ ਨਹੀਂ, ਸਗੋਂ ਮਨੁੱਖਤਾ ਲਈ ਇੱਕ ਸੁਨੇਹਾ ਹੈ ਕਿ ਯੋਗ ਇੱਕ ਐਸਾ ਤਰੀਕਾ ਹੈ, ਜੋ ਮਨੁੱਖ ਨੂੰ ਨਾ ਸਿਰਫ਼ ਸਰੀਰਕ ਤੰਦਰੁਸਤੀ ਦਿੰਦਾ ਹੈ, ਸਗੋਂ ਮਨ, ਆਤਮਾ ਤੇ ਪ੍ਰਮਾਤਮਾ ਨਾਲ ਵੀ ਜੋੜਦਾ ਹੈ। ਇਹ ਸਮਤਾ, ਅਸਾਨ ਤੇ ਹਰ ਉਮਰ ਦੇ ਵਿਅਕਤੀ ਲਈ ਲਾਭਦਾਇਕ ਹੈ। ਇਸ ਵਾਰ ਦੀ ਯੋਗ ਦਿਵਸ ਦੀ ਥੀਮ "ਧਰਤੀ ਲਈ ਯੋਗ, ਇੱਕ ਸਿਹਤ" ਰੱਖੀ ਗਈ ਹੈ, ਜਿਸ ਦਾ ਉਦੇਸ਼ ਮਾਨਵ ਤੇ ਪ੍ਰਕ੍ਰਿਤੀ ਵਿਚਕਾਰ ਸੰਤੁਲਨ ਬਣਾਈ ਰੱਖਣਾ ਹੈ। ਉਨ੍ਹਾਂ ਕਿਹਾ ਕਿ ਮੌਸਮ ਵਿੱਚ ਆ ਰਹੀਆਂ ਤਬਦੀਲੀਆਂ, ਦਿਲ-ਦਿਮਾਗੀ ਤਣਾਅ ਤੇ ਆਧੁਨਿਕ ਜੀਵਨ ਸ਼ੈਲੀ ਨੇ ਅਨੇਕਾਂ ਰੋਗਾਂ ਨੂੰ ਜਨਮ ਦਿੱਤਾ ਹੈ, ਜਿਨ੍ਹਾਂ ਤੋਂ ਬਚਾਅ ਲਈ ਯੋਗ ਇੱਕ ਸਰਲ ਹਥਿਆਰ ਹੈ। ਕਾਲਜ ਦੇ ਡਾਇਰੈਕਟਰ ਧਰਮਪਾਲ ਬਾਂਸਲ ਨੇ ਕਿਹਾ ਕਿ ਹਰ ਵਿਅਕਤੀ ਨੂੰ ਰੋਜ਼ਾਨਾ ਯੋਗ ਕਰਨਾ ਚਾਹੀਦਾ ਹੈ, ਤਾਂ ਜੋ ਉਹ ਮਾਨਸਿਕ ਤੇ ਸਰੀਰਕ ਤੌਰ 'ਤੇ ਤੰਦਰੁਸਤ ਰਹੇ। ਉਨ੍ਹਾਂ ਕਿਹਾ ਕਿ ਯੋਗ ਨਾਲ 100 ਤੋਂ ਵੱਧ ਬੀਮਾਰੀਆਂ ਦਾ ਇਲਾਜ ਸੰਭਵ ਹੈ। ਇਸ ਮੌਕੇ ਪ੍ਰੋਗਰਾਮ ਦੀ ਦੇਖ-ਰੇਖ ਡਾ. ਸਜੀਵ ਮਾਨਕਟਾਲਾ (ਪ੍ਰਿੰਸੀਪਲ, ਸ਼ਹੀਦ ਭਗਤ ਸਿੰਘ ਆਯੁਰਵੈਦਿਕ ਕਾਲਜ) ਵੱਲੋਂ ਕੀਤੀ ਗਈ। ਕਾਲਜ ਦੀ ਪ੍ਰਿੰਸੀਪਲ ਡਾ. ਮਨਜੀਤ ਕੌਰ ਸਲਵਾਨ, ਸ਼ਰਨਜੀਤ ਕੌਰ, ਸੁਖਵਿੰਦਰ ਕੌਰ, ਜਗਦੇਵ ਸਿੰਘ, ਅਮਨਦੀਪ ਕੌਰ, ਸੰਗੀਤਾ, ਰਮਨਦੀਪ ਕੌਰ, ਗੀਤਾਂਜਲੀ, ਗੁਰਮੀਤ ਕੌਰ, ਮੁਸਕਾਨ, ਬਲਵਿੰਦਰ ਕੌਰ ਆਦਿ ਵਿਦਿਆਰਥੀ ਤੇ ਗੈਰ-ਵਿਦਿਆਰਥੀ ਸਟਾਫ ਮੌਜੂਦ ਸੀ।

## ਬੈਂਕ ਅਧਿਕਾਰੀਆਂ ਵੱਲੋਂ ਸੀਲ ਕਰਕੇ ਜਿੰਦਰਾ ਲਗਾਏ ਘਰ 'ਚ ਮਾਲਕ ਨੂੰ ਬਿਠਾਇਆ : ਆਗੂ



**ਬਰੇਟਾ (ਰੀਤਵਾਲ)**-ਬਹਾਦਰਪੁਰ ਦੇ ਮਜ਼ਦੂਰ ਬਿੱਟੂ ਸਿੰਘ ਨੇ ਪਿਛਲੇ ਸਮੇਂ ਵਿੱਚ ਇੱਕ ਨਿੱਜੀ ਬੈਂਕ ਕੋਲੋਂ ਮਕਾਨ ਪਾਉਣ ਵਾਸਤੇ ਸਾਢੇ ਪੰਜ ਲੱਖ ਦਾ ਲੋਨ ਲਿਆ ਸੀ, ਜਿਸ ਵਿੱਚੋਂ ਇੱਕ ਲੱਖ ਰੁਪਿਆ ਭਰ ਦਿੱਤਾ ਹੈ। ਬਾਕੀ ਇਸ ਕਰਕੇ ਨਹੀਂ ਭਰਿਆ ਗਿਆ ਸੀ, ਕਿਉਂਕਿ ਬਿੱਟੂ ਸਿੰਘ ਮਿਹਨਤ ਮਜ਼ਦੂਰੀ ਕਰਦਾ ਸੀ। ਇਸ ਵਕਤ ਉਸ ਕੋਲ ਕੋਈ ਰੁਜ਼ਗਾਰ ਨਹੀਂ ਹੈ। ਅੱਜ ਇਸ ਦੇ ਮਕਾਨ ਨੂੰ ਬੈਂਕ ਅਧਿਕਾਰੀ ਸੀਲ ਕਰਕੇ ਜਿੰਦਰਾ ਲਾ ਗਏ ਸੀ ਤੇ ਪਰਿਵਾਰ ਨੂੰ ਘਰੋਂ ਬਾਹਰ ਕੱਢ ਦਿੱਤਾ ਸੀ। ਇਸ ਬਾਰੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਆਗੂਆਂ ਨੂੰ ਪਤਾ ਲੱਗਣ 'ਤੇ ਪਿੰਡ ਦੇ ਮਜ਼ਦੂਰ ਕਿਸਾਨਾਂ ਨੇ ਇਕੱਠੇ ਹੋ ਕੇ ਜਿੰਦਰਾ ਤੋੜ ਕੇ ਮਜ਼ਦੂਰ ਪਰਿਵਾਰ ਨੂੰ ਘਰ ਦੇ ਅੰਦਰ ਬਿਠਾਇਆ ਗਿਆ ਅਤੇ ਸਰਕਾਰ ਤੇ ਬੈਂਕ ਅਧਿਕਾਰੀਆਂ ਨੂੰ ਚੇਤਾਵਨੀ ਦਿੱਤੀ ਗਈ ਕਿ ਜੇਕਰ ਇਸ ਮਜ਼ਦੂਰ ਪਰਿਵਾਰ ਨੂੰ ਤੰਗ ਪ੍ਰੇਸ਼ਾਨ ਕੀਤਾ ਗਿਆ ਅਤੇ ਇਸ ਪਰਿਵਾਰ ਦਾ ਜੇਕਰ ਕੋਈ ਜਾਨੀ-ਮਾਲੀ ਨੁਕਸਾਨ ਹੁੰਦਾ ਹੈ ਤਾਂ ਇਸ ਦੀ ਜ਼ਿੰਮੇਵਾਰੀ ਪ੍ਰਸ਼ਾਸਨ ਤੇ ਬੈਂਕ ਅਧਿਕਾਰੀਆਂ ਦੀ ਹੋਵੇਗੀ। ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਮਜ਼ਦੂਰ ਪਰਿਵਾਰਾਂ ਨੂੰ ਕਰਜ਼ਾ ਮਾਫੀ ਦੇ ਐਲਾਨ ਕਰ ਰਹੀ ਹੈ, ਦੂਜੇ ਪਾਸੇ ਮਜ਼ਦੂਰਾਂ ਦੇ ਘਰਾਂ ਨੂੰ ਜਿੰਦਰੇ ਮਾਰੇ ਜਾ ਰਹੇ ਹਨ, ਜਿੰਦਰਾ ਮਾਰਨ ਤੋਂ ਬਾਅਦ ਪੂਰਨ ਪ੍ਰਸ਼ਾਸਨ ਇਸ ਮਜ਼ਦੂਰ ਪਰਿਵਾਰ ਨੂੰ ਥਾਣੇ ਲਿਜਾਣ ਦੇ ਦਬਕੇ ਮਾਰ ਕੇ ਆਇਆ ਹੈ, ਜੋ ਪ੍ਰਸ਼ਾਸਨ ਦੀ ਨਿੰਦਣਯੋਗ ਕਾਰਵਾਈ ਹੈ। ਇਸ ਲਈ ਅਸੀਂ ਸੰਘਰਸ਼ ਕਰਨ ਲਈ ਤਿਆਰ ਹਾਂ। ਇਸ ਮੌਕੇ ਅਮਰੀਕ ਸਿੰਘ, ਲੀਲਾ ਸਿੰਘ ਕਿਸ਼ਨਗੜ੍ਹ, ਜੱਸੀ ਸਿੰਘ, ਲਾਭ ਸਿੰਘ, ਚਰਨਜੀਤ ਸਿੰਘ, ਬਲਵਿੰਦਰ ਸਿੰਘ, ਜਨਰੈਲ ਸਿੰਘ ਬਹਾਦਰਪੁਰ, ਭੋਲਾ ਸਿੰਘ, ਬਲਦੇਵ ਸਿੰਘ ਅਚਾ, ਟਿੰਕਾ ਸਿੰਘ ਦਿਆਲਪੁਰਾ, ਗੁਰਮੀਤ ਸਿੰਘ ਤੇ ਦਰਸ਼ਨ ਸਿੰਘ ਬਹਾਦਰਪੁਰ ਨੇ ਵੀ ਸੰਬੋਧਨ ਕੀਤਾ।

## ਵੱਖ-ਵੱਖ ਸਿਆਸੀ ਤੇ ਸਮਾਜ ਸੇਵੀਆਂ ਨੇ ਰਾਠੀਆਂ ਨਾਲ ਕੀਤਾ ਦੁੱਖ ਸਾਂਝਾ



**ਪਟਿਆਲਾ (ਰਾਜਿੰਦਰ ਥਿੰਦ)**-ਪਿੰਡ ਰਾਠੀਆਂ ਦੇ ਅਮਰਿੰਦਰ ਸਿੰਘ ਰਾਠੀਆਂ ਸਰਪੰਚ ਦੇ ਸੁਖਜੀਤ ਸਿੰਘ ਸਾਬਕਾ ਸਰਪੰਚ ਦੇ ਮਾਤਾ ਰਾਜਿੰਦਰ ਕੌਰ ਦਾ ਬੀਤੇ 16 ਜੂਨ ਨੂੰ ਦਿਹਾਂਤ ਹੋ ਗਿਆ ਸੀ। ਹਲਕੇ 'ਚ ਅਮਰਿੰਦਰ ਸਿੰਘ ਰਾਠੀਆਂ ਦਾ ਵਧੀਆ ਨਾਮ ਹੋਣ ਕਰਕੇ ਵੱਖ-ਵੱਖ ਸਿਆਸੀ, ਸਮਾਜ ਸੇਵੀ, ਕਾਰੋਬਾਰੀਆਂ ਵੱਲੋਂ ਦੁੱਖ ਪ੍ਰਗਟ ਕੀਤਾ ਜਾ ਰਿਹਾ ਹੈ ਤੇ ਹਲਕਾ ਸਨੌਰ ਦੇ ਸਾਬਕਾ ਵਿਧਾਇਕ ਹਰਿੰਦਰਪਾਲ ਸਿੰਘ ਚੰਦੂਮਾਜਰਾ, ਅਸ਼ਵਨੀ ਕੁਮਾਰ ਬੱਤਾ ਚੇਅਰਮੈਨ, ਚਰਨਜੀਤ ਸਿੰਘ ਜੱਜ ਸਰਪੰਚ, ਸੁਰਜੀਤ ਸਿੰਘ ਗੜ੍ਹੀ ਮੈਂਬਰ ਐੱਸ.ਜੀ.ਪੀ.ਸੀ., ਜਗਜੀਤ ਸਿੰਘ ਕੋਹਲੀ ਪੀ.ਏ., ਜਥੇਦਾਰ ਜੋਗਾ ਸਿੰਘ ਚੱਪੜ, ਮਹਿਰ ਗਰੇਵਾਲ ਸੀਨੀਅਰ ਕਾਂਗਰਸੀ ਆਗੂ, ਕਰਨਵਾਲੀਆ, ਗੁਰਪ੍ਰੀਤ ਸਿੰਘ ਸਮਰਾਓ ਇੰਚਾਰਜ ਸਦਰ ਨਾਭਾ, ਲੱਖੀ ਸ਼ਰਮਾ ਕੈਨੇਡਾ, ਗੁਰਜੀਤ ਸਿੰਘ ਬੱਤੀ ਸਾਬਕਾ ਸਰਪੰਚ, ਸਰਨਜੀਤ ਜੋਗੀਪੁਰ ਸੀਨੀਅਰ ਆਗੂ, ਕ੍ਰਿਸ਼ਨ ਸਿੰਘ ਸਨੌਰ, ਹਰਮਿੰਦਰ ਸਿੰਘ ਜੋਗੀਪੁਰ, ਅਮਰਜੀਤ ਸਿੰਘ ਜਾਗਦੇ ਰਹੋ, ਗੁਰਮੀਤ ਸਿੰਘ ਵਿਰਕ, ਹਰਮੇਸ਼ ਸਿੰਘ ਛੰਨਾ, ਸਰਬੰਸ ਸਿੰਘ ਛੰਨਾ, ਸਰਬਦੀਪ ਗੁਲਜ਼ਾਰ ਸਿੰਘ, ਜਸਵਿੰਦਰ ਸਿੰਘ ਮੋਟੀ ਭਾਬਰ ਸੀਨੀਅਰ ਕਿਸਾਨ ਆਗੂ, ਹਰਵਿੰਦਰ ਸਿੰਘ ਭੰਗੂ ਕੌਂਸਲਮਾਜਰਾ, ਕੰਵਰਦੀਪ ਸਿੰਘ ਮਜਾਲ, ਮਦਨ ਭਾਰਦਵਾਜ, ਅਸਥ ਸਿੰਘੜਾ ਸੀਨੀਅਰ ਆਪ ਯੂਥ ਆਗੂ, ਜਗਬੀਰ ਸਿੰਘ ਪੂਨੀਆ, ਪਰਮਿੰਦਰ ਸਿੰਘ ਚੱਪੜ, ਹਰਜਸ਼ਨ ਸਿੰਘ ਸੀਲ ਗੁਰਪ੍ਰੀਤ ਸਿੰਘ ਗਿਆਨੀ, ਕਰਨਵੀਰ ਸਿੰਘ ਲੱਟ, ਬੋਘਾਰਾਣੇ, ਸਤਵਿੰਦਰ ਸਿੰਘ ਸਾਬਕਾ ਸਰਪੰਚ ਭਾਬਰ, ਸੁਰਿੰਦਰ ਸਿੰਘ ਘੁਮਾਣਾ, ਸੁਖਵਿੰਦਰ ਕੌਲਾ ਗਹਿਰ, ਦੀਦਾਰ ਚੌਹਕਲਾਂ, ਸੰਦੀਪ ਸਿੱਧੂ, ਭਗਵੰਤ ਸਿੰਘ ਮਨਜਿੰਦਰ ਸਿੰਘ ਸੰਧਰ, ਸਿਮਰਨ ਗਿੱਲ ਖ਼ਾਸੀਆ, ਰਾਮ ਈਸ਼ਰ ਭਗਤ ਆਪ ਆਗੂ ਦੇ ਨਾਲ ਹੋਰ ਕਈ ਪਿੰਡਾਂ ਦੇ ਸਰਪੰਚਾਂ, ਪੰਚਾਂ ਨੇ ਦੁੱਖ ਸਾਂਝਾ ਕੀਤਾ।

## ਪ੍ਰਾਇਮਰੀ ਸਕੂਲ 'ਚ ਨਿਰਮਾਣ ਕਾਰਜ ਜਾਰੀ : ਸਿੰਦਰ ਕੌਰ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸਰਕਾਰੀ ਪ੍ਰਾਇਮਰੀ ਸਕੂਲ ਆਫ ਹੈਪੀਨੈੱਸ ਮਹਿਲ ਕਲਾਂ 'ਚ 40 ਲੱਖ ਰੁਪਏ ਦੀ ਗ੍ਰਾਂਟ ਅਧੀਨ ਨਾਬਾਰਡ 29-ਏ ਤਹਿਤ ਮੁੱਖ ਦਫ਼ਤਰ, ਲਾਇਬ੍ਰੇਰੀ ਅਤੇ ਐਡੀਸ਼ਨਲ ਕਲਾਸ ਰੂਮ ਲਈ ਨਵੇਂ ਕਮਰਿਆਂ ਦੇ ਲੈਂਟਰ ਪਾਉਣ ਦਾ ਕੰਮ ਮੁਕੰਮਲ ਕਰ ਦਿੱਤਾ ਗਿਆ ਹੈ। ਇਸ ਮੌਕੇ ਸਕੂਲ ਦੀ ਮੁੱਖ ਅਧਿਆਪਕਾ ਮੈਡਮ ਸਿੰਦਰ ਕੌਰ ਨੇ ਦੱਸਿਆ ਕਿ ਇਸ ਗਰਾਂਟ ਰਾਹੀਂ ਸਕੂਲ ਵਿੱਚ ਨਵੇਂ ਪ੍ਰਬੰਧ ਕੀਤਾ ਜਾ ਰਿਹਾ ਹੈ, ਇੱਕ ਨਵੀਂ ਸਟੇਜ, ਮੇਨ ਗੇਟ, ਡਾਈਨਿੰਗ ਸ਼ੈੱਡ ਤੇ ਦੋ ਖੇਡ ਮੈਦਾਨਾਂ ਦਾ ਨਿਰਮਾਣ ਕਰਵਾਉਣ ਦੇ ਨਾਲ-ਨਾਲ ਕਲਾਸਰੂਮ ਕਮਰੇ ਬਣਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਇਹ ਸਾਰਾ ਕੰਮ ਸਕੂਲ ਮੈਨੇਜਮੈਂਟ ਕਮੇਟੀ ਤੇ ਸਮੂਹ ਸਟਾਫ ਦੇ ਸਹਿਯੋਗ ਨਾਲ ਤੇਜ਼ੀ ਨਾਲ ਜਾਰੀ ਹੈ।ਮੈਡਮ ਸਿੰਦਰ ਕੌਰ ਨੇ ਪੰਜਾਬ ਸਰਕਾਰ ਤੇ ਸਿੱਖਿਆ ਵਿਭਾਗ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਉਪਰਾਲਿਆਂ ਨਾਲ ਸਰਕਾਰੀ ਸਕੂਲਾਂ ਦੀ ਰੂਪ-ਰੇਖਾ ਬਦਲ ਰਹੀ ਹੈ ਅਤੇ ਬੱਚਿਆਂ ਨੂੰ ਆਧੁਨਿਕ ਵਾਤਾਵਰਣ ਮਿਲ ਰਿਹਾ ਹੈ।ਇਸ ਮੌਕੇ ਚੇਅਰਮੈਨ ਭਾਈ ਜਗਜੀਤ ਸਿੰਘ ਖਾਲਸਾ, ਸਰਪੰਚ ਸਰਬਜੀਤ ਸਿੰਘ ਸੋਢੂ, ਅਰੁਣ ਕੁਮਾਰ ਬਾਂਸਲ ਨੇ ਸਕੂਲ 'ਚ ਚੱਲ ਰਹੇ ਨਿਰਮਾਣ ਕਾਰਜਾਂ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਅੱਜ ਸਰਕਾਰੀ ਸਕੂਲਾਂ 'ਚ ਵਿਕਾਸ ਕਾਰਜਾਂ ਕਰਕੇ ਨਕਸ਼ਾ ਬਦਲਿਆ ਜਾ ਰਿਹਾ ਹੈ। ਵਿਦਿਆਰਥੀਆਂ ਨੂੰ ਮਿਲ ਰਹੀਆਂ ਸਹੂਲਤਾਂ ਸਦਕਾ ਨਤੀਜੇ ਵਧੀਆ ਆ ਰਹੇ ਹਨ।ਇਸ ਮੌਕੇ ਮਾਸਟਰ ਸੁਖਵਿੰਦਰ ਸਿੰਘ, ਚੇਅਰਮੈਨ ਵਿਲੀਅਮ ਭੱਟੀ, ਮਨਜੀਤ ਸਿੰਘ, ਰਾਜੂ ਸਿੰਘ, ਸਮੂਹ ਮੈਨੇਜਮੈਂਟ ਕਮੇਟੀ ਤੇ ਸਟਾਫ ਹਾਜ਼ਰ ਸੀ।

## ਬਾਬਾ ਰਾਮ ਜੋਗੀ ਪੀਰ ਪ੍ਰਬੰਧਕ ਕਮੇਟੀ ਦੀ ਚੋਣ



**ਧੂਰੀ (ਬਿੰਨੀ ਗਰਗ, ਮੋਹਿਤ ਗਰਗ)**-ਧਾਰਮਿਕ ਅਸਥਾਨ ਬਾਬਾ ਰਾਮ ਜੋਗੀ ਪੀਰ ਜੀ ਚਹਿਲ ਪਿੰਡ ਘਨੌਰੀ ਕਲਾਂ ਦੀ ਪ੍ਰਬੰਧਕ ਕਮੇਟੀ ਦੀ ਸਰਪੰਚ ਗਰਾਮ ਪੰਚਾਇਤ ਘਨੌਰੀ ਕਲਾਂ ਤੇ ਪ੍ਰਬੰਧਕ ਕਮੇਟੀ ਦੀ ਮੌਜੂਦਗੀ ਵਿੱਚ ਸਰਬਸੰਮਤੀ ਨਾਲ ਹੋਈ। ਮੀਟਿੰਗ ਵਿੱਚ ਜਰਨੈਲ ਸਿੰਘ ਨੰਬਰਦਾਰ ਨੂੰ ਪ੍ਰਧਾਨ ਚੁਣ ਲਿਆ ਗਿਆ।ਮਾਰਕਿਟ ਕਮੇਟੀ ਸ਼ੇਰਪੁਰ ਦੇ ਸਾਬਕਾ ਚੇਅਰਮੈਨ ਇੰਦਰਜੀਤ ਸਿੰਘ ਘਨੌਰੀ ਤੇ ਸਰਪੰਚ ਅੰਮ੍ਰਿਤਪਾਲ ਸਿੰਘ ਚਹਿਲ ਨੇ ਸਾਂਝੇ ਤੌਰ 'ਤੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬਾਕੀ ਅਹੁਦੇਦਾਰਾਂ ਦੀ ਕੀਤੀ ਗਈ ਚੋਣ ਵਿੱਚ ਸੀਨੀਅਰ ਮੀਤ ਪ੍ਰਧਾਨ ਗੁਰਲਾਲ ਸਿੰਘ ਪੰਚ, ਮੀਤ ਪ੍ਰਧਾਨ ਅਮਰਜੀਤ ਸਿੰਘ, ਖਜ਼ਾਨਚੀ ਗੁਰਪ੍ਰੀਤ ਸਿੰਘ, ਮੀਤ ਸਕੱਤਰ ਜਰਨਲ ਗੁਰਪ੍ਰੀਤ ਸਿੰਘ ਮੁਖੀਆ, ਜਰਨਲ ਸਕੱਤਰ ਰਣਜੀਤ ਸਿੰਘ ਪੰਚ ਨੂੰ ਚੁਣਿਆ ਗਿਆ।ਇਸ ਮੌਕੇ ਸਰਪੰਚ ਅੰਮ੍ਰਿਤਪਾਲ ਸਿੰਘ, ਕੇਵਲ ਸਿੰਘ ਪੰਚ, ਅਮਨ ਖਾਨ, ਗੁਰਪ੍ਰੀਤ ਸਿੰਘ, ਨਿਰਭੈਅ ਸਿੰਘ, ਮਲਕੀਤ ਸਿੰਘ ਸਾਬਕਾ ਪੰਚ, ਕੁਲਵਿੰਦਰ ਸਿੰਘ ਪੰਚ, ਸਤਪਾਲ ਸਿੰਘ ਸਾਬਕਾ ਪੰਚ, ਦਰਸ਼ਨ ਸਿੰਘ, ਜਗਦੀਪ ਸਿੰਘ, ਪਵਨਪ੍ਰੀਤ ਸਿੰਘ, ਗੁਰਤੇਜ ਸਿੰਘ, ਰਾਂਝਾ ਖਾਂ ਹਾਜ਼ਰ ਸਨ।

# ਬਿਜਲੀ ਬਿੱਲ ਨਾ ਭਰਨ ਕਾਰਨ ਮਹਿਕਮੇ ਨੇ ਆਰ ਓ ਦਾ ਕੁਨੈਕਸ਼ਨ ਕੱਟਿਆ

## ਬੀ ਡੀ ਪੀ ਓ ਦਫਤਰ ਲੱਗੇ ਆਰ ਓ ਦਾ ਵੀ ਸਵਾ ਦੋ ਲੱਖ ਬਿਜਲੀ ਬਿੱਲ ਖੜ੍ਹਾ

**ਬਠਿੰਡਾ (ਰਾਜੀਵ ਗੋਇਲ)**-ਜ਼ਿਲ੍ਹੇ ਦੇ ਕਸਬਾ ਭਗਤਾ ਭਾਈ ਕਾ ਦੀ ਇਤਿਹਾਸਿਕ ਜਗ੍ਹਾ ਭੂਤਾਂ ਵਾਲੇ ਖੂਹ ਨਜ਼ਦੀਕ ਲੋਕਾਂ ਦੀ ਸਹੂਲਤ ਲਈ ਲਗਾਇਆ ਗਿਆ ਆਰ ਓ ਹੁਣ ਸਿਰਫ ਚਿੱਟਾ ਹਾਥੀ ਬਣ ਕੇ ਰਹਿ ਗਿਆ ਹੈ। ਕਰੀਬ ਦਸ ਲੱਖ ਰੁਪਏ ਦੀ ਲਾਗਤ ਨਾਲ ਬਣਿਆ ਇਹ ਆਰ ਓ ਅੱਜ ਖੰਡਰ ਦਾ ਰੂਪ ਧਾਰਦਾ ਹੋਇਆ ਨਜ਼ਰ ਆ ਰਿਹਾ ਹੈ ਅਤੇ ਇਸ ਦੇ ਪਿਛਲੇ ਪਾਸੇ ਨਸ਼ੇੜੀਆਂ ਨੇ ਅੱਡਾ ਬਣਾ ਲਿਆ ਹੈ।



ਬੰਦ ਪਏ ਆਰ ਓ ਪਲਾਂਟ (ਇਨਸੈੱਟ) ਸਮਾਜ ਸੇਵੀ ਨਛੱਤਰ ਸਿੱਧੂ।

ਆਮ ਲੋਕਾਂ ਦੇ ਦੱਸਣ ਮੁਤਾਬਿਕ ਚੋਰਾਂ ਵੱਲੋਂ ਇਸ ਆਰ ਓ ਦੀ ਮੋਟਰ ਨੂੰ ਚੋਰੀ ਕਰਨ ਦਾ ਵੀ ਯਤਨ ਕੀਤਾ ਗਿਆ ਹੈ ਅਤੇ ਉਨ੍ਹਾਂ ਦੱਸਿਆ ਕਿ ਇਹ ਆਰ ਓ ਬਿਜਲੀ ਦਾ ਬਿੱਲ ਨਾ ਭਰੇ ਜਾਣ ਕਾਰਨ ਹੀ ਬੰਦ ਹੋ ਗਿਆ ਹੈ, ਜਿਸ ਦਾ ਕਰੀਬ ਲੱਖ ਰੁਪਏ ਬਕਾਇਆ ਖੜ੍ਹਾ ਹੈ। ਉਧਰ ਭਰੋਸੇਯੋਗ ਸੂਤਰਾਂ ਤੋਂ ਇਹ ਵੀ ਪਤਾ ਲੱਗਾ ਹੈ ਕਿ ਭਗਤਾ ਭਾਈ ਕਾ ਦੇ ਬੀ.ਡੀ.ਪੀ.ਓ. ਦਫਤਰ ਅੰਦਰ ਬਣੇ ਆਰ ਓ ਦਾ ਵੀ ਬਿਜਲੀ ਬਿੱਲ ਕਰੀਬ ਸਵਾ ਦੋ ਲੱਖ ਰੁਪਏ ਭੁਗਤਾਨ ਕਰਨ ਵਾਲਾ ਪਿਆ ਹੈ। ਹੁਣ ਸਵਾਲ ਇਹ ਪੈਦਾ ਹੁੰਦਾ ਹੈ ਕਿ ਜੇਕਰ ਇਨ੍ਹਾਂ ਆਰ ਓ ਪਲਾਂਟਾਂ ਦੇ ਬਿਜਲੀ ਬਿੱਲ ਦੀ ਅਦਾਇਗੀ ਤੱਕ ਵੀ ਨਹੀਂ ਕੀਤੀ ਗਈ ਤਾਂ ਫਿਰ ਇਨ੍ਹਾਂ ਪਲਾਂਟਾਂ ਤੋਂ ਇਕੱਤਰ ਕੀਤੀ ਗਈ ਰਕਮ ਕਿੱਧਰ ਗਈ ਜਾਂ ਫਿਰ ਇਸ ਦੀ ਵੀ ਜਾਂਚ ਹੋਣੀ ਚਾਹੀਦੀ ਹੈ। ਜ਼ਿਕਰਯੋਗ ਹੈ ਕਿ ਕਰੀਬ ਮਹੀਨਾ-ਡੇਢ ਮਹੀਨਾ ਪਹਿਲਾਂ ਬੀ.ਡੀ.ਪੀ.ਓ. ਦਫਤਰ ਅੰਦਰ ਲੱਗੇ ਇਸ ਆਰ ਓ ਦੀ ਬੋਲੀ ਕੀਤੀ ਗਈ ਸੀ ਅਤੇ ਇਸ ਦਾ ਟੈਂਡਰ ਕਿਸੇ ਨਵੇਂ ਬੰਦੇ ਨੂੰ ਦਿੱਤਾ ਗਿਆ ਸੀ, ਪਰ ਬਿਜਲੀ ਬਿਲ ਦੀ ਅਦਾਇਗੀ ਨਾ ਕੀਤੀ ਹੋਣ ਕਰਕੇ ਤੇ ਨਵਾਂ ਮੀਟਰ ਨਾ ਲੱਗਣ ਕਾਰਨ ਇਹ ਬੋਲੀ ਵੀ ਅੱਧ ਵਿਚਕਾਰ ਲਟਕ ਗਈ ਹੈ। ਭਾਵੇਂ ਹੀ ਨਵੇਂ ਬੋਲੀਕਾਰ ਦਾ ਦਿੱਤਾ ਗਿਆ ਚੈੱਕ ਮਹਿਕਮੇ ਪਾਸ ਪਿਆ ਹੈ, ਪਰ ਹੁਣ ਸੀਜ਼ਨ ਬੀਤ ਜਾਣ ਤੋਂ ਬਾਅਦ ਨਵਾਂ ਬੋਲੀਕਾਰ ਇਸ ਆਰ ਓ ਨੂੰ ਕਿਉਂ ਚਲਾਵੇਗਾ। ਉਧਰ ਨਵੇਂ ਬੋਲੀਕਾਰ ਦਾ ਕਹਿਣਾ ਸੀ ਕਿ ਉਹ 40 ਗੇੜੇ ਬੀ.ਡੀ.ਪੀ.ਓ. ਦਫਤਰ ਤੇ ਬਿਜਲੀ ਬੋਰਡ ਦੇ ਮਾਰ ਚੁੱਕੇ ਹਨ, ਪਰ ਕੋਈ ਸੁਣਵਾਈ ਨਹੀਂ ਹੋਈ, ਜਿਸ ਕਾਰਨ ਉਹ ਥੱਕ ਹਾਰ ਬੈਠ ਚੁੱਕੇ ਹਨ। ਬਿਜਲੀ ਬਿੱਲ ਦੀ ਅਦਾਇਗੀ ਨੂੰ ਲੈ ਕੇ ਗੱਲਬਾਤ ਕਰਦੇ ਹੋਏ ਐੱਸ.ਡੀ.ਓ. ਭਗਤਾ ਨੇ ਕਿਹਾ ਕਿ ਅਸੀਂ ਇਨ੍ਹਾਂ ਬਿੱਲਾਂ ਦੀ ਰਿਕਵਰੀ ਲਈ ਕਾਰਵਾਈ ਵੀ ਕਰਾਂਗੇ ਤੇ ਡਿਫਾਲਟਿੰਗ ਵਾਲੀ ਜਗ੍ਹਾ 'ਤੇ ਕੋਈ ਨਵਾਂ ਮੀਟਰ ਵੀ ਨਹੀਂ ਲਗਾਵਾਂਗੇ।

ਉਧਰ, ਇਸ ਮਸਲੇ ਨੂੰ ਲੈ ਕੇ ਹਲਕਾ ਵਿਧਾਇਕ ਬਲਕਾਰ ਸਿੰਘ ਸਿੱਧੂ ਦੇ ਪੀ ਏ ਨੇ ਕਿਹਾ ਕਿ ਮੈਂ ਬੀ.ਡੀ.ਪੀ.ਓ. ਨਾਲ ਗੱਲ ਕਰਦਾ ਹਾਂ ਜੀ ਅਤੇ ਮਸਲੇ ਦਾ ਹੱਲ ਕਰਵਾਉਂਦਾ ਹਾਂ। ਬਲਾਕ ਵਿਕਾਸ ਤੇ ਪੰਚਾਇਤ ਅਫਸਰ ਦੇ ਦਫਤਰ ਅੰਦਰ ਲੱਗੇ ਆਰ ਓ ਦੇ ਰਹਿੰਦੇ ਬਿਜਲੀ ਬਿਲ ਨੂੰ ਲੈ ਕੇ ਗੱਲਬਾਤ ਕਰਦਿਆਂ ਬੀ.ਡੀ.ਪੀ.ਓ. ਭਗਤਾ ਨੇ ਕਿਹਾ ਕਿ ਅਸੀਂ ਸੰਬੰਧਤ ਪੁਰਾਣੇ ਠੇਕੇਦਾਰ ਖਿਲਾਫ ਕਾਰਵਾਈ ਲਈ ਮਹਿਕਮੇ ਨੂੰ ਜ਼ਰੂਰ ਲਿਖ ਕੇ ਭੇਜਾਂਗੇ। ਪਿੰਡ ਅੰਦਰ ਲੱਗੇ ਆਰ ਓ ਨੂੰ ਲੈ ਕੇ ਗੱਲਬਾਤ ਕਰਦਿਆਂ ਨਗਰ ਪੰਚਾਇਤ ਦੇ ਪ੍ਰਧਾਨ ਬੂਟਾ ਸਿੰਘ ਨੇ ਕਿਹਾ ਕਿ ਬਿਜਲੀ ਦਾ ਬਿੱਲ ਨਾ ਭਰਿਆ ਹੋਣ ਕਰਕੇ ਹੁਣ, ਉੱਥੇ ਨਵਾਂ ਮੀਟਰ ਹੀ ਨਹੀਂ ਲੱਗਦਾ, ਇਸ ਵਿੱਚ ਅਸੀਂ ਕੀ ਕਰ ਸਕਦੇ ਹਾਂ। ਜਿਸ ਨੇ ਇਹ ਬਿਜਲੀ ਵਰਤੀ ਹੈ, ਉਸ ਦਾ ਫਰਜ਼ ਬਣਦੈ ਇਸ ਦਾ ਬਿੱਲ ਭਰਨ ਦਾ, ਹੁਣ ਕਿਸੇ ਹੋਰ ਦੁਆਰਾ ਵਰਤੀ ਗਈ ਬਿਜਲੀ ਦਾ ਬਿਲ ਨਗਰ ਪੰਚਾਇਤ ਕਿਵੇਂ ਭਰ ਸਕਦੀ ਹੈ। ਉਧਰ, ਦੂਜੇ ਪਾਸੇ ਸਮਾਜਸੇਵੀ ਨਛੱਤਰ ਸਿੰਘ ਸਿੱਧੂ ਨੇ ਕਿਹਾ ਕਿ ਲੋਕ ਪਾਣੀ ਲਈ ਬਹੁਤ ਔਖੇ ਹਨ, ਇਸ ਲਈ ਇਹ ਦੋਵੇਂ ਆਰ ਓ ਚੱਲਣੇ ਚਾਹੀਦੇ ਹਨ ਅਤੇ ਜਿਨ੍ਹਾਂ ਲੋਕਾਂ ਨੇ ਇਹ ਬਿਜਲੀ ਬਿਲ ਭਰਨ ਦੀ ਥਾਂ ਪੈਸੇ ਖਾਧੇ ਹਨ, ਉਨ੍ਹਾਂ ਖਿਲਾਫ ਕਾਰਵਾਈ ਕਰਕੇ ਬਿਲ ਦਾ ਭੁਗਤਾਨ ਕਰਵਾਇਆ ਜਾਣਾ ਚਾਹੀਦਾ ਹੈ। ਇਸ ਸਾਰੇ ਮਸਲੇ ਨੂੰ ਲੈ ਕੇ ਡਿਪਟੀ ਕਮਿਸ਼ਨਰ ਬਠਿੰਡਾ ਦਾ ਕਹਿਣਾ ਸੀ ਕਿ ਚੈੱਕ ਕਰਵਾਉਂਦੇ ਹਾਂ।

# ਰਿਸ਼ਵਤ ਮੰਗਣ ਵਾਲਿਆਂ ਦੇ ਨਾਂਅ ਨਸ਼ਰ ਕਰੋ, ਕਾਰਵਾਈ ਕਰਨਾ ਸਾਡੀ ਜ਼ਿੰਮੇਵਾਰੀ : ਮੁੰਡੀਆਂ

## ਕੈਬਨਿਟ ਮੰਤਰੀ ਵੱਲੋਂ ਸਾਹਨੇਵਾਲ ਸਬ-ਤਹਿਸੀਲ ਦਾ ਅਚਨਚੇਤੀ ਦੌਰਾ

**ਲੁਧਿਆਣਾ (ਰਾਜ ਸਿੰਗਲਾ)**-ਸੂਬੇ ਨੂੰ ਭ੍ਰਿਸ਼ਟਚਾਰ ਤੋਂ ਮੁਕੰਮਲ ਤੌਰ 'ਤੇ ਮੁਕਤ ਕਰਨ ਲਈ ਆਪਣੀ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਪੰਜਾਬ ਵਾਸੀਆਂ ਨੂੰ ਕੰਮ ਕਰਵਾਉਣ ਬਦਲੇ ਰਿਸ਼ਵਤ ਮੰਗਣ ਵਾਲਿਆਂ ਦੇ ਨਾਮ ਨਸ਼ਰ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਅਜਿਹੇ ਭ੍ਰਿਸ਼ਟ ਅਨਸਰਾਂ ਖਿਲਾਫ਼ ਸਰਕਾਰ ਸਖਤ ਤੋਂ ਸਖ਼ਤ ਕਾਰਵਾਈ ਕਰੇਗੀ।ਬੀਤੇ ਵੀਰਵਾਰ ਇੱਥੇ ਸਬ-ਤਹਿਸੀਲ ਦਫ਼ਤਰ ਤੇ ਸੇਵਾ ਕੇਂਦਰ ਸਾਹਨੇਵਾਲ ਦਾ ਅਚਨਚੇਤੀ ਦੌਰਾ ਕਰਨ ਮੌਕੇ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਭ੍ਰਿਸ਼ਟਾਚਾਰ ਨੂੰ ਕਿਸੇ ਵੀ ਕੀਮਤ ਉੱਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਜੇਕਰ ਕੰਮ ਕਰਵਾਉਣ ਬਦਲੇ ਰਿਸ਼ਵਤ ਲੈਣ ਦੀ ਸ਼ਿਕਾਇਤ ਸਾਹਮਣੇ ਆਉਂਦੀ ਹੈ ਤਾਂ ਉਸ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਰਿਸ਼ਵਤ ਮੰਗਣ ਵਾਲਿਆਂ ਦੀ ਸ਼ਿਕਾਇਤ ਕਰਨ ਲਈ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਵੀ ਸਥਾਪਤ ਕੀਤੀ ਹੈ ਅਤੇ ਹੁਣ ਤੱਕ ਇਸ ਉੱਪਰ ਹਾਸਲ ਹੋਈਆਂ ਸ਼ਿਕਾਇਤਾਂ ਦੇ ਆਧਾਰ ਉੱਤੇ ਭ੍ਰਿਸ਼ਟਾਚਾਰੀਆਂ ਖਿਲਾਫ਼ ਕਾਰਵਾਈ ਕੀਤੀ ਵੀ ਜਾ ਚੁੱਕੀ ਹੈ।ਕੈਬਨਿਟ ਮੰਤਰੀ ਮੁੰਡੀਆਂ ਨੇ ਲੋਕਾਂ ਨੂੰ ਮੁਖਾਤਿਬ ਹੁੰਦਿਆਂ ਕਿਹਾ ਕਿ ਮੈਂ ਤੁਹਾਨੂੰ ਅਪੀਲ ਕਰਦਾਂ ਹਾਂ ਕਿ ਜੇਕਰ ਕੋਈ ਵੀ ਤੁਹਾਡੇ ਕੋਲੋਂ ਰਿਸ਼ਵਤ ਮੰਗਦਾ ਹੈ ਤਾਂ ਤੁਰੰਤ ਸਾਨੂੰ ਦੱਸੋ, ਅਜਿਹੇ ਰਿਸ਼ਵਤਖੋਰਾਂ ਖਿਲਾਫ਼ ਕਾਰਵਾਈ ਕਰਨਾ ਸਾਡੀ ਜ਼ਿੰਮੇਵਾਰੀ ਹੈ।ਤੁਹਾਡੇ ਸਹਿਯੋਗ ਨਾਲ ਹੀ ਸ਼ਾਸਨ ਨੂੰ ਭ੍ਰਿਸ਼ਟਾਚਾਰ ਤੋਂ ਮੁਕੰਮਲ ਤੌਰ ਉੱਤੇ ਮੁਕਤ ਕਰਨਾ ਯਕੀਨੀ ਬਣਾਇਆ ਜਾਵੇਗਾ। ਵੱਖ-ਵੱਖ ਵਿਭਾਗਾਂ ਦੀ ਕਾਰਜਪ੍ਰਣਾਲੀ ਦਾ ਜ਼ਿਕਰ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਸਾਡੀ ਸਰਕਾਰ ਸਾਰੇ ਵਿਭਾਗਾਂ ਦੀ ਸਥਿਤੀ ਵਿੱਚ ਸੁਧਾਰ ਲਿਆਉਣ ਲਈ ਵੱਡੇ ਪੱਧਰ ਉੱਤੇ ਯਤਨ ਕਰ ਰਹੀ ਹੈ ਤਾਂ ਕਿ ਲੋਕਾਂ ਨੂੰ ਪ੍ਰਸ਼ਾਸਨਕ ਸੇਵਾਵਾਂ ਹਾਸਲ ਕਰਨ ਵਿੱਚ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ 70 ਸਾਲਾਂ ਦੀ ਉਲਝੀ ਹੋਈ ਤਾਣੀ ਨੂੰ ਠੀਕ ਕੀਤਾ ਜਾ ਰਿਹਾ ਹੈ, ਜਿਸ ਕਰਕੇ ਕੁਝ ਸਮੇਂ ਬਾਅਦ ਵੱਡੇ ਸੁਧਾਰ ਦੇਖਣ ਨੂੰ ਮਿਲਣਗੇ।

ਇਸ ਦੌਰਾਨ ਹਰਦੀਪ ਸਿੰਘ ਮੁੰਡੀਆਂ ਨੇ ਸਬ-ਤਹਿਸੀਲ ਦਫ਼ਤਰ ਤੇ ਸੇਵਾ ਕੇਂਦਰ ਦਾ ਦੌਰਾ ਕਰਕੇ ਮੁਲਾਜ਼ਮਾਂ ਤੇ ਹਾਜ਼ਰ ਲੋਕਾਂ ਨਾਲ ਗੱਲਬਾਤ ਕੀਤੀ ਅਤੇ ਸਰਕਾਰ ਵੱਲੋਂ ਪ੍ਰਦਾਨ ਕੀਤੀਆਂ ਜਾ ਰਹੀਆਂ ਪ੍ਰਸ਼ਾਸਨਕ ਸੇਵਾਵਾਂ ਬਾਰੇ ਜਾਣਕਾਰੀ ਹਾਸਲ ਕੀਤੀ।

## ਵਿਦੇਸ਼ ਭੇਜਣ ਦੇ ਨਾਂਅ 'ਤੇ ਧੋਖਾਧੜੀ ਦੇ ਮਾਮਲੇ 'ਚ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਇੱਕ ਮਹਿਲਾ ਨੂੰ ਵਿਦੇਸ਼ ਭੇਜਣ ਦੇ ਨਾਮ 'ਤੇ ਉਸ ਨਾਲ ਠੱਗੀ ਮਾਰਨ ਦੇ ਕਥਿਤ ਮਾਮਲੇ 'ਚ ਪੁਲਸ ਵੱਲੋਂ ਇੱਕ ਮਹਿਲਾ ਏਜੰਟ ਵਿਰੁੱਧ ਕੇਸ ਦਰਜ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਜ਼ਿਲ੍ਹਾ ਪੁਲਸ ਮੁਖੀ ਨੂੰ ਦਿੱਤੀ ਦਰਖਾਸਤ ਵਿੱਚ ਇੱਕ ਮਹਿਲਾ ਨੇ ਦੋਸ਼ ਲਗਾਏ ਸਨ ਕਿ ਅਰਵੀਨਾ ਸ਼ਰਮਾ ਵਾਸੀ ਲੁਧਿਆਣਾ ਨੇ ਉਸ ਨੂੰ ਇੰਗਲੈਂਡ ਵਿੱਚ ਹੈਲਥ ਵਰਕਰ ਵਜੋਂ ਨੌਕਰੀ ਦਿਵਾਉਣ ਦਾ ਝਾਂਸਾ ਦੇ ਕੇ ਉਸ ਤੋਂ 4,50,000/- ਰੁਪਏ ਠੱਗ ਲਏ।ਦਰਖਾਸਤ ਦੀ ਪੜਤਾਲ ਐਂਟੀ ਹਿਊਮਨ ਟ੍ਰੈਫਿਕਿੰਗ ਯੂਨਿਟ ਫ਼ਤਹਿਗੜ੍ਹ ਸਾਹਿਬ ਵੱਲੋਂ ਕੀਤੀ ਗਈ, ਜਿਸ 'ਤੇ ਅਧਾਰ 'ਤੇ ਥਾਣਾ ਬਡਾਲੀ ਆਲਾ ਸਿੰਘ ਵਿਖੇ ਵੱਖ-ਵੱਖ ਧਾਰਾਵਾਂ ਤਹਿਤ ਦਰਜ ਕੀਤੇ ਗਏ ਮੁਕੱਦਮੇ 'ਚ ਅਰਵੀਨ ਸ਼ਰਮਾ ਨੂੰ ਨਾਮਜ਼ਦ ਕਰਕੇ ਡੀ.ਐੱਸ.ਪੀ. ਰਾਜ ਕੁਮਾਰ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

## ਪੀ ਐਸ ਯੂ (ਲਲਕਾਰ) ਵੱਲੋਂ ਪੰਜਾਬ ਯੂਨੀਵਰਸਿਟੀ ਪ੍ਰਸ਼ਾਸਨ ਦੇ ਫਰਮਾਨ ਦੀ ਨਿਖੇਧੀ

**ਪਟਿਆਲਾ (ਅਵਤਾਰ ਜਟਾਣਾ)**-ਪੀਐਸਯੂ (ਲਲਕਾਰ) ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਹਾਲ ਹੀ ਦੇ ਫੈਸਲੇ ਦੀ ਸਖ਼ਤ ਨਿਖੇਧੀ ਕਰਦੀ ਹੈ, ਜਿਸ ਵਿੱਚ ਵਿਦਿਆਰਥੀਆਂ ਦੇ ਆਪਣੇ ਮਸਲੇ ਉਠਾਉਣ ਲਈ ਮੁਜ਼ਾਹਰੇ ਜਾਂ ਰੈਲੀ ਕਰਨ ਦੇ ਹੱਕ 'ਤੇ ਹਮਲਾ ਕੀਤਾ ਗਿਆ ਹੈ।ਇਹ ਹਲਫ਼ਨਾਮਾ ਦਾਖਲਾ ਲੈ ਰਹੇ ਵਿਦਿਆਰਥੀਆਂ ਨੂੰ ਦੇਣਾ ਲਾਜ਼ਮੀ ਹੋਵੇਗਾ, ਜਿਸ ਮੁਤਾਬਕ ਜੇ ਉਹ ਬਿਨਾਂ ਮਨਜ਼ੂਰੀ ਤੋਂ ਧਰਨਾ ਲਾਉਂਦਾ, ਯੂਨੀਵਰਸਿਟੀ ਵੱਲੋਂ ਨਿਰਧਾਰਤ ਜਗ੍ਹਾ ਤੋਂ ਬਿਨਾਂ ਹੋਰ ਕਿਤੇ ਧਰਨਾ ਕਰਦਾ, ਉੱਚੀ ਨਾਅਰੇ ਮਾਰਦਾ ਪਾਇਆ ਜਾਂਦਾ ਹੈ ਤਾਂ ਉਸ ਨੂੰ ਪ੍ਰੀਖਿਆ ਨਹੀਂ ਦੇਣ ਦਿੱਤੀ ਜਾਵੇਗੀ ਤੇ ਵਾਰ-ਾਰ ਉਲੰਘਣ ਕਰਨ ਉੱਤੇ ਯੂਨੀਵਰਸਿਟੀ ਤੇ ਇਸਦੇ ਕਾਲਜਾਂ ਵਿੱਚ ਉਸਦੇ ਆਉਣ ਜਾਣ ਉੱਤੇ ਪੂਰਨ ਪਾਬੰਦੀ ਲਾ ਦਿੱਤੀ ਜਾਵੇਗੀ।ਵਿਵਸਥਾ ਬਣਾਈ ਰੱਖਣ ਦੇ ਬਹਾਨੇ ਲਾਗੂ ਕੀਤਾ ਗਿਆ ਇਹ ਦਮਨਕਾਰੀ ਫੈਸਲਾ ਵਿਦਿਆਰਥੀਆਂ ਦੇ ਬੋਲਣ ਦੇ ਅਧਿਕਾਰ ਅਤੇ ਇਕੱਠੇ ਹੋਣ ਦੀ ਅਜ਼ਾਦੀ ਦੇ ਅਧਿਕਾਰ 'ਤੇ ਤਿੱਖਾ ਹਮਲਾ ਹੈ।ਮੁਜ਼ਾਹਰਿਆਂ ਨੂੰ ਪੁਲਿਸ ਚੌਕੀ/ਸਿਹਤ ਕੇਂਦਰ/ਡਿਸਪੈਂਸਰੀ ਦੇ ਨੇੜੇ ਇੱਕ ਨਿਰਧਾਰਤ ਖੇਤਰ ਤੱਕ ਸੀਮਤ ਕਰਨ ਤੇ ਯੂਨੀਵਰਸਿਟੀ ਪ੍ਰਸ਼ਾਸਨ ਤੋਂ ਮਨਜ਼ੂਰੀ ਲੈਣ ਦੀ ਸ਼ਰਤ ਲਾਉਣ ਨਾਲ ਇਹ ਨੀਤੀ ਅਸਹਿਮਤੀ ਨੂੰ ਦਬਾਉਂਦੀ ਹੈ ਅਤੇ ਵਿਦਿਅਕ ਸੰਸਥਾਵਾਂ ਵਿੱਚਲੀ ਜਮਹੂਰੀ ਭਾਵਨਾ ਨੂੰ ਕਮਜ਼ੋਰ ਕਰਦੀ ਹੈ।ਵਿੱਦਿਅਕ ਸੰਸਥਾਵਾਂ ਕੋਈ ਜੇਲ੍ਹਾਂ ਨਹੀਂ ਹਨ ਤੇ ਵਿਦਿਆਰਥੀਆਂ ਦੀ ਅਵਾਜ਼ ਨੂੰ ਦਬਾਇਆ ਨਹੀਂ ਜਾਣਾ ਚਾਹੀਦਾ। ਇਹ ਮਨੁੱਖੀ ਬੁਨਿਆਦੀ ਅਧਿਕਾਰਾਂ ਦਾ ਘਾਣ ਹੈ, ਅਸੀਂ ਇਸ ਨੂੰ ਪੂਰੀ ਤਰ੍ਹਾਂ ਗੈਰ ਸੰਵਿਧਾਨਕ ਤੇ ਯੂਨੀਵਰਸਿਟੀ ਕੈਂਪਸ ਵਿੱਚੋਂ ਜਮਹੂਰੀਅਤ ਖਤਮ ਦਾ ਨਾਦਰਸ਼ਾਹੀ ਫਰਮਾਨ ਗਰਦਾਨਦੇ ਹਾਂ।ਅਸੀਂ ਮੰਨਦੇ ਹਾਂ ਕਿ ਇਹ ਹਲਫ਼ਨਾਮਾ ਇੱਕ ਦਮਨਕਾਰੀ ਸਾਧਨ ਹੈ, ਜੋ ਵਿਦਿਆਰਥੀਆਂ ਨੂੰ ਉਹਨਾਂ ਦੇ ਜਾਇਜ਼ ਮਸਲੇ ਉਠਾਉਣ ਤੋਂ ਰੋਕਣ ਲਈ ਲਿਆਂਦਾ ਗਿਆ ਹੈ।ਵਿਰੋਧ ਕਰਨਾ ਸਾਡਾ ਬੁਨਿਆਦੀ ਹੱਕ ਤੇ ਯੂਨੀਵਰਸਿਟੀ ਪ੍ਰਸ਼ਾਸਨ ਕੋਲ ਇਸ ਨੂੰ ਖੋਹਣ ਦਾ ਨੈਤਿਕ ਜਾਂ ਕਾਨੂੰਨੀ ਅਧਾਰ ਨਹੀਂ ਹੈ।ਅਸੀਂ ਸਾਰੇ ਵਿਦਿਆਰਥੀਆਂ, ਅਧਿਆਪਕਾਂ ਤੇ ਜਮਹੂਰੀਅਤ ਪਸੰਦ ਲੋਕਾਂ ਨੂੰ ਇਸ ਤਾਨਾਸ਼ਾਹੀ ਕਦਮ ਦਾ ਵਿਰੋਧ ਕਰਨ ਦਾ ਸੱਦਾ ਦਿੰਦੇ ਹਾਂ।

## ਐੱਨ ਸੀ ਸੀ ਗਰਲ ਕੈਡਿਟਸ ਮਾਰਸ਼ਲ ਆਰਟਸ ਸਿਖਲਾਈ ਰਾਹੀਂ ਸਸ਼ਕਤ ਬਣੀਆਂ

**ਲੁਧਿਆਣਾ (ਰਾਜ ਸਿੰਗਲਾ)**

ਪੰਜਾਬ ਗਰਲਜ਼ ਬਟਾਲੀਅਨ ਐੱਨ ਸੀ ਸੀ ਲੁਧਿਆਣਾ ਦੇ ਚੱਲ ਰਹੇ ਸਾਲਾਨਾ ਸਿਖਲਾਈ ਕੈਂਪ ਦੇ ਹਿੱਸੇ ਵਜੋਂ, ਜੋ ਕਿ 17 ਜੂਨ ਤੋਂ 26 ਜੂਨ 2025 ਤੱਕ ਖਾਲਸਾ ਕਾਲਜ ਫਾਰ ਵੂਮੈਨ ਲੁਧਿਆਣਾ ਵਿਖੇ ਕਰਵਾਇਆ ਜਾ ਰਿਹਾ ਹੈ, 415 ਐੱਨ.ਸੀ.ਸੀ. ਗਰਲ ਕੈਡਿਟਾਂ ਨੂੰ ਸਵੈ-ਰੱਖਿਆ ਲਈ ਮਾਰਸ਼ਲ ਆਰਟਸ ਦੀ ਸਿਖਲਾਈ ਦਿੱਤੀ ਜਾ ਰਹੀ ਹੈ।ਇਹ ਕੈਂਪ, ਕੈਂਪ ਕਮਾਂਡੈਂਟ ਕਰਨਲ ਆਰ. ਐੱਸ. ਚੌਹਾਨ ਦੀ ਅਗਵਾਈ ਹੇਠ ਲਗਾਇਆ ਜਾ ਰਿਹਾ ਹੈ, ਜੋ ਕਿ ਨਾ ਸਿਰਫ਼ ਅਨੁਸ਼ਾਸਨ ਤੇ ਮਸ਼ਕ ਰਾਹੀਂ, ਸਗੋਂ ਵਿਹਾਰਕ ਜੀਵਨ ਹੁਨਰਾਂ ਨਾਲ ਵੀ ਕੈਡਿਟਾਂ ਨੂੰ ਸਸ਼ਕਤ ਬਣਾਉਣ ਲਈ ਵਚਨਬੱਧ ਹਨ।ਮਾਹਰ ਇੰਸਟ੍ਰਕਟਰਾਂ ਦੀ ਅਗਵਾਈ ਹੇਠ ਮਾਰਸ਼ਲ ਆਰਟਸ ਸਿਖਲਾਈ ਸੈਸ਼ਨ, ਨੌਜਵਾਨ ਕੈਡਿਟਾਂ ਨੂੰ ਅਸਲ-ਜੀਵਨ ਦੀਆਂ ਸਥਿਤੀਆਂ ਵਿੱਚ ਆਪਣੇ ਆਪ ਨੂੰ ਬਚਾਉਣ ਲਈ ਲੋੜੀਂਦੀਆਂ ਤਕਨੀਕਾਂ ਤੇ ਵਿਸ਼ਵਾਸ ਨਾਲ ਲੈਸ ਕਰਨ ਲਈ ਤਿਆਰ ਕੀਤੇ ਗਏ ਹਨ।ਸਿਖਲਾਈ ਵਿੱਚ ਸਥਿਤੀ ਸੰਬੰਧੀ ਜਾਗਰੂਕਤਾ ਤੇ ਮਨੋਵਿਗਿਆਨਕ ਤਿਆਰੀ ਦੇ ਨਾਲ-ਨਾਲ ਬੁਨਿਆਦੀ ਹੜਤਾਲਾਂ, ਬਲਾਕਾਂ ਤੇ ਬਚਣ ਦੀਆਂ ਤਕਨੀਕਾਂ ਸ਼ਾਮਲ ਹਨ।ਕਰਨਲ ਆਰ. ਐੱਸ. ਚੌਹਾਨ ਨੇ ਅੱਜ ਦੇ ਮਾਹੌਲ ਵਿੱਚ ਅਜਿਹੀ ਸਿਖਲਾਈ ਦੀ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ ਕਿਹਾ ਕਿ ਸਵੈ-ਰੱਖਿਆ ਸਿਰਫ਼ ਇੱਕ ਸਰੀਰਕ ਹੁਨਰ ਨਹੀਂ ਹੈ, ਸਗੋਂ ਇੱਕ ਮਾਨਸਿਕਤਾ ਹੈ। ਮਾਰਸ਼ਲ ਆਰਟਸ ਰਾਹੀਂ, ਅਸੀਂ ਆਪਣੇ ਕੈਡਿਟਾਂ ਨੂੰ ਮਜ਼ਬੂਤ, ਆਤਮਵਿਸ਼ਵਾਸੀ ਤੇ ਕਿਸੇ ਵੀ ਚੁਣੌਤੀ ਦਾ ਸਾਹਮਣਾ ਕਰਨ ਲਈ ਤਿਆਰ ਬਣਾਉਣ ਦਾ ਟੀਚਾ ਰੱਖਦੇ ਹਾਂ। ਇਸ ਪਹਿਲਕਦਮੀ ਵਿੱਚ ਸਾਰੇ ਕੈਡਿਟਾਂ ਨੇ ਉਤਸ਼ਾਹਜਨਕ ਭਾਗੀਦਾਰੀ ਕੀਤੀ ਹੈ, ਜੋ ਨਾ ਸਿਰਫ਼ ਤਕਨੀਕੀ ਪਹਿਲੂ ਸਿੱਖ ਰਹੇ ਹਨ, ਸਗੋਂ ਅੰਦਰੂਨੀ ਤਾਕਤ ਤੇ ਲਚਕੀਲੇਪਨ ਦੀ ਭਾਵਨਾ ਵੀ ਪ੍ਰਾਪਤ ਕਰ ਰਹੇ ਹਨ।

ਉਨ੍ਹਾ ਕਿਹਾ ਕਿ ਸਾਲਾਨਾ ਸਿਖਲਾਈ ਕੈਂਪ ਐੱਨ. ਸੀ. ਸੀ. ਕੈਡਿਟਾਂ ਦੇ ਸਰਵਪੱਖੀ ਵਿਕਾਸ, ਅਨੁਸ਼ਾਸਨ, ਲੀਡਰਸ਼ਿਪ, ਰਾਸ਼ਟਰੀ ਮਾਣ ਤੇ ਸਰੀਰਕ ਤਿਆਰੀ ਨੂੰ ਉਤਸ਼ਾਹਤ ਕਰਨ ਲਈ ਇੱਕ ਸੰਪੂਰਨ ਪਲੇਟਫਾਰਮ ਵਜੋਂ ਕੰਮ ਕਰਨਾ ਜਾਰੀ ਰੱਖਦਾ ਹੈ।

## ਪਾਬੰਦੀਸ਼ੁਦਾ ਦਵਾਈਆਂ ਰੱਖਣ ਦੇ ਦੋਸ਼ 'ਚ ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਵਿਖੇ ਇਕ ਫਰਮ ਵੱਲੋਂ ਪਾਬੰਦੀਸ਼ੁਦਾ ਦਵਾਈਆਂ ਰੱਖਣ ਦੇ ਦੋਸ਼ ਵਿੱਚ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਉਸ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਥਾਣਾ ਸਿਟੀ ਫਿਰੋਜ਼ਪੁਰ ਦੇ ਸਹਾਇਕ ਥਾਣੇਦਾਰ ਗੁਰਮੀਤ ਸਿੰਘ ਨੇ ਦੱਸਿਆ ਕਿ ਇਕ ਪੱਤਰ ਨੰਬਰ ਡਰੱਗ/ਐੱਫਜੈਡਆਰ/2025/324 ਮਿਤੀ 16 ਜੂਨ 2025 ਵੱਲੋਂ ਸੋਨੀਆ ਗੁਪਤ ਡਰੱਗ ਕੰਟਰੋਲ ਅਫਸਰ ਫਿਰੋਜ਼ਪੁਰ ਮਿਲਿਆ ਕਿ ਸ਼ੁਭਮ ਗੱਖੜ ਪੁੱਤਰ ਅਸ਼ਵਨੀ ਗੱਖੜ ਆਰ/ਓ 57, ਫੇਸ-2 ਗੋਲਡਨ ਇਨਕਲੇਵ, ਇੱਛੇਵਾਲਾ ਰੋਡ, ਫਿਰੋਜ਼ਪੁਰ ਸਿਟੀ ਪ੍ਰੋਪ ਫਰਮ ਐੱਮ/ਐੱਸ ਦੀ ਪਿੱਲ ਕਲੱਬ, ਟੌਕਰੀ ਬਜ਼ਾਰ, ਫਿਰੋਜ਼ਪੁਰ ਸ਼ਹਿਰ, ਫਿਰੋਜ਼ਪੁਰ (ਪੀਬੀ) ਨਾਓ ਐੱਮ/ਐੱਸ ਦੀ ਪਿੱਲ ਕਲੱਬ, ਬੇਸਮੈਂਟ ਆਫ ਸ਼ੋਪ ਨੰਬਰ 18, ਪੁੱਡਾ ਮਾਰਕੀਟ, ਫਿਰੋਜ਼ਪੁਰ ਸ਼ਹਿਰ ਵੱਲੋਂ ਪਾਬੰਦੀਸ਼ੁਦਾ ਦਵਾਈਆਂ ਵੇਚਣ ਦੇ ਅਧੀਨ ਧਾਰਾ 223 ਬੀਐੱਨਐੱਸ ਤਹਿਤ ਕਾਰਵਾਈ ਕਰਨ ਸੰਬੰਧੀ ਮੌਸੂਲ ਥਾਣੇ ਹੋਇਆ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਗੁਰਮੀਤ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

## ਲੋਕ ਭਲਾਈ ਸਕੀਮਾਂ ਘਰ-ਘਰ ਪਹੁੰਚਾ ਕੇ ਬੀ ਜੇ ਪੀ ਦੀ ਸਰਕਾਰ ਬਣਾਵਾਂਗੇ : ਮਨਜੀਤ ਸਿੰਘ ਰਾਏ




**ਸਮਾਣਾ (ਇਕਬਾਲ ਸਿੰਘ ਬੱਲ)**

ਵਿਕਸਤ ਭਾਰਤ ਦਾ ਅੰਮ੍ਰਿਤ ਕਾਲ ਸੇਵਾ, ਸੁਸ਼ਾਸਨ ਗਰੀਬ ਕਲਿਆਣ ਦੇ 11 ਸਾਲ ਪੂਰੇ ਹੋਣ ਤੇ ਸਮਾਣਾ ਪ੍ਰਧਾਨ ਜਤਿੰਦਰ ਸ਼ਰਮਾ ਦੀ ਪ੍ਰਧਾਨਗੀ ਹੇਠ ਬੀ ਜੇ ਪੀ ਵਰਕਰਾਂ ਦੀ ਭਰਵੀਂ ਮੀਟਿੰਗ ਹੋਈ।ਇਸ ਮੌਕੇ ਮਨਜੀਤ ਸਿੰਘ ਰਾਏ ਮਨੋਰਟੀ ਮੈਂਬਰ ਆਲ ਇੰਡੀਆ ਭਾਜਪਾ, ਸੁਰਿੰਦਰ ਸਿੰਘ ਖੇੜਕੀ ਅਤੇ ਹਰਮੇਸ਼ ਡਕਾਲਾ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸਮਾਣਾ, ਪਾਤੜਾਂ, ਬਾਦਸ਼ਾਹਪੁਰ ਅਤੇ ਨਾਭਾ ਤੋਂ ਬੀਜੇਪੀ ਦੇ ਆਗੂਆਂ ਤੇ ਵਰਕਰਾਂ ਨੇ ਸ਼ਮੂਲੀਅਤ ਕੀਤੀ, ਜਿਸ ਨੂੰ ਸੰਬੋਧਿਤ ਕਰਦਿਆਂ ਮਨਜੀਤ ਸਿੰਘ ਰਾਏ ਨੇ ਕਿਹਾ ਕਿ ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਭਾਰਤ ਦੇਸ਼ ਨੇ 11 ਸਾਲਾਂ ਵਿੱਚ ਵਿਸ਼ਾਲ ਤਰੱਕੀ ਕੀਤੀ ਹੈ, ਜਿਸ ਕਰਕੇ ਦੇਸ਼ ਤੇ ਬਹੁਤ ਸਾਰੇ ਸੂਬਿਆਂ ਵਿੱਚ ਭਾਰਤੀ ਜਨਤਾ ਪਾਰਟੀ ਦੀਆਂ ਸਰਕਾਰਾਂ ਬਣ ਚੁੱਕੀਆਂ ਹਨ।2027 ਵਿੱਚ ਪੰਜਾਬ ਵਿੱਚ ਹੋਣ ਵਾਲੀਆਂ ਵਿਧਾਨ ਸਭਾ ਦੀਆਂ ਚੋਣਾਂ ਵਿੱਚ ਬੀ ਜੇ ਪੀ ਦੀ ਸਰਕਾਰ ਬਣਾਉਣ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਦੇਸ ਦੇ ਵਿਕਾਸ ਲਈ ਜੋ ਕੰਮ ਕੀਤੇ ਹਨ, ਜੋ ਲੋਕ ਭਲਾਈ ਸਕੀਮਾਂ ਚਲਾਈਆਂ ਹਨ, ਉਨ੍ਹਾਂ ਤੋਂ ਦੇਸ ਦੇ ਲੋਕਾਂ ਨੂੰ ਜਾਗਰੂਕ ਕਰਨਾ ਹੈ।

ਉਨ੍ਹਾਂ ਗ਼ਰੀਬਾਂ ਲਈ ਚਲਾਈਆਂ ਸਕੀਮਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਮੁਫਤ ਰਾਸ਼ਨ ਸਕੀਮ, ਪ੍ਰਧਾਨ ਮੰਤਰੀ ਆਵਾਸ ਯੋਜਨਾ, ਹਰਿ ਘਰ ਜਲ ਯੋਜਨਾ, ਪ੍ਰਧਾਨ ਮੰਤਰੀ ਸਵਨਿਧੀ ਯੋਜਨਾ, ਪ੍ਰਧਾਨ ਮੰਤਰੀ ਸੁਰੱਖਿਆ ਬੀਮਾ ਯੋਜਨਾ, ਕਿਸਾਨਾਂ ਲਈ ਚਲਾਈਆਂ ਸਕੀਮਾਂ ਫ਼ਸਲਾਂ ਤੇ ਘੱਟੋ-ਘੱਟ ਸਮਰਥਨ ਮੁੱਲ, ਫੂਡ ਪ੍ਰੋਸੈਸਿੰਗ ਸਮਰੱਥਾ, ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ, ਪ੍ਰਧਾਨ ਮੰਤਰੀ ਫਸਲ ਬੀਮਾ ਯੋਜਨਾ, ਕਿਸਾਨ ਕ੍ਰੈਡਿਟ ਕਾਰਡ ਯੋਜਨਾ, ਮੈਗਾ ਫੂਡ ਪਾਰਕਾਂ ਦੀ ਯੋਜਨਾ, ਮਹਿਲਾਵਾਂ ਲਈ ਸੰਸਦ ਅਤੇ ਵਿਧਾਨ ਸਭਾਵਾਂ ਵਿੱਚ 33% ਰਾਖਵਾਂ ਕਰਨ, ਜਨੇਪਾ ਭੱਤਾ, ਗਰਭਵਤੀ ਔਰਤਾਂ ਨੂੰ ਵਿੱਤੀ ਸਹਾਇਤਾ, ਇਨਕਮ ਟੈਕਸ ਰਿਟਰਨ 12 ਲੱਖ ਤੱਕ, ਪ੍ਰਧਾਨ ਮੰਤਰੀ ਸੂਰਜ ਘਰ ਯੋਜਨਾ ਮੁਦਰਾ ਯੋਜਨਾ ਆਦਿ ਤੋਂ ਇਲਾਵਾ ਬਹੁਤ ਸਾਰੀਆਂ ਹੋਰ ਯੋਜਨਾਵਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਨੇ ਸ਼ੁਰੂ ਕੀਤੀਆਂ ਹਨ । ਉਨ੍ਹਾਂ ਯੋਜਨਾਵਾਂ ਨੂੰ ਘਰ-ਘਰ ਤੱਕ ਪੁਚਾਉਣਾ ਹੈ ਤਾਂ ਜੁ ਲੋਕਾਂ ਨੂੰ ਭਾਰਤੀ ਜਨਤਾ ਪਾਰਟੀ ਦੀ ਨੀਤੀਆਂ ਤੋਂ ਪਤਾ ਚੱਲ ਸਕੇ ਤੇ ਪੰਜਾਬ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰਾਂ ਨੂੰ ਜਿਤਾ ਕੇ ਪੰਜਾਬ ਵਿੱਚ ਵੀ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਬਣ ਸਕੇ ਤਾਂ ਜੁ ਪੰਜਾਬ ਦੇ ਅਧੂਰੇ ਵਿਕਾਸ ਕਾਰਜਾਂ ਨੂੰ ਪੂਰਾ ਕਰਕੇ ਪੰਜਾਬ ਨੂੰ ਤਰੱਕੀ ਦੇ ਰਾਹ 'ਤੇ ਲਿਜਾਇਆ ਜਾ ਸਕ।

## ਸਾਬਕਾ ਕੌਂਸਲ ਪ੍ਰਧਾਨ ਸ਼ੈਂਟੀ ਨੂੰ ਅੰਤਿਮ ਸੰਸਕਾਰ ਮੌਕੇ ਵੱਖ-ਵੱਖ ਆਗੂਆਂ ਵੱਲੋਂ ਸ਼ਰਧਾਂਜਲੀਆਂ



**ਨਾਭਾ (ਵਰਿੰਦਰ ਵਰਮਾ)**-ਨਾਭਾ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਰਜਨੀਸ਼ ਮਿੱਤਲ ਸ਼ੈਂਟੀ ਇਸ ਦੁਨੀਆ ਨੂੰ ਅਲਵਿਦਾ ਕਹਿ ਗਏ ਹਨ।ਉਹ ਪਿਛਲੇ ਦੋ ਦਿਨ ਤੋਂ ਜ਼ੇਰੇ ਇਲਾਜ ਪਟਿਆਲਾ ਦੇ ਨਿੱਜੀ ਹਸਪਤਾਲ ਵਿਖੇ ਦਾਖਲ ਸਨ, ਜਿੱਥੇ ਉਨ੍ਹਾਂ ਨੇ ਆਪਣੇ ਅੰਤਿਮ ਸਾਹ ਲਏ।

ਉਨ੍ਹਾਂ ਦੇ ਅੰਤਿਮ ਸੰਸਕਾਰ ਮੌਕੇ ਸਾਬਕਾ ਕੈਬਨਿਟ ਮੰਤਰੀ ਸਾਧੂ ਸਿੰਘ ਧਰਮਸੋਤ, ਸਾਬਕਾ ਕੈਬਨਿਟ ਮੰਤਰੀ ਕਾਕਾ ਰਣਦੀਪ ਸਿੰਘ ਵੱਲੋਂ ਪੀਏ ਸ਼ਾਹੀ, ਵਿਧਾਇਕ ਗੁਰਦੇਵ ਸਿੰਘ ਦੇਵ ਮਾਨ, ਸ਼੍ਰੋਮਣੀ ਅਕਾਲੀ ਦਲ ਹਲਕਾ ਇੰਚਾਰਜ ਸ਼ੁਤਰਾਣਾ ਬਾਬੂ ਕਬੀਰ ਦਾਸ, ਭਾਜਪਾ ਦੇ ਬਰਿੰਦਰ ਬਿੱਟੂ, ਰਾਜੇਸ਼ ਬੰਸਲ ਬੱਬੂ, ਚੇਅਰਮੈਨ ਸੁਰਿੰਦਰ ਸ਼ਰਮਾ, ਦਰਸ਼ਨ ਅਰੋੜਾ, ਚਰਨਜੀਤ ਬਾਤੇਸ਼, ਨਗਰ ਕੌਂਸਲ ਪ੍ਰਧਾਨ ਸੁਜਾਤਾ ਚਾਵਲਾ, ਕਾਰਜ ਸਾਧਕ ਅਫਸਰ ਗੁਰਚਰਨ ਸਿੰਘ, ਅਗਰਵਾਲ ਸਭਾ ਚੇਅਰਮੈਨ ਅਸ਼ੋਕ ਬਾਂਸਲ, ਸ਼੍ਰੋਮਣੀ ਕਵੀ ਦਰਸ਼ਨ ਬੁੱਟਰ, ਸੀ ਐੱਮ ਓ ਡਾਕਟਰ ਸੰਜੇ ਸਿੰਗਲਾ, ਸਵਰਨਕਾਰ ਸੰਘ ਪ੍ਰਧਾਨ ਹਰੀ ਸੇਠ, ਦੀਪਕ ਨਾਗਪਾਲ, ਬਨੀ ਖਹਿਰਾ, ਕਰਮਜੀਤ ਸਿੰਘ ਅਲੌਹਰਾਂ ਆੜ੍ਹਤੀਆ ਐਸੋਸੀਏਸ਼ਨ ਪ੍ਰਧਾਨ ਆਦਿ ਵੱਖ-ਵੱਖ ਸਿਆਸੀ, ਆਰਥਿਕ, ਧਾਰਮਿਕ ਤੇ ਸਮਾਜਿਕ ਆਗੂਆਂ ਅਤੇ ਜਥੇਬੰਦੀਆਂ ਨਾਲ ਨਾਭਾ ਕੌਂਸਲ ਦੇ ਲਗਭਗ ਸਮੂਹ ਕੌਂਸਲਰਾਂ ਵੱਲੋਂ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਉਹ ਵਾਰਡ ਨੰਬਰ 10 ਤੋਂ ਨਾ ਸਿਰਫ ਬਿਨਾਂ ਮੁਕਾਬਲਾ ਜੇਤੂ ਐਲਾਨੇ ਗਏ, ਬਲਕਿ ਵਿਲੱਖਣ ਰਿਕਾਰਡ ਕਾਇਮ ਕਰਦਿਆਂ ਨਾਭਾ ਕੌਂਸਲ ਦੀ ਪ੍ਰਧਾਨਗੀ ਦਾ ਤਾਜ ਉਨ੍ਹਾਂ ਨੇ ਲਗਾਤਾਰ ਦੂਜੀ ਵਾਰ ਪਹਿਨਿਆ।ਮੌਜੂਦਾ ਸਮੇਂ ਜਿੱਥੇ ਖੁੱਦ ਉਹ ਆਪ ਵਾਰਡ ਨੰਬਰ 10 ਤੋਂ ਕੌਂਸਲਰ ਦੀਆਂ ਸੇਵਾਵਾਂ ਨਿਭਾਅ ਰਹੇ ਸਨ, ਉੱਥੇ ਉਨ੍ਹਾਂ ਦੀ ਪਤਨੀ ਵਾਰਡ ਨੰਬਰ 09 ਤੋਂ ਕੌਂਸਲਰ ਚੁਣ ਕੇ ਵਾਰਡ ਵਾਸੀਆਂ ਨਾਲ ਹਲਕਾ ਵਾਸੀਆਂ ਦੀ ਨਿਰਸਵਾਰਥ ਸੇਵਾ ਨਿਭਾਅ ਰਹੀ ਹੈ।ਰਜਨੀਸ਼ ਮਿੱਤਲ ਸ਼ੈਂਟੀ ਨਾ ਸਿਰਫ ਪਿਛਲੇ ਲਗਭਗ ਢਾਈ ਦਹਾਕੇ ਤੋਂ ਆਪਣੇ ਵਾਰਡ ਤੋਂ ਲਗਾਤਾਰ ਕੌਂਸਲਰ ਚੁਣੇ ਆ ਰਹੇ ਸਨ, ਬਲਕਿ ਉਹ ਨਾਭਾ ਦੀ ਧਾਰਮਿਕ ਜਥੇਬੰਦੀ ਨਾਭਾ ਉਤਸਵ ਕਮੇਟੀ ਦੇ ਚੇਅਰਮੈਨ, ਰੋਟਰੀ ਕਲੱਬ ਦੇ ਪ੍ਰੋਜੈਕਟ ਚੇਅਰਮੈਨ ਤੇ ਅਗਰਵਾਲ ਸਭਾ ਨਾਭਾ ਦੇ ਚੇਅਰਮੈਨ ਵਜੋਂ ਸੇਵਾਵਾਂ ਨਿਭਾਅ ਰਹੇ ਸਨ।

ਇਸ ਤੋਂ ਇਲਾਵਾ ਮਿੰਨੀ ਕਾਂਸ਼ੀ ਕਹੇ ਜਾਂਦੇ ਹਲਕਾ ਨਾਭਾ ਦੀਆਂ ਲਗਭਗ ਸਾਰੀਆਂ ਧਾਰਮਿਕ ਤੇ ਸਮਾਜਿਕ ਸੰਸਥਾਵਾਂ ਨੂੰ ਉਹ ਆਪਣੇ ਪੱਧਰ ਉੱਤੇ ਹਰ ਤਰ੍ਹਾਂ ਦਾ ਸਹਿਯੋਗ ਦਿੰਦੇ ਰਹਿੰਦੇ ਸਨ।ਰਜਨੀਸ਼ ਮਿੱਤਲ ਦੇ ਮਾਤਾ-ਪਿਤਾ ਪਿਛਲੇ ਥੋੜ੍ਹੇ ਸਮੇਂ ਵਿੱਚ ਹੀ ਪ੍ਰਮਾਤਮਾ ਦੇ ਚਰਨੀ ਜਾ ਬਿਰਾਜੇ ਹਨ।ਰਜਨੀਸ਼ ਮਿੱਤਲ ਸ਼ੈਂਟੀ ਆਪਣੇ ਪਿੱਛੇ ਆਪਣੀ ਧਰਮ ਪਤਨੀ ਮਮਤਾ ਮਿੱਤਲ, ਇੱਕ ਪੁੱਤਰੀ ਤੇ ਪੁੱਤਰ ਮਯੰਕ ਮਿੱਤਲ ਨੂੰ ਛੱਡ ਗਏ ਹਨ।ਇਸ ਮੌਕੇ ਜੀਵਨ ਪ੍ਰਕਾਸ਼ ਬਾਂਸਲ, ਅਮਨ ਗੁਪਤਾ, ਜੇ ਪੀ ਗੁਪਤਾ, ਰਵਨੀਸ਼ ਗੋਇਲ, ਨਿਤਿਨ ਜੈਨ, ਪ੍ਰਵੀਨ ਮਿੱਤਲ ਗੋਗੀ, ਗੌਰਵ ਗਾਬਾ, ਵਿਨਾਇਕ ਮਲਹੋਤਰਾ, ਵਿਨੋਦ ਕਾਲੜਾ, ਚਰਨਜੀਤ ਬਾਤਿਸ਼, ਰੋਹਿਤ ਜਿੰਦਲ, ਹਰਿ ਕ੍ਰਿਸ਼ਨ ਸੇਠ, ਸੁਭਾਸ਼ ਸਹਿਗਲ, ਸ਼ਾਂਤੀ ਪ੍ਰਕਾਸ਼ ਛਾਬੜਾ, ਵਿਨੇ ਗੁਪਤਾ, ਵਿਵੇਕ ਸਿੰਗਲਾ, ਰਾਮ ਕ੍ਰਿਸ਼ਨ ਭੱਲਾ, ਆਪ ਸ਼ਹਿਰੀ ਬਲਾਕ ਪ੍ਰਧਾਨ ਸੰਦੀਪ ਸ਼ਰਮਾ, ਗੁਰਜੰਟ ਸਿੰਘ ਦੁੱਲਦੀ, ਵਿਕਾਸ ਗਰਗ, ਸੁਰਿੰਦਰ ਗੁਪਤਾ, ਸਲੀਮ ਮੁਹੰਮਦ, ਹਰਪ੍ਰੀਤ ਸਿੰਘ ਪ੍ਰੀਤ, ਮੋਹਨ ਲਾਲ ਵਰਮਾ, ਕੁਲਦੀਪ ਸਿੰਘ ਬੱਬਰ ਆਦਿ ਵੱਲੋਂ ਪਰਿਵਾਰਕ ਮੈਂਬਰਾਂ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।

## ਜ਼ਮੀਨ ਦੀ ਰੰਜਿਸ਼ ਨੂੰ ਲੈ ਕੇ ਨੌਜਵਾਨ ਦੀ ਕੁੱਟਮਾਰ, ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਮੱਲਾਂਵਾਲਾ ਅਧੀਨ ਆਉਂਦੇ ਪਿੰਡ ਮਾਸ਼ੀਏ ਕੇ ਵਿਖੇ ਜ਼ਮੀਨ ਦੀ ਰੰਜਿਸ਼ ਦੇ ਚੱਲਦਿਆਂ ਇੱਕ ਨੌਜਵਾਨ ਦੇ ਸੱਟਾਂ ਮਾਰਨ ਦੇ ਦੋਸ਼ ਵਿੱਚ ਥਾਣਾ ਮੱਲਾਂਵਾਲਾ ਪੁਲਸ ਨੇ 7 ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਕਸ਼ਮੀਰ ਕੌਰ ਪਤਨੀ ਸਵ. ਦੂਲਾ ਸਿੰਘ ਵਾਸੀ ਮਾਸ਼ੀਏ ਕੇ ਨੇ ਦੱਸਿਆ ਕਿ ਉਨ੍ਹਾਂ ਦਾ ਜ਼ਮੀਨ ਦੀ ਵੰਡ ਨੂੰ ਲੈ ਕੇ ਬਲਕਾਰ ਸਿੰਘ ਪੁੱਤਰ ਮੰਗਲ ਸਿੰਘ ਹੋਰਾਂ ਨਾਲ ਤਕਰਾਰ ਚੱਲਦਾ ਹੈ। ਕਸ਼ਮੀਰ ਕੌਰ ਨੇ ਦੱਸਿਆ ਕਿ 16 ਜੂਨ 2025 ਨੂੰ ਕਰੀਬ 9 ਵਜੇ ਬਲਕਾਰ ਸਿੰਘ ਪੁੱਤਰ ਮੰਗਲ ਸਿੰਘ, ਗੁਰਜੰਟ ਸਿੰਘ ਪੁੱਤਰ ਮੰਗਲ ਸਿੰਘ, ਦੀਦਾਰ ਸਿੰਘ ਪੁੱਤਰ ਗੁਲਾਬ ਸਿੰਘ, ਅੰਮ੍ਰਿਤਪਾਲ ਸਿੰਘ ਪੁੱਤਰ ਬਲਕਾਰ ਸਿੰਘ, ਗੁਰਜੀਤ ਸਿੰਘ ਪੁੱਤਰ ਗੁਰਜੰਟ ਸਿੰਘ, ਜੱਗਾ ਸਿੰਘ ਦੀ ਘਰਵਾਲੀ ਵਾਸੀਆਨ ਮਾਸ਼ੀਏ ਕੇ ਸਾਡੀ ਜ਼ਮੀਨ ਵਾਹੁਣ ਲੱਗੇ ਤੇ ਉਸ ਦੇ ਲੜਕਾ ਆਪਣੀ ਪੈਲੀ ਵਿਚ ਖੜ੍ਹਾ ਸੀ ਤਾਂ ਉਕਤ ਦੋਸ਼ੀਆਨ ਨੇ ਸੱਟਾਂ ਮਾਰੀਆਂ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਸੁਖਪਾਲ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

## ਸਮਾਜ ਸੇਵੀ ਵਿਪੁਲ ਨਾਰੰਗ ਦਾ ਪ੍ਰੈੱਸ ਕਲੱਬ ਵੱਲੋਂ ਸਨਮਾਨ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸਮਾਜਿਕ ਸੇਵਾ ਖੇਤਰ ਵਿੱਚ ਵਧ-ਚੜ੍ਹ ਕੇ ਯੋਗਦਾਨ ਪਾਉਣ ਵਾਲੇ ਪ੍ਰਸਿੱਧ ਸਮਾਜ ਸੇਵਕ ਵਿਪੁਲ ਨਾਰੰਗ ਨੂੰ ਪ੍ਰੈੱਸ ਕਲੱਬ ਫ਼ਿਰੋਜ਼ਪੁਰ ਵੱਲੋਂ ਸਨਮਾਨਤ ਕੀਤਾ ਗਿਆ। ਸਮਾਜ ਭਲਾਈ ਲਈ ਲਗਾਤਾਰ ਕੰਮ ਕਰਦੇ ਹੋਏ ਵਿਅਕਤੀਗਤ ਤੇ ਸੰਗਠਨਕ ਪੱਧਰ 'ਤੇ ਕਈ ਯੋਗਦਾਨ ਦਿੱਤੇ ਹਨ। ਹਾਲ ਹੀ ਵਿੱਚ ਉਨ੍ਹਾਂ ਨੇ ਫ਼ਿਰੋਜ਼ਪੁਰ ਛਾਵਣੀ 'ਚ ਸਥਿਤ ਮੁਸਕਾਨ ਸਪੈਸ਼ਲ ਸਕੂਲ ਨੂੰ ਗਰਮੀ ਤੋਂ ਬਚਾਅ ਲਈ ਏ. ਸੀ. ਦਾਨ ਕੀਤਾ। ਇਸ ਤੋਂ ਪਹਿਲਾਂ ਉਹ ਫ਼ਿਰੋਜ਼ਪੁਰ ਸਿਟੀ ਦੇ ਬੱਚਿਆਂ ਲਈ ਪਾਣੀ ਵਾਲਾ ਏਅਰ ਕੂਲਰ, ਫਰਿੱਜ, ਕੰਪਿਊਟਰ, ਦਵਾਈਆਂ, ਓਪਰੇਸ਼ਨ ਲਈ ਸਹਾਇਤਾ ਅਤੇ ਖੇਡ ਸਮੱਗਰੀ ਵਰਗੀਆਂ ਚੀਜ਼ਾਂ ਉਪਲਬਧ ਕਰਵਾ ਚੁੱਕੇ ਹਨ। ਵਿਪੁਲ ਨਾਰੰਗ ਨੇ ਵਿਅੰਗਤਾ ਨਾਲ ਪੀੜਤ ਬੱਚਿਆਂ ਲਈ ਕਈ ਵਾਰ ਬਨਾਵਟੀ ਹੱਥ ਵੀ ਲਗਵਾਏ ਹਨ। ਉਨ੍ਹਾਂ 50 ਤੋਂ ਵੱਧ ਵਾਰ ਖੂਨ ਦਾਨ ਕੀਤਾ ਹੈ। ਉਨ੍ਹਾਂ ਵੱਲੋਂ ਵਿਦਿਆਰਥੀਆਂ ਨੂੰ ਐਨਕਾਂ, ਹਾਕੀ ਖਿਡਾਰੀ ਨੂੰ ਕਿਟਸ, ਨੇਤਰਹੀਣਾਂ ਲਈ ਈ-ਰਿਕਸ਼ਾ ਵਰਗੀਆਂ ਸਹੂਲਤਾਂ ਦਿੱਤੀਆਂ ਗਈਆਂ ਹਨ। ਵਿਪੁਲ ਨਾਰੰਗ ਇੰਡੀਅਨ ਰੈੱਡ ਕਰਾਸ ਸੋਸਾਇਟੀ ਦੇ ਪੈਟਰਨ ਵੀ ਹਨ। ਉਨ੍ਹਾਂ ਦੀ ਇਨ੍ਹਾਂ ਸੇਵਾਵਾਂ ਕਰਕੇ ਹੀ ਉਨ੍ਹਾਂ ਨੂੰ "ਯਸ ਮੈਨ" ਕਿਹਾ ਜਾਂਦਾ ਹੈ, ਕਿਉਂਕਿ ਉਹ ਹਰ ਸਮੇਂ ਮਦਦ ਲਈ ਤੱਤਪਰ ਰਹਿੰਦੇ ਹਨ।

## ਭਾਰਤ ਵਿਕਾਸ ਪ੍ਰੀਸ਼ਦ ਨੇ 120 ਸ਼ਰਧਾਲੂਆਂ ਨੂੰ ਤੁਲਸੀ ਦੇ ਪੌਦੇ ਵੰਡੇ



**ਨਾਭਾ (ਵਰਿੰਦਰ ਵਰਮਾ)**-ਭਾਰਤ ਵਿਕਾਸ ਪ੍ਰੀਸ਼ਦ ਇਕਾਈ ਨਾਭਾ ਵੱਲੋਂ ਸ੍ਰੀ ਹਨੂੰਮਾਨ ਮੰਦਰ ਬਠਿੰਡੀਆ ਮੁਹੱਲਾ ਵਿਖੇ ਤੁਲਸੀ ਦੇ ਪੌਦੇ ਵੰਡੇ ਗਏ।ਇਸ ਮੌਕੇ ਸੰਸਥਾ ਦੇ ਪ੍ਰਧਾਨ ਨਰਿੰਦਰ ਵਰਮਾ, ਜਨਰਲ ਸਕੱਤਰ ਵਿਕਾਸ ਮਿੱਤਲ ਤੇ ਕੈਸ਼ੀਅਰ ਅਸ਼ਵਨੀ ਮਦਾਨ ਨੇ ਸਾਂਝੇ ਤੌਰ 'ਤੇ ਕਿਹਾ ਕਿ ਸੰਸਥਾ ਵੱਲੋਂ ਹਮੇਸ਼ਾ ਹੀ ਸਮਾਜ ਭਲਾਈ ਦੇ ਕਾਰਜ ਕੀਤੇ ਜਾਂਦੇ ਹਨ, ਉੱਥੇ ਹੀ ਵੀਰਵਾਰ ਮੰਦਰ ਵਿੱਚ ਆਉਣ ਵਾਲੇ ਸ਼ਰਧਾਲੂਆਂ ਨੂੰ 120 ਤੁਲਸੀ ਦੇ ਪੌਦੇ ਵੰਡੇ ਗਏ ਹਨ।ਉਨ੍ਹਾਂ ਕਿਹਾ ਕਿ ਘਰਾਂ ਦੇ ਵਿਹੜਿਆਂ ਤੇ ਛੱਤਾਂ 'ਤੇ ਪਾਈ ਜਾਂਦੀ ਤੁਲਸੀ ਹਿੰਦੂ ਮਾਨਤਾਵਾਂ ਅਨੁਸਾਰ ਪੂਜਣਯੋਗ ਹੈ, ਪਰ ਤੁਲਸੀ ਸਿਰਫ਼ ਇੱਕ ਪੌਦਾ ਨਹੀਂ ਹੈ, ਬਲਕਿ ਇਸ ਦੀ ਵਰਤੋਂ ਇੱਕ ਜੜ੍ਹੀ ਬੂਟੀ ਦੇ ਰੂਪ ਵਿੱਚ ਵੀ ਕੀਤੀ ਜਾਂਦੀ ਹੈ।ਤੁਲਸੀ ਵਿੱਚ ਕਈ ਬਿਮਾਰੀਆਂ ਨਾਲ ਲੜਨ ਦੀ ਸਮਰੱਥਾ ਹੁੰਦੀ ਹੈ, ਇਸ ਲਈ ਇਸ ਨੂੰ 'ਜੜ੍ਹੀ ਬੂਟੀਆਂ ਦੀ ਰਾਣੀ' ਵੀ ਕਿਹਾ ਜਾਂਦਾ ਹੈ।ਉਨ੍ਹਾਂ ਕਿਹਾ ਕਿ ਤੁਲਸੀ ਦੇ ਬਹੁਤ ਸਾਰੇ ਫਾਇਦੇ ਹੁੰਦੇ ਹਨ, ਜਿਵੇਂ ਇਮਿਊਨਿਟੀ ਵਧਾਉਂਦੀ ਹੈ, ਤੁਲਸੀ ਦੇ ਬੀਜਾਂ ਵਿੱਚ ਫਲੇਵੋਨੋਇਡ ਤੇ ਫੀਨੋਲਿਕ ਹੁੰਦੇ ਹਨ, ਜੋ ਮਨੁੱਖੀ ਸਰੀਰ ਵਿੱਚ ਇਮਿਊਨ ਸਿਸਟਮ ਨੂੰ ਸੁਧਾਰਦੇ ਹਨ।ਤੁਲਸੀ ਐਂਟੀ-ਆਕਸੀਡੈਂਟ ਗੁਣਾਂ ਨਾਲ ਭਰਪੂਰ ਹੁੰਦੀ ਹੈ, ਜੋ ਸਰੀਰ ਨੂੰ ਫ੍ਰੀ ਰੈਡੀਕਲਸ ਦੇ ਕਾਰਨ ਹੋਣ ਵਾਲੇ ਨੁਕਸਾਨ ਤੋਂ ਬਚਾਉਂਦੀ ਹੈ।ਉਨ੍ਹਾਂ ਕਿਹਾ ਕਿ ਤੁਲਸੀ ਦੀਆਂ ਪੱਤੀਆਂ ਨੂੰ ਚਬਾ ਕੇ ਜਾਂ ਹਰਬਲ ਟੀ ਬਣਾ ਕੇ ਪੀਂਦੇ ਹਾਂ ਤਾਂ ਇਸ ਨਾਲ ਸਰੀਰ ਨੂੰ ਫਾਇਦਾ ਹੁੰਦਾ ਹੈ।ਇਸ ਨਾਲ ਵਿਅਕਤੀ ਦਾ ਇਮਿਊਨਿਟੀ ਸਿਸਟਮ ਮਜ਼ਬੂਤ ? ?ਹੁੰਦਾ ਹੈ, ਉਸ ਨੂੰ ਬੀਮਾਰੀਆਂ ਘੱਟ ਹੁੰਦੀਆਂ ਹਨ।ਤੁਲਸੀ ਵਿਅਕਤੀ ਨੂੰ ਜ਼ੁਕਾਮ ਤੇ ਫਲੂ ਤੋਂ ਰਾਹਤ ਦੇਣ ਦਾ ਵੀ ਕੰਮ ਕਰਦੀ ਹੈ।ਐਂਟੀਸਪਾਸਮੋਡਿਕ ਪ੍ਰਭਾਵ ਵਾਲੀ ਤੁਲਸੀ ਜ਼ੁਕਾਮ ਤੇ ਫਲੂ ਤੋਂ ਪੀੜਤ ਲੋਕਾਂ ਦੀ ਮਦਦ ਕਰਦੀ ਹੈ।ਇਸ ਦੇ ਨਾਲ ਹੀ ਇਸ ਦੀ ਵਰਤੋਂ ਨਾਲ ਬੁਖਾਰ 'ਚ ਵੀ ਰਾਹਤ ਮਿਲਦੀ ਹੈ।ਉਨ੍ਹਾਂ ਕਿਹਾ ਕਿ ਲੋਕਾਂ ਦੀ ਤੁਲਸੀ 'ਤੇ ਸਭ ਤੋਂ ਪਹਿਲਾਂ ਨਜ਼ਰ ਪੈਂਦੀ ਹੈ, ਇਸ ਲਈ ਇਹ ਪੌਦਾ ਸਭ ਤੋਂ ਵੱਧ ਅਸਰਦਾਰ ਹੁੰਦਾ ਹੈ।ਇਸ ਮੌਕੇ ਪੰਜਾਬ ਮਹਿਲਾ ਪ੍ਰਧਾਨ ਗੀਤਾ ਸਿੰਗਲਾ, ਸੰਤ ਸਿੰਗਲਾ, ਮਹਿਲਾ ਪ੍ਰਧਾਨ ਹੀਨਾ ਸਿੰਗਲਾ, ਲਲੀਤਾ ਵਰਮਾ, ਅੰਕੁਰ ਸਿੰਗਲਾ, ਦੀਪਕ ਕੁਮਾਰ, ਬਲਦੇਵ ਕੁਮਾਰ, ਰਾਜਿੰਦਰ ਵਰਮਾ, ਹੰਸ ਰਾਜ ਵਰਮਾ, ਸੰਨੀ ਰਹੇਜਾ, ਵਿਪਨ ਕੁਮਾਰ ਆਦਿ ਹਾਜ਼ਰ ਸਨ।

## ਐੱਨ ਸੀ ਸੀ ਕੈਡਿਟਸ, ਸੈਨਾ ਤੇ ਬੀ ਐੱਸ ਐੱਫ ਨੇ ਮਿਲ ਕੇ ਮਨਾਇਆ ਅੰਤਰਰਾਸ਼ਟਰੀ ਯੋਗ ਦਿਵਸ



**ਫ਼ਿਰੋਜ਼ਪੁਰ (ਗੁਰਬਚਨ ਸਿੰਘ)**-ਹੁਸੈਨੀਵਾਲਾ ਸਥਿਤ ਰਾਸ਼ਟਰੀ ਸ਼ਹੀਦ ਸਮਾਰਕ ਵਿਖੇ 13 ਪੰਜਾਬ ਬਟਾਲੀਅਨ ਐਨਸੀਸੀ, ਫਿਰੋਜ਼ਪੁਰ ਦੇ ਕੈਡਿਟਸ ਨੇ ਭਾਰਤੀ ਸੈਨਾ ਅਤੇ ਸੀਮਾ ਸੁਰੱਖਿਆ ਬਲ ਦੇ ਜਵਾਨਾਂ ਨਾਲ ਮਿਲ ਕੇ ਅੰਤਰਰਾਸ਼ਟਰੀ ਯੋਗ ਦਿਵਸ ਮਨਾਉਣ ਲਈ ਯੋਗ ਸੰਗਮ ਦਾ ਆਯੋਜਨ ਕੀਤਾ।ਪ੍ਰੋਗਰਾਮ ਵਿੱਚ 100 ਤੋਂ ਵੱਧ ਮੁਕਾਬਲੇਬਾਜ਼ਾਂ ਨੇ ਹਿੱਸਾ ਲਿਆ, ਜਿਨ੍ਹਾਂ ਨੇ ਸਰੀਰਕ, ਮਾਨਸਿਕ ਤੇ ਅਧਿਆਤਮਿਕ ਸਿਹਤ ਨੂੰ ਵਧਾਉਣ ਵਾਲੇ ਯੋਗ ਨੂੰ ਇੱਕ ਵਿਸ਼ਵਵਿਆਪੀ ਅੰਦੋਲਨ ਵਜੋਂ ਪ੍ਰਚਾਰਿਆ।ਅੰਤਰਰਾਸ਼ਟਰੀ ਯੋਗ ਦਿਵਸ-2025 ਦਾ ਥੀਮ ਸੀ 'ਇੱਕ ਧਰਤੀ, ਇੱਕ ਸਿਹਤ ਲਈ ਯੋਗ।' ਸਵੇਰੇ 7 ਵਜੇ ਸੀਮਾ ਚੌਂਕੀ ਨੇੜੇ ਸ਼ੁਰੂ ਹੋਏ ਇਸ ਸਮਾਗਮ ਵਿੱਚ ਪ੍ਰਤੀਭਾਗੀਆਂ ਨੇ ਪ੍ਰਮਾਣਿਤ ਯੋਗ ਟਰੇਨਰਾਂ ਦੀ ਅਗਵਾਈ ਹੇਠ ਵੱਖ-ਵੱਖ ਯੋਗ ਆਸਣਾਂ ਦਾ ਅਭਿਆਸ ਕੀਤਾ।ਐਨਸੀਸੀ ਕੈਡਿਟਸ, ਜੋ ਆਪਣੇ ਅਨੁਸ਼ਾਸਨ ਅਤੇ ਜੋਸ਼ ਲਈ ਜਾਣੇ ਜਾਂਦੇ ਹਨ, ਨੇ ਸੈਨਾ ਤੇ ਬੀਐੱਸਐੱਫ ਦੇ ਅਨੁਭਵੀ ਜਵਾਨਾਂ ਨਾਲ ਮਿਲ ਕੇ ਸਮਨਵਿਤ ਯੋਗ ਆਸਣ ਪੇਸ਼ ਕੀਤੇ, ਜਿਸ ਨਾਲ ਏਕਤਾ ਤੇ ਸ਼ਕਤੀ ਦਾ ਪ੍ਰੇਰਣਾਦਾਇਕ ਮਾਹੌਲ ਸਿਰਜਿਆ ਗਿਆ।ਸੈਸ਼ਨ ਦਾ ਸਮਾਪਨ ਸਮੂਹਿਕ ਸਾਧਨਾ ਨਾਲ ਹੋਇਆ, ਜਿਸ ਨੇ ਸ਼ਾਂਤੀ ਤੇ ਏਕਤਾ ਦੀ ਭਾਵਨਾ ਨੂੰ ਹੋਰ ਮਜ਼ਬੂਤ ਕੀਤਾ।ਇਸ ਸਹਿਯੋਗੀ ਪਹਿਲ ਨੇ ਸਿਹਤ, ਅਨੁਸ਼ਾਸਨ ਤੇ ਰਾਸ਼ਟਰੀ ਏਕਤਾ ਨੂੰ ਉਤਸ਼ਾਹਤ ਕਰਨ ਲਈ ਐਨਸੀਸੀ, ਭਾਰਤੀ ਸੈਨਾ ਅਤੇ ਬੀਐੱਸਐੱਫ ਦੀ ਸਾਂਝੀ ਵਚਨਬੱਧਤਾ ਨੂੰ ਉਜਾਗਰ ਕੀਤਾ।ਐਨਸੀਸੀ ਕੈਡਿਟਸ ਦੀ ਸ਼ਮੂਲੀਅਤ ਨੇ ਨੌਜਵਾਨ ਸਸ਼ਕਤੀਕਰਨ ਦੇ ਰਾਜਦੂਤ ਵਜੋਂ ਉਨ੍ਹਾਂ ਦੀ ਭੂਮਿਕਾ ਨੂੰ ਪ੍ਰਮੁੱਖ ਕੀਤਾ, ਜਦਕਿ ਸੈਨਾ ਤੇ ਬੀਐੱਸਐੱਫ ਜਵਾਨਾਂ ਦੀ ਮੌਜੂਦਗੀ ਨੇ ਰਾਸ਼ਟਰ ਪ੍ਰਤੀ ਸਮਰਪਣ ਅਤੇ ਸ਼ਕਤੀ ਦਾ ਪ੍ਰਤੀਕ ਪੇਸ਼ ਕੀਤਾ। ਸਮਾਗਮ ਨੇ ਭਾਈਚਾਰਿਆਂ ਨੂੰ ਸਮੁੱਚੀ ਸਿਹਤ ਲਈ ਰੋਜ਼ਾਨਾ ਅਭਿਆਸ ਵਜੋਂ ਯੋਗ ਅਪਣਾਉਣ ਲਈ ਪ੍ਰੇਰਤ ਕੀਤਾ।

## ਅੰਤਰ-ਰਾਸ਼ਟਰੀ ਯੋਗ ਦਿਵਸ ਅੱਜ ਮਨਾਇਆ ਜਾਵੇਗਾ : ਹਰਪ੍ਰੀਤ ਸਿੰਘ



**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਦੀ ਅਗਵਾਈ ਹੇਠ 21 ਜੂਨ ਨੂੰ ਸਵੇਰੇ 6 ਵਜੇ ਤੋਂ ਸਵੇਰੇ 7 ਵਜੇ ਤੱਕ ਬਾਬਾ ਬੰਦਾ ਸਿੰਘ ਬਹਾਦਰ ਕਾਲਜ ਦੇ ਜਿਮਨੇਜ਼ੀਅਮ ਹਾਲ ਵਿਖੇ ਅੰਤਰ ਰਾਸ਼ਟਰੀ ਯੋਗ ਦਿਵਸ ਮਨਾਇਆ ਜਾ ਰਿਹਾ ਹੈ। ਇਸ ਦਿਵਸ ਮੌਕੇ ਹੋਣ ਵਾਲੇ ਜ਼ਿਲ੍ਹਾ ਪੱਧਰੀ ਸਮਾਗਮ ਦੀਆਂ ਤਿਆਰੀਆਂ ਵਜੋਂ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਅਧਿਕਾਰੀਆਂ ਦੀ ਮੀਟਿੰਗ ਹੋਈ, ਜਿਸ ਦੀ ਪ੍ਰਧਾਨਗੀ ਵਧੀਕ ਡਿਪਟੀ ਕਮਿਸ਼ਨਰ (ਜ) ਹਰਪ੍ਰੀਤ ਸਿੰਘ ਨੇ ਕੀਤੀ।ਉਨ੍ਹਾਂ ਦੱਸਿਆ ਕਿ ਲੋਕਾਂ ਨੂੰ ਸਿਹਤਮੰਦ ਜੀਵਨ ਜਿਊਣ ਲਈ ਪ੍ਰੇਰਿਤ ਕਰਨ ਦੇ ਉਦੇਸ਼ ਨਾਲ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਦੇ ਪਿੰਡਾਂ ਤੇ ਸ਼ਹਿਰੀ ਵਾਰਡਾਂ ਵਿਖੇ ਸੀ. ਐੱਮ. ਦੀ ਯੋਗਸ਼ਾਲਾ ਤਹਿਤ ਨਿਯਮਤ ਤੌਰ 'ਤੇ ਸਵੇਰ ਤੋਂ ਸ਼ਾਮ ਤੱਕ ਯੋਗ ਦੇ 180 ਮੁਫ਼ਤ ਸੈਸ਼ਨ ਲੱਗ ਰਹੇ ਹਨ।ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹੋਰ ਬਲਾਕਾਂ ਵਿੱਚ ਵੀ ਅੰਤਰ ਰਾਸ਼ਟਰੀ ਯੋਗ ਦਿਵਸ ਮਨਾਇਆ ਜਾਵੇਗਾ, ਜਿਸ ਵਿੱਚ ਲੋਕਾਂ ਨੂੰ ਵਧ ਚੜ੍ਹ ਕੇ ਸ਼ਾਮਲ ਹੋਣਾ ਚਾਹੀਦਾ ਹੈ।ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਅਮਲੋਹ ਦਾ ਯੋਗ ਕੈਂਪ ਦੇਸ਼ ਭਗਤ ਯੂਨੀਵਰਸਿਟੀ, ਮੰਡੀ ਗੋਬਿੰਦਗੜ੍ਹ ਦਾ ਕੈਂਪ ਸੈਕਟਰ 20 ਡੀ, ਸ਼ਿਵ ਮੰਦਰ ਧਰਮਸ਼ਾਲਾ, ਨਿਊ ਸੁਭਾਸ਼ ਨਗਰ, ਬਸੀ ਪਠਾਣਾਂ ਦਾ ਕੈਂਪ ਆਈ.ਟੀ.ਆਈ. ਗਰਾਊਡ ਤੇ ਖਮਾਣੋਂ ਦਾ ਕੈਂਪ ਉੱਚਾ ਪਿੰਡ ਦੇ ਸਰਕਾਰੀ ਸਕੂਲ ਲੜਕਿਆਂ ਦੇ ਗਰਾਊਂਡ ਵਿਖੇ ਲਗਾਇਆ ਜਾਵੇਗਾ।ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਰਿੰਦਰ ਸਿੰਘ ਧਾਲੀਵਾਲ, ਐੱਸ.ਡੀ.ਐੱਮ. ਅਰਵਿੰਦ ਗੁਪਤਾ, ਐੱਸ.ਡੀ.ਐੱਮ. ਬਸੀ ਪਠਾਣਾ ਹਰਵੀਰ ਕੌਰ, ਐੱਸ.ਡੀ.ਐੱਮ. ਅਮਲੋਹ ਚੇਤਨ ਬੰਗੜ, ਐੱਸ.ਡੀ.ਐੱਮ. ਖਮਾਣੋਂ ਮਨਰੀਤ ਰਾਣਾ ਸਮੇਤ ਹੋਰ ਅਧਿਕਾਰੀ ਮੌਜੂਦ ਸਨ।

## ਸਿਹਤ ਵਿਭਾਗ ਦੀ ਟੀਮ ਨੇ ਡੇਂਗੂ ਦੇ ਲਾਰਵਾ ਦੀ ਕੀਤੀ ਚੈਕਿੰਗ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਡਾਇਰੈਕਟਰ ਸਿਹਤ ਤੇ ਪਰਵਾਰ ਭਲਾਈ ਪੰਜਾਬ ਦੇ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਫਿਰੋਜ਼ਪੁਰ ਵਿੱਚ ਵੱਖ ਵੱਖ ਟੀਮਾਂ ਦਾ ਗਠਨ ਕਰਕੇ ਵੱਖ ਵੱਖ ਏਰੀਏ ਵਿੱਚ ਡੇਂਗੂ ਦੇ ਲਾਰਵੇ ਦੀ ਚੈਕਿੰਗ ਕੀਤੀ ਗਈ। ਸਿਵਲ ਸਰਜਨ ਫਿਰੋਜ਼ਪੁਰ ਡਾ. ਰਾਜਿੰਦਰ ਕੌਰ ਤੇ ਜ਼ਿਲ੍ਹਾ ਐਪੀਲੀਮੋਲੋਜਿਸਟ ਡਾ. ਸੁਮਿੰਦਰ ਪਾਲ ਕੌਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਪ੍ਰੋਗਰਾਮ ਅਫਸਰਾਂ ਤੇ ਟੀਮਾਂ ਵੱਲੋਂ ਨਰਸਰੀਆਂ ਖਾਲੀ ਪਲਾਟਾਂ ਤੇ ਉਸਾਰੀ ਅਧੀਨ ਜਗ੍ਹਾ ਤੇ ਡੇਂਗੂ ਲਾਰਵੇ ਦੀ ਚੈਕਿੰਗ ਕੀਤੀ ਗਈ। ਹਰਜੀਤ ਸਿੰਘ ਕੰਗ ਸਹਾਇਕ ਮਲੇਰੀਆ ਅਫਸਰ ਵੱਲੋਂ ਦੱਸਿਆ ਗਿਆ ਕਿ ਛੋਟੀਆਂ ਛੋਟੀਆਂ ਸਾਵਧਾਨੀਆਂ ਵਰਤ ਕੇ ਡੇਂਗੂ ਨੂੰ ਫੈਲਣ ਤੋਂ ਰੋਕਿਆ ਜਾ ਸਕਦਾ ਹੈ। ਕਿਤੇ ਵੀ ਸਾਫ ਪਾਣੀ ਖੜ੍ਹਾ ਨਾ ਰਹਿਣ ਦਿੱਤਾ ਜਾਵੇ। ਸਿਹਤ ਵਿਭਾਗ ਵੱਲੋਂ ਹਰ ਸ਼ੁੱਕਰਵਾਰ ਡਰਾਈ ਡੇ ਫਰਾਈ ਡੇ ਤੌਰ 'ਤੇ ਮਨਾਇਆ ਜਾਂਦਾ ਹੈ। ਉਨ੍ਹਾਂ ਸਾਰੇ ਨਿਵਾਸੀਆਂ ਨੂੰ ਅਪੀਲ ਕੀਤੀ ਗਈ ਕਿ ਹਰ ਸ਼ੁੱਕਰਵਾਰ ਆਪਣੇ ਘਰਾਂ ਦੀ ਸਾਫ ਸਫਾਈ ਜਿਵੇਂ ਕੇ ਫਰਿੱਜ ਦੇ ਬੈਕਸਾਈਡ 'ਤੇ ਲੱਗੀ ਪਾਣੀ ਵਾਲੀ ਟਰੇਅ ਨੂੰ ਰਗੜ ਕੇ ਸਾਫ ਕੀਤਾ ਜਾਵੇ। ਘਰਾਂ ਵਿੱਚ ਹਵਾਦਾਰ ਕੂਲਰਾਂ ਨੂੰ ਹਫਤੇ ਵਿੱਚ ਇਕ ਵਾਰ ਸਾਫ ਜ਼ਰੂਰ ਕੀਤਾ ਜਾਵੇ। ਬੁਖਾਰ ਹੋਣ ਨੇੜੇ ਦੀ ਸਰਕਾਰੀ ਸਿਹਤ ਸੰਸਥਾ ਤੋਂ ਖੂਨ ਦੀ ਜਾਂਚ ਕਰਵਾਈ ਜਾਵੇ, ਜੋ ਕਿ ਬਿਲਕੁੱਲ ਮੁਫਤ ਕੀਤੀ ਜਾਂਦੀ ਹੈ। ਅੱਜ ਸਿਹਤ ਵਿਭਾਗ ਦੀਆਂ ਟੀਮਾਂ ਵਿੱਚ ਪੁਨੀਤ ਮਹਿਤਾ, ਰਮਨ ਕੁਮਾਰ, ਰਵਿੰਦਰ ਕੁਮਾਰ, ਰਾਕੇਸ਼ ਕੰਬੋਜ਼, ਸ਼ੇਰ ਸਿੰਘ, ਰਾਕੇਸ਼ ਕੁਮਾਰ ਅਤੇ ਪ੍ਰੋਗਰਾਮ ਅਫਸਰ ਡਾ. ਹਰਪ੍ਰੀਤ ਕੌਰ, ਡਾ. ਮਨਾਕਸ਼ੀ, ਡਾ. ਸੁਸਮਾ ਠੁਕਰਾਲ ਆਦਿ ਹਾਜ਼ਰ ਸਨ।

## ਜਮਹੂਰੀ ਅਧਿਕਾਰ ਸਭਾ ਵੱਲੋਂ ਆਦਿਵਾਸੀਆਂ ਦੇ ਕਤਲਾਂ ਤੇ ਉਜਾੜੇ ਵਿਰੁੱਧ ਕਨਵੈਨਸ਼ਨ 30 ਨੂੰ



ਨਵਾਂਸ਼ਹਿਰ ( ਬੁਲਵਿੰਦਰ ਸਿੰਘ ਦੁਰਗਾਪੁਰੀਆ)- ਜਮਹੂਰੀ ਅਧਿਕਾਰ ਸਭਾ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਲੋਂ ਕੇਂਦਰ ਦੀ ਮੋਦੀ ਸਰਕਾਰ ਅਤੇ ਕਈ ਰਾਜ ਸਰਕਾਰਾਂ ਦੁਆਰਾ ਕੀਤੇ ਜਾ ਰਹੇ ਆਦਿਵਾਸੀਆਂ ਦੇ ਉਜਾੜੇ ਅਤੇ ਕਤਲਾਂ ਦੇ ਵਿਰੋਧ ਵਿੱਚ 30 ਜੂਨ ਨੂੰ ਸ਼ਹੀਦ ਮਲਕੀਤ ਚੰਦ ਮੇਹਲੀ ਭਵਨ, ਬੰਗਾ ਰੋਡ ਨਵਾਂਸ਼ਹਿਰ ਵਿਖੇ ਕਨਵੈਨਸ਼ਨ ਕੀਤੀ ਜਾਵੇਗੀ। ਇਹ ਫੈਸਲਾ ਅੱਜ ਸਭਾ ਦੀ ਜ਼ਿਲ੍ਹਾ ਕਮੇਟੀ ਦੀ ਹੋਈ ਮੀਟਿੰਗ ਵਿਚ ਕੀਤਾ ਗਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਭਾ ਦੇ ਜ਼ਿਲ੍ਹਾ ਸਕੱਤਰ ਜਸਬੀਰ ਦੀਪ ਨੇ ਕਿਹਾ ਕਿ ਮੋਦੀ ਸਰਕਾਰ ਅਤੇ ਰਾਜ ਸਰਕਾਰਾਂ ਛੱਤੀਸਗੜ੍ਹ, ਝਾਰਖੰਡ, ਮਹਾਰਾਸ਼ਟਰ, ਮੱਧ ਪ੍ਰਦੇਸ਼, ਤੇਲੰਗਾਨਾ, ਉੜੀਸਾ, ਆਂਧਰਾ ਪ੍ਰਦੇਸ਼, ਕਰਨਾਟਕਾ ਆਦਿ ਸੂਬਿਆਂ ਦੇ ਜੰਗਲਾਂ ਅਤੇ ਪਹਾੜਾਂ ਹੇਠ ਛੁਪੇ ਕੀਮਤੀ ਖਣਿਜ ਪਦਾਰਥਾਂ ਨੂੰ ਆਪਣੇ ਚਹੇਤੇ ਦੇਸੀ ਅਤੇ ਵਿਦੇਸ਼ੀ ਕਾਰਪੋਰੇਟਾਂ ਨੂੰ ਕੌਡੀਆਂ ਦੇ ਭਾਅ ਲੁਟਾਉਣਾ ਚਾਹੁੰਦੀਆਂ ਹਨ।ਜੇਕਰ ਜੰਗਲਾਂ ਅਤੇ ਪਹਾੜਾਂ ਦਾ ਕਾਰਪੋਰੇਟ ਉਜਾੜਾ ਕਰਦੇ ਹਨ ਤਾਂ ਆਦਿਵਾਸੀਆਂ ਦਾ ਵੀ ਵੱਡੀ ਪੱਧਰ ਉਤੇ ਉਜਾੜਾ ਹੋ ਜਾਵੇਗਾ।ਇਸ ਲਈ ਆਦਿਵਾਸੀ ਆਪਣੀ ਹੋਂਦ ਬਚਾਉਣ ਲਈ ਸੰਘਰਸ਼ ਕਰ ਰਹੇ ਹਨ।ਉਹਨਾਂ ਦੇ ਇਸ ਸੰਘਰਸ਼ ਨੂੰ ਦਬਾਉਣ ਲਈ ਆਦਿਵਾਸੀਆਂ ਨੂੰ ਮਾਓਵਾਦੀ ਕਹਿ ਕੇ ਕਤਲ ਕੀਤਾ ਜਾ ਰਿਹਾ ਹੈ।ਭਾਰਤ ਦੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵਾਰ ਵਾਰ ਬਿਆਨ ਦੇ ਰਹੇ ਹਨ ਕਿ ਮਾਰਚ 2026 ਤੱਕ ਦੇਸ਼ ਵਿੱਚੋਂ ਮਾਓਵਾਦੀਆਂ ਨੂੰ ਖਤਮ ਕਰ ਦਿੱਤਾ ਜਾਵੇਗਾ।ਅਜਿਹੇ ਬਿਆਨ ਦੇ ਕੇ ਅਮਿਤ ਸ਼ਾਹ ਦਰਅਸਲ ਆਦਿਵਾਸੀਆਂ ਨੂੰ ਉਜਾੜਨ ਅਤੇ ਮਾਰਨ ਦੇ ਐਲਾਨ ਕਰ ਰਹੇ ਹਨ।ਉਹਨਾਂ ਕਿਹਾ ਕਿ ਮੋਦੀ ਸਰਕਾਰ ਵੱਲੋਂ ਆਦਿਵਾਸੀਆਂ ਦੇ ਉਜਾੜੇ ਅਤੇ ਕਤਲਾਂ ਦਾ ਤਿੱਖਾ ਵਿਰੋਧ ਹੋਣਾ ਚਾਹੀਦਾ ਹੈ।ਉਹਨਾਂ ਕਿਹਾ ਕਿ ਛੱਤੀਸਗੜ੍ਹ ਸੂਬੇ ਦੀ ਇਕੱਲੀ ਬਸਤਰ ਡਵੀਜ਼ਨ ਵਿੱਚ ਸੀ ਆਰ ਪੀ ਐਫ ਦੇ 277 ਕੈਂਪ ਅਤੇ ਬੀ ਐਸ ਐਫ ਦੇ 50 ਕੈਂਪ ਹਨ।ਮੋਦੀ ਸਰਕਾਰ ਅਪ੍ਰੇਸ਼ਨ ਕਗਾਰ ਰਾਹੀਂ ਵੱਖਰੀ ਵਿਚਾਰਧਾਰਾ ਅਤੇ ਰਾਜਸੀ ਸਮਝ ਰੱਖਣ ਵਾਲੇ ਮਾਓਵਾਦੀਆਂ ਨੂੰ ਝੂਠੇ ਪੁਲਸ ਮੁਕਾਬਲੇ ਬਣਾ ਕੇ ਮਾਰ ਰਹੀ ਹੈ ਜੋ ਕਿ ਸੰਗੀਨ ਜੁਰਮ ਹੈ।ਇਹ ਮੋਦੀ ਸਰਕਾਰ ਦਾ ਨੰਗੇ ਚਿੱਟੇ ਰੂਪ ਵਾਲਾ ਫਾਸ਼ੀਵਾਦ ਹੈ।ਸਿਤਮ ਦੀ ਗੱਲ ਹੈ ਕਿ ਸਰਕਾਰ ਇਸ ਫਾਸ਼ੀਵਾਦ ਨੂੰ ਜਾਇਜ਼ ਠਹਿਰਾ ਕੇ ਸੰਵਿਧਾਨਕ ਅਤੇ ਜਮਹੂਰੀ ਕਦਰਾਂ ਕੀਮਤਾਂ ਦਾ ਗਲਾ ਘੁੱਟ ਰਹੀ ਹੈ।ਕੇਂਦਰ ਅਤੇ ਰਾਜ ਸਰਕਾਰਾਂ ਦੀ ਤਾਕਤ ਦੀ ਵਰਤੋਂ ਕਰਨਾ ਘਰੇਲੂ ਅਤੇ ਅੰਤਰਰਾਸ਼ਟਰੀ ਕਾਨੂੰਨਾਂ ਦੀ ਉਲੰਘਣਾ ਹੈ।ਇਹਨਾਂ ਸਰਕਾਰਾਂ ਦੀ ਜਵਾਬਦੇਹੀ ਯਕੀਨੀ ਹੋਣੀ ਚਾਹੀਦੀ ਹੈ।

## ਈਜ਼ੀ ਜਮ੍ਹਾਂਬੰਦੀ ਪੋਰਟਲ ਨੇ ਤਿੰਨ ਸਾਲ ਤੋਂ ਰੁਕਿਆ ਇੰਤਕਾਲ ਦਾ ਕੰਮ ਇੱਕ ਹੀ ਦਿਨ 'ਚ ਹੱਲ ਕਰਵਾਇਆ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਹਾਲ ਹੀ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਮਾਲ ਵਿਭਾਗ ਦੇ ਕੰਮਾਂ ਨੂੰ ਆਸਾਨ ਬਣਾਉਣ ਲਈ ਸ਼ੁਰੂ ਕੀਤੇ ਗਏ ਈਜ਼ੀ ਜਮ੍ਹਾਂਬੰਦੀ ਪੋਰਟਲ ਨੇ ਪ੍ਰੋ. ਅਵਤਾਰ ਸਿੰਘ ਉੱਪਲ ਦਾ ਤਿੰਨ ਸਾਲਾਂ ਤੋਂ ਰੁਕਿਆ ਇੰਤਕਾਲ ਦਾ ਕੰਮ ਇੱਕ ਹੀ ਦਿਨ ਵਿੱਚ ਹੱਲ ਕਰ ਦਿੱਤਾ। ਅੱਜ ਜਦ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਨੂੰ ਇਸ ਲੰਮੇ ਸਮੇਂ ਤੋਂ ਪੈਂਡਿੰਗ ਇੰਤਕਾਲ ਦਾ ਪਤਾ ਲੱਗਾ ਤਾਂ ਉਨ੍ਹਾਂ ਨੇ ਇਸ ਸਬੰਧ ਵਿੱਚ ਕਰਮਚਾਰੀ ਪ੍ਰੋ. ਉੱਪਲ ਦੇ ਘਰ ਭੇਜਿਆ, ਜਿਸ ਨੇ ਉਨ੍ਹਾਂ ਨੂੰ ਈਜ਼ੀ ਜਮ੍ਹਾਂਬੰਦੀ ਪੋਰਟਲ ਤੋਂ ਜਾਣੂੰ ਕਰਵਾ ਕੇ ਆਨਲਾਈਨ ਅਪਲਾਈ ਕਰਵਾਇਆ। ਕੁਝ ਹੀ ਘੰਟਿਆਂ ਵਿੱਚ ਇਹ ਇੰਤਕਾਲ ਪ੍ਰਵਾਨ ਹੋ ਗਿਆ। ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸਾਕਸ਼ੀ ਸਾਹਨੀ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਪੋਰਟਲ ਉੱਤੇ ਆਪਣੇ ਮਾਲ ਵਿਭਾਗ ਦੇ ਕੰਮਾਂ ਲਈ ਅਪਲਾਈ ਕਰਨ ਜਾਂ 1076 ਨੰਬਰ ਉੱਤੇ ਫੋਨ ਕਰਕੇ ਕਰਮਚਾਰੀ ਆਪਣੇ ਘਰ ਬੁਲਾ ਕੇ ਉਨਾਂ ਕੋਲੋਂ ਸੇਵਾਵਾਂ ਅਪਲਾਈ ਕਰਵਾਉਣ। ਜ਼ਿਲ੍ਹਾ ਮਾਲ ਅਧਿਕਾਰੀ ਨਵਕੀਰਤ ਸਿੰਘ ਨੇ ਦੱਸਿਆ ਕਿ ਈਜ਼ੀ ਜਮ੍ਹਾਬੰਦੀ ਉਤੇ ਇੰਤਕਾਲ, ਜਮ੍ਹਾਬੰਦੀ, ਮਾਲ ਰਿਕਾਰਡ ਸਬਸਕ੍ਰਿਪਸ਼ਨ ਸੇਵਾ, ਫਰਦ ਬਦਰ, ਆਨਲਾਈਨ ਰਪਟ ਦੀ ਸ਼ੁਰੂਆਤ ਹੋ ਚੁੱਕੀ ਹੈ। ਉਨ੍ਹਾਂ ਕਿਹਾ ਕਿ ਆਪਣੀ ਜਮ੍ਹਾਂਬੰਦੀ ਲੈਣ ਲਈ ਵੈਬਸਾਈਟ ਈਜ਼ੀ ਜਮ੍ਹਾਂਬੰਦੀ ਪੰਜਾਬ ਉਤੇ ਜਾਓ, ਆਪਣੀ ਜਮ੍ਹਾਂਬੰਦੀ ਨੂੰ ਚੁਣੋ, ਫੀਸ ਦੀ ਅਦਾਇਗੀ ਆਨਲਾਈਨ ਕਰੋ ਤਾਂ ਤੁਹਾਡੇ ਵਟਸਐਪ ਉੱਤੇ ਡਿਜੀਟਲ ਦਸਤਖਤ ਕੀਤੀ ਹੋਈ ਜਮਾਂਬੰਦੀ ਤੁਰੰਤ ਪਹੁੰਚ ਜਾਵੇਗੀ। ਇਸ ਤੋਂ ਇਲਾਵਾ ਕਿਊਆਰ ਕੋਡ ਵਾਲੀ ਫਰਦ ਤੁਹਾਡੇ ਸਮੇਂ ਦੀ ਬਚਤ ਕਰਦੀ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਇਹ ਕੰਮ ਕਰਵਾਉਣ ਲਈ ਪਟਵਾਰੀ ਕੌਣ ਹੈ, ਉਹ ਕਿੱਥੇ ਬੈਠਦਾ ਹੈ, ਦਫ਼ਤਰ ਕਦੋਂ ਮਿਲੇਗਾ, ਇੰਤਕਾਲ ਲਗਵਾਉਣ ਲਈ ਦਸਤਾਵੇਜ਼ ਚਾਹੀਦੇ ਹਨ, ਪਟਵਾਰੀ ਨੂੰ ਸਿਫਾਰਸ਼, ਪੈਸੇ ਦੇਣੇ ਅਤੇ ਜਾਂ ਆਪਣੀ ਦਰਖ਼ਾਸਤ ਦਾ ਪਤਾ ਕਰਨ ਲਈ ਚੱਕਰ ਲਗਾਉਣ ਪਿੱਛੇ ਬਹੁਤ ਸਾਰਾ ਸਮਾਂ ਲੱਗਦਾ ਸੀ ਪਰ ਹੁਣ ਇਹ ਸਾਰਾ ਕੰਮ ਈਜ਼ੀ ਜਮ੍ਹਾਂਬੰਦੀ ਨੇ ਆਸਾਨ ਕਰ ਦਿੱਤਾ ਹੈ। ਸਾਰੀਆਂ ਸੇਵਾਵਾਂ 24 ਘੰਟੇ ਹਨ, ਜੇਕਰ ਤੁਸੀਂ ਆਪ ਇਹ ਕੰਮ ਆਨਲਾਈਨ ਨਹੀਂ ਕਰ ਸਕਦੇ ਤਾਂ ਤੁਸੀਂ ਫੋਨ ਕਰਕੇ ਸੇਵਾ ਸਹਾਇਕ ਨੂੰ ਘਰ ਬਣਾ ਸਕਦੇ ਹੋ। ਉਨ੍ਹਾਂ ਕਿਹਾ ਕਿ ਇਸ ਲਈ ਜੇਕਰ ਕਿਸੇ ਅਧਿਕਾਰੀ ਨੇ ਕੋਈ ਤੁਹਾਡੇ ਦਸਤਾਵੇਜ਼ ਉੱਤੇ ਆਨਲਾਈਨ ਇਤਰਾਜ਼ ਲਗਾਉਣਾ ਹੈ ਤਾਂ ਉਹ ਸਿਰਫ ਇੱਕ ਵਾਰੀ ਹੀ ਲਗਾਏਗਾ।

## ਜਿਮਨੇਜ਼ੀਅਮ ਹਾਲ ਗੁਰਦਾਸਪੁਰ ਵਿਖੇ ਅੱਜ ਮਨਾਇਆ ਜਾਵੇਗਾ ਕੌਮਾਂਤਰੀ ਯੋਗਾ ਦਿਵਸ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-21 ਜੂਨ ਨੂੰ ਕੌਮਾਂਤਰੀ ਯੋਗ ਦਿਵਸ 'ਤੇ ਕਰਵਾਇਆ ਜਾਣ ਵਾਲਾ ਜ਼ਿਲ੍ਹਾ ਪੱਧਰੀ ਸਮਾਗਮ ਜਿਮਨੇਜ਼ੀਅਮ ਹਾਲ ਗੁਰਦਾਸਪੁਰ ਵਿਖੇ ਸਵੇਰੇ 6:00 ਵਜੇ ਤੋਂ 7:30 ਵਜੇ ਤੱਕ ਮਨਾਇਆ ਜਾਵੇਗਾ। ਯੋਗ ਦਿਵਸ ਮਨਾਉਣ ਸਬੰਧੀ ਕੀਤੀ ਇੱਕ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਗਿਆਰ੍ਹਵੇਂ ਕੌਮਾਂਤਰੀ ਯੋਗ ਦਿਵਸ ਸਬੰਧੀ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਅੰਤਰਰਾਸ਼ਟਰੀ ਯੋਗਾ ਦਿਵਸ ਮੌਕੇ ਜ਼ਿਲ੍ਹਾ ਪੱਧਰੀ ਸਮਾਗਮ 'ਚ ਵਿਦਿਆਰਥੀਆਂ, ਖਿਡਾਰੀਆਂ ਸਮੇਤ ਵੱਡੀ ਗਿਣਤੀ ਵਿੱਚ ਆਮ ਲੋਕ ਵੀ ਹਿੱਸਾ ਲੈਣਗੇ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਸੀ. ਐੱਮ. ਦੀ ਯੋਗਸ਼ਾਲਾ ਦੇ ਯੋਗਾ ਟਰੇਨਰਾਂ ਵੱਲੋਂ ਹਾਜ਼ਰੀਨ ਨੂੰ ਯੋਗਾ ਦੇ ਵੱਖ-ਵੱਖ ਆਸਣ ਕਰਵਾਏ ਜਾਣਗੇ ਅਤੇ ਯੋਗ ਸਾਧਨਾ ਦੇ ਫਾਇਦਿਆਂ ਬਾਰੇ ਜਾਣੂ ਕਰਵਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਗੁਰਦਾਸਪੁਰ ਵਿਖੇ ਜ਼ਿਲ੍ਹਾ ਪੱਧਰੀ ਸਮਾਗਮ ਤੋਂ ਇਲਾਵਾ ਆਰਡੀਖੋਸਲਾ ਡੀਏਵੀ ਸੀਨੀਅਰ ਸੈਕੰਡਰੀ ਸਕੂਲ ਬਟਾਲਾ, ਪੀ. ਐੱਮ. ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਾਦੀਆਂ, ਪੰਡਤ ਮੋਹਨ ਲਾਲ ਐੱਸ. ਡੀ. ਕਾਲਜ ਫਤਿਹਗੜ੍ਹ ਚੂੜੀਆਂ, ਮੋਹਨੀ ਮੰਦਰ ਗਾਂਧੀ ਗਰਾਊਂਡ ਧਾਰੀਵਾਲ, ਦਾਣਾ ਮੰਡੀ ਅਵਾਂਖਾ ਦੀਨਾਨਗਰ, ਸ਼ਿਵ ਮੰਦਰ ਪਾਰਕ ਕਲਾਨੌਰ ਅਤੇ ਸ੍ਰੀ ਕਰਤਾਰਪੁਰ ਸਾਹਿਬ ਕਾਰੀਡੋਰ ਡੇਰਾ ਬਾਬਾ ਨਾਨਕ ਵਿਖੇ ਵੀ ਅੰਤਰਰਾਸ਼ਟਰੀ ਯੋਗਾ ਦਿਵਸ ਨੂੰ ਸਮਰਪਿਤ ਵਿਸ਼ੇਸ਼ ਪ੍ਰੋਗਰਾਮ ਕੀਤੇ ਜਾਣਗੇ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅੰਤਰਰਾਸ਼ਟਰੀ ਯੋਗ ਦਿਵਸ ਮੌਕੇ ਹੋਣ ਵਾਲੇ ਇਨ੍ਹਾਂ ਵਿਸ਼ੇਸ਼ ਯੋਗਾ ਸਮਾਗਮਾਂ 'ਚ ਸ਼ਾਮਲ ਹੋਣ ਦਾ ਸੱਦਾ ਦਿੰਦਿਆਂ ਕਿਹਾ ਕਿ ਸਾਨੂੰ ਇਸ ਮੌਜੂਦਾ ਤੇਜ਼ ਰਫ਼ਤਾਰ ਜ਼ਿੰਦਗੀ 'ਚ ਤਣਾਓ ਗ੍ਰਸਤ ਦਿਮਾਗ ਤੇ ਸਰੀਰ ਨੂੰ ਦਵਾਈਆਂ ਤੋਂ ਰਹਿਤ ਤੰਦਰੁਸਤ ਰੱਖਣ ਲਈ ਯੋਗਾ ਅਪਣਾਉਣਾ ਚਾਹੀਦਾ ਹੈ, ਕਿਉਂਕਿ ਤੰਦਰੁਸਤ ਸਰੀਰ 'ਚ ਹੀ ਤੰਦਰੁਸਤ ਮਨ ਵਾਸ ਕਰਦਾ ਹੈ। ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਡਾ. ਹਰਜਿੰਦਰ ਸਿੰਘ ਬੇਦੀ, ਐੱਸਡੀਐੱਮ. ਦੀਨਾਨਗਰ ਸ. ਜਸਪਿੰਦਰ ਸਿੰਘ ਭੁੱਲਰ, ਐੱਸਡੀਐੱਮ. ਗੁਰਦਾਸਪੁਰ ਸ. ਮਨਜੀਤ ਸਿੰਘ ਰਾਜਲਾ, ਸਹਾਇਕ ਕਮਿਸ਼ਨਰ (ਜਨਰਲ) ਆਦਿੱਤਯ ਗੁਪਤਾ, ਸਕੱਤਰ ਜ਼ਿਲ੍ਹਾ ਪ੍ਰੀਸ਼ਦ ਜੀਨਤ ਖੈਹਿਰਾ, ਜ਼ਿਲ੍ਹਾ ਸਿੱਖਿਆ ਅਫਸਰ ਅਨਿਲ ਸਰਮਾ ਤੇ ਰਾਜੇਸ਼ ਸ਼ਰਮਾ, ਜ਼ਿਲ੍ਹਾ ਖੇਡ ਅਫਸਰ ਸਿਮਰਨਜੀਤ ਸਿੰਘ ਰੰਧਾਵਾ ਸਮੇਤ ਹੋਰ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।

## ਪ੍ਰਭ ਆਸ਼ਰਮ ਹਰਚੋਵਾਲ ਵਿਖੇ ਲੱਗਾ ਨਸ਼ਾ ਛੁਡਾਊ ਤੇ ਮੁਫਤ ਮੈਡੀਕਲ ਕੈਂਪ




ਧਾਰੀਵਾਲ/ਹਰਚੋਵਾਲ (ਮਨਦੀਪ ਸਿੰਘ ਵਿੱਕੀ)-ਰੈੱਡ ਕਰਾਸ ਨਸ਼ਾ ਛੁਡਾਊ ਅਤੇ ਪੁਨਰਵਾਸ ਕੇਂਦਰ ਗੁਰਦਾਸਪੁਰ ਦੇ ਸਹਿਯੋਗ ਨਾਲ ਚੀਨੀਆਂ ਪਰਿਵਾਰ ਦੀ ਬਿਲਡਿੰਗ 'ਚ ਪ੍ਰਭ ਆਸ਼ਰਮ ਹਰਚੋਵਾਲ ਵਿਖੇ ਸਰਬ ਸੇਵਾ ਟਰੱਸਟ ਹਰਚੋਵਾਲ ਅਤੇ ਬਾਪੂ ਬਾਲਾ ਸਿੰਘ ਵੈੱਲਫੇਅਰ ਸੁਸਾਇਟੀ ਦੇ ਸਹਿਯੋਗ ਨਾਲ ਕੈਂਪ ਲਗਾਇਆ ਗਿਆ। ਸੈਂਕੜੇ ਮਰੀਜ਼ਾਂ ਦਾ ਚੈੱਕਅਪ ਕੀਤਾ ਗਿਆ ਅਤੇ ਮੁਫਤ ਦਵਾਈਆਂ ਦਿੱਤੀਆਂ ਗਈਆਂ।ਕੈਂਪ ਦਾ ਉਦਘਾਟਨ ਜ਼ਿਲ੍ਹਾ ਸਮਾਜ ਭਲਾਈ ਅਫਸਰ ਐੱਸ. ਐੱਸ. ਘੁੰਮਣ ਨੇ ਕੀਤਾ ।ਇਸ ਮੌਕੇ ਚੀਨੀਆਂ ਪਰਿਵਾਰ ਦੇ ਮੁੱਖ ਸੇਵਾਦਾਰ ਐੱਨਆਰਆਈ ਹਰਭਜਨ ਸਿੰਘ ਰਿਆੜ, ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ, ਸਮਾਜ ਭਲਾਈ ਦੇ ਸੀਨੀਅਰ ਆਗੂ ਭਾਈ ਗਗਨਦੀਪ ਸਿੰਘ ਰਿਆੜ, ਅਮਨਦੀਪ ਸਿੰਘ ਰਿਆੜ ਤੇ ਸਰਬ ਸੇਵਾ ਟਰੱਸਟ ਦੇ ਚੇਅਰਮੈਨ ਡਾ. ਭੁਪਿੰਦਰ ਸਿੰਘ ਗਿੱਲ, ਪ੍ਰਭ ਆਸ਼ਰਮ ਦੇ ਸੰਚਾਲਕ ਭਾਈ ਮਨਿੰਦਰ ਸਿੰਘ ਅਤੇ ਰੀਜਨਲ ਯੂਥ ਕਲੱਬ ਪੰਡੋਰੀ ਬੈਂਸਾਂ ਦੇ ਪ੍ਰਧਾਨ ਮਾਸਟਰ ਛਤਰਪਾਲ ਸਿੰਘ, ਸੂਬੇਦਾਰ ਗੁਰਬਚਨ ਸਿੰਘ, ਸਰਪੰਚ ਕੈਪਟਨ ਧਰਮਿੰਦਰ ਸਿੰਘ, ਸੀਨੀਅਰ ਮੀਤ ਪ੍ਰਧਾਨ ਡਾ. ਅਵਤਾਰ ਸਿੰਘ, ਡਾ. ਭੁਪਿੰਦਰ ਸਿੰਘ ਗਿੱਲ, ਡਾ. ਅਮਰਜੀਤ ਸਿੰਘ, ਰੈੱਡ ਕਰਾਸ ਡਰੱਗ ਅਡਿਕਸ਼ਨ ਸੈਂਟਰ ਗੁਰਦਾਸਪੁਰ ਡੌਲੀ ਸ਼ਰਮਾ, ਅਸ਼ਵਨੀ ਕੁਮਾਰ, ਵਿਪਨ ਕੁਮਾਰ, ਜਸਵਿੰਦਰ ਸਿੰਘ, ਅਰਸ਼ਦੀਪ ਸਿੰਘ, ਰਣਜੀਤ ਕੌਰ, ਜਸ਼ਨਪ੍ਰੀਤ ਕੌਰ, ਅਮਨਪ੍ਰੀਤ ਕੌਰ ਹਾਜ਼ਰ ਸਨ ਅਤੇ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਮਰੀਜ਼ਾਂ ਦਾ ਚੱਕ ਅਪ ਕਰਕੇ ਮੁਫਤ ਦਵਾਈਆਂ ਦਿੱਤੀਆਂ ਗਈਆਂ।ਇਸ ਕੈਂਪ ਦਾ ਉਦਘਾਟਨ ਜ਼ਿਲ੍ਹਾ ਸਮਾਜ ਭਲਾਈ ਅਫਸਰ ਐੱਸ. ਐੱਸ. ਘੁੰਮਣ, ਸਰਪੰਚ ਕੈਪਟਨ ਧਰਮਿੰਦਰ ਸਿੰਘ ਹਰਚੋਵਾਲ ਨੇ ਕੀਤਾ।

## ਪੰਜਾਬ ਸਰਕਾਰ ਨੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਢੁੱਕਵਾਂ ਵਾਤਾਵਰਣ ਮੁਹੱਈਆ ਕਰਵਾਇਆ: ਸ਼ਮਸ਼ੇਰ ਸਿੰਘ



ਦੀਨਾਨਗਰ, (ਬਲਵਿੰਦਰ ਸਿੰਘ ਬਿੱਲਾ)-ਖੇਡ ਅਤੇ ਸੱਭਿਆਚਾਰਕ ਮੇਲੇ ਪੰਜਾਬੀਆਂ ਦੀ ਰੂਹ ਦੀ ਖੁਰਾਕ ਅਤੇ ਜਿੰਦਾਦਿਲੀ ਤੇ ਖੁਸ਼ਹਾਲੀ ਦਾ ਪ੍ਰਤੀਕ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪਿੰਡ ਡੀਡਾ ਸੈਣੀਆਂ ਵਿਖੇ ਸੂਰਿਆਵੰਸ਼ੀ ਦਰਬਾਰ ਸੰਤ ਸ਼ਾਹ ਗੋਦਾ ਜੀ ਦੀ ਯਾਦ ਵਿੱਚ ਕਰਵਾਏ ਸਾਲਾਨਾ ਕਬੱਡੀ ਟੂਰਨਾਮੈਂਟ ਦਾ ਉਦਘਾਟਨ ਕਰਨ ਮੌਕੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਵੱਲੋਂ ਪ੍ਰਗਟ ਕੀਤੇ ਗਏ। ਸੇਵਾਦਾਰ ਸਾਈਂ ਭੀਮਾ ਸ਼ਾਹ ਜੀ ਦੇ ਪ੍ਰਬੰਧਾਂ ਹੇਠ ਕਰਵਾਏ ਗਏ ਮੇਲੇ ਅਤੇ ਕਬੱਡੀ ਟੂਰਨਾਮੈਂਟ ਦਾ ਮੁੱਖ ਮਹਿਮਾਨ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਵੱਲੋਂ ਉਦਘਾਟਨ ਕਰਨ ਮਗਰੋਂ ਦੂਰੋਂ ਦੂਰੋਂ ਆਈਆਂ ਕਬੱਡੀ ਦੀਆਂ ਵੱਖ ਵੱਖ ਟੀਮਾਂ ਦਰਮਿਆਨ ਮੈਚ ਖੇਡੇ ਗਏ। ਟੂਰਨਾਮੈਂਟ ਦੇ ਜੇਤੂ ਖਿਡਾਰੀਆਂ ਨੂੰ ਇਨਾਮ ਤਕਸੀਮ ਕਰਨ ਮੌਕੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਪੰਜਾਬ ਅੰਦਰ ਖੇਡਾਂ ਨੂੰ ਪ੍ਰਫੁੱਲਤ ਕਰਨ ਲਈ ਵੱਡੇ ਯਤਨ ਕਰ ਰਹੀ ਹੈ। ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਜਿੱਥੇ ਹਰ ਸਾਲ ਖੇਡ ਮੁਕਾਬਲੇ ਕਰਵਾਏ ਜਾ ਰਹੇ ਹਨ ਉੱਥੇ ਹੀ ਪਿੰਡਾਂ ਅਤੇ ਸ਼ਹਿਰਾਂ ਅੰਦਰ ਨੌਜਵਾਨਾਂ ਨੂੰ ਖੇਡਾਂ ਲਈ ਢੁੱਕਵਾਂ ਵਾਤਾਵਰਨ ਅਤੇ ਮੁਢਲੀਆਂ ਸਹੂਲਤਾਂ ਪ੍ਰਦਾਨ ਕਰਨ ਦੇ ਮੰਤਵ ਨਾਲ ਖੇਡ ਸਟੇਡੀਅਮਾਂ ਦਾ ਨਿਰਮਾਣ ਅਤੇ ਖੇਡਾਂ ਦਾ ਸਾਮਾਨ ਮੁਹੱਈਆ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪੰਜਾਬ ਦੀ ਜਵਾਨੀ ਨੂੰ ਖੋਖਲਾ ਕਰ ਰਹੇ ਨਸ਼ੇ ਦੇ ਕੋਹੜ ਨੂੰ ਖਤਮ ਕਰਨ ਲਈ ਵੱਡੀ ਜੰਗ ਵਿੱਢੀ ਹੋਈ ਹੈ ਜਿਸ ਤਹਿਤ ਹੁਣ ਤੱਕ ਹਜ਼ਾਰਾਂ ਨਸ਼ਾ ਤਸਕਰਾਂ ਨੂੰ ਜੇਲ੍ਹਾਂ ਦੀ ਸਲਾਖਾਂ ਪਿੱਛੇ ਭੇਜਿਆ ਗਿਆ ਹੈ ਉੱਥੇ ਹੀ ਨਸ਼ੇ ਦੀ ਦਲਦਲ ਵਿੱਚ ਫਸੇ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਾ ਰਹਿਤ ਕਰਨ ਲਈ ਵੀ ਵੱਡੇ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਨੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਨਾਲ ਜੁੜਣ ਲਈ ਵੀ ਪ੍ਰੇਰਿਤ ਕੀਤਾ। ਇਸ ਮੌਕੇ ਸਰਪੰਚ ਜਗੀਰ ਸਿੰਘ, ਵਿਧਾਨਸਭਾ ਹਲਕਾ ਨਸ਼ਾ ਵਿਰੋਧੀ ਕਮੇਟੀ ਦੇ ਕੋਆਡੀਨੇਟਰ ਕਾਰਤਿਕ ਦੋਆਬਾ, ਗੁਰਨਾਮ ਸਿੰਘ ਧਮਰਾਈ ਅਤੇ ਸਰਪੰਚ ਗੌਰਵ ਠਾਕੁਰ ਵੀ ਮੌਜੂਦ ਸਨ।

## ਗੁਰਦਾਸਪੁਰ-ਬਹਿਰਾਮਪੁਰ ਸੜਕ ਕੰਢੇ ਲੱਗੇ ਰੁੱਖਾਂ ਦੇ ਨੰਬਰ ਕੁੱਝ ਫਿੱਕੇ ਤੇ ਕੁੱਝ ਮੂਲੋਂ ਗਾਇਬ



ਗੁਰਦਾਸਪੁਰ (ਜਨਕ ਮਹਾਜਨ)-ਸੜਕਾਂ ਕੰਢੇ ਲੱਗੇ ਕੁਝ ਸਰਕਾਰੀ ਰੁੱਖਾਂ 'ਤੇ ਨੰਬਰ ਨਾ ਲੱਗੇ ਹੋਣ ਕਰਕੇ ਹਨੇਰੀ ਆਉਣ ਤੋਂ ਬਾਅਦ ਲੋਕ ਡਿੱਗੇ ਹੋਏ ਰੁੱਖਾਂ ਨੂੰ ਚੁੱਕ ਕੇ ਆਪਣੇ ਘਰਾਂ ਵਿੱਚ ਲੈ ਜਾਂਦੇ ਹਨ ਜਿਸ ਕਰਕੇ ਪੰਜਾਬ ਸਰਕਾਰ ਨੂੰ ਲੱਖਾਂ ਦਾ ਚੂਨਾ ਲੱਗ ਰਿਹਾ ਹੈ। ਸੰਬੰਧਿਤ ਵਿਭਾਗ ਵੱਲੋਂ ਸੜਕਾਂ ਕੱਢੇ ਲੱਗੇ ਰੁੱਖਾਂ 'ਤੇ ਨੰਬਰਿੰਗ ਕੀਤੀ ਜਾਂਦੀ ਹੈ ਜਿਸ ਤੋਂ ਪਤਾ ਚੱਲਦਾ ਹੈ ਕਿ ਇਸ ਸੜਕ 'ਤੇ ਕਿੰਨੇ ਰੁੱਖ ਹਨ ਅਤੇ ਜੇਕਰ ਰੁੱਖ ਕੱਟਿਆ ਜਾਂਦਾ ਹੈ ਤਾਂ ਵਿਭਾਗ ਨੂੰ ਇਸ ਦਾ ਪਤਾ ਚਲ ਜਾਂਦਾ ਹੈ। ਸਬੰਧਤ ਵਿਭਾਗ ਵੱਲੋਂ ਇਨ੍ਹਾਂ ਰੁੱਖਾਂ ਦੀ ਸਾਂਭ-ਸੰਭਾਲ ਲਈ ਫਾਰੈਸਟ ਗਾਰਡ ਨਿਯੁਕਤ ਕੀਤੇ ਹੋਏ ਹਨ ਤਾਂ ਕਿ ਕੋਈ ਵੀ ਸ਼ਰਾਰਤੀ ਅਨਸਰ ਇਨ੍ਹਾਂ ਰੁੱਖਾਂ ਨੂੰ ਕੱਟ ਕੇ ਨਾ ਲੈ ਜਾਵੇ। ਜ਼ਿਕਰਯੋਗ ਹੈ ਕਿ ਗੁਰਦਾਸਪੁਰ ਤੋਂ ਬਹਿਰਾਮਪੁਰ ਰੋਡ 'ਤੇ ਵੱਡੀ ਗਿਣਤੀ ਵਿੱਚ ਸਰਕਾਰੀ ਰੁੱਖ ਲੱਗੇ ਹੋਏ ਹਨ ਅਤੇ ਇਨ੍ਹਾਂ ਰੁੱਖਾਂ ਵਿੱਚੋਂ ਕੁਝ ਰੁੱਖਾਂ 'ਤੇ ਨੰਬਰ ਨਹੀਂ ਹਨ ਅਤੇ ਕੁਝ ਰੁੱਖਾਂ 'ਤੇ ਨੰਬਰ ਫਿੱਕੇ ਪੈ ਚੁੱਕੇ ਹਨ ਅਤੇ ਜਦੋਂ ਕੋਈ ਹਨੇਰੀ ਝੱਖੜ ਆਉਂਦਾ ਹੈ ਤਾਂ ਲੋਕ ਇਨ੍ਹਾਂ ਡਿੱਗੇ ਰੁੱਖਾਂ ਨੂੰ ਚੁੱਕ ਕੇ ਆਪਣੇ ਘਰਾਂ ਨੂੰ ਲੈ ਜਾਂਦੇ ਹਨ ਜਿਸ ਦਾ ਕੋਈ ਥਹੁ ਪਤਾ ਨਹੀਂ ਲਗਦਾ। ਇਨ੍ਹਾਂ ਰੁੱਖਾਂ ਦੀ ਗਿਣਤੀ ਵੀ ਕਾਫ਼ੀ ਹੈ ਅਤੇ ਇਹ ਰੁੱਖ ਕਾਫ਼ੀ ਰਕਮ ਦੇ ਹਨ। ਲੋਕਾਂ ਦਾ ਕਹਿਣਾ ਹੈ ਕਿ ਹਨੇਰੀ ਕਾਰਨ ਕਈ ਵਾਰ ਇਹ ਰੁੱਖ ਟੁੱਟ ਕੇ ਡਿਗ ਜਾਂਦੇ ਹਨ ਜਿਨ੍ਹਾਂ ਨੂੰ ਵਿਭਾਗ ਵਲੋਂ ਵੀ ਸਮੇਂ ਸਿਰ ਨਹੀਂ ਚੁਕਿਆ ਜਾਂਦਾ ਅਤੇ ਫ਼ਿਰ ਇਨ੍ਹਾਂ ਰੁੱਖਾਂ ਨੂੰ ਰਾਤ ਦੇ ਸਮੇਂ ਸ਼ਰਾਰਤੀ ਲੋਕ ਕੱਟ ਕੇ ਲੈ ਜਾਂਦੇ ਹਨ।

ਸਮਾਜ ਸੇਵੀ ਆਗੂਆਂ ਨੇ ਵਣ ਵਿਭਾਗ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਗੁਰਦਾਸਪੁਰ-ਬਹਿਰਾਮਪੁਰ ਸੜਕ ਕੰਢੇ ਲੱਗੇ ਰੁੱਖਾਂ 'ਤੇ ਗਾਇਬ ਹੋਈ ਨੰਬਰਿੰਗ ਨੂੰ ਦੁਬਾਰਾ ਲਗਾਇਆ ਜਾਵੇ ਤਾਂ ਜੋ ਰੁੱਖਾਂ ਦੀ ਗਿਣਤੀ ਦੇ ਨਾਲ-ਨਾਲ ਇਨ੍ਹਾਂ ਦੇ ਚੋਰੀ ਵਗੈਰਾ ਹੋਣ ਦਾ ਪਤਾ ਚੱਲ ਸਕੇ। ਇਸ ਸਬੰਧੀ ਜਦੋਂ ਫਾਰੈਸਟ ਵਿਭਾਗ ਦੇ ਅਧਿਕਾਰੀ ਨਾਲ ਗੱਲਬਾਤ ਕਰਨ ਦੀ ਕੋਸ਼ਿਸ਼ ਕੀਤੀ ਤਾਂ ਉਨ੍ਹਾਂ ਨਾਲ ਸੰਪਰਕ ਨਹੀਂ ਹੋ ਸਕਿਆ।

## ਪੇਂਡੂ ਸੰਪਰਕ ਸੜਕਾਂ ਦੀ ਮੁਰੰਮਤ ਲਈ ਪੰਜਾਬ ਸਰਕਾਰ ਵੱਲੋਂ 127.9 ਕਰੋੜ ਰੁਪਏ ਜਾਰੀ

### *62.42 ਕਿੱਲੋਮੀਟਰ ਲੰਮੀਆਂ ਪਿੰਡਾਂ ਦੀਆਂ ਸੰਪਰਕ ਸੜਕਾਂ ਦੀ ਹੋਵੇਗੀ ਮੁਰੰਮਤ : ਰਮਨ ਬਹਿਲ



ਗੁਰਦਾਸਪੁਰ, (ਦਿਨੇਸ਼ ਕੁਮਾਰ)-ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਦੀਆਂ ਕੋਸ਼ਿਸ਼ਾਂ ਸਦਕਾ ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਹਲਕਾ ਗੁਰਦਾਸਪੁਰ ਦੇ ਪੇਂਡੂ ਖੇਤਰ ਦੀਆਂ ਸੰਪਰਕ ਸੜਕਾਂ ਦੀ ਮੁਰੰਮਤ ਲਈ 12.79 ਕਰੋੜ ਰੁਪਏ ਜਾਰੀ ਕਰ ਦਿੱਤੇ ਹਨ।ਰਾਜ ਸਰਕਾਰ ਵੱਲੋਂ ਹਲਕਾ ਗੁਰਦਾਸਪੁਰ ਦੇ ਪਿੰਡਾਂ ਦੀਆਂ 62.42 ਕਿੱਲੋਮੀਟਰ ਲੰਮੀਆਂ ਸੰਪਰਕ ਸੜਕਾਂ ਦੀ ਮੁਰੰਮਤ ਕੀਤੀ ਜਾਵੇਗੀ।ਹਲਕਾ ਵਾਸੀਆਂ ਨਾਲ ਇਹ ਖ਼ੁਸ਼ਖ਼ਬਰੀ ਸਾਂਝੀ ਕਰਦਿਆਂ ਚੇਅਰਮੈਨ ਬਹਿਲ ਨੇ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਹਲਕਾ ਗੁਰਦਾਸਪੁਰ ਦੀਆਂ 62.42 ਕਿੱਲੋਮੀਟਰ ਲੰਮੀਆਂ ਸੜਕਾਂ ਦੀ ਮੁਰੰਮਤ ਲਈ 12.79 ਕਰੋੜ ਰੁਪਏ ਜਾਰੀ ਕੀਤੇ ਹਨ, ਜਿਸ ਦੇ 19 ਜੂਨ ਨੂੰ ਟੈਂਡਰ ਖੋਲ੍ਹ ਦਿੱਤੇ ਗਏ ਹਨ।ਉਨ੍ਹਾਂ ਕਿਹਾ ਕਿ ਅਗਲੇ 10 ਦਿਨਾਂ ਵਿੱਚ ਇਨ੍ਹਾਂ ਪੇਂਡੂ ਸੰਪਰਕ ਸੜਕਾਂ ਦੀ ਮੁਰੰਮਤ ਦਾ ਕੰਮ ਜੰਗੀ ਪੱਧਰ ਤੇ ਸ਼ੁਰੂ ਕਰ ਦਿੱਤਾ ਜਾਵੇਗਾ।ਸ਼੍ਰੀ ਰਮਨ ਬਹਿਲ ਨੇ ਦੱਸਿਆ ਕਿ ਇਹ ਸੰਪਰਕ ਸੜਕਾਂ ਹਲਕੇ ਦੇ ਪਿੰਡ ਹਰਦਾਨ, ਜੀਵਨਵਾਲ, ਮੰਗਲ ਸੈਨ, ਹਯਾਤ ਨਗਰ, ਪੀਰਾਂ ਬਾਗ, ਗਜ਼ਨੀਪੁਰ, ਤੱਤਲੇ, ਝਾਵਰ, ਰੱਤੋਵਾਲ, ਤਲਵੰਡੀ ਵਿਰਕ, ਬੱਬੇਹਾਲੀ, ਔਜਲਾ, ਸਰਾਵਨ, ਭੁੱਲੇਚੱਕ, ਹੇਮਪੁਰ, ਤਿੱਬੜ, ਕਾਲਾ ਨੰਗਲੀ ਹਰੀਜਨ ਬਸਤੀ, ਭੋਪੁਰ ਸੈਦਾਂ, ਲੋਲੇਨੰਗਲ, ਮੀਰਪੁਰ ਅਤੇ ਸੈਨਪੁਰ ਵਿਖੇ ਬਣਨਗੀਆਂ।ਉਨ੍ਹਾਂ ਕਿਹਾ ਕਿ ਇਹ ਸੰਪਰਕ ਸੜਕਾਂ ਬਣਨ ਨਾਲ ਹਲਕਾ ਵਾਸੀਆਂ ਦੀ ਲੰਮੇ ਸਮੇਂ ਤੋਂ ਚੱਲੀ ਆ ਰਹੀ ਮੰਗ ਪੂਰੀ ਹੋਵੇਗੀ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਮੰਤਵ ਸੂਬੇ ਦਾ ਸਰਬਪੱਖੀ ਵਿਕਾਸ ਅਤੇ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣਾ ਹੈ।ਇਸੇ ਦੌਰਾਨ ਚੇਅਰਮੈਨ ਰਮਨ ਬਹਿਲ ਨੇ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੀ ਨਿਖੇਧੀ ਕਰਦਿਆਂ ਕਿਹਾ ਕਿ ਮੋਦੀ ਸਰਕਾਰ ਨੇ ਪੰਜਾਬ ਨਾਲ ਧੱਕਾ ਅਤੇ ਧੋਖਾ ਕਰਦਿਆਂ ਸੂਬੇ ਦਾ 7757.40 ਕਰੋੜ ਰੁਪਏ ਦਾ ਆਰਡੀਐੱਫ ਬਿਨਾਂ ਵਜ੍ਹਾ ਰੋਕ ਕੇ ਪੰਜਾਬੀਆਂ ਨਾਲ ਧ੍ਰੋਹ ਕਮਾਇਆ ਹੈ।ਉਨ੍ਹਾਂ ਦੱਸਿਆ ਕਿ 7757.40 ਕਰੋੜ ਰੁਪਏ ਦਾ ਆਰਡੀਐੱਫ ਸੂਬੇ ਦੇ ਪਿੰਡਾਂ ਦੇ ਸਰਬਪੱਖੀ ਵਿਕਾਸ ਅਤੇ ਕਿਸਾਨਾਂ ਉਪਰ ਖ਼ਰਚਿਆ ਜਾਣਾ ਸੀ ਅਤੇ ਕੇਂਦਰ ਸਰਕਾਰ ਵੱਲੋਂ ਇਸ ਨੂੰ ਰੋਕਣਾ ਵੱਡੀ ਬੇਇਨਸਾਫ਼ੀ ਹੈ।ਉਨ੍ਹਾਂ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਇਸ ਧੱਕੇਸ਼ਾਹੀ ਨੂੰ ਬੰਦ ਕਰਕੇ ਬਿਨਾਂ ਕਿਸੇ ਦੇਰੀ ਪੰਜਾਬ ਦੇ ਆਰਡੀਐੱਫ ਦੀ 7757.40 ਕਰੋੜ ਰੁਪਏ ਦੀ ਰਾਸ਼ੀ ਜਾਰੀ ਕਰੇ।ਉਨ੍ਹਾਂ ਕਿਹਾ ਕਿ ਪੰਜਾਬ ਦੇ ਭਾਜਪਾਈ ਓਵੇਂ ਤਾਂ ਆਪਣੇ ਆਪ ਨੂੰ ਪੰਜਾਬ ਹਿਤੈਸ਼ੀ ਦੱਸਦੇ ਹਨ ਪਰ ਉਹ ਇਸ ਮੁੱਦੇ 'ਤੇ ਚੁੱਪ ਕਿਉਂ ਹਨ ? ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਹੱਕਾਂ ਦੀ ਲੜਾਈ ਪੂਰੀ ਸ਼ਿੱਦਤ ਨਾਲ ਲੜ ਰਹੀ ਹੈ ਅਤੇ ਪੰਜਾਬ ਆਪਣੇ ਹੱਕ ਲੈ ਕੇ ਹੀ ਰਹੇਗਾ।

## ਸਾਹਿਲ ਪਠਾਨੀਆ ਨੇ ਬਤੌਰ ਐੱਸ ਐੱਚ ਓ ਪੁਰਾਣਾ ਸ਼ਾਲਾ ਦਾ ਚਾਰਜ ਸੰਭਾਲਿਆ



ਗੁਰਦਾਸਪੁਰ (ਜਨਕ ਮਹਾਜਨ)-ਸਾਹਿਲ ਪਠਾਨੀਆ ਨੇ ਬਤੌਰ ਐੱਸਐੱਚਓ ਪੁਰਾਣਾ ਸ਼ਾਲਾ ਚਾਰਜ ਸੰਭਾਲਣ ਉਪਰੰਤ ਦਫ਼ਤਰੀ ਕੰਮਕਾਜ ਅਰੰਭ ਕਰ ਦਿੱਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਾਹਿਲ ਪਠਾਨੀਆ ਨੇ ਦੱਸਿਆ ਕਿ ਪੰਜਾਬ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਡੀਜੀਪੀ ਪੰਜਾਬ ਗੌਰਵ ਯਾਦਵ ਦੇ ਦਿਸ਼ਾ ਨਿਰਦੇਸ਼ਾਂ ਅਤੇ ਐੱਸਐੱਸਪੀ ਗੁਰਦਾਸਪੁਰ ਅਦਿੱਤਿਆ ਦੀ ਦੇਖ ਰੇਖ ਹੇਠ ਇਲਾਕੇ ਅੰਦਰ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਤੇਜ਼ ਕੀਤਾ ਜਾਵੇਗਾ। ਉਨ੍ਹਾਂ ਕਿਹਾ ਇਲਾਕੇ ਅੰਦਰ ਅਮਨ ਸ਼ਾਂਤੀ ਕਾਇਮ ਰੱਖਣ ਦੇ ਨਾਲ-ਨਾਲ ਨਸ਼ੇ ਨੂੰ ਖਤਮ ਕਰਨ ਵਾਸਤੇ ਵਿਸ਼ੇਸ਼ ਪ੍ਰਬੰਧ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪੁਲਿਸ ਮੁਖੀ ਦੀਆਂ ਖਾਸ ਹਦਾਇਤਾਂ ਹਨ ਕਿ ਇਲਾਕੇ ਅੰਦਰ ਕਿਸੇ ਵੀ ਨਸ਼ਾ ਤਸਕਰ ਦੇ ਨਾਲ ਕਿਸੇ ਤਰ੍ਹਾਂ ਦੀ ਕੋਈ ਢਿੱਲਮੱਠ ਨਾ ਕੀਤੀ ਜਾਵੇ। ਅੱਗੇ ਕਿਹਾ ਕਿ ਇਲਾਕੇ ਅੰਦਰ ਗੁੰਡਾਗਰਦੀ ਖਤਮ ਕਰਨ ਦੇ ਨਾਲ-ਨਾਲ ਲੋਕਾਂ ਨੂੰ ਸਾਫ ਸੁਥਰਾ ਪੁਲਿਸ ਪ੍ਰਸ਼ਾਸਨ ਵੀ ਮੁਹੱਈਆ ਕਰਵਾਇਆ ਜਾਵੇਗਾ। ਉਨ੍ਹਾਂ ਜ਼ੋਰ ਦੇ ਕੇ ਇਹ ਗੱਲ ਆਖੀ ਕਿ ਥਾਣੇ ਵਿਚ ਕੁਤਾਹੀ ਬਿਲਕੁਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਮੈਡੀਕਲ ਸਟੋਰਾਂ 'ਤੇ ਗਲਤ ਕੰਮ ਕਰਨ ਵਾਲਿਆਂ ਨੂੰ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਕੋਈ ਵੀ ਨਜਾਇਜ਼ ਧੰਦਾ ਕਰਦਾ ਫੜਿਆ ਗਿਆ ਤਾਂ ਉਸ ਖਿਲਾਫ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਟਰੈਫ਼ਿਕ ਸਬੰਧੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਬਿਨਾਂ ਨੰਬਰੀ ਵਾਹਨ ਜ਼ਬਤ ਕੀਤੇ ਜਾਣਗੇ ਅਤੇ ਟਰੈਕਟਰਾਂ 'ਤੇ ਉਚੀ ਆਵਾਜ਼ ਵਿਚ ਲੱਗੇ ਸਪੀਕਰਾਂ 'ਤੇ ਬਣਦੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਨੇ ਬੁਲਟ ਮੋਟਰਸਾਈਕਲ ਦੇ ਚਾਲਕਾਂ ਨੂੰ ਪਟਾਕੇ ਮਾਰਨ 'ਤੇ ਤਾੜਨਾ ਕੀਤੀ। ਉਨ੍ਹਾਂ ਇਲਾਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਕਿਸੇ ਵੀ ਮੁਸ਼ਕਿਲ ਸਬੰਧੀ ਉਨ੍ਹਾਂ ਨਾਲ ਸਿੱਧੇ ਤੌਰ 'ਤੇ ਰਾਬਤਾ ਕਾਇਮ ਕਰ ਸਕਦੇ ਹਨ। ਉਨ੍ਹਾਂ ਪੁਲਸ ਮੁਲਾਜ਼ਮਾਂ ਨੂੰ ਵੀ ਥਾਣੇ ਅੰਦਰ ਆਉਣ ਵਾਲੇ ਲੋਕਾਂ ਦੀ ਹਰ ਮੁਸ਼ਕਿਲ ਨੂੰ ਹੱਲ ਕਰਨ ਦੇ ਨਾਲ-ਨਾਲ ਪਿਆਰ ਨਾਲ ਪੇਸ਼ ਆਉਣ ਦੀਆਂ ਹਦਾਇਤਾਂ ਜਾਰੀ ਕੀਤੀਆਂ। ਉਨ੍ਹਾਂ ਇਹ ਵੀ ਕਿਹਾ ਕਿ ਜਲਦ ਹੀ ਇਲਾਕੇ ਦੇ ਪੰਚਾਂ, ਸਰਪੰਚਾਂ ਨਾਲ ਮੀਟਿੰਗ ਕਰਕੇ ਉਨ੍ਹਾਂ ਦੇ ਵਿਚਾਰ ਲਏ ਜਾਣਗੇ।

## ਸਿਹਤ ਵਿਭਾਗ ਦੀ ਟੀਮ ਨੇ ਘਰ-ਘਰ ਜਾ ਕੇ ਕੀਤਾ ਫੀਵਰ ਸਰਵੇ




ਚੋਹਲਾ ਸਾਹਿਬ (ਰਮਨ ਚੱਢਾ)-ਸਿਵਲ ਸਰਜਨ ਤਰਨ ਤਾਰਨ ਡਾ. ਗੁਰਪ੍ਰੀਤ ਸਿੰਘ ਰਾਏ ਅਤੇ ਜ਼ਿਲ੍ਹਾ ਟੀਕਾਕਰਨ ਅਫਸਰ ਡਾਕਟਰ ਵਰਿੰਦਰਪਾਲ ਕੌਰ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਡਾਕਟਰ ਜਤਿੰਦਰ ਸਿੰਘ ਗਿੱਲ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਸੀਐੱਚਸੀ ਸਰਹਾਲੀ ਦੀ ਯੋਗ ਅਗਵਾਈ ਹੇਠ ਸਿਹਤ ਵਿਭਾਗ ਦੀ ਟੀਮ ਵੱਲੋਂ ਸਰਹਾਲੀ ਵਿਖੇ ਸਥਿਤ ਰੈਸਟੋਰੈਂਟ ਦਾਣਾ ਪਾਣੀ, ਸ਼ਿਵ ਨਰਸਰੀ ਅਤੇ ਘਰ-ਘਰ ਜਾ ਕੇ ਫੀਵਰ ਸਰਵੇ ਕੀਤਾ ਅਤੇ ਡਰਾਈ ਡੇਅ ਐਕਟੀਵਿਟੀ ਕੀਤੀਆਂ ਗਈਆਂ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਐੱਸਆਈ ਬਿਕਰਮਜੀਤ ਸਿੰਘ ਨੇ ਦੱਸਿਆ ਕਿ ਅੱਜ ਉਨ੍ਹਾਂ ਦੀ ਟੀਮ ਵੱਲੋਂ ਸਰਹਾਲੀ ਵਿਖੇ ਰੋਡ ਤੇ ਸਥਿਤ ਵੱਖ-ਵੱਖ ਰੈਸਟੋਰੈਂਟਾਂ ਵਿੱਚ ਅਤੇ ਨਰਸੀਆਂ ਦੇ ਨਾਲ ਨਾਲ ਲੋਕਾਂ ਦੇ ਘਰਾਂ ਵਿੱਚ ਜਾ ਕੇ ਫੀਵਰ ਸਰਵੇ ਕੀਤਾ ਅਤੇ ਡਰਾਈ ਡੇ ਮਨਾਇਆ ਅਤੇ ਲੋਕਾਂ ਨੂੰ ਜਾਣਕਾਰੀ ਦਿੱਤੀ ਕਿ ਉਹ ਆਪਣੇ ਘਰਾਂ ਦੀਆਂ ਛੱਤਾਂ ਅਤੇ ਟੁੱਟੇ ਟਾਇਰਾਂ ਵਿੱਚ ਪਾਣੀ ਇੱਕਠਾ ਨਾ ਹੋਣ ਦੇਣ ਅਤੇ ਆਪਣੇ ਕੂਲਰਾਂ ਦੇ ਪਾਣੀ ਦੀ ਹਫਤੇ ਵਿੱਚ ਇੱਕ ਵਾਰ ਸਾਫ ਸਫਾਈ ਜ਼ਰੂਰ ਕਰਨ ਤਾਂ ਜੋ ਭਿਆਨਕ ਬਿਮਾਰੀਆਂ ਫੈਲਾਉਣ ਵਾਲੇ ਮੱਛਰ ਪੈਦਾ ਨਾ ਹੋ ਸਕਣ।

ਇਸ ਸਮੇਂ ਜਸਪਿੰਦਰ ਸਿੰਘ ਹਾਂਡਾ ਨੇ ਦੱਸਿਆ ਕਿ ਰੈਸਟੋਰੈਂਟ ਮਾਲਕਾਂ ਨੂੰ ਸਮਝਾਇਆ ਗਿਆ ਕਿ ਉਹ ਖਾਣ ਪੀਣ ਵਾਲੀਆਂ ਵਸਤੂਆਂ ਚੰਗੀ ਤਰ੍ਹਾਂ ਢੱਕ ਕੇ ਰੱਖਣ ਅਤੇ ਖਾਲੀ ਬੋਤਲਾਂ ਆਦਿ ਵਿੱਚ ਪਾਣੀ ਇੱਕਠਾ ਨਾ ਹੋਣ ਦੇਣ।

ਉਨ੍ਹਾਂ ਦੱਸਿਆ ਕਿ ਨਰਸਰੀ ਮਾਲਕਾਂ ਨੂੰ ਵੀ ਦੱਸਿਆ ਕਿ ਉਹ ਆਪਣੇ ਆਲੇ ਦੁਆਲੇ ਪਾਣੀ ਇੱਕਠਾ ਨਾ ਹੋਣ ਦੇਣ। ਉਨ੍ਹਾਂ ਲੋਕਾਂ ਨੂੰ ਘਰ ਘਰ ਜਾ ਕੇ ਭਿਆਨਕ ਬਿਮਾਰੀਆਂ ਫੈਲਾਉਣ ਵਾਲੇ ਮੱਛਰਾਂ ਦੀ ਰੋਕਥਾਮ ਸਬੰਧੀ ਜਾਣਕਾਰੀ ਦਿੱਤੀ।

## ਪੀਰ ਬਾਬਾ ਲੱਖ ਦਾਤਾ ਜੀ ਦਾ ਸਾਲਾਨਾ ਮੇਲਾ ਮਨਾਇਆ



ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ): ਅੱਜ ਜੰਡਿਆਲਾ ਗੁਰੂ ਹਲਕੇ ਦੇ ਅਧੀਨ ਆਉਂਦੇ ਪਿੰਡ ਗੁੰਨੋਵਾਲ ਵਿਖੇ ਪੀਰ ਬਾਬਾ ਲੱਖ ਦਾਤਾ ਜੀ ਦਾ ਸਾਲਾਨਾ ਮੇਲਾ ਹਰ ਸਾਲ ਦੀ ਤਰ੍ਹਾਂ ਬੜੀ ਧੂਮਧਾਮ ਨਾਲ ਪਿੰਡ ਦੀਆ ਸੰਗਤਾਂ ਵੱਲੋਂ ਮਨਾਇਆ ਗਿਆ।ਸੰਗਤਾਂ ਵੱਲੋਂ ਮੇਲੇ ਵਿਚ ਲੰਗਰ ਅਤੇ ਠੰਢੇ ਮਿੱਠੇ ਜਲ ਦੀ ਛਬੀਲ ਲਗਾ ਕੇ ਕੀਤੀ ਗਈ।

## ਆਰ ਡੀ ਖੋਸਲਾ ਡੀ ਏ ਵੀ ਸੀਨੀਅਰ ਸੈਕੰਡਰੀ ਸਕੂਲ 'ਚ ਵਿਸ਼ਵ ਯੋਗਾ ਦਿਵਸ ਅੱਜ

**ਬਟਾਲਾ (ਡਾ. ਮਲਵਿੰਦਰ ਸਿੰਘ)**-ਵਿਕਰਮਜੀਤ ਸਿੰਘ ਪਾਂਥੇ ਐੱਸਡੀਐੱਮ-ਕਮ-ਕਮਿਸ਼ਨਰ ਨਗਰ ਨਿਗਮ ਬਟਾਲਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 21 ਜੂਨ ਨੂੰ ਅੰਤਰਰਾਸ਼ਟਰੀ ਯੋਗਾ ਦਿਵਸ ਆਰ. ਡੀ. ਖੋਸਲਾ, ਡੀਏਵੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਵੇਰੇ 6 ਵਜੇ ਤੋਂ ਸਵੇਰੇ 8:00 ਵਜੇ ਤੱਕ ਮਨਾਇਆ ਜਾਵੇਗਾ। ਇਸ ਮੌਕੇ ਡਾ. ਪ੍ਰਦੀਪ ਸਿੰਘ ਜ਼ਿਲ੍ਹਾ ਅਯੂਰਵੇਦਾ ਅਤੇ ਯੂਨਾਨੀ ਅਫਸਰ ਗੁਰਦਾਸਪੁਰ ਅਤੇ ਡਾ. ਅਮਿਤ ਵਰਮਾ ਆਯੂਰਵੈਦਿਕ ਅਫਸਰ ਵੀ ਮੌਜੂਦ ਸਨ।ਉਨ੍ਹਾਂ ਦੱਸਿਆ ਕਿ ਡਿਪਟੀ ਕਮਿਸ਼ਨਰ ਦਲਵਿੰਦਰਦੀਤ ਸਿੰਘ ਦੇ ਦਿਸ਼ਾ- ਨਿਰਦੇਸ਼ਾਂ ਹੇਠ ਸਬ ਡਵੀਜ਼ਨ ਪੱਧਰ 'ਤੇ ਅੰਤਰਰਾਸ਼ਟਰੀ ਯੋਗਾ ਦਿਵਸ ਬਟਾਲਾ ਵਿਖੇ ਮਨਾਇਆ ਜਾ ਰਿਹਾ ਹੈ ਅਤੇ ਸਬੰਧਤ ਵਿਭਾਗੀ ਅਧਿਕਾਰੀਆਂ ਵੱਲੋਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਐੱਸਡੀਐੱਮ ਬਟਾਲਾ ਨੇ ਲੋਕਾਂ ਨੂੰ ਅੱਜ ਯੋਗ ਦਿਵਸ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਕੀਤੀ ਤਾਂ ਜੋ ਉਨ੍ਹਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨ ਦੇ ਨਾਲ-ਨਾਲ ਯੋਗ ਦੇ ਫਾਇਦਿਆਂ ਬਾਰੇ ਜਾਣੂ ਕਰਵਾਇਆ ਜਾ ਸਕੇ।

## ਚੱਢਾ ਸ਼ੂਗਰ ਮਿੱਲ ਨੇ ਕ੍ਰਿਕਟ ਟੂਰਨਾਮੈਂਟ ਕਰਵਾਇਆ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਚੱਢਾ ਸ਼ੂਗਰ ਮਿੱਲ ਵਿਖੇ ਖੇਡਾਂ ਦਾ ਆਗਾਜ਼ ਕੀਤਾ ਗਿਆ। ਇਸ ਦਾ ਹਰਚੋਵਾਲ ਸਕੂਲ ਦੇ ਮੈਦਾਨ ਵਿਖੇ ਫਰੈਂਡਲੀ ਮੈਚ ਖੇਡੇ ਗਏ ਜਿਨ੍ਹਾਂ ਵਿੱਚੋਂ ਫਾਈਨਲ ਮੈਚ ਖੇਡਣ ਲਈ ਬੀਅਰ ਯੂਨਿਟ ਅਤੇ ਏ. ਬੀ. ਗਰੇਨ ਦਾ ਮੈਚ ਹੋਇਆ। ਬੀਅਰ ਯੂਨਿਟ ਦੀ ਟੀਮ ਜਿੱਤਣ ਵਿੱਚ ਕਾਮਯਾਬ ਹੋਈ।ਇਸ ਕੰਮ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਬਿਕਰਮਜੀਤ ਸਿੰਘ ਅਤੇ ਸਾਰੀ ਮਿੱਲ ਮਨੇਜਮੈਂਟ, ਸੀਨੀਅਰ ਵੀ. ਪੀ. ਸ਼ਮੀਰ ਮਜੂਮਦਾਰ, ਵੀ. ਪੀ. ਮੁਨੀਸ਼ ਤਿਆਗੀ, ਜੀ. ਐੱਮ. ਪਰਮਜੀਤ ਸਿੰਘ ਰੰਧਾਵਾ, ਲਵਕੁਸ਼ ਤਿਆਗੀ, ਐੱਮ. ਕ੍ਰਿਸ਼ਨ ਲਾਲ, ਜੀ. ਵੀ. ਚੁਤਰਵੇਦੀ ਨੇ ਪੂਰਨ ਤੌਰ 'ਤੇ ਸਹਿਯੋਗ ਦਿੱਤਾ।ਇਸ ਗੇਮਾਂ ਨੂੰ ਵੇਖਣ ਲਈ ਸਾਰੇ ਮਿੱਲ ਦੇ ਅਫ਼ਸਰ ਅਤੇ ਇੰਪਲਾਈਜ਼ ਹਾਜ਼ਰ ਰਹੇ।ਇਸ ਮੈਚ ਦੀ ਕੁਮੈਂਟਰੀ ਜੇ. ਐਸ. ਰਾੜਾ ਅਤੇ ਸੰਦੀਪ ਧਰਮਸੋਤ ਨੇ ਕੀਤੀ।ਇਸ ਮੌਕੇ ਵਿਸ਼ਾਲ ਜੋਸ਼ੀ, ਵਿਸ਼ਾਲ ਸ਼ਰਮਾ, ਪ੍ਰਮੋਦ ਤੋਮਰ, ਹਰਪ੍ਰੀਤ ਸਿੰਘ, ਗੁਰਮੀਤ ਸਿੰਘ, ਸੰਦੀਪ ਸਿੰਘ ਤੋਂ ਇਲਾਵਾ ਸਾਰੇ ਐੱਚ ਆਰ ਵਿਭਾਗ ਦਾ ਸਟਾਫ ਹਾਜ਼ਰ ਸੀ।ਇਸ ਮੌਕੇ ਸਾਰੀਆਂ ਟੀਮਾਂ ਨੂੰ ਰਿਫਰੈਸ਼ਮੈਂਟ ਦੇਣ ਲਈ ਐੱਚ ਆਰ ਵਿਭਾਗਾਂ ਦਾ ਵੱਡਾ ਯੋਗਦਾਨ ਰਿਹਾ ਅਤੇ ਹਰ ਸਹੂਲਤ ਮੁਹੱਈਆ ਕਰਵਾਈ ਗਈ।ਕੈਪਟਨ ਅਵਤਾਰ ਸਿੰਘ, ਸੋਹਨ ਸਿੰਘ ਨੇ ਸਕਿਓਰਿਟੀ ਦਾ ਪੂਰਨ ਤੌਰ 'ਤੇ ਪ੍ਰਬੰਧ ਕੀਤਾ।

## ਚੋਰ ਕੰਧ ਪਾੜ ਕੇ ਡੀ ਵੀ ਆਰ, ਐੱਲ ਈ ਡੀ, ਮਿੰਨੀ ਏ ਟੀ ਐੱਮ ਤੇ ਹੋਰ ਸਾਮਾਨ ਲੈ ਉੱਡੇ



**ਕਲਾਨੌਰ (ਮਨਦੀਪ ਕੋਹਲੀ)**-ਇਤਿਹਾਸਕ ਕਸਬਾ ਕਲਾਨੌਰ ਦੇ ਸ਼ਿਵ ਮੰਦਰ ਬਾਜ਼ਾਰ ਵਿੱਚ ਸੀਐੱਸਸੀ ਸੈਂਟਰ ਦੀ ਦੁਕਾਨ ਨੂੰ ਚੋਰਾਂ ਵੱਲੋਂ ਬਣਾਇਆ ਨਿਸ਼ਾਨਾ ਗਿਆ।ਪ੍ਰਾਪਤ ਕੀਤੀ ਜਾਣਕਾਰੀ ਅਨੁਸਾਰ ਬੀਤੀ ਰਾਤ ਚੋਰਾਂ ਵੱਲੋਂ ਇੱਕ ਦੁਕਾਨ ਬਾਜਵਾ ਟੈਲੀਕੋਮ, ਸੀਐੱਸਸੀ ਸੈਂਟਰ ਨੂੰ ਨਿਸ਼ਾਨਾ ਬਣਾ ਕੇ ਹਜ਼ਾਰਾਂ ਰੁਪਏ ਦਾ ਸਾਮਾਨ ਚੋਰੀ ਕੀਤਾ ਗਿਆ।ਚੋਰਾਂ ਵੱਲੋਂ ਸੀਐੱਸਸੀ ਸੈਂਟਰ ਦੀ ਪਿਛਲੀ ਦੀਵਾਰ ਤੋੜ ਕੇ ਅੰਦਰ ਪਏ ਮਿੰਨੀ ਏਟੀਐੱਮ, ਡੀਵੀਆਰ, ਐੱਲਈਡੀ, ਸਮੇਤ ਮਹਿੰਗੇ ਭਾਅ ਦੇ ਸਾਮਾਨ ਨੂੰ ਚੋਰੀ ਕਰ ਲਿਆ ਗਿਆ। ਦੁਕਾਨਾਂ ਬਲਾਕ ਵਿਕਾਸ ਤੇ ਪੰਚਾਇਤ ਵਿਭਾਗ ਕਲਾਨੌਰ ਦੀਆਂ ਹਨ ਦੁਕਾਨਾਂ ਦੇ ਪਿੱਛੇ ਜਗ੍ਹਾ ਜਿਸ ਵਿੱਚ ਕਾਫੀ ਘਾਹ ਫੂਸ ਅਤੇ ਜੰਗਲੀ ਬੂਟੀ ਉਗੀ ਹੋਣ ਕਾਰਨ ਚੋਰਾਂ ਲਈ ਲੁਕਣ ਦੀ ਥਾਂ ਬਣਿਆ ਹੋਈ ਹੈ ।ਇਸ ਸਬੰਧੀ ਦੁਕਾਨ ਦੇ ਮਾਲਕ ਸੁਖਦੇਵ ਪਾਲ ਸਿੰਘ ਵੱਲੋਂ ਕਲਾਨੌਰ ਪੁਲਸ ਨੂੰ ਸੂਚਿਤ ਕੀਤਾ ਗਿਆ ਹੈ। ਪੀੜਤ ਦੁਕਾਨਦਾਰ ਸੁਖਦੇਵ ਪਾਲ ਸਿੰਘ ਬਾਜਵਾ ਅਤੇ ਨਾਲ ਸਥਿਤ ਦੁਕਾਨਾਂ ਚਲਾ ਰਹੇ ਰੋਹਨ ਸੱਚਰ, ਵਨੀਤ ਮਹਾਜਨ, ਰਕੇਸ਼ ਮਹਿੰਦਰੂ ਅਤੇ ਹੋਰ ਦੁਕਾਨਦਾਰਾਂ ਨੇ ਪੁਲਸ ਪ੍ਰਸ਼ਾਸਨ ਨੂੰ ਰਾਤ ਸਮੇਂ ਗਸ਼ਤ ਵਧਾਉਣ ਲਈ ਅਪੀਲ ਕੀਤੀ ਹੈ।


### ਉੱਤਰ ਰੇਲਵੇ

**ਈ. ਨਿਵਿਦਾ ਸ਼ੁਧੀਪੱਤਰ ਸੂਚਨਾ**

ਸ਼ੁਧੀਪੱਤਰ ਅਤੇ ਨਿਵਿਦਾ ਵੇਰਵਾ

| | | | |
|---|---|---|---|
| ਸ਼ੁਧੀਪੱਤਰ ਨੰ. | 1 | ਆਈਆਰਈਪੀਐਸ ਦੇ ਅਨੁਸਾਰ ਸ਼ੁਧੀਪੱਤਰ ਪ੍ਰਕਾਸ਼ਨ ਮਿਤੀ | 19/06/25 12:41 |
| ਨਿਵਿਦਾ ਨੰ. | 433-Sig-ਜਾਟ-6-25-26 (ਖੁਲ੍ਹੀ ਨਿਵਿਦਾ) | | |
| ਕੰਮ ਦਾ ਨਾਮ | ਜੰਮੂ ਸੰਭਾਗ ਦੇ BRML-SGDN ਸੈਕਸ਼ਨ ਦੇ 18 ਸਟੇਸ਼ਨਾਂ ਤੇ ਸਥਾਪਿਤ ਹਿਤਾਚੀ ਮੇਕ ਇਲੈਕਟ੍ਰਾਨਿਕ ਇੰਟਰਲਾਕਿੰਗ ਸਿਸਟਮ ਦਾ ਵਿਆਪਕ ਸਲਾਨਾ ਰਖਰਖਾਅ ਕਾਂਟਰੈਕਟ (ਏਐਮਸੀ) | | |
| ਨਿਵਿਦਾ ਸਮਾਪਤੀ ਮਿਤੀ ਸਮਾਂ | 07.07.2025 15:00 | ਟੈਂਡਰ ਦੀ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ | 14.06.2025 13:58 |
| ਵਿਗਿਆਪਤ ਮੁਲ (ਰੁ.) | 21683389.89 | ਆਈਆਰਈਪੀਐਸ ਦੇ ਅਨੁਸਾਰ ਬੋਲੀ ਸ਼ੁਰੂ ਮਿਤੀ | 14.06.2025 |
| ਬਿਆਨਾ ਰਾਸ਼ੀ (ਰੁ) | 258400.00 | ਸਮਾਪਤੀ ਦਾ ਸਮਾਂ | 36 ਮਹੀਨੇ |

ਸੰਸ਼ੋਧਿਤ ਆਈਟਮ
ਐਨਆਈਟੀ ਹੇਡਰ

| ਫੀਲਡ ਨਾਮ | ਮੌਜੂਦਾ ਮੁੱਲ | ਸੰਸ਼ੋਧਿਤ ਮੁੱਲ |
|---|---|---|
| ਕੰਮ ਦਾ ਨਾਮ | ਜੰਮੂ ਸੰਭਾਗ ਦੇ BRML-SGDN ਸੈਕਸ਼ਨ ਦੇ 18 ਸਟੇਸ਼ਨਾਂ ਤੇ ਸਥਾਪਿਤ ਹਿਤਾਚੀ ਮੇਕ ਇਲੈਕਟ੍ਰਾਨਿਕ ਇੰਟਰਲਾਕਿੰਗ ਸਿਸਟਮ ਦਾ ਤਿੰਨ (03) ਸਾਲਾਂ ਦੇ ਲਈ ਵਿਆਪਕ ਸਲਾਨਾ ਰਖਰਖਾਅ ਕਾਂਟਰੈਕਟ (ਏਐਮਸੀ) | ਜੰਮੂ ਸੰਭਾਗ ਦੇ BRML-SGDN ਸੈਕਸ਼ਨ ਦੇ 18 ਸਟੇਸ਼ਨਾਂ ਤੇ ਸਥਾਪਿਤ ਹਿਤਾਚੀ ਮੇਕ ਇਲੈਕਟ੍ਰਾਨਿਕ ਸਿਸਟਮ ਦਾ ਵਿਆਪਕ ਸਲਾਨਾ ਰਖਰਖਾਅ ਕਾਂਟਰੈਕਟ (ਏਐਮਸੀ) |

ਨਿਵਿਦਾ ਸੂਚਨਾ ਨੰ. :- 433-Sig-ਜਾਟ-6-25-26 ਮਿਤੀ- 19.06.2025 ਸਮਾਪਤੀ ਮਿਤੀ/ ਸਮਾਂ: 07.07.2025 15:00 1855/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


## ਸੀਵਰੇਜ ਦੇ ਕੁਨੈਕਸ਼ਨ ਰੈਗੂਲਰ ਕਰਵਾਉਣ ਤੇ ਪ੍ਰਾਪਰਟੀ ਟੈਕਸ ਭਰਨ ਲਈ ਲਗਾਏ ਕੈਂਪ ਨੂੰ ਮਿਲਿਆ ਭਰਵਾਂ ਹੁੰਗਾਰਾ

ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)-ਕਮਿਸ਼ਨਰ ਨਗਰ ਨਿਗਮ ਅੰਮ੍ਰਿਤਸਰ ਗੁਲਪ੍ਰੀਤ ਸਿੰਘ ਔਲਖ ਵੱਲੋਂ ਸ਼ਹਿਰ ਵਾਸੀਆਂ ਦੀ ਸਹੂਲਤ ਲਈ 30 ਜੂਨ 2025 ਤੱਕ ਪਛੱਮੀ, ਦੱਖਣੀ, ਉੱਤਰੀ ਅਤੇ ਪੂਰਬੀ ਹਲਕਿਆਂ ਵਿੱਚ ਅਣ ਅਧਿਕਾਰਤ ਪਾਣੀ ਅਤੇ ਸੀਵਰੇਜ ਦੇ ਕੁਨੈਕਸ਼ਨਾਂ ਨੂੰ ਰੈਗੂਲਰ ਕਰਵਾਉਣ ਅਤੇ ਬਿਨਾਂ ਵਿਆਜ ਜੁਰਮਾਨੇ ਦੇ ਪਿਛਲੇ ਸਾਲਾਂ ਦਾ ਪ੍ਰਾਪਰਟੀ ਟੈਕਸ ਭਰਨ ਲਈ ਕੈਂਪਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ ।ਇਸੇ ਕੜੀ ਵਿੱਚ ਸ਼ਹਿਰ ਦੇ ਪੱਛਮੀ ਵਿਧਾਨ ਸਭਾ ਹਲਕੇ ਵਿੱਚ ਪੈਂਦੇ ਇਲਾਕੇ ਆਰ. ਬੀ. ਅਸਟੇਟ ਲੋਹਾਰਕਾ ਰੋਡ ਵਿਖੇ ਕੈਂਪ ਦਾ ਆਯੋਜਨ ਕੀਤਾ ਗਿਆ, ਜਿਸ ਦੀ ਅਗਵਾਈ ਕਾਰਜਕਾਰੀ ਇੰਜੀਨੀਅਰ ਗੁਰਜਿੰਦਰ ਸਿੰਘ, ਨੋਡਲ ਅਫਸਰ ਸਹਾਇਕ ਕਮਿਸ਼ਨਰ ਦਲਜੀਤ ਸਿੰਘ, ਸੁਪਰਡੰਟ ਪ੍ਰਾਪਰਟੀ ਟੈਕਸ ਧਰਮਿੰਦਰਜੀਤ ਸਿੰਘ, ਸੁਪਰਡੰਟ ਵਾਟਰੇਟ ਸਤਨਾਮ ਸਿੰਘ ਵੱਲੋਂ ਕੀਤੀ ਗਈ ।ਕੈਂਪ ਵਿੱਚ ਇਲਾਕਾ ਨਿਵਾਸੀਆਂ ਵਲੋਂ ਵੱਧ-ਚੜ੍ਹ ਕੇ ਹਿੱਸਾ ਪਾਇਆ ਅਤੇ ਸ਼ਹਿਰ ਵਾਸੀਆਂ ਵੱਲੋਂ ਆਪਣੇ ਪਾਣੀ ਸੀਵਰੇਜ ਦੇ ਕੁਨੈਕਸ਼ਨ ਰੈਗੂਲਰ ਕਰਵਾਉਣ ਲਈ ਫਾਰਮ ਭਰੇ ਗਏ ਅਤੇ ਬਿਨਾਂ ਵਿਆਜ ਅਤੇ ਜੁਰਮਾਨੇ ਦੇ ਪ੍ਰਾਪਰਟੀ ਟੈਕਸ ਦੀ ਅਦਾਇਗੀ ਕੀਤੀ ਗਈ। ਅੱਜ ਦੇ ਇਸ ਕੈਂਪ ਵਿੱਚ ਪਾਣੀ ਅਤੇ ਸੀਵਰੇਜ ਦੇ 15 ਨਜਾਇਜ਼ ਕੁਨੈਕਸ਼ਨਾਂ ਨੂੰ ਬਣਦੀ ਫੀਸ 1650 ਰੁਪਏ ਪ੍ਰਤੀ ਕੇਸ ਵਸੂਲ ਕੇ ਰੈਗੂਲਰ ਕਰ ਦਿੱਤਾ ਗਿਆ ਹੈ ਅਤੇ ਇਸ ਤੋਂ ਇਲਾਵਾ ਇਲਾਕੇ ਵਿੱਚ ਲੋਕਾਂ ਨੂੰ ਆਪਣੇ ਕੁਨੈਕਸ਼ਨ ਰੈਗੂਲਰ ਕਰਵਾਉਣ ਲਈ ਜਾਗਰੂਕ ਕੀਤਾ ਜਾ ਰਿਹਾ ਹੈ ।ਪ੍ਰਾਪਰਟੀ ਟੈਕਸ ਵਿਭਾਗ ਵਲੋਂ 110 ਪ੍ਰਾਪਰਟੀ ਟੈਕਸ ਰਿਟਰਨਾਂ ਭਰੀਆਂ ਗਈਆਂ ਹਨ ਜਿਸ ਤੋਂ ਤਕਰੀਬਨ 2.50 ਲੱਖ ਰੁਪਏ ਟੈਕਸ ਦੀ ਵਸੂਲੀ ਹੋਈ ਹੈ ।ਵਧੀਕ ਕਮਿਸ਼ਨਰ ਸੁਰਿਦੰਰ ਸਿੰਘ ਵੱਲੋਂ ਇਨ੍ਹਾਂ ਕੈਂਪਾਂ ਦੀ ਖੁਦ ਨਿਗਰਾਨੀ ਕੀਤੀ ਜਾ ਰਹੀ ਹੈ ਤਾਂ ਜੋ ਸ਼ਹਿਰ ਵਾਸੀਆਂ ਨੂੰ ਇਨਾਂ ਕੈਂਪਾਂ ਵਿੱਚ ਕਿਸੇ ਵੀ ਕਿਸਮ ਦੀ ਕੋਈ ਵੀ ਪਰੇਸ਼ਾਨੀ ਨਾ ਹੋ ਸਕੇ।ਵਧੀਕ ਕਮਿਸ਼ਨਰ ਸੁਰਿੰਦਰ ਸਿੰਘ ਨੇ ਦੱਸਿਆ ਕਿ ਸ਼ਹਿਰ ਵਿੱਚ ਜਿੰਨੀ ਆਬਾਦੀ ਹੈ ਉਸ ਹਿਸਾਬ ਨਾਲ ਪਾਣੀ ਅਤੇ ਸੀਵਰੇਜ ਦੇ ਕੁਨੈਕਸ਼ਨ ਨਹੀਂ ਹਨ ਅਤੇ ਜਿਨ੍ਹਾਂ ਲੋਕਾਂ ਵੱਲੋਂ ਪਾਣੀ ਅਤੇ ਸੀਵਰੇਜ ਦੇ ਕੁਨੈਕਸ਼ਨ ਅਣ-ਅਧਿਕਾਰਤ ਤੌਰ ਤੇ ਲਏ ਗਏ ਹਨ ਉਨ੍ਹਾਂ ਨੂੰ ਰੈਗੂਲਰ ਕਰਵਾਉਣ ਦਾ ਇਹ ਸੁਨਹਿਰੀ ਮੌਕਾ ਹੈ ਕਿਉਂਜੋ ਇਨ੍ਹਾਂ ਕੈਂਪਾਂ ਤੋਂ ਬਾਅਦ ਅਣ-ਅਧਿਕਾਰਤ ਪਾਣੀ ਸੀਵਰੇਜ ਦੇ ਕੁਨੈਕਸ਼ਨਾਂ ਨੂੰ ਕਟਣ ਲਈ ਨਿਗਮ ਵੱਲੋਂ ਕਾਰਵਾਈਆਂ ਆਰੰਭੀਆਂ ਜਾਣੀਆਂ ਹਨ ।ਇਸ ਤੋਂ ਇਲਾਵਾ ਸਰਕਾਰ ਦੀ ਵਨ-ਟਾਇਮ ਸੈਟਲਮੈਂਟ ਸਕੀਮ ਅਧੀਨ ਸਰਕਾਰ ਵੱਲੋਂ ਪੈਂਡਿੰਗ ਪਏ ਪ੍ਰਾਪਰਟੀ ਟੈਕਸ ਤੇ ਵਿਆਜ ਅਤੇ ਜੁਰਮਾਨੇ ਦੀ ਮੁਆਫੀ ਵੀ 31 ਜੁਲਾਈ 2025 ਦੀ ਹੈ ਜਿਸ ਦਾ ਭਰਪੂਰ ਲਾਭ ਉਠਾਇਆ ਜਾ ਸਕਦਾ ਹੈ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕੀ ਨਗਰ ਨਿਗਮ ਵੱਲੋਂ ਲਗਾਏ ਜਾ ਰਹੇ ਕੈਂਪਾਂ ਦਾ ਭਰਪੂਰ ਲਾਭ ਉਠਾਉਣ।

## ਗੁਰੂ ਨਗਰੀ 'ਚ ਲੱਗਿਆ ਲੰਮਾ ਜਾਮ, ਟਰੈਫਿਕ ਪੁਲਸ ਗਈ ਨਿਰੰਕਾਰੀ ਭਵਨ



ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ )- ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਵਿੱਚ ਗਰਮੀਆਂ ਦੀਆਂ ਛੁੱਟੀਆਂ ਕਾਰਨ ਦੇਸ਼ ਵਿਦੇਸ਼ ਤੋਂ ਹਜ਼ਾਰਾਂ ਦੀ ਤਾਦਾਦ ਵਿੱਚ ਸੈਲਾਨੀ ਪਹੁੰਚ ਰਹੇ ਹਨ, ਜੋ ਤਖਤ ਸ੍ਰੀ ਕੇਸਗੜ੍ਹ ਸਾਹਿਬ ,ਵਿਰਾਸਤ ਏ ਖਾਲਸਾ, ਮਾਤਾ ਨੈਣਾ ਦੇਵੀ ਦੇ ਮੰਦਰ ਆਦਿ ਵਿਖੇ ਦਰਸ਼ਨ ਕਰਨ ਦੇ ਲਈ ਪੁੱਜਦੇ ਹਨ। ਪਰ ਇੱਥੇ ਆ ਕੇ ਉਨ੍ਹਾਂ ਨੂੰ ਲੰਮਾ ਸਮਾਂ ਜਾਮ ਦੇ ਵਿੱਚ ਫਸਣਾ ਪੈ ਰਿਹਾ ਹੈ ।ਸ਼ੁੱਕਰਵਾਰ ਜਦੋਂ ਚੰਡੀਗੜ੍ਹ- ਨੰਗਲ ਮੁੱਖ ਮਾਰਗ ਤੇ ਵੱਡਾ ਜਾਮ ਲੱਗ ਗਿਆ ਤਾਂ ਲੋਕ ਬਹੁਤ ਪਰੇਸ਼ਾਨ ਹੋਏ। ਪਰੇਸ਼ਾਨ ਹੋਣਾ ਵੀ ਸੁਭਾਵਿਕ ਸੀ, ਕਿਉਂਕਿ ਟਰੈਫਿਕ ਪੁਲਸ ਜਿਸ ਨੇ ਮੁੱਖ ਮਾਰਗ ਤੇ ਜਾਮ ਨੂੰ ਖੁਲਵਾ ਕੇ ਆਵਾਜਾਈ ਲਗਾਤਾਰ ਚਲਾਉਣੀ ਹੁੰਦੀ ਹੈ ਉਹ ਸਾਰੇ ਰੋਪੜ ਵਿਖੇ ਹੋ ਰਹੇ ਨਿਰੰਕਾਰੀ ਸਤਸੰਗ ਭਵਨ ਵਿਚ ਪਹੁੰਚੇ ਹੋਏ ਸਨ। ਦਰਅਸਲ ਮੁੱਖ ਮਾਰਗ 'ਤੇ ਇੱਕ ਬੱਸ ਦਾ ਟਾਇਰ ਫਟ ਗਿਆ ਜਿਸ ਕਾਰਨ ਬਸ ਉੱਥੇ ਹੀ ਖੜੀ ਹੋ ਗਈ ਤੇ ਲੰਮਾ ਜਾਮ ਲੱਗ ਗਿਆ । ਲੰਮੀਆਂ ਕਤਾਰਾਂ ਵਿੱਚ ਲੋਕ ਪਰੇਸ਼ਾਨ ਹੋਣ ਲੱਗ ਪਏ। ਜਦੋਂ ਇਸ ਸਬੰਧੀ ਟਰੈਫਿਕ ਇੰਚਾਰਜ ਜਸਪਾਲ ਸਿੰਘ ਨਾਲ ਗੱਲ ਕੀਤੀ ਗਈ ਤਾਂ ਉਹਨਾਂ ਦੱਸਿਆ ਕਿ ਉਹਨਾਂ ਦੀ ਡਿਊਟੀ ਰੋਪੜ ਵਿਖੇ ਹੋ ਰਹੇ ਨਿਰੰਕਾਰੀ ਸਤਸੰਗ ਭਵਨ ਵਿੱਚ ਲੱਗੀ ਹੋਈ ਹੈ, ਜਿਸ ਕਰਕੇ ਸਾਰੇ ਟਰੈਫਿਕ ਮੁਲਾਜ਼ਮ ਉੱਥੇ ਪਹੁੰਚੇ ਹੋਏ ਹਨ। ਵੱਡੀ ਜੱਦੋ ਜਹਿਦ ਮਗਰੋਂ ਇਸ ਜਾਮ ਨੂੰ ਖੁਲਵਾਇਆ ਗਿਆ । ਸ਼ਹਿਰ ਵਾਸੀਆਂ ਨੇ ਮੰਗ ਕੀਤੀ ਕਿ ਦੂਰ ਦੁਰਾਡੇ ਤੋਂ ਆਉਣ ਵਾਲੇ ਸ਼ਰਧਾਲੂਆਂ ਅਤੇ ਸ਼ਹਿਰ ਵਾਸੀਆਂ ਨੂੰ ਇਸ ਤਰ੍ਹਾਂ ਦੇ ਜਾਮ ਦਾ ਸਾਹਮਣਾ ਨਾ ਕਰਨਾ ਪਵੇ ਇਸ ਲਈ ਟ੍ਰੈਫਿਕ ਪੁਲਸ ਦਾ ਇੱਥੇ ਰਹਿਣਾ ਯਕੀਨੀ ਬਣਾਇਆ ਜਾਵੇ।


### ਉੱਤਰ ਰੇਲਵੇ

**ਈ. ਨਿਵਿਦਾ ਸੂਚਨਾ**

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਕੰਮ ਕਰਨ ਵਾਲੇ ਸੀਨੀਅਰ ਡੀਐਸਟੀਈ/ਜੇਏਟੀ https://www.ireps.gov.in 'ਤੇ ਈ-ਨਿਵਿਦਾਵਾਂ ਦੀ ਮੰਗ ਕਰਦੇ ਹਨ। ਨਿਵਿਦਾ ਸੂਚਨਾ ਨੰਬਰ 433-Sig-JAT-8-25-26 ਦੇ ਵਿਰੁਧ ਅੰਤਮ ਮਿਤੀ/ਸਮਾਂ 07.07.2025 15:00 ਵਜੇ। ਬੋਲੀਦਾਤਾ ਆਪਣੀ ਮੂਲ/ ਸੰਸ਼ੋਧਿਤ ਬੋਲੀਆਂ ਅੰਤਮ ਮਿਤੀ ਅਤੇ ਸਮੇਂ ਤਕ ਹੀ ਜਮ੍ਹਾ ਕਰ ਸਕਣਗੇ। ਇਸ ਨਿਵਿਦਾ ਦੇ ਵਿਰੁਧ ਮੈਨੂੰਅਲ ਆਫਰ ਦੀ ਇਜਾਜਤ ਨਹੀਂ ਹੈ, ਅਤੇ ਪ੍ਰਾਪਤ ਐਸੇ ਕਿਸੇ ਵੀ ਮੈਨੂੰਅਲ ਆਫਰ ਨੂੰ ਅਣਦੇਖਾ ਕਰ ਦਿਤਾ ਜਾਵੇਗਾ। ਠੇਕੇਦਾਰਾਂ ਨੂੰ ਇਸ ਨਿਵਿਦਾ ਦੇ ਲਈ ਨਿਵਿਦਾ ਦਸਤਾਵੇਜ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ ਆਈਆਰਈਪੀਐਸ ਪੋਰਟ ਤੇ ਉਪਲਬਧ ਆਨਲਾਈਨ ਭੁਗਤਾਨ ਮੋਡ ਜਿਵੇਂ ਨੈਟ ਬੈਕਿੰਗ, ਡੇਬਿਟ ਕਾਰਡ, ਕਰੇਡਿਟ ਕਾਰਡ ਆਦਿ ਦੇ ਮਾਧਿਅਮ ਨਾਲ ਕਰਨ ਦੀ ਇਜਾਜਤ ਹੈ। ਡਿਮਾਂਡ ਡ੍ਰਾਫਟ, ਬੈਂਕਰ ਚੈਕ, ਜਮ੍ਹਾ ਰਸੀਦਾਂ, ਐਫਡੀਆਰ ਆਦਿ ਦੇ ਮਾਧਿਅਮ ਨਾਲ ਮੈਨੂੰਅਲ ਦੀ ਇਜਾਜਤ ਨਹੀਂ ਹੈ।

ਐਨਆਈਟੀ ਹੇਡਰ

| ਕਰਾਰ ਦਾ ਪ੍ਰਕਾਰ | ਕੰਮ ਕਰਦਾ ਹੈ | | |
|---|---|---|---|
| ਕੰਮ ਦਾ ਨਾਮ | ਅਮਰ ਰਾਜਾ ਮੇਕ ਆਈਪੀਐਸ ਦਾ ਵਿਆਪਕ ਸਲਾਨਾ ਰਖਰਖਾਅ ਕਾਂਟਰੈਕਟ 14 ਸਟੇਸ਼ਨਾਂ ਤੇ ਸਥਾਪਿਤ ਕੀਤਾ ਗਿਆ ਹੈ (ਐਮਸੀਟੀਐਮ, ਆਰਜੇਐਮਕੇ ਐਮਐਨਵੀਐਲ, ਐਮਜੀਆਰਆਰ, ਬੀਐਲਏ, ਪੀਟੀਕੇ ਪਾਵਰ ਕੇਬਿਨ, ਕੇਐਨਡੀਆਈ ਐਮਆਰਟੀਐਲ, ਬੀਐਨਜੀਐਲ, ਐਮਈਐਕਸ, ਡੀਜੇਏ, ਯੂਸੀਬੀ, ਸੀਜੀਐਚ ਅਤੇ ਬੀਪੀਆਰਐਸ) ਐਲ-ਜਿੰਗ ਗੇਟ 08 ਨੰਬਰ (ਐਲ-ਜਿੰਗ-54, ਸੀ-25 ਏ-18 ਐਲਸੀ ਐਸ-61ਏ, ਏ-68, ਏ-82, ਸੀ-111 ਅਤੇ ਐਸ-87ਏ) ਅਤੇ ਰਿਲੇ ਹਟ 01 ਨੰਬਰ (ਪੀਟੀਕੇ ਰਿਲੇ ਹਟ-1) ਕੁਲ 23 ਆਈਪੀਐਸ ਸਿਸਟਮ | | |
| ਨਿਵਿਦਾ ਸਮਾਪਤੀ ਮਿਤੀ ਸਮਾਂ | 11.07.2025 15:00 | ਟੈਂਡਰ ਦੀ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ | 19.06.2025 19:04 |
| ਵਿਗਿਆਪਤ ਮੁਲ (ਰੁ.) | 9024091.17 | ਆਈਆਰਈਪੀਐਸ ਦੇ ਅਨੁਸਾਰ ਬੋਲੀ ਸ਼ੁਰੂ ਮਿਤੀ | 19.06.2025 |
| ਬਿਆਨਾ ਰਾਸ਼ੀ (ਰੁ) | 180500.00 | ਸਮਾਪਤੀ ਦਾ ਸਮਾਂ | 36 ਮਹੀਨੇ |

ਨਿਵਿਦਾ ਸੂਚਨਾ ਨੰ. :- 433-Sig-JAT-8-25-26 ਮਿਤੀ- 20.06.2025 ਸਮਾਪਤੀ ਮਿਤੀ/ ਸਮਾਂ: 11.07.2025 15:00 1864/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



### Capital Small Finance Bank Ltd.

HO:- MIDAS Corporate Park, 3rd Floor, 37, G.T. Road, Jalandhar-144001, Punjab, India

**ਕਬਜ਼ਾ ਨੋਟਿਸ (ਅਚੱਲ ਜਾਇਦਾਦ ਲਈ)**

ਜਦੋਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ (ਪਹਿਲਾਂ ਕੈਪੀਟਲ ਲੋਕਲ ਏਰੀਆ ਬੈਂਕ ਲਿਮਟਿਡ) ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜ਼ੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਅਸੈੱਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ (ਐਕਟ, 2002 (54 ਆਫ 2002) ਅਧੀਨ ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਮਿਤੀ 21.02.2025 ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ (1) ਸ੍ਰੀ ਸੁਮੀਤ ਕੁਮਾਰ ਪੁੱਤਰ ਪ੍ਰੇਮ ਲਾਲ ਵਾਸੀ ਮਕਾਨ ਨੰ. 309/10, ਗਲੀ ਨੰ. 2, ਮੁਹੱਲਾ ਸੰਤਪੁਰਾ, ਕਪੂਰਥਲਾ, ਪੰਜਾਬ-144601 (ਐੱਚ ਐੱਲ ਤੇ ਓ ਡੀ 'ਚ ਕਰਜ਼ਦਾਰ) (2) ਸ੍ਰੀਮਤੀ ਬੀਨੂ ਪਤਨੀ ਸ੍ਰੀ ਸੁਮੀਤ ਕੁਮਾਰ ਵਾਸੀ ਮਕਾਨ ਨੰ. 309/10, ਗਲੀ ਨੰ. 2, ਮੁਹੱਲਾ ਸੰਤਪੁਰਾ, ਕਪੂਰਥਲਾ, ਪੰਜਾਬ-144601(ਐੱਚ ਐੱਲ 'ਚ ਕਰਜ਼ਦਾਰ ਅਤੇ ਓ ਡੀ 'ਚ ਗਰੰਟਰ) (3) ਸ੍ਰੀ ਰੋਹਿਤ ਭੰਡਾਰੀ ਪੁੱਤਰ ਸ੍ਰੀ ਵਿਜੇ ਭੰਡਾਰੀ ਵਾਸੀ ਬੀ-6/1001/4, ਮੁਹੱਲਾ ਭੰਦੇਰਾ, ਵਾਰਡ ਨੰ. 8, ਫਿਲੌਰ, ਜਲੰਧਰ, ਪੰਜਾਬ-144410 (ਐੱਚ ਐੱਲ 'ਚ ਗਰੰਟਰ) ਨੂੰ ਡਿਮਾਂਡ ਨੋਟਿਸ 'ਚ ਦਰਸਾਏ ਅਨੁਸਾਰ ਐੱਚ ਐੱਲ/026611000038 ਵਿੱਚ ਬਕਾਇਆ ਨਿਕਲਦੀ ਰਾਸ਼ੀ ਰੁਪਏ 27,37,390.60 ਅਤੇ ਓ ਡੀ ਲਿਮਟ/026400000062 'ਚ ਰੁਪਏ 1,67,146.40 ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਲਈ ਕਿਹਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ ਇਸ ਲਈ ਕਰਜ਼ਦਾਰਾਂ ਅਤੇ ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਨਿਯਮ 9 ਨਾਲ ਪੜ੍ਹੇ ਜਾਂਦੇ ਉਕਤ ਐਕਟ ਦੇ ਸੈਕਸ਼ਨ 13 (4) ਤਹਿਤ ਖੁਦ ਨੂੰ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦੱਸੀ ਜਾਇਦਾਦ ਦਾ ਸੰਕੇਤਕ ਕਬਜ਼ਾ ਲੈ ਲਿਆ ਹੈ।

ਉਪਲੱਬਧ ਸਮੇਂ 'ਚ ਸਕਿਓਰਡ ਐੱਸੈਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਖਾਸ ਤੌਰ 'ਤੇ ਕਰਜ਼ਦਾਰਾਂ ਅਤੇ ਗਰੰਟਰ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ ਦੀ ਸੂਰਤ 'ਚ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਵੱਲੋਂ ਐੱਚ ਐੱਲ/026611000038 ਵਿੱਚ ਬਕਾਇਆ ਨਿਕਲਦੀ ਰਾਸ਼ੀ ਰੁਪਏ 27,37,390.60 ਅਤੇ ਓ ਡੀ ਲਿਮਟ/026400000062 'ਚ ਰੁਪਏ 1,67,146.40 ਮਿਤੀ 01.02.2025 ਤੋਂ ਲਾਗੂ ਭਵਿੱਖੀ ਵਿਆਜ ਸਮੇਤ ਵਸੂਲੀ ਜਾਵੇਗੀ।

**ਅਚੱਲ ਜਾਇਦਾਦ ਦਾ ਵੇਰਵਾ**

ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ : ਬੈਨਾਮਾ ਦਸਤਾਵੇਜ਼ ਨੰ. 2019-20/30/1/1978 ਮਿਤੀ 09-10-2019 ਅਨੁਸਾਰ ਸ੍ਰੀ ਸੁਮੀਤ ਕੁਮਾਰ ਪੁੱਤਰ ਸ੍ਰੀ ਪ੍ਰੇਮ ਲਾਲ ਦੀ ਮਲਕੀਅਤ ਜਾਇਦਾਦ ਰਕਬਾ 5 ਮਰਲੇ (102.66 ਵਰਗ ਗਜ਼) ਮੁਹੱਲਾ ਸੰਤਪੁਰਾ, ਕਪੂਰਥਲਾ ਨਾਲ ਸੰਬੰਧਤ ਸਭ ਕੁਝ।

ਮਿਤੀ : 20.06.2025, ਸਥਾਨ : ਕਪੂਰਥਲਾ (ਅਧਿਕਾਰਤ ਅਫਸਰ)

21 Jun Page-12.qxd 6/20/2025 10:51 PM Page 1



# ਪੁਲਸ ਨੇ ਅੰਨ੍ਹੇ ਕਤਲ ਦੀ ਗੱਥੀ ਨੂੰ 24 ਘੰਟੇ 'ਚ ਸੁਲਝਾਉਣ ਦਾ ਕੀਤਾ ਦਾਅਵਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਜ਼ਿਲ੍ਹਾ ਹੁਸ਼ਿਆਰਪੁਰ ਦੇ ਥਾਣਾ ਗੜ੍ਹਸ਼ੰਕਰ ਅਧੀਨ ਆਉਂਦੇ ਪਿੰਡ ਸ਼ਾਹਪੁਰ ਵਿਖੇ ਬੀਤੇ ਦਿਨੀਂ ਇੱਕ ਨੌਜਵਾਨ ਨੂੰ ਗੋਲੀ ਮਾਰ ਕੇ ਕਤਲ ਕਰਨ ਦੇ ਮਾਮਲੇ ਨੂੰ ਸੁਲਝਾਉਣ ਦਾ ਦਾਅਵਾ ਕਰਦਿਆਂ ਹੁਸ਼ਿਆਰਪੁਰ ਪੁਲਸ ਨੇ ਮ੍ਰਿਤਕ ਨੌਜਵਾਨ ਦੀ ਭੂਆ ਦੇ ਪੁੱਤ ਭਰਾ ਨੂੰ ਹੀ 2 ਸਾਥੀਆਂ ਸਮੇਤ ਗ੍ਰਿਫਤਾਰ ਕਰਨ ਵਿੱਚ ਸਫਲਤਾ ਪ੍ਰਾਪਤ ਕੀਤੀ ਹੈ। ਇਸ ਕਤਲ ਕੇਸ ਦਾ ਸਨਸਨੀਖ਼ੇਜ਼ ਖੁਲਾਸਾ ਕਰਦਿਆਂ ਜ਼ਿਲ੍ਹਾ ਪੁਲਸ ਮੁਖੀ ਸੰਦੀਪ ਮਲਿਕ ਨੇ ਪੁਲਸ ਲਾਈਨ ਹੁਸ਼ਿਆਰਪੁਰ ਵਿੱਚ ਕਰਵਾਈ ਪ੍ਰੈੱਸ ਕਾਨਫਰੰਸ ਦੌਰਾਨ ਦੱਸਿਆ ਕਿ 18 ਜੂਨ 2025 ਦੀ ਰਾਤ ਨੂੰ ਇੱਕ ਨੌਜਵਾਨ ਆਰੀਅਨ ਪੁੱਤਰ ਅਮਿਤ ਕੁਮਾਰ ਵਾਸੀ ਸੀਹਵਾਂ ਥਾਣਾ ਗੜ੍ਹਸ਼ੰਕਰ ਜ਼ਿਲ੍ਹਾ ਹੁਸ਼ਿਆਰਪੁਰ ਨੂੰ ਕਰੀਬ 11 ਵਜੇ ਨੰਗਲ ਰੋਡ ਸ਼ਾਹਪੁਰ ਘਾਟਾ ਨਜ਼ਦੀਕ ਪਿੰਡ ਸ਼ਾਹਪੁਰ ਥਾਣਾ ਗੜ੍ਹਸ਼ੰਕਰ ਵਿਖੇ ਅਣਪਛਾਤੇ ਵਿਅਕਤੀਆਂ ਵੱਲੋਂ ਕਤਲ ਕਰਨ ਦੀ ਇਤਲਾਹ ਮਿਲੀ ਸੀ। ਇਸ ਵਾਰਦਾਤ ਨੂੰ ਟਰੇਸ ਕਰਨ ਲਈ ਡਾ. ਮੁਕੇਸ਼ ਕੁਮਾਰ ਪੀ ਪੀ ਐਸ ਪੁਲਸ ਕਪਤਾਨ (ਤਫਤੀਸ਼) ਹੁਸ਼ਿਆਰਪੁਰ ਦੀ ਨਿਗਰਾਨੀ ਹੇਠ ਜਸਪ੍ਰੀਤ ਸਿੰਘ ਪੀ ਪੀ ਐਸ ਉਪ ਪੁਲਸ ਕਪਤਾਨ ਸਬ ਡਵੀਜ਼ਨ ਗੜ੍ਹਸ਼ੰਕਰ, ਥਾਣਾ ਗੜ੍ਹਸ਼ੰਕਰ ਅਤੇ ਥਾਣਾ ਮਾਹਿਲਪੁਰ ਦੀ ਟੀਮ ਗਠਿਤ ਕੀਤੀ ਗਈ ਸੀ। ਇਸ ਟੀਮ ਨੂੰ ਉਸ ਸਮੇਂ ਕਾਮਯਾਬੀ ਮਿਲੀ ਜਦੋਂ ਉਕਤ ਟੀਮ ਵੱਲੋਂ ਘਟਨਾ ਸਥਾਨ ਦਾ ਜਾਇਜ਼ਾ ਲੈਣ 'ਤੇ ਘਟਨਾ ਸਥਾਨ ਨੂੰ ਜਾਂਦੇ ਰਸਤਿਆਂ ਨੇ ਟੈਕਨੀਕਲ ਤਰੀਕੇ ਨਾਲ ਚੈਕ ਕਰਨ 'ਤੇ ਸਾਹਮਣੇ ਆਇਆ ਕਿ ਗ੍ਰਿਫਤਾਰ ਕੀਤਾ ਇੱਕ ਕਥਿਤ ਦੋਸ਼ੀ ਨਵੀਨ ਕੁਮਾਰ ਰੈਡੀਮੇਡ ਕੱਪੜੇ ਦੀ ਨਿਊ ਫੈਸ਼ਨ ਪੁਆਇੰਟ ਭੁੰਗੀਆਂ ਬੀਨੇਵਾਲ ਥਾਣਾ ਗੜ੍ਹਸ਼ੰਕਰ ਦੁਕਾਨ ਕਰਦਾ ਸੀ। ਉਸ ਦੀ ਦੁਕਾਨ 'ਤੇ ਉਸ ਦੇ ਮਾਮੇ ਦਾ ਲੜਕਾ ਆਰੀਅਨ (ਮ੍ਰਿਤਕ) ਕੰਮ ਕਰਦਾ ਸੀ ਜੋ ਹੁਣ ਆਪਣੀ ਅਲੱਗ ਦੁਕਾਨ ਪਿੰਡ ਭੁੰਗੀਆਂ (ਬੀਨੇਵਾਲ) ਵਿਖੇ ਹੀ ਕਰਨਾ ਚਾਹੁੰਦਾ ਸੀ। ਨਵੀਨ ਕੁਮਾਰ ਦੇ ਸਾਰੇ ਗਾਹਕਾਂ ਨਾਲ ਆਰੀਅਨ (ਮ੍ਰਿਤਕ) ਦਾ ਮੇਲਜੋਲ ਬਹੁਤ ਜ਼ਿਆਦਾ ਸੀ। ਆਰੀਅਨ ਵੱਲੋਂ ਆਪਣੀ ਦੁਕਾਨ ਨਵੀਨ ਕੁਮਾਰ ਦੀ ਦੁਕਾਨ ਦੇ ਬਰਾਬਰ ਖੁੱਲ੍ਹਣ ਨਾਲ ਉਸ ਦੀ ਦੁਕਾਨ ਦੀ ਸੇਲ ਨੂੰ ਬਹੁਤ ਨੁਕਸਾਨ ਹੋਣਾ ਸੀ। ਇਸੇ ਰੰਜਿਸ਼ ਕਰਕੇ ਕਥਿਤ ਦੋਸ਼ੀ ਨਵੀਨ ਕੁਮਾਰ ਨੇ ਆਪਣੇ ਮਾਮੇ ਦੇ ਲੜਕੇ ਆਰੀਅਨ ਨੂੰ ਮਾਰ ਦੇਣ ਦੀ ਨੀਅਤ ਨਾਲ ਨੰਗਲ ਰੋਡ ਸ਼ਾਹਪੁਰ ਘਾਟੇ ਵਿੱਚ ਸੁੰਨਸਾਨ ਜਗ੍ਹਾ 'ਤੇ ਬਹਾਨਾ ਲਗਾ ਕੇ ਆਪਣੀ ਕਾਰ ਰੋਕ ਕੇ ਨਾਲ ਲਿਆਂਦੀ ਨਜਾਇਜ਼ ਪਿਸਟਲ 32 ਬੋਰ ਨਾਲ ਆਰੀਅਨ ਦੇ ਸਿਰ ਅਤੇ ਛਾਤੀ ਵਿੱਚ ਦੋ ਗੋਲੀਆਂ ਮਾਰ ਕੇ ਕਥਿਤ ਰੂਪ ਵਿੱਚ ਉਸ ਦਾ ਕਤਲ ਕਰ ਦਿੱਤਾ। ਜਿਸ ਦੇ ਸੰਬੰਧ ਵਿੱਚ ਮੁਕੱਦਮਾ ਦਰਜ ਕੀਤਾ ਗਿਆ। ਇਸ ਵਾਰਦਾਤ ਨੂੰ ਅੰਜਾਮ ਦੇਣ ਲਈ ਨਵੀਨ ਕੁਮਾਰ ਵੱਲੋਂ ਇਹ ਪਿਸਟਲ 32 ਬੋਰ ਗੁਰਮੁਖ ਪੁੱਤਰ ਸੋਮਨਾਥ, ਗੁਰਦੀਪ ਪੁੱਤਰ ਸੋਮਨਾਥ ਵਾਸੀਆਨ ਮਹਿਦਵਾਣੀ ਤੋਂ ਲਿਆ ਗਿਆ ਸੀ। ਨਵੀਨ ਕੁਮਾਰ ਵੱਲੋਂ ਵਾਰਦਾਤ ਲਈ ਵਰਤਿਆ ਗਿਆ ਪਿਸਟਲ 32 ਬੋਰ 1 ਰੌਂਦ ਜ਼ਿੰਦਾ ਅਤੇ 1 ਚੱਲਿਆ ਹੋਇਆ ਕਾਰਤੂਸ ਅਤੇ ਸਵਿਫਟ ਕਾਰ ਪੀ.ਬੀ 24 ਈ 0923 ਜੋ ਨਵੀਨ ਕੁਮਾਰ ਦੀ ਸੀ, ਬ੍ਰਾਮਦ ਕੀਤੀ ਅਤੇ ਪਿਸਟਲ ਮੁਹੱਈਆ ਕਰਵਾਉਣ ਵਾਲੇ ਗੁਰਮੁਖ ਪੁੱਤਰ ਸੋਮਨਾਥ, ਗੁਰਦੀਪ ਪੁੱਤਰ ਸੋਮਨਾਥ ਵਾਸੀਆਨ ਮਹਿਦਵਾਣੀ ਨੂੰ ਵੀ ਗ੍ਰਿਫਤਾਰ ਕੀਤਾ ਗਿਆ ਹੈ। ਇਸ ਤੋਂ ਇਲਾਵਾ ਕਥਿਤ ਦੋਸ਼ੀ ਗੁਰਮੁਖ, ਗੁਰਦੀਪ ਵਾਸੀਆਨ ਮਹਿਦਵਾਣੀ ਵੱਲੋਂ ਨਵੀਨ ਕੁਮਾਰ ਨੂੰ ਜਿਸ ਕਾਰ ਰਾਹੀ ਪਿਸਟਲ ਮੁਹੱਈਆ ਕਰਵਾਇਆ ਗਿਆ ਸੀ, ਉਹ ਕਾਰ ਈਟੋਸ ਲੀਮਾ ਬ੍ਰਾਮਦ ਕੀਤੀ ਜਾ ਚੁੱਕੀ ਹੈ।ਪੱਤਰਕਾਰਾਂ ਵੱਲੋਂ ਪੁੱਛੇ ਗਏ ਸਵਾਲ ਦਾ ਜਵਾਬ ਦਿੰਦਿਆਂ ਐਸ ਐਸ ਪੀ ਸੰਦੀਪ ਮਲਿਕ ਨੇ ਕਿਹਾ ਕਿ ਕਥਿਤ ਦੋਸ਼ੀ ਨਵੀਨ ਕੁਮਾਰ ਅਤੇ ਗੁਰਦੀਪ ਦੇ ਖਿਲਾਫ ਪਹਿਲਾਂ ਕੋਈ ਅਜਿਹਾ ਮੁਕੱਦਮਾ ਦਰਜ ਨਹੀਂ ਹੈ ਜਦ ਕਿ ਗੁਰਮੁਖ ਦੇ ਖਿਲਾਫ ਜ਼ਿਲ੍ਹਾ ਊਨਾ ਹਿਮਾਚਲ ਪ੍ਰਦੇਸ਼ ਅਤੇ ਥਾਣਾ ਗੜ੍ਹਸ਼ੰਕਰ ਵਿੱਚ 2 ਮੁਕੱਦਮੇ ਦਰਜ ਹਨ । ਉਹਨਾਂ ਦੱਸਿਆ ਕਿ ਮੁਲਜ਼ਮਾਂ ਨੂੰ ਰਿਮਾਂਡ 'ਤੇ ਲੈ ਕੇ ਪੁੱਛਗਿੱਛ ਕੀਤੀ ਜਾ ਰਹੀ ਹੈ।





**● ਨੌਜਵਾਨ ਦੇ ਕਤਲ ਦੇ ਦੋਸ਼ 'ਚ ਮ੍ਰਿਤਕ ਦੀ ਭੂਆ ਦੇ ਪੁੱਤ ਸਮੇਤ 3 ਗ੍ਰਿਫਤਾਰ**

# ਸੇਵਾ-ਮੁਕਤ ਬਜ਼ੁਰਗਾਂ ਨੂੰ ਕੀਤਾ ਜਾ ਰਿਹੈ ਖੱਜਲ-ਖੁਆਰ : ਢਿੱਲੋਂ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਮਪਿਛਲੇ ਦਿਨੀਂ ਪੰਜਾਬ ਪੈਨਸ਼ਨਰ ਯੂਨੀਅਨ(ਰਜਿ:) ਸੰਬੰਧਤ ਏਟਕ ਬ੍ਰਾਂਚ ਗੁਰਦਾਸਪੁਰ ਦੀ ਮਹੀਨਾਵਾਰ ਮੀਟਿੰਗ ਸਾਥੀ ਅਮਰੀਕ ਸਿੰਘ ਚਾਹਲ ਦੀ ਪ੍ਰਧਾਨਗੀ ਹੇਠ ਹੋਈ। ਸੂਬਾ ਕਮੇਟੀ ਵੱਲੋਂ ਗੁਰਜੀਤ ਸਿੰਘ ਘੋੜੇਵਾਹਾ ਅਤੇ ਗੁਰਬਖਸ਼ ਸਿੰਘ ਢਿੱਲੋਂ ਹਾਜ਼ਰ ਹੋਏ । ਮੀਟਿੰਗ ਨੂੰ ਸੰਬੋਧਨ ਕਰਦਿਆਂ ਵੇਦ ਪ੍ਰਕਾਸ਼, ਜਤਿੰਦਰ ਸਿੰਘ, ਇੰਦਰਜੀਤ ਸਿੰਘ ਬੈਂਸ, ਬਲਦੇਵ ਸਿੰਘ ਕਾਲਾ ਅਫ਼ਗਾਨਾ ਨੇ ਦੱਸਿਆ ਕਿ ਕੇਂਦਰ ਅਤੇ ਸੂਬਾ ਸਰਕਾਰ ਮੁਲਾਜ਼ਮ ਅਤੇ ਪੈਨਸ਼ਨਰ ਮਾਰੂ ਕਾਨੂੰਨ ਬਣਾ ਕੇ ਵਰਕਰਾਂ ਦਾ ਘਾਣ ਕਰ ਰਹੀ ਹੈ। ਕੇਂਦਰ ਵੱਲੋਂ ਵਿੱਤੀ ਬਿੱਲ ਦੇ ਨਾਂਅ 'ਤੇ ਪੈਨਸ਼ਨਾਂ ਲਈ ਡੀ.ਏ ਅਤੇ ਪੇਅ ਕਮਿਸ਼ਨ ਲਿਆਉਣ ਤੋਂ ਪਾਸਾ ਵੱਟ ਹੀ ਹੈ। ਪੰਜਾਬ ਸਰਕਾਰ ਪਿਛਲਾ ਡੀ ਏ ਜੋ ਦੇਣ ਦਾ ਵਾਅਦਾ ਕੀਤਾ ਸੀ ਉਸ ਨੂੰ ਵੀ ਕਿਸ਼ਤਾਂ ਵਿੱਚ ਦੇ ਕੇ ਖੱਜਲ ਖੁਆਰ ਕਰ ਰਹੀ ਹੈ। ਕਈ ਪੈਨਸ਼ਨਰ ਡੀ ਏ ਦਾ ਬਕਾਇਆ ਉਡੀਕਦੇ ਉਡੀਕਦੇ ਪ੍ਰਲੋਕ ਸਿਧਾਰ ਗਏ ਹਨ। ਪੈਨਸ਼ਨਰਾਂ ਦੇ ਮੈਡੀਕਲ ਬਿੱਲ 2-3 ਸਾਲਾ ਤੋਂ ਬਜਟ ਨਾ ਹੋਣ ਕਾਰਣ ਬਕਾਇਆ ਪਏ ਹਨ। ਕੈਬਨਿਟ ਖੋਜ ਕਮੇਟੀ ਵੱਲੋ ਪੈਨਸ਼ਨਰਾਂ ਨਾਲ ਪੇ ਕਮਿਸ਼ਨ 2.59 ਦੇ ਗੁਣਾਕ ਨਾ ਦੇਣ ਤੋਂ ਟਾਲਾ ਵੱਟ ਰਹੀ ਹੈ। ਇਸ ਕਰਕੇ ਪੈਨਸ਼ਨਰਾਂ ਵਿੱਚ ਆਥਹ ਗੁੱਸਾ ਪਾਇਆ ਜਾ ਰਿਹਾ ਹੈ। ਕੇਂਦਰ ਸਰਕਾਰ ਕਾਰਪੋਰੇਟ ਘਰਾਣਿਆ ਨੂੰ ਫਾਇਦਾ ਦੇਣ ਲਈ ਕਿਰਤ ਕਨੂੰਨਾ ਨੂੰ ਖਤਮ ਕਰਕੇ 4 ਕੋਡ ਕਾਨੂੰਨ ਬਣਾ ਕੇ ਲਾਗੂ ਕਰ ਰਹੀ ਹੈ ਜਿਸ ਨਾਲ 19 ਵੀਂ ਸਦੀ ਵਿੱਚ 8 ਘੰਟੇ ਕੰਮ ਦਿਹਾੜੀ ਤੋ 12 ਘੰਟੇ ਕੰਮ ਦਿਹਾੜੀ ਕਰਨ ਜਾ ਰਹੀ ਹੈ। ਆਉਣ ਵਾਲੇ ਸਮੇਂ 9 ਜੁਲਾਈ ਦੀ ਕੇਂਦਰੀ ਟਰੇਡ ਯੂਨੀਅਨਾ ਅਤੇ ਅਜਾਦ ਜਥੇਬੰਦੀਆਂ ਦੇ ਸੱਦੇ ਤੇ ਮੁਕੰਮਲ ਹੜਤਾਲ ਵਿੱਚ ਹਿੱਸਾ ਲਿਆ ਜਾਵੇਗਾ ਅਤੇ ਆਮ ਆਦਮੀ ਪਾਰਟੀ ਦਾ ਜਿਮਨੀ ਚੋਣ ਲੁਧਿਆਣਾ ਵਿੱਚ ਵਿਰੋਧ ਕੀਤਾ ਗਿਆ ਅਤੇ ਆਉਣ ਵਾਲੇ ਸਮੇਂ ਵਿੱਚਫੈਡਰੇਸ਼ਨ ਜਾਂ ਏਟਕ ਵੱਲੋ ਜੋ ਵੀ ਪ੍ਰੋਗਰਾਮ ਦਿੱਤਾ ਜਾਵੇਗਾ। ਉਸ ਵਿੱਚ ਵੱਧ ਚੜ ਕੇ ਹਿੱਸਾ ਲਿਆ ਜਾਵੇਗਾ। ਮੀਟਿੰਗ ਵਿਚ ਅਵਤਾਰ ਸਿੰਘ, ਪੂਰਨ ਸਿੰਘ ਰਿਖੀਆਂ, ਗੁਰਦੀਪ ਸਿੰਘ ਪੰਨੂ, ਚਮਨ ਲਾਲ, ਦਵਿੰਦਰ ਸਿੰਘ , ਗੁਰਜੀਤ ਸਿੰਘ ਘੋੜੇਵਾਹਾ ਸੂਬਾਈ ਸੀਨੀਅਰ ਮੀਤ ਪ੍ਰਧਾਨ ਵੀ ਹਾਜ਼ਰ ਸਨ ।



# ਸਰਕਾਰ ਲੱਚਰਤਾ ਫੈਲਾਉਣ ਵਾਲਿਆਂ 'ਤੇ ਤੁਰੰਤ ਕਾਨੂੰਨੀ ਕਾਰਵਾਈ ਕਰੇ : ਬੱਲ

**ਕਾਲਾ ਸੰਘਿਆਂ (ਮਨਜੀਤ ਮਾਨ)**— ਸੂਬੇ ਵਿੱਚ ਬਹੁਤ ਸਾਰੇ ਲੋਕ ਸੋਸ਼ਲ ਮੀਡੀਆ ਤੋਂ ਪੈਸਾ ਕਮਾਉਣ ਅਤੇ ਮਸ਼ਹੂਰ ਹੋਣ ਦੇ ਲਾਲਚ ਵਿੱਚ ਆ ਕੇ ਇਤਰਾਜ਼ਯੋਗ ਸਮੱਗਰੀ ਬਿਨਾਂ ਕਿਸੇ ਸ਼ਰਮ ਤੇ ਡਰ ਦੇ ਪਾ ਰਹੇ ਹਨ ਜੋ ਕਿ ਬੇਹੱਦ ਨਿੰਦਣਯੋਗ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਯੂਥ ਆਗੂ ਮਨਪ੍ਰੀਤ ਸਿੰਘ ਬੱਲ ਨੇ ਪੱਤਰਕਾਰਾਂ ਨਾਲ ਟੈਲੀਫੋਨ ਰਾਹੀਂ ਗੱਲਬਾਤ ਕਰਦਿਆਂ ਕੀਤਾ। ਉਹਨਾਂ ਕਿਹਾ ਕਿ ਇਸ ਨੂੰ ਲੈ ਕੇ ਜੇਕਰ ਸਰਕਾਰ ਅਤੇ ਪ੍ਰਸ਼ਾਸਨ ਨੇ ਆਪਣੀ ਜ਼ਿੰਮੇਵਾਰੀ ਨਿਭਾਈ ਹੁੰਦੀ ਤਾਂ ਅੱਜ ਕੰਚਨਾ ਕੁਮਾਰੀ ( ਕਮਲ਼ ਕੌਰ) ਦਾ ਕਤਲ ਵੀ ਨਾ ਹੁੰਦਾ ਅਤੇ ਅੰਮ੍ਰਿਤਪਾਲ ਸਿੰਘ ਮਹਿਰੋਂ ਵਰਗਾ ਨੌਜਵਾਨ ਵੀ ਕਾਨੂੰਨ ਦਾ ਦੋਸ਼ੀ ਨਾ ਬਣਦਾ ਅਤੇ ਹਾਲੇ ਵੀ ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਨੂੰ ਸੂਬੇ ਵਿੱਚ ਅਸ਼ਲੀਲਤਾ ਫੈਲਾਉਣ ਵਾਲੇ ਲੋਕਾਂ 'ਤੇ ਫੌਰੀ ਤੌਰ 'ਤੇ ਸਖ਼ਤ ਕਾਰਵਾਈ ਕਰਨੀ ਚਾਹੀਦੀ ਹੈ।ਬੱਲ ਨੇ ਕਿਹਾ ਕਿ ਸੋਸ਼ਲ ਮੀਡੀਆ ਦੀ ਵਰਤੋਂ ਦੇ ਨਿਯਮ ਅਤੇ ਸ਼ਰਤਾਂ ਤੈਅ ਹੋਣੀਆਂ ਚਾਹੀਦੀਆਂ ਹਨ ਜਾਂ ਫਿਰ ਪੰਜਾਬ ਸਰਕਾਰ ਨੂੰ ਇਸ ਸਬੰਧੀ ਕੋਈ ਵਿਸ਼ੇਸ਼ ਕਾਨੂੰਨ ਲੈ ਕੇ ਆਉਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਜਦੋਂ ਵੀ ਕੋਈ ਸੋਸ਼ਲ ਮੀਡੀਆ ਸਾਈਟ ਫੇਸਬੁੱਕ, ਇੰਸਟਾਗ੍ਰਾਮ ਆਦਿ ਖੋਲ੍ਹਿਆ ਜਾਂਦਾ ਹੈ ਤਾਂ ਬਹੁਤੀ ਵਾਰ ਅਜਿਹੀ ਗਲਤ ਸਮੱਗਰੀ ਆਪ ਹੀ ਆਉਣੀ ਸ਼ੁਰੂ ਹੋ ਜਾਂਦੀ ਹੈ ਜਿਸ ਨਾਲ ਬੱਚਿਆਂ ਦੀ ਮਾਨਸਿਕਤਾ 'ਤੇ ਬਹੁਤ ਹੀ ਮਾੜਾ ਪ੍ਰਭਾਵ ਪੈਂਦਾ ਹੈ ਅਤੇ ਕੰਚਨਾ ਕੁਮਾਰੀ ਦੇ ਕਤਲ ਤੋਂ ਬਾਅਦ ਹੁਣ ਤੱਕ ਵੀ ਸਰਕਾਰ ਵੱਲੋਂ ਅਜਿਹੇ ਅਸ਼ਲੀਲਤਾ ਫੈਲਾਉਣ ਵਾਲੇ ਅਕਾਊਂਟ ਚਲਾਉਣ ਵਾਲਿਆਂ 'ਤੇ ਕੋਈ ਕਾਰਵਾਈ ਨਾ ਕਰਨਾ ਸ਼ਰਮਨਾਕ ਹੈ।



# ਸੰਤ ਬਾਬਾ ਹਰੀ ਸਿੰਘ ਨੈਕੀ ਵਾਲਿਆਂ ਦੇ 116ਵੇਂ ਜਨਮ ਦਿਹਾੜੇ 'ਤੇ ਗੁਰਮਤਿ ਸਮਾਗਮ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਪੰਜੌੜ ਵਿਖੇ ਸਥਿਤ ਗੁਰਦੁਆਰਾ ਨੈਕੀ ਸਾਹਿਬ ਵਿਖੇ ਬ੍ਰਹਮ ਗਿਆਨੀ 108 ਸੰਤ ਬਾਬਾ ਹਰੀ ਸਿੰਘ ਦੇ ਤਪ ਅਸਥਾਨ 'ਤੇ ਸੰਤ ਜੀ ਦੇ 116 ਵੇਂ ਜਨਮ ਦਿਹਾੜੇ ਮੌਕੇ ਸਮਾਗਮ ਅਤੇ ਕੀਰਤਨ ਦਰਬਾਰ ਕਰਵਾਏ ਗਏ।ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਜਸਪਾਲ ਸਿੰਘ ਨੈਕੀ ਵਾਲਿਆਂ ਨੇ ਦੱਸਿਆ ਕਿ ਸਲਾਨਾ ਸਮਾਗਮ ਦੌਰਾਨ 06 ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਦੀਵਾਨ ਹਾਲ ਵਿੱਚ ਜਥੇਦਾਰ ਪ੍ਰੀਤਮ ਸਿੰਘ ਨਡਾਲੋਂ ਕਾਰ ਸੇਵਾ ਵਾਲੇ, ਹਰੀ ਦਰਬਾਰ ਸੰਗੀਤ ਵਿਦਿਆਲੇ ਦੇ ਵਿਦਿਆਰਥੀ ਅਟਾਰੀ ਵਾਲੇ , ਸੰਤ ਕਸ਼ਮੀਰ ਸਿੰਘ ਕਟ ਫਤੂਹੀ, ਸੰਤ ਬਾਬਾ ਗੁਰਲਾਲ ਸਿੰਘ, ਸੰਤ ਬਾਬਾ ਪ੍ਰੀਤਮ ਸਿੰਘ ਡੁਮੇਲੀ, ਸੰਤ ਬਾਬਾ ਹਰਕ੍ਰਿਸ਼ਨ ਸਿੰਘ ਠੱਕਰਵਾਲ, ਸੰਤ ਬਾਬਾ ਤਰਲੋਚਨ ਸਿੰਘ ਹੁਸ਼ਿਆਰਪੁਰ, ਸੰਤ ਬਾਬਾ ਬਲਵੀਰ ਸਿੰਘ ਹੁਸ਼ਿਆਰਪੁਰ, ਸੰਤ ਬਾਬਾ ਸਤਨਾਮ ਸਿੰਘ, ਭਾਈ ਅੰਮ੍ਰਿਤਪਾਲ ਸਿੰਘ ਨੱਥੂ ਚਾਹਲ , ਭਾਈ ਵੀਰ ਜਤਿੰਦਰ ਸਿੰਘ , ਸੰਤ ਬਾਬਾ ਵਿਕਰਮਜੀਤ ਸਿੰਘ ਨੰਗਲ ਖੁਰਦ , ਸੰਤ ਬਾਬਾ ਪ੍ਰੀਤਮ ਸਿੰਘ ਬਾੜੀਆਂ ਕਲਾਂ, ਸੰਤ ਗੁਰਦਿਆਲ ਸਿੰਘ ਕੰਗਰੋੜ, ਸੰਤ ਬਾਬਾ ਮਹਾਂਵੀਰ ਸਿੰਘ ਤਾਜੇਵਾਲ, ਸੰਤ ਬਾਬਾ ਕਰਮਜੀਤ ਸਿੰਘ, ਸੰਤ ਬਾਬਾ ਜਸਵੀਰ ਸਿੰਘ, ਬਾਬਾ ਜਗਤਾਰ ਸਿੰਘ ਆਦਿ ਪ੍ਰਸਿੱਧ ਕੀਰਤਨੀ ਜਥਿਆਂ ਨੇ ਕਥਾ ਕੀਰਤਨ, ਗੁਰਇਤਿਹਾਸ ਅਤੇ ਗੁਰਬਾਣੀ ਨਾਲ ਆਈਆਂ ਸੰਗਤਾਂ ਨੂੰ ਨਿਹਾਲ ਕੀਤਾ।ਪ੍ਰਬੰਧਕ ਕਮੇਟੀ ਵਲੋਂ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸੰਤ ਮਹਾਂਪੁਰਸ਼ਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਪਵਨ, ਸੰਦੀਪ ਸੈਣੀ, ਮਨਪ੍ਰੀਤ ਸਿੰਘ ਖਾਲਸਾ, ਸੇਵਾ ਸਿੰਘ, ਸੁਖਵਿੰਦਰ ਸਿੰਘ, ਜਥੇਦਾਰ ਪਰਮਜੀਤ ਸਿੰਘ, ਸਾਬਕਾ ਸਰਪੰਚ ਰਛਪਾਲ ਕਲੇਰ, ਜਗਤਾਰ ਸਿੰਘ, ਰਿਟਾਇਰਡ ਏ.ਐਸ ਆਈ ਅਮਰਜੀਤ ਸਿੰਘ ਠੰਡਾ, ਰਿਟਾਇਰ ਏ.ਐਸ.ਆਈ ਸੁਰਜੀਤ ਸਿੰਘ , ਜਸਵੀਰ ਸਿੰਘ, ਸੁਰਿੰਦਰ ਸਿੰਘ ਪਰਮਾਰ, ਸਤਨਾਮ ਸਿੰਘ, ਧਰਮਵੀਰ ਸਿੰਘ ਫਗਵਾੜਾ, ਨਰਿੰਦਰ ਭੁੱਲਰ, ਸੁਰਜੀਤ ਸਿੰਘ ਗਿੱਲ, ਬਲਜਿੰਦਰ ਸਿੰਘ ਖਾਲਸਾ, ਜਤਿੰਦਰ ਸਿੰਘ, ਅਮਰਜੀਤ ਸਿੰਘ ਕਾਕਾ ਆਦਿ ਸੰਗਤਾਂ ਭਾਰੀ ਗਿਣਤੀ ਵਿੱਚ ਹਾਜ਼ਰ ਸਨ।



# ਖਾਲਸਾ ਕਾਲਜ 'ਚ ਬੀ ਐੱਸ ਸੀ ਮੈਡੀਕਲ ਲੈਬ ਤਕਨਾਲੋਜੀ ਕੋਰਸ ਸ਼ੁਰੂ

**ਮਾਹਿਲਪੁਰ (ਸਫ਼ਰੀ)** ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਇੱਥੋਂ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਨੂੰ ਇਸ ਸੈਸ਼ਨ ਤੋਂ ਬੀਐਸਸੀ ਮੈਡੀਕਲ ਲੈਬ ਤਕਨਾਲੋਜੀ ਤਿੰਨ ਸਾਲਾ ਕੋਰਸ ਸ਼ੁਰੂ ਕਰਨ ਦੀ ਮਾਨਤਾ ਦੇ ਦਿੱਤੀ ਗਈ ਹੈ।ਕਾਲਜ ਦੇ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਨੇ ਦੱਸਿਆ ਕਿ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ ਪੜਤਾਲੀਆ ਟੀਮ ਨੇ ਕਾਲਜ ਦੀ ਸਾਇੰਸ ਬਲਾਕ ਦੇ ਵਿਦਿਅਕ ਢਾਂਚੇ, ਸਟਾਫ਼,ਲੈਬੋਰਟਰੀਆਂ ਸਮੇਤ ਸਮੁੱਚੇ ਪ੍ਰਬੰਧੀ ਅਮਲੇ ਦੀ ਪੜਚੋਲ ਕਰਨ ਉਪਰੰਤ ਇਸ ਸੰਸਥਾ ਨੂੰ ਇਸ ਨਵੇਂ ਸੈਸ਼ਨ ਤੋਂ ਬੀਐੱਸਸੀ ਮੈਡੀਕਲ ਲੈਬ ਤਕਨਾਲਜੀ ਦਾ ਤਿੰਨ ਸਾਲਾ ਕੋਰਸ ਸ਼ੁਰੂ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਹੈ ਜੋ ਕਿ ਇਸ ਸੰਸਥਾ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਦੱਸਿਆ ਕਿ ਬਾਰ੍ਹਵੀਂ ਜਮਾਤ ਨੂੰ ਸਾਇੰਸ ਸਟਰੀਮ ਤਹਿਤ ਮੈਡੀਕਲ ਜਾਂ ਨਾਨ ਮੈਡੀਕਲ ਵਿਸ਼ਿਆ ਵਿੱਚ ਪਾਸ ਕਰਨ ਵਾਲੇ ਵਿਦਿਆਰਥੀ ਇਸ ਕੋਰਸ ਵਿੱਚ ਦਾਖਲਾ ਹਾਸਿਲ ਕਰਨ ਦੀ ਯੋਗਤਾ ਰੱਖਦੇ ਹਨ। ਉਨ੍ਹਾਂ ਕਿਹਾ ਕਿ ਇਹ ਕੋਰਸ ਕਰਨ ਉਪਰੰਤ ਵਿਦਿਆਰਥੀ ਸਰਕਾਰੀ ਅਤੇ ਪ੍ਰਾਈਵੇਟ ਮੈਡੀਕਲ ਅਦਾਰਿਆਂ ਵਿੱਚ ਮੈਡੀਕਲ ਲੈਬ ਤਕਨੀਸ਼ੀਅਨ, ਕਲੀਨੀਕਲ ਲੈਬਾਰਟਰੀ ਸਾਇੰਸਦਾਨ, ਡਾਇਗਨੋਸਟਿਕ ਲੈਬ ਸੰਚਾਲਕ ,ਬਲੱਡ ਬੈਂਕ, ਮਾਈਕਰੋਬਾਇਓਲੋਜੀ ਤਕਨੀਸ਼ੀਅਨ, ਪੈਥੋਲੋਜੀ ਤਕਨੀਸ਼ੀਅਨ, ਕਲੀਨੀਕਲ ਲੈਬਾਰਟਰੀ ਵਿਗਿਆਨ ਆਦਿ ਵਿੱਚ ਰੁਜ਼ਗਾਰ ਦੇ ਮੌਕੇ ਹਾਸਲ ਕਰ ਸਕਦੇ ਹਨ। ਇਸ ਤੋਂ ਇਲਾਵਾ ਇਹ ਕੋਰਸ ਮੈਡੀਕਲ ਖੋਜ ਸੰਸਥਾਵਾਂ ਅਤੇ ਫਾਰਮਾਸਿਊਟੀਕਲ ਕੰਪਨੀਆਂ ਵਿੱਚ ਵੀ ਵਿਦਿਆਰਥੀਆਂ ਨੂੰ ਰੁਜ਼ਗਾਰ ਦੀਆਂ ਅਨੇਕਾਂ ਸੰਭਾਵਨਾਵਾਂ ਨਾਲ ਜੋੜਨ ਵਾਲਾ ਹੈ। ਉਨ੍ਹਾਂ ਬਾਰ੍ਹਵੀਂ ( ਸਾਇੰਸ ਸਟਰੀਮ) ਵਿੱਚ ਪਾਸ ਵਿਦਿਆਰਥੀਆਂ ਨੂੰ ਸੀਮਤ ਸੀਟਾਂ ਵਾਲੇ ਇਸ ਕੋਰਸ ਵਿੱਚ ਦਾਖਲਾ ਯਕੀਨੀ ਬਣਾਉਣ ਲਈ ਕਾਲਜ ਵਿੱਚ ਸਥਿਤ ਦਾਖਲਾ ਅਤੇ ਕਾਊਂਸਲਿੰਗ ਸੈੱਲ ਨਾਲ ਸੰਪਰਕ ਕਰਨ ਦੀ ਅਪੀਲ ਕੀਤੀ। ਇਸ ਮੌਕੇ ਸਿੱਖ ਐਜੂਕੇਸ਼ਨਲ ਕੌਂਸਲ ਦੇ ਪ੍ਰਧਾਨ ਸੰਤ ਸਾਧੂ ਸਿੰਘ ਕਹਾਰਪੁਰ, ਪੈਟਰਨ ਡਾ ਜੰਗ ਬਹਾਦਰ ਸਿੰਘ ਰਾਏ, ਮੈਨੇਜਰ ਇੰਦਰਜੀਤ ਸਿੰਘ ਭਾਰਟਾ ਅਤੇ ਜਨਰਲ ਸਕੱਤਰ ਪ੍ਰੋਫੈਸਰ ਅਪਿੰਦਰ ਸਿੰਘ ਨੇ ਕਾਲਜ ਨੂੰ ਇਹ ਕੋਰਸ ਸ਼ੁਰੂ ਕਰਨ ਦੀ ਮਾਨਤਾ ਦੇਣ 'ਤੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਪ੍ਰਬੰਧਕਾਂ ਦਾ ਧੰਨਵਾਦ ਕੀਤਾ।



# ਦਰਬਾਰ ਸਾਈਂ ਮੌਲੇ ਸ਼ਾਹ ਖਾਨਖਾਨਾ ਵਿਖੇ ਸਲਾਨਾ ਮੇਲਾ ਮਨਾਇਆ

**ਬੰਗਾ (ਅਵਤਾਰ ਕਲੇਰ)** ਦਰਬਾਰ ਪੀਰ ਬਾਬਾ ਮੌਲੇ ਸ਼ਾਹ ਖਾਨਖਾਨਾ ਵਿਖੇ ਸਾਲਾਨਾ ਮੇਲਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਸਾਈਂ ਜਸਵੀਰ ਦਾਸ ਸਾਬਰੀ ਖਾਨਖਾਨਾ, ਬਾਬਾ ਬਿੱਟੂ ਭਾਜੀ ਵਿਸ਼ੇਸ਼ ਤੌਰ 'ਤੇ ਪਹੁੰਚੇ। ਦਰਬਾਰ ਦੀਆਂ ਧਾਰਮਿਕ ਰਸਮਾਂ ਤੋਂ ਬਾਅਦ ਸਟੇਜ ਸਜਾਈ ਗਈ ਜਿਸ ਵਿੱਚ ਪੰਜਾਬ ਦੇ ਮਸ਼ਹੂਰ ਕਲਾਕਾਰ ਕੁਲਵੰਤ ਕਲੇਰ, ਰਮੇਸ਼ ਚੌਹਾਨ, ਰੇਖਾ ਚੌਹਾਨ, ਨੂਰ ਮੁਹੰਮਦ, ਸੁਲੇਖਾ ਬੰਗੜ ਤੋਂ ਇਲਾਵਾ ਕਵਾਲ ਅਤੇ ਨਕਾਲ ਪਾਰਟੀਆਂ ਨੇ ਹਾਜ਼ਰੀਆਂ ਭਰੀਆਂ। ਪ੍ਰਬੰਧਕਾਂ ਵੱਲੋਂ ਪਹੁੰਚੇ ਹੋਏ ਮਹਾਂਪੁਰਸ਼ਾਂ, ਕਲਾਕਾਰਾਂ ਅਤੇ ਸੇਵਾਦਾਰਾਂ ਨੂੰ ਸਨਮਾਨਿਤ ਕੀਤਾ ਗਿਆ। ਠੰਡੇ ਮਿੱਠਾ ਜਲ ਅਤੇ ਲੰਗਰ ਅਤੁੱਟ ਵ ਰਤਾਇਆ ਗਿਆ। ਸਟੇਜ ਸੈਕਟਰੀ ਦੀ ਭੂਮਿਕਾ ਬਿੱਟੂ ਮੇਹਟਾਂ ਵਲੋਂ ਬਾਖ਼ੂਬੀ ਨਿਭਾਈ ਗਈ। ਇਸ ਮੌਕੇ ਪ੍ਰਧਾਨ ਬਲਵੀਰ ਰਾਮ, ਕੈਸ਼ੀਅਰ ਗੁਰਦਿਆਲ ਸਿੰਘ, ਜਸਵਿੰਦਰ ਸੰਧੂ,ਸਨੀ ਬੱਧਣ,ਜੋਗਾ ਰਾਮ, ਰਮੇਸ਼ ਪੋਜੇਵਾਲ ,ਪਵਨ ਕੁਮਾਰ, ਜੀਵਨ ਸਿੰਘ ਜੋਤਾ,ਰਵੀ ਕੁਮਾਰ,ਪਾਲਾ ਬੱਧਣ, ਮਦਨ ਲਾਲ, ਅਮਰਜੀਤ ਅੰਬਾ, ਗੁਰਪ੍ਰੀਤ, ਬਲਕਾਰ ਸਿੰਘ, ਨਰਿੰਦਰ ਸਿੰਘ ਤੋਂ ਇਲਾਵਾ ਸੰਗਤਾਂ ਹਾਜ਼ਰ ਸਨ।



# ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ 126 ਕਲਰਕਾਂ ਨੂੰ ਸੀਨੀਅਰ ਸਹਾਇਕ ਵਜੋਂ ਤਰੱਕੀ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਆਪਣੇ ਕਾਰਜਬਲ ਨੂੰ ਹੋਰ ਮਜ਼ਬੂਤੀ ਦਿੰਦਿਆਂ ਪੰਜਾਬ ਦੇ ਸਕੂਲ ਸਿੱਖਿਆ ਵਿਭਾਗ ਨੇ 126 ਕਲਰਕਾਂ ਨੂੰ ਸੀਨੀਅਰ ਸਹਾਇਕ ਵਜੋਂ ਪਦਉੱਨਤ ਕੀਤਾ ਹੈ। ਇਹ ਫੈਸਲਾ ਨਾ ਸਿਰਫ਼ ਪ੍ਰਸ਼ਾਸਕੀ ਕੁਸ਼ਲਤਾ ਨੂੰ ਵਧਾਏਗਾ ਬਲਕਿ ਕਰਮਚਾਰੀਆਂ ਨੂੰ ਬਿਹਤਰ ਸੇਵਾਵਾਂ ਪ੍ਰਦਾਨ ਕਰਨ ਲਈ ਵੀ ਪ੍ਰੇਰਿਤ ਕਰੇਗਾ। ਇੱਥੇ ਜਾਰੀ ਪ੍ਰੈਸ ਬਿਆਨ ਵਿੱਚ ਪੰਜਾਬ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਇਨ੍ਹਾਂ ਤਰੱਕੀਆਂ ਦੇ ਨਾਲ ਜ਼ਿਲ੍ਹਾ ਸਿੱਖਿਆ ਅਫ਼ਸਰਾਂ (ਡੀ ਈ ਓ) ਦੇ ਦਫ਼ਤਰਾਂ ਅਤੇ ਜ਼ਿਲ੍ਹਾ ਸਿੱਖਿਆ ਤੇ ਸਿਖਲਾਈ ਸੰਸਥਾਵਾਂ (ਡੀ ਆਈ ਈ ਟੀਜ਼) ਵਿੱਚ ਸੀਨੀਅਰ ਸਹਾਇਕਾਂ ਦੀਆਂ ਸਾਰੀਆਂ ਖਾਲੀ ਪਈਆਂ ਪੋਸਟਾਂ ਭਰ ਜਾਣਗੀਆਂ, ਜੋ ਬਿਹਤਰ ਸ਼ਾਸਨ ਪ੍ਰਦਾਨ ਕਰਨ ਵੱਲ ਇੱਕ ਅਹਿਮ ਕਦਮ ਹੈ।ਪਦਉੱਨਤ ਹੋਏ ਮੁਲਾਜ਼ਮਾਂ ਨੂੰ ਵਧਾਈ ਦਿੰਦਿਆਂ ਹਰਜੋਤ ਸਿੰਘ ਬੈਂਸ ਨੇ ਉਨ੍ਹਾਂ ਨੂੰ ਇਸ ਮੌਕੇ ਦਾ ਲਾਭ ਉਠਾਉਂਦਿਆਂ ਆਪਣੀ ਕਾਰਗੁਜ਼ਾਰੀ ਨੂੰ ਹੋਰ ਬਿਹਤਰ ਬਣਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਭਰੋਸਾ ਹੈ ਕਿ ਇਹ ਤਰੱਕੀਆਂ ਸਟਾਫ਼ ਨੂੰ ਹੋਰ ਵੀ ਬਿਹਤਰ ਢੰਗ ਨਾਲ ਸੇਵਾਵਾਂ ਪ੍ਰਦਾਨ ਕਰਨ ਲਈ ਉਤਸ਼ਾਹਿਤ ਕਰਨਗੀਆਂ। ਉਨ੍ਹਾਂ ਕਿਹਾ ਕਿ ਕਰਮਚਾਰੀਆਂ ਨੂੰ ਤਰੱਕੀ ਦੇਣਾ ਅਤੇ ਖਾਲੀ ਪਈਆਂ ਅਸਾਮੀਆਂ ਨੂੰ ਭਰਨਾ ਸਕੂਲ ਸਿੱਖਿਆ ਵਿਭਾਗ ਦੀ ਕਾਰਜ ਪ੍ਰਕਿਰਿਆ ਨੂੰ ਹੋਰ ਸੁਚਾਰੂ ਬਣਾਉਣ ਅਤੇ ਪ੍ਰਸ਼ਾਸਨਿਕ ਕੁਸ਼ਲਤਾ ਨੂੰ ਵਧਾਉਣ ਸਬੰਧੀ ਸਮਰਪਤ ਭਾਵਨਾ ਨੂੰ ਦਰਸਾਉਂਦਾ ਹੈ।

# ਜੇਠਾ ਵੀਰਵਾਰ ਸ਼ਰਧਾਪੂਰਵਕ ਮਨਾਇਆ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਗੜ੍ਹਸ਼ੰਕਰ ਰੋਡ 'ਤੇ ਸਥਿਤ ਦਰਬਾਰ ਥਾਨ ਲੱਖ ਦਾਤਾ ਪੀਰ ਜੀ ਦਾ ਸਾਲਾਨਾ ਜੋੜ ਮੇਲਾ ਜੇਠਾ ਵੀਰਵਾਰ ਬੜੀ ਸ਼ਰਧਾ ਪੂਰਵਕ ਧੂਮਧਾਮ ਨਾਲ ਮਨਾਇਆ ਗਿਆ। ਇਸ ਸਬੰਧੀ ਕਮੇਟੀ ਪ੍ਰਧਾਨ ਜਿੰਦਰ ਸਿੰਘ ਸਾਧੜਾ ਜਾਣਕਾਰੀ ਦਿੰਦਿਆਂ ਦੱਸਿਆ ਸਮੂਹ ਸੰਗਤਾਂ ਦੇ ਸਹਿਯੋਗ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਦਰਬਾਰ ਪੀਰ ਲੱਖਦਾਤਾ ਸਰਕਾਰ ਦੀ ਦਾ ਮੇਲਾ ਸ਼ਰਧਾ ਪੂਰਵਕ ਧੂਮਧਾਮ ਨਾਲ ਮਨਾਇਆ ਗਿਆ।ਨ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਅਤੇ ਚਿਰਾਗ ਰੋਸ਼ਨ ਕੀਤੇ ਗਏ। ਨਵਾਂਸ਼ਹਿਰ ਨਗਰ ਦੀ ਸੁੱਖ-ਸ਼ਾਂਤੀ ਲਈ ਅਰਦਾਸ ਕੀਤੀ ਗਈ, ਚਾਦਰ ਚੜ੍ਹਾਈ ਗਈ ਅਤੇ ਸਵੇਰੇ ਚਾਹ-ਪਕੌੜਿਆਂ ਤੋਂ ਬਾਅਦ ਵੱਖ-ਵੱਖ ਪਕਵਾਨਾਂ ਅਤੇ ਮਠਿਆਈਆਂ ਦਾ ਲੰਗਰ ਅਤੁੱਟ ਵਰਤਾਇਆ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਕਵਾਲੀਆ ਕਲਾਮ ਨੇ ਪੇਸ਼ ਕੀਤਾ ਵਿਸ਼ਾਲ ਕਵਾਲ ਪ੍ਰਵੇਜ, ਵਿਸ਼ਾਲ ਸੂਫੀ ਕਵਾਲ ਗਾਇਕ ਬਲਵਿੰਦਰ ਦਿਲਦਾਰ, ਮਸ਼ਹੂਰ ਗਾਇਕ ਬਲਰਾਜ ਬਿਲਗਾ ਨੇ ਪ੍ਰੋਗਰਾਮ ਵਿੱਚ ਹਾਜ਼ਰੀ ਲਗਵਾਈ। ਇਸ ਮੌਕੇ ਹਰਜਿੰਦਰ ਸਿੰਘ ਸਾਧੜਾ ਮੇਜਰ ਸਿੰਘ ਸਾਧੜਾ ਸਟੇਜ ਸੈਕਟਰੀ ਸੋਹਨ ਦੀਵਾਨਾ ਮੇਜਰ ਸਿੰਘ ਸਾਧੜਾ, ਪੰਡਿਤ ਸੋਮਨਾਥ, ਜਿੰਦਰ ਐਨ ਫੂਡ ਦਿਲਵਾਰਾ ਸਿੰਘ ਹੀਰ, ਦਿਲਵਾਰਾ ਸਿੰਘ ਹੀਰ, ਟਰੱਕ ਯੂਨੀਅਨ ਪਾਲ ਸਿੰਘ ਚਰਨ ਸਿੰਘ ਹੀਰ ਮਹਿੰਦਰ ਸਿੰਘ ਮਿੰਦੀ ਅਵਤਾਰ ਸਿੰਘ ਹਰਮੇਸ਼ ਹਾਜਰ ਹੋਏ।



# ਐੱਨ ਸੀ ਡੀ ਦੇ ਟੀਚੇ ਨੂੰ ਜਲਦ ਪੂਰਾ ਕਰਨ ਦੇ ਆਦੇਸ਼

**ਕਪੂਰਥਲਾ (ਮਨਜੀਤ ਮਾਨ)**- ਸਿਵਲ ਸਰਜਨ ਕਪੂਰਥਲਾ ਡਾ. ਹਰਪਾਲ ਸਿੰਘ ਦੇ ਦਿਸ਼ਾ ਨਿਰਦੇਸ਼ਾ ਤਹਿਤ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਪ੍ਰੇਮ ਕੁਮਾਰ ਦੀ ਯੋਗ ਅਗਵਾਈ ਹੇਠ ਮੁੱਢਲਾ ਸਿਹਤ ਕੇਂਦਰ ਢਿੱਲਵਾਂ ਵਿਖੇ ਸਮੂਹ ਸੀ.ਐਚ.ਓ ਅਤੇ ਏ.ਐਨ.ਐਮਜ਼ ਨਾਲ ਐਨ.ਸੀ.ਡੀ ਪ੍ਰੋਗਰਾਮ ਦੇ ਸੰਬੰਧ ਵਿੱਚ ਰੀਵਿਉ ਮੀਟਿੰਗ ਕੀਤੀ ਗਈ। ਇਸ ਦੌਰਾਨ ਮੀਟਿੰਗ ਵਿੱਚ ਵਿਸ਼ਵ ਸਿਹਤ ਸੰਗਠਨ ਤੋਂ ਐਨ.ਸੀ.ਡੀ ਪ੍ਰੋਗਰਾਮ ਦੇ ਸੁਪਰਵਾਈਜ਼ਰ ਨਰਿੰਦਰ ਸਿੰਘ ਵੀ ਹਾਜ਼ਰ ਸਨ। ਇਸ ਮੌਕੇ ਸੀਨੀਅਰ ਮੈਡੀਕਲ ਅਫਸਰ ਡਾ. ਪ੍ਰੇਮ ਕੁਮਾਰ ਨੇ ਮੀਟਿੰਗ ਵਿੱਚ ਸ਼ਾਮਲ ਸਮੂਹ ਮੈਂਬਰਾਂ ਨੂੰ ਜਲਦ ਤੋਂ ਜਲਦ ਰਹਿੰਦੇ ਸੀ-ਬੀ.ਏ.ਸੀ ਫਰਾਮ ਆਸ਼ਾ ਵਰਕਰਾਂ ਰਾਹੀਂ ਭਰਨ ਅਤੇ ਰੀ-ਸਕ੍ਰਿਨਿੰਗ ਕਰਨ ਲਈ ਕਿਹਾ ਤਾਂ ਜੋ ਸੀ.ਐਚ.ਓ ਅਤੇ ਏ.ਐਨ. ਐਮ ਜਲਦ ਤੋਂ ਜਲਦ ਐਨ.ਸੀ.ਡੀ ਸਕ੍ਰਿਨਿੰਗ ਕੀਤੀ ਜਾਵੇ। ਇਸ ਦੌਰਾਨ ਵਿਸ਼ਵ ਸਿਹਤ ਸੰਗਠਨ ਤੋਂ ਐਨ.ਸੀ.ਡੀ ਪ੍ਰੋਗਰਾਮ ਦੇ ਸੁਪਰਵਾਈਜ਼ਰ ਨਰਿੰਦਰ ਸਿੰਘ ਵੱਲੋਂ ਐਨ.ਸੀ.ਡੀ ਪ੍ਰੋਗਰਾਮ ਸਬੰਧੀ ਵਿਸਥਾਰ ਨਾਲ ਟ੍ਰੇਨਿੰਗ ਵੀ ਦਿੱਤੀ ਗਈ। ਉਨ੍ਹਾਂ ਹਾਈਪਰਟੇਂਸ਼ਨ ਕੀ ਹੁੰਦਾ ਹੈ ਅਤੇ ਇਸ ਤੋਂ ਕਿਵੇਂ ਬਚਿਆ ਜਾ ਸਕਦਾ ਹੈ ਇਸ ਸਬੰਧੀ ਵੀ ਵਿਸਥਾਰ ਨਾਲ ਦੱਸਿਆ। ਉਨ੍ਹਾਂ ਇਸ ਦੌਰਾਨ ਐਨ.ਸੀ.ਡੀ ਪੋਰਟਲ 'ਤੇ ਕਿਵੇਂ ਕੰਮ ਕਰਨਾ ਹੈ ਸੰਬੰਧੀ ਵੀ ਜਾਣਕਾਰੀ ਦਿੱਤੀ। ਐਸ.ਐਮ.ਓ ਡਾ. ਪ੍ਰੇਮ ਕੁਮਾਰ ਨੇ ਮੀਟਿੰਗ ਵਿੱਚ ਹਾਜ਼ਰ ਸਮੂਹ ਸਟਾਫ ਨੂੰ ਗਰਭਵਤੀ ਮਹਿਲਾ ਦੀ ਸਮੇਂ ਸਿਰ ਏ.ਐਨ.ਸੀ ਜਾਂਚ, ਬੱਲਡ ਟੈਸਟ, ਮੈਡੀਕਲ ਜਾਂਚ ਕਰਵਾਉਣ ਆਦਿ ਲਈ ਹਦਾਇਤ ਕੀਤੀ। ਉਨ੍ਹਾਂ ਇਸ ਦੌਰਾਨ ਹਾਰੀ ਰਿਸਕ ਗਰਭਵਤੀ ਮਹਿਲਾ ਦੇ ਘਰ ਵੀ ਹੋਮ ਵਿਜ਼ਟ ਕਰਨ ਲਈ ਕਿਹਾ ਤਾਂ ਜੋ ਸਿਹਤ ਪੱਖੋ ਗਰਭਵਤੀ ਮਹਿਲਾ ਨੂੰ ਪੇਸ਼ ਆਉਂਦੀ ਔਕੜ ਦਾ ਸਮੇਂ ਸਿਰ ਪਤਾ ਕਰ ਯੋਗ ਇਲਾਜ ਕੀਤਾ ਜਾ ਸਕੇ।



# ਜੱਸੋਮਜਾਰਾ ਵਿਖੇ ਸਾਲਾਨਾ ਮੇਲਾ ਸ਼ਾਨੋ-ਸ਼ੌਕਤ ਨਾਲ ਸਮਾਪਤ

**ਬੰਗਾ (ਅਵਤਾਰ ਕਲੇਰ)** ਬੰਗਾ ਹਲਕੇ ਦੇ ਪਿੰਡ ਜੱਸੋਮਜਾਰਾ ਵਿਖੇ ਦਰਬਾਰ ਪੀਰ ਸਾਈਂ ਜਕੀਨ ਸ਼ਾਹ ਵਿਖੇ ਸਲਾਨਾ ਮੇਲਾ ਮੁੱਖ ਸੇਵਾਦਾਰ ਐਡਵੋਕੇਟ ਆਰ ਡੀ ਪਾਲ, ਪ੍ਰਬੰਧਕ ਕਮੇਟੀ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਦਰਬਾਰ ਦੀਆਂ ਧਾਰਮਿਕ ਰਸਮਾਂ ਤੋਂ ਬਾਅਦ ਸਟੇਜ ਸਜਾਈ ਗਈ ਜਿਸ ਵਿੱਚ ਪੰਜਾਬ ਦੇ ਮਸ਼ਹੂਰ ਕਵਾਲ ਅਤੇ ਨਕਾਲ ਪਾਰਟੀਆਂ ਨੇ ਹਾਜ਼ਰੀਆਂ ਭਰੀਆਂ। ਦਰਬਾਰ 'ਤੇ ਠੰਡਾ ਮਿੱਠਾ ਜਲ,ਕੋਲਡ ਡਰਿੰਕ, ਫਰੂਟ ਅਤੇ ਲੰਗਰ ਅਤੁੱਟ ਵਰਤਾਇਆ ਗਿਆ।ਇਸ ਮੌਕੇ ਐਡਵੋਕੇਟ ਆਰ ਡੀ ਪਾਲ, ਗੁਰਮੇਲ ਰਾਮ, ਹਰਮੇਸ਼ ਲਾਲ, ਪ੍ਰੇਮ ਲਾਲ, ਮੋਹਣ ਲਾਲ, ਸੁੱਚਾ ਸਿੰਘ, ਹਰਬੰਸ ਸਿੰਘ, ਰਾਮ ਜੀ, ਕੇਵਲ ਸਿੰਘ ਗੋਸਲ, ਰਾਣੋ ਚੇਤਾ ਆਦਿ ਹਾਜ਼ਰ ਸਨ।



# ਏਡੀਜ਼ ਮੱਛਰ ਦੇ ਕੱਟਣ ਨਾਲ ਫੈਲਦੀ ਹੈ ਡੇਂਗੂ ਦੀ ਬਿਮਾਰੀ : ਡਾ. ਸਤਵਿੰਦਰਪਾਲ ਸਿੰਘ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਹਸਪਤਾਲ, ਨਵਾਂਸ਼ਹਿਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਸਤਵਿੰਦਰਪਾਲ ਸਿੰਘ ਦੀ ਯੋਗ ਰਹਿਨੁਮਾਈ ਹੇਠ ਸਿਹਤ ਵਿਭਾਗ ਜ਼ਿਲ੍ਹੇ ਅੰਦਰ 'ਹਰ ਸ਼ੁੱਕਰਵਾਰ-ਡੇਂਗੂ 'ਤੇ ਵਾਰ' ਮੁਹਿੰਮ ਤਹਿਤ ਡੇਂਗੂ ਦੇ ਪ੍ਰਸਾਰ ਨੂੰ ਰੋਕਣ ਲਈ ਪੂਰੀ ਤਰ੍ਹਾਂ ਨਾਲ ਚੌਕਸ ਹੈ। ਇਸੇ ਕੜੀ ਤਹਿਤ ਜ਼ਿਲ੍ਹਾ ਹਸਪਤਾਲ, ਨਵਾਂਸ਼ਹਿਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਸਤਵਿੰਦਰਪਾਲ ਸਿੰਘ ਨੇ ਨਵਾਂਸ਼ਹਿਰ ਵਿੱਚ ਪੈਂਦੀਆਂ ਨਰਸਰੀਆਂ ਤੇ ਨਿਰਮਾਣ ਅਧੀਨ ਇਮਾਰਤਾਂ ਵਿੱਚ ਡੇਂਗੂ ਦੇ ਪ੍ਰਸਾਰ ਨੂੰ ਰੋਕਣ ਲਈ ਚਲਾਈ ਜਾ ਰਹੀ ਮੁਹਿੰਮ ਦਾ ਨਿਰੀਖਣ ਕੀਤਾ। ਡਾ. ਸਤਵਿੰਦਰਪਾਲ ਸਿੰਘ ਨੇ ਖੁਦ ਆਪਣੀ ਸਮੁੱਚੀ ਸਿਹਤ ਟੀਮ ਸਮੇਤ ਜ਼ਿਲ੍ਹੇ ਦੀਆਂ ਨਰਸਰੀਆਂ ਤੇ ਨਿਰਮਾਣ ਅਧੀਨ ਇਮਾਰਤਾਂ ਵਿਚ ਜਾ ਕੇ ਡੇਂਗੂ ਫੈਲਾਉਣ ਵਾਲੇ ਮੱਛਰ ਦੀ ਬ੍ਰੀਡਿੰਗ ਰੋਕਣ ਲਈ ਲਾਰਵਾ ਚੈੱਕ ਕੀਤਾ। ਉਨ੍ਹਾਂ ਨੇ ਦੱਸਿਆ ਕਿ ਇਸ ਮੁਹਿੰਮ ਦਾ ਮੰਤਵ ਇਸ ਭਿਆਨਕ ਬਿਮਾਰੀ ਦੇ ਫੈਲਾਅ ਨੂੰ ਰੋਕ ਕੇ ਲੋਕਾਂ ਦੀਆਂ ਕੀਮਤੀ ਜਾਨਾਂ ਬਚਾਉਣਾ ਹੈ।ਇਸ ਮੌਕੇ ਡਾ. ਸਤਵਿੰਦਰਪਾਲ ਸਿੰਘ ਨੇ ਇਨ੍ਹਾਂ ਫੂਡ ਪੁਆਇੰਟਾਂ ਦੇ ਕਰਮਚਾਰੀਆਂ ਨੂੰ ਜਾਗਰੂਕ ਕਰਦੇ ਹੋਏ ਦੱਸਿਆ ਕਿ ਡੇਂਗੂ ਇਕ ਵਾਇਰਲ ਬਿਮਾਰੀ ਹੈ ਜੋ ਕਿ ਏਡੀਜ ਮੱਛਰ ਦੇ ਕੱਟਣ ਨਾਲ ਫੈਲਦੀ ਹੈ। ਇਹ ਮੱਛਰ ਦਿਨ ਵੇਲੇ ਕੱਟਦਾ ਹੈ ਅਤੇ ਇਹ ਰੁਕੇ ਹੋਏ ਸਾਫ ਪਾਣੀ ਵਿੱਚ ਹੀ ਪੈਦਾ ਹੁੰਦਾ ਹੈ। ਉਨ੍ਹਾਂ ਨੇ ਕਰਮਚਾਰੀਆਂ ਨੂੰ ਜਾਗਰੂਕ ਕਰਦੇ ਹੋਏ ਕਿਹਾ ਕਿ ਮੱਛਰਾਂ, ਜੋ ਸਿਰਫ ਇੱਕ ਹਫ਼ਤੇ ਵਿੱਚ ਅੰਡੇ ਤੋਂ ਵਿਕਸਿਤ ਹੋ ਸਕਦੇ ਹਨ, ਦੇ ਪ੍ਰਜਨਨ ਚੱਕਰ ਨੂੰ ਤੋੜਨ ਦੀ ਲੋੜ ਤੇ ਜੋਰ ਦਿੱਤਾ ਜਾਵੇ। ਇਸ ਲਈ ਉਹ ਆਪਣੇ ਘਰਾਂ, ਫਰਿੱਜਾਂ ਦੀਆਂ ਟਰੇਆਂ, ਕੂਲਰਾਂ, ਕੰਟੇਨਰਾਂ, ਗਮਲਿਆਂ, ਛੱਤਾਂ 'ਤੇ ਪਏ ਕਬਾੜ ਆਦਿ ਸਮੇਤ ਪਾਣੀ ਖੜ੍ਹਾ ਹੋਣ ਦੀ ਸੰਭਾਵਨਾ ਵਾਲੀਆਂ ਸਾਰੀਆਂ ਸੰਭਾਵਿਤ ਥਾਵਾਂ ਨੂੰ ਹਰੇਕ ਹਫਤੇ ਸਾਫ਼ ਕਰਕੇ ਸੁਕਾਉਣ। ਘਰਾਂ ਅੰਦਰ ਅਤੇ ਘਰਾਂ ਦੇ ਆਲੇ-ਦੁਆਲੇ ਪਾਣੀ ਖੜ੍ਹਾ ਹੋਣ ਕਾਰਨ ਮੱਛਰ ਦੇ ਪ੍ਰਜਣਨ ਵਿੱਚ ਹੁੰਦੇ ਵਾਧੇ ਨੂੰ ਰੋਕਣ ਦੀ ਸਖ਼ਤ ਲੋੜ ਹੈ। ਇਸ ਮੁਹਿੰਮ ਦਾ ਕੇਂਦਰ ਜ਼ਿਲ੍ਹੇ ਨੂੰ ਮੱਛਰਾਂ ਤੋਂ ਮੁਕਤ ਕਰਨ 'ਤੇ ਕੇਂਦਰਿਤ ਹੈ ਤਾਂ ਜੋ ਡੇਂਗੂ ਆਪਣੇ ਪੈਰ ਨਾ ਪਸਾਰ ਸਕੇ। ਘਰਾਂ ਅੰਦਰ ਅਤੇ ਘਰਾਂ ਦੇ ਆਲੇ-ਦੁਆਲੇ ਪਾਣੀ ਖੜ੍ਹਨ ਕਾਰਨ ਪੈਦਾ ਹੋਈਆਂ ਬਿਮਾਰੀਆਂ 'ਤੇ ਕਾਬੂ ਪਾਉਣਾ ਸਾਡਾ ਸਾਰਿਆਂ ਦਾ ਮੁੱਢਲਾ ਫ਼ਰਜ਼ ਹੈ।ਉਨ੍ਹਾਂ ਨੇ ਨਾਰੀਅਲ ਦੇ ਖਾਲੀ ਖੋਲਾਂ, ਸਿੰਗਲ ਯੂਜ਼ ਡਿਸਪੋਜੇਬਲ ਕੱਪ, ਗਲਾਸ ਤੇ ਪਲੇਟਾਂ ਨੂੰ ਸਹੀ ਢੰਗ ਨਾਲ ਨਸ਼ਟ ਕਰਨ ਸਬੰਧੀ ਵੀ ਕਿਹਾ, ਕਿਉਂਕਿ ਅਜਿਹੇ ਸਿੰਗਲ ਯੂਜ਼ ਡਿਸਪੋਜੇਬਲ ਕੱਪ, ਗਲਾਸ ਤੇ ਪਲੇਟਾਂ ਵਿੱਚ ਪਾਣੀ ਦੀ ਇੱਕ ਬੂੰਦ ਲੋਕਾਂ ਦੀ ਸਿਹਤ ਸੁਰੱਖਿਆ ਲਈ ਪ੍ਰੇਸ਼ਾਨੀ ਦਾ ਸਬੱਬ ਬਣ ਸਕਦੀ ਹੈ। ਇਸ ਲਈ ਕੱਪ, ਗਲਾਸ ਤੇ ਪਲੇਟਾਂ ਨੂੰ ਸਹੀ ਢੰਗ ਨਾਲ ਨਸ਼ਟ ਕਰਨ ਦੀ ਆਦਤ ਪਾ ਲਓ। ਜਨਤਕ ਥਾਵਾਂ ਅਤੇ ਘਰ ਦੇ ਆਲੇ-ਦੁਆਲੇ ਆਮ ਤੌਰ 'ਤੇ ਸੁੱਟੇ ਜਾਣ ਵਾਲੇ ਸਿੰਗਲ ਯੂਜ਼ ਡਿਸਪੋਜੇਬਲ ਕੱਪ, ਗਲਾਸ ਤੇ ਪਲੇਟਾਂ ਪਾਣੀ ਦੇ ਸੰਪਰਕ ਵਿੱਚ ਆਉਂਦੇ ਹੀ ਮੱਛਰਾਂ ਦੇ ਪ੍ਰਜਨਨ ਲਈ ਮਾਕੂਲ ਮਾਹੌਲ ਅਤੇ ਸਥਾਨ ਸਾਬਤ ਹੁੰਦੇ ਹਨ। ਅਕਸਰ ਅਜਿਹੇ ਡਿਸਪੋਜੇਬਲ ਕੱਪ, ਗਲਾਸ ਤੇ ਪਲੇਟਾਂ ਸੜਕਾਂ ਅਤੇ ਬਾਜ਼ਾਰਾਂ ਵਿੱਚ ਬਿਖਰੇ ਪਏ ਹੁੰਦੇ ਹਨ, ਜਿਨ੍ਹਾਂ ਵਿਚ ਮੀਂਹ ਪੈਣ ਤੋਂ ਬਾਅਦ ਪਾਣੀ ਭਰ ਜਾਂਦਾ ਹੈ। ਜੇਕਰ ਪਾਣੀ ਦੇ ਸੰਪਰਕ ਵਿੱਚ ਆਉਣ ਤੋਂ ਬਾਅਦ ਕੂੜੇਦਾਨ ਵਿੱਚ ਵੀ ਦੋ ਦਿਨਾਂ ਤੋਂ ਵੱਧ ਸਮੇਂ ਤੱਕ ਡਿਸਪੋਜੇਬਲਜ ਪਿਆ ਰਹਿ ਗਿਆ ਹੋਵੇ, ਤਾਂ ਇਸ ਵਿਚ ਲਾਰਵਾ ਪੈਦਾ ਹੋ ਸਕਦਾ ਹੈ। ਇਸ ਲਈ ਇਸ ਨੂੰ ਨਸ਼ਟ ਕਰਨ ਦੇ ਬਾਅਦ ਹੀ ਸੁੱਟਣਾ ਚਾਹੀਦਾ ਹੈ ਤੇ ਇਨ੍ਹਾਂ ਦਿਨਾਂ ਵਿੱਚ ਡਿਸਪੋਜੇਬਲ ਕੱਪ, ਗਲਾਸ ਤੇ ਪਲੇਟਾਂ ਦੀ ਘੱਟ ਤੋਂ ਘੱਟ ਵਰਤੋਂ ਕਰਨੀ ਚਾਹੀਦੀ ਹੈ ਜਾਂ ਫਿਰ ਵਰਤੋਂ ਤੋਂ ਬਾਅਦ ਇਨਾਂ ਨੂੰ ਟੋਇਆ ਪੁੱਟ ਕੇ ਦਬਾ ਦਿੱਤਾ ਜਾਣਾ ਚਾਹੀਦਾ ਹੈ।ਉਨ੍ਹਾਂ ਨੇ ਕਿਹਾ ਕਿ ਜਾਗਰੂਕਤਾ ਹੀ ਇਸ ਬਿਮਾਰੀ ਉਤੇ ਕਾਬੂ ਪਾਉਣ ਦੀ ਕੁੰਜੀ ਹੈ। ਉਨ੍ਹਾਂ ਨੇ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ ਡੇਂਗੂ ਵਿਰੁੱਧ ਮੁਹਿੰਮ ਵਿੱਚ ਸਿਹਤ ਵਿਭਾਗ ਦਾ ਸਾਥ ਦੇਣ।



# ਨਗਰ ਨਿਗਮ 25 ਤੇ 26 ਨੂੰ ਮਨਾਏਗਾ ਦਾਨ ਉਤਸਵ

**ਫਗਵਾੜਾ (ਜਸਵਿੰਦਰ ਢੱਡਾ, ਡਾ. ਰਮਨ)**- ਨਗਰ ਨਿਗਮ ਫਗਵਾੜਾ ਵੱਲੋਂ 25 ਤੇ 26 ਜੂਨ ਨੂੰ ਦਾਨ ਉਤਸਵ ਮਨਾਇਆ ਜਾ ਰਿਹਾ ਹੈ, ਜਿਸਦਾ ਮੁੱਖ ਉਦੇਸ਼ ਸਮਾਜ ਵਿੱਚ ਦਇਆ ਅਤੇ ਭਾਈਚਾਰੇ ਦੀ ਭਾਵਨਾ ਨੂੰ ਵਧਾਉਣਾ ਹੈ।ਨਗਰ ਨਿਗਮ ਕਮਿਸ਼ਨਰ ਡਾ ਅਕਸ਼ਿਤਾ ਗੁਪਤਾ ਨੇ ਦੱਸਿਆ ਕਿ ਫਗਵਾੜਾ ਵਾਸੀ ਆਪਣੇ ਘਰਾਂ ਵਿੱਚ ਪਏ ਵਰਤੋਂ ਯੋਗ ਪਰ ਨਾ ਵਰਤੇ ਜਾ ਰਹੇ ਕੱਪੜੇ, ਪਾਠ ਪੁਸਤਕਾਂ, ਖਿਡੌਣੇ, ਜੁੱਤੇ ਆਦਿ 25 ਤੋਂ 26 ਜੂਨ ਤੱਕ ਨਗਰ ਨਿਗਮ ਫਗਵਾੜਾ ਦਫ਼ਤਰ, ਆਰ ਆਰ ਆਰ ਸੈਂਟਰ ਹਾਕੂਪੁਰਾ ਜਾਂ ਬਲੱਡ ਬੈਂਕ 'ਚ ਜਮ੍ਹਾਂ ਕਰਵਾ ਸਕਦੇ ਹਨ । ਇਸ ਤੋਂ ਇਲਾਵਾ, ਨਗਰ ਨਿਗਮ ਫਗਵਾੜਾ ਵੱਲੋਂ ਹਾਕੂਪੁਰਾ ਅਤੇ ਹਦੀਆਬਾਦ ਵਿਖੇ ਰਿਡਿਊਜ਼ , ਰੀਯੂਜ਼ , ਰੀਸਾਈਕਲ ਸੈਂਟਰ ਸਥਾਪਿਤ ਕੀਤੇ ਗਏ ਹਨ, ਜਿੱਥੇ ਨਾਗਰਿਕ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਉਹ ਸਮਾਨ ਜਮ੍ਹਾਂ ਕਰਵਾ ਸਕਦੇ ਹਨ ਜੋ ਵਰਤੋਂ ਯੋਗ ਤਾਂ ਹੈ ਪਰ ਵਰਤਿਆ ਨਹੀਂ ਜਾ ਰਿਹਾ। ਇਹ ਸਮਾਨ ਲੋੜਵੰਦ ਲੋਕਾਂ ਵੱਲੋਂ ਮੁਫ਼ਤ ਲਿਆ ਜਾ ਸਕਦਾ ਹੈ।ਨਗਰ ਨਿਗਮ ਫਗਵਾੜਾ ਵੱਲੋਂ ਸਾਰਿਆਂ ਨਿਵਾਸੀਆਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਇਸ ਸੇਵਾ ਯਤਨ ਵਿੱਚ ਪੂਰੇ ਮਨੋਯੋਗ ਨਾਲ ਭਾਗ ਲੈਣ ਤਾਂ ਜੋ ਇਹ ਤਿਉਹਾਰ ਸਿਰਫ਼ ਇੱਕ ਸਮਾਗਮ ਨਾ ਰਹਿ ਜਾਏ, ਸਗੋਂ ਇੱਕ ਵੱਡੀ ਤਬਦੀਲੀ ਦੀ ਸ਼ੁਰੂਆਤ ਬਣੇ।


# 40 ਨਸ਼ੀਲੀਆਂ ਗੋਲੀਆਂ ਸਮੇਤ ਕਾਬੂ

**ਬਲਾਚੌਰ (ਜਸਵਿੰਦਰ ਬੈਂਸ)**- ਪੰਜਾਬ ਸਰਕਾਰ ਅਤੇ ਪੁਲਸ ਵਿਭਾਗ ਵੱਲੋਂ ਵਿੱਢੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਦੇ ਤਹਿਤ ਸੀਨੀਅਰ ਕਪਤਾਨ ਪੁਲਸ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਡਾ. ਮਹਿਤਾਬ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਸ਼ਾਮ ਸੁੰਦਰ ਸ਼ਰਮਾ ਉਪ ਕਪਤਾਨ ਪੁਲਸ ਸਬ ਡਵੀਜ਼ਨ ਬਲਾਚੌਰ ਦੀ ਯੋਗ ਅਗਵਾਈ ਹੇਠ ਪਾਲਣਾ ਕਰਦੇ ਹੋਏ ਐਸ ਆਈ ਸਤਨਾਮ ਸਿੰਘ ਮੁੱਖ ਅਫਸਰ ਥਾਣਾ ਸਿਟੀ ਬਲਾਚੌਰ ਦੇ ਸਮੇਤ ਸਾਥੀ ਟੀਮ ਨੇ ਮੁਕੱਦਮਾ ਥਾਣਾ ਸਿਟੀ ਬਲਾਚੌਰ ਬਰਖਿਲਾਫ ਰਮਨ ਕੁਮਾਰ ਪੁੱਤਰ ਕਾਲਾ ਵਾਸੀ ਵਾਰਡ ਨੰਬਰ 01 ਸਿਆਣਾ ਬਲਾਚੌਰ 'ਤੇ ਦਰਜ ਕਰਕੇ ਉਸ ਪਾਸੋਂ 40 ਨਸ਼ੀਲੀਆਂ ਗੋਲੀਆਂ ਬ੍ਰਾਮਦ ਕੀਤੀਆਂ ਗਈਆਂ। ਸਤਨਾਮ ਸਿੰਘ ਨੇ ਦੱਸਿਆ ਕਿ ਦੋਸ਼ੀ ਨੂੰ ਅਦਾਲਤ ਵਿੱਚ ਪੇਸ਼ ਕਰਕੇ 14 ਦਿਨ ਦੇ ਜੁਡੀਸ਼ੀਅਲ ਕੇਂਦਰੀ ਜੇਲ੍ਹ ਲੁਧਿਆਣਾ ਵਿਖੇ ਭੇਜਿਆ ਜਾ ਰਿਹਾ ਹੈ। ਇਸ ਮੌਕੇ ਸਬ ਇੰਸਪੈਕਟਰ ਭੂਸ਼ਣ ਲਾਲ, ਏ ਐਸ ਆਈ ਲਖਬੀਰ ਚੰਦ ਆਦਿ ਪੁਲਸ ਮੁਲਾਜ਼ਮ ਹਾਜ਼ਰ ਸਨ।



# ਨਵਦੀਪ ਕੌਰ ਸ਼ਾਹੀ ਨੇ ਅਮਰੀਕਾ 'ਚ ਵਧਾਇਆ ਸਰਹਾਲਾ ਮੁੰਡੀਆਂ ਦਾ ਮਾਣ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਉੱਘੇ ਸਮਾਜ ਸੇਵੀ ਅਤੇ ਪ੍ਰਵਾਸੀ ਭਾਰਤੀ ਕਰਮਜੀਤ ਸਿੰਘ ਸ਼ਾਹੀ ਦੀ ਬੇਟੀ ਨਵਦੀਪ ਕੌਰ ਸ਼ਾਹੀ ਨੇ ਅਮਰੀਕਾ ਦੀ ਮਾਨਮੱਤੀ ਯੂਨੀਵਰਸਿਟੀ ਯੂ.ਸੀ. ਐਲ.ਏ ਤੋਂ ਬੈਚਲਰ ਆਫ ਸਾਇੰਸ ਦੀ ਡਿਗਰੀ ਹਾਸਿਲ ਕਰ ਕੇਵਲ ਆਪਣੇ ਮਾਪਿਆਂ ਦਾ ਹੀ ਨਹੀਂ ਸਗੋਂ ਆਪਣੇ ਜੱਦੀ ਪਿੰਡ ਸਰਹਾਲਾ ਮੁੰਡੀਆਂ ਅਤੇ ਜ਼ਿਲ੍ਹਾ ਹੁਸ਼ਿਆਰਪੁਰ ਦਾ ਨਾਮ ਰੌਸ਼ਨ ਕੀਤਾ ਹੈ।ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਰਹਾਲਾ ਮੁੰਡੀਆਂ ਦੇ ਪ੍ਰਿੰਸੀਪਲ ਅਮਨਦੀਪ ਸ਼ਰਮਾ ਅਤੇ ਸਮੂਹ ਸਟਾਫ ਮੈਂਬਰਾਂ ਨੇ ਵਧਾਈ ਦਿੰਦੇ ਹੋਏ ਦੱਸਿਆ ਕੀ ਇਹ ਜਿੱਥੇ ਪੂਰੇ ਇਲਾਕੇ ਲਈ ਮਾਣ ਵਾਲੀ ਗੱਲ ਹੈ ਉਥੇ ਇਹ ਸਕੂਲ ਵੀ ਮਾਣ ਮਹਿਸੂਸ ਕਰ ਰਿਹਾ ਹੈ ਕਿ ਬੇਟੀ ਨਵਦੀਪ ਕੌਰ ਸ਼ਾਹੀ ਦੇ ਦਾਦਾ ਸਵਰਗੀ ਸਰਦਾਰ ਹਰਜੀਤ ਸਿੰਘ ਅਤੇ ਦਾਦੀ ਭੈਣ ਗੁਰਦੀਪ ਕੌਰ ਨੇ ਸਰਹਾਲਾ ਮੁੰਡੀਆਂ ਸਕੂਲ ਵਿਖੇ ਬਤੌਰ ਅਧਿਆਪਕ ਕਾਫੀ ਲੰਬਾ ਸਮਾਂ ਆਪਣੀਆਂ ਸੇਵਾਵਾਂ ਦਿੱਤੀਆਂ ਹੋਈਆਂ ਹਨ ਅਤੇ ਨਵਦੀਪ ਸ਼ਾਹੀ ਦੇ ਪਿਤਾ ਕਰਮਜੀਤ ਸਿੰਘ ਸ਼ਾਹੀ ਇਸ ਸਕੂਲ ਦੇ ਪੁਰਾਣੇ ਵਿਦਿਆਰਥੀ ਰਹੇ ਹਨ। ਪ੍ਰਿੰਸੀਪਲ ਅਮਨਦੀਪ ਸ਼ਰਮਾ ਨੇ ਇਹ ਵੀ ਦੱਸਿਆ ਕਿ ਕਰਮਜੀਤ ਸਿੰਘ ਸ਼ਾਹੀ ਦੀ ਇਹ ਹੋਣਹਾਰ ਬੇਟੀ ਪਿਛਲੇ ਕੁਝ ਸਾਲਾਂ ਤੋਂ ਅਮਰੀਕਨ ਆਰਮੀ ਵਿੱਚ ਵੀ ਆਪਣੀਆਂ ਸੇਵਾਵਾਂ ਦੇ ਰਹੀ ਹੈ। ਉਹਨਾਂ ਨੇ ਇਹ ਵੀ ਦੱਸਿਆ ਕਿ ਇਹ ਉਹਨਾਂ ਸੈਂਕੜੇ ਹੀ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪਿਆਂ ਦੀਆਂ ਦੁਆਵਾਂ ਹਨ ਜਿਨਾਂ ਬੱਚਿਆਂ ਦੀਆਂ ਸਕੂਲ ਫੀਸਾਂ ਕਰਮਜੀਤ ਸਿੰਘ ਸ਼ਾਹੀ ਵੱਲੋਂ ਹਰ ਸਾਲ ਲਗਾਤਾਰ ਦਿੱਤੀਆਂ ਜਾ ਰਹੀਆਂ ਹਨ। ਇਸ ਮੌਕੇ ਸਮੂਹ ਸਕੂਲ ਸਟਾਫ਼ ਮੈਂਬਰਜ ਮੈਡਮ ਰਜਨੀ ਅਰੋੜਾ, ਅਨੀਤਾ ਕੁਮਾਰੀ, ਸਰਬਜੀਤ ਸਿੰਘ, ਨਰੇਸ਼ ਕੁਮਾਰ, ਪਰਮਿੰਦਰ ਕੁਮਾਰ, ਅਮਨਦੀਪ ਸਿੰਘ, ਸ਼ਿਮਲਾ ਦੇਵੀ, ਪ੍ਰੀਆ, ਮਨਜੀਤ ਕੌਰ, ਗੁਰਦੇਵ ਕੌਰ, ਕਮਲਜੀਤ ਸਿੰਘ ਸਮੇਤ ਸਾਰੇ ਹੀ ਸਟਾਫ ਮੈਂਬਰਾਂ ਨੇ ਕਰਮਜੀਤ ਸ਼ਾਹੀ ਨੂੰ ਵਧਾਈ ਭੇਜੀ।



# ਪੀਰ ਬਾਬਾ ਮਲੰਗ ਸ਼ਾਹ ਖ਼ਾਕੀ ਦਰਬਾਰ 'ਤੇ ਸਾਲਾਨਾ ਜੋੜ ਮੇਲਾ 25 ਨੂੰ

**ਅੱਡਾ ਸਰਾਂ (ਜਸਵੀਰ ਕਾਜਲ)** ਦਰਗਾਹ ਪੀਰ ਬਾਬਾ ਮਲੰਗ ਸ਼ਾਹ ਖ਼ਾਕੀ ਨਡਾਲੀ ਨੂਰਪੁਰ ਵਿਖੇ ਸਾਲਾਨਾ ਜੋੜ ਮੇਲਾ 25 ਜੂਨ ਦਿਨ ਬੁੱਧਵਾਰ ਨੂੰ ਗੱਦੀ ਨਸ਼ੀਨ ਮਾਤਾ ਗੁਰਮੇਲ ਕੌਰ ਦੀ ਅਗਵਾਈ ਹੇਠ ਸ਼ਰਧਾ ਪੂਰਵਕ ਮਨਾਇਆ ਜਾਵੇਗਾ। ਇਸ ਸੰਬੰਧੀ ਸੇਵਾਦਾਰ ਸੋਨੂ ਸ਼ਾਹ ਨੇ ਦੱਸਿਆ ਕਿ ਮੁੱਕਦਸ ਦਰਗਾਹ 'ਤੇ ਚਾਦਰ, ਝੰਡਾ ਚੜ੍ਹਾਉਣ ਅਤੇ ਚਿਰਾਗ ਰੋਸ਼ਨ ਕਰਨ ਉਪਰੰਤ ਧਾਰਮਿਕ ਮਹਿਫ਼ਲ ਏ ਕਵਾਲ ਸਜਾਈ ਜਾਵੇਗੀ, ਜਿਸ ਵਿਚ ਪੰਜਾਬ ਦੇ ਮਸ਼ਹੂਰ ਕਵਾਲ ਜਥੇ ਅਤੇ ਨਕਾਲ ਪਾਰਟੀ ਜਥੇ ਆਪਣੇ ਫਨ ਦਾ ਮੁਜਾਹਰਾ ਕਰਨਗੇ। ਇਸ ਮੌਕੇ ਵੱਖ ਵੱਖ ਦਰਬਾਰਾ ਤੋਂ ਮਹਾਂਪੁਰਸ਼ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰਨਗੇ ਅਤੇ ਇਸ ਉਪਰੰਤ ਚਾਹ ਪਕੌੜੇ, ਠੰਡੇ ਮਿੱਠੇ ਜਲ ਦੀਆਂ ਛਬੀਲਾਂ ਅਤੇ ਅਤੁੱਟ ਲੰਗਰ ਵੀ ਵਰਤਾਇਆ ਜਾਵੇਗਾ।

# ਜੀ ਆਰ ਡੀ ਨਰਸਿੰਗ ਕਾਲਜ ਟਾਂਡਾ ਦੀਆਂ ਵਿਦਿਆਰਥਣਾਂ ਨੇ ਸੀ ਐੱਮ ਯੋਗਸ਼ਾਲਾ 'ਚ ਭਾਗ ਲਿਆ

**ਟਾਂਡਾ ਉੜਮੁੜ (ਓਂਕਾਰ ਸਿੰਘ, ਜਸਵਿੰਦਰ ਸੰਧੂ)** 11ਵੇਂ ਅੰਤਰਰਾਸ਼ਟਰੀ ਯੋਗ ਦਿਵਸ ਦੇ ਸਬੰਧ ਵਿੱਚ ਜਲੰਧਰ ਵਿੱਚ ਹੋਈ ਸੀ.ਐਮ ਦੀ ਯੋਗਸ਼ਾਲਾ ਵਿੱਚ ਸ੍ਰੀ ਗੁਰੂ ਰਾਮਦਾਸ ਸੇਵਾ ਸਿਮਰਨ ਸੁਸਾਇਟੀ ਵੱਲੋਂ ਚਲਾਏ ਜਾ ਰਹੇ ਜੀ.ਆਰ.ਡੀ ਇੰਟਰਨੈਸ਼ਨਲ ਇੰਸਟੀਟਿਊਟ ਆਫ ਨਰਸਿੰਗ ਕਾਲਜ ਟਾਂਡਾ ਦੀਆਂ ਵਿਦਿਆਰਥਣਾਂ ਨੇ ਭਾਗ ਲਿਆ। ਸੰਸਥਾ ਦੀ ਚੇਅਰਪਰਸਨ ਪ੍ਰਦੀਪ ਕੌਰ ਅਤੇ ਐਮ.ਡੀ ਬਿਕਰਮ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੰਸਥਾ ਦੇ ਮੈਨੇਜਰ ਸਰਬਜੀਤ ਸਿੰਘ ਮੋਮੀ ਦੀ ਅਗਵਾਈ ਵਿੱਚ ਅਤੇ ਪ੍ਰਿੰਸੀਪਲ ਨਰਸਿੰਗ ਕਾਲਜ ਰੇਨੂ ਬਾਲਾ ਦੀ ਦੇਖ ਰੇਖ ਵਿੱਚ ਵਿਦਿਆਰਥਣਾਂ ਨੇ ਬੜੀ ਹੀ ਦਿਲਚਸਪੀ ਨਾਲ ਯੋਗਸ਼ਾਲਾ ਵਿੱਚ ਭਾਗ ਲੈਂਦੇ ਹੋਏ ਸੀ.ਐਮ ਯੋਗ ਸ਼ਾਲਾ ਦੇ ਇੰਸਟਰਕਟਰ ਮਨਦੀਪ ਕੌਰ ਅਤੇ ਅਮਨਦੀਪ ਕੌਰ ਵੱਲੋਂ ਕਰਵਾਏ ਗਏ ਯੋਗ ਦੇ ਵੱਖ-ਵੱਖ ਆਸਣਾਂ ਅਤੇ ਕਿਰਿਆਵਾਂ ਵਿੱਚ ਹਿੱਸਾ ਲਿਆ। ਇਸ ਮੌਕੇ ਪ੍ਰਿੰਸੀਪਲ ਰੇਨੂ ਬਾਲਾ ਤੇ ਵਾਈਸ ਪ੍ਰਿੰਸੀਪਲ ਰਾਜਵਿੰਦਰ ਕੌਰ ਨੇ ਦੱਸਿਆ ਕਿ ਭਲਕੇ 21 ਜੂਨ ਸਮੁੱਚੇ ਵਿਸ਼ਵ ਵਿੱਚ ਅੰਤਰ ਰਾਸ਼ਟਰੀ ਜੋਗ ਦਿਵਸ ਮਨਾਇਆ ਜਾਂਦਾ ਹੈ। ਉਹਨਾਂ ਦੱਸਿਆ ਕਿ ਅੰਤਰਰਾਸ਼ਟਰੀ ਯੋਗ ਦਿਵਸ ਦੀ ਸਿਹਤ ਤੇ ਸਰੀਰਕ ਪੱਖੋਂ ਸਾਡੇ ਜੀਵਨ ਵਿੱਚ ਬਹੁਤ ਹੀ ਮਹੱਤਤਾ ਹੈ ਅਤੇ ਇਸ ਦਿਨ ਸਾਨੂੰ ਜਿੱਥੇ ਯੋਗ ਕਰਨ ਲਈ ਪ੍ਰੇਰਿਤ ਕੀਤਾ ਜਾਂਦਾ ਹੈ ਉੱਤੇ ਹੀ ਯੋਗ ਦੇਵਿਆਂ ਤੋਂ ਵੀ ਜਾਣੂ ਕਰਵਾਇਆ ਜਾਂਦਾ। ਇਸ ਮੌਕੇ ਉਨਾਂ ਦੱਸਿਆ ਕਿ ਯੋਗਸ਼ਾਲਾ ਤੋਂ ਵਿਦਿਆਰਥਣਾਂ ਬਹੁਤ ਕੁਝ ਸਿੱਖਣ ਨੂੰ ਮਿਲਿਆ ਹੈ ਜੋ ਉਨਾਂ ਦੇ ਭਵਿੱਖ ਵਿੱਚ ਸਹਾਈ ਹੋਵੇਗਾ। ਇਸ ਮੌਕੇ ਉਨਾਂ ਦੇ ਨਾਲ ਨਰਸਿੰਗ ਕਾਲਜ ਦੇ ਹੋਰ ਸਟਾਫ ਮੈਂਬਰ ਵੀ ਹਾਜ਼ਰ ਸਨ।




# ਬਲੱਡ ਬੈਂਕ ਢਾਹਾਂ ਕਲੇਰਾਂ ਵਿਖੇ ਸਵੈ-ਇਛੁੱਕ ਖ਼ੂਨਦਾਨ ਕੈਂਪ

**ਬੰਗਾ (ਅਵਤਾਰ ਕਲੇਰ)** ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਵੱਲੋਂ ਰੋਟਰੀ ਕਲੱਬ ਬੰਗਾ ਦੇ ਸਹਿਯੋਗ ਨਾਲ ਵਿਸ਼ਵ ਖ਼ੂਨਦਾਨ ਦਿਵਸ ਨੂੰ ਸਮਰਪਿਤ ਸਵੈ-ਇਛੁੱਕ ਖ਼ੂਨਦਾਨ ਕੈਂਪ ਬਲੱਡ ਬੈਂਕ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਲਗਾਇਆ। 31 ਵਲੰਟੀਅਰਾਂ ਨੇ ਖ਼ੂਨਦਾਨ ਕੀਤਾ। ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਪ੍ਰਧਾਨ ਡਾ. ਕੁਲਵਿੰਦਰ ਸਿੰਘ ਢਾਹਾਂ, ਰੋਟਰੀ ਕਲੱਬ ਬੰਗਾ ਦੇ ਪ੍ਰਧਾਨ ਸੁਰਿੰਦਰਪਾਲ ਖੇਪੜ ਅਤੇ ਪ੍ਰੌਜੈਕਟ ਡਾਇਰੈਕਟਰ ਇਕਬਾਲ ਸਿੰਘ ਬਾਜਵਾ ਨੇ ਖ਼ੂਨ ਦੀ ਮਹਾਨਤਾ ਬਾਰੇ ਦੱਸਦੇ ਕਿਹਾ ਕਿ ਖ਼ੂਨਦਾਨ ਸੰਸਾਰ ਦਾ ਸਭ ਤੋਂ ਉੱਤਮ ਦਾਨ ਹੈ ਤੇ ਸਾਡੇ ਵੱਲੋਂ ਦਾਨ ਵਿਚ ਦਿੱਤਾ ਹੋਇਆ ਖ਼ੂਨ ਕੀਮਤੀ ਮਨੁੱਖੀ ਜਾਨਾਂ ਬਚਾਉਣ ਦੇ ਕੰਮ ਆਉਂਦਾ ਹੈ। ਇਸ ਮੌਕੇ ਖ਼ੂਨਦਾਨ ਲਹਿਰ ਦੇ ਜਨਮ ਦਾਤੇ ਡਾ. ਕਾਰਲ ਲੈਂਡਸਟੀਨਰ ਨੂੰ ਯਾਦ ਕੀਤਾ। ਉਹਨਾਂ ਨੇ ਖ਼ੂਨਦਾਨੀਆਂ ਨੂੰ ਯਾਦ ਚਿੰਨ੍ਹ ਅਤੇ ਸਨਮਾਨ ਪੱਤਰ ਦੇ ਕੇ ਵੀ ਸਨਮਾਨਿਤ ਕੀਤਾ। ਇਸ ਸਵੈ-ਇਛੁੱਕ ਖ਼ੂਨਦਾਨ ਕੈਂਪ ਵਿਚ ਪ੍ਰੌਜੈਕਟ ਡਾਇਰੈਕਟਰ ਇਕਬਾਲ ਸਿੰਘ ਬਾਜਵਾ (77ਵੀਂ ਵਾਰ ਖ਼ੂਨਦਾਨ) ਆਪਣੇ ਬੇਟੇ ਈਸ਼ਵਰ ਸਿੰਘ ਬਾਜਵਾ ਨਾਲ (7ਵੀ ਵਾਰ ਖ਼ੂਨਦਾਨ) ਇਕੱਠੇ ਖ਼ੂਨਦਾਨ ਕਰਕੇ ਸਮੂਹ ਖ਼ੂਨਦਾਨੀਆਂ ਲਈ ਪ੍ਰੇਰਣਾ ਸਰੋਤ ਬਣੇ।ਇਸ ਮੌਕੇ ਖ਼ੂਨਦਾਨੀਆਂ ਦੀਆਂ ਹੌਸਲਾ ਅਫਜ਼ਾਈ ਅਤੇ ਸੇਵਾ ਸੰਭਾਲ ਲਈ ਡਾ. ਜਸਦੀਪ ਸਿੰਘ ਸੈਣੀ, ਡਾ ਰਾਹੁਲ ਗੋਇਲ, ਮਹਿੰਦਰਪਾਲ ਸਿੰਘ, ਬਲਦੇਵ ਸਿੰਘ ,ਅਮਨਦੀਪ ਸਿੰਘ,ਗੁਰਸ਼ਰਨ ਸਿੰਘ, ਅਮਨਦੀਪ ਘਈ,ਰਵਿੰਦਰ ਸਿੰਘ,ਸ਼ਰਨਜੀਤ ਸਿੰਘ, ਇਕਬਾਲ ਸਿੰਘ ਬਾਜਵਾ, ਰਾਜ ਬਾਜਾੜ , ਪ੍ਰਿੰਸੀਪਲ ਗੁਰਜੰਟ ਸਿੰਘ,ਪ੍ਰਵੀਨ ਕੁਮਾਰ,ਵਿਜੈ ਗੁਣਾਚੌਰ, ਹਰਸ਼ ਸ਼ਰਮਾ ਨਵਾਂਸ਼ਹਿਰ, ਪਰਮਜੀਤ ਸਿੰਘ ਭੋਗਲ, ਇੰਦਰਜੀਤ ਸਿੰਘ ਮਾਨ ਐਮ ਸੀ ਬੰਗਾ, ਤੇਜਪਾਲ ਐਮ ਸੀ ਬੰਗਾ, ਇੰਦਰਜੀਤ ਸੈਣੀ, ਮਨਜੀਤ ਸਿੰਘ ਬੇਦੀ, ਈਸ਼ਵਰ ਸਿੰਘ ਬਾਜਵਾ ਵੀ ਹਾਜ਼ਰ ਸਨ।

